ਸ਼ਨੀਵਾਰ, 22 ਅਗਸਤ, 2026
6 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 81

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • SATURDAY, 22 AUGUST, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਇਮਰਾਨ ਖਾਨ ਨੂੰ ਫਿਰ ਭੇਜਿਆ ਜੇਲ੍ਹ

**ਇਸਲਾਮਾਬਾਦ** : ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਨੂੰ ਸੁਪਰੀਮ ਕੋਰਟ ਦੇ ਹੁਕਮਾਂ ਤੋਂ ਬਾਅਦ ਇਲਾਜ ਲਈ ਸ਼ੁੱਕਰਵਾਰ ਤੜਕੇ ਅਡਿਆਲਾ ਜੇਲ੍ਹ ਤੋਂ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਨ ਤੋਂ ਬਾਅਦ ਮੁੜ ਜੇਲ੍ਹ ਭੇਜ ਦਿੱਤਾ ਗਿਆ ਹੈ। ਖਾਨ ਨੂੰ ਇਸਲਾਮਾਬਾਦ ਦੇ ਸ਼ਿਫ਼ਾ ਇੰਟਰਨੈਸ਼ਨਲ ਹਸਪਤਾਲ ਵਿੱਚ ਅਦਾਲਤ ਦੇ 18 ਅਗਸਤ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਦਾਖ਼ਲ ਕਰਵਾਇਆ ਗਿਆ ਸੀ। ਇਮਰਾਨ ਦੀ ਚੈੱਕਅੱਪ ਤੋਂ ਬਾਅਦ ਡਾਕਟਰਾਂ ਨੇ ਕਿਹਾ ਕਿ ਉਸ ਨੂੰ ਹਸਪਤਾਲ ਦਾਖਲ ਕਰਨ ਦੀ ਲੋੜ ਨਹੀਂ ਹੈ ਤੇ ਉਸ ਨੂੰ ਜੇਲ੍ਹ ਵਿਚ ਹੀ ਰੱਖਿਆ ਜਾ ਸਕਦਾ ਹੈ। ਇਸ ਤੋਂ ਬਾਅਦ ਭਾਰੀ ਸੁਰੱਖਿਆ ਦਰਮਿਆਨ ਉਸ ਨੂੰ ਰਾਵਲਪਿੰਡੀ ਦੀ ਅਡਿਆਲਾ ਜੇਲ੍ਹ ਲਿਜਾਇਆ ਗਿਆ।

## ਭਾਜਪਾ ਨਾਲ ਗੱਠਜੋੜ ਲਈ ਕਾਹਲੇ ਪੈ ਗਏ ਮਜੀਠੀਆ



**ਨਵੀਂ ਦਿੱਲੀ** : ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਸ਼ੁੱਕਰਵਾਰ ਨੂੰ ਕਿਹਾ ਹੈ ਕਿ ਪੰਜਾਬ ਦੇ ਲੋਕ ਚਾਹੁੰਦੇ ਹਨ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਮੁੜ ਇੱਕਜੁੱਟ ਹੋਣ। ਉਨ੍ਹਾ ਸਪੱਸ਼ਟ ਕੀਤਾ ਕਿ ਇਸ ਸੰਬੰਧੀ ਆਉਣ ਵਾਲੇ ਸਮੇਂ ਵਿੱਚ ਸਥਿਤੀ ਪੂਰੀ ਤਰ੍ਹਾਂ ਸਾਫ਼ ਹੋ ਜਾਵੇਗੀ ਅਤੇ ਦੋਵਾਂ ਪਾਰਟੀਆਂ ਦੀ ਉੱਚ ਲੀਡਰਸ਼ਿਪ ਆਪਸ ਵਿੱਚ ਬੈਠ ਕੇ ਇਸ ਬਾਰੇ ਅੰਤਿਮ ਫੈਸਲਾ ਲਵੇਗੀ। ਮਜੀਠੀਆ ਨੇ ਕਿਹਾ ਕਿ ਖੇਤੀ ਕਾਨੂੰਨਾਂ ਦੇ ਵਿਵਾਦ ਤੋਂ ਬਾਅਦ ਦੋਵਾਂ ਪਾਰਟੀਆਂ ਦੇ ਰਾਹ ਵੱਖ-ਵੱਖ ਹੋ ਗਏ ਸਨ, ਪਰ ਅੱਜ ਪੰਜਾਬ ਦੀਆਂ ਸਥਿਤੀਆਂ ਬਦਲ ਚੁੱਕੀਆਂ ਹਨ। ਉਨ੍ਹਾ ਕਿਹਾ ਕਿ ਸੂਬੇ ਵਿੱਚ ਦਿਨ-ਬ-ਦਿਨ ਵਿਗੜ ਰਹੀ ਕਾਨੂੰਨ ਤੇ ਵਿਵਸਥਾ (ਲਾਅ ਐਂਡ ਆਰਡਰ) ਦੀ ਸਥਿਤੀ ਅਤੇ ਹੋਰ ਗੰਭੀਰ ਮੁੱਦਿਆਂ ਨੂੰ ਦੇਖਦਿਆਂ ਪੰਜਾਬ ਦੇ ਲੋਕ ਇਹ ਮੰਗ ਕਰ ਰਹੇ ਹਨ ਕਿ ਦੋਵਾਂ ਧਿਰਾਂ ਨੂੰ ਮੁੜ ਇੱਕ ਨਾਲ ਆਉਣਾ ਚਾਹੀਦਾ ਹੈ। ਹਰਸਿਮਰਤ ਕੌਰ ਬਾਦਲ ਨੇ ਵੀ ਬੀਤੇ ਦਿਨ ਬਿਆਨ ਦਿੱਤਾ ਸੀ ਕਿ ਪੰਜਾਬ ਦੇ ਵਿਕਾਸ, ਪ੍ਰਗਤੀ ਅਤੇ ਲੋਕਾਂ ਦੀ ਭਲਾਈ ਲਈ ਜੋ ਗੱਠਜੋੜ ਪਹਿਲਾਂ ਮਦਦਗਾਰ ਸਾਬਤ ਹੋਏ ਸਨ, ਉਨ੍ਹਾਂ ਨੂੰ ਮੁੜ ਸੁਰਜੀਤ ਕੀਤਾ ਜਾਣਾ ਚਾਹੀਦਾ ਹੈ।

## ਡੀ ਏ ਸੰਬੰਧੀ ਹੁਕਮ ਅਦੂਲੀ ਕੇਸ 'ਚ ਨੋਟਿਸ

**ਚੰਡੀਗੜ੍ਹ (ਸੁਰਜੀਤ ਸੁਮਨ)**-ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਸੂਬੇ ਦੇ ਸਰਕਾਰੀ ਮੁਲਾਜ਼ਮਾਂ ਦਾ ਮਹਿੰਗਾਈ ਭੱਤਾ (ਡੀ.ਏ.) ਜਾਰੀ ਨਾ ਕੀਤੇ ਜਾਣ ਸੰਬੰਧੀ ਪੈਨਸ਼ਨਰਾਂ ਵੱਲੋਂ ਅਦਾਲਤੀ ਹੁਕਮਾਂ ਦੀ ਪਾਲਣਾ ਨਾ ਕਰਨ ਤਹਿਤ ਦਾਇਰ ਕੀਤੇ ਗਏ ਕੰਟੈਂਪਟ ਆਫ ਕੋਰਟ ਮਾਮਲੇ ਵਿੱਚ ਨੋਟਿਸ ਆਫ਼ ਮੋਸ਼ਨ ਜਾਰੀ ਕੀਤਾ ਹੈ। ਹਾਈਕੋਰਟ ਨੇ ਇਸ ਮਾਮਲੇ ਦੀ ਅਗਲੀ ਸੁਣਵਾਈ 27 ਅਕਤੂਬਰ ਨੂੰ ਤੈਅ ਕੀਤੀ ਹੈ। ਦਾਇਰ ਕੀਤੀ ਅਪੀਲ ਵਿੱਚ ਮੁੱਖ ਸਕੱਤਰ ਪੰਜਾਬ ਕੇ.ਏ.ਪੀ. ਸਿਨਹਾ ਨੂੰ ਧਿਰ ਬਣਾਇਆ ਗਿਆ ਹੈ। ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਹਾਈਕੋਰਟ ਵੱਲੋਂ ਕੋਈ ਸਖ਼ਤ ਹੁਕਮ ਜਾਰੀ ਹੋਣ ਦੀ ਪੂਰੀ ਉਮੀਦ ਸੀ, ਪਰ ਫਿਲਹਾਲ ਇਹ ਕੇਸ ਹੁਣ 27 ਅਕਤੂਬਰ 'ਤੇ ਜਾ ਪਿਆ ਹੈ। ਪੈਨਸ਼ਨਰ ਆਗੂਆਂ ਡਾ. ਐੱਨ.ਕੇ. ਕਲਸੀ, ਸ਼ਾਮ ਲਾਲ ਸ਼ਰਮਾ ਅਤੇ ਗੁਰਬਖ਼ਸ਼ ਸਿੰਘ ਨੇ ਇਹ ਜਾਣਕਾਰੀ ਦਿੱਤੀ।

## ਪੰਜਾਬ 'ਚ 3 ਲੱਖ ਵੇਲਾ ਵਿਹਾ ਚੁੱਕੇ ਵਾਹਨ

**ਨਵੀਂ ਦਿੱਲੀ** : ਪੰਜਾਬ ਵਿੱਚ ਹਾਲਾਂਕਿ 11 ਤੋਂ 28 ਫੀਸਦੀ ਸੁਪਰ-ਐਮੀਟਰ ਵਾਹਨ (ਆਮ ਨਾਲੋਂ ਵੱਧ ਪ੍ਰਦੂਸ਼ਣ ਛੱਡਣ ਵਾਲੇ) ਹਨ, ਪਰ ਇਹ ਪ੍ਰਦੂਸ਼ਣ ਫੈਲਾਉਣ ਵਿੱਚ 70 ਫੀਸਦੀ ਤੋਂ ਵੱਧ ਹਿੱਸਾ ਪਾਉਂਦੇ ਹਨ। ਇਹ ਖੁਲਾਸਾ ਸੈਂਟਰ ਫਾਰ ਸਟੱਡੀ ਆਫ ਸਾਇੰਸ, ਟੈਕਨਾਲੋਜੀ ਐਂਡ ਪਾਲਿਸੀ ਨੇ 'ਪਾਥਵੇਅਜ਼ ਫਾਰ ਕਲੀਨ ਟ੍ਰਾਂਸਪੋਰਟੇਸ਼ਨ ਇਨ ਪੰਜਾਬ' ਸਿਰਲੇਖ ਵਾਲੇ ਅਧਿਐਨ ਵਿੱਚ ਕੀਤਾ ਹੈ। ਸ਼ੁੱਕਰਵਾਰ ਨੂੰ ਇੰਡੀਆ ਕਲੀਨ ਏਅਰ ਸਮਿਟ-2026 ਵਿੱਚ ਜਾਰੀ ਕੀਤੇ ਗਏ ਇਸ ਅਧਿਐਨ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਵਿੱਚ ਲਗਪਗ 3 ਲੱਖ ਵਾਹਨ ਹਨ, ਜੋ ਸਕ੍ਰੈਪਿੰਗ ਲਈ ਯੋਗ ਹੋ ਸਕਦੇ ਹਨ, ਜਿਸ ਲਈ ਸੂਬੇ ਨੂੰ 15 ਕਾਰਜਸ਼ੀਲ ਰਜਿਸਟਰਡ ਵਾਹਨ ਸਕ੍ਰੈਪਿੰਗ ਸਹੂਲਤਾਂ ਦੀ ਲੋੜ ਹੈ। ਇਸ ਵੇਲੇ ਸਿਰਫ ਪੰਜ ਹਨ ਅਤੇ 10 ਹੋਰ ਅਜਿਹੀਆਂ ਸਹੂਲਤਾਂ ਬਣਾਉਣ ਲਈ ਲਗਪਗ 140 ਕਰੋੜ ਰੁਪਏ ਦੇ ਨਿਵੇਸ਼ ਦੀ ਲੋੜ ਹੋਵੇਗੀ। ਅਧਿਐਨ ਦੇ ਹਿੱਸੇ ਵਜੋਂ, ਛੇ ਜ਼ਿਲ੍ਹਿਆਂ—ਪਟਿਆਲਾ, ਲੁਧਿਆਣਾ, ਅੰਮ੍ਰਿਤਸਰ, ਜਲੰਧਰ, ਮੋਗਾ ਅਤੇ ਹੁਸ਼ਿਆਰਪੁਰ ਵਿੱਚ ਸਰਵੇਖਣ ਕੀਤੇ ਗਏ ਸਨ।

## ਐੱਮ ਪੀ ਔਜਲਾ ਦੇ ਰਿਸ਼ਤੇਦਾਰ ਦੇ ਘਰ ਗ੍ਰਨੇਡ ਹਮਲਾ, 3 ਜ਼ਖ਼ਮੀ

**ਅੰਮ੍ਰਿਤਸਰ** : ਦੋ ਅਣਪਛਾਤੇ ਮੋਟਰਸਾਈਕਲ ਸਵਾਰਾਂ ਵੱਲੋਂ ਸਰਹੱਦੀ ਪਿੰਡ ਜੱਟਾ ਦੇ ਇੱਕ ਘਰ ਉੱਪਰ ਗ੍ਰਨੇਡ ਹਮਲੇ ਵਿੱਚ ਦੋ ਔਰਤਾਂ ਸਮੇਤ ਤਿੰਨ ਵਿਅਕਤੀ ਜ਼ਖ਼ਮੀ ਹੋ ਗਏ। ਵੀਰਵਾਰ ਰਾਤ ਪੌਣੇ ਨੌਂ ਵਜੇ ਦੇ ਕਰੀਬ ਸਾਬਕਾ ਫ਼ੌਜੀ ਨਿਰਮਲ ਸਿੰਘ ਦੇ ਘਰ ਦੋ ਗ੍ਰਨੇਡ ਸੁੱਟੇ ਗਏ ਨਾਲ ਹਮਲਾ ਕੀਤਾ ਗਿਆ। ਪਹਿਲਾ ਸਵਿਫ਼ਟ ਕਾਰ 'ਤੇ ਵੱਜਾ, ਜਿਸ ਨਾਲ ਉਸ ਦਾ ਭਾਰੀ ਨੁਕਸਾਨ ਹੋਇਆ। ਦੂਜੇ ਗ੍ਰਨੇਡ ਨਾਲ ਨਿਰਮਲ ਸਿੰਘ ਦਾ 30 ਸਾਲਾ ਪੁੱਤਰ ਜਸਪਾਲ ਸਿੰਘ, ਜਸਪਾਲ ਸਿੰਘ ਦੀ ਪਤਨੀ ਮਨਪ੍ਰੀਤ ਕੌਰ ਅਤੇ ਬੇਟੀ ਗੰਭੀਰ ਜ਼ਖ਼ਮੀ ਹੋ ਗਏ। ਹਮਲੇ ਦੀ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਪੀੜਤ ਪਰਵਾਰ ਉਨ੍ਹਾਂ ਦੇ ਰਿਸ਼ਤੇਦਾਰਾਂ ਵਿੱਚੋਂ ਹੈ ਅਤੇ ਇਹ ਪਰਵਾਰ ਲੰਬੇ ਸਮੇਂ ਤੋਂ ਕਾਂਗਰਸ ਨਾਲ ਜੁੜਿਆ ਹੋਇਆ ਹੈ।

# ਰਾਹੁਲ ਦਾ ਭਾਦੋਂ ਮਹੀਨੇ ਦਿਨ-ਭਰ ਧਰਨਾ, ਦਿੱਲੀ ਪੁਲਸ ਐੱਫ ਆਈ ਆਰ ਲਿਖਣ ਲਈ ਮਜਬੂਰ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੀ ਪੈਲੇਟ ਗੰਨ ਦੀ ਵਰਤੋਂ ਕਰਨ ਵਾਲਿਆਂ 'ਤੇ ਕੇਸ ਦਰਜ ਕਰਨ ਦੀ ਮੰਗ ਦੇ ਮਾਮਲੇ 'ਤੇ ਸ਼ੁੱਕਰਵਾਰ ਨੂੰ ਦਿੱਲੀ ਪੁਲਸ ਸਟੇਸ਼ਨ ਵਿਚ ਐਫ ਆਈ ਆਰ ਦਰਜ ਕਰ ਲਈ ਗਈ ਹੈ। ਪੁਲਸ ਨੇ ਇਸ ਮਾਮਲੇ ਵਿਚ ਅਣਪਛਾਤਿਆਂ ਖਿਲਾਫ ਕੇਸ ਦਰਜ ਕੀਤਾ ਹੈ। ਇਸ ਤੋਂ ਪਹਿਲਾਂ ਰਾਹੁਲ ਗਾਂਧੀ ਪੈਲੇਟ ਗੰਨ ਦੇ ਹਮਲੇ ਦਾ ਸ਼ਿਕਾਰ ਹੋਏ ਵਿਦਿਆਰਥੀ ਸਾਹਿਲ ਲੋਹਚਬ ਨਾਲ ਸੰਸਦ ਮਾਰਗ ਪੁਲਸ ਸਟੇਸ਼ਨ ਪਹੁੰਚੇ ਸਨ। ਉਨ੍ਹਾਂ ਨੇ ਮੰਗ ਕੀਤੀ ਕਿ ਇਸ ਮਾਮਲੇ ਵਿੱਚ ਤੁਰੰਤ ਐੱਫ ਆਈ ਆਰ ਦਰਜ ਕੀਤੀ ਜਾਵੇ। ਜਦੋਂ ਪੁਲੀਸ ਨੇ ਕੇਸ ਦਰਜ ਕਰਨ ਤੋਂ ਇਨਕਾਰ ਕੀਤਾ ਤਾਂ ਉਹ ਉੱਥੇ ਹੀ ਧਰਨੇ 'ਤੇ ਬੈਠ ਗਏ। ਪੁਲਸ ਨੇ ਉਨ੍ਹਾਂ ਨੂੰ ਦੱਸਿਆ ਕਿ ਸੁਪਰੀਮ ਕੋਰਟ ਨੇ ਵਿਦਿਆਰਥੀ ਰੋਸ ਪ੍ਰਦਰਸ਼ਨਾਂ ਦੌਰਾਨ ਪੁਲਸ ਅਤੇ ਅਰਧ ਸੈਨਿਕ ਬਲਾਂ ਵੱਲੋਂ



ਐੱਫ ਆਈ ਆਰ ਦੀ ਕਾਪੀ ਦਿਖਾਉਂਦੇ ਰਾਹੁਲ। ਨਾਲ ਪੈਲੇਟ ਗੰਨ ਦਾ ਪੀੜਤ ਸਾਹਿਲ ਤੇ ਉਸ ਦੀ ਮਾਂ।

ਤਾਕਤ ਦੀ ਬਹੁਤ ਜ਼ਿਆਦਾ ਵਰਤੋਂ ਦੇ ਦੋਸ਼ਾਂ ਦੀ ਜਾਂਚ ਕਰਨ ਲਈ ਇੱਕ ਉੱਚ-ਪੱਧਰੀ ਮਾਹਰ ਕਮੇਟੀ ਦਾ ਗਠਨ ਕੀਤਾ ਹੈ ਪਰ ਰਾਹੁਲ ਗਾਂਧੀ ਆਪਣੀ ਮੰਗ 'ਤੇ ਅੜੇ ਰਹੇ ਜਿਸ ਤੋਂ ਬਾਅਦ ਪੁਲਸ ਨੂੰ ਕੇਸ ਦਰਜ ਕਰਨਾ ਪਿਆ। ਧਰਨੇ 'ਤੇ ਬੈਠਦਿਆਂ ਹੀ ਰਾਹੁਲ ਗਾਂਧੀ ਅਤੇ ਕਾਂਗਰਸ ਪਾਰਟੀ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਪੋਸਟਾਂ ਸਾਂਝੀਆਂ ਕਰਦਿਆਂ ਕਿਹਾ ਕਿ ਉਹ ਵਿਦਿਆਰਥੀਆਂ ਅਤੇ ਇਨਸਾਫ਼ ਲਈ ਖੜ੍ਹੇ ਹਨ ਅਤੇ ਜਦੋਂ ਤੱਕ ਐੱਫ.ਆਈ.ਆਰ. ਦਰਜ ਨਹੀਂ ਹੁੰਦੀ, ਉਨ੍ਹਾਂ ਦਾ ਧਰਨਾ ਜਾਰੀ ਰਹੇਗਾ। ਰਾਹੁਲ ਗਾਂਧੀ ਨੇ ਕਿਹਾ ਕਿ 20 ਜੁਲਾਈ ਨੂੰ ਜੰਤਰ-ਮੰਤਰ ਵਿਖੇ ਸ਼ਾਂਤਮਈ ਤਰੀਕੇ ਨਾਲ ਪ੍ਰਦਰਸ਼ਨ ਕਰ ਰਹੇ 19 ਸਾਲਾ ਸਾਹਿਲ ਲੋਹਚਬ 'ਤੇ ਪੁਲਸ ਨੇ ਪੈਲੇਟ ਗੰਨ ਨਾਲ ਹਮਲਾ ਕੀਤਾ ਸੀ, ਜਿਸ ਕਾਰਨ ਉਸ ਦੀ ਇੱਕ ਅੱਖ ਦੀ ਰੌਸ਼ਨੀ ਪ੍ਰਭਾਵਿਤ ਹੋਈ। ਇਸ ਤੋਂ ਪਹਿਲਾਂ ਵਿਰੋਧੀ ਧਿਰ ਦੇ ਨੇਤਾ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਪੱਤਰ ਲਿਖ ਕੇ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ 'ਤੇ ਹੋਏ ਹਮਲੇ ਲਈ ਜਵਾਬਦੇਹੀ ਦੀ ਮੰਗ ਕੀਤੀ ਸੀ ਅਤੇ ਪੁੱਛਿਆ ਸੀ ਕਿ ਕੀ ਨੌਜਵਾਨਾਂ ਵਿਰੁੱਧ ਘਾਤਕ ਹਥਿਆਰਾਂ ਦੀ ਵਰਤੋਂ ਦੀ ਪ੍ਰਵਾਨਗੀ ਦਿੱਤੀ ਗਈ ਸੀ। ਉਨ੍ਹਾਂ ਦੋਸ਼ ਲਾਇਆ ਕਿ ਪ੍ਰਦਰਸ਼ਨ ਦੌਰਾਨ ਵਿਦਿਆਰਥੀਆਂ 'ਤੇ ਲਾਠੀਚਾਰਜ ਕੀਤਾ ਗਿਆ ਅਤੇ ਅੱਥਰੂ ਗੈਸ ਤੇ ਪੈਲੇਟ ਗੰਨਾਂ ਦੀ ਵਰਤੋਂ ਕੀਤੀ ਗਈ, ਜਿਸ ਨਾਲ ਕਈ ਨੌਜਵਾਨ ਜ਼ਖ਼ਮੀ ਹੋ ਗਏ। ਉਨ੍ਹਾਂ ਇਹ ਵੀ ਦੋਸ਼ ਲਾਇਆ ਕਿ ਮਹਿਲਾ ਪ੍ਰਦਰਸ਼ਨਕਾਰੀਆਂ ਨਾਲ ਬਦਸਲੂਕੀ ਅਤੇ ਮਾਰਕੁੱਟ ਕੀਤੀ • ਬਾਕੀ ਸਫਾ 2 'ਤੇ

## ...ਹਮਕੋ ਚੀਨੀ ਨਹੀਂ, ਇੰਡੀਆ ਬੋਲੋ!



**ਨਵੀਂ ਦਿੱਲੀ (ਨ ਜ਼ ਸ)**-ਅਰੁਣਾਚਲ ਪ੍ਰਦੇਸ਼ ਦੀ ਇੱਕ ਨਿੱਕੀ ਕੁੜੀ ਪਿਆਰੀ ਪਰ ਡੂੰਘੀ ਅਪੀਲ ਕਰਨ ਲਈ ਆਨਲਾਈਨ ਦਿਲ ਜਿੱਤ ਰਹੀ ਹੈ। ਜਾਮੁਣੀ ਟੀ-ਸ਼ਰਟ ਪਾਈ ਕੁੜੀ ਬੜੀ ਮਾਸੂਮੀਅਤ ਨਾਲ ਕਹਿੰਦੀ ਹੈ ਕਿ ਇੱਕ ਆਦਮੀ ਨੇ ਉਸ ਨੂੰ ਪੁੱਛਿਆ ਕਿ ਕੀ ਉਹ ਚੀਨੀ ਹੈ, ਉਸ ਨੇ ਜਵਾਬ ਦਿੱਤਾ ਕਿ ਉਹ ਇੱਕ ਭਾਰਤੀ ਹੈ।

ਆਪਣੀ ਬੇਬੀ ਟਾਕ ਵਿੱਚ, ਉਹ ਦੱਸਦੀ ਹੈ, "ਆਪ ਲੋਗੋਂ ਕੇ ਹਮੇਂ ਚੀਨੀ ਬੋਲਨੇ ਸੇ ਹਮ ਲੋਗ ਬਹੁਤ ਗੁੱਸਾ ਹੋਤੇ ਹੈਂ। ਕ੍ਰਿਪਾ ਕਰਕੇ ਹਮਕੋ ਐਸੇ ਨਾ ਬੋਲੋ... ਹਮਕੋ ਇੰਡੀਆ ਬੋਲੋ।" ਇੱਕ ਸਾਦੀ ਅਪੀਲ ਵਿੱਚ, ਕੁੜੀ ਮੁਸਕਰਾਉਂਦੇ ਹੋਏ ਅਤੇ ਅਲਵਿਦਾ ਚੁੰਮਣ ਦੇਣ ਤੋਂ ਪਹਿਲਾਂ, ਆਪਣੇ ਭਾਈਚਾਰੇ ਦੀ ਸਮੂਹਕ ਭਾਵਨਾ ਨੂੰ ਪ੍ਰਗਟ ਕਰਦੀ ਹੈ। ਇਸ ਦਿਲ ਨੂੰ ਛੂਹ ਲੈਣ ਵਾਲੀ ਵੀਡੀਓ 'ਤੇ ਟਿੱਪਣੀ ਕਰਦਿਆਂ ਤ੍ਰਿਣਮੂਲ ਕਾਂਗਰਸ ਦੀ ਸੰਸਦ ਮੈਂਬਰ ਮਹੂਆ ਮਿੱਤਰਾ ਨੇ ਐੱਕਸ 'ਤੇ ਲਿਖਿਆ, "ਮੇਰੀ ਛੋਟੀ ਪਿਆਰੀ ਕੁੜੀ—ਤੂੰ ਭਾਰਤ ਹੈਂ। ਤੂੰ ਸਾਡੀ ਪਵਿੱਤਰ ਆਤਮਾ ਹੈਂ, ਸਾਡਾ ਦਿਲ ਹੈਂ। ਤੂੰ ਹੀ ਉਹ ਹੈਂ ਜੋ ਸਾਨੂੰ ਆਪਣੇ ਦੇਸ਼ ਨਾਲ ਪਿਆਰ ਕਰਨ ਲਈ ਮਜਬੂਰ ਕਰਦੀ ਹੈਂ।" ਭਾਜਪਾ ਦੇ ਰਾਸ਼ਟਰੀ ਬੁਲਾਰੇ ਸੰਬਿਤ ਪਾਤਰਾ ਨੇ ਵੀ ਕਿਹਾ, "ਤੁਮ ਭਾਰਤ ਕਾ ਗਰਵ ਹੋ, ਹਮਾਰੇ ਦੇਸ਼ ਕਾ ਭਵਿੱਸ਼ ਹੋ...।" ਇੱਕ ਹੋਰ ਯੂਜ਼ਰ ਨੇ ਲਿਖਿਆ,"ਨਸਲਵਾਦ ਨੂੰ ਸਕੂਲ ਪੱਧਰ 'ਤੇ ਸਿੱਖਿਆ ਰਾਹੀਂ ਰੋਕਣਾ ਪਵੇਗਾ।"

# ਮਜ਼ਦੂਰਾਂ ਦੇ ਹਿੱਤਾਂ ਨੂੰ ਦਫਨ ਨਹੀਂ ਕੀਤਾ ਜਾ ਸਕਦੈ : ਅਮਰਜੀਤ ਕੌਰ

### ਇੰਡਸਟਰੀ ਦੀ ਪ੍ਰੀਭਾਸ਼ਾ ਬਾਰੇ ਸੁਪਰੀਮ ਕੋਰਟ ਦੇ ਫੈਸਲੇ 'ਤੇ ਡੂੰਘੀ ਚਿੰਤਾ ਪ੍ਰਗਟ

**ਲੁਧਿਆਣਾ (ਐਮ ਐਸ ਭਾਟੀਆ)**

ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਦੀ ਜਨਰਲ ਸਕੱਤਰ ਅਮਰਜੀਤ ਕੌਰ ਨੇ ਸਟੇਟ ਆਫ ਯੂ ਪੀ ਬਨਾਮ ਜੈ ਬੀਰ ਸਿੰਘ ਮਾਮਲੇ ਵਿੱਚ ਉਦਯੋਗਕ ਵਿਵਾਦ ਐਕਟ, 1947 ਅਧੀਨ ਉਦਯੋਗ (ਇੰਡਸਟਰੀ) ਦੀ ਪ੍ਰੀਭਾਸ਼ਾ ਨਾਲ ਸੰਬੰਧਤ ਸੁਪਰੀਮ ਕੋਰਟ ਦੀ ਸੰਵਿਧਾਨਕ ਬੈਂਚ ਦੇ ਫੈਸਲੇ ਨੂੰ ਗੰਭੀਰਤਾ ਨਾਲ ਲਿਆ ਹੈ।ਉਨ੍ਹਾ ਕਿਹਾ ਹੈ ਕਿ ਭਾਵੇਂ ਬਹੁਮਤ ਜੱਜਾਂ (5-4) ਨੇ ਹੁਣ ਰੱਦ ਹੋ ਚੁੱਕੇ ਉਦਯੋਗਕ ਵਿਵਾਦ ਐਕਟ ਅਧੀਨ ਪੈਂਡਿੰਗ ਵਿਵਾਦਾਂ ਲਈ ਬੇਂਗਲੁਰੂ ਵਾਟਰ ਸਪਲਾਈ ਵਾਲੇ ਢਾਂਚੇ ਨੂੰ ਬਰਕਰਾਰ ਰੱਖਿਆ ਹੈ, ਪਰ ਟੈਸਟ ਦੇ ਮਾਪਦੰਡਾਂ ਨੂੰ ਮੁੜ-ਗਠਤ ਕਰਨ ਦਾ ਉਨ੍ਹਾਂ ਦਾ ਫੈਸਲਾ ਨਵੀਂ ਕਿਰਤ ਵਿਵਸਥਾ ਅਧੀਨ ਮਜ਼ਦੂਰਾਂ ਨਾਲ ਜੁੜੇ ਸਭ ਤੋਂ ਮਹੱਤਵਪੂਰਨ ਸਵਾਲਾਂ ਨੂੰ ਅਣਸੁਲਝਿਆ ਛੱਡ ਦਿੰਦਾ ਹੈ।ਕਾਮਰੇਡ ਅਮਰਜੀਤ ਕੌਰ ਨੇ ਖਾਸ ਤੌਰ 'ਤੇ ਜਸਟਿਸ ਬੀ ਵੀ ਨਾਗਰਤਨਾ ਦੇ ਅਸਹਿਮਤੀ ਵਾਲੇ ਮਤ ਵੱਲ ਧਿਆਨ ਦਿਵਾਇਆ ਹੈ, ਜਿਸ ਵਿੱਚ ਬਹੁਤ ਹੀ ਮਜ਼ਬੂਤ ਕਿਰਤ ਅਤੇ ਸਿਆਸੀ ਦ੍ਰਿਸ਼ਟੀਕੋਣ ਸਾਹਮਣੇ ਆਉਂਦਾ ਹੈ। ਜਸਟਿਸ ਨਾਗਰਤਨਾ ਨੇ ਲਗਪਗ ਪੰਜ ਦਹਾਕਿਆਂ ਤੋਂ ਸਥਾਪਤ ਨਿਆਂਇਕ ਨਜ਼ੀਰ ਨੂੰ ਮੁੜ ਖੋਲ੍ਹਣ ਦੀ ਲੋੜ ਉੱਤੇ ਵਾਜਬ ਸਵਾਲ ਉਠਾਇਆ ਹੈ,



ਖਾਸ ਕਰਕੇ ਉਸ ਵੇਲੇ ਜਦੋਂ ਉਦਯੋਗਕ ਸੰਬੰਧ ਕੋਡ ਪਹਿਲਾਂ ਹੀ ਉਦਯੋਗਕ ਵਿਵਾਦ ਐਕਟ ਦੀ ਥਾਂ ਲੈ ਚੁੱਕਾ ਹੈ। ਉਨ੍ਹਾ ਨੇ ਨਿੱਜੀਕਰਨ ਦੀ ਮਹੱਤਤਾ ਅਤੇ ਜਨਤਕ ਗਤੀਵਿਧੀਆਂ ਦੇ ਨਿੱਜੀ ਹੱਥਾਂ ਵਿੱਚ ਜਾਣ ਕਾਰਨ ਮਜ਼ਦੂਰਾਂ ਦੀ ਵਧ ਰਹੀ ਅਸੁਰੱਖਿਆ ਨੂੰ ਵੀ ਰੇਖਾਂਕਤ ਕੀਤਾ ਹੈ।ਜਸਟਿਸ ਬਾਗਚੀ ਨੇ ਭਾਵੇਂ ਇਸ ਹਵਾਲੇ ਨੂੰ ਸੁਣਵਾਈਯੋਗ ਮੰਨਿਆ, ਪਰ ਬਹੁਮਤ ਵੱਲੋਂ ਕੀਤੇ ਗਏ ਮੁੜ-ਗਠਨ ਨੂੰ ਸਵੀਕਾਰ ਨਹੀਂ ਕੀਤਾ। ਉਨ੍ਹਾ ਦਾ ਇਹ ਜ਼ੋਰ ਕਿ ਸਿਰਫ ਸੰਸਥਾ ਦੀ ਪਛਾਣ ਦੀ ਬਜਾਏ ਗਤੀਵਿਧੀ ਦੀ ਪ੍ਰਕਿਰਤੀ ਨੂੰ ਕੇਂਦਰੀ ਮਹੱਤਤਾ ਦਿੱਤੀ ਜਾਣੀ ਚਾਹੀਦੀ ਹੈ, ਬਰਾਬਰ ਅਹਿਮ ਹੈ।ਉਨ੍ਹਾ ਦਾ ਦ੍ਰਿਸ਼ਟੀਕੋਣ ਨਵੇਂ ਕਿਰਤ ਕੋਡਾਂ ਦੇ ਸੰਦਰਭ ਵਿੱਚ ਵਿਸ਼ੇਸ਼ ਤੌਰ 'ਤੇ ਪ੍ਰਸੰਗਕ ਹੈ, ਜਿੱਥੇ ਪ੍ਰਭੂਸੱਤਾਤਮਕ, ਧਰਮਾਰਥ, ਸਮਾਜਕ ਅਤੇ ਪਰਉਪਕਾਰੀ ਗਤੀਵਿਧੀਆਂ ਨਾਲ ਸੰਬੰਧਤ ਕਾਨੂੰਨੀ ਛੋਟਾਂ ਮਜ਼ਦੂਰਾਂ ਦੇ ਵੱਡੇ ਵਰਗ ਨੂੰ ਸਾਰਥਕ ਉਦਯੋਗਕ ਸੰਬੰਧਾਂ ਅਤੇ ਕਿਰਤ ਅਧਿਕਾਰਾਂ ਦੇ ਘੇਰੇ ਤੋਂ ਬਾਹਰ ਕਰ ਸਕਦੀਆਂ ਹਨ। ਉਨ੍ਹਾ ਕਿਹਾ ਹੈ ਕਿ ਏਟਕ ਇਸ ਗੱਲ ਨੂੰ ਲੈ ਕੇ ਡੂੰਘੀ ਚਿੰਤਾ ਵਿੱਚ ਹੈ ਕਿ ਬਹੁਮਤ ਨੇ ਇਨ੍ਹਾਂ ਮਹੱਤਵਪੂਰਨ ਸਵਾਲਾਂ ਨੂੰ ਭਵਿੱਖ ਦੀ ਮੁਕੱਦਮੇਬਾਜ਼ੀ ਲਈ ਛੱਡ ਦਿੱਤਾ ਹੈ, ਬਜਾਏ ਇਸ ਦੇ ਕਿ ਉਹ ਉਦਯੋਗਕ ਸੰਬੰਧ ਕੋਡ ਦੀ ਧਾਰਾ 2 (ਪੀ) ਦੀ ਸੰਕੀਰਨ ਅਤੇ ਬਾਹਰ ਰੱਖਣ ਵਾਲੀ ਬਣਤਰ ਦੇ ਪ੍ਰਭਾਵਾਂ ਦਾ ਸਾਹਮਣਾ ਕਰਦਾ।ਕੋਡ 'ਚ ਪ੍ਰਭੂਸੱਤਾਤਮਕ ਕਾਰਜਾਂ ਤੇ • ਬਾਕੀ ਸਫਾ 2 'ਤੇ

## ਰਾਜਸਥਾਨ 'ਚ ਸੀ ਜੇ ਪੀ ਵਰਕਰਾਂ 'ਤੇ ਹਮਲਾ

**ਜੈਪੁਰ** : ਰਾਜਸਥਾਨ ਦੇ ਜੈਪੁਰ ਜ਼ਿਲ੍ਹੇ ਦੇ ਰਾਮਪੁਰਾ ਕੰਵਰਪੁਰਾ ਪਿੰਡ ਵਿੱਚ ਸ਼ੁੱਕਰਵਾਰ ਨੂੰ ਹਿੰਸਾ ਭੜਕ ਗਈ, ਜਦੋਂ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਵਲੰਟੀਅਰਾਂ ਨੂੰ ਇੱਕ ਸਰਕਾਰੀ ਸਕੂਲ ਵਿੱਚ ਨਿਰੀਖਣ ਲਈ ਦਾਖਲ ਹੋਣ ਤੋਂ ਰੋਕਿਆ ਗਿਆ। ਵਲੰਟੀਅਰ ਸਕੂਲ ਦੇ ਬੁਨਿਆਦੀ ਢਾਂਚੇ ਅਤੇ ਸਮੁੱਚੀ ਸਥਿਤੀ ਦਾ ਮੁਆਇਨਾ ਕਰਨ ਲਈ ਬਾਗਰੂ ਖੇਤਰ ਵਿੱਚ ਪਹੁੰਚੇ ਸਨ। ਪਿੰਡ ਵਾਸੀਆਂ ਨੇ ਉਨ੍ਹਾਂ ਨੂੰ ਵਾਪਸ ਜਾਣ ਲਈ ਕਿਹਾ, ਜਿਸ ਤੋਂ ਬਾਅਦ ਵਲੰਟੀਅਰਾਂ ਨੇ ਸਕੂਲ ਦੇ ਬਾਹਰ ਵਿਰੋਧ ਪ੍ਰਦਰਸ਼ਨ ਕੀਤਾ, ਫਿਰ ਸਥਿਤੀ ਝੜਪ ਵਿੱਚ ਬਦਲ ਗਈ। ਵਲੰਟੀਅਰਾਂ ਨੇ ਦੋਸ਼ ਲਗਾਇਆ ਕਿ ਉਨ੍ਹਾਂ ਨਾਲ ਕੁੱਟਮਾਰ ਕੀਤੀ ਗਈ। ਉਨ੍ਹਾਂ 'ਤੇ ਪੱਥਰ ਸੁੱਟੇ ਗਏ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਉਦੇਸ਼ ਸਕੂਲ ਦੀ ਸਥਿਤੀ ਨੂੰ ਉਜਾਗਰ ਕਰਨਾ ਸੀ। ਸੀ ਜੇ ਪੀ ਦੇ ਸਹਿ-ਕਨਵੀਨਰ ਆਸ਼ੂਤੋਸ਼ ਰੰਕਾ ਨੇ ਦੋਸ਼ ਲਗਾਇਆ ਕਿ ਇਹ ਹਮਲਾ ਸੱਤਾਧਾਰੀ ਭਾਜਪਾ ਨਾਲ ਜੁੜੇ ਲੋਕਾਂ ਦੁਆਰਾ ਕੀਤਾ ਗਿਆ। ਉਨ੍ਹਾ ਇਹ ਵੀ ਦੋਸ਼ ਲਗਾਇਆ ਕਿ ਸਕੂਲ ਵਿੱਚ ਮੱਝਾਂ ਦਾ ਸ਼ੈੱਡ ਬਣਾਇਆ ਗਿਆ ਹੈ ਅਤੇ ਵਰਕਰਾਂ 'ਤੇ ਹਮਲੇ ਪਿੱਛੇ ਮਦਨ ਦਿਲਾਵਰ ਨਾਂਅ ਦਾ ਵਿਅਕਤੀ ਹੈ। ਕਾਕਰੋਚ ਜਨਤਾ ਪਾਰਟੀ ਦੇ ਸੰਸਥਾਪਕ ਅਭੀਜੀਤ ਦੀਪਕੇ ਨੇ ਪ੍ਰਸ਼ਾਸਨ ਨੂੰ 48 ਘੰਟਿਆਂ ਦਾ ਅਲਟੀਮੇਟਮ ਦਿੰਦਿਆਂ ਕਿਹਾ ਹੈ ਕਿ ਜੇਕਰ ਮਾਰਕੁੱਟ ਕਰਨ ਵਾਲੇ ਅਨਸਰਾਂ ਨੂੰ ਗ੍ਰਿਫਤਾਰ ਨਾ ਕੀਤਾ ਗਿਆ ਤਾਂ ਉਹ ਖੁਦ ਜੈਪੁਰ ਜਾਣਗੇ।

# ਨਰੇਗਾ ਮਜ਼ਦੂਰਾਂ ਵੱਲੋਂ ਡੀ ਸੀ ਦਫਤਰ ਅੱਗੇ ਜ਼ਬਰਦਸਤ ਮੁਜ਼ਾਹਰਾ

### ਮੰਗਾਂ ਨਾ ਮੰਨੀਆਂ ਤਾਂ ਕਰਾਂਗੇ ਘਿਰਾਓ : ਜਗਰੂਪ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਨ ਚਾਵਲਾ)**

ਨਰੇਗਾ-ਕਮ-ਗਰਾਮ ਜੀ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਸ਼ੁੱਕਰਵਾਰ ਸ੍ਰੀ ਮੁਕਤਸਰ ਸਾਹਿਬ ਵਿਖੇ ਇੱਕ ਵਿਸ਼ਾਲ ਇਕੱਠ ਕੀਤਾ ਗਿਆ। ਇਸ ਤੋਂ ਬਾਅਦ ਮਜ਼ਦੂਰਾਂ ਨੇ ਮਾਰਚ ਕਰਦਿਆਂ ਡਿਪਟੀ ਕਮਿਸ਼ਨਰ ਦਫ਼ਤਰ ਦੇ ਗੇਟ 'ਤੇ ਧਰਨਾ ਦਿੱਤਾ ਅਤੇ



ਮੁਜ਼ਾਹਰੇ ਵਿੱਚ ਆ ਕੇ ਮੰਗਾਂ ਪੂਰੀਆਂ ਕਰਨ ਦਾ ਭਰੋਸਾ ਦਿੰਦੇ ਹੋਏ ਡੀ ਡੀ ਪੀ ਓ।

ਜ਼ਿਲ੍ਹਾ ਪ੍ਰੋਗਰਾਮ ਕੋਆਰਡੀਨੇਟਰ ਦੇ ਨਾਂਅ ਆਪਣਾ ਅਧਿਕਾਰ ਪੱਤਰ ਸੌਂਪਿਆ।ਇਕੱਠ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਸੂਬਾਈ ਮੁੱਖ ਸਲਾਹਕਾਰ ਸਾਥੀ ਜਗਰੂਪ ਸਿੰਘ ਨੇ ਆਖਿਆ ਕਿ ਸਰਕਾਰ ਨਰੇਗਾ ਅਤੇ ਗਰਾਮ ਜੀ ਯੋਜਨਾ ਨੂੰ ਸੁਚੱਜੇ ਢੰਗ ਨਾਲ ਲਾਗੂ ਕਰਨ ਵਿੱਚ ਅਸਫਲ ਰਹੀ ਹੈ। ਉਨ੍ਹਾ ਕਿਹਾ ਕਿ ਨਰੇਗਾ ਕਾਨੂੰਨ ਦੀਆਂ ਧਾਰਾਵਾਂ ਅਨੁਸਾਰ ਕੰਮ ਵਿੱਚ ਰੁਕਾਵਟ ਪਾਉਣ ਵਾਲਿਆਂ ਵਿਰੁੱਧ ਕਾਰਵਾਈ ਕੀਤੀ ਜਾਵੇ ਅਤੇ ਪਾਰਦਰਸ਼ਤਾ ਨਾਲ ਲਾਗੂ ਹੋਵੇ। ਉਨ੍ਹਾ ਕਿਹਾ ਕਿ ਪਿਛਲੇ ਬਕਾਏ, ਰੁਕੇ ਮਸਟਰੋਲਾਂ ਦਾ ਭੁਗਤਾਨ ਕੀਤਾ ਜਾਵੇ ਅਤੇ ਬੇਰੁਜ਼ਗਾਰੀ ਭੱਤੇ ਦੇ ਕੇਸਾਂ ਦਾ ਨਿਪਟਾਰਾ ਹਰਜਾਨੇ ਸਮੇਤ ਹੋਵੇ, ਕੰਮ ਦਾ ਸਮਾਂ 12 ਘੰਟੇ ਕਰਨ ਦੀ ਬਜਾਏ 6 ਘੰਟੇ ਰੱਖਿਆ ਜਾਵੇ, ਜਾਲ੍ਹੀ ਜੌਬ ਕਾਰਡਾਂ ਅਤੇ ਮਸਟਰੋਲਾਂ ਵਿੱਚ ਹੋਏ ਘਪਲਿਆਂ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਵਿਰੁੱਧ ਕਾਰਵਾਈ ਕੀਤੀ ਜਾਵੇ। ਇਸੇ ਤਰ੍ਹਾਂ ਪੰਜ ਏਕੜ ਤੋਂ ਘੱਟ ਜ਼ਮੀਨ ਵਾਲੇ ਮਾਲਕਾਂ ਨੂੰ ਵੀ ਆਪਣੀ ਖੇਤੀ ਵਿੱਚ ਨਰੇਗਾ ਅਧੀਨ ਕੰਮ ਕਰਨ ਦਾ ਹੱਕ ਮਿਲੇ।ਕਾਮਰੇਡ ਜਗਰੂਪ ਨੇ ਕਿਹਾ ਕਿ ਨਵੇਂ ਕਾਨੂੰਨ • ਬਾਕੀ ਸਫਾ 2 'ਤੇ

# ਮੈਡਮ ਦੇ ਥੱਪੜ ਨੇ ਲਈ 6 ਸਾਲਾ ਮਾਸੂਮ ਦੀ ਜਾਨ

**ਵਿਸ਼ਾਖਾਪਟਨਮ** : ਆਂਧਰਾ ਪ੍ਰਦੇਸ਼ ਦੇ ਵਿਸ਼ਾਖਾਪਟਨਮ (ਵਿਜ਼ਾਗ) ਸਥਿਤ ਇੱਕ ਨਿੱਜੀ ਸਕੂਲ 'ਚ ਇੱਕ ਬੇਹੱਦ ਦੁਖਦਾਈ ਘਟਨਾ ਸਾਹਮਣੇ ਆਈ ਹੈ, ਜਿੱਥੇ ਅਧਿਆਪਕਾ ਵੱਲੋਂ ਥੱਪੜ ਮਾਰੇ ਜਾਣ ਤੋਂ ਬਾਅਦ ਛੇ ਸਾਲਾ ਮਾਸੂਮ ਬੱਚੇ ਦੀ ਜਮਾਤ ਵਿੱਚ ਹੀ ਮੌਤ ਹੋ ਗਈ। ਪੁਲਸ ਅਨੁਸਾਰ ਇਹ ਘਟਨਾ ਉਸ ਸਮੇਂ ਵਾਪਰੀ, ਜਦੋਂ ਕਿੰਡਰਗਾਰਟਨ (ਕੇ.ਜੀ.) ਦਾ ਵਿਦਿਆਰਥੀ ਆਪਣਾ ਹੋਮਵਰਕ ਚੈੱਕ ਕਰਵਾਉਣ ਲਈ ਅਧਿਆਪਕਾ ਦੀ ਡੈਸਕ ਕੋਲ ਲਾਈਨ ਵਿੱਚ ਖੜ੍ਹਾ ਸੀ। ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਇੱਕ ਵੀਡੀਓ ਵਿੱਚ ਦੇਖਿਆ ਜਾ ਸਕਦਾ ਹੈ ਕਿ ਬੱਚਾ ਆਪਣੀ ਸਲੇਟ ਲੈ ਕੇ ਖੜ੍ਹਾ ਸੀ ਅਤੇ



ਕਾਫ਼ੀ ਘਬਰਾਇਆ ਹੋਇਆ ਰੋ ਰਿਹਾ ਸੀ। ਅਧਿਆਪਕਾ ਨੇ ਜਦੋਂ ਉਸ ਦੀ ਵਰਦੀ ਨੂੰ ਫੜਿਆ ਤਾਂ ਬੱਚਾ ਹੱਥ ਹਿਲਾ ਕੇ ਵਿਰੋਧ ਕਰਨ ਲੱਗਾ। ਇਸ ਤੋਂ ਬਾਅਦ ਅਧਿਆਪਕਾ ਨੇ ਬੱਚੇ ਨੂੰ ਆਪਣੇ ਵੱਲ ਖਿੱਚ ਕੇ ਉਸ ਦੇ ਥੱਪੜ ਮਾਰ ਦਿੱਤਾ। ਥੱਪੜ ਲੱਗਣ ਤੋਂ ਬਾਅਦ ਬੱਚਾ ਕੁਝ ਪਲ ਲਈ ਸ਼ਾਂਤ ਖੜ੍ਹਾ ਰਿਹਾ ਅਤੇ ਫਿਰ ਅਚਾਨਕ ਬੇਹੋਸ਼ ਹੋ ਕੇ ਅਧਿਆਪਕਾ ਦੀ ਗੋਦ ਵਿੱਚ ਡਿੱਗ ਪਿਆ। ਅਧਿਆਪਕਾ ਨੇ ਉਸ ਨੂੰ ਹੋਸ਼ ਵਿੱਚ ਲਿਆਉਣ ਦੀ ਕੋਸ਼ਿਸ਼ ਕੀਤੀ, ਪਰ ਸਕੂਲ ਸਟਾਫ਼ ਵੱਲੋਂ ਹਸਪਤਾਲ ਲੈ ਕੇ ਜਾਣ 'ਤੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਦਰਦਨਾਕ ਘਟਨਾ ਤੋਂ ਬਾਅਦ ਮਾਸੂਮ ਦੇ ਪਰਵਾਰਕ ਮੈਂਬਰਾਂ ਨੇ ਸਕੂਲ ਦੇ ਬਾਹਰ ਧਰਨਾ ਦਿੱਤਾ। ਪੁਲਸ ਨੇ ਮਾਮਲੇ ਦਾ ਨੋਟਿਸ ਲੈਂਦਿਆਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 194 ਤਹਿਤ ਸ਼ੱਕੀ ਮੌਤ ਦਾ ਮਾਮਲਾ ਦਰਜ ਕਰ ਲਿਆ ਹੈ।

# ਕਾਮਰੇਡ ਮੇਹਰ ਸਿੰਘ ਦੌਧਰ ਵਿਛੋੜਾ ਦੇ ਗਏ

**ਮੋਗਾ (ਨ ਜ਼ ਸ)**

ਭਾਰਤੀ ਕਮਿਊਨਿਸਟ ਪਾਰਟੀ ਬ੍ਰਾਂਚ ਦੌਧਰ ਦੇ ਸਰਗਰਮ ਆਗੂ ਕਾਮਰੇਡ ਮੇਹਰ ਸਿੰਘ ਦਾ ਅੰਤਿਮ ਸੰਸਕਾਰ ਸ਼ੁੱਕਰਵਾਰ ਉਹਨਾਂ ਦੇ ਪਿੰਡ ਦੌਧਰ ਵਿਖੇ ਕੀਤਾ ਗਿਆ।ਉਹ ਇਲਾਕੇ ਦੇ ਪ੍ਰਸਿੱਧ ਕਮਿਊਨਿਸਟ ਕਾਮਰੇਡ ਚੰਨਣ ਸਿੰਘ ਦੇ ਪੁੱਤਰ ਸਨ।ਕਾਮਰੇਡ ਚੰਨਣ ਸਿੰਘ ਖੁਦ ਪਾਰਟੀ ਦੇ ਹੋਲ ਟਾਈਮਰ ਰਹੇ ਅਤੇ ਪਾਰਟੀ ਡਾਕ ਵੰਡਣ ਗਿਆਂ ਹਾਰਟ ਫੇਲ੍ਹ ਹੋਣ ਕਾਰਨ ਉਨ੍ਹਾਂ ਦੀ ਮੌਤ ਹੋ ਗਈ ਸੀ। ਕਾਮਰੇਡ ਮੇਹਰ ਸਿੰਘ ਨੇ ਨਾ ਸਿਰਫ਼ ਆਪ ਸਾਰੀ ਉਮਰ ਮਾਰਕਸਵਾਦ ਤਹਿਤ ਪਾਰਟੀ ਦਾ ਝੰਡਾ ਉੱਚਾ ਚੁੱਕੀ ਰੱਖਿਆ, ਸਗੋਂ ਨਾਲੋ-



ਨਾਲ ਪਾਰਟੀ ਸਰਗਰਮੀਆਂ 'ਚ ਆਪਣੀ ਭੈਣ ਦੇ ਪਰਵਾਰ (ਡਾਲਾ ਪਰਵਾਰ) ਅਤੇ ਉੱਘੇ ਸੁਤੰਤਰਤਾ ਸੈਨਾਨੀ ਅਤੇ ਸਾਬਕਾ ਸਰਪੰਚ ਮਰਹੂਮ ਕਾਮਰੇਡ ਗੁਰਦਿਆਲ ਸਿੰਘ ਡਾਲਾ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਰਹੇ।ਆਪਣੇ ਆਖਰੀ ਸਮੇਂ ਤੱਕ ਪਾਰਟੀ ਲਈ ਫਿਕਰਮੰਦ ਕਾਮਰੇਡ ਮੇਹਰ ਸਿੰਘ ਨੇ ਕਮਿਊਨਿਸਟ ਰਾਜਨੀਤੀ ਦੀ ਗੁੜ੍ਹਤੀ ਆਪਣੇ ਬੱਚਿਆਂ ਨੂੰ ਵੀ ਦਿੱਤੀ।ਉਹ ਪਿੰਡ ਅਤੇ ਇਲਾਕੇ ਵਿੱਚ ਪਾਰਟੀ ਸਰਗਰਮੀਆਂ ਵਿੱਚ ਹਮੇਸ਼ਾ ਹਾਜ਼ਰ ਰਹਿੰਦੇ ਸਨ। ਅਖੀਰਲੀ ਉਮਰੇ ਵੀ ਉਹਨਾਂ ਪਾਰਟੀ ਆਗੂਆਂ ਨਾਲ ਸਦਾ ਸੰਪਰਕ ਬਣਾਈ ਰੱਖਿਆ ਅਤੇ ਪਾਰਟੀ ਦੀ ਆਰਥਿਕ ਪੱਖੋਂ ਮਦਦ ਕਰਦੇ ਰਹਿੰਦੇ ਸਨ। ਸਰੀਰਕ ਰੂਪ ਵਿੱਚ ਭਾਵੇਂ • ਬਾਕੀ ਸਫਾ 2 'ਤੇ

## 22 ਭਾਰਤੀਆਂ ਸਮੇਤ 2 ਵਪਾਰਕ ਜਹਾਜ਼ ਅਗਵਾ

**ਨਵੀਂ ਦਿੱਲੀ** : ਸਮੁੰਦਰੀ ਡਾਕੂਆਂ ਨੇ ਯਮਨ ਅਤੇ ਸੋਮਾਲੀਆ ਦੇ ਤੱਟਾਂ ਤੋਂ ਦੋ ਵੱਖ-ਵੱਖ ਘਟਨਾਵਾਂ ਵਿੱਚ 22 ਭਾਰਤੀ ਨਾਗਰਿਕਾਂ ਨੂੰ ਲੈ ਕੇ ਜਾ ਰਹੇ ਦੋ ਵਪਾਰਕ ਜਹਾਜ਼ਾਂ ਨੂੰ ਅਗਵਾ ਕਰ ਲਿਆ ਹੈ। ਇਰੀਟਰੀਅਨ-ਝੰਡੇ ਵਾਲੇ ਤੇਲ ਉਤਪਾਦ ਟੈਂਕਰ ਐਮ.ਟੀ. ਸਿਬੂ 1 ਨੂੰ ਯਮਨ ਦੇ ਤੱਟ ਤੋਂ ਲੱਗਭੱਗ 30 ਸਮੁੰਦਰੀ ਮੀਲ ਦੂਰ ਅਦਨ ਦੀ ਖਾੜੀ ਵਿੱਚ ਅਗਵਾ ਕਰ ਲਿਆ ਗਿਆ। ਜਹਾਜ਼ ਵਿੱਚ ਕੁੱਲ 20 ਚਾਲਕ ਦਲ ਦੇ ਮੈਂਬਰ ਸਵਾਰ ਹਨ, ਜਿਨ੍ਹਾਂ ਵਿੱਚ 16 ਭਾਰਤੀ ਨਾਗਰਿਕ ਹਨ। ਸਮੁੰਦਰੀ ਪ੍ਰਸ਼ਾਸਨ ਡਾਇਰੈਕਟੋਰੇਟ ਦੀ ਇੱਕ ਰਿਪੋਰਟ ਅਨੁਸਾਰ, ਸਾਰੇ 20 ਚਾਲਕ ਦਲ ਦੇ ਮੈਂਬਰ ਸੁਰੱਖਿਅਤ ਹਨ। ਦੂਜੀ ਘਟਨਾ ਵਿੱਚ ਸਮੁੰਦਰੀ ਡਾਕੂਆਂ ਨੇ ਸੋਮਾਲੀਆ ਦੇ ਪੁੰਟਲੈਂਡ ਤੱਟ ਤੋਂ ਕੈਮਰੂਨ-ਝੰਡੇ ਵਾਲੇ ਕਾਰਗੋ ਜਹਾਜ਼ ਨੂੰ ਜ਼ਬਤ ਕਰ ਲਿਆ। ਜਹਾਜ਼ ਵਿੱਚ 10 ਚਾਲਕ ਦਲ ਦੇ ਮੈਂਬਰ ਸਵਾਰ ਹਨ, ਜਿਨ੍ਹਾਂ ਵਿਚ 6 ਭਾਰਤੀ ਨਾਗਰਿਕ ਹਨ।

## ਪਾਵਰਲੂਮ ਮਜ਼ਦੂਰ ਹੜਤਾਲ ਕਰਕੇ ਦਿੱਲੀ ਪੁੱਜਣਗੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**



ਇੱਥੇ ਬੱਕਰਮੰਡੀ ਇਲਾਕੇ ਵਿੱਚ ਪਾਵਰਲੂਮ ਕਾਰਖਾਨਿਆਂ ਦੇ ਮਜ਼ਦੂਰਾਂ ਦੀ ਮੀਟਿੰਗ ਸ਼ੁੱਕਰਵਾਰ ਕੀਤੀ ਗਈ, ਜਿਸ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ 1 ਸਤੰਬਰ ਨੂੰ "ਬਦਲਾਅ ਜ਼ਰੂਰੀ ਹੈ" ਦੇ ਨਾਹਰੇ ਹੇਠ ਦਿੱਲੀ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਕਾਰਖਾਨੇ ਬੰਦ ਕਰਕੇ ਪੁੱਜਣ ਦਾ ਐਲਾਨ ਕੀਤਾ ਗਿਆ। ਇਸ ਮੀਟਿੰਗ ਨੂੰ ਅਮਰਜੀਤ ਸਿੰਘ ਆਸਲ, ਵਿਜੇ ਕੁਮਾਰ ਅਤੇ ਦਸਵਿੰਦਰ ਕੌਰ ਆਦਿ ਆਗੂਆਂ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੀ ਡਟ ਕੇ ਨਿੰਦਾ ਕੀਤੀ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਮੌਜੂਦਾ ਨੀਤੀਆਂ ਕਰਕੇ ਦੇਸ਼ ਦਾ ਸੰਵਿਧਾਨ ਖਤਰੇ ਵਿੱਚ ਹੈ। ਮਜ਼ਦੂਰਾਂ ਦੇ 4 ਲੇਬਰ ਕੋਡ • ਬਾਕੀ ਸਫਾ 2 'ਤੇ

## ਦਿੱਲੀ ਰੈਲੀ ਲਈ ਵਿਆਪਕ ਲਾਮਬੰਦੀ



**ਅੰਮ੍ਰਿਤਸਰ** : ਭਾਰਤੀ ਕਮਿਊਨਿਸਟ ਪਾਰਟੀ ਦੀ ਦਿੱਲੀ ਰੈਲੀ ਦੀ ਤਿਆਰੀ ਸੰਬੰਧੀ ਪਿੰਡ ਬੱਲ ਕਲਾਂ, ਪੰਡੋਰੀ ਅਤੇ ਪੈਨਸ਼ਨ ਯੂਨੀਅਨ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਪਾਰਟੀ ਆਗੂਆਂ ਲੱਖਬੀਰ ਸਿੰਘ ਨਿਜਾਮਪੁਰ, ਨਰਿੰਦਰ ਬੱਲ, ਮੰਗਲ ਸਿੰਘ ਖਜਾਲਾ ਅਤੇ ਜੋਗਿੰਦਰ ਸਿੰਘ ਗੋਪਾਲਪੁਰ ਨੇ ਕਿਹਾ ਕਿ ਦੇਸ਼ ਦੇ ਸੰਵਿਧਾਨ, ਜਮਹੂਰੀਅਤ, ਲੋਕਾਂ ਦੇ ਹੱਕਾਂ ਅਤੇ ਧਰਮ-ਨਿਰਪੱਖਤਾ ਦੀ ਰੱਖਿਆ ਲਈ ਲੋਕਾਂ ਨੂੰ ਇਕਜੁੱਟ ਹੋਣ ਦੀ ਲੋੜ ਹੈ। ਆਗੂਆਂ ਨੇ ਕਿਹਾ ਕਿ ਵਧਦੀ ਮਹਿੰਗਾਈ, ਬੇਰੁਜ਼ਗਾਰੀ, ਕਿਸਾਨਾਂ ਦੀਆਂ ਸਮੱਸਿਆਵਾਂ ਅਤੇ ਮਜ਼ਦੂਰਾਂ ਦੇ ਹੱਕਾਂ ਉੱਤੇ ਪੈ ਰਹੇ ਦਬਾਅ ਕਾਰਨ ਆਮ ਲੋਕ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ। ਰੈਲੀ ਰਾਹੀਂ ਕੇਂਦਰ • ਬਾਕੀ ਸਫਾ 2 'ਤੇ

## ਕਮਿਊਨਿਸਟ ਹਮਾਇਤੀਆਂ 'ਚ ਭਾਰੀ ਉਤਸ਼ਾਹ : ਬਾਠ, ਲੱਧੂ

**ਭਿੱਖੀਵਿੰਡ (ਨ ਜ਼ ਸ)**



ਸੀ ਪੀ ਆਈ ਵੱਲੋਂ ਕੁੱਲ ਹਿੰਦ ਪੱਧਰ ਦੀ ਰੈਲੀ ਪਹਿਲੀ ਸਤੰਬਰ ਨੂੰ ਦਿੱਲੀ ਵਿਖੇ ਹੋ ਰਹੀ ਹੈ, ਜਿਸ ਵਿੱਚ ਦੇਸ਼ ਭਰ 'ਚੋਂ ਲੱਖਾਂ ਲੋਕ ਪਹੁੰਚ ਰਹੇ ਹਨ।ਰੈਲੀ ਦੀ ਤਿਆਰੀ ਅਤੇ ਦੇਸ਼ ਦੇ ਮੌਜੂਦਾ ਹਾਲਾਤ ਬਾਰੇ ਸੀ ਪੀ ਆਈ ਦੇ ਵਿਚਾਰ ਲੋਕਾਂ ਤੱਕ ਲਿਜਾਣ ਲਈ ਦੇਸ਼ ਭਰ ਵਿੱਚ ਜਨ ਜਾਗਰਨ ਮੁਹਿੰਮ ਆਰੰਭੀ ਹੋਈ ਹੈ, ਉਸੇ ਪ੍ਰੋਗਰਾਮ ਤਹਿਤ ਸੀ ਪੀ ਆਈ ਇਲਾਕਾ ਭਿੱਖੀਵਿੰਡ ਵੱਲੋਂ ਗੁਰਮੀਤ ਕੌਰ ਭਗਵਾਨਪੁਰਾ ਤੇ ਕੁਲਦੀਪ ਸਿੰਘ ਤਤਲੇ ਦੀ ਅਗਵਾਈ ਹੇਠ ਪਿੰਡ ਭਗਵਾਨਪੁਰਾ ਤੇ ਤਤਲੇ ਵਿਖੇ ਮੀਟਿੰਗਾਂ ਕੀਤੀਆਂ ਗਈਆਂ। • ਬਾਕੀ ਸਫਾ 2 'ਤੇ

## ਅੱਜ-ਨਾਮਾ

ਪਹਿਲਾਂ ਮੰਨੀ ਨਾ ਰਾਹੁਲ ਦੀ ਬਾਤ ਬੇਸ਼ੱਕ,
ਕਰਿਆ ਪੁਲਸ ਨੇ ਦਰਜ ਫਿਰ ਕੇਸ ਬੇਲੀ।
ਦਿੱਲੀ ਦੀ ਪੁਲਸ ਚਲਾਈ ਸੀ ਗੰਨ ਪੈਲੇਟ,
ਭੜਕਿਆ ਓਸੇ ਤੋਂ ਰੋਹ ਵਿੱਚ ਦੇਸ਼ ਬੇਲੀ।
ਸੰਵਿਧਾਨ ਵਿੱਚ ਪ੍ਰਦਰਸ਼ਨ ਦਾ ਹੱਕ ਹੁੰਦਾ,
ਉਹ ਵੀ ਖੋਹਣਾ ਸੰਵਿਧਾਨ ਨੂੰ ਠੇਸ ਬੇਲੀ।
ਲੋਕਤੰਤਰ ਵਿੱਚ ਹੁੰਦੀ ਰਿਵਾਇਤ ਬੇਸ਼ੱਕ,
ਦਿੱਲੀ ਪੁਲਸ ਕੀਤੀ ਆ ਪੱਟੀ ਮੇਸ ਬੇਲੀ।
ਦਿੱਤਾ ਰਾਹੁਲ ਨੇ ਧਰਨਾ, ਸਰਕਾਰ ਜਾਗੀ,
ਕਰਨੀ ਪਈ ਆ ਲਿਖਤ ਤੇ ਪੜ੍ਹਤ ਬੇਲੀ।
ਦਾਅਵੇ ਜਿਹੜੇ ਵੀ ਵੱਡੇ ਸੀ ਪੁਲਸ ਕੀਤੇ,
ਨਿਕਲੇ ਸਾਰੇ ਉਹ ਅੰਤ ਮਨਘੜਤ ਬੇਲੀ।

-ਤੀਸ ਮਾਰ ਖਾਂ

# ਸੁਣ ਮੇਰੀ ਬਿੱਲੋ, ਖੰਡ 70 ਦੀ ਕਿੱਲੋ

**ਕੋਲਕਾਤਾ (ਨ ਜ਼ ਸ)**

ਤਿਉਹਾਰਾਂ ਦੇ ਸੀਜ਼ਨ ਤੋਂ ਪਹਿਲਾਂ ਕੋਲਕਾਤਾ ਵਿੱਚ ਪ੍ਰਚੂਨ ਖੰਡ ਦੀਆਂ ਕੀਮਤਾਂ 70 ਰੁਪਏ ਪ੍ਰਤੀ ਕਿੱਲੋ ਤੱਕ ਪਹੁੰਚ ਗਈਆਂ ਹਨ। ਵਪਾਰੀਆਂ ਨੇ ਖੰਡ ਤੇ ਗੁੜ ਦੀਆਂ ਕੀਮਤਾਂ ਹੋਰ ਵਧਣ ਦੀ ਚੇਤਾਵਨੀ ਦਿੱਤੀ ਹੈ। ਕੇਂਦਰ ਵੱਲੋਂ ਖੰਡ ਮਿੱਲਾਂ ਨੂੰ ਦਸ ਲੱਖ ਟਨ ਕੱਚੀ ਖੰਡ ਆਯਾਤ ਕਰਨ ਦੀ ਇਜਾਜ਼ਤ ਦੇਣ ਤੋਂ ਬਾਅਦ ਵੀ ਕੀਮਤਾਂ ਵਿੱਚ ਵਾਧਾ ਹੋਇਆ ਹੈ। ਇਹ ਉਪਾਅ ਆਖਰੀ ਵਾਰ ਲੱਗਭੱਗ ਇੱਕ ਦਹਾਕਾ ਪਹਿਲਾਂ ਵਰਤਿਆ ਗਿਆ ਸੀ। ਹਾਲਾਂਕਿ ਵਪਾਰੀਆਂ ਨੇ ਕਿਹਾ ਕਿ ਇਸ ਕਦਮ ਦਾ ਅਜੇ ਤੱਕ ਪ੍ਰਚੂਨ ਕੀਮਤਾਂ 'ਤੇ ਕੋਈ ਅਸਰ ਨਹੀਂ ਪਿਆ ਹੈ। ਕਨਫੈਡਰੇਸ਼ਨ ਆਫ ਵੈਸਟ ਬੰਗਾਲ ਟਰੇਡ ਐਸੋਸੀਏਸ਼ਨ ਦੇ ਪ੍ਰਧਾਨ ਸੁਸ਼ੀਲ ਪੋਦਾਰ ਨੇ ਕਿਹਾ ਕਿ ਖੰਡ ਮਿੱਲਾਂ 'ਤੇ ਢੁੱਕਵੇਂ ਕੰਟਰੋਲ ਨਾ ਰੱਖਣ ਕਾਰਨ ਥੋਕ ਕੀਮਤਾਂ ਵਧੀਆਂ ਹਨ। ਥੋਕ ਕੀਮਤਾਂ ਪਹਿਲਾਂ ਹੀ 65 ਰੁਪਏ ਪ੍ਰਤੀ ਕਿੱਲੋ ਤੱਕ ਵਧ ਗਈਆਂ ਹਨ ਅਤੇ ਪ੍ਰਚੂਨ ਕੀਮਤਾਂ ਲੱਗਭੱਗ 70 ਰੁਪਏ ਪ੍ਰਤੀ ਕਿੱਲੋ ਤੱਕ ਪਹੁੰਚ ਜਾਣਗੀਆਂ।

ਉਨ੍ਹਾ ਅੱਗੇ ਕਿਹਾ, "ਤਿਉਹਾਰਾਂ ਦੇ ਸੀਜ਼ਨ ਤੋਂ ਪਹਿਲਾਂ ਖੰਡ ਦੀਆਂ ਕੀਮਤਾਂ ਵਿੱਚ ਅਚਾਨਕ ਵਾਧਾ ਚਿੰਤਾ ਦਾ ਵਿਸ਼ਾ ਹੈ। ਸਰਕਾਰ ਵੱਲੋਂ 10 ਲੱਖ ਟਨ ਕੱਚੀ ਖੰਡ ਦੀ ਦਰਾਮਦ ਦੀ ਆਗਿਆ ਦੇਣਾ ਵਾਧੇ ਨੂੰ ਰੋਕਣ ਲਈ ਕਾਫੀ ਨਹੀਂ ਹੋਵੇਗਾ ਅਤੇ ਹੋਰ ਦਖਲਅੰਦਾਜ਼ੀ ਦੀ ਲੋੜ ਹੈ। 10 ਲੱਖ ਟਨ ਸਿਰਫ ਇੱਕ ਪੰਦਰਵਾੜੇ ਦੀ ਘਰੇਲੂ ਮੰਗ ਹੈ।"

ਵਪਾਰੀਆਂ ਨੇ ਕਿਹਾ ਕਿ ਬ੍ਰਾਜ਼ੀਲ ਵਿੱਚ ਖੰਡ ਦੇ ਘੱਟ ਉਤਪਾਦਨ ਨੇ ਵੀ ਕੀਮਤਾਂ 'ਤੇ ਦਬਾਅ ਵਧਾਇਆ ਹੈ। ਇੱਕ ਪ੍ਰਮੁੱਖ ਖੰਡ ਮਿੱਲ ਕੰਪਨੀ ਦੇ ਅਧਿਕਾਰੀ ਨੇ ਕਿਹਾ ਕਿ ਪਿੜਾਈ ਅਪ੍ਰੈਲ ਵਿੱਚ ਖਤਮ ਹੋ ਗਈ ਸੀ ਅਤੇ ਮਿੱਲਾਂ ਇਸ ਸਮੇਂ ਸਟਾਕ ਜਾਰੀ ਕਰ ਰਹੀਆਂ ਹਨ, ਜਿਸ ਨਾਲ ਮਿੱਲਾਂ ਲਈ ਇਸ ਪੜਾਅ 'ਤੇ ਕਾਰਵਾਈ ਕਰਨ ਦੀ ਬਹੁਤ ਘੱਟ ਗੁੰਜਾਇਸ਼ ਬਚੀ ਹੈ।

ਮਈ ਵਿੱਚ ਪ੍ਰਕਾਸ਼ਤ ਇੱਕ ਰਿਪੋਰਟ ਮੁਤਾਬਕ ਖੰਡ ਸਾਲ-2026 ਲਈ ਕੁੱਲ ਖੰਡ ਉਤਪਾਦਨ ਪਿਛਲੇ ਸਾਲ ਦੇ 296 ਲੱਖ ਟਨ ਤੋਂ 5.03 ਫੀਸਦੀ ਵਧ ਕੇ 311 ਲੱਖ ਟਨ ਹੋਣ ਦਾ ਅਨੁਮਾਨ ਸੀ। 31 ਲੱਖ ਟਨ ਦੇ ਈਥਾਨੌਲ ਵੱਲ ਜਾਣ ਤੋਂ ਬਾਅਦ, ਸ਼ੁੱਧ ਖੰਡ ਉਤਪਾਦਨ 280 ਲੱਖ ਟਨ ਹੋਣ ਦਾ ਅਨੁਮਾਨ ਸੀ। ਘਰੇਲੂ ਖਪਤ 283 ਲੱਖ ਟਨ ਹੋਣ ਦਾ ਅਨੁਮਾਨ ਹੈ ਅਤੇ 7 ਲੱਖ ਟਨ ਦਾ ਨਿਰਯਾਤ ਪਹਿਲਾਂ ਹੀ ਹੋ ਚੁੱਕਾ ਹੈ। ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ 2027 ਦੇ ਸੀਜ਼ਨ ਨੂੰ ਅਲ ਨੀਨੋ ਦੇ ਪ੍ਰਭਾਵ ਦਾ ਸਾਹਮਣਾ ਕਰਨਾ ਪੈ ਸਕਦਾ ਹੈ, ਜਿਸ ਦੇ ਨਤੀਜੇ ਵਜੋਂ ਖੰਡ ਦਾ ਉਤਪਾਦਨ ਘਟ ਸਕਦਾ ਹੈ।

ਮੋਦੀ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਾਂਗਰਸ ਨੇ ਸ਼ੁੱਕਰਵਾਰ ਈ-20 ਨੀਤੀ ਦੀ ਤੁਰੰਤ ਸਮੀਖਿਆ ਕਰਨ ਦੀ ਮੰਗ ਕੀਤੀ ਅਤੇ ਦਾਅਵਾ ਕੀਤਾ ਕਿ ਇੱਕ 'ਲੋਕ ਵਿਰੋਧੀ' ਈਂਧਣ ਨੀਤੀ, ਜੋ ਵਾਹਨਾਂ ਦੇ ਚੱਲਣ ਅਤੇ ਰਸੋਈ ਦੇ ਖਰਚਿਆਂ ਨੂੰ ਮਹਿੰਗਾ ਬਣਾਉਂਦੀ ਹੈ, ਦੇਸ਼ ਨੂੰ ਕਦੇ ਮਨਜ਼ੂਰ ਨਹੀਂ ਹੈ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਐਕਸ (ਐੱਕਸ) 'ਤੇ ਇੱਕ ਹਿੰਦੀ ਅਖਬਾਰ ਦੀ ਰਿਪੋਰਟ ਦਾ ਸਕ੍ਰੀਨਸ਼ਾਟ ਸਾਂਝਾ ਕੀਤਾ, ਜਿਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਦੇਸ਼ ਵਿੱਚ ਪਿਛਲੇ ਤਿੰਨ ਮਹੀਨਿਆਂ ਵਿੱਚ ਖੰਡ 40 ਫੀਸਦੀ, ਗੁੜ 24 ਫੀਸਦੀ, ਚੌਲ 16 ਫੀਸਦੀ ਅਤੇ ਮੱਕੀ ਦਾ ਆਟਾ 11 ਫੀਸਦੀ ਮਹਿੰਗਾ ਹੋ ਗਿਆ ਹੈ।

ਰਮੇਸ਼ ਨੇ ਕਿਹਾ, "ਈਥਾਨੌਲ ਉਤਪਾਦਨ ਵਿੱਚ ਸ਼ਾਮਲ ਆਪਣੇ ਕਰੀਬੀਆਂ ਦੇ ਮੁਨਾਫੇ ਨੂੰ ਵੱਧ ਤੋਂ ਵੱਧ ਕਰਨ ਦੀ ਜਲਦਬਾਜ਼ੀ ਵਿੱਚ, ਵਾਹਨ ਮਾਲਕਾਂ ਦੀਆਂ ਈਂਧਣ ਚੋਣਾਂ ਨੂੰ ਸੀਮਤ ਕਰ ਦਿੱਤਾ ਗਿਆ ਹੈ, ਜਦੋਂ ਕਿ ਵਾਹਨ ਦੀ ਮਾਈਲੇਜ ਅਤੇ ਈ-20 ਈਂਧਣ ਨਾਲ ਅਨੁਕੂਲਤਾ ਬਾਰੇ ਗੰਭੀਰ ਚਿੰਤਾਵਾਂ ਅਜੇ ਵੀ ਬਣੀਆਂ ਹੋਈਆਂ ਹਨ।"

## ਟ੍ਰੇਨਿੰਗ ਫਾਰਮਾਂ ਦਾ ਡਾਟਾ ਐੱਸ ਐੱਮ ਓ ਤੇ ਸੁਪਰਡੈਂਟ ਨੂੰ ਸੌਂਪਿਆ



**ਭੀਖੀ (ਧਰਮਵੀਰ ਸ਼ਰਮਾ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਭੀਖੀ ਦੇ ਮੈਂਬਰਾਂ ਵੱਲੋਂ ਭਰੇ ਗਏ ਟ੍ਰੇਨਿੰਗ ਫਾਰਮਾਂ ਦਾ ਸਮੁੱਚਾ ਡਾਟਾ ਸਟੇਟ ਪ੍ਰਧਾਨ ਡਾ. ਜਸਵਿੰਦਰ ਸਿੰਘ ਕਾਲਖ ਦੇ ਹੁਕਮਾਂ ਅਨੁਸਾਰ ਬਲਾਕ ਪ੍ਰਧਾਨ ਡਾ. ਗੁਰਤੇਜ ਕੋਟੜਾ ਦੀ ਅਗਵਾਈ ਵਿੱਚ ਬਲਾਕ ਕਮੇਟੀ ਭੀਖੀ ਵੱਲੋਂ ਇਕੱਠਾ ਕਰਕੇ ਦਫ਼ਤਰ ਖਿਆਲਾ ਕਲਾਂ ਵਿਖੇ ਐੱਸ.ਐੱਮ.ਓ. ਡਾ. ਰਵਿੰਦਰ ਸਿੰਗਲਾ ਤੇ ਸੁਪਰਡੈਂਟ ਡਾ. ਜਸਪਾਲ ਸਿੰਘ ਨੂੰ ਜਮ੍ਹਾਂ ਕਰਵਾਇਆ ਗਿਆ। ਇਸ ਮੌਕੇ ਸੁਪਰਡੈਂਟ ਡਾ. ਜਸਪਾਲ ਸਿੰਘ ਨੇ ਕਿਹਾ ਕਿ ਇਕੱਠਾ ਕੀਤਾ ਗਿਆ ਡਾਟਾ ਜਲਦ ਤੋਂ ਜਲਦ ਉੱਚ ਅਧਿਕਾਰੀਆਂ ਕੋਲ ਜਮ੍ਹਾਂ ਕਰਵਾਉਣ ਲਈ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਐਸੋਸੀਏਸ਼ਨ ਦੇ ਅਹੁਦੇਦਾਰਾਂ ਨੂੰ ਭਰੋਸਾ ਦਿਵਾਇਆ ਕਿ ਇਸ ਮਾਮਲੇ ਨੂੰ ਪਹਿਲ ਦੇ ਆਧਾਰ 'ਤੇ ਅੱਗੇ ਭੇਜਿਆ ਜਾਵੇਗਾ। ਇਸ ਮੌਕੇ ਡਾ. ਬਲਕਰਨ ਸਿੰਘ ਬਲਾਕ ਸਹਾਇਕ ਸਕੱਤਰ, ਡਾ. ਜਗਰਾਜ ਖਾਨ ਜ਼ਿਲ੍ਹਾ ਕਮੇਟੀ ਮੈਂਬਰ, ਡਾ. ਮਹਾਂਵੀਰ ਪ੍ਰਸ਼ਾਦ ਪ੍ਰੈੱਸ ਸਕੱਤਰ, ਡਾ. ਵਿਕਾਸ ਕੁਮਾਰ, ਡਾ. ਇਕਬਾਲ ਖਾਨ ਸਮੇਤ ਹੋਰ ਮੈਂਬਰ ਹਾਜ਼ਰ ਸਨ।

## ਜ਼ਿਲ੍ਹਾ ਪੁਲਸ ਵੱਲੋਂ ਸਰਕਾਰੀ ਰਣਬੀਰ ਕਾਲਜ 'ਚ ਜਾਗਰੂਕਤਾ ਪ੍ਰੋਗਰਾਮ



**ਸੰਗਰੂਰ (ਪ੍ਰਵੀਨ ਸਿੰਘ)**-ਐੱਸ.ਐੱਸ.ਪੀ. ਸੰਗਰੂਰ ਡਾ. ਰਵਜੋਤ ਗਰੇਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐੱਸ.ਪੀ. (ਐੱਚ)-ਕਮ-ਜ਼ਿਲ੍ਹਾ ਕਮਿਊਨਿਟੀ ਪੁਲਸ ਅਫ਼ਸਰ ਸੰਗਰੂਰ ਦੀ ਯੋਗ ਅਗਵਾਈ ਹੇਠ ਸਰਦਾਰ ਵੱਲਭ ਭਾਈ ਪਟੇਲ ਦੇ 151ਵੇਂ ਜਨਮ ਦਿਨ ਨੂੰ ਸਮਰਪਤ ਸਰਕਾਰੀ ਰਣਬੀਰ ਕਾਲਜ ਸੰਗਰੂਰ ਵਿਖੇ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ।ਇਹ ਪ੍ਰੋਗਰਾਮ ਤੇਜਿੰਦਰ ਸਿੰਘ ਡੀ.ਐੱਸ.ਪੀ. ਸਕਿਊਰਿਟੀ ਤੇ ਟ੍ਰੈਫਿਕ ਵੱਲੋਂ ਕਾਲਜ ਸਟਾਫ਼ ਦੇ ਸਹਿਯੋਗ ਨਾਲ ਕਰਵਾਇਆ ਗਿਆ। ਪ੍ਰੋਗਰਾਮ ਦੌਰਾਨ ਪ੍ਰੋ. ਰੋਮੀ ਗਰਗ ਪ੍ਰਿੰਸੀਪਲ ਸਰਕਾਰੀ ਰਣਬੀਰ ਕਾਲਜ ਸੰਗਰੂਰ ਤੇ ਕਾਲਜ ਦੇ ਕਾਮਰਸ ਵਿਭਾਗ ਦੇ ਪ੍ਰੋਫੈਸਰ ਸਾਹਿਬਾਨ ਵੱਲੋਂ ਵਿਦਿਆਰਥੀਆਂ ਦੇ ਲੇਖ ਮੁਕਾਬਲੇ ਕਰਵਾਏ ਗਏ, ਜਿਸ ਵਿੱਚ 76 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਮੌਕੇ ਯੁਵਾ ਸਾਂਝ ਕਮੇਟੀ ਦੇ ਮੈਂਬਰ ਪ੍ਰੋ. ਕੁਲਦੀਪ ਕੁਮਾਰ, ਪ੍ਰਿੰਸੀਪਲ ਪ੍ਰੋ. ਰੋਮੀ ਗਰਗ ਤੇ ਇੰਸਪੈਕਟਰ ਸਿਮਰਨਜੋਤ ਸਿੰਘ, ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਵੱਲੋਂ ਵਿਦਿਆਰਥੀਆਂ ਨੂੰ ਸਰਦਾਰ ਵੱਲਭ ਭਾਈ ਪਟੇਲ ਦੇ ਜੀਵਨ, ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਉਨ੍ਹਾਂ ਦੇ ਯੋਗਦਾਨ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਲੇਖ ਮੁਕਾਬਲੇ ਵਿੱਚ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀਆਂ ਮਨਪ੍ਰੀਤ ਕੌਰ, ਚਿਰਾਗ ਸਿੰਗਲਾ ਤੇ ਸ਼ਗਨਪ੍ਰੀਤ ਕੌਰ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਚੌਥਾ, ਪੰਜਵਾਂ ਤੇ ਛੇਵਾਂ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਖੁਸ਼ਪ੍ਰੀਤ ਕੌਰ, ਪਵਨੀਤ ਕੌਰ ਤੇ ਸੰਦੀਪ ਕੌਰ ਨੂੰ ਵੀ ਹੌਸਲਾ-ਅਫ਼ਜ਼ਾਈ ਵਜੋਂ ਇਨਾਮ ਪ੍ਰਦਾਨ ਕੀਤੇ ਗਏ।ਉਪਰੰਤ ਵਿਦਿਆਰਥਣਾਂ ਗਗਨਦੀਪ ਜੋਸ਼ੀ, ਪਰਮਜੀਤ ਕੌਰ ਤੇ ਵਿਦਿਆਰਥੀ ਚਿਰਾਗ ਸਿੰਗਲਾ ਵੱਲੋਂ ਸਰਦਾਰ ਵੱਲਭ ਭਾਈ ਪਟੇਲ ਦੀ ਜੀਵਨ ਬਾਰੇ ਭਾਸ਼ਣ ਦਿੱਤੇ ਗਏ।

## ਸ਼ਹੀਦ ਭਗਤ ਸਿੰਘ ਬਲੱਡ ਸੇਵਾ ਸੋਸਾਇਟੀ ਦੇ ਪ੍ਰਧਾਨ ਤੇ ਚੇਅਰਮੈਨ ਸਨਮਾਨਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼ਹੀਦ ਭਗਤ ਸਿੰਘ ਬਲੱਡ ਸੇਵਾ ਸੋਸਾਇਟੀ ਰਜਿ. ਮੋਗਾ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਸ਼ਲਾਘਾਯੋਗ ਸੇਵਾਵਾਂ ਨੂੰ ਦੇਖਦਿਆਂ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਸੋਸਾਇਟੀ ਦੇ ਪ੍ਰਧਾਨ ਗੁਰਜੋਤ ਸਿੰਘ ਤੇ ਚੇਅਰਮੈਨ ਰਾਘਵ ਸ਼ਰਮਾ ਨੂੰ ਚੰਡੀਗੜ੍ਹ ਦੇ ਮਿਊਂਸਪਲ ਭਵਨ ਵਿਖੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਸੋਸਾਇਟੀ ਦੀ ਟੀਮ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਗਈ।ਸਨਮਾਨ ਪ੍ਰਾਪਤ ਕਰਨ ਉਪਰੰਤ ਸੋਸਾਇਟੀ ਦੇ ਪ੍ਰਧਾਨ ਗੁਰਜੋਤ ਸਿੰਘ ਨੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਨਮਾਨ ਸਿਰਫ਼ ਉਨ੍ਹਾਂ ਦਾ ਨਹੀਂ, ਬਲਕਿ ਸ਼ਹੀਦ ਭਗਤ ਸਿੰਘ ਬਲੱਡ ਸੇਵਾ ਸੋਸਾਇਟੀ ਦੀ ਪੂਰੀ ਟੀਮ, ਖ਼ੂਨਦਾਨੀਆਂ ਤੇ ਸਮਾਜ ਸੇਵੀਆਂ ਦਾ ਸਨਮਾਨ ਹੈ।ਉਨ੍ਹਾਂ ਕਿਹਾ ਕਿ ਸਨਮਾਨ ਮਿਲਣ ਨਾਲ ਸੋਸਾਇਟੀ ਦੇ ਸਮੂਹ ਮੈਂਬਰਾਂ ਦਾ ਹੌਸਲਾ ਹੋਰ ਵਧਿਆ ਹੈ ਤੇ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਮਾਜ ਦੀ ਸੇਵਾ ਕਰਦੇ ਰਹਿਣਗੇ।

# ਕੈਬਨਿਟ ਮੰਤਰੀ ਸੌਂਦ ਨੇ 28 ਨਵ-ਨਿਯੁਕਤ ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪੇ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਦੀ ਮੁਹਿੰਮ ਲਗਾਤਾਰ ਜਾਰੀ ਹੈ।ਪੰਜਾਬ ਸਰਕਾਰ ਵੱਲੋਂ ਹੁਣ ਤੱਕ ਕਰੀਬ 70 ਹਜ਼ਾਰ ਨੌਜਵਾਨਾਂ ਨੂੰ ਮੈਰਿਟ ਤੇ ਪਾਰਦਰਸ਼ੀ ਪ੍ਰਕਿਰਿਆ ਦੇ ਆਧਾਰ 'ਤੇ ਰੈਗੂਲਰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ।

ਇਹ ਪ੍ਰਗਟਾਵਾ ਹਲਕਾ ਖੰਨਾ ਦੇ ਵਿਧਾਇਕ ਅਤੇ ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ, ਕਿਰਤ, ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਅਤੇ ਬਿਜਲੀ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਸ਼ੋਰੀ ਲਾਲ ਜੇਠੀ (ਲੜਕੀਆਂ) ਸਕੂਲ ਆਫ਼ ਐਮੀਨੈਂਸ ਖੰਨਾ ਵਿਖੇ 28 ਨਵ-ਨਿਯੁਕਤ ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪਣ ਮੌਕੇ ਕੀਤਾ।ਉਨ੍ਹਾਂ ਨਵ-ਨਿਯੁਕਤ ਹੈਲਪਰਾਂ ਨੂੰ ਵਧਾਈ ਦਿੰਦਿਆਂ ਆਪਣੀ ਜ਼ਿੰਮੇਵਾਰੀ ਇਮਾਨਦਾਰੀ, ਮਿਹਨਤ ਤੇ ਸਮਰਪਣ ਨਾਲ ਨਿਭਾਉਣ ਦੀ ਅਪੀਲ ਕੀਤੀ।ਕੈਬਨਿਟ ਮੰਤਰੀ ਸੌਂਦ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਪਣੇ ਵਾਅਦੇ ਅਨੁਸਾਰ ਨੌਜਵਾਨਾਂ ਨੂੰ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਮੁਹੱਈਆ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸਰਕਾਰੀ ਨੌਕਰੀਆਂ ਦੀ ਭਰਤੀ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਤੇ ਮੈਰਿਟ ਨੂੰ ਪਹਿਲ ਦਿੱਤੀ ਜਾ ਰਹੀ ਹੈ, ਜਿਸ ਨਾਲ ਯੋਗ ਉਮੀਦਵਾਰਾਂ ਨੂੰ ਬਿਨਾਂ ਕਿਸੇ ਭੇਦਭਾਵ ਦੇ ਮੌਕੇ ਮਿਲ ਰਹੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦੇ ਨਾਲ-ਨਾਲ ਲੋਕਾਂ ਨੂੰ ਬਿਹਤਰ ਤੇ ਪ੍ਰਭਾਵਸ਼ਾਲੀ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ ਆਂਗਣਵਾੜੀ ਹੈਲਪਰ ਆਪਣੀ ਨੌਕਰੀ ਨੂੰ ਕੇਵਲ ਰੋਜ਼ਗਾਰ ਦਾ ਸਾਧਨ ਨਾ ਸਮਝਣ, ਸਗੋਂ ਇਸ ਨੂੰ ਸਮਾਜ ਸੇਵਾ ਦੇ ਮਹੱਤਵਪੂਰਨ ਮੌਕੇ ਵਜੋਂ ਨਿਭਾਉਣ।ਨਵ-ਨਿਯੁਕਤ ਆਂਗਣਵਾੜੀ ਹੈਲਪਰਾਂ ਨੇ ਨਿਯੁਕਤੀ ਪੱਤਰ ਪ੍ਰਾਪਤ ਕਰਨ 'ਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਤੇ ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਦਾ ਧੰਨਵਾਦ ਕੀਤਾ।ਉਨ੍ਹਾਂ ਸਰਕਾਰ ਵੱਲੋਂ ਪਾਰਦਰਸ਼ੀ ਢੰਗ ਨਾਲ ਮੈਰਿਟ ਦੇ ਆਧਾਰ 'ਤੇ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਧੰਨਵਾਦ ਪ੍ਰਗਟਾਇਆ।ਇਸ ਮੌਕੇ ਐੱਸ.ਡੀ.ਐੱਮ. ਸਵਾਤੀ ਟਿਵਾਣਾ, ਸੀ.ਡੀ.ਪੀ.ਓ. ਸੁਖਜੀਤ ਕੌਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮਾਸਟਰ ਅਵਤਾਰ ਸਿੰਘ ਦੈਹਿੜੂ, ਨਗਰ ਕੌਂਸਲ ਖੰਨਾ ਦੇ ਪ੍ਰਧਾਨ ਜਤਿੰਦਰ ਪਾਠਕ, ਸੀਨੀਅਰ ਮੀਤ ਪ੍ਰਧਾਨ ਹਰੀਸ਼ ਗੁਪਤਾ ਤੇ ਮੀਤ ਪ੍ਰਧਾਨ ਕਰਮਜੀਤ ਸਿੰਘ ਸਿਫ਼ਤੀ ਤੋਂ ਇਲਾਵਾ ਹੋਰ ਵੀ ਮੌਜੂਦ ਸਨ।

## ਬੰਦੀ ਸਿੰਘਾਂ ਦੀ ਰਿਹਾਈ ਲਈ ਬੰਦ ਦੀ ਕਾਲ ਕਾਮਯਾਬ ਕਰਨ ਲਈ ਸਭ ਵਰਗਾਂ ਦਾ ਧੰਨਵਾਦ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਇਨਸਾਫ਼ ਮੋਰਚੇ ਤੇ ਸਮੁੱਚੀਆਂ ਪੰਥਕ ਜਥੇਬੰਦੀਆਂ ਵੱਲੋਂ ਸਿੱਖਾਂ ਉਤੇ 15 ਅਗਸਤ ਨੂੰ ਚੰਡੀਗੜ੍ਹ ਵਿਖੇ ਹੋਏ ਹਕੂਮਤੀ ਜ਼ਬਰ ਵਿਰੁੱਧ ਅਤੇ ਬੰਦੀ ਸਿੰਘਾਂ ਦੀ ਰਿਹਾਈ ਨੂੰ ਮੁੱਖ ਰੱਖ ਕੇ ਜੋ ਸਾਂਝੇ ਤੌਰ 'ਤੇ 21 ਅਗਸਤ ਨੂੰ ਪੰਜਾਬ ਬੰਦ ਦੀ ਕਾਲ ਦਿੱਤੀ ਗਈ ਸੀ, ਉਹ ਸਮੁੱਚੇ ਪੰਜਾਬ ਦੇ ਪਿੰਡਾਂ ਤੇ ਸ਼ਹਿਰਾਂ ਵਿਚ ਪੂਰਨ ਕਾਮਯਾਬ ਹੋਇਆ ਹੈ ਤੇ ਸਾਡਾ ਰੋਸ ਭਰਿਆ ਸੰਦੇਸ ਸੈਂਟਰ ਅਤੇ ਪੰਜਾਬ ਦੇ ਹੁਕਮਰਾਨਾਂ ਦੇ ਕੰਨਾਂ ਤੱਕ ਪਹੁੰਚ ਚੁੱਕਿਆ ਹੈ, ਜਿਸ ਲਈ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਜਿਥੇ ਸਮੁੱਚੀਆ ਪੰਥਕ ਜਥੇਬੰਦੀਆਂ ਦੇ ਅਹੁਦੇਦਾਰਾਂ, ਮੈਂਬਰਾਂ, ਸਮੱਰਥਕਾਂ ਵੱਲੋਂ ਇਸ ਬੰਦ ਨੂੰ ਕਾਮਯਾਬ ਕਰਨ ਲਈ ਨਿਭਾਈ ਗਈ ਜ਼ਿੰਮੇਵਾਰੀ ਲਈ ਧੰਨਵਾਦੀ ਹੈ, ਉਥੇ ਪੰਜਾਬ ਸੂਬੇ ਨਾਲ ਸੰਬੰਧਤ ਸਭ ਦੁਕਾਨਦਾਰਾਂ, ਕਾਰੋਬਾਰੀ ਲੋਕਾਂ, ਟਰਾਸਪੋਰਟਰਾਂ, ਵਿਦਿਆਰਥੀਆ, ਮੁਲਾਜ਼ਮਾਂ, ਮਜ਼ਦੂਰਾਂ ਤੇ ਬੀਬੀਆਂ ਦਾ ਧੰਨਵਾਦੀ ਹੈ, ਜਿਨ੍ਹਾਂ ਨੇ ਪੰਥ ਦੇ ਇਸ ਵੱਡੇ ਦਰਦ ਨੂੰ ਮਹਿਸੂਸ ਕਰਦਿਆਂ ਸਾਡੇ ਵੱਲੋਂ ਦਿੱਤੀ ਕਾਲ ਨੂੰ ਕਾਮਯਾਬ ਕਰਨ ਵਿਚ ਸਹਿਯੋਗ ਕੀਤਾ। ਇਹ ਧੰਨਵਾਦ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪਾਰਟੀ ਮੁੱਖ ਦਫਤਰ ਤੋਂ ਆਪਣੇ ਦਸਤਖ਼ਤਾਂ ਹੇਠ ਕੀਤਾ।ਉਨ੍ਹਾਂ ਨੇ ਪੁਨਰ ਸੁਰਜੀਤ ਅਕਾਲੀ ਦਲ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਜੋ ਕੁਝ ਦਿਨ ਪਹਿਲੇ ਆਪਣੀ ਪਾਰਟੀ ਵੱਲੋਂ ਸਰਬਸੰਮਤੀ ਨਾਲ ਫੈਸਲਾ ਕਰਦੇ ਹੋਏ ਇਹ ਐਲਾਨ ਕੀਤਾ ਸੀ ਕਿ ਜੇਕਰ ਸਿਮਰਨਜੀਤ ਸਿੰਘ ਮਾਨ ਵਿਧਾਨ ਸਭਾ ਹਲਕਾ ਅਮਰਗੜ੍ਹ ਤੋਂ ਆਉਣ ਵਾਲੀਆਂ 2027 ਦੀ ਚੋਣ ਲੜਨਗੇ ਤਾਂ ਪੁਨਰ ਸੁਰਜੀਤ ਅਕਾਲੀ ਦਲ ਤੇ ਸਾਡੇ ਸਭ ਸਮਰੱਥਕ ਸਿਮਰਨਜੀਤ ਸਿੰਘ ਮਾਨ ਨੂੰ ਸ਼ਾਨਦਾਰ ਜਿੱਤ ਦਿਵਾਉਣ ਲਈ ਆਪਣੀਆਂ ਜ਼ਿੰਮੇਵਾਰੀਆ ਪੂਰੀਆਂ ਕਰਨਗੇ, ਉਸ ਲਈ ਦਾਸ ਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਸਮੁੱਚੀ ਪਾਰਟੀ ਗਿਆਨੀ ਹਰਪ੍ਰੀਤ ਸਿੰਘ ਅਤੇ ਉਨ੍ਹਾਂ ਦੇ ਪਾਰਟੀ ਮੈਂਬਰਾਂ ਦਾ ਉਚੇਚੇ ਤੌਰ 'ਤੇ ਧੰਨਵਾਦ ਕਰਦੇ ਹਾਂ।

## ਲੋਕ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣਗੇ : ਕਮਲਜੀਤ ਚੱਕ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਲੋਕਾਂ ਦੀਆਂ ਹੱਕੀ ਮੰਗਾਂ ਤੋਂ ਪਾਸਾ ਵੱਟ ਕੇ ਹੱਕ ਮੰਗਦੇ ਲੋਕਾਂ ਉਪਰ ਜ਼ੁਲਮ ਢਾਹਿਆ ਜਾ ਰਿਹਾ ਹੈ।ਹਰ ਫਰੰਟ 'ਤੇ ਫੇਲ੍ਹ ਸਾਬਤ ਹੋਈ ਸਰਕਾਰ ਹੁਣ ਲੋਕਾਂ ਦੇ ਮਨਾਂ ਤੋਂ ਲਹਿ ਗਈ ਹੈ।ਇਹ ਪ੍ਰਗਟਾਵਾ ਕਾਂਗਰਸ ਦੇ ਸੀਨੀਅਰ ਆਗੂ ਕਮਲਜੀਤ ਸਿੰਘ ਚੱਕ ਨੇ ਕੀਤਾ। ਉਨ੍ਹਾਂ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਤੇ ਭਾਜਪਾ ਦੀ ਕਾਰਜਸ਼ੈਲੀ ਵਿੱਚ ਕੋਈ ਵੱਡਾ ਅੰਤਰ ਨਹੀਂ ਹੈ ਅਤੇ ਲੋਕਾਂ ਦੇ ਹੱਕਾਂ ਲਈ ਆਵਾਜ਼ ਉਠਾਉਣ ਵਾਲਿਆਂ ਨਾਲ ਸਖ਼ਤੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਹੁਣ ਲੋਕ ਸਰਕਾਰ ਤੋਂ ਹਰ ਕਾਰਵਾਈ ਅਤੇ ਹਰ ਫ਼ੈਸਲੇ ਦਾ ਹਿਸਾਬ ਮੰਗਣਗੇ।ਕਾਂਗਰਸੀ ਆਗੂ ਚੱਕ ਨੇ ਕਿਹਾ ਕਿ ਲੋਕਤੰਤਰ ਵਿੱਚ ਸ਼ਾਂਤਮਈ ਢੰਗ ਨਾਲ ਆਪਣੀ ਗੱਲ ਰੱਖਣਾ ਹਰ ਨਾਗਰਿਕ ਦਾ ਅਧਿਕਾਰ ਹੈ ਤੇ ਸਰਕਾਰਾਂ ਨੂੰ ਇਸ ਅਧਿਕਾਰ ਦਾ ਸਤਿਕਾਰ ਕਰਨਾ ਚਾਹੀਦਾ ਹੈ।

## ਰਾਜਪਾਲ ਕਟਾਰੀਆ ਵੱਲੋਂ ਹਰਜਿੰਦਰ ਕੌਰ ਦਾ ਸਨਮਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਲੋਕ ਭਵਨ, ਚੰਡੀਗੜ੍ਹ ਵਿਖੇ ਰਾਸ਼ਟਰਮੰਡਲ ਖੇਡਾਂ-2026 ਦੀ ਚਾਂਦੀ ਤਮਗਾ ਜੇਤੂ ਤੇ ਅੰਤਰਰਾਸ਼ਟਰੀ ਵੇਟਲਿਫਟਰ ਹਰਜਿੰਦਰ ਕੌਰ ਨੂੰ ਉਨ੍ਹਾਂ ਦੀ ਸ਼ਾਨਦਾਰ ਖੇਡ ਪ੍ਰਾਪਤੀ ਲਈ ਸਨਮਾਨਤ ਕੀਤਾ।ਹਰਜਿੰਦਰ ਕੌਰ ਨੂੰ ਉਨ੍ਹਾਂ ਦੀ ਸ਼ਾਨਦਾਰ ਕਾਮਯਾਬੀ ਲਈ ਵਧਾਈ ਦਿੰਦਿਆਂ ਰਾਜਪਾਲ ਨੇ ਕਿਹਾ ਕਿ ਉਨ੍ਹਾਂ ਦੀ ਇਸ ਪ੍ਰਾਪਤੀ ਨਾਲ ਪੰਜਾਬ ਦੇ ਨਾਲ-ਨਾਲ ਪੂਰੇ ਦੇਸ਼ ਦਾ ਮਾਣ ਵਧਿਆ ਹੈ।ਉਨ੍ਹਾਂ ਹਰਜਿੰਦਰ ਕੌਰ ਦੀ ਮਿਹਨਤ, ਅਨੁਸ਼ਾਸਨ, ਸਮਰਪਣ ਤੇ ਦ੍ਰਿੜ੍ਹ ਇਰਾਦੇ ਦੀ ਸ਼ਲਾਘਾ ਕੀਤੀ, ਜਿਨ੍ਹਾਂ ਦੀ ਬਦੌਲਤ ਉਨ੍ਹਾਂ ਨੇ ਅੰਤਰਰਾਸ਼ਟਰੀ ਪੱਧਰ 'ਤੇ ਲਗਾਤਾਰ ਉੱਤਮ ਪ੍ਰਦਰਸ਼ਨ ਕੀਤਾ ਹੈ।ਸ੍ਰੀ ਕਟਾਰੀਆ ਨੇ ਕਿਹਾ ਕਿ ਹਰਜਿੰਦਰ ਕੌਰ ਵਰਗੇ ਖਿਡਾਰੀ ਨੌਜਵਾਨ ਪੀੜ੍ਹੀ ਲਈ ਪ੍ਰੇਰਣਾ ਸਰੋਤ ਹਨ ਤੇ ਖਾਸ ਕਰਕੇ ਲੜਕੀਆਂ ਨੂੰ ਖੇਡਾਂ ਵਿੱਚ ਅੱਗੇ ਵਧਣ ਤੇ ਉੱਚੀਆਂ ਪ੍ਰਾਪਤੀਆਂ ਹਾਸਲ ਕਰਨ ਲਈ ਉਤਸ਼ਾਹਤ ਕਰਦੇ ਹਨ।ਰਾਜਪਾਲ ਨੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕਰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਉਹ ਆਉਣ ਵਾਲੇ ਰਾਸ਼ਟਰੀ ਤੇ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਪੰਜਾਬ ਤੇ ਭਾਰਤ ਲਈ ਹੋਰ ਵੀ ਕਈ ਤਮਗੇ ਜਿੱਤਣਗੇ।ਹਰਜਿੰਦਰ ਕੌਰ ਨੇ ਸਨਮਾਨ ਤੇ ਹੌਸਲਾ-ਅਫ਼ਜ਼ਾਈ ਲਈ ਰਾਜਪਾਲ ਦਾ ਧੰਨਵਾਦ ਕੀਤਾ।

## ਬਿਜਲੀ ਕਾਮਿਆਂ ਵੱਲੋਂ ਡਵੀਜ਼ਨ ਦਫ਼ਤਰ ਸਾਹਮਣੇ ਧਰਨਾ



**ਰਾਏਕੋਟ (ਸੰਤੋਖ ਗਿੱਲ)**-ਲਲਤੋਂ ਕਲਾਂ ਡਵੀਜ਼ਨ ਦੇ ਬਿਜਲੀ ਕਾਮਿਆਂ ਨੇ ਟੀ ਐੱਸ ਯੂ ਦੇ ਸੱਦੇ ਅਨੁਸਾਰ ਦਫ਼ਤਰ ਸਾਹਮਣੇ ਜ਼ੋਰਦਾਰ ਨਾਅਰੇਬਾਜ਼ੀ ਦੌਰਾਨ ਪਿੱਟ-ਸਿਆਪਾ ਕੀਤਾ ਤੇ ਦਿਨ ਭਰ ਧਰਨਾ ਦਿੱਤਾ।ਇਸ ਮੌਕੇ ਭਰਾਤਰੀ ਜਥੇਬੰਦੀਆਂ ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ, ਫੈਡਰੇਸ਼ਨ ਏਟਕ ਤੇ ਸੀ.ਐੱਚ.ਬੀ. ਠੇਕਾ ਮੁਲਾਜ਼ਮਾਂ ਵੱਲੋਂ ਵੀ ਸ਼ਮੂਲੀਅਤ ਕੀਤੀ ਗਈ।ਮੁਲਾਜ਼ਮ ਆਗੂਆਂ ਨੇ ਸਰਕਾਰ ਦੀਆਂ ਨਿੱਜੀਕਰਨ ਦੀਆਂ ਨੀਤੀਆਂ ਖ਼ਿਲਾਫ਼ ਅਵਾਜ਼ ਬੁਲੰਦ ਕਰਦਿਆਂ ਕੱਚੇ ਕਾਮਿਆਂ ਨੂੰ ਪੱਕੇ ਕਰਨ, ਪੁਰਾਣੀ ਪੈਨਸ਼ਨ ਸਕੀਮ, ਮਹਿੰਗਾਈ ਭੱਤਾ ਜਾਰੀ ਕਰਨ ਜੁਲਾਈ 2020 ਤੋਂ ਬਾਅਦ ਭਰਤੀ ਕਰਮਚਾਰੀਆਂ ਤੇ ਛੇਵੇਂ ਤਨਖ਼ਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ, ਸਮੇਤ ਹੋਰ ਮੰਗਾਂ ਪੂਰੀਆਂ ਕਰਨ ਦੀ ਮੰਗ ਕੀਤੀ।ਉਨ੍ਹਾਂ ਪਰਖ ਕਾਲ ਦਾ ਸਮਾਂ ਇੱਕ ਸਾਲ ਕਰਨ, ਆਰ.ਟੀ.ਐੱਮ ਤੋਂ ਐੱਸ.ਐੱਸ.ਏ. ਜਾਂ ਸਹਾਇਕ ਲਾਈਨਮੈਨ ਦੀ ਤਰੱਕੀ ਤੇ ਪੈਨਸ਼ਨਰਾਂ ਨੂੰ 2.59 ਗੁਣਾਂਕ ਲਾਗੂ ਕਰਨ ਦੀ ਮੰਗ ਕੀਤੀ।ਮੁਲਾਜ਼ਮ ਆਗੂਆਂ ਨੇ ਸੂਬਾ ਸਰਕਾਰ ਵੱਲੋਂ ਹਰ ਵਰਗ ਦੇ ਸ਼ਾਂਤਮਈ ਸੰਘਰਸ਼ਾਂ ਨੂੰ ਪੁਲਸ ਦੇ ਸਹਾਰੇ ਦਬਾਉਣ ਦੀ ਨੀਤੀ ਦੀ ਵੀ ਆਲੋਚਨਾ ਕੀਤੀ ਤੇ 27 ਅਗਸਤ ਨੂੰ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਵੱਲੋਂ ਸਮੂਹਕ ਛੁੱਟੀ ਦੇ ਸੰਘਰਸ਼ ਦੀ ਹਮਾਇਤ ਦਾ ਵੀ ਐਲਾਨ ਕੀਤਾ।ਇਸ ਮੌਕੇ ਸਰਕਲ ਪ੍ਰਧਾਨ ਜ਼ਮੀਰ ਹੁਸੈਨ, ਡਵੀਜ਼ਨ ਪ੍ਰਧਾਨ ਚਮਕੌਰ ਸਿੰਘ, ਸਰਬਜੀਤ ਸਿੰਘ ਗੁੱਜਰਵਾਲ, ਹਰਵਿੰਦਰ ਸਿੰਘ ਭੱਟੀ, ਜਗਤਾਰ ਸਿੰਘ, ਛਿੰਦਰਪਾਲ ਸਿੰਘ, ਪੈਨਸ਼ਨਰ ਐਸੋਸੀਏਸ਼ਨ ਦੇ ਇਕਬਾਲ ਸਿੰਘ, ਡਵੀਜ਼ਨ ਆਗੂ ਸਰਬਜੀਤ ਸਿੰਘ ਲਲਤੋਂ ਕਲਾਂ, ਠੇਕਾ ਮੁਲਾਜ਼ਮ ਆਗੂ ਇੰਦਰਪਾਲ ਸਿੰਘ ਤੇ ਇੰਦਰਜੀਤ ਸਿੰਘ ਨੇ ਵੀ ਸੰਬੋਧਨ ਕੀਤਾ।

# ਨੌਜਵਾਨ 'ਤੇ ਹੋਇਆ ਜਾਨਲੇਵਾ ਹਮਲਾ, ਦੋ ਦਿਨਾਂ 'ਚ ਵਾਪਰੀ ਦੂਜੀ ਘਟਨਾ



**ਬਰੇਟਾ (ਰੀਤਵਾਲ)**

ਗੁੰਡਾਗਰਦੀ ਦੀਆਂ ਘਟਨਾਵਾਂ ਥੰਮਣ ਦਾ ਨਾਂਅ ਨਹੀਂ ਲੈ ਰਹੀਆਂ।ਅੱਜ ਫਿਰ ਇੱਕ ਨੌਜਵਾਨ 'ਤੇ ਅਣਪਛਾਤੇ ਹਮਲਾਵਰਾਂ ਵੱਲੋਂ ਜਾਨਲੇਵਾ ਹਮਲਾ ਕੀਤਾ ਗਿਆ, ਜਿਸ ਨਾਲ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ।ਇਹ ਪਿਛਲੇ ਦੋ ਦਿਨਾਂ ਵਿੱਚ ਦੂਜੀ ਘਟਨਾ ਵਾਪਰੀ ਹੈ, ਜਿਸ ਨੇ ਲੋਕਾਂ ਦੀ ਸੁਰੱਖਿਆ ਬਾਰੇ ਗੰਭੀਰ ਸਵਾਲ ਖੜੇ ਕਰ ਦਿੱਤੇ ਹਨ।ਪੀੜਤ ਨੌਜਵਾਨ ਹਰਬੰਸ ਸਿੰਘ ਵਾਸੀ ਜੁਗਲਾਣ ਨਾਲ ਦੇ ਪਿੰਡ ਕੁਲਰੀਆਂ 'ਚ ਕੈਫੇ ਦਾ ਕਾਰੋਬਾਰ ਕਰਦਾ ਹੈ, ਜਦ ਉਹ ਹਰ ਰੋਜ਼ ਦੀ ਤਰ੍ਹਾਂ ਸ਼ਾਮ ਸਮੇਂ ਦੁਕਾਨ ਤੋਂ ਆਪਣੇ ਪਿੰਡ ਜੁਗਲਾਣ ਜਾ ਰਿਹਾ ਸੀ ਤਾਂ ਕੁੱਝ ਅਣਪਛਾਤੇ ਵਿਅਕਤੀਆਂ ਨੇ ਉਸ 'ਤੇ ਜਾਨਲੇਵਾ ਹਮਲਾ ਕਰ ਦਿੱਤਾ, ਜਿਸ ਨੂੰ ਗੰਭੀਰ ਹਾਲਤ ਵਿੱਚ ਸਿਵਲ ਹਸਪਤਾਲ ਬੁਢਲਾਡਾ ਦਾਖਲ ਕਰਾਇਆ ਗਿਆ, ਜਿਸਦੀ ਹਾਲਤ ਨਾਜ਼ੁਕ ਦੇਖਦੇ ਹੋਏ ਉਸ ਨੂੰ ਡਾਕਟਰਾਂ ਵੱਲੋਂ ਬਠਿੰਡਾ ਵਿਖੇ ਰੈਫਰ ਕਰ ਦਿੱਤਾ ਗਿਆ।ਇਸ 'ਤੇ ਰੋਸ ਜ਼ਾਹਰ ਕਰਦੇ ਹੋਏ ਇਲਾਕੇ ਦੇ ਲੋਕਾਂ ਦਾ ਕਹਿਣਾ ਹੈ ਕਿ ਅਜਿਹੀਆਂ ਵਾਰਦਾਤਾਂ ਹੁਣ ਆਮ ਹੁੰਦੀਆਂ ਜਾ ਰਹੀਆਂ ਹਨ, ਪਰ ਪੁਲਸ ਪ੍ਰਸ਼ਾਸਨ ਵੱਲੋਂ ਕੋਈ ਠੋਸ ਕਾਰਵਾਈ ਨਜ਼ਰ ਨਹੀਂ ਆ ਰਹੀ।ਸਥਾਨਕ ਵਸਨੀਕਾਂ ਨੇ ਦੋਸ਼ ਲਾਇਆ ਕਿ ਵਧਦੀ ਗੁੰਡਾਗਰਦੀ ਦੇ ਬਾਵਜੂਦ ਸੁਰੱਖਿਆ ਦੇ ਪ੍ਰਬੰਧ ਨਾਕਾਫ਼ੀ ਹਨ।ਇਸ ਘਟਨਾ ਨੇ ਸਿਆਸੀ ਹਲਕਿਆਂ ਵਿੱਚ ਵੀ ਹਲਚਲ ਮਚਾ ਦਿੱਤੀ ਹੈ।ਵਿਰੋਧੀ ਧਿਰਾਂ ਨੇ ਸੱਤਾਧਾਰੀ ਸਰਕਾਰ 'ਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਵਿੱਚ ਨਾਕਾਮ ਰਹਿਣ ਦਾ ਦੋਸ਼ ਲਾਇਆ ਹੈ।ਸਿਆਸੀ ਮਾਹਿਰਾਂ ਦਾ ਮੰਨਣਾ ਹੈ ਕਿ ਜੇਕਰ ਗੁੰਡਾਗਰਦੀ ਦੀਆਂ ਅਜਿਹੀਆਂ ਘਟਨਾਵਾਂ 'ਤੇ ਜਲਦ ਲਗਾਮ ਨਾ ਲਾਈ ਗਈ ਤਾਂ ਆਉਣ ਵਾਲੀਆਂ ਚੋਣਾਂ ਵਿੱਚ ਸਰਕਾਰ ਨੂੰ ਇਸ ਦਾ ਸਿਆਸੀ ਖਮਿਆਜ਼ਾ ਭੁਗਤਣਾ ਪੈ ਸਕਦਾ ਹੈ।

## ਸੂਰੇਵਾਲਾ 'ਚ ਪਹਿਲਾ ਖ਼ੂਨਦਾਨ ਕੈਂਪ ਆਯੋਜਤ



**ਗਿੱਦੜਬਾਹਾ (ਜਸਵੰਤ ਛੱਤਿਆਣਾ)**-ਸੰਤ ਬਾਬਾ ਲਛਮਣ ਦਾਸ ਜੀ ਦੀ 15ਵੀਂ ਬਰਸੀ ਮੌਕੇ ਸੰਤ ਬਾਬਾ ਲਛਮਣ ਦਾਸ ਜੀ ਸਪੋਰਟਸ ਕਲੱਬ, ਗ੍ਰਾਮ ਪੰਚਾਇਤ ਪਿੰਡ ਸੂਰੇਵਾਲਾ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਿੰਡ ਸੂਰੇਵਾਲਾ ਵਿਖੇ ਪਹਿਲਾ ਖ਼ੂਨਦਾਨ ਕੈਂਪ ਲਾਇਆ ਗਿਆ।ਕੈਂਪ ਦਾ ਉਦਘਾਟਨ ਪਿੰਡ ਦੀ ਸਰਪੰਚ ਰਾਣੀ ਕੌਰ ਵੱਲੋਂ ਕੀਤਾ ਗਿਆ।ਗੋਇਲ ਬਲੱਡ ਬੈਂਕ ਬਠਿੰਡਾ ਦੀ ਟੀਮ ਵੱਲੋਂ ਖ਼ੂਨਦਾਨੀਆਂ ਦਾ ਖ਼ੂਨ ਇਕੱਤਰ ਕੀਤਾ ਗਿਆ।ਕੈਂਪ ਦੌਰਾਨ ਖ਼ੂਨਦਾਨੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਕੁੱਲ 28 ਯੂਨਿਟ ਖ਼ੂਨਦਾਨ ਕੀਤਾ।ਪ੍ਰਬੰਧਕਾਂ ਵੱਲੋਂ ਖ਼ੂਨਦਾਨੀਆਂ ਨੂੰ ਇਸ ਨੇਕ ਕਾਰਜ ਲਈ ਉਤਸ਼ਾਹਿਤ ਕੀਤਾ ਗਿਆ।ਕੈਂਪ ਦੇ ਅੰਤ ਵਿੱਚ ਸਰਪੰਚ ਰਾਣੀ ਕੌਰ ਨੇ ਖ਼ੂਨਦਾਨ ਕਰਨ ਵਾਲੇ ਦਾਨੀ ਸੱਜਣਾਂ, ਗੋਇਲ ਬਲੱਡ ਬੈਂਕ ਬਠਿੰਡਾ ਦੀ ਡਾਕਟਰਾਂ ਤੇ ਸਟਾਫ ਦੀ ਟੀਮ ਦਾ ਅਤੇ ਸਪੋਰਟਸ ਕਲੱਬ ਦੇ ਮੈਂਬਰਾਂ ਸਮੇਤ ਸਹਿਯੋਗ ਕਰਨ ਵਾਲੇ ਸਮੂਹ ਪਿੰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਨੰਬਰਦਾਰ ਕੁਲਵਿੰਦਰ ਸਿੰਘ ਨਾਲ ਦੁੱਖ ਸਾਂਝਾ ਕਰਨ ਪਹੁੰਚੇ ਕੈਪਟਨ ਸੰਧੂ



**ਜਗਰਾਉਂ (ਸੰਜੀਵ ਅਰੋੜਾ)**-ਪਿਛਲੇ ਦਿਨੀਂ ਨੰਬਰਦਾਰ ਕੁਲਵਿੰਦਰ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੀ ਦਾਦੀ ਮਾਤਾ ਗੁਰਦਿਆਲ ਕੌਰ ਅਕਾਲ ਚਲਾਣਾ ਕਰ ਗਏ। ਇਸ ਦੁੱਖ ਦੀ ਘੜੀ 'ਚ ਵਿਸ਼ੇਸ਼ ਤੌਰ 'ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਕੈਪਟਨ ਸੰਦੀਪ ਸੰਧੂ ਉਨ੍ਹਾਂ ਦੇ ਗ੍ਰਹਿ ਵਿਖੇ ਨੰਬਰਦਾਰ ਕੁਲਵਿੰਦਰ ਸਿੰਘ ਨਾਲ ਦੁੱਖ ਸਾਂਝਾ ਕਰਨ ਪਹੁੰਚੇ। ਮਾਤਾ ਗੁਰਦਿਆਲ ਕੌਰ ਨੂੰ ਯਾਦ ਕਰਦਿਆਂ ਸ੍ਰੀ ਸੰਧੂ ਨੇ ਕਿਹਾ ਕਿ ਮਾਤਾ ਸਾਦਗੀਪਸੰਦ, ਮਿਲਾਪੜੇ ਤੇ ਧਾਰਮਿਕ ਵਿਚਾਰਾਂ ਵਾਲੇ ਸੁਭਾਅ ਦੇ ਮਾਲਕ ਸਨ। ਉਨ੍ਹਾਂ ਦੇ ਦੇਹਾਂਤ ਨਾਲ ਪਰਿਵਾਰ ਨੇ ਆਪਣੇ ਸਿਰ ਤੋਂ ਵੱਡੀ ਛਾਂ ਗੁਆ ਲਈ ਹੈ। ਪਰਿਵਾਰਕ ਮੈਂਬਰਾਂ ਨੇ ਕਿਹਾ ਕਿ ਮਾਤਾ ਜੀ ਵੱਲੋਂ ਪਰਿਵਾਰ ਨੂੰ ਦਿੱਤੇ ਸੰਸਕਾਰ ਤੇ ਪਿਆਰ ਹਮੇਸ਼ਾ ਉਨ੍ਹਾਂ ਦੀਆਂ ਯਾਦਾਂ 'ਚ ਵਸਦੇ ਰਹਿਣਗੇ। ਇਸ ਦੁੱਖ ਦੀ ਘੜੀ 'ਚ ਸਾਬਕਾ ਸਰਪੰਚ ਗੁਰਬਖ਼ਸ਼ ਸਿੰਘ, ਅਮਰਜੀਤ ਸਿੰਘ, ਜਗਜੀਤ ਸਿੰਘ ਗਰੇਵਾਲ ਤੇ ਇਲਾਕੇ ਦੀਆਂ ਵੱਖ-ਵੱਖ ਸ਼ਖ਼ਸੀਅਤਾਂ ਤੇ ਜਾਣ-ਪਛਾਣ ਵਾਲਿਆਂ ਨੇ ਨੰਬਰਦਾਰ ਕੁਲਵਿੰਦਰ ਸਿੰਘ ਤੇ ਸਮੁੱਚੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਾਹਿਗੁਰੂ ਅੱਗੇ ਵਿੱਛੜੀ ਰੂਹ ਨੂੰ ਆਪਣੇ ਚਰਨਾਂ 'ਚ ਨਿਵਾਸ ਬਖ਼ਸ਼ਣ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ ਦੀ ਅਰਦਾਸ ਕੀਤੀ।

## ਅਧਿਆਪਕਾਂ ਦੀਆਂ ਤਰੱਕੀਆਂ ਇੱਕ ਮਹੀਨੇ 'ਚ ਕਰਨ ਦਾ ਭਰੋਸਾ



**ਧੂਰੀ (ਮਨੋਹਰ ਸਿੰਘ ਸੱਗੂ)**-ਅਧਿਆਪਕ ਦਲ ਪੰਜਾਬ ਦੀ ਸੂਬਾ ਕਮੇਟੀ ਤੇ ਜ਼ਿਲ੍ਹਾ ਅਹੁਦੇਦਾਰਾਂ ਨੇ ਸੂਬਾ ਸਰਪ੍ਰਸਤ ਹਰਦੇਵ ਸਿੰਘ ਜਵੰਧਾ, ਕਨਵੀਨਰ ਜਸਵਿੰਦਰ ਸਿੰਘ ਔਲਖ, ਪ੍ਰਧਾਨ ਸਤਨਾਮ ਸਿੰਘ ਰੰਧਾਵਾ, ਸਕੱਤਰ ਜਨਰਲ ਰਵਿੰਦਰਜੀਤ ਸਿੰਘ ਪੰਨੂੰ ਤੇ ਇੰਚਾਰਜ ਗੁਰਸਿਮਰਤ ਸਿੰਘ ਜਖੇਪਲ ਦੀ ਅਗਵਾਈ ਹੇਠ ਡੀਪੀਆਈ (ਸੈਕੰਡਰੀ) ਸਕੱਤਰ ਸਿੰਘ ਬੱਲ ਨਾਲ ਮੀਟਿੰਗ ਕੀਤੀ।ਇਸ ਦੌਰਾਨ ਅਧਿਆਪਕਾਂ ਦੀਆਂ ਮੰਗਾਂ ਤੇ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਚਰਚਾ ਹੋਈ।ਡੀਪੀਆਈ ਨੇ ਭਰੋਸਾ ਦਿੱਤਾ ਕਿ ਇੱਕ ਮਹੀਨੇ ਅੰਦਰ ਲੈਕਚਰਾਰ ਤੋਂ ਪ੍ਰਿੰਸੀਪਲ ਦੀਆਂ ਤਰੱਕੀਆਂ ਪਹਿਲ ਦੇ ਆਧਾਰ 'ਤੇ ਕੀਤੀਆਂ ਜਾਣਗੀਆਂ।ਮਾਸਟਰ ਕਾਡਰ ਤੋਂ ਲੈਕਚਰਾਰ ਤੇ ਮੁੱਖ ਅਧਿਆਪਕਾਂ ਦੀਆਂ ਤਰੱਕੀਆਂ ਵੀ ਜਲਦੀ ਕਰਨ ਦਾ ਭਰੋਸਾ ਦਿੱਤਾ ਗਿਆ।ਬਾਰਡਰ ਏਰੀਏ ਦੀਆਂ ਖਾਲੀ ਅਸਾਮੀਆਂ ਭਰਨ, ਵੱਖਰੀ ਸੀਨੀਆਰਤਾ ਸੂਚੀ ਬਣਾਉਣ ਤੇ ਸਕੂਲ ਆਫ਼ ਐਮੀਨੈਂਸ ਤੇ ਪੀ ਐੱਮ ਸ੍ਰੀ ਸਕੂਲਾਂ ਦੀਆਂ ਅਸਾਮੀਆਂ ਭਰਨ ਸਬੰਧੀ ਵੀ ਭਰੋਸਾ ਦਿੱਤਾ ਗਿਆ।

## ਲੋਕ ਮਿਲਣੀਆਂ ਰਾਹੀਂ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਹੀ ਆਪ ਸਰਕਾਰ ਦੀ ਪਹਿਲ : ਬਰਸਟ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਹਲਕਾ ਸਮਾਣਾ ਦੇ ਪਿੰਡ ਹਾਜੀ ਮਾਜਰਾ ਵਿਖੇ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ ਗਈ।ਇਸ ਮੌਕੇ ਪਿੰਡ ਦੀ ਪੰਚਾਇਤ ਤੇ ਇਲਾਕਾ ਨਿਵਾਸੀਆਂ ਵੱਲੋਂ ਚੇਅਰਮੈਨ ਬਰਸਟ ਦਾ ਪਿੰਡ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਇਲਾਕਾ ਨਿਵਾਸੀਆਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਗੰਭੀਰਤਾ ਨਾਲ ਸੁਣਿਆ।ਇਸ ਲੋਕ ਮਿਲਣੀ ਦੌਰਾਨ ਇਲਾਕਾ ਵਾਸੀਆਂ ਵੱਲੋਂ ਆਪਣੇ ਮੁੱਦਿਆਂ ਤੇ ਸਮੱਸਿਆਵਾਂ ਨੂੰ ਸ੍ਰ. ਬਰਸਟ ਦੇ ਸਾਹਮਣੇ ਰੱਖਿਆ।ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਜਾਇਜ਼ ਸਮੱਸਿਆਵਾਂ ਦਾ ਨਿਪਟਾਰਾ ਪਹਿਲ ਦੇ ਅਧਾਰ 'ਤੇ ਕੀਤਾ ਜਾਵੇ।ਬਰਸਟ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ।ਸਰਕਾਰ ਦਾ ਮੁੱਖ ਮਕਸਦ ਪ੍ਰਸ਼ਾਸਨ ਨੂੰ ਲੋਕਾਂ ਦੇ ਬੂਹੇ ਤੱਕ ਲੈ ਕੇ ਜਾਣਾ ਹੈ, ਤਾਂ ਜੋ ਕਿਸੇ ਵੀ ਨਾਗਰਿਕ ਨੂੰ ਆਪਣੇ ਕੰਮਾਂ ਲਈ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ।ਉਪਰੰਤ ਇਲਾਕਾ ਵਾਸੀਆਂ ਨੇ ਪੰਜਾਬ ਸਰਕਾਰ ਤੇ ਸ੍ਰ. ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕੀਤਾ।ਇਸ ਮੌਕੇ ਮਨਦੀਪ ਸਿੰਘ ਸਰਪੰਚ ਹਾਜੀ ਮਾਜਰਾ, ਮਾਹਲ ਸਿੰਘ ਸਰਪੰਚ ਨੱਸੂਪੁਰ, ਗੁਰਪ੍ਰੀਤ ਸਿੰਘ ਸਰਪੰਚ ਅਸਰਪੁਰ, ਕੁਲਦੀਪ ਸਿੰਘ ਬਲਾਕ ਪ੍ਰਧਾਨ, ਗੁਰਬਿੰਦਰ ਸਿੰਘ, ਕੁਲਵੰਤ ਸਿੰਘ, ਬਬਲੀ, ਅਮਨ, ਪੂਰਨ ਸਿੰਘ ਨੱਸੂਪੁਰ, ਲਖਵਿੰਦਰ ਸਿੰਘ, ਲਵਲੀ ਜੇਬੀ ਟਰੇਡਰਜ਼, ਲਖਵਿੰਦਰ ਸਿੰਘ ਸੈਂਸਰਵਾਲ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।

## ਕੇਕ ਕੱਟ ਕੇ ਮਨਾਇਆ ਵਿਸ਼ਵ ਫੋਟੋਗ੍ਰਾਫ਼ੀ ਦਿਵਸ



**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਪੰਜਾਬ ਫੋਟੋਗ੍ਰਾਫ਼ਰ ਐਸੋਸੀਏਸ਼ਨ ਦੀ ਧੂਰੀ ਇਕਾਈ ਵੱਲੋਂ ਵਿਸ਼ਵ ਫੋਟੋਗ੍ਰਾਫੀ ਦਿਵਸ ਇਕਾਈ ਦੇ ਚੇਅਰਮੈਨ ਹਰ ਗੋਪਾਲ ਦੀ ਅਗਵਾਈ ਹੇਠ ਕੇਕ ਕੱਟ ਕੇ ਮਨਾਇਆ ਗਿਆ।ਐਸੋਸੀਏਸ਼ਨ ਦੇ ਪ੍ਰਧਾਨ ਸੁਰਿੰਦਰ ਸਿੰਘ ਮੁਕਰ ਨੇ ਫੋਟੋਗ੍ਰਾਫਰ ਸਾਥੀਆਂ ਨਾਲ ਮਿਲ ਕੇ ਕੇਕ ਕੱਟਿਆ ਤੇ ਪੀ.ਪੀ.ਏ. ਟੀਮ ਵੱਲੋਂ ਸਮੂਹ ਫੋਟੋਗ੍ਰਾਫ਼ਰਾਂ ਨੂੰ ਵਿਸ਼ਵ ਫੋਟੋਗ੍ਰਾਫੀ ਦਿਵਸ ਦੀ ਵਧਾਈ ਦਿੱਤੀ।ਇਸ ਮੌਕੇ ਇੰਦਰਜੀਤ ਸਿੰਘ, ਗਗਨਦੀਪ ਗਲੈਮਰ, ਗੁਰਪ੍ਰੀਤ ਸਿੰਘ ਬੇਨੜਾ, ਜਸਵੀਰ ਸਿੰਘ ਜੱਸਾ, ਵਰਿੰਦਰ ਵਰਮਾ, ਰਕੇਸ਼ ਕੁਮਾਰ, ਨੋਨੀ, ਕੁਲਪ੍ਰੀਤ ਕਾਲਾ, ਰਣਜੀਤ ਸਿੰਘ ਬਿੱਟੂ, ਹੈਪੀ ਧੂਰੀ ਪਿੰਡ, ਕਰਮਜੀਤ ਹਰਚੰਦਪੁਰ, ਨਿਰਮਲ ਸਿੰਘ ਗੋਧਾਂ, ਗਗਨ, ਬੰਟੀ, ਹਰਵਿੰਦਰ ਸਿੰਘ ਪਲਾਸੌਰ ਸਮੇਤ ਹੋਰ ਮੈਂਬਰ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਪਾਵਰਲੂਮ ਮਜ਼ਦੂਰ ਹੜਤਾਲ...

ਬਣਾ ਕੇ 44 ਕਾਨੂੰਨਾਂ ਨੂੰ ਖਤਮ ਕਰ ਦਿੱਤਾ ਗਿਆ ਹੈ। ਕਿਸਾਨਾਂ ਦੇ ਮਸਲੇ ਹੱਲ ਨਹੀਂ ਕੀਤੇ ਜਾ ਰਹੇ। ਸਿੱਖਿਆ ਅਤੇ ਸਿਹਤ ਸਹੂਲਤਾਂ ਬਾਰੇ ਸਰਕਾਰ ਦੀਆਂ ਨੀਤੀਆਂ ਕਾਰਪੋਰੇਟ ਪੱਖੀ ਹਨ। ਪੇਂਡੂ ਮਜ਼ਦੂਰਾਂ ਦਾ ਮਨਰੇਗਾ ਕਾਨੂੰਨ ਖਤਮ ਕਰਨ ਦੇ ਬਰਾਬਰ ਹੈ। ਪੰਜਾਬ ਦੇ ਪਾਣੀਆਂ ਦੇ ਮਸਲੇ ਹੱਲ ਨਹੀਂ ਕੀਤੇ ਜਾ ਰਹੇ। ਭਾਜਪਾ ਦੇ ਆਗੂ ਜਾਣਬੁੱਝ ਕੇ ਫਿਰਕਾਪ੍ਰਸਤੀ, ਨਫ਼ਰਤ ਅਤੇ ਜਾਤ-ਪਾਤ ਦੀ ਰਾਜਨੀਤੀ ਕਰ ਰਹੇ ਹਨ। ਦੇਸ਼ ਦੇ ਨੌਜਵਾਨਾਂ ਲਈ ਰੁਜ਼ਗਾਰ ਦੀ ਕੋਈ ਪੱਕੀ ਨੀਤੀ ਨਹੀਂ ਬਣ ਰਹੀ। ਬੁਲਾਰਿਆਂ ਨੇ ਅੱਗੇ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਜੋ "ਬਦਲਾਅ ਜ਼ਰੂਰੀ ਹੈ" ਦਾ ਨਾਹਰਾ ਦਿੱਤਾ ਗਿਆ ਹੈ, ਉਹ ਬਿਲਕੁਲ ਹੀ ਮੌਜੂਦਾ ਸਮੇਂ ਵਿੱਚ ਠੀਕ ਨਾਹਰਾ ਹੈ, ਕਿਉਂਕਿ ਦੇਸ਼ ਦੇ ਲੋਕਾਂ ਸਾਹਮਣੇ ਭਾਜਪਾ ਦੇ ਰਾਜ-ਪ੍ਰਬੰਧ ਦਾ ਖਾਤਮਾ ਕੀਤੇ ਬਗੈਰ ਕੋਈ ਹੋਰ ਰਸਤਾ ਨਹੀਂ ਹੈ। ਦੇਸ਼ ਨੂੰ ਚਲਾਉਣ ਲਈ ਲੋਕ ਪੱਖੀ ਸਰਕਾਰ ਦੀ ਬਹੁਤ ਜ਼ਰੂਰਤ ਹੈ। ਭਾਜਪਾ ਸਰਕਾਰ ਦਾ ਸਾਰਾ ਜ਼ੋਰ ਕਾਰਪੋਰੇਟ ਘਰਾਣਿਆਂ ਨੂੰ ਮਜ਼ਬੂਤ ਕਰਨ ਉਪਰ ਲੱਗਾ ਹੋਇਆ ਹੈ। ਆਮ ਲੋਕਾਂ ਦੇ ਮਸਲਿਆਂ ਦੇ ਹੱਲ ਲਈ ਇਸ ਦੀ ਕੋਈ ਪੱਕੀ ਨੀਤੀ ਨਹੀਂ ਹੈ। ਇਸ ਮੌਕੇ ਮੋਹਨ ਲਾਲ, ਸ਼ਮਸ਼ੇਰ ਨਾਥ, ਪਵਨ ਕੁਮਾਰ ਅਤੇ ਪ੍ਰੇਮ ਸਿੰਘ ਆਦਿ ਹਾਜ਼ਰ ਸਨ।

### ਮਜ਼ਦੂਰਾਂ ਦੇ ਹਿੱਤਾਂ ਨੂੰ ਦਫਨ...

ਧਰਮਾਰਥ/ਸਮਾਜਕ/ਪਰਉਪਕਾਰੀ ਸੰਸਥਾਵਾਂ ਨਾਲ ਸੰਬੰਧਤ ਛੋਟਾਂ ਦੀ ਵਿਆਖਿਆ ਸਖਤੀ ਨਾਲ ਅਤੇ ਸੰਵਿਧਾਨ ਦੇ ਅਨੁਕੂਲ ਕੀਤੀ ਜਾਣੀ ਚਾਹੀਦੀ ਹੈ।ਕਿਸੇ ਸਰਕਾਰੀ ਗਤੀਵਿਧੀ ਨੂੰ ਆਪਣੇ ਆਪ ਹੀ ਪ੍ਰਭੂਸੱਤਾਤਮਕ ਕਾਰਜ ਨਹੀਂ ਮੰਨਿਆ ਜਾ ਸਕਦਾ ਅਤੇ ਨਾ ਹੀ ਕਿਸੇ ਧਰਮਾਰਥ ਸੰਸਥਾ ਦਾ ਸਿਰਫ ਸੰਸਥਾਗਤ ਦਰਜਾ ਉਸ ਦੇ ਮੁਲਾਜ਼ਮਾਂ ਵੱਲੋਂ ਕੀਤੇ ਜਾਂਦੇ ਕੰਮ ਦੀ ਉਦਯੋਗਕ ਪ੍ਰਕਿਰਤੀ ਨੂੰ ਖਤਮ ਕਰ ਸਕਦਾ ਹੈ।ਇਸ ਮਹੱਤਵਪੂਰਨ ਸਵਾਲ ਨੂੰ ਟਾਲਣਾ ਸਿਆਸੀ ਤੌਰ 'ਤੇ ਨਿਰਪੱਖ ਨਹੀਂ ਹੈ। ਅਜਿਹੀ ਅਰਥਵਿਵਸਥਾ ਵਿੱਚ, ਜੋ ਤੇਜ਼ੀ ਨਾਲ ਨਿੱਜੀਕਰਨ, ਆਊਟਸੋਰਸਿੰਗ, ਠੇਕੇਦਾਰੀ ਅਤੇ ਜਨਤਕ-ਨਿੱਜੀ ਭਾਈਵਾਲੀ ਤੋਂ ਪ੍ਰਭਾਵਤ ਹੋ ਰਹੀ ਹੈ, ਕੰਮ ਦੀ ਅਸਲ ਪ੍ਰਕਿਰਤੀ ਤੋਂ ਧਿਆਨ ਹਟਾ ਕੇ ਮਾਲਕ ਦੀ ਸੰਸਥਾਗਤ ਸਥਿਤੀ ਉੱਤੇ ਕੇਂਦਰਿਤ ਕਰਨਾ ਮਜ਼ਦੂਰਾਂ ਦੇ ਹਿੱਤਾਂ ਦੇ ਵਿਰੁੱਧ ਕੰਮ ਕਰ ਸਕਦਾ ਹੈ। ਇਹ ਬਹੁਮਤ ਬੈਂਚ ਦੇ ਜਮਾਤੀ ਚਰਿੱਤਰ ਨੂੰ ਸਪੱਸ਼ਟ ਤੌਰ 'ਤੇ ਉਜਾਗਰ ਕਰਦਾ ਹੈ, ਜੋ ਅਸਿੱਧੇ ਤੌਰ 'ਤੇ ਸਰਕਾਰ ਦੇ ਕਾਰਪੋਰੇਟ-ਪੱਖੀ ਦ੍ਰਿਸ਼ਟੀਕੋਣ ਨਾਲ ਮੇਲ ਖਾਂਦਾ ਦਿਖਾਈ ਦਿੰਦਾ ਹੈ।ਇਸ ਲਈ ਏਟਕ ਬਹੁਮਤ ਦੇ ਦ੍ਰਿਸ਼ਟੀਕੋਣ ਨੂੰ ਮਜ਼ਦੂਰਾਂ ਦੇ ਸਮੂਹਕ ਅਧਿਕਾਰਾਂ ਅਤੇ ਸੌਦੇਬਾਜ਼ੀ ਦੀ ਤਾਕਤ ਦੇ ਮੁਕਾਬਲੇ ਸੰਸਥਾਗਤ ਅਤੇ ਪ੍ਰਬੰਧਕੀ ਹਿੱਤਾਂ ਵੱਲ ਇੱਕ ਢਾਂਚਾਗਤ ਝੁਕਾਅ ਵਜੋਂ ਦੇਖਦੀ ਹੈ। ਕਾਮਰੇਡ ਅਮਰਜੀਤ ਕੌਰ ਨੇ ਅੱਗੇ ਕਿਹਾ ਹੈ, "ਅਸੀਂ ਵਿਅਕਤੀਗਤ ਜੱਜਾਂ ਦੀ ਮਨਸ਼ਾ ਬਾਰੇ ਕੋਈ ਟਿੱਪਣੀ ਨਹੀਂ ਕਰਦੇ। ਪਰ ਅਜਿਹੀ ਨਿਆਂਇਕ ਵਿਆਖਿਆ ਦੇ ਸਮਾਜਕ ਨਤੀਜਿਆਂ ਤੋਂ ਅਸੀਂ ਦੁਖੀ ਅਤੇ ਚਿੰਤਤ ਹਾਂ, ਜੋ ਕਾਨੂੰਨੀ ਛੋਟਾਂ ਦੀ ਢੁਕਵੀਂ ਜਾਂਚ ਕੀਤੇ ਬਿਨਾਂ ਉਨ੍ਹਾਂ ਨੂੰ ਜਿਉਂ ਦਾ ਤਿਉਂ ਛੱਡ ਦਿੰਦੀ ਹੈ। ਇਸ ਨੂੰ ਕਿਸੇ ਵੀ ਕੀਮਤ 'ਤੇ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।ਮੁੱਦਾ ਇਹ ਨਹੀਂ ਹੈ ਕਿ ਨਿਆਂਪਾਲਿਕਾ ਜਾਂ ਸੰਸਦ ਖੁੱਲ੍ਹੇ ਤੌਰ 'ਤੇ ਆਪਣੇ ਆਪ ਨੂੰ ਪੂੰਜੀ ਦੇ ਪੱਖ ਵਿੱਚ ਜਾਂ ਕਿਰਤ ਦੇ ਪੱਖ ਵਿੱਚ ਐਲਾਨਦੀ ਹੈ। ਏਟਕ ਦੀ ਚਿੰਤਾ ਇਸ ਤੋਂ ਕਿਤੇ ਵੱਧ ਮਹੱਤਵਪੂਰਨ ਅਤੇ ਪ੍ਰਸੰਗਕ ਸਵਾਲ ਨੂੰ ਲੈ ਕੇ ਹੈ—ਕੀ ਕਾਨੂੰਨੀ ਵਿਵਸਥਾ ਉਨ੍ਹਾਂ ਢਾਂਚਾਗਤ ਅਸਮਾਨਤਾਵਾਂ ਨੂੰ ਮਾਨਤਾ ਦਿੰਦੀ ਹੈ, ਜੋ ਉਤਪਾਦਨ ਦੇ ਸਾਧਨਾਂ ਦੀ ਮਾਲਕੀ, ਨਿਯੰਤਰਣ ਜਾਂ ਪ੍ਰਬੰਧ ਕਰਨ ਵਾਲਿਆਂ ਅਤੇ ਜਿਉਂਦੇ ਰਹਿਣ ਲਈ ਆਪਣੀ ਕਿਰਤ ਵੇਚਣ ਲਈ ਮਜਬੂਰ ਲੋਕਾਂ ਵਿਚਕਾਰ ਮੌਜੂਦ ਹਨ? ਸਮਾਜਕ ਅਤੇ ਆਰਥਕ ਨਿਆਂ ਪ੍ਰਤੀ ਵਚਨਬੱਧ ਸੰਵਿਧਾਨਕ ਲੋਕਤੰਤਰ ਵਿੱਚ ਮਾਲਕ ਨੂੰ ਇਹ ਤੈਅ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ ਕਿ ਮਜ਼ਦੂਰਾਂ ਦੀ ਕਾਨੂੰਨੀ ਹੈਸੀਅਤ ਕੀ ਹੋਵੇਗੀ ਅਤੇ ਉਨ੍ਹਾਂ ਨੂੰ ਕਾਨੂੰਨ ਅਧੀਨ ਸੁਰੱਖਿਆ ਮਿਲੇਗੀ ਜਾਂ ਨਹੀਂ। ਅਜਿਹਾ ਕਰਨਾ ਨਿਆਂਇਕ ਵਿਧੀ-ਸ਼ਾਸਤਰ ਦਾ ਪੂਰਨ ਵਿਗਾੜ ਹੋਵੇਗਾ।"

ਉਨ੍ਹਾ ਕਿਹਾ ਕਿ ਏਟਕ ਉਦਯੋਗਕ ਸੰਬੰਧ ਕੋਡ ਦੀ ਕਿਸੇ ਵੀ ਅਜਿਹੀ ਵਰਤੋਂ ਦਾ ਵਿਰੋਧ ਕਰੇਗੀ, ਜਿਸ ਰਾਹੀਂ ਮੂਲ ਰੂਪ ਵਿੱਚ ਇੱਕੋ ਜਿਹਾ ਕੰਮ ਕਰਨ ਵਾਲੇ ਮਜ਼ਦੂਰਾਂ ਨੂੰ ਸਿਰਫ ਇਸ ਲਈ ਇੱਕੋ ਜਿਹੀ ਉਦਯੋਗਕ ਸੁਰੱਖਿਆ ਤੋਂ ਵਾਂਝਾ ਕੀਤਾ ਜਾਵੇ ਕਿ ਉਨ੍ਹਾਂ ਦਾ ਮਾਲਕ ਕੋਈ ਸਰਕਾਰੀ ਸੰਸਥਾ, ਠੇਕੇਦਾਰ, ਧਰਮਾਰਥ ਸੰਸਥਾ ਜਾਂ ਕੋਈ ਹੋਰ ਛੋਟ-ਪ੍ਰਾਪਤ ਸੰਸਥਾ ਹੈ।ਨਵੇਂ ਕਿਰਤ ਕੋਡਾਂ ਨੂੰ ਸਮਾਜਕ ਅਤੇ ਆਰਥਕ ਨਿਆਂ, ਬਰਾਬਰੀ, ਕਿਰਤ ਦੀ ਮਰਿਆਦਾ ਅਤੇ ਜਥੇਬੰਦ ਹੋਣ ਦੀ ਆਜ਼ਾਦੀ ਪ੍ਰਤੀ ਸੰਵਿਧਾਨਕ ਵਚਨਬੱਧਤਾ ਨੂੰ ਕਮਜ਼ੋਰ ਕਰਨ ਦਾ ਸਾਧਨ ਨਹੀਂ ਬਣਨ ਦਿੱਤਾ ਜਾ ਸਕਦਾ।ਏਟਕ ਨਿਆਂਪਾਲਿਕਾ ਵਿੱਚ ਜਮਾਤੀ ਚਰਿੱਤਰ ਵੱਲ ਵਧ ਰਹੇ ਉਸ ਸਪੱਸ਼ਟ ਝੁਕਾਅ ਨੂੰ ਲੈ ਕੇ ਡੂੰਘੀ ਚਿੰਤਾ ਪ੍ਰਗਟ ਕਰਦੀ ਹੈ, ਜੋ ਕਿਰਤ ਅਤੇ ਪੂੰਜੀ ਵਿਚਕਾਰ ਮੌਜੂਦ ਢਾਂਚਾਗਤ ਅਸਮਾਨਤਾ ਪ੍ਰਤੀ ਲੋੜੀਂਦੀ ਸੰਵੇਦਨਸ਼ੀਲਤਾ ਦਿਖਾਉਂਦਾ ਨਜ਼ਰ ਨਹੀਂ ਆਉਂਦਾ। ਨਿਆਂਇਕ ਨਿਰਪੱਖਤਾ ਦਾ ਅਰਥ ਉਨ੍ਹਾਂ ਕਾਨੂੰਨਾਂ ਦੇ ਭੌਤਿਕ ਅਤੇ ਸਮਾਜਕ ਨਤੀਜਿਆਂ ਪ੍ਰਤੀ ਉਦਾਸੀਨਤਾ ਨਹੀਂ ਹੋ ਸਕਦਾ, ਜੋ ਮਜ਼ਦੂਰਾਂ ਦੀ ਸਮੂਹਕ ਤਾਕਤ ਨੂੰ ਕਮਜ਼ੋਰ ਕਰਦੇ ਹਨ।ਭਾਰਤੀ ਨਿਆਂਪਾਲਿਕਾ ਨੇ ਮਜ਼ਦੂਰ ਅਧਿਕਾਰਾਂ, ਸਮਾਜਕ ਨਿਆਂ ਅਤੇ ਸੰਵਿਧਾਨਕ ਬਰਾਬਰੀ ਦੀ ਰਾਖੀ ਵਿੱਚ ਸ਼ਲਾਘਾਯੋਗ ਭੂਮਿਕਾ ਨਿਭਾਈ ਹੈ। ਹੁਣ ਇਸ ਨੂੰ ਸੰਸਥਾਗਤ ਤਾਕਤ ਅਤੇ ਆਰਥਕ ਵਿਸ਼ੇਸ਼ ਅਧਿਕਾਰਾਂ ਦੇ ਹਿੱਤਾਂ ਅੱਗੇ ਨਹੀਂ ਝੁਕਣਾ ਚਾਹੀਦਾ।

### ਦਿੱਲੀ ਰੈਲੀ ਲਈ ...

ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਆਵਾਜ਼ ਬੁਲੰਦ ਕੀਤੀ ਜਾਵੇਗੀ ਅਤੇ ਰੁਜ਼ਗਾਰ, ਮਹਿੰਗਾਈ ਤੋਂ ਰਾਹਤ, ਕਿਸਾਨਾਂ ਨੂੰ ਫਸਲਾਂ ਦੇ ਲਾਹੇਵੰਦ ਭਾਅ ਅਤੇ ਮਜ਼ਦੂਰਾਂ ਦੇ ਹੱਕਾਂ ਦੀ ਰੱਖਿਆ ਵਰਗੇ ਮੁੱਦੇ ਉਠਾਏ ਜਾਣਗੇ। ਬੁਲਾਰਿਆਂ ਨੇ ਕਿਹਾ ਕਿ ਦੇਸ਼ ਦੇ ਸੰਵਿਧਾਨਕ ਅਤੇ ਜਮਹੂਰੀ ਅਦਾਰਿਆਂ ਦੀ ਮਜ਼ਬੂਤੀ, ਸਮਾਜਿਕ ਨਿਆਂ ਅਤੇ ਲੋਕਾਂ ਦੇ ਬੁਨਿਆਦੀ ਹੱਕਾਂ ਦੀ ਰੱਖਿਆ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾ ਕਿਹਾ ਕਿ ਕਿਸਾਨ, ਮਜ਼ਦੂਰ, ਵਿਦਿਆਰਥੀ, ਨੌਜਵਾਨ, ਮੁਲਾਜ਼ਮ ਅਤੇ ਆਮ ਲੋਕ ਵੱਡੀ ਗਿਣਤੀ ਵਿੱਚ 1 ਸਤੰਬਰ ਨੂੰ ਦਿੱਲੀ ਪਹੁੰਚ ਕੇ ਆਪਣੀ ਆਵਾਜ਼ ਬੁਲੰਦ ਕਰਨ। ਇਸ ਮੌਕੇ ਆਗੂਆਂ ਨੇ ਪਾਰਟੀ ਵਰਕਰਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਅਤੇ ਸੰਵਿਧਾਨ ਬਚਾਓ, ਜਮਹੂਰੀਅਤ ਬਚਾਓ-ਬਦਲਾਅ ਜ਼ਰੂਰੀ ਹੈ, ਦੇ ਸੱਦੇ ਨੂੰ ਲੋਕਾਂ ਤੱਕ ਪਹੁੰਚਾਉਣ। ਇਸ ਸਮੇਂ ਪਲਵਿੰਦਰ ਬੱਲ, ਬਲਕਾਰ ਸਿੰਘ, ਦਰਸ਼ਨ ਸਿੰਘ, ਨੱਥਾ ਸਿੰਘ ਆਦਿ ਹਾਜ਼ਰ ਸਨ।

### ਕਾਮਰੇਡ ਮੇਹਰ ਸਿੰਘ...

ਉਹ ਵਿੱਛੜ ਗਏ ਹਨ, ਪਰ ਸਦਾ ਲਈ ਹਰ ਪਾਰਟੀ ਵਰਕਰ ਅਤੇ ਪਰਵਾਰ ਲਈ ਪ੍ਰੇਰਨਾਦਾਇਕ ਬਣੇ ਰਹਿਣਗੇ। ਖਰਾਬ ਮੌਸਮ ਦੇ ਚੱਲਦਿਆਂ ਉਨ੍ਹਾਂ ਦੇ ਰਿਸ਼ਤੇਦਾਰ, ਪਿੰਡ ਵਾਸੀ ਅਤੇ ਪਾਰਟੀ ਵਰਕਰ ਵੱਡੀ ਗਿਣਤੀ ਵਿੱਚ ਉਨ੍ਹਾਂ ਦੇ ਅੰਤਿਮ ਸੰਸਕਾਰ ਮੌਕੇ ਸ਼ਾਮਲ ਹੋਏ।ਜ਼ਿਲ੍ਹਾ ਪਾਰਟੀ ਦੇ ਪ੍ਰਮੁੱਖ ਆਗੂਆਂ ਵਿੱਚੋਂ ਕਾਮਰੇਡ ਕੁਲਦੀਪ ਭੋਲਾ ਜ਼ਿਲ੍ਹਾ ਸਕੱਤਰ, ਕੰਟਰੋਲ ਕਮਿਸ਼ਨ ਮੈਂਬਰ ਕਾਮਰੇਡ ਜਗਜੀਤ ਸਿੰਘ ਧੂੜਕੋਟ, ਕਾਮਰੇਡ ਇੰਦਰਵੀਰ ਗਿੱਲ ਜ਼ਿਲ੍ਹਾ ਸਹਾਇਕ ਸਕੱਤਰ, ਕਾਮਰੇਡ ਸਬਰਾਜ ਢੁੱਡੀਕੇ ਬਲਾਕ ਸਕੱਤਰ, ਸੁਖਦੇਵ ਭੋਲਾ, ਜਸਵਿੰਦਰ ਡਾਲਾ, ਬੋਹੜ ਬੁੱਟਰ, ਪਾਰਟੀ ਬ੍ਰਾਂਚ ਦੌਧਰ ਦੇ ਆਗੂ ਮਾਸਟਰ ਸੁਰਜੀਤ ਸਿੰਘ ਵੈਦ, ਕਾਮਰੇਡ ਗੁਰਮੇਲ ਦੌਧਰ ਅਤੇ ਕਿਸਾਨ ਆਗੂ ਜੀਤਾ ਸਿੰਘ ਡਾਲਾ ਆਦਿ ਆਗੂਆਂ ਨੇ ਉਹਨਾਂ ਦੀ ਮ੍ਰਿਤਕ ਦੇਹ ਉੱਤੇ ਲਾਲ ਝੰਡਾ ਪਾ ਕੇ ਉਨ੍ਹਾਂ ਨੂੰ ਸਨਮਾਨ ਭੇਟ ਕੀਤਾ। ਉਹਨਾਂ ਦੀ ਮੌਤ ਦੀ ਖ਼ਬਰ ਮਿਲਣ 'ਤੇ ਉੱਘੇ ਸਾਹਿਤਕਾਰ ਅਤੇ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਲਈ ਉਮੀਦਵਾਰ ਡਾਕਟਰ ਸੁਖਦੇਵ ਸਿਰਸਾ (ਜੋ ਦੌਧਰ ਪਿੰਡ ਨਾਲ ਹੀ ਸੰਬੰਧਤ ਹਨ) ਅਤੇ ਉੱਘੇ ਕਮਿਊਨਿਸਟ ਆਗੂ ਕਾਮਰੇਡ ਜਗਰੂਪ ਨੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਜਾਣਾ ਨਾ ਸਿਰਫ਼ ਪਰਵਾਰ ਲਈ, ਸਗੋਂ ਪਾਰਟੀ ਅਤੇ ਦੌਧਰ ਪਿੰਡ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ।

# ਤਰੁਣ ਚੁੱਘ ਪੰਜਾਬ ਦੀ ਮਿੱਟੀ ਦਾ ਅਨਮੋਲ ਹੀਰਾ : ਵਿਜੇ ਸ਼ਰਮਾ

## ਭਾਜਪਾ ਆਗੂ ਨੇ ਤਰੁਣ ਚੁੱਘ ਨੂੰ ਨਵੀਂ ਜ਼ਿੰਮੇਵਾਰੀ ਲਈ ਦਿੱਤੀਆਂ ਸ਼ੁੱਭਕਾਮਨਾਵਾਂ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਪੰਜਾਬ ਭਾਜਪਾ ਦੇ ਸੀਨੀਅਰ ਆਗੂ ਵਿਜੇ ਸ਼ਰਮਾ ਨੇ ਭਾਜਪਾ ਦੇ ਸੀਨੀਅਰ ਆਗੂ ਤੇ ਰਾਜ ਸਭਾ ਮੈਂਬਰ ਸ੍ਰੀ ਤਰੁਣ ਚੁੱਘ ਨੂੰ ਉਨ੍ਹਾਂ ਦੀ ਨਵੀਂ ਜ਼ਿੰਮੇਵਾਰੀ ਤੇ ਸਿਆਸੀ ਸਫ਼ਰ ਲਈ ਦਿਲੋਂ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਉਨ੍ਹਾਂ ਸ੍ਰੀ ਚੁੱਘ ਦੇ ਸੰਘਰਸ਼ਮਈ ਸੰਗਠਨਾਤਮਕ ਸਫ਼ਰ ਨੂੰ ਯਾਦ ਕਰਦਿਆਂ ਉਨ੍ਹਾਂ ਦੀ ਮਿਹਨਤ, ਸਮਰਪਣ ਤੇ ਪਾਰਟੀ ਪ੍ਰਤੀ ਵਚਨਬੱਧਤਾ ਦੀ ਸ਼ਲਾਘਾ ਕੀਤੀ।ਵਿਜੇ ਸ਼ਰਮਾ ਨੇ ਕਿਹਾ ਕਿ ਜਦੋਂ ਸ੍ਰੀ ਤਰੁਣ ਚੁੱਘ ਪੰਜਾਬ ਭਾਜਪਾ ਯੁਵਾ ਮੋਰਚਾ ਦੀ ਜ਼ਿੰਮੇਵਾਰੀ ਸੰਭਾਲ ਰਹੇ ਸਨ ਤੇ ਪੰਜਾਬ ਇੱਕ ਮੁਸ਼ਕਲ ਸਿਆਸੀ ਦੌਰ ਵਿੱਚੋਂ ਲੰਘ ਰਿਹਾ ਸੀ, ਉਸ ਸਮੇਂ ਉਨ੍ਹਾਂ ਨੇ ਸ਼ਹਿਰ-ਸ਼ਹਿਰ ਵਾਹਨ ਯਾਤਰਾ ਕਰਕੇ ਪਾਰਟੀ ਦਾ ਸੰਦੇਸ਼ ਵਰਕਰਾਂ ਤੇ ਆਮ ਲੋਕਾਂ ਤੱਕ ਪਹੁੰਚਾਇਆ।ਉਨ੍ਹਾਂ ਕਿਹਾ ਕਿ ਸ੍ਰੀ ਤਰੁਣ ਚੁੱਘ ਨੇ ਪਾਰਟੀ ਵੱਲੋਂ ਮਿਲੀ ਹਰ ਜ਼ਿੰਮੇਵਾਰੀ ਨੂੰ ਪੂਰੀ ਨਿਸ਼ਠਾ, ਮਿਹਨਤ ਤੇ ਸਮਰਪਣ ਨਾਲ ਨਿਭਾਇਆ ਹੈ।ਪੰਜਾਬ ਤੋਂ ਆਪਣਾ ਸਿਆਸੀ ਤੇ ਸੰਗਠਨਾਤਮਕ ਸਫ਼ਰ ਸ਼ੁਰੂ ਕਰਕੇ ਰਾਸ਼ਟਰੀ ਪੱਧਰ ਤੱਕ ਪਹੁੰਚਣਾ ਉਨ੍ਹਾਂ ਦੀ ਲੰਬੀ ਮਿਹਨਤ ਤੇ ਸੰਗਠਨ ਪ੍ਰਤੀ ਸਮਰਪਣ ਦਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਤਰੁਣ ਚੁੱਘ ਸਿਰਫ਼ ਪੰਜਾਬ ਤੋਂ ਨਿਕਲੇ ਭਾਜਪਾ ਦੇ ਇੱਕ ਆਗੂ ਨਹੀਂ, ਸਗੋਂ ਪੰਜਾਬ ਦੀ ਮਿੱਟੀ ਦਾ ਉਹ ਅਨਮੋਲ ਹੀਰਾ ਹਨ, ਜਿਸ ਨੇ ਆਪਣੀ ਮਿਹਨਤ, ਸੰਗਠਨਾਤਮਕ ਸਮਰੱਥਾ ਤੇ ਵਿਚਾਰਾਂ ਪ੍ਰਤੀ ਵਚਨਬੱਧਤਾ ਨਾਲ ਰਾਸ਼ਟਰੀ ਪੱਧਰ 'ਤੇ ਆਪਣੀ ਵੱਖਰੀ ਪਛਾਣ ਬਣਾਈ ਹੈ।ਵਿਜੇ ਸ਼ਰਮਾ ਨੇ ਵਿਸ਼ਵਾਸ ਪ੍ਰਗਟਾਇਆ ਕਿ ਸ੍ਰੀ ਤਰੁਣ ਚੁੱਘ ਆਪਣੀਆਂ ਨਵੀਆਂ ਜ਼ਿੰਮੇਵਾਰੀਆਂ ਨੂੰ ਵੀ ਪੂਰੀ ਮਿਹਨਤ ਤੇ ਨਿਸ਼ਠਾ ਨਾਲ ਨਿਭਾਉਂਦੇ ਹੋਏ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਤੇ ਰਾਸ਼ਟਰ ਸੇਵਾ ਦੇ ਸੰਕਲਪ ਨੂੰ ਅੱਗੇ ਵਧਾਉਣਗੇ।ਉਨ੍ਹਾਂ ਕਿਹਾ ਕਿ ਪ੍ਰਮਾਤਮਾ ਦੀ ਕਿਰਪਾ ਤੇ ਪਾਰਟੀ ਵਰਕਰਾਂ ਦੇ ਆਸ਼ੀਰਵਾਦ ਨਾਲ ਸ੍ਰੀ ਚੁੱਘ ਮੰਜ਼ਿਲ ਦਰ ਮੰਜ਼ਿਲ ਅੱਗੇ ਵਧਦੇ ਹੋਏ ਸਫ਼ਲਤਾ ਦੇ ਨਵੇਂ ਇਤਿਹਾਸ ਸਿਰਜਣ ਇਹੀ, ਉਨ੍ਹਾਂ ਦੀ ਦਿਲੋਂ ਸ਼ੁਭਕਾਮਨਾ ਹੈ।

### ਰਾਹੁਲ ਦਾ ਭਾਦੋਂ ਮਹੀਨੇ ...

ਗਈ। ਕਾਂਗਰਸ ਨੇ ਕਿਹਾ ਕਿ ਲੋਚਬ ਨੇ ਆਪਣੇ ਵਕੀਲਾਂ ਦੇ ਨਾਲ 14 ਅਗਸਤ ਨੂੰ ਦਿੱਲੀ ਪੁਲੀਸ ਨੂੰ ਇੱਕ ਲਿਖਤੀ ਸ਼ਿਕਾਇਤ ਦਿੱਤੀ ਸੀ, ਪਰ ਉਸ ਨੂੰ ਜਾਂਚ ਅਧਿਕਾਰੀ ਦਾ ਨਾਮ ਜਾਂ ਨੰਬਰ ਨਹੀਂ ਦਿੱਤਾ ਗਿਆ। ਪਾਰਟੀ ਨੇ ਦੋਸ਼ ਲਾਇਆ ਕਿ 17 ਅਗਸਤ ਨੂੰ ਈਮੇਲਾਂ ਅਤੇ ਫ਼ੋਨ ਕਾਲਾਂ ਰਾਹੀਂ ਮਾਮਲੇ ਨੂੰ ਦੁਬਾਰਾ ਅੱਗੇ ਵਧਾਇਆ ਗਿਆ, ਪਰ ਕੋਈ ਰਸੀਦ ਜਾਂ ਆਈ/ਓ ਨੰਬਰ ਨਹੀਂ ਦਿੱਤਾ ਗਿਆ। ਪਾਰਟੀ ਨੇ ਕਿਹਾ ਕਿ ਸਾਰੇ ਯਤਨਾਂ ਦੇ ਬੇਅਸਰ ਰਹਿਣ ਤੋਂ ਬਾਅਦ ਰਾਹੁਲ ਗਾਂਧੀ ਸ਼ੁੱਕਰਵਾਰ ਨੂੰ ਲੋਚਬ ਅਤੇ ਉਸ ਦੀ ਮਾਂ ਨੂੰ ਨਾਲ ਲੈ ਕੇ ਪੁਲੀਸ ਸਟੇਸ਼ਨ ਗਏ ।

### ਨਰੇਗਾ ਮਜ਼ਦੂਰਾਂ ਵੱਲੋਂ ਡੀ ਸੀ ...

ਤਹਿਤ ਕੇਂਦਰ 90 ਫੀਸਦੀ ਹਿੱਸਾ ਪਾਉਣ ਦੀ ਬਜਾਏ ਹੁਣ 60 ਫੀਸਦੀ ਪਾਵੇਗਾ ਅਤੇ ਸੂਬਿਆਂ ਨੂੰ 10 ਫੀਸਦੀ ਥਾਂ 40 ਫੀਸਦੀ ਪਾਉਣਾ ਪਵੇਗਾ, ਜਿਸ ਨਾਲ ਮੁਸ਼ਕਲਾ ਵਧਣਗੀਆਂ। ਕੇਂਦਰ ਨੂੰ ਜ਼ਿੰਮੇਵਾਰੀ ਚੁੱਕਦਿਆਂ 90 ਫੀਸਦੀ ਹਿੱਸਾ ਪਾਉਣਾ ਚਾਹੀਦਾ ਅਤੇ ਬੇਰੁਜ਼ਗਾਰੀ ਭੱਤੇ ਦਾ ਵੀ ਅੱਧ-ਅੱਧ ਭੁਗਤਾਨ ਕਰਨਾ ਚਾਹੀਦਾ ਹੈ। ਉਨ੍ਹਾ ਕਿਹਾ ਵੈਸੇ ਤੇ 318 ਤਰ੍ਹਾਂ ਦੇ ਕੰਮ ਕਰਵਾਏ ਜਾਣ ਦੀ ਲਿਸਟ ਹੈ, ਪਰ ਪੰਜਾਬ ਵਿੱਚ ਹੋਣ ਵਾਲੇ ਕੰਮਾਂ ਦੀ ਲਿਸਟ ਸਰਕਾਰ ਦੇ ਨਾ ਭੇਜਣ ਕਾਰਨ, ਇਸ ਵਿੱਚ ਸ਼ਾਮਲ ਨਹੀਂ ਹੈ। ਜਿਸ ਨਾਲ ਮੁਸ਼ਕਲਾ ਆਉਂਦੀਆਂ ਹਨ।

ਯੂਨੀਅਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਤੇਜ਼ ਕਰਨਗੇ ਅਤੇ ਨਰੇਗਾ ਦਫਤਰਾਂ ਅਤੇ ਅਫਸਰਾਂ ਦਾ ਘਿਰਾਓ ਵੀ ਕਰਨਗੇ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।ਜ਼ਿਲ੍ਹਾ ਪ੍ਰਧਾਨ ਬੋਹੜ ਸਿੰਘ ਸੁਖਣਾ ਨੇ ਕਿਹਾ ਕਿ ਨਵੇਂ ਜਾਅਲੀ ਕਾਰਡ ਬਣੇ, ਲੱਖਾਂ ਰੁਪਏ ਭੁਗਤਾਨ ਹੋ ਗਿਆ, ਉਨ੍ਹਾ ਇਤਰਾਜ਼ ਕੀਤਾ, ਕੋਈ ਕਾਰਵਾਈ ਨਹੀਂ, ਹੁਣ ਉਹ ਕਾਰਡ ਹੀ ਡਲੀਟ ਕਰ ਦਿਤੇ ਹਨ। ਇਸ ਸਭ ਕਾਸੇ ਦਾ ਜੋ ਜ਼ਿੰਮੇਵਾਰ ਹੈ ਉਸ 'ਤੇ ਕਾਰਵਾਈ ਹੋਵੇ। ਰਕਮ ਵਸੂਲੀ ਜਾਵੇ।

ਬੇਰੁਜਗਾਰੀ ਭੱਤੇ ਦੇ ਕੇਸਾਂ ਵਿੱਚ ਦੇਰੀ ਕਰਨ ਦੀ ਜ਼ਿੰਮੇਵਾਰੀ ਫਿਕਸ ਕੀਤੀ ਜਾਵੇ। ਜ਼ਿੰਮੇਵਾਰਾਂ ਵਿਰੁੱਧ ਕਾਰਵਾਈ ਹੋਵੇ ਅਤੇ ਭੱਤੇ ਦੀ ਅਦਾਇਗੀ ਹਰਜਾਨੇ ਸਮੇਤ ਦਿਤੀ ਜਾਵੇ।ਹਰਲਾਭ ਸਿੰਘ ਦੂਹੇਵਾਲਾ ਜ਼ਿਲ੍ਹਾ ਸਕਤਰ ਸੀ ਪੀ ਆਈ ਨੇ ਆਪਣੇ ਸੁਨੇਹੇ ਵਿਚ ਕਿਹਾ, ਸੀ ਪੀ ਆਈ ਨੇ ਸ਼ੁਰੂ ਤੋਂ ਨਰੇਗਾ ਮਜ਼ਦੂਰਾਂ ਦੀ ਮਦਦ ਕੀਤੀ ਹੈ, ਲੋਕਾਂ ਨੂੰ ਜਾਗਰੂਕ ਕੀਤਾ, ਹੁਣ ਨਰੇਗਾ ਗ੍ਰਾਮ ਜੀ ਨੂੰ ਲਾਗੂ ਕਰਾਉਣ ਵਿੱਚ ਹਰ ਤਰ੍ਹਾਂ ਦੀ ਮਦਦ ਕੀਤੀ ਜਾਵੇਗੀ। ਹੋਰਨਾਂ ਮੁੱਦਿਆਂ ਤੋਂ ਇਲਾਵਾ ਨਰੇਗਾ ਮੁੱਦੇ 'ਤੇ ਵੀ ਇੱਕ ਸਤੰਬਰ ਨੂੰ ਰਾਮ ਲੀਲਾ ਮੈਦਾਨ ਦਿੱਲੀ ਵਿੱਚ ਸੀ ਪੀ ਆਈ ਨੇ ਵੱਡੀ ਰੈਲੀ ਕਰਨ ਦਾ ਸੱਦਾ ਦਿੱਤਾ ਹੈ। ਉਨ੍ਹਾ ਦਿੱਲੀ ਰੈਲੀ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਇਕੱਠ ਵਿਚ ਭਾਰੀ ਗਿਣਤੀ ਵਿਚ ਔਰਤਾਂ ਸ਼ਾਮਲ ਹੋਈਆਂ।ਇਕਠ ਨੂੰ ਬਿੰਦਰ ਸਿੰਘ ਖੂੰਨਣ, ਸੁਰਜੀਤ ਸਿੰਘ ਛੱਤਿਆਣਾ, ਗੁਰਮੇਲ ਸਿੰਘ ਦੋਦਾ, ਬੋਹੜ ਸਿੰਘ ਖੂੰਨਣ ਕਲਾਂ, ਚੰਬਾ ਸਿੰਘ ਵਾੜਾ ਕਿਸ਼ਨਪੁਰਾ, ਗਿਆਨੀ ਗੁਰਬਚਨ ਸਿੰਘ, ਗੁਰਤੇਜ ਸਿੰਘ ਬਾਮ, ਹਰੀ ਸਿੰਘ ਸ਼ੇਰਗੜ, ਵਿਜੇ, ਸ਼ਮਸ਼ੇਰ, ਇਕਬਾਲ ਸਿੰਘ ਥਾਂਦੇਵਾਲਾ, ਹੀਰਾ ਸਿੰਘ ਆਧਨੀਆ ਬਲਾਕ ਸਕਤਰ ਲੰਬੀ, ਕਿਸਾਨ ਆਗੂ ਚਰਨਜੀਤ ਸਿੰਘ ਵਣਵਾਲਾ, ਵਿਦਿਆਰਥੀ ਆਗੂ ਸੁਖਵਿੰਦਰ ਆਦਿ ਨੇ ਵੀ ਸੰਬੋਧਨ ਕੀਤਾ।ਬਲਬੀਰ ਸਿੰਘ ਕੋਠੇ ਦਸ਼ਮੇਸ਼, ਚਰਨਜੀਤ ਅਤੇ ਹੋਰ ਆਗੂ ਵੀ ਮੌਜੂਦ ਸਨ।ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਸੁਰਿੰਦਰਪਾਲ ਸਿੰਘ ਢਿੱਲੋਂ ਨੇ ਭਰੋਸਾ ਦਿੱਤਾ ਕਿ ਉਨ੍ਹਾਂ ਦੇ ਅਧਿਕਾਰ ਖੇਤਰ ਵਾਲੀਆਂ ਮੰਗਾਂ ਤੁਰੰਤ ਪੂਰੀਆਂ ਕੀਤੀਆਂ ਜਾਣਗੀਆਂ ਅਤੇ ਬਾਕੀ ਮੰਗਾਂ ਲਈ ਡਿਪਟੀ ਕਮਿਸ਼ਨਰ ਨਾਲ ਜਲਦ ਮੀਟਿੰਗ ਕਰਵਾ ਕੇ ਹੱਲ ਕੱਢਿਆ ਜਾਵੇਗਾ।ਨਾਲ ਹੀ ਉਨ੍ਹਾਂ ਕਰਮਚਾਰੀਆਂ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਕੋਈ ਕਰਮਚਾਰੀ ਬਿਨਾਂ ਵਜ੍ਹਾ ਨਰੇਗਾ ਮਜ਼ਦੂਰਾਂ ਦਾ ਕੰਮ ਰੋਕੇਗਾ ਤਾਂ ਉਸ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

### ਕਮਿਊਨਿਸਟ ਹਮਾਇਤੀਆਂ ...

ਸੰਬੋਧਨ ਦੌਰਾਨ ਸੀ ਪੀ ਆਈ ਬਲਾਕ ਭਿੱਖੀਵਿੰਡ ਦੇ ਪ੍ਰਮੁੱਖ ਆਗੂ ਰਛਪਾਲ ਸਿੰਘ ਬਾਠ ਅਤੇ ਬਲਾਕ ਦੇ ਮੀਤ ਸਕੱਤਰ ਟਹਿਲ ਸਿੰਘ ਲੱਧੂ ਨੇ ਕਿਹਾ ਕਿ ਦਿੱਲੀ ਰੈਲੀ ਵਿੱਚ ਜਾਣ ਪ੍ਰਤੀ ਪਾਰਟੀ ਮੈਂਬਰਾਂ ਤੇ ਹਮਦਰਦਾਂ ਵਿੱਚ ਪੂਰਾ ਉਤਸ਼ਾਹ ਹੈ।ਆਗੂਆਂ ਨੇ ਕਿਹਾ ਕਿ ਕੇਂਦਰ ਦੀ ਬੀ ਜੇ ਪੀ ਦੀ ਅਗਵਾਈ ਵਾਲੀ ਸਰਕਾਰ ਨੇ ਨਰੇਗਾ ਕਾਨੂੰਨ ਖਤਮ ਕਰਕੇ ਇਸ ਦੀ ਜਗ੍ਹਾ ਜਿਹੜਾ ਨਵਾਂ ਕਾਨੂੰਨ ਕੰਮ ਲੈਣ ਲਈ ਬਣਾਇਆ, ਉਸ ਦੀਆਂ ਸ਼ਰਤਾਂ ਨਰੇਗਾ ਕਾਮਿਆਂ ਵਾਸਤੇ ਪੂਰੀਆਂ ਕਰਨੀਆਂ ਬਹੁਤ ਮੁਸ਼ਕਲ ਹਨ।ਨਰੇਗਾ ਕਾਮੇ ਕੰਮ ਮੰਗ ਰਹੇ ਹਨ, ਪਰ ਦੂਜੇ ਪਾਸੇ ਸਰਕਾਰ ਨੇ ਨਰੇਗਾ ਕਾਨੂੰਨ ਅਧੀਨ ਕੰਮ ਲੈਣ ਲਈ ਜਿਹੜੇ ਪਹਿਲੇ ਜਾਬ ਕਾਰਡ ਬਣੇ ਸਨ, ਉਹ ਖਤਮ ਕਰ ਦਿੱਤੇ ਹਨ ਅਤੇ ਉਸ ਦੀ ਜਗ੍ਹਾ 'ਤੇ ਨਵੇਂ ਜਾਬ ਕਾਰਡ ਬਣਾਉਣੇ ਹਨ।ਨਵੇਂ ਜਾਬ ਕਾਰਡ ਹਾਲੇ ਬਣਾਉਣੇ ਵੀ ਸ਼ੁਰੂ ਨਹੀਂ ਕੀਤੇ ਗਏ।ਆਗੂਆਂ ਨੇ ਕਿਹਾ ਕਿ ਜੇ ਜਲਦੀ ਕਾਰਡ ਨਾ ਬਣਾਏ ਗਏ ਤਾਂ ਦਿੱਲੀ ਰੈਲੀ ਤੋਂ ਬਾਅਦ ਜਲਦੀ ਹੀ ਭਿੱਖੀਵਿੰਡ ਬਲਾਕ ਵਿੱਚ ਨਰੇਗਾ ਅਫਸਰ ਅੱਗੇ ਬਲਾਕ ਪੱਧਰ 'ਤੇ ਧਰਨਾ ਮਾਰ ਕੇ ਸੜਕਾਂ 'ਤੇ ਪ੍ਰਦਰਸ਼ਨ ਕੀਤਾ ਜਾਵੇਗਾ।ਇਸੇ ਤਰ੍ਹਾਂ ਜਥਾ ਮਾਰਚ ਦੀਆਂ ਮੁੱਖ ਮੰਗਾਂ ਇਹ ਹਨ ਕਿ ਕੇਂਦਰ ਸਰਕਾਰ ਵੱਲੋਂ ਪਿਛਲੇ ਸਮੇਂ ਤੋਂ ਜਿਹੜੇ ਲੇਖਕ ਤੇ ਬੁੱਧੀਜੀਵੀਆਂ ਨੂੰ ਗ੍ਰਿਫਤਾਰ ਕਰਕੇ ਜੇਲ੍ਹਾਂ ਵਿੱਚ ਬੰਦ ਕੀਤਾ ਹੋਇਆ ਹੈ, ਉਨ੍ਹਾਂ ਨੂੰ ਫੌਰੀ ਤੌਰ 'ਤੇ ਰਿਹਾਅ ਕੀਤਾ ਜਾਵੇ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਦੇ ਅਫਸਰ ਦਾ ਅਹੁਦਾ ਬਹਾਲ ਕੀਤਾ ਜਾਵੇ, ਚੰਡੀਗੜ੍ਹ ਪੰਜਾਬ ਨੂੰ ਦਿੱਤਾ ਜਾਵੇ, ਪੰਜਾਬ ਦੇ ਦਰਿਆਵਾਂ ਦਾ ਪਾਣੀ ਸਿਰਫ ਪੰਜਾਬ ਨੂੰ ਹੀ ਮਿਲਣਾ ਚਾਹੀਦਾ ਹੈ, ਪੰਜਾਬੀ ਬੋਲਦੇ ਇਲਾਕੇ ਪੰਜਾਬ ਨੂੰ ਵਾਪਸ ਕੀਤੇ ਜਾਣ, ਕਿਸਾਨਾਂ ਦੀਆਂ ਸਾਰੀਆਂ ਫਸਲਾਂ 'ਤੇ ਐੱਮ ਐੱਸ ਪੀ ਲਾਗੂ ਕੀਤੀ ਜਾਵੇ, ਬੁਢਾਪਾ ਅਤੇ ਵਿਧਵਾ ਤੇ ਬੇਸਹਾਰਿਆਂ ਨੂੰ ਪੈਨਸ਼ਨਾਂ ਰੈਗੂਲਰ ਦਿੱਤੀਆਂ ਜਾਣ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : **nawanzamana@gmail.com** * **Web : www.nawanzamana.in**

## ਡਕੈਤੀ ਦੀ ਯੋਜਨਾ ਨਾਕਾਮ, 6 ਦੋਸ਼ੀਆਂ ਨੂੰ 2 ਪਿਸਤਲ 30 ਬੋਰ ਸਮੇਤ ਮੈਗਜ਼ੀਨ ਤੇ 9 ਰੌਂਦ ਜ਼ਿੰਦਾ ਅਤੇ ਹਥਿਆਰ ਸਮੇਤ ਕੀਤਾ ਕਾਬੂ

**ਗੁਰਦਾਸਪੁਰ ( ਵਿਨੋਦ ਕੁਮਾਰ )-** ਡਾਇਰੈਕਟਰ ਜਨਰਲ ਪੁਲਸ, ਪੰਜਾਬ ਵੱਲੋਂ ਗੈਂਗਸਟਰ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਡਿਪਟੀ ਇੰਸਪੈਕਟਰ ਜਨਰਲ ਪੁਲਸ ਬਾਰਡਰ ਰੇਂਜ ਅੰਮ੍ਰਿਤਸਰ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗੁਰਦਾਸਪੁਰ ਪੁਲਸ ਵੱਲੋਂ ਗੈਰ ਕਾਨੂੰਨੀ ਅਨਸਰਾਂ ਵਿਰੁੱਧ ਕਾਰਵਾਈ ਕਰਦੇ ਹੋਏ ਥਾਣਾ ਦੀਨਾਨਗਰ ਦੀ ਪੁਲਸ ਵਲੋਂ ਵੱਡੀ ਸਫਲਤਾ ਹਾਸਲ ਕੀਤੀ ਹੈ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਮਨੋਜ ਠਾਕੁਰ ਐੱਸ ਪੀ (ਡੀ) ਨੇ ਦੱਸਿਆ ਕਿ ਐੱਸ ਐੱਸ ਪੀ ਗੁਰਦਾਸਪੁਰ ਆਦਿੱਤਿਆ ਦੀ ਅਗਵਾਈ ਹੇਠ ਗੁਰਦਾਸਪੁਰ ਪੁਲਸ ਵਲੋਂ ਸਮਾਜ ਵਿਰੋਧੀ ਅਨਸਰਾਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸ ਮੌਕੇ ਡੀ ਐੱਸ ਪੀ ਰਜਿੰਦਰ ਸਿੰਘ ਮਿਨਹਾਸ ਅਤੇ ਐੱਸ ਐੱਚ ਓ ਇੰਸਪੈਕਟਰ ਸਿੰਘ ਲਖੀ ਮੌਜੂਦ ਸਨ। ਉਨ੍ਹਾਂ ਦੱਸਿਆ ਕਿ ਦੀਨਾਨਗਰ ਪੁਲਸ ਨੂੰ ਗੁਪਤ ਸੂਚਨਾ ਮਿਲੀ ਕਿ ਦਾਣਾ ਮੰਡੀ ਪਨਿਆੜ ਵਿਖੇ ਬਣੀ ਸੀਮੇਂਟ ਦੀ ਸ਼ੈਡ ਨਜ਼ਦੀਕ ਇੱਕ ਕਾਰ ਸਵਿਫਟ ਡਿਜ਼ਾਇਰ ਰੰਗ ਚਿੱਟਾ ਵਿੱਚ ਹਥਿਆਰਾਂ ਸਮੇਤ ਸਵਾਰ ਵਿਅਕਤੀ ਡਕੈਤੀ ਦੀ ਯੋਜਨਾ ਬਣਾ ਰਹੇ ਹਨ। ਜਿਸ 'ਤੇ ਪੁਲਸ ਪਾਰਟੀ ਵਲੋਂ ਤੁਰੰਤ ਕਾਰਵਾਈ ਕਰਦਿਆਂ 6 ਦੋਸ਼ੀਆਂ ਦੀਪਕ



ਮਲਹੋਤਰਾ, ਸ਼ੇਰਪ੍ਰੀਤ ਸਿੰਘ, ਪੰਕਜ ਸ਼ਰਮਾ, ਰਾਹੁਲ ਕੁਮਾਰ, ਸਾਹਿਲ ਸੈਣੀ ਅਤੇ ਸੰਨੀ ਨੂੰ ਕਾਰ ਸਮੇਤ ਕਾਬੂ ਕੀਤਾ। ਤਲਾਸ਼ੀ ਦੌਰਾਨ ਉਹਨਾਂ ਪਾਸੋਂ 2 ਪਿਸਤਲ .30 ਬੋਰ ਸਮੇਤ ਮੈਗਜ਼ੀਨ ਅਤੇ 9 ਰੌਂਦ ਜ਼ਿੰਦਾ ਬਰਾਮਦ ਕੀਤੇ ਗਏ। ਇਸ ਤੋਂ ਇਲਾਵਾ ਕਾਰ ਦੀ ਤਲਾਸ਼ੀ ਦੌਰਾਨ 1 ਕਿਰਪਾਨ ਅਤੇ 3 ਦਾਤਰ ਵੀ ਬਰਾਮਦ ਹੋਏ। ਜਿਸ 'ਤੇ ਦੋਸ਼ੀਆਂ ਦੇ ਖਿਲਾਫ ਮੁਕੱਦਮਾ ਥਾਣਾ ਦੀਨਾਨਗਰ ਵਿਖੇ ਦਰਜ ਰਜਿਸਟਰ ਕੀਤਾ ਗਿਆ। ਮੁਕੱਦਮਾ ਦੀ ਤਫ਼ਤੀਸ਼ ਜਾਰੀ ਹੈ। ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਵਿੱਚ ਦੀਪਕ ਮਲਹੋਤਰਾ ਉਰਫ਼ ਕਾਕਾ ਪੁੱਤਰ ਪ੍ਰੇਮ ਨਾਥ ਵਾਸੀ ਢਾਕੀ ਰੋਡ ਪਠਾਨਕੋਟ (5 ਮੁਕੱਦਮੇ 307 ਅਤੇ ਅਸਲਾ ਐਕਟ ਅਤੇ ਐਨ ਡੀ ਪੀ ਐਸ ਐਕਟ ਦੇ ਦਰਜ ਹਨ।) ਸ਼ੇਰਪ੍ਰੀਤ ਸਿੰਘ ਉਰਫ਼ ਸ਼ੇਰਾ ਪੁੱਤਰ ਅਵਤਾਰ ਸਿੰਘ ਵਾਸੀ ਦਸ਼ਮੇਸ਼ ਨਗਰ ਅੰਮ੍ਰਿਤਸਰ (8 ਮੁਕੱਦਮੇ 307, ਲੁੱਟ ਅਤੇ ਅਸਲਾ ਐਕਟ ਦੇ ਦਰਜ ਹਨ) ਪੰਕਜ ਸ਼ਰਮਾ ਉਰਫ ਕਾਕਾ ਪੁੱਤਰ ਵਿਜੇ ਕੁਮਾਰ ਵਾਸੀ ਦੀਨਾਨਗਰ (1 ਮੁਕੱਦਮਾ ਐਨ ਡੀ ਪੀ ਐਸ ਐਕਟ ਦਾ ਦਰਜ ਹੈ।) ਰਾਹੁਲ ਕੁਮਾਰ ਉਰਫ਼ ਰਾਜਾ ਪੁੱਤਰ ਕੁਲਦੀਪ ਕੁਮਾਰ ਵਾਸੀ ਰੇਲਵੇ ਪਿੰਡੀ ਪਠਾਨਕੋਟ (10 ਮੁਕੱਦਮੇ ਲੜਾਈ ਅਤੇ ਐਨ ਡੀ ਪੀ ਐਸ ਐਕਟ ਦੇ ਦਰਜ ਹਨ।) ਸਾਹਿਲ ਸੈਣੀ ਪੁੱਤਰ ਜਸਵਿੰਦਰ ਸਿੰਘ ਵਾਸੀ ਗੰਜ ਮੁਹੱਲਾ ਤਾਰਾਗੜ੍ਹ (5 ਲੜਾਈ ਅਤੇ ਐਨ ਡੀ ਪੀ ਐਸ ਐਕਟ ਦੇ ਦਰਜ ਹਨ।) ਸੰਨੀ ਉਰਫ਼ ਦਾਸਾ ਪੁੱਤਰ ਕਸ਼ਮੀਰ ਸਿੰਘ ਵਾਸੀ ਪਿੰਡ ਬਹਾਦਰ (02 ਮੁਕੱਦਮੇ 307 ਅਤੇ ਅਸਲਾ ਐਕਟ ਦੇ ਦਰਜ ਹਨ) ਸ਼ਾਮਲ ਹਨ।

## ਖੰਡ 'ਤੇ ਕੰਟਰੋਲ ਲਈ ਸਹਿਕਾਰੀ ਖੰਡ ਮਿੱਲਾਂ ਚਲਾਓ : ਕਿਸਾਨ ਆਗੂ

**ਵਲਟੋਹਾ (ਰਣਜੀਤ ਸਿੰਘ)-** ਦੇਸ਼ ਦੀ ਭਾਜਪਾ ਸਰਕਾਰ ਨੇ ਕਾਰਪੋਰੇਟ ਘਰਾਣਿਆਂ ਨੂੰ ਖੁੱਲ੍ਹੀ ਲੁੱਟ ਕਰਨ ਦੀ ਛੁੱਟੀ ਦੇ ਦਿੱਤੀ ਹੈ। ਇਸੇ ਤਰ੍ਹਾਂ ਪੰਜਾਬ ਸਰਕਾਰ ਵੀ ਰੋਜ਼ਮਰ੍ਹਾ ਦੀਆਂ ਜ਼ਰੂਰੀ ਵਸਤਾਂ ਠੀਕ ਭਾਅ 'ਤੇ ਮੁਹੱਈਆ ਕਰਾਉਣ ਲਈ ਕੋਈ ਉਪਰਾਲੇ ਨਹੀਂ ਕਰ ਰਹੀ। ਖੰਡ, ਘਿਉ, ਤੇਲ, ਦਾਲਾਂ, ਘਿਓ ਆਦਿ ਜ਼ਰੂਰੀ ਵਸਤਾਂ ਖਰੀਦਣੀਆਂ ਔਖੀਆਂ ਹੋ ਰਹੀਆਂ ਹਨ। ਤਿਉਹਾਰਾਂ ਦਾ ਸੀਜ਼ਨ ਆ ਰਿਹਾ ਹੈ, ਖੰਡ



ਜਿਸ ਦੀ ਵਰਤੋਂ ਤਿਉਹਾਰਾਂ ਉੱਤੇ ਬਹੁਤ ਵਧ ਜਾਂਦੀ ਹੈ ਅਤੇ ਰੋਜ਼ਾਨਾ ਵੀ ਹਰ ਘਰ ਦੀ ਵੱਡੀ ਲੋੜ ਹੈ, ਉਸ ਦੇ ਰੇਟ ਦਿਨ ਬਦਿਨ ਵਧੀ ਜਾ ਰਹੇ ਹਨ। ਕੇਂਦਰ ਤੇ ਪੰਜਾਬ ਸਰਕਾਰ ਇਸ ਅੰਨ੍ਹੀ ਲੁੱਟ 'ਤੇ ਚੁੱਪ ਹਨ। ਸ਼ੇਰੋਂ ਖੰਡ ਮਿੱਲ ਬੰਦ ਕਰਨ ਦੇ 92ਵੇਂ ਦਿਨ ਵੀਰਵਾਰ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਮਨਜੀਤ ਸਿੰਘ ਬੱਗੂ, ਨਛੱਤਰ ਸਿੰਘ ਪੱਟੂ, ਦਿਲਬਾਗ ਸਿੰਘ ਮਰਹਾਣਾ, ਗੁਰਪ੍ਰੀਤ ਸਿੰਘ ਗੰਡੀਵਿੰਡ, ਹਰਜਿੰਦਰ ਸਿੰਘ ਟਾਂਡਾ, ਅਜਬ ਸਿੰਘ ਦੀਨਪੁਰ ਨੇ ਕਿਹਾ ਕਿ ਹੁਣ ਕਿਸਾਨਾਂ ਮਜ਼ਦੂਰਾਂ ਤੇ ਹੋਰ ਮਿਹਨਤਕਸ਼ ਜਨਤਾ ਨੂੰ ਇਸ ਅੰਨ੍ਹੀ ਲੁੱਟ ਵਿਰੁੱਧ ਮੈਦਾਨ ਵਿੱਚ ਆਉਣਾ ਪੈਣਾ ਹੈ। ਉਹਨਾਂ ਕਿਹਾ ਕਿ ਜਦ ਸਹਿਕਾਰੀ ਖੰਡ ਮਿੱਲਾਂ ਚਾਲੂ ਹੁੰਦੀਆਂ ਸਨ ਅਤੇ ਸਰਕਾਰ ਕੋਲ ਲੋੜੀਂਦੀ ਮਾਤਰਾ ਵਿੱਚ ਖੰਡ ਉਪਲਬਧ ਹੁੰਦੀ ਸੀ ਤਾਂ ਕਦੇ ਵੀ ਇਸ ਤਰ੍ਹਾਂ ਭਾਅ ਅਸਮਾਨੀ ਨਾ ਚੜ੍ਹਦੇ। ਉਹਨਾਂ ਮੰਗ ਕੀਤੀ ਕਿ ਸ਼ੇਰੋਂ ਖੰਡ ਮਿੱਲ ਸਮੇਤ ਸਭ ਸਹਿਕਾਰੀ ਖੰਡ ਮਿੱਲਾਂ ਮੁੜ ਚਾਲੂ ਕੀਤੀਆਂ ਜਾਣ। ਸਰਕਾਰਾਂ ਦਾ ਫਰਜ਼ ਬਣਦਾ ਹੈ ਖੇਤੀ ਪੈਦਾਵਾਰ ਲਈ ਵਰਤੀਆਂ ਜਾਂਦੀਆਂ ਖਾਦਾਂ ਦਵਾਈਆਂ ਤੇ ਘਰੇਲੂ ਵਰਤੋਂ ਦੀਆਂ 14 ਚੀਜ਼ਾਂ ਸਰਕਾਰ ਡਿਪੂਆਂ ਰਾਹੀਂ ਆਮ ਜਨਤਾ ਤੱਕ ਪੁੱਜਦੀਆਂ ਕਰੇ। ਜੇਕਰ ਸਰਕਾਰ ਅਜਿਹਾ ਕਰਨ ਵਿੱਚ ਨਾਕਾਮ ਰਹੀ ਤਾਂ ਮਿਹਨਤਕਸ਼ ਜਨਤਾ ਨੂੰ ਹਾਕਮਾਂ ਵਿਰੁੱਧ ਜ਼ੋਰਦਾਰ ਅਵਾਜ਼ ਵਿੱਚ ਉੱਠਣਾ ਪਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਚੈਨ ਸਿੰਘ ਸਰਾਲੀ, ਕੈਪਟਨ ਸਿੰਘ ਬਘਿਆੜੀ, ਰਾਜਬੀਰ ਸਿੰਘ, ਮੇਜਰ ਸਿੰਘ, ਜਸਬੀਰ ਸਿੰਘ ਨਿੱਜਰਪੁਰ ਸੁਖਦਿਆਲ ਸਿੰਘ ਸਿੱਧੂ, ਬਲਦੇਵ ਸਿੰਘ ਤੇ ਅਮਰੀਕ ਸਿੰਘ ਵਲਟੋਹਾ, ਕਸ਼ਮੀਰ ਸਿੰਘ ਸ਼ੇਰੋਂ, ਗੁਰਪ੍ਰਤਾਪ ਸਿੰਘ, ਖਜ਼ਾਨ ਸਿੰਘ ਮਨਜਿੰਦਰ ਸਿੰਘ ਠੱਠੀਆਂ, ਸੁਰਤ ਸਿੰਘ ਸਮੇਤ ਕਈ ਆਗੂ ਤੇ ਵਰਕਰ ਹਾਜ਼ਰ ਰਹੇ।

## ਸਕੂਲਾਂ ਦੇ ਜ਼ਿਲ੍ਹਾ ਪੱਧਰੀ ਰੋਲ ਪਲੇਅ ਮੁਕਾਬਲੇ ਖਾਲਸਾ ਕਾਲਜ ਦੇ ਵਿਹੜੇ 'ਚ

**ਤਰਸਿੱਕਾ/ਅੰਮ੍ਰਿਤਸਰ (ਤਰਸੇਮ ਸਿੰਘ ਸਾਧਪੁਰ, ਜਸਬੀਰ ਸਿੰਘ ਪੱਟੀ)-** ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੁਆਰਾ ਨਿਰਧਾਰਤ ਕਿਸ਼ੋਰ ਸਿੱਖਿਆ ਪ੍ਰੋਗਰਾਮ ਤਹਿਤ ਜ਼ਿਲ੍ਹਾ ਪੱਧਰੀ ਰੋਲ ਪਲੇਅ



ਮੁਕਾਬਲੇ ਅੰਮ੍ਰਿਤਸਰ ਦੀ ਖਾਲਸਾ ਕਾਲਜ ਬ੍ਰਾਂਚ ਰਣਜੀਤ ਐਵੇਨਿਊ ਦੇ ਵਿਹੜੇ ਵਿੱਚ ਹਰਜਿੰਦਰ ਸਿੰਘ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਅੰਮ੍ਰਿਤਸਰ, ਰਾਜੇਸ਼ ਖੰਨਾ ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਦੇ ਦਿਸ਼ਾ ਨਿਰਦੇਸ਼ ਅਨੁਸਾਰ ਸ੍ਰ. ਨਰਿੰਦਰ ਸਿੰਘ ਸਟੇਟ ਰਿਸੋਰਸ ਪਰਸਨ ਕਮ ਜ਼ਿਲ੍ਹਾ ਕੋਆਰਡੀਨੇਟਰ ਏ.ਈ.ਪੀ. ਦੀ ਯੋਗ ਅਗਵਾਈ ਹੇਠ ਐਸ ਤੋਂ ਪੂਰੇ ਜਾਹੋ ਜਲਾਲ ਨਾਲ ਸ਼ੁਰੂ ਕੀਤੇ ਗਏ। ਇਸ ਵਿੱਚ ਜ਼ਿਲ੍ਹੇ ਦੇ ਹਰ ਬਲਾਕ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀਆਂ 13 ਟੀਮਾਂ ਨੇ ਭਾਗ ਲਿਆ। ਪੰਜਾਬੀ ਸੱਭਿਆਚਾਰ, ਨਾਟਕਾਂ, ਫਿਲਮਾਂ ਅਤੇ ਥੀਏਟਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਸ੍ਰੀ ਦਲਜੀਤ ਸਿੰਘ ਸੋਨਾ, ਸਟੇਟ ਅਵਾਰਡੀ ਮੈਡਮ ਰਵਿੰਦਰ ਕੌਰ, ਅਸਿਸਟੈਂਟ ਪ੍ਰੋਫੈਸਰ ਡਾ. ਗਗਨਦੀਪ ਸਿੰਘ ਖਾਲਸਾ ਕਾਲਜ ਵੱਲੋਂ ਬਤੌਰ ਜੱਜਾਂ ਦੀ ਭੂਮਿਕਾ ਨਿਭਾਈ ਗਈ। ਇਸ ਮੌਕੇ ਮੰਚ ਸੰਚਾਲਕ ਗਗਨਦੀਪ ਕੌਰ ਨੇ ਆਪਣੇ ਸ਼ਬਦ ਸ਼ਾਇਰੀ ਦੇ ਵਿਲੱਖਣ ਅੰਦਾਜ਼ ਨਾਲ ਪ੍ਰੋਗਰਾਮ ਦਾ ਰੰਗ ਬੰਨ੍ਹੀ ਰੱਖਿਆ। ਜ਼ਿਲ੍ਹਾ ਕੋਆਰਡੀਨੇਟਰ ਇੰਚਾਰਜ ਪ੍ਰਿੰਸੀਪਲ ਨਰਿੰਦਰ ਰਾਣੇ ਰਹੇ, ਜਿਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਆਪਣੇ ਸੰਬੋਧਨ ਵਿੱਚ ਕਿਸ਼ੋਰ ਅਵਸਥਾ ਵਿੱਚ ਆਉਂਦੀਆਂ ਸਮੱਸਿਆਵਾਂ ਅਤੇ ਉਹਨਾਂ ਦੇ ਹੱਲ ਬਾਰੇ ਜਾਣਕਾਰੀ ਦਿੱਤੀ। ਇਸ ਸਮਾਰੋਹ ਦੇ ਪ੍ਰਬੰਧਕ ਮੈਡਮ ਮਨਦੀਪ ਕੌਰ, ਮਨਜੀਤ ਕੌਰ ਦਾ ਪ੍ਰਬੰਧ ਪ੍ਰਸ਼ੰਸਾ ਯੋਗ ਸੀ। ਐਸ ਆਰ ਜੀ ਮੈਡਮ ਵਿੱਚ ਜ਼ਿਲ੍ਹਾ ਪੱਧਰ 'ਤੇ ਪਹਿਲਾ ਸਥਾਨ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਨਵਾਂ ਕੋਟ, ਦੂਜਾ ਸਥਾਨ ਸਰਕਾਰੀ ਸਕੂਲ ਮੀਰਾਂ ਕੋਟ ਅਤੇ ਤੀਸਰਾ ਸਥਾਨ ਸਰਕਾਰੀ ਹਾਈ ਸਕੂਲ ਕਾਲਾ ਨੇ ਪ੍ਰਾਪਤ ਕੀਤਾ। ਇਸ ਮੌਕੇ ਖਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਮਨਦੀਪ ਕੌਰ, ਰਾਏ ਮੁਕਤੀ ਦੇ ਕੇ ਪ੍ਰਿੰਸੀਪਲ ਸਰਬਜੀਤਪਾਲ ਸਿੰਘ, ਸਟੀਫਨ ਗਿੱਲ ਅਤੇ ਵੱਖ ਵੱਖ ਸਕੂਲਾਂ ਦੇ ਗਾਈਡ ਅਧਿਆਪਕ ਹਾਜ਼ਰ ਸਨ।

## ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਸਕੂਲ ਧਾਰੀਵਾਲ ਦੀਆਂ 5 ਵਿਦਿਆਰਥਣਾਂ ਨੇ 5 ਗੋਲਡ ਮੈਡਲ ਜਿੱਤੇ

**ਧਾਰੀਵਾਲ (ਮਨਦੀਪ ਵਿੱਕੀ)-** ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਧਾਰੀਵਾਲ ਦੀਆਂ 5 ਵਿਦਿਆਰਥਣਾਂ ਨੇ ਵੱਖ-ਵੱਖ ਭਾਰ ਵਰਗ ਦੇ ਜ਼ਿਲ੍ਹਾ ਪੱਧਰੀ ਵੇਟ ਲਿਫਟਿੰਗ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ 5 ਗੋਲਡ ਮੈਡਲ ਹਾਸਲ ਕਰਕੇ



ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਪ੍ਰਿੰਸੀਪਲ ਡਾ. ਗਗਨਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰਚੋਵਾਲ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਵੇਟ ਲਿਫਟਿੰਗ ਮੁਕਾਬਲਿਆਂ ਵਿੱਚ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਧਾਰੀਵਾਲ ਦੀਆਂ 5 ਵਿਦਿਆਰਥਣਾਂ ਨੇ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪੰਜਾਂ ਵਿਦਿਆਰਥਣਾਂ ਨੇ ਗੋਲਡ ਮੈਡਲ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥਣ ਤ੍ਰਿਸ਼ੀ (48 ਕਿਲੋ ਵੇਟ) ਗੋਲਡ ਮੈਡਲ, ਪਲਵੀ (53 ਕਿਲੋ ਵੇਟ) ਗੋਲਡ ਮੈਡਲ, ਮਨਰੀਤ (58 ਕਿਲੋ ਵੇਟ) ਗੋਲਡ ਮੈਡਲ, ਮਹਿਕਦੀਪ ਕੌਰ (77 ਕਿਲੋ ਵੇਟ) ਗੋਲਡ ਮੈਡਲ ਅਤੇ ਸਿਮਰ (77 ਕਿਲੋ ਵੇਟ) ਨੇ ਗੋਲਡ ਮੈਡਲ ਪ੍ਰਾਪਤ ਕੀਤੇ ਹਨ ਅਤੇ ਇਹ ਪੰਜ ਗੋਲਡ ਮੈਡਲ ਜੇਤੂ ਪੰਜ ਵਿਦਿਆਰਥਣ ਪੰਜਾਬ ਸਟੇਟ ਪੱਧਰ ਦੇ ਵੇਟ ਲਿਫਟਿੰਗ ਮੁਕਾਬਲਿਆਂ ਲਈ ਚੁਣੀਆਂ ਗਈਆਂ ਹਨ। ਇਹਨਾਂ ਜੇਤੂ ਵਿਦਿਆਰਥਣਾ ਦਾ ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਡਾ. ਗਗਨਜੀਤ ਕੌਰ ਤੇ ਸਟਾਫ ਮੈਂਬਰਾਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਇਹਨਾਂ ਵਿਦਿਆਰਥਣਾਂ ਨੂੰ ਮੁਕਾਬਲੇ ਲਈ ਤਿਆਰੀ ਮੈਡਮ ਪਲਵਿੰਦਰ ਕੌਰ, ਅਮਨਦੀਪ ਕੌਰ, ਮੈਡਮ ਸੋਨੀਆ ਅਤੇ ਕੋਚ ਸੁਰਿੰਦਰ ਮੋਹਨ ਸ਼ਰਮਾ ਨੇ ਕਰਵਾਈ।

## ਰਿੰਟੂ ਨੇ ਪੰਚਾਇਤ ਗੁਮਟਾਲਾ ਕਲੋਨੀ 'ਚ ਨਵੀਆਂ ਗਲੀਆਂ ਦੇ ਨਿਰਮਾਣ ਦਾ ਕੀਤਾ ਉਦਘਾਟਨ

**ਅੰਮ੍ਰਿਤਸਰ (ਜਗਦੀਪ ਕਲੇਰ)-** ਆਮ ਆਦਮੀ ਪਾਰਟੀ ਦੇ ਉੱਤਰੀ ਵਿਧਾਨ ਸਭਾ ਹਲਕੇ ਦੇ ਇੰਚਾਰਜ ਕਰਮਜੀਤ ਸਿੰਘ ਰਿੰਟੂ ਨੇ ਪੰਚਾਇਤ ਗੁਮਟਾਲਾ ਕਲੋਨੀ (ਲੋਹਾਰਕਾ ਰੋਡ) ਵਿੱਚ ਨਵੀਆਂ ਗਲੀਆਂ ਦੇ ਨਿਰਮਾਣ ਦਾ ਉਦਘਾਟਨ ਕੀਤਾ। ਰਿੰਟੂ ਨੇ ਕਿਹਾ ਕਿ



ਉੱਤਰੀ ਵਿਧਾਨ ਸਭਾ ਹਲਕੇ ਦੇ ਸਾਰੇ ਖੇਤਰਾਂ ਵਿੱਚ ਵਸਨੀਕਾਂ ਦੀ ਸਹੂਲਤ ਲਈ ਵਿਕਾਸ ਕਾਰਜ ਜਾਰੀ ਹਨ, ਜਿਸ ਵਿੱਚ ਵਸਨੀਕਾਂ ਦੀ ਸਹੂਲਤ ਅਤੇ ਬਿਹਤਰ ਬੁਨਿਆਦੀ ਢਾਂਚੇ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸਾਡਾ ਸੰਕਲਪ ਹੈ ਕਿ ਵਿਕਾਸ ਦੀ ਗਤੀ ਹਰ ਗਲੀ, ਹਰ ਮੁਹੱਲੇ ਅਤੇ ਹਰ ਘਰ ਤੱਕ ਪਹੁੰਚੇ, ਇਹ ਯਕੀਨੀ ਬਣਾਇਆ ਜਾਵੇ ਕਿ ਲੋਕਾਂ ਨੂੰ ਬਿਹਤਰ ਬੁਨਿਆਦੀ ਢਾਂਚਾ ਮਿਲੇ। ਉਨ੍ਹਾਂ ਕਿਹਾ ਕਿ ਉਹ ਹਲਕੇ ਦੀ ਸੇਵਾ ਅਤੇ ਵਿਕਾਸ ਲਈ ਵਚਨਬੱਧ ਹਨ। ਰਿੰਟੂ ਨੇ ਦੱਸਿਆ ਕਿ ਉੱਤਰੀ ਵਿਧਾਨ ਸਭਾ ਹਲਕੇ ਵਿੱਚ ਰਾਮ ਤੀਰਥ ਰੋਡ 'ਤੇ ਸਥਿਤ ਸੀਵਰੇਜ ਟ੍ਰੀਟਮੈਂਟ ਪਲਾਂਟ ਦੀ ਸਮਰੱਥਾ ਵਧਾਉਣ ਲਈ ਟੈਂਡਰ ਪ੍ਰਕਿਰਿਆ ਚੱਲ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਵੇਲੇ ਟ੍ਰੀਟਮੈਂਟ ਪਲਾਂਟ ਦੀ ਸਮਰੱਥਾ 95 ਐਮ ਐਲ ਡੀ ਹੈ, ਅਤੇ ਇਸ ਵਿੱਚ 60 ਐਮ ਐਲ ਡੀ ਦਾ ਵਾਧਾ ਕੀਤਾ ਜਾਵੇਗਾ। ਇਸ ਨਾਲ ਉੱਤਰੀ ਵਿਧਾਨ ਸਭਾ ਹਲਕੇ ਵਿੱਚ ਸੀਵਰੇਜ ਸਿਸਟਮ ਵਿੱਚ ਸੁਧਾਰ ਹੋਵੇਗਾ। ਉਨ੍ਹਾਂ ਕਿਹਾ ਕਿ ਉਨ੍ਹਾਂ ਖੇਤਰਾਂ ਵਿੱਚ ਨਵੇਂ ਸੀਵਰੇਜ ਸਿਸਟਮ ਲਗਾਏ ਜਾ ਰਹੇ ਹਨ ਜਿੱਥੇ ਸੀਵਰੇਜ ਦੀ ਸਮੱਸਿਆ ਪਾਈ ਜਾਂਦੀ ਹੈ। ਮਸ਼ੀਨ ਨਾਲ ਚੱਲਣ ਵਾਲੇ ਸੀਵਰੇਜ ਦੀ ਸਫ਼ਾਈ ਵੀ ਲਗਾਤਾਰ ਕੀਤੀ ਜਾ ਰਹੀ ਹੈ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਤੇ ਮਾਵਾਂ ਧੀਆਂ ਸਤਿਕਾਰ ਯੋਜਨਾ ਲਈ ਫਾਰਮ ਉਨ੍ਹਾਂ ਦੇ ਦਫ਼ਤਰ ਵਿੱਚ ਭਰੇ ਗਏ ਹਨ। ਮਾਵਾਂ ਅਤੇ ਭੈਣਾਂ ਨੂੰ ਇਸ ਦਾ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਕੋਲ ਨੀਲੇ ਰਾਸ਼ਨ ਕਾਰਡ ਨਹੀਂ ਹਨ, ਉਹ ਵੀ ਉਨ੍ਹਾਂ ਦੇ ਦਫ਼ਤਰ ਆ ਕੇ ਉਨ੍ਹਾਂ ਨੂੰ ਬਣਵਾ ਸਕਦੇ ਹਨ। ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪ੍ਰਿਯੰਕਾ ਸ਼ਰਮਾ, ਸਰਪੰਚ ਬਲਜੀਤ ਕੌਰ, ਪੰਚਾਇਤ ਮੈਂਬਰ ਗੁਰਮੀਤ ਸਿੰਘ, ਕੁਲਵੰਤ ਸਿੰਘ, ਵਿਕਰਮ ਸਿੰਘ ਅਤੇ ਪੰਚਾਇਤ ਦੇ ਪਤਵੰਤੇ ਹਾਜ਼ਰ ਸਨ।

## ਸ਼ਹੀਦ ਬਾਬਾ ਸਿੱਧ ਸੌਂਹ ਰੰਧਾਵਾ ਵਿਖੇ ਰਸੋਈ ਘਰ ਦੀ ਕਾਰ ਸੇਵਾ ਸ਼ੁਰੂ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-** ਸਥਾਨਕ ਕਸਬੇ ਦੇ ਨਜ਼ਦੀਕੀ ਹਿੰਦ-ਪਾਕਿ ਸਰਹੱਦ ਡੇਰਾ ਬਾਬਾ ਨਾਨਕ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਨੇੜੇ ਗੁਰਦੁਆਰਾ ਸ਼ਹੀਦ ਬਾਬਾ ਸਿੱਧ ਸੌਂਹ ਰੰਧਾਵਾ ਵਿਖੇ ਰੰਧਾਵਾ ਪਰਿਵਾਰਾਂ ਵੱਲੋਂ ਐਨ ਆਰ ਆਈ ਵੀਰਾਂ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਲੰਗਰ ਹਾਲ ਦੇ ਨਜ਼ਦੀਕ ਨਵੀਂ ਰਸੋਈ ਘਰ ਦੀ ਕਾਰ ਸੇਵਾ ਸ਼ੁਰੂ ਕੀਤੀ ਗਈ। ਇਸ ਮੌਕੇ ਗੁਰਦੁਆਰਾ ਸ਼ਹੀਦ ਬਾਬਾ ਸਿੱਧ ਸੌਂਹ ਰੰਧਾਵਾ ਦੇ ਮੁੱਖ ਸੇਵਾਦਾਰ ਨਿਹੰਗ ਸਿੰਘ ਬਾਬਾ ਸੁਖਦੇਵ ਸਿੰਘ ਵੱਲੋਂ ਨਵੀਂ ਰਸੋਈ ਘਰ ਬਣਾਉਣ ਲਈ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਕਮੇਟੀ ਪ੍ਰਧਾਨ ਸਾਬਕਾ ਸਰਪੰਚ ਸੁਰਜੀਤ ਸਿੰਘ ਰੰਧਾਵਾ ਅਤੇ ਕਮੇਟੀ ਮੈਂਬਰਾਂ ਵੱਲੋਂ ਨਵੀਂ ਬਣ ਰਹੀ ਰਸੋਈ ਘਰ ਦੀ ਕਾਰ ਸੇਵਾ ਆਰੰਭ ਕੀਤੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਸੁਰਜੀਤ ਸਿੰਘ ਰੰਧਾਵਾ, ਕਮੇਟੀ ਮੈਂਬਰ ਕੌਂਸਲਰ ਗੁਰਨਾਮ ਸਿੰਘ ਰੰਧਾਵਾ ਤੇ ਸਾਬਕਾ ਕੌਂਸਲਰ ਤਰਲੋਚਨ ਸਿੰਘ ਰੰਧਾਵਾ ਨੇ ਦੱਸਿਆ ਕਿ ਦੇਸ਼ਾਂ-ਵਿਦੇਸ਼ਾਂ ਤੋਂ ਸੰਗਤਾਂ ਵੱਡੀ ਗਿਣਤੀ ਵਿੱਚ ਹਰ ਰੋਜ਼ ਗੁਰਦੁਆਰਾ ਸਾਹਿਬ ਦੇ ਨਜ਼ਦੀਕ ਭਾਰਤ-ਪਾਕਿ ਸਰਹੱਦ 'ਤੇ ਬਣੇ ਦਰਸ਼ਨ ਸਥਲ 'ਤੇ ਖਲੋ ਕੇ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਦੀਦਾਰੇ ਕਰਦੀਆਂ ਹਨ, ਉਪਰੰਤ ਗੁਰਦੁਆਰਾ ਸ਼ਹੀਦ ਬਾਬਾ ਸਿੱਧ ਸੌਂਹ ਵਿਖੇ ਨਤਮਸਤਕ ਹੁੰਦੀਆਂ ਹਨ। ਸੰਗਤਾਂ ਲਈ ਗੁਰਦੁਆਰਾ ਸਾਹਿਬ ਵਿਖੇ ਪ੍ਰਬੰਧਕ ਕਮੇਟੀ ਵੱਲੋਂ ਲੰਗਰ ਦੇ ਵਿਸ਼ੇਸ਼ ਪ੍ਰਬੰਧ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਸੰਗਤਾਂ ਦੀ ਭਾਰੀ ਆਮਦ ਨੂੰ ਦੇਖਦਿਆਂ ਲੰਗਰ ਬਣਾਉਣ ਲਈ ਰਸੋਈ ਘਰ ਦੀ ਬਹੁਤ ਵੱਡੀ ਜ਼ਰੂਰਤ ਸੀ। ਜੋ ਅੱਜ ਉਸ ਲੋੜ ਨੂੰ ਪੂਰਾ ਕਰਦਿਆਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਵੱਡੇ



ਰਸੋਈ ਘਰ ਦੀ ਕਾਰ ਸੇਵਾ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਰਸੋਈ ਘਰ ਬਣਨ ਦੇ ਨਾਲ ਹੁਣ ਬਰਸਾਤ ਵਿੱਚ ਵੀ ਸੰਗਤਾਂ ਨੂੰ ਲੰਗਰ ਬਣਾਉਣ ਲਈ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਵੀ ਇਸ ਚੱਲ ਰਹੀ ਕਾਰ ਸੇਵਾ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾਉਣ। ਇਸ ਮੌਕੇ ਕਮੇਟੀ ਮੈਂਬਰ ਚਰਨਜੀਤ ਸਿੰਘ, ਜੈਮਲ ਸਿੰਘ, ਦਰਸ਼ਨ ਸਿੰਘ, ਤਰਲੋਕ ਸਿੰਘ, ਬਾਬਾ ਸੁਖਦੇਵ ਸਿੰਘ ਨਿਹੰਗ, ਬਾਬਾ ਜੋਗਿੰਦਰ ਸਿੰਘ, ਸ਼ਿਵ ਦਿਆਲ, ਹਰਪਾਲ ਸਿੰਘ ਪੱਖੋਕੇ ਤੇ ਜਸਬੀਰ ਸਿੰਘ ਆਦਿ ਹਾਜ਼ਰ ਸਨ।

## ਖ਼ਾਲਸਾ ਕਾਲਜ ਵਿਖੇ ਤਿਰੰਗਾ ਰੈਲੀ ਕਰਵਾਈ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ )—** ਖ਼ਾਲਸਾ ਕਾਲਜ ਵਿਖੇ ਦੇਸ਼-ਵਿਆਪੀ 'ਹਰ ਘਰ ਤਿਰੰਗਾ' ਮੁਹਿੰਮ ਤਹਿਤ ਤਿਰੰਗਾ ਰੈਲੀ ਕਰਵਾਈ ਗਈ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੀ ਅਗਵਾਈ ਹੇਠ ਕਰਵਾਈ ਰੈਲੀ 'ਚ ਵਿਦਿਆਰਥੀਆਂ ਅਤੇ ਸਟਾਫ਼ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਦੇਸ਼-ਭਗਤੀ, ਰਾਸ਼ਟਰੀ ਦੌਰਾਨ ਵਿਦਿਆਰਥੀਆਂ ਨੇ ਤਿਰੰਗੇ ਲਹਿਰਾਉਂਦੇ ਹੋਏ ਬੜੇ ਉਤਸ਼ਾਹ ਨਾਲ ਦੇਸ਼-ਭਗਤੀ ਦੇ ਗੀਤ ਗਾਏ। ਉਨ੍ਹਾਂ ਵਿਦਿਆਰਥੀਆਂ ਅਤੇ ਸਟਾਫ਼ ਵੱਲੋਂ ਦਿਖਾਏ ਉਤਸ਼ਾਹ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਰੈਲੀ ਕਾਲਜ ਦੀਆਂ ਐੱਨ. ਐੱਸ. ਐੱਸ. ਇਕਾਈਆਂ, ਐੱਨ. ਸੀ. ਸੀ. ਇਕਾਈਆਂ ਅਤੇ ਰੈੱਡ ਰਿਬਨ ਕਲੱਬ ਵੱਲੋਂ ਸਾਂਝੇ ਤੌਰ 'ਤੇ ਆਯੋਜਿਤ ਕੀਤੀ ਗਈ। ਜਿਸ 'ਚ ਪ੍ਰੋ. ਰਣਦੀਪ ਸਿੰਘ, ਐੱਨ. ਐੱਸ. ਐੱਸ. ਇੰਚਾਰਜ ਅਤੇ ਨੋਡਲ ਅਫ਼ਸਰ, ਰੈੱਡ ਰਿਬਨ ਕਲੱਬ, ਡਾ. ਸੰਦੀਪ ਸਿੰਘ, ਡਾ. ਸਿਓਜ਼ੀ ਭਾਟੀਆ ਅਤੇ ਪ੍ਰੋ. ਗੁਰਪ੍ਰੀਤ ਸਿੰਘ, ਐੱਨ. ਐੱਸ. ਐੱਸ. ਪ੍ਰੋਗਰਾਮ



ਮਾਣ ਅਤੇ ਏਕਤਾ ਦੀ ਭਾਵਨਾ ਨੂੰ ਉਜਾਗਰ ਕੀਤਾ। ਇਸ ਸਬੰਧੀ ਪ੍ਰਿੰ: ਡਾ. ਰੰਧਾਵਾ ਨੇ ਦੱਸਿਆ ਕਿ ਇਸ ਪਹਿਲ ਦਾ ਮਕਸਦ ਵਿਦਿਆਰਥੀਆਂ ਅਤੇ ਸਮਾਜ ਦੇ ਲੋਕਾਂ ਨੂੰ ਰਾਸ਼ਟਰੀ ਝੰਡੇ-ਤਿਰੰਗੇ ਦੀ ਮਹੱਤਤਾ ਪ੍ਰਤੀ ਜਾਗਰੂਕ ਕਰਨਾ ਅਤੇ ਨਾਗਰਿਕਾਂ ਨੂੰ ਆਪਣੇ ਘਰਾਂ 'ਤੇ ਰਾਸ਼ਟਰੀ ਝੰਡਾ ਮਾਣ ਅਤੇ ਸਨਮਾਨ ਨਾਲ ਲਹਿਰਾਉਣ ਲਈ ਪ੍ਰੇਰਿਤ ਕਰਨਾ ਸੀ। ਉਨ੍ਹਾਂ ਕਿਹਾ ਕਿ ਰੈਲੀ ਰਾਹੀਂ ਦੇਸ਼-ਭਗਤੀ, ਰਾਸ਼ਟਰੀ ਏਕਤਾ, ਭਾਈਚਾਰਕ ਸਾਂਝ, ਦੇਸ਼ ਪ੍ਰਤੀ ਸਤਿਕਾਰ ਅਤੇ ਜ਼ਿੰਮੇਵਾਰ ਨਾਗਰਿਕਤਾ ਦੇ ਮੁੱਲਾਂ ਦਾ ਸੰਦੇਸ਼ ਦਿੱਤਾ ਗਿਆ। ਜਿਸ ਅਫ਼ਸਰ ਅਤੇ ਡਾ. ਕਿਰਨਦੀਪ ਕੌਰ ਅਤੇ ਡਾ. ਪਰਮਿੰਦਰ ਸਿੰਘ, ਐੱਨ. ਸੀ. ਸੀ. ਵਿੰਗਾਂ ਦੇ ਇੰਚਾਰਜਾਂ ਵੱਲੋਂ ਸਹਿਯੋਗ ਦਿੱਤਾ ਗਿਆ। ਉਨ੍ਹਾਂ ਐਨ.ਐਸ.ਐਸ., ਐਨ.ਸੀ.ਸੀ. ਅਤੇ ਰੈੱਡ ਰਿਬਨ ਕਲੱਬ ਦੀਆਂ ਟੀਮਾਂ ਦੀ ਉਕਤ ਪਹਿਲ ਨੂੰ ਸਫਲ ਬਣਾਉਣ ਲਈ ਕੀਤੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਵਿਦਿਆਰਥੀ ਭਲਾਈ ਡੀਨ ਡਾ. ਦਲਜੀਤ ਸਿੰਘ ਨੇ ਕਿਹਾ ਕਿ 'ਹਰ ਘਰ ਤਿਰੰਗਾ ਮੁਹਿੰਮ' ਨੌਜਵਾਨਾਂ ਲਈ ਦੇਸ਼ ਪ੍ਰਤੀ ਆਪਣੇ ਪਿਆਰ, ਸਤਿਕਾਰ ਅਤੇ ਮਾਣ ਦਾ ਪ੍ਰਗਟਾਵਾ ਕਰਨ ਦਾ ਇੱਕ ਅਰਥਪੂਰਨ ਮੌਕਾ ਹੈ।

## ਮੇਅਰ ਭੁਪਿੰਦਰ ਸਿੰਘ ਬਾਜਵਾ ਤੇ ਚੇਅਰਮੈਨ ਮਾਨਿਕ ਮਹਿਤਾ ਨੇ ਲੋਕਾਂ ਦੀਆਂ ਮੁਸ਼ਕਲਾਂ ਕੀਤੀਆਂ ਹੱਲ



**ਬਟਾਲਾ (ਡਾਕਟਰ ਮਲਵਿੰਦਰ ਸਿੰਘ)-** ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵਲੋਂ ਲਗਾਤਾਰ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀ ਮੁਸ਼ਕਲਾਂ ਹੱਲ ਕੀਤੀਆਂ ਜਾਂਦੀਆਂ ਹਨ। ਜਿਸ ਦੇ ਚੱਲਦਿਆਂ ਨਗਰ ਨਿਗਮ ਬਟਾਲਾ ਦੇ ਮੇਅਰ ਭੁਪਿੰਦਰ ਸਿੰਘ ਬਾਜਵਾ ਤੇ ਚੇਅਰਮੈਨ ਮਾਨਿਕ ਮਹਿਤਾ ਪਹੁੰਚੇ ਗਾਂਧੀ ਨਗਰ ਕੈਂਪ ਅਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣ ਕੇ ਹੱਲ ਕੀਤੀਆਂ ਗਈਆਂ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਸ਼ਹਿਰ ਵਾਸੀਆਂ ਦੀ ਮੁਸ਼ਕਲਾਂ ਹੱਲ ਕੀਤੀਆਂ ਜਾ ਰਹੀਆਂ ਹਨ ਅਤੇ ਬਟਾਲਾ ਸ਼ਹਿਰ 'ਚ ਪਿਛਲੇ ਕਰੀਬ ਸਾਢੇ ਚਾਰ ਸਾਲਾਂ ਵਿੱਚ ਵੱਖ ਵੱਖ ਵਿਕਾਸ ਕਾਰਜ ਕਰਵਾ ਕੇ ਸ਼ਹਿਰ ਦੀ ਨੁਹਾਰ ਬਦਲੀ ਗਈ ਹੈ। ਬਟਾਲਾ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਸ਼ਹਿਰ ਵਿਚਲੀਆਂ ਸੜਕਾਂ ਅਤੇ ਚੌਂਕਾਂ ਨੂੰ ਚੌੜਾ ਕੀਤਾ ਗਿਆ ਹੈ, ਟਰੈਫਿਕ ਲਾਈਟਾਂ ਲਗਾਈਆਂ ਗਈਆਂ ਹਨ, ਸੀ ਸੀ ਟੀ ਵੀ ਕੈਮਰੇ ਲਗਾਏ ਗਏ ਹਨ। ਸ਼ਹਿਰ ਵਿਚਲੇ ਚੌਂਕਾਂ ਨੂੰ ਚੌੜਿਆਂ ਕਰਕੇ ਖੂਬਸੂਰਤ ਦਿੱਖ ਦਿੱਤੀ ਗਈ ਹੈ। ਸ਼ਹਿਰ ਵਿੱਚ ਲਾਇਬ੍ਰੇਰੀ ਦੀ ਇਮਾਰਤ ਜਿਸ ਦੀ ਹਾਲਤ ਬਹੁਤ ਖਸਤਾ ਸੀ, ਦੀ ਨਵੀਂ ਇਮਾਰਤ ਉਸਾਰੀ ਗਈ ਹੈ। ਸੁੱਖਾ ਸਿੰਘ-ਮਹਿਤਾਬ ਸਿੰਘ ਚੌਂਕ ਵਿੱਖੇ ਸ਼ਾਨਦਾਰ ਕਲਾਕ ਟਾਵਰ ਲਗਾ ਕੇ ਉਸਾਰੀ ਕਰਵਾਈ ਗਈ ਹੈ। ਸ਼ਹਿਰ ਵਾਸੀਆਂ ਨੂੰ ਸਾਫ਼ ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਵਿਕਾਸ ਕੰਮ ਕਰਵਾਇਆ ਗਿਆ ਹੈ। ਇਸ ਤੋਂ ਇਲਾਵਾ ਵੱਖ ਵੱਖ ਵਿਕਾਸ ਕਾਰਜ ਪ੍ਰਗਤੀ 'ਤੇ ਹਨ।

## ਡੇਅਰੀ ਫਾਰਮਿੰਗ ਦਾ ਸਿਖਲਾਈ ਕੋਰਸ 24 ਨੂੰ ਸ਼ੁਰੂ

**ਗੁਰਦਾਸਪੁਰ (ਜਨਕ ਮਹਾਜਨ)-** ਡੇਅਰੀ ਫਾਰਮਰਾਂ ਲਈ 2 ਹਫਤੇ ਦਾ ਡੇਅਰੀ ਸਿਖਲਾਈ ਕੋਰਸ 24 ਅਗਸਤ ਤੋਂ 3 ਸਤੰਬਰ (2 ਹਫਤੇ) ਡੇਅਰੀ ਸਿਖਲਾਈ ਕੇਂਦਰ ਵੇਰਕਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਚਲਾਇਆ ਜਾਣਾ ਹੈ। ਜ਼ਿਲ੍ਹਾ ਗੁਰਦਾਸਪੁਰ ਨਾਲ ਸੰਬੰਧਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਗੁਰਦਾਸਪੁਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਬਲਾਕ ਬੀ ਚੌਥੀ ਮੰਜ਼ਲ ਕਮਰਾ ਨੰਬਰ 508 ਵਿਖੇ 21 ਅਗਸਤ ਤੱਕ ਅਰਜ਼ੀਆਂ ਦੇ ਸਕਦੇ ਹਨ। ਇਸ ਸਬੰਧੀ ਡੇਅਰੀ ਵਿਕਾਸ ਇੰਸਪੈਕਟਰ ਗੁਰਦਾਸਪੁਰ ਨੇ ਦੱਸਿਆ ਕਿ ਖੇਤੀ ਵਿਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਣਾਉਣ ਲਈ 2 ਹਫਤੇ ਦੀ ਡੇਅਰੀ ਸਿਖਲਾਈ 24 ਅਗਸਤ ਤੋਂ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ ਵੇਰਕਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਕਰਵਾਈ ਜਾਣੀ ਹੈ। ਸਿਖਲਾਈ ਉਪਰੰਤ ਵਿਭਾਗ ਵੱਲੋਂ ਸੰਬੰਧਤਾਂ ਨੂੰ ਵੱਖ-ਵੱਖ ਬੈਂਕਾਂ ਤੋਂ ਡੇਅਰੀ ਕਰਜ਼ੇ ਦੀ ਸੁਵਿਧਾ ਰਾਹੀਂ 2 ਤੋਂ 20 ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਤ ਕਰਵਾ ਕੇ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਇਸ ਦੇ ਨਾਲ ਕੈਟਲ ਸ਼ੈਡ, ਮਿਲਕਿੰਗ ਮਸ਼ੀਨ, ਫੋਡਰ ਹਾਰਵੈਸਟਰ ਅਤੇ ਹੋਰ ਮਸ਼ੀਨਰੀ ਆਦਿ ਤੇ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ।

## ਜੀ ਟੀ ਬੀ ਆਈ ਸਕੂਲ ਵਿਖੇ ਭਾਸ਼ਣ ਤੇ ਡਿਬੇਟ ਮੁਕਾਬਲੇ



**ਧਾਰੀਵਾਲ (ਮਨਦੀਪ ਵਿੱਕੀ)-** ਗੁਰੂ ਤੇਗ ਬਹਾਦਰ ਇੰਟਰਨੈਸ਼ਨਲ (ਜੀ.ਟੀ.ਬੀ.ਆਈ) ਸਕੂਲ ਕਲਿਆਣਪੁਰ ਵਿਖੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਭਾਸ਼ਣ ਅਤੇ ਡਿਬੇਟ ਮੁਕਾਬਲੇ ਕਰਵਾਏ ਗਏ। ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸੁਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਰਵਾਏ ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਐਡਵੋਕੇਟ ਪ੍ਰਿਤਪਾਲ ਸਿੰਘ ਅਤੇ ਪ੍ਰਿੰਸੀਪਲ ਸੈਮੂਅਲ ਦਾਸ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਭਾਸ਼ਣ ਮੁਕਾਬਲੇ ਵਿੱਚ ਅੱਠਵੀਂ ਜਮਾਤ ਦੀ ਵਿਦਿਆਰਥਣ ਦਿਲਮਨਪ੍ਰੀਤ ਕੌਰ ਨੇ ਪਹਿਲਾ, ਨੌਵੀਂ ਜਮਾਤ ਦੇ ਵਿਦਿਆਰਥੀ ਗੁਰਵਿੰਦਰ ਸਿੰਘ ਨੇ ਦੂਜਾ, ਜਦਕਿ ਅੱਠਵੀਂ ਜਮਾਤ ਦੀ ਨਵਦੀਪ ਕੌਰ ਅਤੇ ਨੌਵੀਂ ਜਮਾਤ ਦੀ ਹਰਸਿਮਰਨ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਡਿਬੇਟ ਮੁਕਾਬਲਿਆਂ ਵਿੱਚ ਜੂਨੀਅਰ ਵਰਗ ਵਿੱਚ ਛੇਵੀਂ ਜਮਾਤ ਦੇ ਵਿਦਿਆਰਥੀ ਸਰਵੇਸ ਨੇ ਪਹਿਲਾ ਅਤੇ ਅਤੇ ਸੱਤਵੀਂ ਜਮਾਤ ਦੇ ਏਕਮਪ੍ਰੀਤ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਸੀਨੀਅਰ ਵਰਗ ਵਿੱਚ ਅੱਠਵੀਂ ਅਤੇ ਨੌਵੀਂ ਜਮਾਤ ਵਿੱਚੋਂ ਯਾਦਲੀਨ ਕੌਰ ਅਤੇ ਗੁਰਕੀਰਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ। ਸਕੂਲ ਪ੍ਰਬੰਧਕਾਂ ਵਲੋਂ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ ਅਤੇ ਸਮੂਹ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਅਜਿਹੇ ਮੁਕਾਬਲਿਆਂ ਵਿੱਚ ਵਧ ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।

## ਪਿੰਡ ਪਿੰਡ ਵਿੱਚ ਐਸ ਸੀ ਬੀ ਸੀ ਏਕਤਾ ਮੰਚ ਪੰਜਾਬ ਦੀਆਂ ਮੀਟਿੰਗਾਂ ਰਹਿਣਗੀਆਂ ਜਾਰੀ : ਇੰਜ ਜੇ ਪੀ ਸਿੰਘ



**ਧਾਰੀਵਾਲ (ਮਨਦੀਪ ਵਿੱਕੀ)-** ਐਸ ਸੀ ਬੀ ਸੀ ਏਕਤਾ ਮੰਚ ਪੰਜਾਬ ਦੇ ਪ੍ਰਧਾਨ ਇੰਜੀਨੀਅਰ ਜਤਿੰਦਰ ਪਾਲ ਸਿੰਘ ਜੇਪੀ ਨੇ ਪੱਤਰਕਾਰਾਂ ਨਾਲ ਧਾਰੀਵਾਲ ਵਿਖੇ ਗੱਲਬਾਤ ਕਰਦੇ ਹੋਏ ਦੱਸਿਆ ਕਿ ਐਸ ਸੀ ਬੀ ਸੀ ਏਕਤਾ ਮੰਚ ਵੱਲੋਂ ਪਿੰਡ ਪਿੰਡ ਵਿੱਚ ਜੋ ਯੂਨਿਟ ਬਣਾਏ ਜਾ ਰਹੇ ਸਨ ਉਸ ਦਾ ਸਿਲਸਿਲਾ ਨਿਰੰਤਰ ਜਾਰੀ ਰਹੇਗਾ। ਸਮਾਜ ਦੇ ਲੋਕਾਂ ਨੂੰ ਉਹਨਾਂ ਦੇ ਹੱਕਾਂ ਪ੍ਰਤੀ ਜਾਣੂ ਕਰਾਉਣਾ ਤੇ ਉਹਨਾਂ ਦੇ ਦੁੱਖ ਤਕਲੀਫ ਵਿੱਚ ਸ਼ਾਮਿਲ ਹੋਣ ਲਈ ਇਸ ਮੰਚ ਦਾ ਗਠਨ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਸਾਡੀ ਜਥੇਬੰਦੀ ਦੇ ਸਰਪ੍ਰਸਤ ਜਸਪਾਲ ਸਿੰਘ ਕਲਿਆਣਪੁਰੀ ਦੇ ਪਿਤਾ ਜੀ ਦਾ ਅਚਾਨਕ ਦੇਹਾਂਤ ਹੋਣ ਕਾਰਨ ਇਹ ਮੀਟਿੰਗਾਂ ਦਾ ਸਿਲਸਿਲਾ ਕੁਝ ਦਿਨਾਂ ਲਈ ਰੋਕਿਆ ਗਿਆ ਸੀ ਸੋ ਅਗਲੇ ਹਫਤੇ ਤੋਂ ਇਹ ਮੀਟਿੰਗਾਂ ਦਾ ਸਿਲਸਿਲਾ ਨਿਰੰਤਰ ਜਾਰੀ ਰਹੇਗਾ ਜਿਸ ਵਿੱਚ ਪਿੰਡ ਬਲ ਅਤੇ ਕੰਗ ਵਿੱਚ ਹੰਗਾਮੀ ਮੀਟਿੰਗਾਂ ਕੀਤੀਆਂ ਜਾਣਗੀਆਂ। ਪੰਜਾਬ ਪ੍ਰਧਾਨ ਇੰਜਨੀਅਰ ਜੇ ਪੀ ਸਿੰਘ ਨੇ ਦੱਸਿਆ ਕਿ ਇਹ ਮੰਚ ਸਿਰਫ ਸਮਾਜ ਦੇ ਦੱਬੇ ਕੁਚਲੇ ਲੋਕਾਂ ਨੂੰ ਇਨਸਾਫ਼ ਦਿਵਾਉਣ ਲਈ ਬਣਾਇਆ ਗਿਆ ਹੈ ਉਹਨਾਂ ਨੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਇਸ ਮੰਚ ਨਾਲ ਜੁੜਨ ਦੀ ਅਪੀਲ ਕੀਤੀ ਅਤੇ ਨਸ਼ਿਆਂ ਵਿਰੁੱਧ ਲੜਾਈ ਲੜਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਚੇਅਰਮੈਨ ਸਾਬਕਾ ਸਰਪੰਚ ਬਾਊ ਰਾਜ, ਜਨਰਲ ਸਕੱਤਰ ਰਾਮਪਾਲ ਬੱਲ, ਵਾਈਸ ਪ੍ਰਧਾਨ ਰਜੇਸ਼ ਕੁਮਾਰ ਸੋਹਲ, ਰੇਨੂ, ਵਿਜੇ ਕੰਗ, ਤੇਜਪਾਲ ਸਿੰਘ, ਆਦਿ ਹਾਜ਼ਰ ਸਨ।

## ਪੰਜਾਬ ਬੰਦ ਦੀ ਕਾਲ ਨੂੰ ਸ੍ਰੀ ਚੋਹਲਾ ਸਾਹਿਬ ਵਿਖੇ ਮਿਲਿਆ ਭਰਵਾਂ ਹੰਗਾਰਾ

**ਚੋਹਲਾ ਸਾਹਿਬ (ਰਮਨ ਚੱਡਾ)-** ਵੱਖ-ਵੱਖ ਜਥੇਬੰਦੀਆਂ ਵੱਲੋਂ ਦਿੱਤੇ ਗਏ ਪੰਜਾਬ ਬੰਦ ਦੇ ਸੱਦੇ ਨੂੰ ਸ੍ਰੀ ਚੋਹਲਾ ਸਾਹਿਬ ਅਤੇ ਇਸ ਦੇ ਆਸ-ਪਾਸ ਦੇ ਇਲਾਕਿਆਂ ਵਿੱਚ ਭਰਵਾਂ ਹੰਗਾਰਾ ਮਿਲਿਆ। ਬੰਦ ਦੇ ਸੱਦੇ ਦੇ ਚੱਲਦਿਆਂ ਕਸਬੇ ਦੇ ਸਮੂਹ ਦੁਕਾਨਦਾਰਾਂ ਅਤੇ ਵਪਾਰੀਆਂ ਨੇ ਆਪਣੇ ਕਾਰੋਬਾਰ ਪੂਰੀ ਤਰ੍ਹਾਂ ਬੰਦ ਰੱਖ ਕੇ ਆਪਣਾ ਰੋਸ ਪ੍ਰਗਟਾਇਆ।ਸਵੇਰ ਤੋਂ ਹੀ ਸ੍ਰੀ ਚੋਹਲਾ ਸਾਹਿਬ ਦੇ ਮੁੱਖ ਬਾਜ਼ਾਰ, ਅੱਡਾ ਚੌਂਕ, ਅਤੇ ਹੋਰ ਵਪਾਰਕ ਕੇਂਦਰਾਂ ਦੀਆਂ ਦੁਕਾਨਾਂ ਦੇ ਸ਼ਟਰ ਡਾਊਨ ਨਜ਼ਰ ਆਏ। ਵਪਾਰੀ ਭਾਈਚਾਰੇ ਨੇ ਆਪਣੀਆਂ ਦੁਕਾਨਾਂ ਸਵੈ-ਇੱਛਾ ਨਾਲ ਬੰਦ ਰੱਖ ਕੇ ਇਸ ਪ੍ਰਦਰਸ਼ਨ ਦਾ ਸਮਰਥਨ ਕੀਤਾ,



ਜਿਸ ਕਾਰਨ ਬਾਜ਼ਾਰਾਂ ਵਿੱਚ ਪੂਰੀ ਤਰ੍ਹਾਂ ਸੁੰਨਸਾਨ ਛਾਈ ਰਹੀ।ਇਸ ਦੌਰਾਨ ਆਮ ਜਨ-ਜੀਵਨ ਨੂੰ ਧਿਆਨ ਵਿੱਚ ਰੱਖਦਿਆਂ ਸੜਕੀ ਆਵਾਜਾਈ ਨੂੰ ਬੰਦ ਤੋਂ ਲਾਂਭੇ ਰੱਖਿਆ ਗਿਆ ਸੀ। ਖੇਤਰ ਦੀਆਂ ਮੁੱਖ ਸੜਕਾਂ 'ਤੇ ਗੱਡੀਆਂ ਅਤੇ ਵਾਹਨਾਂ ਦੀ ਆਵਾਜਾਈ ਆਮ ਦਿਨਾਂ ਵਾਂਗ ਹੀ ਚੱਲਦੀ ਰਹੀ, ਜਿਸ ਨਾਲ ਰਾਹਗੀਰਾਂ ਅਤੇ ਲੰਮੀ ਦੂਰੀ ਦਾ ਸਫਰ ਕਰਨ ਵਾਲੇ ਲੋਕਾਂ ਨੂੰ ਆਉਣ-ਜਾਣ ਵਿੱਚ ਕੋਈ ਵੱਡੀ ਦਿੱਕਤ ਪੇਸ਼ ਨਹੀਂ ਆਈ।

## ਖ਼ਾਲਸਾ ਕਾਲਜ ਵੈਟਰਨਰੀ ਟੀਮ ਨੇ 6ਵੀਂ ਬੈਚ ਦੀ ਪਾਸਿੰਗ ਆਊਟ ਪਰੇਡ 'ਚ ਲਿਆ ਹਿੱਸਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਖਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਿਜ਼ ਵੱਲੋਂ ਅਟਾਰੀ ਸਥਿਤ ਕਸਟਮਜ਼ ਕੈਨਾਈਨ ਸੈਂਟਰ ਵਿਖੇ ਸਿਖਲਾਈ ਪ੍ਰਾਪਤ 'ਸਨਿਫ਼ਰ ਡੌਗਜ਼' ਅਤੇ ਉਨ੍ਹਾਂ ਦੇ ਹੈਂਡਲਰਾਂ ਦੀ 6ਵੀਂ ਬੈਚ ਦੀ ਪਾਸਿੰਗ ਆਊਟ ਪਰੇਡ ਦੌਰਾਨ ਹਿੱਸਾ ਲਿਆ ਗਿਆ। ਜਿਸ 'ਚ ਮੁੱਖ ਮਹਿਮਾਨ ਮੋਹਨ ਕੁਮਾਰ ਸਿੰਘ, ਮੈਂਬਰ, ਸੈਂਟਰਲ ਬੋਰਡ ਆਫ਼ ਇਨਡਾਇਰੈਕਟ ਟੈਕਸਿਜ਼ ਐਂਡ ਕਸਟਮਜ਼ (ਸੀ. ਬੀ. ਆਈ. ਸੀ.), ਨਵੀਂ ਦਿੱਲੀ ਨੇ ਸ਼ਿਰਕਤ ਕੀਤੀ ਅਤੇ ਪ੍ਰੋਗਰਾਮ ਦੀ ਅਗਵਾਈ ਪੁਨੀਤ ਗੁਣਾਵਤ, ਜੁਆਇੰਟ ਕਮਿਸ਼ਨਰ ਆਫ਼ ਕਸਟਮਜ਼, ਅੰਮ੍ਰਿਤਸਰ ਵੱਲੋਂ ਕੀਤੀ



ਗਈ। ਸਮਾਗਮ ਦੌਰਾਨ ਮਹੱਤਵਪੂਰਨ ਆਪ੍ਰੇਸ਼ਨਾਂ ਲਈ ਤਾਇਨਾਤ ਕੇ-9 ਯੂਨਿਟਾਂ ਦੀ ਸਖ਼ਤ ਸਿਖਲਾਈ ਅਤੇ ਤਿਆਰੀ ਦਾ ਪ੍ਰਦਰਸ਼ਨ ਕੀਤਾ ਗਿਆ। ਜਿਸ ਦਾ ਸੁਚੱਜਾ ਪ੍ਰਬੰਧ ਵੀਨਾ ਰਾਓ, ਸੁਪਰਡੈਂਟ ਇੰਚਾਰਜ, ਕੇ-9 ਸੈਂਟਰ, ਅਟਾਰੀ ਵੱਲੋਂ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਡਾ. ਐੱਚ. ਕੇ. ਵਰਮਾ ਦੀ ਅਗਵਾਈ ਹੇਠ ਕਾਲਜ ਦੀ ਟੀਮ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਮੌਕੇ ਕਸਟਮਜ਼ ਕੈਨਾਈਨ ਸੈਂਟਰ ਵੱਲੋਂ ਕਾਲਜ ਨਾਲ ਲੰਬੇ ਸਮੇਂ ਤੋਂ ਚੱਲ ਰਹੇ ਮਜ਼ਬੂਤ ਅਤੇ ਸਾਰਥਕ ਸਹਿਯੋਗ ਦੀ ਸ਼ਲਾਘਾ ਕੀਤੀ ਗਈ। ਦੋਵਾਂ ਸੰਸਥਾਵਾਂ ਵਿਚਕਾਰ ਇਹ ਸਾਂਝਦਾਰੀ ਕੈਨਾਈਨ ਯੂਨਿਟਾਂ ਦੀ ਸਿਹਤ, ਕਾਰਗੁਜ਼ਾਰੀ ਅਤੇ ਆਪ੍ਰੇਸ਼ਨਲ ਕੁਸ਼ਲਤਾ ਨੂੰ ਯਕੀਨੀ ਬਣਾਉਣ 'ਚ ਅਹਿਮ ਭੂਮਿਕਾ ਨਿਭਾਅ ਰਹੀ ਹੈ। ਇਸ ਦੌਰਾਨ ਪ੍ਰਿੰ: ਡਾ. ਵਰਮਾ ਨੇ ਕਿਹਾ ਕਿ ਕਾਲਜ ਵੱਲੋਂ ਕੰਮਕਾਜੀ ਕੁੱਤਿਆਂ ਲਈ ਵਿਗਿਆਨਕ ਪੋਸ਼ਣ ਯੋਜਨਾਵਾਂ ਅਤੇ ਉਨ੍ਹਾਂ ਦੀਆਂ ਵਿਸ਼ੇਸ਼ ਲੋੜਾਂ ਅਨੁਸਾਰ ਡਾਇਟ ਤਿਆਰ ਕਰਨ 'ਚ ਸਰਗਰਮ ਯੋਗਦਾਨ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਕੁੱਤਿਆਂ ਦੀ ਤੰਦਰੁਸਤੀ ਅਤੇ ਸਿਹਤ ਨੂੰ ਕਾਇਮ ਰੱਖਣ ਲਈ ਵਿਆਪਕ ਵੈਟਰਨਰੀ ਦੇਖਭਾਲ, ਮੈਡੀਕਲ ਇਲਾਜ ਅਤੇ ਰੋਕਥਾਮੀ ਸਿਹਤ ਸੇਵਾਵਾਂ ਵੀ ਲਗਾਤਾਰ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਡਾ. ਵਰਮਾ ਨੇ ਕਿਹਾ ਕਿ ਕਾਲਜ ਵੱਲੋਂ ਡੌਗ ਹੈਂਡਲਰਾਂ ਲਈ ਵਿਸ਼ੇਸ਼ ਵਿਗਿਆਨਕ ਪ੍ਰਬੰਧਨ ਲੈਕਚਰ ਵੀ ਕਰਵਾਏ ਜਾਂਦੇ ਹਨ, ਜਿਸ ਰਾਹੀਂ ਉਨ੍ਹਾਂ ਨੂੰ ਜ਼ਰੂਰੀ ਗਿਆਨ ਅਤੇ ਵਿਹਾਰਕ ਹੁਨਰ ਪ੍ਰਦਾਨ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸਿਖਲਾਈ ਲੈਕਚਰਾਂ 'ਚ ਕੁੱਤਿਆਂ ਦੀ ਮੁੱਢਲੀ ਹੈਂਡਲਿੰਗ, ਟੀਕਾਕਰਨ ਪ੍ਰੋਟੋਕੋਲ, ਡੀਵਰਮਿੰਗ, ਵੱਖ-ਵੱਖ ਬਿਮਾਰੀਆਂ ਦੀ ਪਛਾਣ ਅਤੇ ਪ੍ਰਬੰਧਨ ਤੋਂ ਇਲਾਵਾ ਫਰੈਕਚਰ, ਹੀਟ ਸਟਰੋਕ ਅਤੇ ਜ਼ਹਿਰ ਖਾਣ ਵਰਗੀਆਂ ਐਮਰਜੈਂਸੀ ਸਥਿਤੀਆਂ 'ਚ ਮੁੱਢਲੀ ਸਹਾਇਤਾ ਦੇ ਉਪਾਅ ਬਾਰੇ ਵੀ ਜਾਣਕਾਰੀ ਦਿੱਤੀ ਜਾਂਦੀ ਹੈ।

## ਤਰਸਿੱਕਾ ਪੁਲਸ ਨੇ ਬੱਚਿਆਂ ਨੂੰ 112 ਹੈਲਪ ਲਈਨ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-** ਅੰਮ੍ਰਿਤਸਰ ਦਿਹਾਤੀ ਪੁਲਸ ਦੇ ਥਾਣਾ ਤਰਸਿੱਕਾ ਵੱਲੋਂ ਸਰਕਾਰੀ ਮਿਡਲ ਸਕੂਲ ਵਿਖੇ ਚੰਗਾ ਛੋਹ ਅਤੇ ਮਾੜਾ ਛੋਹ ਅਤੇ 112 ਹੈਲਪਲਾਈਨ ਸੰਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਜਿਸ ਦੌਰਾਨ ਵਿਦਿਆਰਥੀਆਂ ਨੂੰ ਨਿੱਜੀ ਸੁਰੱਖਿਆ ਅਤੇ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ 112 ਹੈਲਪਲਾਈਨ ਦੀ ਸਹੀ ਵਰਤੋਂ ਬਾਰੇ ਜਾਣਕਾਰੀ ਦਿੱਤੀ ਗਈ।

## ਕਸਬਾ ਝਬਾਲ 'ਚ ਬੰਦ ਦੇ ਸੱਦੇ ਨੂੰ ਮਿਲਿਆ ਭਰਵਾਂ ਹੁੰਗਾਰਾ, ਸਮੁੱਚੀਆਂ ਦੁਕਾਨਾਂ ਤੇ ਅਦਾਰੇ ਬੰਦ

**ਝਬਾਲ (ਮੱਖਣ ਮਨੋਜ)-** ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਕੌਮੀ ਇਨਸਾਫ਼ ਮੋਰਚਾ ਅਤੇ ਵਾਰਸ ਪੰਜਾਬ ਜਥੇਬੰਦੀ ਸਮੇਤ ਹੋਰ ਸਿੱਖ ਜਥੇਬੰਦੀਆਂ ਵੱਲੋਂ ਦਿਤੀ ਗਈ ਪੰਜਾਬ ਬੰਦ ਦੀ ਕਾਲ ਨੂੰ ਇਲਾਕਾ ਝਬਾਲ ਵਿਖੇ ਭਰਵਾਂ ਹੁੰਗਾਰਾ ਮਿਲਿਆ । ਜਿਸ ਦੇ ਚਲਦਿਆਂ ਇਲਾਕੇ ਅਤੇ ਅੱਡਾ ਝਬਾਲ ਵਿਖੇ ਮੈਡੀਕਲ ਦੁਕਾਨਾਂ ਨੂੰ ਛੱਡ ਕੇ ਸਮੁੱਚੀਆਂ ਦੁਕਾਨਾਂ, ਹੋਰ



ਵਪਾਰਕ ਅਦਾਰੇ ਮੁਕੰਮਲ ਬੰਦ ਰਹੇ।ਇਸ ਸਮੇਂ ਸਤਿਕਾਰ ਕਮੇਟੀ ਦੇ ਪ੍ਰਧਾਨ ਭਾਈ ਤਰਲੋਚਨ ਸਿੰਘ ਸੋਹਲ ਦੀ ਅਗਵਾਈ ਵਿੱਚ ਸਿੱਖ ਜਥੇਬੰਦੀਆਂ ਦੇ ਆਗੂਆਂ ਵੱਲੋਂ ਝਬਾਲ ਚੌਂਕ ਵਿੱਚ ਸਤਨਾਮ ਵਾਹਿਗੁਰੂ ਦਾ ਜਾਪ ਕਰਦਿਆਂ ਸ਼ਾਂਤਮਈ ਧਰਨਾ ਦਿੱਤਾ ਗਿਆ।ਇਸ ਸਮੇਂ ਸਿੱਖ ਆਗੂਆਂ ਨੇ ਹੱਥਾਂ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਦੇ ਮੋਮੈਂਟੋ ਫੜੇ ਸਨ।ਇਸ ਸਮੇਂ ਧਰਨਾ ਦੇਣ ਵਾਲੇ ਸਿੰਘਾਂ ਵਿੱਚ ਭਾਈ ਸੂਬਾ ਸਿੰਘ ਰਾਮ ਰੌਣੀ, ਸੁਖਜਿੰਦਰ ਸਿੰਘ ਝਬਾਲ, ਭਾਈ ਸਤਨਾਮ ਸਿੰਘ ਖੰਡਾ, ਭਾਈ ਸ਼ਮਸ਼ੇਰ ਸਿੰਘ ਭੋਜੀਆ, ਭਾਈ ਸਰੂਪ ਸਿੰਘ ਭੁੱਚਰ, ਨਾਨਕ ਸਿੰਘ ਕਸੇਲ, ਭਾਈ ਬਲਦੇਵ ਸਿੰਘ, ਭਾਈ ਚੈਂਚਲ ਸਿੰਘ, ਭਾਈ ਹੁਸਨਦੀਪ ਸਿੰਘ, ਭਾਈ ਸਤਨਾਮ ਸਿੰਘ ਸੋਹਲ ਆਦਿ ਹਾਜ਼ਰ ਸਨ।

## ਖਾਲਸਾ ਕਾਲਜ ਮਹਿਤਾ ਦੇ ਐਮ ਏ ਇਤਿਹਾਸ ਤੇ ਬੀ ਸੀ ਏ ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-** ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ



ਚੌਂਕ ਦੇ ਐਮ.ਏ ਇਤਿਹਾਸ ਅਤੇ ਬੀ.ਸੀ.ਏ ਸਮੈਸਟਰ ਦੂਜਾ ਦੇ ਨਤੀਜੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਘੋਸ਼ਿਤ ਕੀਤੇ ਗਏ । ਇਹਨਾਂ ਨਤੀਜਿਆਂ ਵਿੱਚ ਬੀ.ਸੀ.ਏ ਅਤੇ ਐਮ.ਏ ਇਤਿਹਾਸ ਦੇ ਨਤੀਜੇ ਸੌ ਫੀਸਦੀ ਰਹੇ। ਜਿਸ ਵਿੱਚ ਐਮ. ਏ. ਇਤਿਹਾਸ ਦੀ ਸਿਮਰਨਜੀਤ ਕੌਰ 84%, ਰਮਨਦੀਪ ਕੌਰ , ਗੁਰਪ੍ਰੀਤ ਕੌਰ , ਨਿਮਰਤਬੀਰ ਕੌਰ 81% ਨਵਰੀਤ ਕੌਰ, ਅੰਮ੍ਰਿਤ ਪਾਲ ਕੌਰ, ਸੁਮਨਦੀਪ ਕੌਰ 78% ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ ਅਤੇ ਬੀ.ਸੀ.ਏ ਦੀ ਨਵਦੀਪ ਕੌਰ, ਹਰਸਿਮਰਨਪ੍ਰੀਤ ਕੌਰ 80%, ਜੋਬਨਪ੍ਰੀਤ ਕੌਰ 78%, ਰਮਨਜੋਤ ਕੌਰ ਅਤੇ ਤਰਨਬੀਰ ਕੌਰ 75% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਇਸ ਬਿਹਤਰੀਨ ਨਤੀਜੇ ਕਰਕੇ ਕਾਲਜ ਵਿੱਚ ਵਿੱਚ ਦਾਖਲਿਆਂ ਦਾ ਰੁਝਾਨ ਕਾਫ਼ੀ ਵਧ ਗਿਆ ਹੈ ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾਂ ਨੇ ਵਿਦਿਆਰਥੀਆਂ ਦੇ ਨਾਲ-ਨਾਲ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ।

ਇਸ ਮੌਕੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਕੁਲਦੀਪ ਕੌਰ, ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ ,ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ , ਨਵਨੀਤ ਕੌਰ, ਮਨਜੀਤ ਕੌਰ ,ਗੁਰਵਿੰਦਰ ਕੌਰ, ਸੁਪ੍ਰੀਤ ਕੌਰ, ਬਲਜੀਤ ਕੌਰ, ਰੁਪਿੰਦਰ ਕੌਰ, ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ।

## ਡਾ. ਉਬਰਾਏ ਨੇ ਦੁਬਈ 'ਚ ਮੌਤ ਦੇ ਮੂੰਹ 'ਚ ਗਏ ਨੌਜਵਾਨ ਦੇ ਪਰਵਾਰ ਦੀ ਸਾਰ ਲਈ

**ਬਟਾਲਾ (ਮਨਦੀਪ ਵਿੱਕੀ)-** ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ ਬਸਰਾਵਾਂ/ਬਸਰਾਏ ਦਾ ਰਹਿਣ ਵਾਲਾ ਨੌਜਵਾਨ ਹਰਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ ਕੁੱਝ ਸਮਾਂ ਪਹਿਲਾਂ ਦੁਬਈ ਵਿਖੇ ਕੰਮਕਾਰ ਕਰਨ ਦੇ ਲਈ ਗਿਆ ਸੀ, ਜਿੱਥੇ ਬੀਤੇ ਦਿਨੀਂ ਅਚਾਨਕ ਦਿਲ ਦੀ ਧੜਕਣ ਰੁਕ ਜਾਣ ਕਾਰਨ ਨੌਜਵਾਨ ਹਰਿੰਦਰ ਸਿੰਘ ਦਾ ਦੇਹਾਂਤ ਹੋ ਗਿਆ। ਜਦ ਇਸ ਦੀ ਸੂਚਨਾ ਭਾਰਤੀ ਦੂਤਾਵਾਸ ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੁਖੀ ਅਤੇ ਸੰਸਾਰ ਪ੍ਰਸਿੱਧ ਸਮਾਜ ਸੇਵੀ ਸ਼ਖਸ਼ੀਅਤ ਡਾ. ਐਸ. ਪੀ. ਸਿੰਘ ਉਬਰਾਏ ਨੂੰ ਦਿੱਤੀ ਗਈ ਤਾਂ, ਡਾ.ਉਬਰਾਏ ਨੇ ਇਸ ਸਬੰਧੀ ਸਰਬੱਤ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਨੂੰ ਕਾਗਜ਼ ਪੱਤਰ ਭੇਜ ਕੇ ਪੀੜਿਤ ਪਰਵਾਰ ਦੇ ਪਿੰਡ ਜਾ ਕੇ ਸਾਰੀ ਜਾਣਕਾਰੀ ਪ੍ਰਾਪਤ ਕਰਨ ਦੇ ਲਈ ਕਿਹਾ। ਇਸ ਦੌਰਾਨ ਪਰਵਾਰ ਅਤੇ ਕੰਪਨੀ ਵੱਲੋਂ ਲੋੜੀਂਦੀ ਕਾਰਵਾਈ ਮੁਕੰਮਲ ਕਰਨ ਤੋਂ ਬਾਅਦ ਬੀਤੇ ਦਿਨੀਂ ਨੌਜਵਾਨ ਹਰਿੰਦਰ ਸਿੰਘ ਦੀ ਮ੍ਰਿਤਕ ਦੇਹ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਵਿਖੇ ਪਹੁੰਚੀ, ਜਿੱਥੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਵਿਸ਼ੇਸ਼



ਐਂਬੂਲੈਂਸ ਵਿੱਚ ਨੌਜਵਾਨ ਹਰਿੰਦਰ ਸਿੰਘ ਦੀ ਮ੍ਰਿਤਕ ਦੇਹ ਨੂੰ ਉਸ ਦੇ ਜੱਦੀ ਪਿੰਡ ਬਸਰਾਵਾਂ ਵਿਖੇ ਲਿਆਂਦਾ ਗਿਆ ।

ਇਸ ਦੌਰਾਨ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਵੱਲੋਂ ਪੀੜਿਤ ਪਰਵਾਰ ਦੀ ਸਾਰੀ ਸਥਿਤੀ ਟਰੱਸਟ ਦੇ ਮੁਖੀ ਡਾ. ਐਸ. ਪੀ. ਸਿੰਘ ਉਬਰਾਏ ਦੇ ਸਨਮੁੱਖ ਰੱਖੀ ਗਈ, ਜਿਸ ਤੋਂ ਬਾਅਦ ਡਾ. ਉਬਰਾਏ ਵੱਲੋਂ ਪੀੜਿਤ ਪਰਵਾਰ ਦੀ ਸਾਰ ਲੈਂਦਿਆਂ ਮ੍ਰਿਤਕ ਨੌਜਵਾਨ ਹਰਿੰਦਰ ਸਿੰਘ ਦੀ ਵਿਧਵਾ ਬਜ਼ੁਰਗ ਮਾਤਾ ਸੁਰਜੀਤ ਕੌਰ ਦੀ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਮਹੀਨਾ ਵਾਰ ਪੈਨਸ਼ਨ ਲਗਾਉਣ ਦਾ ਐਲਾਨ ਕੀਤਾ ਗਿਆ।

ਜਿਸ ਤੋਂ ਬਾਅਦ ਵੀਰਵਾਰ ਮ੍ਰਿਤਕ ਨੌਜਵਾਨ ਹਰਿੰਦਰ ਸਿੰਘ ਦੇ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ ਮੌਕੇ ਪਿੰਡ ਬਸਰਾਵਾਂ ਵਿਖੇ ਪਹੁੰਚੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਅਤੇ ਟਰੱਸਟ ਦੇ ਜਿਲਾ ਜਨਰਲ ਸੈਕਟਰੀ ਰਜਿੰਦਰ ਸਿੰਘ ਬਮਰਾਹ ਵੱਲੋਂ ਬਜ਼ੁਰਗ ਮਾਤਾ ਸੁਰਜੀਤ ਕੌਰ ਨੂੰ ਪੈਨਸ਼ਨ ਦਾ ਪਹਿਲਾ ਚੈੱਕ ਭੇਟ ਕੀਤਾ ਗਿਆ । ਜਦ ਕਿ ਜ਼ਿਲ੍ਹਾ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਵੱਲੋਂ ਪੀੜਿਤ ਪਰਿਵਾਰ ਦੇ ਨਾਲ ਡਾ. ਉਬਰਾਏ ਵੱਲੋਂ ਅਤੇ ਟਰੱਸਟ ਦੀ ਜ਼ਿਲ੍ਹਾ ਟੀਮ ਵੱਲੋਂ ਡੂੰਘੇ ਦੁੱਖ ਦਾ ਇਜ਼ਹਾਰ ਵੀ ਕੀਤਾ ਗਿਆ। ਇਸ ਦੌਰਾਨ ਪਿੰਡ ਬਸਰਾਵਾਂ ਦੇ ਸਰਪੰਚ ਸਤਨਾਮ ਸਿੰਘ ਅਤੇ ਲੰਬੜਦਾਰ ਰਾਮ ਸਿੰਘ ਨੇ ਪੀੜਿਤ ਪਰਵਾਰ ਦੀ ਬਾਂਹ ਫੜਨ ਲਈ ਡਾ. ਐਸ. ਪੀ. ਸਿੰਘ ਉਬਰਾਏ ਦਾ ਧੰਨਵਾਦ ਕੀਤਾ ।ਇਸ ਮੌਕੇ ਗ੍ਰਾਮ ਪੰਚਾਇਤ ਦੇ ਹੋਰ ਵੀ ਮੈਂਬਰ ਅਤੇ ਇਲਾਕਾ ਨਿਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੇ ਵਿਦਿਆਰਥੀ ਜ਼ਿਲ੍ਹਾ ਪੱਧਰੀ ਕ੍ਰਿਕਟ ਮੈਚ ਵਿੱਚ ਰਹੇ ਜੇਤੂ

**ਤਰਨ ਤਾਰਨ (ਪ੍ਰਿਤਪਾਲ ਸਿੰਘ)-** 70ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ 2026-27 ਤਹਿਤ ਜ਼ਿਲ੍ਹਾ ਤਰਨ ਤਾਰਨ ਦੇ ਸਕੂਲ ਮਹਾਰਾਜਾ ਰਣਜੀਤ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਅੰਡਰ-17 (ਲੜਕਿਆਂ) ਦੇ ਕ੍ਰਿਕਟ ਮੁਕਾਬਲੇ ਕਰਵਾਏ ਗਏ। ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਸਕੂਲ, ਗੋਇੰਦਵਾਲ ਸਾਹਿਬ ਦੇ ਵਿਦਿਆਰਥੀਆਂ ਨੇ ਗੋਇੰਦਵਾਲ ਸਾਹਿਬ ਜੋਨ ਵੱਲੋਂ ਹਿੱਸਾ ਲਿਆ ਅਤੇ ਸ਼ਾਨਦਾਰ ਖੇਡ ਪ੍ਰਦਰਸ਼ਨ ਕਰਦਿਆਂ ਜ਼ਿਲ੍ਹੇ ਵਿੱਚੋਂ ਦੂਜਾ ਸਥਾਨ ਹਾਸਲ ਕਰਕੇ ਹੋਣ ਵਾਲੀਆਂ ਰਾਜ ਪੱਧਰ ਖੇਡਾਂ 'ਚ ਆਪਣੀ ਜਗ੍ਹਾ ਬਣਾ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਹ ਖੇਡ ਮੁਕਾਬਲੇ ਜ਼ਿਲ੍ਹਾ ਖੇਡ ਕੋਆਰਡੀਨੇਟਰ ਸ. ਜੁਗਰਾਜ ਸਿੰਘ, ਏ.ਈ.ਓ ਸ. ਮਨਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਕਰਵਾਏ ਗਏ। ਇਹਨਾਂ ਖੇਡ ਮੁਕਾਬਲਿਆਂ ਦੌਰਾਨ ਵਿਦਿਆਰਥੀਆਂ ਨੇ ਆਪਣੀ ਖੇਡ ਪ੍ਰਤਿਭਾ, ਅਨੁਸ਼ਾਸਨ, ਟੀਮ ਵਰਕ ਅਤੇ ਜਿੱਤ ਦੇ ਜਜ਼ਬੇ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਸਫ਼ਲਤਾ ਪਿੱਛੇ ਸਕੂਲ ਦੇ ਕੋਚ ਸਾਹਿਬਾਨ ਸੁਖਵਿੰਦਰ ਸਿੰਘ ਅਤੇ ਰੇਸ਼ਮ ਸਿੰਘ ਦੀ ਵਿਸ਼ੇਸ਼ ਯੋਗ ਅਗਵਾਈ ਅਤੇ ਅਹਿਮ ਯੋਗਦਾਨ ਰਿਹਾ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।



## ਪੰਜਾਬ ਬੰਦ ਨੂੰ ਬੁਤਾਲਾ ਦੇ ਆਸ ਪਾਸ ਪਿੰਡਾਂ 'ਚ ਭਰਵਾਂ ਹੁੰਗਾਰਾ

**ਬੁਤਾਲਾ ( ਨਿਰਮਲ ਸਿੰਘ ਸੰਘਾ)-** ਸ਼੍ਰੋਮਣੀ ਅਕਾਲੀ ਦਲ ਮਾਨ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਪੰਜਾਬ ਬੰਦ ਦੇ ਸੱਦੇ 'ਤੇ ਪਿੰਡ ਬੁਤਾਲਾ ਦੇ ਆਸ ਪਾਸ ਪਿੰਡਾਂ ਦੇ ਬਜ਼ਾਰ



ਬੰਦ ਹੋਣ ਕਾਰਨ ਭਰਵਾਂ ਹੁੰਗਾਰਾ ਮਿਲਿਆ। ਇਸ ਮੌਕੇ ਸਕੂਲ ਤੇ ਬੈਂਕ ਖੁੱਲ੍ਹੇ ਨਜ਼ਰ ਆਏ। ਲੋਕ ਆਪਣੇ ਵਾਹਨਾਂ 'ਤੇ ਕੰਮ -ਕਾਰ ਲਈ ਜਾਂਦੇ ਵੇਖੇ ਗਏ।

ਨਵਾਂ ਜ਼ਮਾਨਾ

ਸ਼ਨੀਵਾਰ 22 ਅਗਸਤ 2026

# ਸਿਲੇਬਸ 'ਚ ਸੰਘੀ ਘੁਸਪੈਠ

*ਨੈਸ਼ਨਲ ਕੌਂਸਲ ਆਫ ਐਜੂਕੇਸ਼ਨਲ ਰਿਸਰਚ ਐਂਡ ਟ੍ਰੇਨਿੰਗ (ਐੱਨ ਸੀ ਈ ਆਰ ਟੀ) ਨੇ 11ਵੀਂ ਅਤੇ 12ਵੀਂ ਜਮਾਤ ਲਈ ਰਾਜਨੀਤੀ ਸ਼ਾਸਤਰ ਦੀਆਂ ਪਾਠ ਪੁਸਤਕਾਂ ਤਿਆਰ ਕਰਨ ਲਈ ਇੱਕ ਨਵੀਂ ਟੀਮ ਬਣਾਈ ਹੈ। ਇਸ ਟੀਮ ਵਿੱਚ ਘੱਟੋ-ਘੱਟ ਚਾਰ ਮੈਂਬਰ ਅਜਿਹੇ ਹਨ, ਜੋ ਭਾਜਪਾ ਜਾਂ ਇਸ ਨਾਲ ਜੁੜੇ ਸੰਗਠਨਾਂ ਨਾਲ ਜੁੜੇ ਰਹੇ ਹਨ। ਨਵੀਂ ਟੀਮ ਨੂੰ ਇਸ ਸਾਲ ਨਵੰਬਰ ਤੱਕ 11ਵੀਂ ਜਮਾਤ ਲਈ ਨਵੀਂ ਪਾਠ ਪੁਸਤਕ ਤਿਆਰ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ, ਜਦੋਂ ਕਿ 12ਵੀਂ ਜਮਾਤ ਦੀ ਪਾਠ ਪੁਸਤਕ ਤਿਆਰ ਕਰਨ ਦੀ ਆਖਰੀ ਮਿਤੀ ਜੁਲਾਈ 2027 ਨਿਰਧਾਰਤ ਕੀਤੀ ਗਈ ਹੈ।*

*ਐੱਨ ਸੀ ਈ ਆਰ ਟੀ ਦੇ ਨੋਟੀਫਿਕੇਸ਼ਨ ਮੁਤਾਬਕ ਟੀਮ ਨੂੰ ਪਾਠਕ੍ਰਮ ਵਿੱਚ 'ਸੱਭਿਆਚਾਰਕ ਜੜ੍ਹਾਂ ਨਾਲ ਜੁੜਨ' ਅਤੇ 'ਭਾਰਤੀ ਗਿਆਨ ਪ੍ਰਣਾਲੀ' ਨੂੰ ਸ਼ਾਮਲ ਕਰਨ ਦਾ ਕੰਮ ਸੌਂਪਿਆ ਗਿਆ ਹੈ। ਟੀਮ ਦੀ ਅਗਵਾਈ ਸਿੱਖਿਆ ਸ਼ਾਸਤਰੀ ਅਤੇ ਸਿਆਸੀ ਵਿਸ਼ਲੇਸ਼ਕ ਸੰਦੀਪ ਸ਼ਾਸਤਰੀ ਕਰਨਗੇ, ਜੋ ਕਰਨਾਟਕ ਸਥਿਤ ਡੀਮਡ ਯੂਨੀਵਰਸਿਟੀ ਐੱਨ ਆਈ ਟੀ ਟੀ ਈ ਦੇ ਉਪ-ਪ੍ਰਧਾਨ ਹਨ। ਹੋਰਨਾਂ ਮੈਂਬਰਾਂ ਵਿੱਚ ਯਦੁਨਾਥ ਦੇਸ਼ਪਾਂਡੇ ਤੇ ਵੰਦਨਾ ਮਿਸ਼ਰਾ ਸ਼ਾਮਲ ਹਨ, ਜੋ ਕਿ ਆਰ ਐੱਸ ਐੱਸ ਦੀ ਵਿਦਿਆਰਥੀ ਜਥੇਬੰਦੀ ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ (ਏ ਬੀ ਵੀ ਪੀ) ਨਾਲ ਜੁੜੇ ਰਹੇ ਹਨ। ਪ੍ਰਸ਼ਾਂਤ ਦਿਵੇਕਰ ਤੇ ਰਵੀ ਰਾਮਚੰਦਰ ਸ਼ੁਕਲਾ ਵੀ ਆਰ ਐੱਸ ਐੱਸ ਨਾਲ ਸੰਬੰਧਤ ਸੰਗਠਨਾਂ ਨਾਲ ਸੰਬੰਧ ਰਹੇ ਹਨ। ਦੇਸ਼ਪਾਂਡੇ ਇਸ ਸਮੇਂ ਸਿੱਖਿਆ ਮੰਤਰਾਲੇ ਵਿੱਚ ਇੱਕ ਸੀਨੀਅਰ ਸਲਾਹਕਾਰ ਹਨ। ਉਹ ਮਹਾਰਾਸ਼ਟਰ ਵਿੱਚ ਦੇ ਏ ਬੀ ਵੀ ਪੀ ਦੇ ਸੰਯੁਕਤ ਰਾਜ ਸੰਗਠਨ ਸਕੱਤਰ ਅਤੇ ਏ ਬੀ ਵੀ ਪੀ ਦੇ ਮੁੰਬਈ-ਕੋਂਕਣ ਸੰਗਠਨ ਦੇ ਸੰਗਠਨ ਸਕੱਤਰ ਰਹਿ ਚੁੱਕੇ ਹਨ। ਉਹ ਭਾਜਪਾ ਲਈ ਸਿਆਸੀ ਸਲਾਹਕਾਰ ਵਜੋਂ ਵੀ ਕੰਮ ਕਰ ਚੁੱਕੇ ਹਨ। ਵੰਦਨਾ ਮਿਸ਼ਰਾ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ (ਜੇ ਐੱਨ ਯੂ) ਦੇ ਸੈਂਟਰ ਫਾਰ ਪੋਲੀਟੀਕਲ ਸਟੱਡੀਜ਼ ਵਿੱਚ ਪ੍ਰੋਫੈਸਰ ਹੈ ਅਤੇ ਏ ਬੀ ਵੀ ਪੀ ਦੀ ਸਾਬਕਾ ਰਾਸ਼ਟਰੀ ਸਕੱਤਰ ਹੈ। ਦਿਵੇਕਰ ਪੁਣੇ ਸਥਿਤ ਗਿਆਨ ਪ੍ਰਬੋਧਿਨੀ ਨਾਲ ਜੁੜੇ ਹੋਏ ਹਨ, ਜੋ ਕਿ 1962 ਵਿੱਚ ਆਰ ਐੱਸ ਐੱਸ ਨੇਤਾ ਵਿਨਾਇਕ ਵਿਸ਼ਵਨਾਥ ਵੱਲੋਂ ਸਥਾਪਤ ਆਰ ਐੱਸ ਐੱਸ ਨਾਲ ਸੰਬੰਧਤ ਸੰਗਠਨ ਹੈ। ਨੈਸ਼ਨਲ ਕੌਂਸਲ ਫਾਰ ਟੀਚਰ ਐਜੂਕੇਸ਼ਨ ਦੇ ਨੈਸ਼ਨਲ ਮਿਸ਼ਨ ਫਾਰ ਮੈਂਟਰਿੰਗ ਪੋਰਟਲ 'ਤੇ ਆਪਣੀ ਪ੍ਰੋਫਾਈਲ ਵਿੱਚ ਦਿਵੇਕਰ ਆਪਣੇ ਦ੍ਰਿਸ਼ਟੀਕੋਣ ਨੂੰ 'ਭਾਰਤੀ ਵਿੱਦਿਅਕ ਦਰਸ਼ਨ 'ਤੇ ਅਧਾਰਤ' ਦੱਸਦੇ ਹਨ ਅਤੇ ਕਹਿੰਦੇ ਹਨ ਕਿ ਉਨ੍ਹਾਂ ਨੇ ਰਾਸ਼ਟਰੀ ਪਾਠਕ੍ਰਮ ਢਾਂਚੇ ਵਿੱਚ ਯੋਗਦਾਨ ਪਾਇਆ ਹੈ। ਸ਼ੁਕਲਾ ਜੇ ਐੱਨ ਯੂ ਵਿਖੇ ਤੁਲਨਾਤਮਕ ਰਾਜਨੀਤੀ ਅਤੇ ਰਾਜਨੀਤਕ ਸਿਧਾਂਤ ਕੇਂਦਰ ਵਿੱਚ ਇੱਕ ਐਸੋਸੀਏਟ ਪ੍ਰੋਫੈਸਰ ਹਨ। ਉਹ ਆਰ ਐੱਸ ਐੱਸ ਨਾਲ ਸੰਬੰਧਤ ਇੰਡੀਅਨ ਇੰਸਟੀਚਿਊਟ ਆਫ ਡੈਮੋਕ੍ਰੇਟਿਕ ਲੀਡਰਸ਼ਿਪ-ਰੰਭਾਊ ਮਹਲਗੀ ਪ੍ਰਬੋਧਿਨੀ ਨਾਲ ਜੁੜੇ ਹੋਏ ਹਨ। ਸ਼ੁਕਲਾ ਇਸ ਸੰਗਠਨ ਵੱਲੋਂ ਪ੍ਰਕਾਸ਼ਤ ਇੰਡੀਅਨ ਜਰਨਲ ਆਫ ਡੈਮੋਕ੍ਰੇਟਿਕ ਗਵਰਨੈਂਸ ਦੇ ਸੰਪਾਦਕੀ ਬੋਰਡ ਦੇ ਮੈਂਬਰ ਵੀ ਹਨ।*

*ਜੇ ਐੱਨ ਯੂ ਤੋਂ ਪ੍ਰਕਾਸ਼ ਕੰਡਪਾਲ, ਨੈਸ਼ਨਲ ਲਾਅ ਯੂਨੀਵਰਸਿਟੀ ਤੋਂ ਨਿਧੀ ਗੁਪਤਾ, ਚਾਣਕਿਆ ਯੂਨੀਵਰਸਿਟੀ ਤੋਂ ਚੇਤਨ ਸਿੰਘਈ, ਦਿੱਲੀ ਯੂਨੀਵਰਸਿਟੀ ਤੋਂ ਸੁਕਾਂਸ਼ਿਕਾ ਵਤਸਾ, ਇਗਨੂ ਤੋਂ ਸਤੀਸ਼ ਕੁਮਾਰ, ਨੈਸ਼ਨਲ ਯੂਨੀਵਰਸਿਟੀ ਆਫ ਸਟੱਡੀ ਐਂਡ ਰਿਸਰਚ ਇਨ ਲਾਅ ਤੋਂ ਦੇਵਾਂਸ਼ੂ ਸ੍ਰੀਵਾਸਤਵ, ਜਿੰਦਲ ਗਲੋਬਲ ਲਾਅ ਸਕੂਲ ਤੋਂ ਪ੍ਰਣਵ ਗੁਪਤਾ, ਪਾਂਡੀਚੇਰੀ ਯੂਨੀਵਰਸਿਟੀ ਤੋਂ ਨੰਦਾ ਕਿਸ਼ੋਰ ਅਤੇ ਉਤਕਲ ਯੂਨੀਵਰਸਿਟੀ ਤੋਂ ਸਵਪਨਾ ਪ੍ਰਭੂ ਵੀ ਟੀਮ ਵਿੱਚ ਸ਼ਾਮਲ ਕੀਤੇ ਗਏ ਹਨ। ਇਸ ਦੇ ਇਲਾਵਾ ਐੱਨ ਸੀ ਈ ਆਰ ਟੀ ਦੀ ਸਵਿਤਾ ਸਾਗਰ, ਬੇਂਗਲੁਰੂ ਦੇ ਸਰਕਾਰੀ ਫਸਟ ਗ੍ਰੇਡ ਕਾਲਜ ਤੋਂ ਐੱਮ ਐੱਨ ਸੁਰੇਸ਼ ਕੁਮਾਰ, ਨਵੀਂ ਮੁੰਬਈ ਨਗਰ ਨਿਗਮ ਸਕੂਲ ਤੋਂ ਡਾਇਨਾ ਇਸਾਬੇਲ ਅਤੇ ਐੱਸ ਐੱਚ ਵੀ ਐੱਨ ਐੱਮ ਸਰਕਾਰੀ ਪੀ ਯੂ ਕਾਲਜ ਫਾਰ ਗਰਲਜ਼ ਤੋਂ ਐਨ ਭਾਰਤੀ ਵੀ ਟੀਮ ਵਿੱਚ ਪਾਏ ਗਏ ਹਨ। ਐੱਨ ਸੀ ਈ ਆਰ ਟੀ ਦੇ ਵਾਂਬਾਂਗੁਪੁਈ ਪੰਥੂਗ ਅਤੇ ਸੁਭਾਸ਼ ਸਿੰਘ ਕੁਮਾਵਤ ਟੀਮ ਦੇ ਮੈਂਬਰ ਕੋਆਰਡੀਨੇਟਰ ਅਤੇ ਕੋ-ਕੋਆਰਡੀਨੇਟਰ ਹੋਣਗੇ। ਨੋਟੀਫਿਕੇਸ਼ਨ ਵਿੱਚ ਕਿਹਾ ਗਿਆ ਹੈ ਕਿ ਇਹ ਟੀਮ ਸਮਾਜਿਕ ਵਿਗਿਆਨ, ਭਾਸ਼ਾਵਾਂ, ਭਾਰਤੀ ਗਿਆਨ ਪ੍ਰਣਾਲੀਆਂ, ਵਾਤਾਵਰਣ ਸਿੱਖਿਆ, ਨਵੀਨਤਾ-ਅਧਾਰਤ ਸਿੱਖਿਆ ਵਿਧੀਆਂ ਅਤੇ ਸਿੱਖਿਆ-ਸਿਖਲਾਈ ਸਮੱਗਰੀ ਨਾਲ ਸੰਬੰਧਤ ਪਾਠਕ੍ਰਮ ਖੇਤਰ ਸਮੂਹ ਤੋਂ ਮਾਰਗਦਰਸ਼ਨ ਲਵੇਗੀ। ਐੱਨ ਸੀ ਈ ਆਰ ਟੀ ਦੇ ਡਾਇਰੈਕਟਰ ਦਿਨੇਸ਼ ਪ੍ਰਸਾਦ ਸਕਲਾਨੀ ਵੱਲੋਂ ਜਾਰੀ ਨੋਟੀਫਿਕੇਸ਼ਨ ਵਿੱਚ ਕਿਹਾ ਗਿਆ ਹੈ ਕਿ ਹਰੇਕ ਪਾਠ ਪੁਸਤਕ ਦੀ ਸਮੀਖਿਆ ਕੀਤੀ ਜਾਵੇਗੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ 'ਸੱਭਿਆਚਾਰਕ ਜੜ੍ਹਾਂ ਨਾਲ ਜੁੜਨਾ, ਭਾਰਤੀ ਗਿਆਨ ਪ੍ਰਣਾਲੀਆਂ, ਸਮਾਵੇਸ਼, ਵਿੱਦਿਅਕ ਤਕਨੀਕਾਂ, ਮੁਲੰਕਣ' ਆਦਿ ਵਰਗੇ ਵੱਖ-ਵੱਖ ਵਿਸ਼ੇ ਪਾਠ ਪੁਸਤਕਾਂ ਵਿੱਚ ਢੁੱਕਵੇਂ ਰੂਪ ਵਿੱਚ ਸ਼ਾਮਲ ਕੀਤੇ ਜਾ ਸਕਣ। ਇਹ ਫੈਸਲਾ ਅਜਿਹੇ ਸਮੇਂ ਆਇਆ ਹੈ ਜਦੋਂ ਵਿਦਿਆਰਥੀਆਂ ਦੇ ਅੰਦੋਲਨ ਕਾਰਨ ਅਸਤੀਫਾ ਦੇ ਗਏ ਧਰਮਿੰਦਰ ਪ੍ਰਧਾਨ ਦੀ ਥਾਂ ਪ੍ਰਭਾਵਸ਼ਾਲੀ ਆਰ ਐੱਸ ਐੱਸ ਨੇਤਾ ਪ੍ਰਹਿਲਾਦ ਜੋਸ਼ੀ ਨੇ ਕੇਂਦਰੀ ਸਿੱਖਿਆ ਮੰਤਰੀ ਦਾ ਅਹੁਦਾ ਸੰਭਾਲਿਆ ਹੈ। ਇਸ ਲਈ ਸਿੱਖਿਆ ਮੰਤਰੀ ਦਾ ਪਿਛੋਕੜ ਤੇ ਉਪਰੋਕਤ ਨੋਟੀਫਿਕੇਸ਼ਨ ਦਰਸਾਉਂਦਾ ਹੈ ਕਿ ਮੋਦੀ ਸਰਕਾਰ ਵਿਦਿਆਰਥੀ ਅੰਦੋਲਨ ਤੋਂ ਕੋਈ ਸਬਕ ਸਿੱਖਣ ਦੀ ਥਾਂ ਆਰ ਐੱਸ ਐੱਸ ਦੀ ਵਿਚਾਰਧਾਰਾ ਨੂੰ ਬੱਚਿਆਂ ਦੇ ਦਿਮਾਗਾਂ ਵਿੱਚ ਭਰਨ ਲਈ ਬਜ਼ਿੱਦ ਹੈ। ਬੁੱਧੀਜੀਵੀ ਤਬਕਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਪਾਠਕ੍ਰਮ ਨੂੰ ਸੈਕੂਲਰ ਬਣਾਈ ਰੱਖਣ ਲਈ ਨਵੀਂ ਬਣਾਈ ਗਈ ਟੀਮ ਦਾ ਜ਼ੋਰ-ਸ਼ੋਰ ਨਾਲ ਵਿਰੋਧ ਕਰਨ।*

# ਕੌਣ ਨੇ ਦਿਮਾਗੀ ਨਕਸਲੀ



ਲਾਭ ਸਿੰਘ ਅਕਲੀਆ

ਦੇਸ਼ ਦੇ ਪ੍ਰਧਾਨ ਮੰਤਰੀ ਦੇ ਮੂੰਹੋਂ 'ਦਿਮਾਗੀ ਨਕਸਲੀ' ਸ਼ਬਦ ਸੁਣ ਕੇ ਖੱਬੇ ਪੱਖੀ ਲਹਿਰ ਅਤੇ ਬੁੱਧੀਜੀਵੀਆਂ ਵਿੱਚ ਕਾਫੀ ਚਰਚਾ ਛਿੜ ਪਈ ਹੈ। 15 ਅਗਸਤ ਨੂੰ ਲਾਲ ਕਿਲ੍ਹੇ ਤੋਂ ਭਾਸ਼ਣ ਦਿੰਦਿਆਂ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਸੀ ਕਿ ਹਥਿਆਰਬੰਦ ਨਕਸਲਵਾਦ ਤਾਂ ਲੱਗਭਗ ਖ਼ਤਮ ਹੋ ਗਿਆ ਅਤੇ ਹੁਣ ਦਿਮਾਗੀ ਨਕਸਲੀਆਂ ਦੀ ਪਹਿਚਾਣ ਕਰਕੇ ਅਲੱਗ-ਥਲੱਗ ਕਰਨ ਦੀ ਜ਼ਰੂਰਤ ਹੈ। ਮੋਦੀ ਦੇ ਭਾਸ਼ਣ ਤੋਂ ਬਾਅਦ ਚਾਰੇ ਪਾਸੇ ਇਹ ਚਰਚਾ ਛਿੜ ਪਈ ਅਤੇ ਸਵਾਲ ਖੜ੍ਹਾ ਹੋ ਗਿਆ ਹੈ ਕਿ ਦਿਮਾਗੀ ਨਕਸਲੀ ਕੌਣ ਹਨ ਅਤੇ ਉਹਨਾਂ ਦੀ ਪਹਿਚਾਣ ਕਿਵੇਂ ਕੀਤੀ ਜਾਵੇਗੀ ? ਉਹਨਾਂ ਨੂੰ ਅਲੱਗ-ਥਲੱਗ ਕਿਵੇਂ ਕੀਤਾ ਜਾਵੇਗਾ ? ਵੈਸੇ ਤਾਂ ਮੋਦੀ ਲੰਮੇ ਸਮੇਂ ਤੋਂ ਜਿਸ ਸੰਘੀ ਲਾਣੇ ਦੀ ਪ੍ਰਤੀਨਿਧਤਾ ਕਰਦਾ ਆ ਰਿਹਾ ਹੈ, ਉਸ ਦਾ ਤਾਂ ਖ਼ਾਸਾ ਹੀ ਬੁਨਿਆਦੀ ਤੌਰ 'ਤੇ ਪੂਰੇ ਦੇਸ਼ ਨੂੰ ਅਲੱਗ-ਥਲੱਗ ਕਰਕੇ ਰੱਖਣ ਦਾ ਹੈ। ਜਿਹੜੇ ਆਜ਼ਾਦੀ ਸੰਗਰਾਮ ਵਿੱਚ ਵੀ ਪੂਰੀ ਦੁਨੀਆਂ ਤੋਂ ਅਲੱਗ-ਥਲੱਗ ਖੜ੍ਹੇ ਰਹੇ ਅਤੇ ਅੰਗਰੇਜ਼ਾਂ ਦੀ ਪੱਕੀ ਵਫ਼ਾਦਾਰੀ ਨਿਭਾ ਰਹੇ ਸੀ।

ਪਹਿਲੀ ਗੱਲ ਤਾਂ ਨਕਸਲੀ ਸ਼ਬਦ ਦੀ ਉਪਜ ਕੀ ਹੈ ? ਪੱਛਮੀ ਬੰਗਾਲ ਦੇ ਦਾਰਜੀਲਿੰਗ ਜ਼ਿਲ੍ਹੇ ਦੀ ਸਿਲੀਗੁੜੀ ਤਹਿਸੀਲ ਦੇ ਇੱਕ ਪਿੰਡ ਦਾ ਨਾਂਅ ਨਕਸਲਬਾੜੀ ਹੈ। ਜਿੱਥੇ ਮਈ 1967 ਵਿੱਚ ਸਭ ਤੋਂ ਪਹਿਲਾਂ ਗ਼ਰੀਬ ਅਤੇ ਬੇਜ਼ਮੀਨੇ ਮਜ਼ਦੂਰਾਂ - ਕਿਸਾਨਾਂ ਵੱਲੋਂ ਕਿਸਾਨ ਕਮੇਟੀਆਂ ਬਣਾ ਕੇ ਅਤੇ ਕਿਸਾਨਾਂ ਦੇ ਵੱਡੇ ਇਕੱਠ ਕਰਕੇ ਜਗੀਰਦਾਰਾਂ, ਸੂਦਖੋਰਾਂ, ਸਰਮਾਏਦਾਰਾਂ ਅਤੇ ਉਨ੍ਹਾਂ ਦੀ ਸਰਪ੍ਰਸਤ ਸੂਬੇ ਦੀ ਸਰਕਾਰ ਦੇ ਖ਼ਿਲਾਫ਼ ਜ਼ਮੀਨ ਦੀ ਮੁੜ ਵੰਡ ਨੂੰ ਲੈ ਕੇ ਇੱਕ ਜੁਝਾਰੂ ਅੰਦੋਲਨ ਲੜਿਆ ਗਿਆ ਸੀ। ਅੰਦੋਲਨਕਾਰੀਆਂ ਵੱਲੋਂ ਇੱਕ ਜਗੀਰਦਾਰ ਦੀ ਜ਼ਮੀਨ ਦੇ ਇੱਕ ਟੁਕੜੇ 'ਤੇ ਕਬਜ਼ਾ ਵੀ ਕਰ ਲਿਆ ਸੀ ਅਤੇ ਫ਼ਸਲ ਦੀ ਕਟਾਈ ਕੀਤੀ ਗਈ ਸੀ, ਜਿਸ ਨਾਲ ਨਕਸਲਬਾੜੀ ਅੰਦੋਲਨ ਦਾ ਮੁੱਢ ਬੱਝ ਗਿਆ ਸੀ।

ਕਮਿਊਨਿਸਟ ਇਨਕਲਾਬੀਆਂ ਦੀ ਅਗਵਾਈ ਹੇਠ ਜੁੜੇ ਗ਼ਰੀਬ ਮਜ਼ਦੂਰਾਂ, ਬੇਜ਼ਮੀਨੇ ਕਿਸਾਨਾਂ ਅਤੇ ਚਾਹ ਬਾਗ਼ਾਂ ਦੇ ਮਜ਼ਦੂਰਾਂ ਵੱਲੋਂ ਮਿਲ ਕੇ ਇਤਿਹਾਸਕ ਕਿਸਾਨ ਘੋਲ ਲੜਿਆ ਗਿਆ ਸੀ, ਜਿਹੜਾ ਨਕਸਲਬਾੜੀ ਅੰਦੋਲਨ ਦੇ ਨਾਂਅ ਨਾਲ ਵਧੇਰੇ ਚਰਚਿਤ ਹੋਇਆ। ਜਦੋਂ ਨਕਸਲਬਾੜੀ ਦਾ ਉਭਾਰ ਹੋ ਰਿਹਾ ਸੀ, ਉਸ ਸਮੇਂ ਭਾਰਤ ਨਾਜ਼ੁਕ ਮੋੜ 'ਤੇ ਖੜ੍ਹਾ ਸੀ। ਇਹ ਲੜਾਈ 'ਜ਼ਮੀਨ ਵਾਹੁਣ ਵਾਲੇ ਦੀ' ਦੇ ਨਾਅਰੇ ਦੇ ਆਧਾਰ 'ਤੇ ਵੱਡੇ ਜ਼ਿਮੀਂਦਾਰਾਂ, ਭੋਂ-ਮਾਲਕਾਂ ਦੀ ਜ਼ਮੀਨ ਤੇ ਕਬਜ਼ਾ ਕਰਨ ਤੋਂ ਸ਼ੁਰੂ ਹੋਈ ਸੀ, ਕਿਉਂਕਿ ਗ਼ਰੀਬ ਅਤੇ ਬੇਜ਼ਮੀਨੇ ਲੋਕਾਂ ਵਿੱਚ ਇਸ ਗੱਲ ਦਾ ਭਾਰੀ ਗੁੱਸਾ ਸੀ ਕਿ ਹਰ ਸਾਲ ਕਾਲ਼ ਪੈਣ ਕਰਕੇ ਲੱਖਾਂ ਲੋਕ ਭੁਖਮਰੀ ਦਾ ਸ਼ਿਕਾਰ ਹੋ ਕੇ ਮੌਤ ਦੇ ਮੂੰਹ ਚਲੇ ਜਾਂਦੇ ਸਨ ਅਤੇ ਜਗੀਰਦਾਰ ਅਤੇ ਵੱਡੇ ਭੂ ਸਵਾਮੀ ਅਨਾਜ ਦਾ ਭੰਡਾਰ ਕਰਕੇ ਰੱਖ ਲੈਂਦੇ ਸਨ। ਇਹ ਹੀ ਇਸ ਲਹਿਰ ਦਾ ਸਮਾਜਿਕ ਅਧਾਰ ਅਤੇ ਖ਼ਾਸੀਅਤ ਸੀ, ਜਿਹੜਾ ਜ਼ਮੀਨ ਦੀ ਕਾਣੀ-ਵੰਡ ਨੂੰ ਖ਼ਤਮ ਕਰਕੇ ਦੱਬੇ-ਕੁਚਲੇ ਅਤੇ ਹਾਸ਼ੀਏ 'ਤੇ ਧੱਕੇ ਗਏ ਮਿਹਨਤਕਸ਼ ਲੋਕਾਂ ਵਿੱਚ ਵੰਡਣ ਲਈ ਲੜੀ ਗਈ ਸੀ। ਇਸ ਲਹਿਰ ਦੀ ਚੰਗਿਆੜੀ ਹੋਰਨਾਂ ਸੂਬਿਆਂ ਜਿਵੇਂ ਬਿਹਾਰ ਦੇ ਮੁਸ਼ਹਿਰੀ, ਭੋਜਪੁਰ, ਬੰਗਾਲ ਦੇ ਡੇਬਰਾ, ਗੋਪੀਬੱਲਭਪੁਰ, ਬੀਰਭੂਮ, ਆਂਧਰਾ ਪ੍ਰਦੇਸ਼ ਦੇ ਸ੍ਰੀਕਾਕੂਲਮ, ਤਾਮਿਲਨਾਡੂ, ਮੱਧ ਪ੍ਰਦੇਸ਼, ਆਸਾਮ, ਕੇਰਲਾ, ਪੰਜਾਬ ਤੋਂ ਲੈ ਕੇ ਜੰਮੂ ਕਸ਼ਮੀਰ ਤੱਕ ਦੇਸ਼ ਦੇ ਵੱਡੇ ਹਿੱਸੇ ਵਿੱਚ ਅੱਗ ਦੇ ਭਾਂਬੜ ਵਾਂਗ ਫੈਲ ਗਈ ਸੀ। ਬਾਅਦ ਵਿੱਚ ਇਹ ਲੜਾਈ ਲੁਟੇਰੇ ਸਾਮਰਾਜਵਾਦੀ, ਸਰਮਾਏਦਾਰੀ ਪ੍ਰਬੰਧ ਅਤੇ ਵੱਡੇ ਭੋਇੰ-ਮਾਲਕਾਂ ਦੀ ਰਾਜਸੱਤਾ ਦੇ ਖ਼ਿਲਾਫ਼ ਮਿਹਨਤਕਸ਼ਾਂ ਦਾ ਰਾਜ ਸਥਾਪਤ ਕਰਨ ਵਿੱਚ ਬਦਲ ਗਈ, ਜਿਸ ਨੇ ਹਾਕਮ ਜਮਾਤਾਂ ਨੂੰ ਤਰੇਲੀਆਂ ਲਿਆ ਦਿੱਤੀਆਂ ਸਨ। ਅੱਗੇ ਜਾ ਕੇ ਮਾਰਕਸਵਾਦ-ਲੈਨਿਨਵਾਦ ਦੀ ਵਿਗਿਆਨਕ ਵਿਚਾਰਧਾਰਾ ਨੂੰ ਬੁਲੰਦ ਕਰਨ ਵਾਲੇ ਕਮਿਊਨਿਸਟ ਇਨਕਲਾਬੀਆਂ ਵੱਲੋਂ ਸੀ ਪੀ ਆਈ (ਐੱਮ) ਤੋਂ ਵੱਖ ਹੋ ਕੇ 22 ਅਪ੍ਰੈਲ 1969 ਨੂੰ ਦੁਨੀਆ ਦੇ ਮਹਾਨ ਕਮਿਊਨਿਸਟ ਆਗੂ ਕਾਮਰੇਡ ਲੈਨਿਨ ਦੀ ਜਨਮ ਸ਼ਤਾਬਦੀ ਦੇ ਮੌਕੇ 'ਤੇ ਕੋਲਕਾਤਾ ਵਿੱਚ ਮਹਾਂ ਸਮੇਲਨ ਕਰਕੇ ਸੀ ਪੀ ਆਈ (ਐੱਮ ਐੱਲ) ਦੀ ਸਥਾਪਨਾ ਕੀਤੀ ਗਈ ਸੀ। ਥੋੜ੍ਹੇ ਸਮੇਂ ਬਾਅਦ ਹੀ ਯਾਨਿ 1969-70 ਤੋਂ ਹੀ ਕਮਿਊਨਿਸਟ ਇਨਕਲਾਬੀ ਕਈ ਰਾਜਨੀਤਕ ਵਖਰੇਵਿਆਂ ਕਾਰਨ ਵੱਖ-ਵੱਖ ਧਾਰਾਵਾਂ ਵਿੱਚ ਵੰਡੇ ਗਏ। ਰਣਨੀਤਕ ਤੌਰ 'ਤੇ ਇੱਕ ਹਿੱਸਾ ਵਿਅਕਤੀਗਤ ਸਫਾਏ ਦੀ ਲਾਈਨ ਦਾ ਸ਼ਿਕਾਰ ਹੋ ਗਿਆ, ਵੱਡੇ ਹਿੱਸੇ ਨੇ ਹਥਿਆਰਬੰਦ ਘੋਲ ਦਾ ਤਿਆਗ ਕਰਕੇ ਜਨਤਕ ਲਾਮਬੰਦੀ ਦੀ ਲਾਈਨ ਅਪਣਾ ਲਈ। ਫੁੱਟ ਦਰ ਫੁੱਟ ਦੇ ਕਾਰਨ ਲਹਿਰ ਲਗਾਤਾਰ ਕਮਜ਼ੋਰ ਹੁੰਦੀ ਚਲੀ ਗਈ, ਪਰ ਸਾਰੇ ਇਸ ਗੱਲ ਲਈ ਇੱਕ ਮੱਤ ਸਨ ਕਿ ਇੱਕ ਧਰਮ ਨਿਰਪੱਖ, ਲੁੱਟ-ਰਹਿਤ ਸਮਾਜ ਅਤੇ ਜਮਹੂਰੀ ਭਾਰਤ ਦੀ ਸਿਰਜਣਾ ਕੀਤੀ ਜਾਵੇ ਅਤੇ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਜਨਤਾ ਦੀ ਲੜਾਈ ਨੂੰ ਹੋਰ ਤਿੱਖਾ ਕੀਤਾ ਜਾਵੇ।

ਜਦੋਂ ਤੋਂ ਭਾਜਪਾ/ਆਰ ਐੱਸ ਐੱਸ ਵਰਗੀਆਂ ਫਾਸ਼ੀਵਾਦੀ ਤਾਕਤਾਂ ਨੇ ਸੱਤਾ ਸੰਭਾਲੀ ਹੈ, ਸਾਮਰਾਜਵਾਦੀ ਅਤੇ ਕਾਰਪੋਰੇਟ ਲੁੱਟ ਚਰਮ ਸੀਮਾ 'ਤੇ ਪਹੁੰਚ ਗਈ ਹੈ। ਮੋਦੀ ਸਰਕਾਰ ਵੱਲੋਂ ਪਬਲਿਕ ਸੈਕਟਰ ਦੇ ਅਦਾਰਿਆਂ ਨੂੰ ਕੌਡੀਆਂ ਦੇ ਭਾਅ ਅੰਬਾਨੀ-ਅਡਾਨੀ ਵਰਗੇ ਮਹਾਂਭਰਿਸਟ ਅਮੀਰਾਂ ਕੋਲ ਵੇਚਿਆ ਜਾ ਰਿਹਾ ਹੈ। ਨਵ -ਬਸਤੀਵਾਦੀ ਦੇਸ਼ਾਂ ਵਿੱਚ ਆਰ ਐੱਸ ਐੱਸ ਵਰਗੀਆਂ ਨਵ- ਫਾਸ਼ੀਵਾਦੀ ਤਾਕਤਾਂ ਅਤੇ ਯੂਰਪੀ ਦੇਸ਼ਾਂ ਵਿੱਚ ਨਵ ਨਾਜ਼ੀਵਾਦੀ ਤਾਕਤਾਂ ਸਮਾਜ ਨੂੰ ਹਨੇਰੇ ਯੁੱਗ ਵਿੱਚ ਲੈ ਕੇ ਜਾ ਰਹੀਆਂ ਹਨ, ਜਿਸ ਵਿੱਚ ਬਰਾਬਰਤਾ, ਆਜ਼ਾਦੀ ਅਤੇ ਭਾਈਚਾਰਾ ਨਾਂਅ ਦੀ ਕੋਈ ਚੀਜ਼ ਨਹੀਂ ਹੁੰਦੀ। ਸਾਮਰਾਜਵਾਦੀ ਨੀਤੀਆਂ ਤਹਿਤ ਵਧ ਰਹੇ ਕਾਰਪੋਰੇਟੀਕਰਨ ਨਾਲ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ ਅਤੇ ਮਿਹਨਤਕਸ਼ ਤਬਕਿਆਂ ਦੇ ਕਠਿਨ ਸੰਘਰਸ਼ਾਂ ਸਦਕਾ ਹਾਸਿਲ ਕੀਤੇ ਅਧਿਕਾਰਾਂ ਨੂੰ ਇੱਕ-ਇੱਕ ਕਰਕੇ ਖੋਹਿਆ ਜਾ ਰਿਹਾ ਹੈ। ਹਰ ਖੇਤਰ ਵਿੱਚ ਪੱਕੇ ਰੁਜ਼ਗਾਰ ਦੀ ਬਜਾਏ ਠੇਕਾ ਭਰਤੀ, ਆਊਟਸੋਰਸਿਸ ਅਤੇ ਕੰਮ ਲਓ-ਕੱਢ ਦਿਓ ਦੀ ਨੀਤੀ ਅਪਣਾਈ ਜਾ ਰਹੀ ਹੈ। ਮੋਦੀ ਸਰਕਾਰ ਵੱਲੋਂ 44 ਕਿਰਤ ਕਾਨੂੰਨਾਂ ਨੂੰ ਰੱਦ ਕਰਕੇ ਕਾਰਪੋਰੇਟ ਪੱਖੀ ਚਾਰ ਲੇਬਰ ਕੋਡ ਵਿੱਚ ਬਦਲ ਦਿੱਤਾ ਗਿਆ ਹੈ। ਦੇਸ਼ ਦੇ ਕਿਸਾਨਾਂ ਦੀਆਂ ਧੱਕੇ ਨਾਲ ਜ਼ਮੀਨਾਂ ਖੋਹ ਕੇ ਵੱਡੇ ਕਾਰਪੋਰੇਟ ਘਰਾਣਿਆਂ ਅਤੇ ਬਹੁਰਾਸ਼ਟਰੀ ਕੰਪਨੀਆਂ ਨੂੰ ਦੇਣ ਲਈ ਬਾਰ-ਬਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਇਸੇ ਕਰਕੇ ਪੂਰੇ ਦੇਸ਼ ਵਿੱਚ ਕਿਸਾਨਾਂ -ਮਜ਼ਦੂਰਾਂ, ਮੁਲਾਜ਼ਮਾਂ ਅਤੇ ਮਿਹਨਤਕਸ਼ ਤਬਕਿਆਂ ਦੇ ਅੰਦੋਲਨ ਤਿੱਖੇ ਹੁੰਦੇ ਜਾ ਰਹੇ ਹਨ। ਖੱਬੇ-ਪੱਖੀ ਅਤੇ ਸੰਘਰਸ਼ਸ਼ੀਲ ਲੋਕ, ਬੁੱਧੀਜੀਵੀ, ਪੱਤਰਕਾਰ ਜਿਹੜੇ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦਾ ਪਰਦਾ ਫਾਸ਼ ਕਰ ਰਹੇ ਹਨ, ਰਾਜਸੱਤਾ 'ਤੇ ਸਵਾਲ ਉਠਾ ਰਹੇ ਹਨ ਕਿ ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਛੜੱਪੇ ਮਾਰ ਕੇ ਕਿਉਂ ਵਧ ਰਿਹਾ ਹੈ? ਗ਼ਰੀਬਾਂ ਅਤੇ ਅਮੀਰਾਂ ਵਿੱਚ ਆਰਥਿਕ ਪਾੜਾ ਕਿਉਂ ਵਧ ਰਿਹਾ ਹੈ? ਮੋਦੀ ਤੋਂ ਇਹ ਵੀ ਪੁੱਛਦੇ ਹਨ ਕਿ ਭਾਰਤ ਦੁਨੀਆ ਦੇ ਸਭ ਤੋਂ ਵੱਡੇ ਦੁਸ਼ਮਣ ਇਜ਼ਰਾਈਲ ਦੇ ਨਾਲ ਕਿਉਂ ਖੜ੍ਹਾ ਹੈ? ਅਮਰੀਕਾ-ਇਜ਼ਰਾਈਲ ਵੱਲੋਂ ਈਰਾਨ ਦੇ ਤੇਲ ਭੰਡਾਰਾਂ 'ਤੇ ਕਬਜ਼ਾ ਕਰਨ ਦੀ ਨੀਅਤ ਨਾਲ ਹਵਾਈ ਹਮਲਾ ਕੀਤਾ ਗਿਆ, ਭਾਰਤ ਨੇ ਮੂੰਹ ਕਿਉਂ ਨਹੀਂ ਖੋਲ੍ਹਿਆ? ਅਸਲ ਵਿੱਚ ਇਹ ਹੀ ਦਿਮਾਗੀ ਨਕਸਲੀਏ ਹਨ, ਜਿਹੜੇ ਮੋਦੀ ਨੂੰ ਵੱਖ-ਵੱਖ ਸਵਾਲਾਂ ਵਿੱਚੋਂ ਨਜ਼ਰ ਆਉਂਦੇ ਹਨ। ਮੋਦੀ ਉਹਨਾਂ ਨੂੰ ਅਰਬਨ ਨਕਸਲੀਏ ਜਾਂ ਦਿਮਾਗੀ ਨਕਸਲੀਏ ਹੋਣ ਦਾ ਖਿਤਾਬ ਦੇ ਰਿਹਾ ਹੈ। ਜੋ ਲੋਕ ਇਹ ਸਵਾਲ ਪੁੱਛਦੇ ਹਨ ਕਿ ਸੰਵਿਧਾਨ ਦੇ ਅਨਛੇਦ 25 ਤੋਂ 30 ਦੀਆਂ ਧੱਜੀਆਂ ਕਿਉਂ ਉਡਾਈਆਂ ਜਾ ਰਹੀਆਂ ਹਨ, ਜਿਹੜੀ 25 ਧਾਰਾ ਹਰ ਨਾਗਰਿਕ ਨੂੰ ਆਜ਼ਾਦੀ ਨਾਲ ਧਰਮ ਅਪਣਾਉਣ ਜਾਂ ਉਸ ਦੇ ਅਨੁਸਾਰ ਆਚਰਣ ਕਰਨ ਦੀ ਖੁੱਲ੍ਹ ਦਿੰਦੀ ਹੈ। ਮੋਦੀ ਰਾਜ ਵਿੱਚ ਆਪਣੇ ਘਰਾਂ ਦੇ ਅੰਦਰ ਨਮਾਜ਼ ਪੜ੍ਹਨ 'ਤੇ ਵੀ ਹਮਲੇ ਕਿਉਂ ਹੋ ਰਹੇ ਹਨ? ਅਜਿਹੀਆਂ ਘਟਨਾਵਾਂ ਪਿੱਛੇ ਕੌਣ ਲੋਕ ਹਨ?

ਜੱਗ-ਜ਼ਾਹਰ ਹੈ ਕਿ 20ਵੀਂ ਸਦੀ ਦੇ ਪਹਿਲੇ ਅੱਧ ਵਿੱਚ ਜਦੋਂ ਫਾਸ਼ੀਵਾਦ ਦਾ ਜਨਮ ਹੋਇਆ ਸੀ, ਮੁਸੋਲਿਨੀ ਅਤੇ ਹਿਟਲਰ ਵੱਲੋਂ ਕਮਿਊਨਿਸਟਾਂ ਅਤੇ ਸੰਘਰਸ਼ਸ਼ੀਲ ਮਜ਼ਦੂਰਾਂ-ਕਿਸਾਨਾਂ ਨੂੰ ਨੰਬਰ ਇੱਕ ਦੁਸ਼ਮਣ ਗਰਦਾਨ ਦਿੱਤਾ ਸੀ ਅਤੇ ਲੱਖਾਂ ਲੋਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਸੀ। ਫਾਸ਼ੀਵਾਦ ਦਾ ਭੌਤਿਕ ਆਧਾਰ ਹੀ ਕਾਰਪੋਰੇਟ ਵਿੱਤੀ ਪੂੰਜੀ ਹੈ। ਭਾਵੇਂ ਹਿਟਲਰ-ਮੁਸੋਲਿਨੀ ਹੋਵੇ ਜਾਂ ਮੋਦੀ ਹੋਵੇ, ਇਹ ਸਭ ਸਾਮਰਾਜਵਾਦੀ ਅਤੇ ਕਾਰਪੋਰੇਟ ਸਰਮਾਏ ਦੀ ਸੁਰੱਖਿਆ ਵਿੱਚ ਤਾਇਨਾਤ ਲਠੈਤ ਹਨ। ਇਹ ਗ਼ਰੀਬ ਮਜ਼ਦੂਰਾਂ-ਕਿਸਾਨਾਂ, ਮਿਹਨਤਕਸ਼ ਜਨਤਾ, ਦਲਿਤਾਂ ਮੁਲਾਜ਼ਮਾਂ, ਆਦਿਵਾਸੀਆਂ, ਔਰਤਾਂ, ਵਿਦਿਆਰਥੀਆਂ, ਨੌਜਵਾਨਾਂ ਅਤੇ ਘੱਟ-ਗਿਣਤੀਆਂ ਦੇ ਘੋਰ ਦੁਸ਼ਮਣ ਹਨ। ਹੈਡਗੇਵਾਰ ਅਤੇ ਮੂੰਜੇ ਨੇ ਆਰ ਐੱਸ ਐੱਸ ਦੀ ਸਥਾਪਨਾ ਦੇ ਸਮੇਂ ਤੋਂ ਹੀ ਮੁਸਲਮਾਨਾਂ ਨੂੰ ਆਪਣਾ ਸਭ ਤੋਂ ਵੱਡਾ ਦੁਸ਼ਮਣ ਚਿੰਤਨ ਕੀਤਾ ਹੋਇਆ ਹੈ। ਸਰ ਸੰਘ ਸੰਚਾਲਕ ਗੋਲਵਾਲਕਰ ਨੇ ਤਾਂ ਹੋਰ ਵੀ ਅੱਗੇ ਵੱਧ ਕੇ ਮੁਸਲਮਾਨਾਂ, ਈਸਾਈਆਂ, ਦਲਿਤਾਂ ਦੇ ਨਾਲ-ਨਾਲ ਕਮਿਊਨਿਸਟਾਂ ਨੂੰ ਵੀ ਸਭ ਤੋਂ ਵੱਡਾ ਦੁਸ਼ਮਣ ਘੋਸ਼ਿਤ ਕਰ ਦਿੱਤਾ ਸੀ। ਇਸ ਵਿੱਚ ਕੋਈ ਹੈਰਾਨੀ ਨਹੀਂ ਕਿ ਮੁਸੋਲਿਨੀ -ਹਿਟਲਰ ਦੇ ਚੇਲੇ ਮੋਦੀ, ਭਾਗਵਤ ਅਤੇ ਅਮਿਤ ਸ਼ਾਹ ਹਰ ਅਨਿਆਂ ਅਤੇ ਜਬਰ ਦਾ ਵਿਰੋਧ ਕਰਨ ਵਾਲੀਆਂ ਤਾਕਤਾਂ ਅਤੇ ਸਵਾਲ ਖੜ੍ਹੇ ਕਰਨ ਵਾਲੀਆਂ ਜਮਹੂਰੀ, ਖੱਬੇ-ਪੱਖੀ, ਅਗਾਂਹਵਧੂ, ਤਾਕਤਾਂ, ਬੁੱਧੀਜੀਵੀਆਂ, ਸੱਭਿਆਚਾਰਕ ਕਾਮਿਆਂ, ਵਿਦਿਆਰਥੀਆਂ ਅਤੇ ਨੌਜਵਾਨਾਂ ਨੂੰ ਆਪਣੇ ਬੁਲਡੋਜ਼ਰ ਰਾਜ ਦਾ ਸ਼ਿਕਾਰ ਬਣਾਉਣ ਲਈ ਕਾਲ਼ੇ ਕਾਨੂੰਨ ਤਿਆਰ ਕੀਤੇ ਜਾ ਰਹੇ ਹਨ, ਕਿਉਂਕਿ ਇਹੀ ਲੋਕ ਫਾਸ਼ੀਵਾਦੀ ਸੰਘ ਪਰਵਾਰ ਦੀ ਪਹਿਲਕਦਮੀ ਨਾਲ ਬਣਾਏ ਜਾ ਰਹੇ ਮਹਾਂ-ਅਮੀਰ ਕਾਰਪੋਰੇਟਾਂ ਵੱਲੋਂ ਅਣਮਨੁੱਖੀ ਮਨੂੰ ਸਮਿਰਤੀ 'ਤੇ ਆਧਾਰਤ ਦੇਸ਼ ਨੂੰ ਹਿੰਦੂ ਰਾਸ਼ਟਰ ਬਣਾਉਣ ਲਈ ਸਭ ਤੋਂ ਵੱਡਾ ਰਾਹ ਦਾ ਰੋੜਾ ਸਮਝਦੇ ਹਨ।

**# ਸੰਪਰਕ : 94636-10661**

# ਕੀ ਅੰਗਰੇਜ਼ ਦਾ ਰਾਜ ਐਨਾ ਭੈੜਾ ਸੀ



ਗੁਰਜਿੰਦਰ ਸਿੰਘ ਸਾਹਦੜਾ

ਕਿਸੇ ਸ਼ਾਇਰ ਨੇ ਲਿਖਿਆ ਹੈ:

*ਅਸੀਂ ਧੁੱਪਾਂ ਤੋਂ ਡਰਦਿਆਂ ਛਾਂ ਲੱਭੀ*
*ਸਾਨੂੰ ਸਾੜ 'ਤਾ ਸਗੋਂ ਤਾਰਿਆਂ ਨੇ।*

ਲਿਖਣ ਤੋਂ ਪਹਿਲਾਂ ਹੀ ਸਪੱਸ਼ਟ ਕਰ ਦਿਆਂ ਕਿ ਇਸ ਲੇਖ ਦਾ ਮਕਸਦ ਅੰਗਰੇਜ਼ਾਂ ਨੂੰ ਕਲੀਨ ਚਿੱਟ ਦੇਣਾ ਨਹੀਂ, ਸਗੋਂ ਅੰਗਰੇਜ਼ਾਂ ਤੋਂ ਬਾਅਦ ਦੀਆਂ ਸਰਕਾਰਾਂ ਦੇ ਕੰਮਾਂ ਨਾਲ ਮਹਿਜ਼ ਤੁਲਨਾ ਕਰਨਾ ਹੀ ਹੈ। ਬੇਸ਼ੱਕ ਇਤਿਹਾਸ ਕਦੇ ਕਾਲਾ-ਚਿੱਟਾ ਨਹੀਂ ਹੁੰਦਾ, ਪਰ ਮੁਲਕ ਦੇ ਮੌਜੂਦਾਂ ਹਾਲਾਤ ਨੂੰ ਦੇਖਦੇ ਹੋਏ ਸਵਾਲ ਉੱਠਦਾ ਹੈ ਕਿ ਕੀ ਅੰਗਰੇਜ਼ਾਂ ਦਾ ਰਾਜ ਅੱਜ ਨਾਲੋਂ ਵੀ ਮਾੜਾ ਸੀ?

ਸੰਨ 1608 ਦੇ ਨੇੜੇ ਅੰਗਰੇਜ਼ਾਂ ਨੇ ਪਹਿਲੀ ਵਾਰ ਭਾਰਤ ਦੀ ਧਰਤੀ (ਸੂਰਤ ਸ਼ਹਿਰ) 'ਤੇ ਪੈਰ ਰੱਖਿਆ। ਸ਼ੁਰੂ ਵਿੱਚ ਉਹਨਾਂ ਦਾ ਮੁੱਖ ਮਕਸਦ ਸਿਰਫ ਤੇ ਸਿਰਫ ਵਪਾਰ ਕਰਨਾ ਹੀ ਸੀ। ਇਸੇ ਉਦੇਸ਼ ਦੇ ਤਹਿਤ ਉਹਨਾਂ ਆਪਣੀਆਂ ਬਸਤੀਆਂ ਬਣਾਉਣੀਆਂ ਸ਼ੁਰੂ ਕਰ ਦਿੱਤੀਆਂ, ਪਰ ਇਹਦੇ ਵਿੱਚ ਕਾਫੀ ਮੁਸ਼ਕਲਾਂ ਆ ਰਹੀਆਂ ਸਨ, ਜਿਸ ਦਾ ਮੁੱਖ ਕਾਰਨ ਸੀ ਅਸਥਿਰ ਰਾਜ ਪ੍ਰਬੰਧ ਅਤੇ ਕਾਨੂੰਨ ਤੇ ਨਿਆਂ ਪ੍ਰਬੰਧ ਦਾ ਮਾੜਾ ਹਾਲ। ਨਤੀਜੇ ਵਜੋਂ ਚੋਰਾਂ, ਡਾਕੂਆਂ ਤੇ ਲੁਟੇਰਿਆਂ ਦੀ ਭਰਮਾਰ ਸੀ। ਹਫੜਾ-ਦਫੜੀ ਵਾਲਾ ਮਾਹੌਲ ਸੀ। ਇਸੇ ਤਹਿਤ ਆਤਮ-ਸੁਰੱਖਿਆ ਦੇ ਤੌਰ 'ਤੇ ਉਹਨਾਂ ਹਥਿਆਰਬੰਦ ਦਸਤੇ ਬਣਾ ਕੇ ਰੱਖਣੇ ਸ਼ੁਰੂ ਕਰ ਲਏ।

ਉਧਰ ਉਨੀਵੀਂ ਸਦੀ ਤੱਕ ਪਹੁੰਚਦਿਆਂ-ਪਹੁੰਚਦਿਆਂ ਭਾਰਤ ਦਾ ਹਾਲ ਡੱਡੂਆਂ ਦੀ ਪੰਸੇਰੀ ਦੀ ਤਰਾਂ ਹੋ ਗਿਆ ਸੀ। ਮੁਗ਼ਲ ਸਲਤਨਤ ਆਪਣੀ ਢਹਿੰਦੀ ਕਲਾ ਵੱਲ ਵਧ ਰਹੀ ਸੀ ਤੇ ਹਰ ਪਾਸੇ ਬਗਾਵਤ ਦਾ ਜ਼ੋਰ ਸੀ। ਛੋਟੀਆਂ ਸਲਤਨਤਾਂ ਅਤੇ ਨਵਾਬਾਂ ਨੇ ਆਪਣੇ ਅਲੱਗ ਰਾਜਾਂ ਦੇ ਝੰਡੇ ਬੁਲੰਦ ਕਰ ਲਏ ਸਨ। ਹਰ ਪਾਸੇ ਹਿੰਸਾ, ਲੁੱਟ-ਖਸੁੱਟ, ਕਤਲੋਗਾਰਤ ਤੇ ਆਪਹੁਦਰੀਆਂ ਦਾ ਜ਼ੋਰ ਸੀ। ਓਦੋਂ ਤੱਕ ਅੰਗਰੇਜ਼ ਵੀ ਆਪਣੀ ਤਾਕਤ ਫੜ ਚੁੱਕੇ ਸਨ। ਅੰਤ 1858 ਦਾ ਵਿਦਰੋਹ, ਜਿਸ ਨੂੰ ਆਜ਼ਾਦੀ ਦੀ ਪਹਿਲੀ ਲੜਾਈ ਵੀ ਕਿਹਾ ਜਾਂਦਾ ਏ, ਨੂੰ ਕੁਚਲ ਕੇ ਅੰਗਰੇਜ਼ਾਂ ਨੇ ਭਾਰਤ ਵਿੱਚ ਮੁਕੰਮਲ ਤੌਰ 'ਤੇ ਆਪਣੇ ਸਾਮਰਾਜ ਦਾ ਝੰਡਾ ਗੱਡ ਦਿੱਤਾ ਤੇ ਤਕਰੀਬਨ 190 ਸਾਲ (1757 ਤੋਂ 1857 ਤੱਕ ਕੰਪਨੀ ਰਾਜ ਦੇ ਤੌਰ ਤੇ ਅਤੇ 1858 ਤੋਂ 1947 ਤੱਕ ਬ੍ਰਿਟਿਸ਼ ਰਾਜ ਦੇ ਤੌਰ 'ਤੇ) ਭਾਰਤ ਦੀ ਧਰਤੀ 'ਤੇ ਆਪਣਾ ਰਾਜ ਕੀਤਾ।

ਨਿਰਸੰਦੇਹ ਇਸ ਸਮੇਂ ਦੌਰਾਨ ਉਹਨਾਂ ਭਾਰਤੀਆਂ 'ਤੇ ਬੇਤਹਾਸ਼ਾ ਜ਼ੁਲਮ ਕੀਤੇ। ਮੁਲਕ ਨੂੰ ਆਰਥਿਕ ਕੌਰ 'ਤੇ ਲੁੱਟਿਆ ਗਿਆ। ਅਨਾਜ ਬਾਹਰ ਭੇਜਣ ਕਾਰਨ ਮੁਲਕ ਵਿੱਚ ਕਾਲ ਵੀ ਪਿਆ। ਜਲ੍ਹਿਆਂ ਵਾਲਾ ਬਾਗ ਜਿਹਾ ਬਦਨੁਮਾ ਸਾਕਾ ਹੋਇਆ। 'ਫੁੱਟ ਪਾਓ ਤੇ ਰਾਜ ਕਰੋ' ਦੀ ਨੀਤੀ ਤਹਿਤ ਧਾਰਮਿਕ ਅਤੇ ਜਾਤੀ ਤੌਰ 'ਤੇ ਲੋਕਾਂ ਨੂੰ ਆਪਸ ਵਿੱਚ ਲੜਾਇਆ ਗਿਆ, ਇਨਸਾਨੀਅਤ ਦੇ ਤੌਰ 'ਤੇ ਨੀਵਾਂ ਦਿਖਾਇਆ ਗਿਆ, ਰੰਗ, ਨਸਲ ਦਾ ਭੇਦ-ਭਾਵ ਕੀਤਾ ਗਿਆ, ਭਾਰਤੀ ਲੋਕਾਂ ਨੂੰ ਨੌਕਰਾਂ ਤੇ ਗੁਲਾਮਾਂ ਦੀ ਤਰਾਂ ਵਰਤਿਆ ਗਿਆ, ਪਰ ਇਸ ਦੇ ਨਾਲ ਹੀ ਬਹੁਤ ਸਾਰੇ ਉਸਾਰੂ ਕੰਮ ਵੀ ਹੋਏ, ਜੋ ਸ਼ਾਇਦ ਡੱਡੂਆਂ ਦੀ ਪੰਸੇਰੀ ਵਾਲੇ ਭਾਰਤ ਵਿੱਚ ਸੰਭਵ ਹੀ ਨਹੀਂ ਸਨ। ਆਓ, ਅੰਗਰੇਜ਼ਾਂ ਦੇ ਕੁਝ ਉਸਾਰੂ ਕੰਮਾਂ, ਜੋ ਭਾਵੇਂ ਉਨ੍ਹਾਂ ਦੀ ਆਪਣੀ ਸਹੂਲਤ ਲਈ ਹੀ ਕੀਤੇ ਗਏ 'ਤੇ ਝਾਤ ਮਾਰੀਏ।

1. ਸਭ ਤੋਂ ਪਹਿਲਾਂ ਤਾਂ ਅੰਗਰੇਜ਼ਾਂ ਨੇ ਡੱਡੂਆਂ ਦੀ ਪੰਸੇਰੀ ਨੂੰ ਇਕੱਠੀ ਕੀਤਾ। ਸਮੁੱਚੇ ਭਾਰਤੀਆਂ ਨੂੰ ਇੱਕ ਸਾਂਝੀ ਪਹਿਚਾਣ ਦੇ ਕੇ ਏਕੇ ਦੇ ਸੂਤਰ ਵਿੱਚ ਪਰੋਇਆ। 500 ਦੇ ਕਰੀਬ ਰਿਆਸਤਾਂ ਨੂੰ ਇੱਕ ਨਕਸ਼ੇ 'ਤੇ ਲਿਆਂਦਾ ਗਿਆ।

2. ਪੱਕੀਆਂ ਸੜਕਾਂ ਅਤੇ ਰੇਲਵੇ ਲਾਈਨਾਂ ਦਾ ਜਾਲ ਵਿਛਾਇਆ ਗਿਆ।

3. ਸਮੁੰਦਰੀ ਵਪਾਰ ਕਰਨ ਹਿੱਤ ਬੰਦਰਗਾਹਾਂ ਦਾ ਨਿਰਮਾਣ ਕੀਤਾ।

4. ਦਰਿਆਵਾਂ 'ਤੇ ਪੁਲ ਬਣਾਏ, ਸਿੰਜਾਈ ਵਾਸਤੇ ਨਹਿਰਾਂ ਕੱਢੀਆਂ, ਬਿਜਲੀ ਦਾ ਨਿਰਮਾਣ ਕੀਤਾ। ਪਾਵਰ ਸਟੇਸ਼ਨ ਅਤੇ ਪਾਵਰ ਪਲਾਂਟ ਲਗਾਏ। ਜਲ ਬਿਜਲੀ ਪ੍ਰਾਜੈਕਟ ਲਗਾਏ। ਬੇਸ਼ੱਕ ਉਨ੍ਹਾਂ ਦਾ ਬਿਜਲੀ ਨਿਰਮਾਣ ਦਾ ਉਦੇਸ਼ ਆਮ ਲੋਕਾਂ ਦੀ ਸਹੂਲਤ ਦੀ ਬਜਾਏ ਫੈਕਟਰੀਆਂ, ਰੇਲਾਂ ਅਤੇ ਅਫਸਰਾਂ ਦੇ ਘਰਾਂ ਤੱਕ ਬਿਜਲੀ ਪਹੁੰਚਾਉਣਾ ਹੀ ਸੀ, ਪਰ ਸ਼ੁਰੂਆਤ ਤਾਂ ਕੀਤੀ ਗਈ।

5. ਕਾਨੂੰਨ, ਅਦਾਲਤਾਂ, ਸਕੂਲ, ਕਾਲਜ ਤੇ ਖੇਡ ਦੇ ਮੈਦਾਨ ਬਣਾ ਕੇ ਸਿੱਖਿਆ ਅਤੇ ਖੇਡਾਂ ਦਾ ਵਿਸਥਾਰ ਕੀਤਾ। ਇਸੇ ਅੰਗਰੇਜ਼ੀ ਸਿੱਖਿਆ ਨਾਲ ਹੀ ਗਾਂਧੀ, ਨਹਿਰੂ, ਭਗਤ ਸਿੰਘ ਤੇ ਅੰਬੇਡਕਰ ਵਗੈਰਾ ਪੜ੍ਹੇ ਅਤੇ ਅੱਗੇ ਵਧੇ।

6. ਡਾਕ-ਤਾਰ ਮਹਿਕਮਾ ਬਣਾ ਕੇ ਸੂਚਨਾ ਦੇ ਆਦਾਨ-ਪ੍ਰਦਾਨ ਵਿੱਚ ਇਨਕਲਾਬੀ ਤਬਦੀਲੀ ਲਿਆਂਦੀ।

7. ਸਿਹਤ ਸਬੰਧੀ ਸਿਵਲ ਹਸਪਤਾਲਾਂ ਦਾ ਜਾਲ ਵਿਛਾਇਆ ਗਿਆ।

8. ਬਹਾਦਰ ਕੌਮਾਂ (ਸਿੱਖ ਅਤੇ ਗੋਰਖੇ ਆਦਿ) ਨੂੰ ਪਹਿਚਾਣ ਕੇ ਫੌਜ ਵਿੱਚ ਪਹਿਲ ਦੇ ਆਧਾਰ 'ਤੇ ਭਰਤੀ ਕੀਤਾ ਗਿਆ। ਬਕਾਇਦਾ ਉਨ੍ਹਾਂ ਦੀਆਂ ਵੱਖਰੀਆਂ ਰੈਜੀਮੈਂਟਾਂ ਬਣਾਈਆਂ ਗਈਆਂ।

9. ਸਮਾਜ ਨੂੰ ਘੁਣ ਵਾਂਗ ਚਿੰਬੜੀਆਂ ਬਾਲ ਵਿਆਹ ਅਤੇ ਸਤੀ ਪ੍ਰਥਾ ਜਿਹੀਆਂ ਬੁਰਾਈਆਂ 'ਤੇ ਰੋਕ ਲਗਾਈ ਗਈ।

ਕੁਲ ਮਿਲਾ ਕੇ ਇਹ ਕਹਿਣਾ ਕੋਈ ਅਤਿਕਥਨੀ ਨਹੀਂ ਹੋਵੇਗੀ ਕਿ ਅੰਗਰੇਜ਼ਾਂ ਨੇ ਆਪਣੇ ਦੋ ਸੌ ਸਾਲ ਦੇ ਰਾਜ ਵਿੱਚ ਜੋ ਨਿਰਮਾਣ ਜਾਂ ਵਿਕਾਸ ਕਾਰਜ ਕੀਤਾ, ਉਹ ਪੂਰੀ ਮਜ਼ਬੂਤੀ ਤੇ ਤਨਦੇਹੀ ਨਾਲ ਕੀਤਾ। ਉਹਨਾਂ ਦੇ ਬਣਾਏ ਪੁਲ, ਸੜਕਾਂ ਅਤੇ ਇਮਾਰਤਾਂ ਆਪਣੀ ਮਿਆਦ ਹੰਢਾ ਕੇ ਵੀ ਮਜ਼ਬੂਤੀ ਨਾਲ ਖੜੀਆਂ ਹਨ, ਪਰ ਸਾਡੇ ਨਿਕੰਮੇ, ਲੁਟੇਰੇ ਅਤੇ ਮਤਲਬਪ੍ਰਸਤ ਲੀਡਰਾਂ ਨੇ ਆਜ਼ਾਦੀ ਤੋਂ ਬਾਅਦ ਮੁਲਕ ਨੂੰ ਲੁੱਟ ਕੇ ਖਾ ਲਿਆ। ਨਵੇਂ ਬਣਾਏ ਪੁਲ, ਸੜਕਾਂ ਅਤੇ ਇਮਾਰਤਾਂ ਰੇਤ ਦੀ ਤਰਾਂ ਖਿੱਲਰ ਰਹੀਆਂ ਹਨ। ਆਜ਼ਾਦੀ ਦੀ ਖ਼ਾਤਰ ਆਪਣੀਆਂ ਜਾਨਾਂ ਵਾਰਨ ਵਾਲੇ ਸਾਡੇ ਦੇਸ਼ ਭਗਤ ਸ਼ਹੀਦ ਯੋਧੇ ਜੇ ਕਿਧਰੇ ਹੁਣ ਆ ਕੇ ਮੁਲਕ ਦੀ ਹਾਲਤ ਦੇਖਣ ਤਾਂ ਆਪਣੇ ਮੱਥੇ ਉੱਤੇ ਹੱਥ ਮਾਰ ਕੇ ਕਹਿਣ, 'ਯਾਰ ਇਹਨਾਂ ਲੋਕਾਂ ਲਈ ਅਸੀਂ ਆਪਣੀ ਜਾਨ ਕੁਰਬਾਨ ਕਰ ਦਿੱਤੀ, ਜਿਹਨਾਂ ਨੇ ਚੋਰਾਂ ਤੇ ਠੱਗਾਂ ਦੇ ਹੱਥ ਮੁਲਕ ਦੀ ਵਾਗਡੋਰ ਦੇ ਰੱਖੀ ਹੈ।'

ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਕਈ ਖ਼ਾਮੀਆਂ ਹੋਣ ਦੇ ਬਾਵਜੂਦ ਇਨ੍ਹਾਂ ਕਾਲੇ ਅੰਗਰੇਜ਼ਾਂ ਨਾਲੋਂ ਗੋਰੇ ਅੰਗਰੇਜ਼ ਕਈ ਗੁਣਾ ਚੰਗੇ ਸਨ। ਜੇ ਅੰਗਰੇਜ਼ਾਂ ਦਾ ਰਾਜ ਪ੍ਰਬੰਧ ਮਾੜਾ ਹੁੰਦਾ ਤਾਂ ਅੱਜ ਸਾਡੇ ਨੌਜਵਾਨ ਕਤਾਰਾਂ ਬੰਨ ਕੇ ਉਨ੍ਹਾਂ ਦਿਆਂ ਦੇਸ਼ਾਂ ਵੱਲ ਕੂਚ ਨਾ ਕਰਦੇ। ਅੱਜ ਸਾਡੇ ਕੋਲ ਆਜ਼ਾਦੀ ਵੀ ਹੈ, ਸਰੋਤ ਵੀ ਹਨ, ਵੋਟ ਵੀ ਹੈ, ਫਿਰ ਵੀ ਬੱਚੇ ਉਨ੍ਹਾਂ ਦੇ ਦੇਸ਼ਾਂ ਵੱਲ ਭੱਜ ਰਹੇ ਹਨ। ਆਜ਼ਾਦੀ ਛੱਡ ਉੱਥੇ ਜਾ ਕੇ ਗੁਲਾਮੀ ਕਰ ਰਹੇ ਹਨ। ਕਸੂਰ ਕਿਸ ਦਾ ਹੋਇਆ? ਇਸ ਤੋਂ ਵੱਡੀ ਨਾਕਾਮੀ ਕੀ ਹੋਵੇਗੀ? ਅੰਗਰੇਜ਼ ਤਾਂ ਬਾਹਰਲੇ ਸਨ, ਗੈਰ ਸਨ, ਉਨ੍ਹਾਂ ਤਾਂ ਲੁੱਟਣਾ ਹੀ ਸੀ। ਇਸੇ ਮਕਸਦ ਤਹਿਤ ਕੰਪਨੀ ਖੋਲ੍ਹੀ ਸੀ, ਪਰ ਸਾਡੇ ਲੀਡਰਾਂ ਨੇ ਕੀ ਕਰਿਆ? ਇਸ ਤਾਂ ਆਪਣੇ ਸਨ। ਇਹਨਾਂ ਨੇ ਕਿਹੜਾ ਘੱਟ ਗੁਜ਼ਾਰੀ। ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਜੇ ਅੰਗਰੇਜ਼ ਨਾ ਜਾਂਦੇ ਤਾਂ ਵੀ ਮੁਲਕ ਦੀ ਹਾਲਤ ਅੱਜ ਜਿੰਨੀ ਮਾੜੀ ਨਹੀਂ ਸੀ ਹੋਣੀ। ਜੇ ਅੰਗਰੇਜ਼ਾਂ ਨੇ ਜ਼ੁਲਮ ਕੀਤੇ, ਲੁੱਟਿਆ ਤੇ ਕੁੱਟਿਆ ਤਾਂ ਹੁਣ ਵੀ ਤਾਂ ਇਹੀ ਕੁਝ ਹੋ ਰਿਹਾ ਹੈ।

**# ਸੰਪਰਕ: 98153-02341**

ਸੁਖਵਿੰਦਰ ਸਿੰਘ ਸੇਖੋਂ

# ਕਾਮਰੇਡ ਸੀਤਾਰਾਮ ਯੇਚੁਰੀ ਇੱਕ ਮਹਾਨ ਆਗੂ...

ਸੀ ਪੀ ਆਈ (ਐੱਮ) ਦੇ ਜਨਰਲ ਸਕੱਤਰ ਰਹੇ ਕਾਮਰੇਡ ਸੀਤਾਰਾਮ ਯੇਚੁਰੀ ਸਾਡੇ ਤੋਂ ਦੋ ਸਾਲ ਪਹਿਲਾਂ 12 ਸਤੰਬਰ 2024 ਨੂੰ ਸਰੀਰਕ ਤੌਰ 'ਤੇ ਸਦਾ ਲਈ ਵਿੱਛੜ ਗਏ ਸਨ, ਪਰ ਉਨ੍ਹਾਂ ਦੇ ਪ੍ਰੇਰਨਾਦਾਇਕ ਕੰਮ ਸਾਡੇ ਲਈ ਚਾਨਣ-ਮੁਨਾਰੇ ਵਾਂਗ ਹਨ। ਸੀ ਪੀ ਆਈ (ਐੱਮ) ਦੀ ਕੇਂਦਰੀ ਕਮੇਟੀ ਨੇ ਸਾਰੇ ਦੇਸ਼ ਵਿੱਚ ਕਾਮਰੇਡ ਸੀਤਾਰਾਮ ਯੇਚੁਰੀ ਦੀ ਯਾਦ ਵਿੱਚ ਸੈਮੀਨਾਰ ਕਰਵਾਉਣ ਦਾ ਫ਼ੈਸਲਾ ਕੀਤਾ ਹੈ। ਇਸ ਫ਼ੈਸਲੇ ਦੀ ਪਾਲਣਾ ਵਿੱਚ ਸੀ ਪੀ ਆਈ (ਐੱਮ) ਦੀ ਸੂਬਾ ਕਮੇਟੀ ਵੱਲੋਂ ਪੰਜਾਬ ਅੰਦਰ ਵੀ 16 ਅਗਸਤ ਤੋਂ 12 ਸਤੰਬਰ ਤੱਕ 5 ਵੱਖ-ਵੱਖ ਥਾਵਾਂ 'ਤੇ ਸੈਮੀਨਾਰ ਕਰਵਾਏ ਜਾ ਰਹੇ ਹਨ। 22 ਨੂੰ ਬੰਗਾ ਵਿਖੇ ਸੈਮੀਨਾਰ ਕਰਵਾਇਆ ਜਾ ਰਿਹਾ ਹੈ।

ਕਾਮਰੇਡ ਸੀਤਾਰਾਮ ਯੇਚੁਰੀ ਦੇ ਜਾਣ ਨਾਲ ਜਿੱਥੇ ਸੀ ਪੀ ਆਈ (ਐੱਮ) ਨੂੰ ਬਹੁਤ ਵੱਡਾ ਘਾਟਾ ਪਿਆ ਹੈ, ਉੱਥੇ ਭਾਰਤ ਦੀ ਧਰਮ ਨਿਰਪੱਖ, ਜਮਹੂਰੀ ਅਤੇ ਮਿਹਨਤਕਸ਼ ਲੋਕਾਂ ਦੀ ਇਨਕਲਾਬੀ ਲਹਿਰ ਨੂੰ ਵੀ ਅਸਹਿ ਘਾਟਾ ਪਿਆ ਹੈ। ਉਹ ਦੇਸ਼ ਬਾਰੇ ਡੂੰਘੀ ਸਮਝ ਰੱਖਣ ਵਾਲੇ ਦੇਸ਼ ਦੇ ਵੱਡੇ ਨੇਤਾ ਸਨ। ਉਨ੍ਹਾਂ ਦੇ ਇਸ ਸੰਸਾਰ ਤੋਂ ਤੁਰ ਜਾਣ ਦਾ ਦੇਸ਼ ਨੂੰ ਵੀ ਵੱਡਾ ਘਾਟਾ ਪਿਆ ਹੈ।

ਕਾਮਰੇਡ ਸੀਤਾਰਾਮ ਯੇਚੁਰੀ ਨੇ ਆਪਣੇ ਰਾਜਨੀਤਕ ਜੀਵਨ ਦੀ ਸ਼ੁਰੂਆਤ ਵਿਦਿਆਰਥੀ ਸੰਘਰਸ਼ ਰਾਹੀਂ ਕੀਤੀ ਸੀ। ਉਨ੍ਹਾਂ ਨੇ ਦਿੱਲੀ ਯੂਨੀਵਰਸਿਟੀ ਦੇ ਸਟੀਫਨ ਕਾਲਜ ਤੋਂ ਅਰਥਸ਼ਾਸਤਰ ਵਿੱਚ ਪਹਿਲੇ ਦਰਜੇ ਵਿੱਚ ਗਰੈਜੂਏਸ਼ਨ ਕੀਤੀ ਸੀ ਅਤੇ ਅਰਥਸ਼ਾਸਤਰ ਵਿੱਚ ਪੋਸਟ ਗਰੈਜੂਏਸ਼ਨ ਕਰਨ ਲਈ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਵਿੱਚ ਦਾਖ਼ਲਾ ਲਿਆ। ਇਹ ਡਿਗਰੀ ਵੀ ਪਹਿਲੇ ਦਰਜੇ 'ਚ ਪਾਸ ਕੀਤੀ ਸੀ। ਇੱਥੇ ਹੀ 1974 ਵਿੱਚ ਉਨ੍ਹਾਂ ਨੇ ਆਪਣਾ ਰਾਜਨੀਤਕ ਸਫ਼ਰ ਸਟੂਡੈਂਟ ਫੈਡਰੇਸ਼ਨ ਆਫ਼ ਇੰਡੀਆ (ਐੱਸ.ਐੱਫ.ਆਈ.) ਦੇ ਸਰਗਰਮ ਕਾਰਕੁਨ ਵਜੋਂ ਆਰੰਭ ਕੀਤਾ ਅਤੇ ਇੱਕ ਸਾਲ ਬਾਅਦ ਉਹ 1975 ਵਿੱਚ ਸੀ ਪੀ ਆਈ (ਐੱਮ) ਦੇ ਮੈਂਬਰ ਬਣ ਗਏ। ਸਾਲ 1977, 1978 ਦੌਰਾਨ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਵਿੱਚ ਵਿਦਿਆਰਥੀ ਯੂਨੀਅਨ ਦੇ ਤਿੰਨ ਵਾਰ ਪ੍ਰਧਾਨ ਚੁਣੇ ਗਏ। ਇਸ ਦੇ ਨਾਲ ਹੀ ਉਹ ਇੰਦਰਾ ਗਾਂਧੀ ਵੱਲੋਂ ਦੇਸ਼ ਉਪਰ ਲਗਾਈ ਐਮਰਜੈਂਸੀ ਦੇ ਵਿਰੋਧ ਦੇ ਕੰਮਾਂ 'ਚ ਜੁਟ ਗਏ। ਕੁਝ ਸਮੇਂ ਉਨ੍ਹਾਂ ਨੂੰ ਗੁਪਤ ਰਹਿ ਕੇ ਕੰਮ ਕਰਨਾ ਪਿਆ ਅਤੇ ਕੁਝ ਸਮਾਂ ਉਹ ਗ੍ਰਿਫ਼ਤਾਰੀ ਅਧੀਨ ਵੀ ਰਹੇ।

ਕਾਮਰੇਡ ਸੀਤਾਰਾਮ ਯੇਚੁਰੀ ਦੀ ਵਿਦਿਆਰਥੀ ਅੰਦੋਲਨ ਨਾਲ ਜੁੜੀ ਇੱਕ ਯਾਦਗਾਰੀ ਤਸਵੀਰ ਹੈ, ਜਿਸ ਵਿੱਚ ਉਨ੍ਹਾਂ ਨੇ ਜੇ.ਐੱਨ.ਯੂ. ਤੋਂ ਇੰਦਰਾ ਗਾਂਧੀ ਦੇ ਨਿਵਾਸ ਤੱਕ ਵਿਦਿਆਰਥੀ ਮਾਰਚ ਕੀਤਾ ਅਤੇ ਇੰਦਰਾ ਗਾਂਧੀ ਆਪਣੇ ਨਿਵਾਸ ਦੇ ਬਾਹਰ ਉਨ੍ਹਾਂ ਦੇ ਨਾਲ ਖੜ੍ਹੀ ਦਿਖਾਈ ਦੇ ਰਹੀ ਹੈ ਅਤੇ ਸੀਤਾਰਾਮ ਯੇਚੁਰੀ ਵਿਦਿਆਰਥੀਆਂ ਦੀਆਂ ਮੰਗਾਂ ਨਾਲ ਸੰਬੰਧਤ ਯਾਦ-ਪੱਤਰ ਪੜ੍ਹ ਰਹੇ ਹਨ ਅਤੇ ਇੰਦਰਾ ਗਾਂਧੀ ਤੋਂ ਵਾਈਸ ਚਾਂਸਲਰਸ਼ਿਪ ਦੇ ਅਹੁਦੇ ਤੋਂ ਅਸਤੀਫ਼ੇ ਦੀ ਮੰਗ ਕਰ ਰਹੇ ਹਨ। ਇੰਦਰਾ ਗਾਂਧੀ ਲੋਕ ਸਭਾ ਦੀਆਂ ਚੋਣਾਂ ਹਾਰਨ ਤੋਂ ਬਾਅਦ ਇਹ ਅਹੁਦਾ ਰੱਖ ਰਹੀ ਸੀ। ਇਹ ਤਸਵੀਰ ਦਰਸਾਉਂਦੀ ਹੈ ਕਿ ਕਾਮਰੇਡ ਸੀਤਾਰਾਮ ਯੇਚੁਰੀ ਵਿਦਿਆਰਥੀ ਅੰਦੋਲਨ ਨਾਲ ਕਿਸ ਹੱਦ ਤੱਕ ਜੁੜੇ ਹੋਏ ਸਨ। ਉਹ 1984 ਤੋਂ 1986 ਤੱਕ ਐੱਸ.ਐੱਫ਼.ਆਈ.ਦੇ ਕੌਮੀ ਪੱਧਰ ਦੇ ਪ੍ਰਧਾਨ ਰਹੇ ਅਤੇ ਐੱਸ.ਐੱਫ਼.ਆਈ. ਦੀ ਉਸਾਰੀ ਅਤੇ ਇਸ ਨੂੰ ਮਜ਼ਬੂਤ ਕਰਨ ਵਿੱਚ ਉਨ੍ਹਾਂ ਨੇ ਮਹੱਤਵਪੂਰਨ ਭੂਮਿਕਾ ਨਿਭਾਈ।

1984 ਵਿੱਚ 32 ਸਾਲ ਦੀ ਉਮਰ ਵਿੱਚ ਹੀ ਉਹ ਸੀ ਪੀ ਆਈ (ਐੱਮ) ਦੀ ਕੇਂਦਰੀ ਕਮੇਟੀ ਦੇ ਮੈਂਬਰ ਚੁਣੇ ਗਏ ਸਨ ਅਤੇ ਉਨ੍ਹਾਂ ਨੇ ਪਾਰਟੀ ਦੇ ਕੇਂਦਰੀ ਦਫ਼ਤਰ ਤੋਂ ਕੰਮ ਕਰਨਾ ਸ਼ੁਰੂ ਕਰ ਦਿੱਤਾ ਸੀ। ਉਸ ਵੇਲੇ ਕੇਂਦਰੀ ਕਮੇਟੀ ਵਿੱਚ ਉਹ ਸਭ ਤੋਂ ਛੋਟੀ ਉਮਰ ਦੇ ਮੈਂਬਰ ਸਨ। ਅੱਠ ਸਾਲ ਬਾਅਦ 1992 ਵਿੱਚ ਉਹ ਪਾਰਟੀ ਦੇ ਪੋਲਿਟ ਬਿਊਰੋ ਮੈਂਬਰ ਚੁਣੇ ਗਏ ਸਨ। ਪਾਰਟੀ ਦੇ ਇਨ੍ਹਾਂ ਉੱਚੇ ਅਹੁਦਿਆਂ ਉਪਰ ਜਲਦੀ-ਜਲਦੀ ਚੁਣੇ ਜਾਣ ਦਾ ਇੱਕ ਕਾਰਨ ਇਹ ਸੀ ਕਿ ਉਹ ਚੰਗੇ ਪੜ੍ਹੇ-ਲਿਖੇ ਸਨ, ਮਾਰਕਸਵਾਦੀ ਵਿਚਾਰਧਾਰਾ ਦਾ ਡੂੰਘਾ ਅਧਿਐਨ ਕਰ ਚੁੱਕੇ ਸਨ, ਪਾਰਟੀ ਪ੍ਰੋਗਰਾਮ, ਪਾਰਟੀ ਦਾਅਪੇਚ ਦਾ ਭਰਪੂਰ ਗਿਆਨ ਰੱਖਦੇ ਸਨ, ਭਾਰਤੀ ਇਤਿਹਾਸ, ਭਾਰਤੀ ਸਮਾਜ, ਭਾਰਤੀ ਸੱਭਿਆਚਾਰ, ਰਾਜਨੀਤੀ ਅਤੇ ਅੰਤਰਰਾਸ਼ਟਰੀ ਸੰਬੰਧਾਂ ਦੇ ਵੱਖ-ਵੱਖ ਪਹਿਲੂਆਂ ਬਾਰੇ ਬਹੁਤ ਗਿਆਨਵਾਨ ਸਨ। ਇਸ ਦਾ ਇੱਕ ਕਾਰਨ ਇਹ ਵੀ ਸੀ ਕਿ ਉਨ੍ਹਾਂ ਨੂੰ ਸੀ ਪੀ ਆਈ (ਐੱਮ) ਦੇ ਮਹਾਨ ਆਗੂ ਈ.ਐੱਮ.ਐੱਸ. ਨੰਬੂਦਰੀਪਾਦ, ਐੱਮ. ਬਸਾਵਾਪੁਨੱਈਆ, ਹਰਕਿਸ਼ਨ ਸਿੰਘ ਸੁਰਜੀਤ ਨਾਲ ਬਹੁਤ ਨੇੜੇ ਹੋ ਕੇ ਅਤੇ ਉਨ੍ਹਾਂ ਦੀ ਅਗਵਾਈ ਅਧੀਨ ਰਹਿ ਕੇ ਕੰਮ ਕਰਨ ਦਾ ਮੌਕਾ ਮਿਲਿਆ ਸੀ। ਮਹਾਨ ਆਗੂਆਂ ਤੋਂ ਉਨ੍ਹਾਂ ਨੇ ਦੇਸ਼ ਅਤੇ ਅੰਤਰਰਾਸ਼ਟਰੀ ਰਾਜਨੀਤੀ ਦੇ ਸਾਰੇ ਗੁਰ ਅਤੇ ਦੇਸ਼ ਦੇ ਹਿੱਤ 'ਚ ਜੋੜ-ਤੋੜ ਦੀ ਰਾਜਨੀਤੀ ਦੀ ਮਹੱਤਤਾ ਸਮਝ ਲਈ ਸੀ। ਮਹਾਨ ਆਗੂ ਵੀ ਉਨ੍ਹਾਂ ਦੀ ਪ੍ਰਤਿਭਾ ਤੋਂ ਵਾਕਫ ਸਨ ਅਤੇ ਉਹ ਮਹਾਨ ਆਗੂਆਂ ਨਾਲ ਪਾਰਟੀ ਦੇ ਕੰਮਾਂ ਵਿੱਚ ਆਪਣਾ ਭਰਪੂਰ ਯੋਗਦਾਨ ਦੇ ਰਹੇ ਸਨ। ਉਹ ਕਈ ਭਾਸ਼ਾਵਾਂ ਜਾਣਦੇ ਸਨ।

ਉਨ੍ਹਾਂ ਬਾਰੇ ਇੱਕ ਦਿਲਚਸਪ ਕਹਾਣੀ (Anecdote) ਹੈ ਕਿ ਇੱਕ ਵਾਰ ਨੌਜਵਾਨ ਸੀਤਾਰਾਮ ਯੇਚੁਰੀ ਪਾਰਟੀ ਦੇ ਮਹਾਨ ਆਗੂਆਂ ਕਾਮਰੇਡ ਹਰਕਿਸ਼ਨ ਸਿੰਘ ਸੁਰਜੀਤ, ਕਾਮਰੇਡ ਜਯੋਤੀ ਬਾਸੂ, ਪੀ. ਰਾਮਾਮੂਰਤੀ ਅਤੇ ਐੱਮ. ਬਸਾਵਾਪੁਨੱਈਆ ਨਾਲ ਚੀਨ ਦੇ ਦੌਰੇ ਉਪਰ ਗਏ ਸਨ। ਉੱਥੇ ਪਹਿਲੇ ਦਿਨ ਜਦੋਂ ਸਾਰੇ ਨਾਸ਼ਤਾ ਕਰ ਰਹੇ ਸਨ ਤਾਂ ਸੀਤਾਰਾਮ ਯੇਚੁਰੀ ਨੇ ਕਾਮਰੇਡ ਹਰਕਿਸ਼ਨ ਸਿੰਘ ਸੁਰਜੀਤ ਨਾਲ ਹਿੰਦੀ ਵਿੱਚ ਗੱਲਬਾਤ ਕੀਤੀ, ਜਯੋਤੀ ਬਾਸੂ ਨਾਲ ਬੰਗਾਲੀ ਵਿੱਚ, ਪੀ. ਰਾਮਾਮੂਰਤੀ ਨਾਲ ਤਾਮਿਲ ਵਿੱਚ ਅਤੇ ਬਸਾਵਾਪੁਨੱਈਆ ਨਾਲ ਉਸ ਗੱਲਬਾਤ ਦਾ ਉਲੱਥਾ ਕਰਕੇ ਤੇਲਗੂ ਵਿੱਚ ਗੱਲਬਾਤ ਕੀਤੀ। ਅਗਲੇ ਦਿਨ ਜਦੋਂ ਯੇਚੁਰੀ ਕਾਮਰੇਡ ਸੁਰਜੀਤ ਨਾਲ ਗੱਲਬਾਤ ਕਰਨ ਲੱਗੇ ਤਾਂ ਜਯੋਤੀ ਬਾਸੂ ਨੇ ਯੇਚੁਰੀ ਦੀ ਗੱਲਬਾਤ ਨੂੰ ਟੋਕ ਕੇ ਕਿਹਾ ਕਿ "ਇਹ ਆਦਮੀ (ਯੇਚੁਰੀ) ਬਹੁਤ ਖ਼ਤਰਨਾਕ ਹੈ"। ਜਿਵੇਂ ਹੀ ਜਯੋਤੀ ਬਾਸੂ ਦੀ ਗੱਲ ਸੁਣ ਕੇ ਕਾਮਰੇਡ ਯੇਚੁਰੀ ਡਰ ਜਿਹਾ ਗਿਆ, ਤੁਰੰਤ ਬਾਸੂ ਨੇ ਬਿਆਨ ਕੀਤਾ ਕਿ "ਭਾਵੇਂ ਅਸੀਂ ਸਾਰੇ ਇੱਥੇ ਇਕੱਠੇ ਬੈਠੇ ਹਾਂ, ਪਰ ਇਹ ਸਾਰਿਆਂ ਨਾਲ ਵੱਖਰੀ-ਵੱਖਰੀ ਭਾਸ਼ਾ ਵਿੱਚ ਗੱਲਬਾਤ ਕਰ ਰਿਹਾ ਹੈ। ਸਾਡੇ ਵਿੱਚੋਂ ਕੋਈ ਵੀ ਨਹੀਂ ਸਮਝ ਸਕਦਾ ਕਿ ਇਹ ਦੂਜੇ ਨਾਲ ਕੀ ਗੱਲਬਾਤ ਕਰ ਰਿਹਾ ਹੈ"। ਇਹ ਦਿਲਚਸਪ ਕਹਾਣੀ ਕਾਮਰੇਡ ਸੀਤਾਰਾਮ ਯੇਚੁਰੀ ਦੀ ਆਪਣੀ ਨੌਜਵਾਨ ਅਵਸਥਾ ਵਿੱਚ ਹੀ ਪਾਰਟੀ ਦੇ ਮਹਾਨ ਆਗੂਆਂ ਨਾਲ ਸੰਬੰਧ ਅਤੇ ਪਾਰਟੀ ਵਿੱਚ ਆਪਣੇ ਸਥਾਨ ਅਤੇ ਯੋਗਦਾਨ ਬਾਰੇ ਬਹੁਤ ਕੁਝ ਬਿਆਨ ਕਰਦੀ ਹੈ।



ਕਾਮਰੇਡ ਸੀਤਾਰਾਮ ਯੇਚੁਰੀ ਇੱਕ ਮਾਰਕਸਵਾਦੀ ਸਿਧਾਂਤਕਾਰ ਸਨ। 1990-91 ਦੌਰਾਨ ਸੋਵੀਅਤ ਯੂਨੀਅਨ ਦੇ ਟੁੱਟਣ ਨਾਲ ਪੂਰਬੀ ਯੂਰਪੀ ਦੇਸ਼ਾਂ ਵਿੱਚ ਸਮਾਜਵਾਦ ਨੂੰ ਖੋਰਾ ਲੱਗਣ ਉਪਰੰਤ ਇਹ ਸਮਝਿਆ ਜਾਣ ਲੱਗ ਪਿਆ ਕਿ ਸਮਾਜਵਾਦ ਤੇ ਮਾਰਕਸਵਾਦ ਫੇਲ੍ਹ ਹੋ ਗਿਆ ਹੈ। ਸੀ.ਪੀ.ਆਈ. (ਐੱਮ) ਨੇ ਇਸ ਦਾ ਡੂੰਘਾ ਅਧਿਐਨ ਕਰਦੇ ਹੋਏ ਆਪਣੇ ਮਤੇ ਤਿਆਰ ਕੀਤੇ ਅਤੇ ਉਨ੍ਹਾਂ ਰਾਹੀਂ ਸਪੱਸ਼ਟ ਕੀਤਾ ਕਿ ਅਸਲ ਵਿੱਚ ਸਮਾਜਵਾਦ ਦੇ ਨਿਰਮਾਣ ਵਿੱਚ ਵਿਗਾੜ ਅਤੇ ਵਿਚਾਰਧਾਰਕ ਭਟਕਾਅ ਕਾਰਨ ਅਜਿਹਾ ਕੁਝ ਵਾਪਰਿਆ ਹੈ। ਨਾ ਮਾਰਕਸਵਾਦ ਫੇਲ੍ਹ ਹੋਇਆ ਹੈ ਅਤੇ ਨਾ ਹੀ ਸਮਾਜਵਾਦ। ਮਾਰਕਸਵਾਦ ਨੂੰ ਅਪਣਾਉਂਦੇ ਹੋਏ ਪੂੰਜੀਵਾਦ ਖ਼ਤਮ ਕੀਤਾ ਜਾ ਸਕਦਾ ਹੈ ਅਤੇ ਸਮਾਜਵਾਦ ਸਥਾਪਤ ਕੀਤਾ ਜਾ ਸਕਦਾ ਹੈ। ਇਨ੍ਹਾਂ ਮਤਿਆਂ ਦਾ ਖਰੜਾ ਸੀਤਾਰਾਮ ਯੇਚੁਰੀ ਵੱਲੋਂ ਤਿਆਰ ਕੀਤਾ ਗਿਆ ਸੀ। ਮਈ 1993 ਵਿੱਚ ਕਾਰਲ ਮਾਰਕਸ ਦੇ ਜਨਮ ਦਿਨ 'ਤੇ ਕਲਕੱਤਾ ਵਿਖੇ ਦੁਨੀਆ ਭਰ ਦੀਆਂ ਕਮਿਊਨਿਸਟ ਪਾਰਟੀਆਂ ਦੀ ਇੱਕ ਕਾਨਫਰੰਸ ਮਾਰਕਸਵਾਦ ਦੀ ਰਾਖੀ ਲਈ ਕੀਤੀ ਗਈ ਸੀ, ਉਸ ਦਾ ਪ੍ਰਬੰਧ ਅਤੇ ਮਤਾ ਪੇਸ਼ ਕਰਨ 'ਚ ਵੀ ਵੱਡੀ ਭੂਮਿਕਾ ਕਾਮਰੇਡ ਸੀਤਾਰਾਮ ਯੇਚੁਰੀ ਨੇ ਨਿਭਾਈ ਸੀ।

ਸਮਾਜਵਾਦ ਨੂੰ ਲੱਗੀਆਂ ਪਛਾੜਾਂ ਦੇ ਨਾਲ ਹੀ ਵਿਸ਼ਵ ਭਰ 'ਚ ਸੰਸਾਰੀਕਰਨ, ਨਿੱਜੀਕਰਨ ਨਵ-ਉਦਾਰਵਾਦ ਦੀਆਂ ਨੀਤੀਆਂ ਸ਼ੁਰੂ ਅਤੇ ਲਾਗੂ ਹੋਈਆਂ। ਉਸ ਦੇ ਸੰਦਰਭ ਵਿੱਚ ਵਿਚਾਰਧਾਰਕ ਮੁੱਦਿਆਂ ਉਪਰ ਇੱਕ ਮਤਾ, ਜੋ 1998 ਵਿੱਚ ਪਾਰਟੀ ਦੀ 14ਵੀਂ ਪਾਰਟੀ ਕਾਨਫਰੰਸ ਵਿੱਚ ਪੇਸ਼ ਕੀਤਾ ਗਿਆ ਸੀ, ਉਹ ਵੀ ਸੀਤਾਰਾਮ ਯੇਚੁਰੀ ਵੱਲੋਂ ਤਿਆਰ ਕੀਤਾ ਗਿਆ ਸੀ। ਇਸੇ ਸੰਦਰਭ ਵਿੱਚ ਹੀ ਪਾਰਟੀ ਪ੍ਰੋਗਰਾਮ ਅਤੇ ਪਾਰਟੀ ਦਾਅਪੇਚ ਨੂੰ ਅਪਡੇਟ ਕਰਨ 'ਚ ਉਨ੍ਹਾਂ ਦਾ ਵੱਡਾ ਯੋਗਦਾਨ ਰਿਹਾ ਹੈ। ਫਾਸ਼ੀਵਾਦੀ, ਹਿੰਦੂਤਵ ਵਿਚਾਰਧਾਰਾ ਦੇ ਖ਼ਿਲਾਫ਼ ਸੰਘਰਸ਼ ਵਿੱਚ ਵੀ ਉਨ੍ਹਾਂ ਦਾ ਮਹੱਤਵਪੂਰਨ ਯੋਗਦਾਨ ਰਿਹਾ ਹੈ। ਗੋਲਵਾਲਕਰ ਦੀ ਕਿਤਾਬ "ਅਸੀਂ ਜਾਂ ਸਾਡਾ ਨੇਸ਼ਨਹੁੱਡ" 1939 ਵਿੱਚ ਲਿਖੀ ਗਈ ਸੀ ਜੋ ਹਿੰਦੂਤਵ ਦੀ ਵਿਚਾਰਧਾਰਾ ਪੇਸ਼ ਕਰਦੀ ਹੈ। ਉਸ ਵਿਚਾਰਧਾਰਾ ਦੇ ਸਾਰੇ ਪਹਿਲੂਆਂ ਦੀ ਠੋਸ ਤੱਥਾਂ ਸਹਿਤ ਕਾਮਰੇਡ ਯੇਚੁਰੀ ਨੇ ਆਪਣੀ ਇੱਕ ਅਤਿ ਕੀਮਤੀ ਲਿਖਤ ਰਾਹੀਂ ਅਲੋਚਨਾ ਕਰਦੇ ਹੋਏ ਦੇਸ਼ ਵਾਸੀਆਂ ਸਾਹਮਣੇ ਇੱਕ ਕਾਰਜ ਰੱਖਿਆ ਸੀ ਕਿ ਦੇਸ਼ ਦੀ ਧਰਮ ਨਿਰਪੱਖਤਾ ਦੀ ਰਾਖੀ ਕਰਨੀ ਕਿਉਂ ਜ਼ਰੂਰੀ ਹੈ ਅਤੇ ਇਸ ਕਾਰਜ ਲਈ ਫ਼ਿਰਕੂ ਤਾਕਤਾਂ ਦਾ ਮੁਕਾਬਲਾ ਕਰਨਾ, ਹਰਾਉਣਾ ਕਿਉਂ ਜ਼ਰੂਰੀ ਹੈ? ਉਹ ਇਸ ਕਾਰਜ ਲਈ ਲਗਾਤਾਰ ਦ੍ਰਿੜਤਾ ਨਾਲ ਜੁਟੇ ਰਹੇ।

ਲੋਕ ਸਭਾ ਦੀਆਂ ਚੋਣਾਂ ਤੋਂ ਪਹਿਲਾਂ ਭਾਜਪਾ ਨੂੰ ਹਰਾਉਣ ਲਈ ਜੋ ਇੰਡੀਆ ਬਲਾਕ ਦਾ ਗਠਨ ਕੀਤਾ ਗਿਆ, ਉਸ ਵਿੱਚ ਵੀ ਉਨ੍ਹਾਂ ਦੀ ਵੱਡੀ ਭੂਮਿਕਾ ਸੀ, ਕਿਉਂਕਿ ਕਾਮਰੇਡ ਯੇਚੁਰੀ ਇਸ ਯੋਗ ਸਨ। ਉਹ ਦੇਸ਼ ਅਤੇ ਲੋਕ ਹਿੱਤਾਂ ਲਈ ਦੂਜੀਆਂ ਰਾਜਨੀਤਕ ਪਾਰਟੀਆਂ ਨੂੰ ਇੱਕ ਮੰਚ 'ਤੇ ਲਿਆ ਕੇ ਸਾਂਝਾ ਪ੍ਰੋਗਰਾਮ ਤਿਆਰ ਕਰ ਸਕਦੇ ਹਨ। ਉਨ੍ਹਾਂ ਕੋਲ ਗਿਆਨ ਦਾ ਭੰਡਾਰ ਵੀ ਸੀ, ਉਹ ਭਰੋਸੇਯੋਗ ਨੇਤਾ ਵੀ ਸਨ। ਰਾਜ ਸਭਾ ਦੇ ਮੈਂਬਰ ਹੁੰਦਿਆਂ, ਜਦੋਂ ਉਹ ਬੋਲਦੇ ਸਨ ਤਾਂ ਵਿਰੋਧੀ ਵੀ ਚੁੱਪ ਕਰਕੇ ਸੁਣਦੇ ਸਨ। ਉਨ੍ਹਾਂ ਦੀ ਪੇਸ਼ਕਾਰੀ ਕਮਾਲ ਦੀ ਸੀ। ਉਹ ਦੇਸ਼ ਅਤੇ ਲੋਕਾਂ ਦੇ ਮਸਲਿਆਂ ਨੂੰ ਬਹੁਤ ਬਾਰੀਕੀ ਨਾਲ ਚੁੱਕਦੇ ਅਤੇ ਹੱਲ ਕਰਵਾਉਣ ਦੀ ਦਿਸ਼ਾ 'ਚ ਠੋਸ ਸੁਝਾਅ ਦਿੰਦੇ ਸਨ।

ਉਨ੍ਹਾਂ ਦਾ ਨਾਂਅ ਵਿਦਵਾਨ ਸ਼੍ਰੇਣੀ ਵਿੱਚ ਆਉਂਦਾ ਸੀ। ਉਨ੍ਹਾਂ ਬਾਰੇ ਇੱਕ ਹੋਰ ਰੌਚਕ ਕਹਾਣੀ (Anecdote) ਹੈ, ਜੋ ਅਕਾਦਮਿਕ ਖੇਤਰ ਵਿੱਚ ਬੜੀ ਪ੍ਰਚਲਿਤ ਹੈ। ਉਹ ਇਹ ਹੈ ਕਿ ਅਮਰੀਕਾ ਦੇ ਰਾਸ਼ਟਰਪਤੀ ਬਰਾਕ ਉਬਾਮਾ ਆਪਣੇ ਕਾਰਜਕਾਲ ਸਮੇਂ ਆਪਣੀ ਪਤਨੀ ਮਿਸ਼ੇਲ ਉਬਾਮਾ ਨਾਲ ਭਾਰਤ ਯਾਤਰਾ ਉਪਰ ਆਏ। ਭਾਰਤ ਦੀ ਸੰਸਦ ਨੂੰ ਸੰਬੋਧਨ ਕਰਨ ਉਪਰੰਤ ਰਵਾਇਤ ਅਨੁਸਾਰ ਸੰਸਦ 'ਚ ਰੱਖੇ 'ਸੋਵੀਨਾਰ' ਵਿੱਚ ਬਰਾਕ ਉਬਾਮਾ ਨੇ ਆਪਣੇ ਦੇਸ਼ ਅਮਰੀਕਾ ਦੀ ਤਰਫੋਂ ਭਾਰਤ ਨੂੰ ਜੋ ਸ਼ਬਦ ਲਿਖੇ, ਉਹ ਸਨ, "ਵਿਸ਼ਵ ਦੇ ਸਭ ਤੋਂ ਪੁਰਾਣੇ ਲੋਕਤੰਤਰ ਦੀ ਤਰਫੋਂ ਸਭ ਤੋਂ ਵੱਡੇ ਲੋਕਤੰਤਰ ਲਈ"। ਇਹ ਸ਼ਬਦ ਜਦੋਂ ਅਮਰੀਕਾ ਦੇ ਰਾਸ਼ਟਰਪਤੀ ਵੱਲੋਂ ਲਿਖੇ ਗਏ ਸਨ, ਉਸ ਵੇਲੇ ਕਾਮਰੇਡ ਸੀਤਾਰਾਮ ਯੇਚੁਰੀ ਉਥੇ ਹਾਜ਼ਰ ਸਨ, ਕਿਉਂਕਿ ਉਹ ਵੀ ਉਸ ਵੇਲੇ ਸੰਸਦ ਮੈਂਬਰ ਸਨ। ਕਾਮਰੇਡ ਯੇਚੁਰੀ ਨੇ ਅਮਰੀਕਾ ਦੇ ਰਾਸ਼ਟਰਪਤੀ ਨੂੰ ਕਿਹਾ ਕਿ "ਅਮਰੀਕਾ ਵਿਸ਼ਵ ਦਾ ਸਭ ਤੋਂ ਪੁਰਾਣਾ ਲੋਕਤੰਤਰ ਕਿਵੇਂ ਹੋ ਸਕਦਾ ਹੈ। ਅਮਰੀਕਾ ਵਿੱਚ ਅਫਰੀਕਨ (ਕਾਲੇ) ਅਮਰੀਕਨਾਂ ਨੂੰ ਵੋਟ ਦਾ ਅਧਿਕਾਰ ਤਾਂ 1962 ਵਿੱਚ ਦਿੱਤਾ ਗਿਆ ਹੈ। ਸਾਡੇ ਦੇਸ਼ ਦਾ ਲੋਕਤੰਤਰ ਤੁਹਾਡੇ ਲੋਕਤੰਤਰ ਤੋਂ ਪੁਰਾਣਾ ਹੈ"। ਕਾਮਰੇਡ ਯੇਚੁਰੀ ਦੀ ਇਹ ਗੱਲ ਸੁਣ ਕੇ ਅਮਰੀਕਾ ਦੇ ਰਾਸ਼ਟਰਪਤੀ ਨੇ ਆਪਣੀ ਪਤਨੀ ਮਿਸ਼ੇਲ ਉਬਾਮਾ ਵੱਲ ਦੇਖਿਆ ਅਤੇ ਉਸ ਨੂੰ ਪੁੱਛਿਆ ਕਿ "ਇਹ ਠੀਕ ਕਹਿ ਰਹੇ ਹਨ", ਉਸ ਨੇ ਮੁਸਕਰਾ ਕੇ ਜਵਾਬ ਦਿੱਤਾ ਕਿ "ਇਹ ਠੀਕ ਕਹਿ ਰਿਹਾ ਹੈ"।

ਦੇਸ਼ ਵਿੱਚ ਭਾਰੀ ਬੇਰੁਜ਼ਗਾਰੀ ਅਤੇ ਵਾਰ-ਵਾਰ ਪ੍ਰੀਖਿਆ ਪੇਪਰ ਲੀਕ ਹੋਣ ਕਾਰਨ ਵਿਦਿਆਰਥੀਆਂ ਅਤੇ ਨੌਜਵਾਨਾਂ ਵਿੱਚ ਪੈਦਾ ਹੋਇਆ ਰੋਸ ਅਤੇ ਰੋਹ ਮੌਜੂਦਾ ਰਾਜ ਦੇ ਨੈਤਿਕ ਖੋਖਲੇਪਣ ਨੂੰ ਉਜਾਗਰ ਕਰਦਾ ਹੈ। ਅਜਿਹੀ ਕਮੀ ਸਿੱਖਿਆ ਤੱਕ ਸੀਮਤ ਨਹੀਂ ਹੈ, ਸਗੋਂ ਵੋਟਰ ਸੂਚੀਆਂ ਵਿੱਚੋਂ ਵਿਉਂਤਬੰਦੀ ਢੰਗ ਨਾਲ ਲੋਕਾਂ ਦੇ ਨਾਮ ਕੱਟਣ, ਚੋਣ ਕਮਿਸ਼ਨ ਦਾ ਪੱਖਪਾਤੀ ਰਵੱਈਆ, ਚੁਣੇ ਹੋਏ ਵਿਰੋਧੀ ਵਿਧਾਇਕਾਂ ਅਤੇ ਸੰਸਦ ਮੈਂਬਰਾਂ ਨੂੰ ਦਬਾਅ ਜਾਂ ਲਾਲਚ ਦੇ ਕੇ ਆਪਣੀ ਪਾਰਟੀ ਵਿੱਚ ਸ਼ਾਮਲ ਕਰਨਾ ਹੈ, ਜੋ ਦੇਸ਼ ਦੇ ਜਮਹੂਰੀ ਤਾਣੇ-ਬਾਣੇ ਦੇ ਖ਼ਿਲਾਫ਼ ਹੈ। ਅਜਿਹੇ ਸਮੇਂ ਸਰਕਾਰ ਵਿਰੁੱਧ ਚੱਲ ਰਹੇ ਸੰਘਰਸ਼ਾਂ ਦੌਰਾਨ ਕਾਮਰੇਡ ਸੀਤਾਰਾਮ ਯੇਚੁਰੀ ਦੀ ਘਾਟ ਬਹੁਤ ਰੜਕਦੀ ਹੈ। ਮੈਂ ਇਨ੍ਹਾਂ ਸ਼ਬਦਾਂ, ਯਾਦਾਂ ਨਾਲ ਆਪਣੇ ਮਹਿਬੂਬ, ਪ੍ਰੇਰਨਾਦਾਇਕ ਨੇਤਾ ਨੂੰ ਸ਼ਰਧਾਂਜਲੀ ਭੇਟ ਕਰਦਾ ਹਾਂ।

**# ਸੰਪਰਕ: 94170-44516**

# ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮੀ ਇਨਸਾਫ ਮੋਰਚੇ ਦੇ ਪੰਜਾਬ ਬੰਦ ਨੂੰ ਭਰਵਾਂ ਹੁੰਗਾਰਾ


ਪਟਿਆਲਾ


ਭੀਖੀ


ਕੋਟ ਈਸੇ ਖਾਂ


ਧੂਰੀ


ਮਹਿਲ ਕਲਾਂ


ਮੋਗਾ


ਪਾਤੜਾਂ


ਭਵਾਨੀਗੜ੍ਹ


ਨਿਹਾਲ ਸਿੰਘ ਵਾਲਾ


ਫਿਰੋਜ਼ਪੁਰ

## ਮੋਰਚੇ ਦੇ ਮੁਖੀ ਬਾਪੂ ਗੁਰਚਰਨ ਸਿੰਘ ਨੇ ਪੰਜਾਬ ਵਾਸੀਆਂ ਦਾ ਕੀਤਾ ਧੰਨਵਾਦ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** : ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਕੌਮੀ ਇਨਸਾਫ ਮੋਰਚੇ ਦੇ ਪੰਜਾਬ ਬੰਦ ਨੂੰ ਭਰਵਾਂ ਹੁੰਗਾਰਾ ਮਿਲਿਆ। ਕੌਮੀ ਇਨਸਾਫ ਮੋਰਚੇ ਦੇ ਮੁਖੀ ਤੇ ਜਥੇਦਾਰ ਜਗਤਾਰ ਸਿੰਘ ਹਵਾਰਾ ਦੇ ਧਰਮੀ ਪਿਤਾ ਬਾਪੂ ਗੁਰਚਰਨ ਸਿੰਘ ਨੇ ਅੱਜ ਦੇ ਬੰਦ ਨੂੰ ਸ਼ਾਂਤਮਈ ਢੰਗ ਨਾਲ ਸਫਲ ਬਣਾਉਣ ਕਈ ਸਾਰੇ ਪੰਜਾਬ ਵਾਸੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਉਨ੍ਹਾਂ ਲੋਕਾਂ ਤੋਂ ਵੀ ਮੁਆਫੀ ਮੰਗੀ, ਜਿਨ੍ਹਾਂ ਨੂੰ ਬੰਦ ਕਾਰਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਅੱਜ ਦੇ ਇਸ ਬੰਦ ਨੂੰ ਸਫਲ ਬਣਾਉਣ ਲਈ ਵੱਖ ਵੱਖ ਰਾਜਸੀ, ਧਾਰਮਿਕ, ਸਮਾਜਿਕ ਜਥੇਬੰਦੀਆਂ, ਐੱਸ ਜੀ ਪੀ ਸੀ, ਪ੍ਰਾਈਵੇਟ ਵੱਖ ਵੱਖ ਮੁਲਾਜ਼ਮ ਤੇ ਕਿਸਾਨ ਯੂਨੀਅਨਾਂ ਤੋਂ ਇਲਾਵਾ ਵਪਾਰੀ ਵਰਗ ਵੱਲੋਂ ਆਪਣਾ ਭਰਵਾਂ ਸਮਰਥਨ ਦਿੱਤਾ ਗਿਆ।

ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਕੌਮੀ ਇਨਸਾਫ ਮੋਰਚੇ ਦੇ ਆਗੂਆਂ ਵੱਲੋਂ ਮੋਰਚੇ ਦੇ ਮੁਖੀ ਬਾਪੂ ਗੁਰਚਰਨ ਸਿੰਘ ਦੀ ਅਗਵਾਈ ਹੇਠ ਪਟਿਆਲਾ ਦੇ ਨਵੇਂ ਬੱਸ ਸਟੈਂਡ ਦੇ ਬਾਹਰ ਧਰਨਾ ਕੀਤਾ ਗਿਆ ਤੇ ਇੱਥੇ ਸੜਕ ਦੇ ਦੋਵੇਂ ਪਾਸਿਆਂ 'ਤੇ ਆਪਣੇ ਵਹੀਕਲ ਲੱਗਾ ਕੇ ਸੜਕ ਨੂੰ ਸਵੇਰੇ 7 ਵਜੇ ਤੋਂ ਦੁਪਹਿਰ 2 ਵਜੇ ਤੱਕ ਬੰਦ ਕਰ ਰੱਖਿਆ ਗਿਆ। ਸਾਰੀਆਂ ਬੱਸਾਂ ਨੂੰ ਬੱਸ ਸਟੈਂਡ ਦੇ ਨਾ ਅੰਦਰ ਜਾਣ ਦਿੱਤਾ ਗਿਆ ਤੇ ਨਾ ਹੀ ਬਾਹਰ ਆਉਣ ਦਿੱਤਾ ਗਿਆ, ਜਿਸ ਕਾਰਨ ਪੀ ਆਰ ਟੀ ਸੀ, ਪੰਜਾਬ ਰੋਡਵੇਜ਼ ਤੇ ਪ੍ਰਾਈਵੇਟ ਬੱਸਾਂ ਦਾ ਚੱਕਾ ਜਾਮ ਰਿਹਾ ਅਤੇ ਯਾਤਰੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਪਟਿਆਲਾ ਸ਼ਹਿਰ ਤੇ ਇਸ ਦੇ ਆਸ-ਪਾਸ ਦੇ ਕਸਬਿਆਂ 'ਚ ਅੱਜ ਮੁਕੰਮਲ ਬੰਦ ਰਿਹਾ। ਇਸ ਸਮੇਂ ਭਾਰੀ ਗਿਣਤੀ ਵਿੱਚ ਪੁਲਸ ਫੋਰਸ ਤਾਇਨਾਤ ਕੀਤੀ ਗਈ ਸੀ। ਇਸ ਮੌਕੇ ਮੋਰਚੇ ਦੇ ਵਰਕਰਾਂ ਤੇ ਆਗੂਆਂ ਵੱਲੋਂ ਕੇਂਦਰ ਤੇ ਪੰਜਾਬ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਬਾਪੂ ਗੁਰਚਰਨ ਸਿੰਘ ਨੇ ਮੀਡੀਆ ਨੂੰ ਸੰਬੋਧਨ ਕਰਦਿਆਂ ਬੰਦੀ ਸਿੰਘਾਂ ਦੀ ਰਿਹਾਈ ਲਈ ਚੱਲ ਰਹੇ ਸੰਘਰਸ਼ ਸੰਬੰਧੀ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸਰਕਾਰਾਂ ਮਿਲੀਭੁਗਤ ਕਰ ਕੇ ਜਥੇਦਾਰ ਜਗਤਾਰ ਸਿੰਘ ਹਵਾਰਾ ਨੂੰ ਉਨ੍ਹਾਂ ਦੀ ਬੀਮਾਰ ਧਰਮੀ ਬਜ਼ੁਰਗ ਮਾਤਾ ਨੂੰ ਮਿਲਣ ਲਈ ਰਿਹਾਈ ਤਾਂ ਕੀ ਪਰੋਲ ਵੀ ਨਹੀਂ ਦੇ ਰਹੀਆਂ।

ਉਨ੍ਹਾਂ ਕਿਹਾ ਕਿ ਜਿਹੜੇ ਬੰਦੀ ਸਿੰਘ ਆਪਣੀਆਂ ਕਾਨੂੰਨੀ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਨੂੰ ਹੋਰ ਸਮਾਂ ਜੇਲ੍ਹਾਂ ਵਿੱਚ ਰੱਖਣਾ ਇਨਸਾਫ ਦੇ ਸਿਧਾਂਤਾਂ ਦੇ ਉਲਟ ਹੈ।ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਤੁਰੰਤ ਢੁੱਕਵੇਂ ਕਦਮ ਚੁੱਕੇ ਜਾਣ।ਉਨ੍ਹਾਂ ਕਿਹਾ ਕਿ ਇਹ ਸੰਘਰਸ਼ ਬੰਦੀ ਸਿੰਘਾਂ ਨੂੰ ਇਨਸਾਫ ਦਿਵਾਉਣ ਲਈ ਹੈ। ਇਸ ਮੌਕੇ ਜਥੇਦਾਰ ਗੁਰਜੰਟ ਸਿੰਘ, ਜਸਵੰਤ ਸਿੰਘ ਅਕੌਤ, ਇੰਦਰਜੀਤ ਸਿੰਘ ਅਰਬਨ ਅਸਟੇਟ ਜਥੇਦਾਰ ਗੁਰਦਿਆਲ ਸਿੰਘ, ਗੁਰਪ੍ਰੀਤ ਸਿੰਘ ਜੋਗੀ ਪੁਰ, ਪਰਮਜੀਤ ਸਿੰਘ ਰਾਏਪੁਰ, ਮਨਜੀਤ ਸਿੰਘ ਚਹਿਲ, ਰਣਜੀਤ ਸਿੰਘ ਨਲੀਨਾ ਤੋਂ ਇਲਾਵਾ ਮੋਰਚੇ ਦੇ ਹੋਰ ਬਹੁਤ ਸਾਰੇ ਆਗੂ ਹਾਜ਼ਰ ਸਨ।

**ਭੀਖੀ (ਪਰਸ਼ੋਤਮ ਸ਼ਰਮਾ)** : ਕੌਮੀ ਇਨਸਾਫ ਮੋਰਚਾ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਦਿੱਤੇ ਪੰਜਾਬ ਬੰਦ ਦੇ ਸੱਦੇ ਨੂੰ ਭੀਖੀ ਵਿਖੇ ਭਰਵਾਂ ਹੁੰਗਾਰਾ ਮਿਲਿਆ। ਜਿੱਥੇ ਬਜ਼ਾਰ, ਕਾਰੋਬਾਰੀ ਅਦਾਰੇ, ਸਕੂਲ, ਕਾਲਜ ਤੇ ਆਵਾਜਾਈ ਬੰਦ ਰਹੀ, ਉੱਥੇ ਇਲਾਕੇ ਦੀਆਂ ਵੱਖ ਵੱਖ ਸਿਆਸੀ ਤੇ ਕਿਸਾਨ ਜਥੇਬੰਦੀਆਂ ਨੇ ਸਥਾਨਕ ਬੋਹਾ ਚੌਕ ਵਿੱਚ ਧਰਨਾ ਦੇ ਕੇ ਕੇਂਦਰ ਤੇ ਸੂਬਾ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਬੁਲਾਰਿਆਂ ਨੇ ਮੰਗ ਕੀਤੀ ਕਿ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਮੂਹ ਸਿੰਘਾਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ। ਬੁਲਾਰਿਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਬੰਦੀ ਸਿੰਘਾਂ ਦੀ ਰਿਹਾਈ ਨੂੰ ਇਸੇ ਤਰ੍ਹਾਂ ਲਮਕਾਈ ਰੱਖਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਹੋਰ ਤੇਜ਼ ਹੋਵੇਗਾ। ਰੋਸ ਮੁਜ਼ਾਹਰੇ ਨੂੰ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਸੁਖਵਿੰਦਰ ਸਿੰਘ ਔਲਖ, ਮਨਜੀਤ ਸਿੰਘ ਬੱਪੀਆਣਾ, ਪਰਮਜੀਤ ਭੀਖੀ, ਅਵਤਾਰ ਸਿੰਘ ਜਵਾਹਰਕੇ, ਅਕਾਲੀ ਦਲ ਪੁਨਰਸੁਰਜੀਤ ਦੇ ਭੋਲਾ ਸਿੰਘ ਕਾਹਨਗੜ੍ਹ, ਵੱਖ ਵੱਖ ਕਿਸਾਨ ਯੂਨੀਅਨਾਂ ਦੇ ਬੁਲਾਰੇ ਗੁਰਚਰਨ ਸਿੰਘ ਭੀਖੀ, ਰਾਜ ਸਿੰਘ ਅਲ਼ੀਸ਼ੇਰ, ਗੁਰਲਾਲ ਸਿੰਘ, ਭੋਲਾ ਸਿੰਘ ਸਮਾਉਂ, ਸਿੱਖ ਪ੍ਰਚਾਰਕ ਅਮ੍ਰਿਤਪਾਲ ਸਿੰਘ ਅਨੰਦਪੁਰ ਸਾਹਿਬ, ਨਿਰਭੈ ਸਿੰਘ ਗੁੜਥੜੀ, ਭਾਈ ਡਿੰਪਲ ਸਿੰਘ ਸਮਾਉਂ ਤੋਂ ਇਲਾਵਾ ਸੀਪੀਆਈ ਲਿਬਰੇਸ਼ਨ ਦੇ ਕਾ. ਧਰਮਪਾਲ ਨੀਟਾ, ਕਾ. ਹਰਭਗਵਾਨ ਭੀਖੀ, ਮਜ਼ਦੂਰ ਮੁਕਤੀ ਮੋਰਚਾ ਲਿਬਰੇਸ਼ਨ ਦੇ ਕਾ. ਬਿੱਕਰ ਸਿੰਘ ਤੇ ਪ੍ਰੋ. ਮਨਜਿੰਦਰ ਸਿੰਘ ਭੀਖੀ ਨੇ ਵੀ ਸੰਬੋਧਨ ਕੀਤਾ।

**ਕੋਟ ਈਸੇ ਖਾਂ (ਅਰੋੜਾ)** : ਪਿਛਲੇ ਲੰਬੇ ਸਮੇ ਤੋਂ ਜੇਲ੍ਹਾਂ ਅੰਦਰ ਬੰਦ ਬੰਦੀ ਸਿੰਘਾਂ ਨੂੰ ਰਿਹਾਅ ਕਰਵਾਉਣ ਲਈ ਕੌਮੀ ਇਨਸਾਫ ਮੋਰਚੇ ਵੱਲੋਂ ਪੰਜਾਬ ਬੰਦ ਦੇ ਸੱਦੇ ਨੂੰ ਕੋਟ ਈਸੇ ਖਾਂ ਵਿਖੇ ਭਰਪੂਰ ਸਮਰਥਨ ਮਿਲਿਆ।ਪੰਜਾਬ ਬੰਦ ਨੂੰ ਸਫਲ ਬਣਾਉਣ ਲਈ ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ ਦੇ ਸੂਬਾ ਪ੍ਰਧਾਨ ਬਲਵੰਤ ਸਿੰਘ ਬਹਿਰਾਮਕੇ, ਅਕਾਲੀ ਦਲ ਵਾਰਸ ਪੰਜਾਬ ਦੇ ਨਾਲ ਆਗੂ ਜਸਵਿੰਦਰ ਸਿੰਘ ਸਿੱਧੂ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਹੀਰਾ ਸਿੰਘ, ਭਾਰਤੀ ਕਿਸਾਨ ਯੂਨੀਅਨ ਤੋਤਾ ਸਿੰਘ ਵਾਲਾ ਸੂਬਾ ਪ੍ਰਧਾਨ ਸੁੱਖ ਗਿੱਲ, ਦਲ ਖਾਲਸਾ ਦੇ ਜ਼ਿਲ੍ਹਾ ਆਗੂ ਸੁਖਜੀਤ ਸਿੰਘ ਖੋਸਾ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ, ਸ਼ੇਰੇ ਪੰਜਾਬ ਕਿਸਾਨ ਜਥੇਬੰਦੀ, ਸੁਰਜੀਤ ਸਿੰਘ ਖਾਲਿਸਤਾਨੀ, ਕੁਲਵਿੰਦਰ ਸਿੰਘ ਮਾਨ ਸਮਾਜ ਸੇਵੀ, ਗੁਰਮੀਤ ਸਿੰਘ ਦਾਤੇਵਾਲ ਪ੍ਰਧਾਨ ਸਹਿਕਾਰੀ ਸਭਾਵਾਂ ਤੋਂ ਇਲਾਵਾ ਹੋਰ ਧਾਰਮਿਕ ਤੇ ਕਿਸਾਨ ਜਥੇਬੰਦੀਆਂ ਦੇ ਆਗੂਆਂ ਵੱਲੋਂ ਕੋਟ ਈਸੇ ਖਾਂ ਦੇ ਮੇਨ ਚੌਕ ਵਿੱਚ ਵਿਸ਼ਾਲ ਧਰਨਾ ਦਿੱਤਾ ਗਿਆ।ਸਾਰੇ ਆਗੂਆਂ ਨੇ ਕੇਂਦਰ ਸਰਕਾਰ ਤੋਂ ਪੁਰਜ਼ੋਰ ਮੰਗ ਕਰਦਿਆਂ ਕਿਹਾ ਕਿ ਸਮੁੱਚੇ ਬੰਦੀ ਸਿੰਘਾਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਸਿੱਖਾਂ 'ਤੇ ਕੀਤਾ ਜਾ ਰਿਹਾ ਅੱਤਿਆਚਾਰ ਬੰਦ ਕੀਤਾ ਜਾਵੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਗਰੂਪ ਸਿੰਘ ਰੰਡਿਆਲਾ, ਜਸਵੰਤ ਸਿੰਘ ਖੋਸਾ, ਹਰਪ੍ਰੀਤ ਸਿੰਘ ਸਮਰਾ, ਸਵਰਨ ਸਿੰਘ ਬਲਾਕ ਪ੍ਰਧਾਨ, ਤਰਸੇਮ ਸਿੰਘ ਗਿੱਲ, ਅੰਗਰੇਜ ਸਿੰਘ ਸਿੱਧੂ, ਕਰਮਜੀਤ ਸਿੰਘ ਰਸੂਲਪੁਰ ਜ਼ਿਲ੍ਹਾ ਪ੍ਰਧਾਨ ਤੋਂ ਇਲਾਵਾ ਕਿਸਾਨ, ਮਜ਼ਦੂਰ, ਦੁਕਾਨਦਾਰ, ਵਪਾਰੀ, ਟੈਕਸੀ ਯੂਨੀਅਨ ਦੇ ਮੈਂਬਰ ਵੱਖ ਵੱਖ ਇਕਾਈਆਂ ਦੇ ਪ੍ਰਧਾਨ ਵੀ ਹਾਜ਼ਰ ਰਹੇ।

**ਦੇਵੀਗੜ੍ਹ/ਸਨੌਰ (ਰਾਜਿੰਦਰ ਸਿੰਘ ਥਿੰਦ)** : ਕੌਮੀ ਇਨਸਾਫ ਮੋਰਚੇ ਵੱਲੋਂ ਦਿੱਤੇ ਪੰਜਾਬ ਬੰਦ ਦੇ ਸੱਦੇ ਨੂੰ ਵਿਧਾਨ ਸਭਾ ਹਲਕਾ ਸਨੌਰ 'ਚ ਭਰਵਾਂ ਹੁੰਗਾਰਾ ਮਿਲਿਆ। ਇਸ ਹਲਕੇ 'ਚ ਪੈਂਦੇ ਦੇ ਇਤਿਹਾਸਕ ਕਸਬਾ ਸਨੌਰ ਤੋਂ ਇਲਾਵਾ ਦੇਵੀਗੜ੍ਹ, ਭੁਨਰਹੇੜੀ, ਪੰਜੋਲਾ ਬਹਾਦੁਰਗੜ੍ਹ ਤੇ ਬਲਬੇੜਾ ਆਦਿ ਦੇ ਬਾਜ਼ਾਰ ਮੁਕੰਮਲ ਬੰਦ ਰਹਿਣ ਤੋਂ ਇਲਾਵਾ ਸਮੁੱਚੇ ਪ੍ਰਾਈਵੇਟ ਸਕੂਲ ਵੀ ਬੰਦ ਰਹੇ।ਦੇਵੀਗੜ੍ਹ ਵਿਖੇ ਵਾਰਿਸ ਪੰਜਾਬ ਦੇ ਦੀ ਆਗੂ ਬੀਬਾ ਜਸਵੰਤ ਕੌਰ ਖ਼ਾਲਸਾ ਘੜਾਮ ਮੀਤ ਪ੍ਰਧਾਨ ਇਸਤਰੀ ਵਿੰਗ ਪੰਜਾਬ ਤੇ ਸੁਰੇਸ਼ ਸਿੰਘ ਦੀ ਅਗਵਾਈ ਹੇਠ ਘੱਗਰ ਦਰਿਆ ਦੇ ਪੁਲ ਦੀ ਨਾਕਾਬੰਦੀ ਕਰ ਕੇ ਧਰਨਾ ਦਿੱਤਾ ਗਿਆ। ਇਸ ਮੌਕੇ ਰਾਜਵੰਤ ਕੌਰ ਘੜਾਮ ਮੀਤ ਪ੍ਰਧਾਨ ਇਸਤਰੀ ਵਿੰਗ ਪੰਜਾਬ ਅਕਾਲੀ ਦਲ ਵਾਰਿਸ ਪੰਜਾਬ ਦੇ, ਸੁਰੇਸ਼ ਸਿੰਘ, ਗੁਰਮੀਤ ਸਿੰਘ, ਗੁਰਤੇਜ ਸਿੰਘ, ਸਬੇਗ ਸਿੰਘ ਬਹਿਰੂ, ਪ੍ਰਿਤਪ੍ਰੀਤ ਸਿੰਘ, ਅਮਰਿੰਦਰ ਸਿੰਘ ਕੱਕੋਮਾ, ਰਣਜੀਤ ਸਿੰਘ ਮਸੀਂਗਣ, ਹਰਮਨ ਸਿੰਘ ਫਰਾਂਸ ਵਾਲਾ, ਸ਼ੀਸ਼ਾ ਸਿੰਘ ਰਾਜਗੜ੍ਹ, ਰਾਮ ਸਰਨ ਗੁੱਜਰ, ਦਲਜੀਤ ਸਿੰਘ ਭੁਲਕਾ, ਕਸ਼ਮੀਰ ਸਿੰਘ ਬਹਿਰੂ, ਆਤਮਾ ਸਿੰਘ, ਪਰਮਜੀਤ ਸ਼ਰਮਾ ਸਰਪੰਚ ਬਹਿਰੂ, ਬਲਵੀਰ ਸਿੰਘ ਬਹਿਰੂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

**ਧੂਰੀ (ਮਹਿੰਦਰ ਗਗਨ, ਮਨੋਜ ਮੰਗੂ, ਕਿੰਨੀ ਗਰਗ)** : ਕੌਮੀ ਇਨਸਾਫ ਮੋਰਚੇ ਵੱਲੋਂ ਦਿੱਤੇ ਗਏ ਪੰਜਾਬ ਬੰਦ ਦੇ ਸੱਦੇ ਨੂੰ ਧੂਰੀ ਸ਼ਹਿਰ ਵਿੱਚ ਮੁਕੰਮਲ ਹੁੰਗਾਰਾ ਮਿਲਿਆ।ਬੰਦ ਦੌਰਾਨ ਸ਼ਹਿਰ ਦੇ ਮੁੱਖ ਬਾਜ਼ਾਰਾਂ ਵਿੱਚ ਜ਼ਿਆਦਾਤਰ ਦੁਕਾਨਾਂ ਤੇ ਵਪਾਰਕ ਅਦਾਰੇ ਮੁਕੰਮਲ ਤੌਰ 'ਤੇ ਬੰਦ ਰਹੇ, ਜਦੋਂਕਿ ਕੁਝ ਕੁ ਦੁਕਾਨਾਂ ਖੁੱਲ੍ਹੀਆਂ ਨਜ਼ਰ ਆਈਆਂ।ਇਸ ਰੋਸ ਪ੍ਰਦਰਸ਼ਨ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਤੁਰੰਤ ਰਿਹਾਈ ਤੇ ਚੰਡੀਗੜ੍ਹ ਧਰਨੇ ਦੌਰਾਨ ਅੰਦੋਲਨਕਾਰੀਆਂ 'ਤੇ ਦਰਜ ਕੀਤੇ ਗਏ ਮੁਕੱਦਮਿਆਂ ਨੂੰ ਰੱਦ ਕਰਵਾਉਣ ਦੀ ਮੁੱਖ ਮੰਗ ਨੂੰ ਲੈ ਕੇ ਕੀਤਾ ਗਿਆ ਸੀ।ਇਸ ਰੋਸ ਅੰਦੋਲਨ ਦੀ ਅਗਵਾਈ ਕੌਮੀ ਇਨਸਾਫ ਮੋਰਚੇ ਦੇ ਆਗੂ ਸਰਬਜੀਤ ਸਿੰਘ ਅਲਾਲ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਸੀਨੀਅਰ ਨੇਤਾ ਹਰਜੇਸ਼ ਸਿੰਘ ਜੈਨਪੁਰ, ਨਰਿੰਦਰਜੀਤ ਸਿੰਘ ਕਾਲਾਬੂਲਾ, ਸਰਬਜੀਤ ਸਿੰਘ ਕੱਕੜਵਾਲ, ਜਸਵੀਰ ਸਿੰਘ ਤੇ ਸਾਧੂ ਸਿੰਘ ਪੇਧਨੀ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਕੀਤੀ।ਆਗੂਆਂ ਨੇ ਸ਼ਹਿਰ ਦੇ


ਰਾਏਕੋਟ

ਪ੍ਰਮੁੱਖ ਬਾਜ਼ਾਰਾਂ ਵਿੱਚ ਇੱਕ ਰੋਸ ਮਾਰਚ ਕੱਢਿਆ ਤੇ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ।ਇਸ ਤੋਂ ਬਾਅਦ ਪ੍ਰਦਰਸ਼ਨਕਾਰੀਆਂ ਨੇ ਸ਼ਹਿਰ ਦੇ ਰਣਨੀਤਕ ਤੌਰ 'ਤੇ ਅਹਿਮ ਕੱਕੜਵਾਲ ਪੁਲ 'ਤੇ ਧਰਨਾ ਲਾ ਕੇ ਆਵਾਜਾਈ ਪੂਰੀ ਤਰ੍ਹਾਂ ਠੱਪ ਕਰ ਦਿੱਤੀ।

**ਭਵਾਨੀਗੜ੍ਹ (ਰਾਜ ਖੁਰਮੀ)** : ਕੌਮੀ ਇਨਸਾਫ ਮੋਰਚੇ ਵੱਲੋਂ ਪੰਜਾਬ ਬੰਦ ਦੇ ਦਿੱਤੇ ਸੱਦੇ ਨੂੰ ਭਵਾਨੀਗੜ੍ਹ ਸ਼ਹਿਰ ਵਿੱਚ ਵੀ ਭਰਵਾਂ ਹੁੰਗਾਰਾ ਮਿਲਿਆ।ਬੰਦ ਦੇ ਸੱਦੇ ਤਹਿਤ ਸ਼ਹਿਰ ਦੇ ਬਾਜ਼ਾਰ ਤੇ ਵਪਾਰਕ ਅਦਾਰੇ ਮੁਕੰਮਲ ਤੌਰ 'ਤੇ ਬੰਦ ਰਹੇ, ਜਿਸ ਕਾਰਨ ਸ਼ਹਿਰ ਦੀਆਂ ਮੁੱਖ ਸੜਕਾਂ ਤੇ ਬਾਜ਼ਾਰਾਂ ਵਿੱਚ ਆਮ ਦਿਨਾਂ ਦੇ ਮੁਕਾਬਲੇ ਸੁੰਨਸਾਨ ਛਾਇਆ ਰਿਹਾ।ਇਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਤ ਆਗੂਆਂ ਤੇ ਵਰਕਰਾਂ ਵੱਲੋਂ ਚੰਡੀਗੜ੍ਹ-ਬਠਿੰਡਾ ਮੁੱਖ ਮਾਰਗ 'ਤੇ ਇਕੱਠੇ ਹੋ ਕੇ ਜਾਮ ਲਗਾਇਆ ਗਿਆ। ਇਸ ਮੌਕੇ ਸੰਗਤਾਂ ਵੱਲੋਂ ਸਤਨਾਮ-ਵਾਹਿਗੁਰੂ ਦਾ ਜਾਪ ਕਰਦਿਆਂ ਬੰਦੀ ਸਿੰਘਾਂ ਦੀ ਰਿਹਾਈ ਲਈ ਆਵਾਜ਼ ਬੁਲੰਦ ਕੀਤੀ ਗਈ।ਇਸ ਮੌਕੇ ਦਲ ਦੇ ਆਗੂ ਸਖਵਿੰਦਰ ਸਿੰਘ ਬਲਿਆਲ ਤੇ ਅਵਤਾਰ ਸਿੰਘ ਬਲਿਆਲ ਨੇ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਲਈ ਸਿੱਖ ਸੰਗਤ ਵੱਲੋਂ ਲੰਮੇ ਸਮੇਂ ਤੋਂ ਸ਼ਾਂਤਮਈ ਢੰਗ ਨਾਲ ਸੰਘਰਸ਼ ਕੀਤਾ ਜਾ ਰਿਹਾ ਹੈ ਤੇ ਸਰਕਾਰ ਨੂੰ ਸੰਗਤ ਦੀਆਂ ਭਾਵਨਾਵਾਂ ਨੂੰ ਸਮਝਦਿਆਂ ਇਸ ਮਸਲੇ ਦਾ ਸਥਾਈ ਹੱਲ ਕੱਢਣਾ ਚਾਹੀਦਾ ਹੈ।ਬੰਦ ਦੌਰਾਨ ਮੁੱਖ ਮਾਰਗ 'ਤੇ ਜਾਮ ਲੱਗਣ ਕਾਰਨ ਆਵਾਜਾਈ ਪ੍ਰਭਾਵਿਤ ਹੋਈ।

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** : ਕੌਮੀ ਇਨਸਾਫ਼ ਮੋਰਚੇ ਵੱਲੋਂ ਦਿੱਤੇ ਸੱਦੇ ਤਹਿਤ ਵਾਰਿਸ ਪੰਜਾਬ ਦੀ ਜਥੇਬੰਦੀ ਵੱਲੋਂ ਮਹਿਲ ਕਲਾਂ ਨੂੰ ਮੁਕੰਮਲ ਤੌਰ 'ਤੇ ਬੰਦ ਕਰਵਾਇਆ ਗਿਆ।ਇਸ ਦੌਰਾਨ ਮਹਿਲ ਕਲਾਂ ਦੇ ਬਾਜ਼ਾਰਾਂ ਵਿੱਚ ਦੁਕਾਨਾਂ ਬੰਦ ਰਹੀਆਂ ਤੇ ਜਥੇਬੰਦੀ ਦੇ ਆਗੂਆਂ ਤੇ ਵਰਕਰਾਂ ਵੱਲੋਂ ਬੰਦ ਦੇ ਸੱਦੇ ਨੂੰ ਸਫ਼ਲ ਬਣਾਉਣ ਲਈ ਦੁਕਾਨਦਾਰਾਂ ਤੇ ਲੋਕਾਂ ਨੂੰ ਸਹਿਯੋਗ ਦੀ ਅਪੀਲ ਕੀਤੀ ਗਈ।ਬੰਦ ਦੌਰਾਨ ਸਮੁੱਚਾ ਮਾਹੌਲ ਸ਼ਾਂਤਮਈ ਰਿਹਾ।ਇਸ ਮੌਕੇ ਵਾਰਿਸ ਪੰਜਾਬ ਦੇ ਆਗੂ ਸਤਨਾਮ ਸਿੰਘ ਖਾਲਸਾ, ਅਵਤਾਰ ਸਿੰਘ ਬੱਬੀ ਤੇ ਹਰਜੀਤ ਸਿੰਘ ਖਿਆਲੀ ਨੇ ਕਿਹਾ ਕਿ ਕੌਮੀ ਇਨਸਾਫ਼ ਮੋਰਚੇ ਵੱਲੋਂ ਲੰਮੇ ਸਮੇਂ ਤੋਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕੀਤੀ ਜਾ ਰਹੀ ਹੈ।ਆਗੂਆਂ ਨੇ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਦਾ ਮਸਲਾ ਸਿੱਖ ਕੌਮ ਦੀਆਂ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ।ਉਨ੍ਹਾਂ ਕੇਂਦਰ ਤੇ ਸੂਬਾ ਸਰਕਾਰ ਤੋਂ ਮੰਗ ਕੀਤੀ ਕਿ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀਆਂ ਦੇ ਮਾਮਲਿਆਂ 'ਤੇ ਕਾਨੂੰਨੀ ਪ੍ਰਕਿਰਿਆ ਅਨੁਸਾਰ ਤੁਰੰਤ ਵਿਚਾਰ ਕਰਦਿਆਂ ਉਨ੍ਹਾਂ ਦੀ ਰਿਹਾਈ ਦਾ ਰਾਹ ਪੱਧਰਾ ਕੀਤਾ ਜਾਵੇ।ਇਸ ਮੌਕੇ ਮਾਰਕੀਟ ਕਮੇਟੀ ਮਹਿਲ ਕਲਾਂ ਦੇ ਪ੍ਰਧਾਨ ਗਗਨ ਸਰਾਂ ਨੇ ਕਿਹਾ ਕਿ ਮਾਰਕੀਟ ਕਮੇਟੀ ਵੱਲੋਂ ਜਥੇਬੰਦੀ ਦੀਆਂ ਮੰਗਾਂ ਦਾ ਪੂਰਨ ਤੌਰ 'ਤੇ ਸਾਥ ਦਿੱਤਾ ਜਾਵੇਗਾ।ਇਸ ਮੌਕੇ ਕਿਸਾਨ ਯੂਨੀਅਨ ਆਗੂ ਜਗਰਾਜ ਸਿੰਘ ਹਰਦਾਸਪੁਰਾ, ਸ਼ੇਰ ਸਿੰਘ ਖਾਲਸਾ, ਵਰਿੰਦਰ ਸਿੰਘ ਟਿਵਾਣਾ, ਮੁਕੰਦ ਸਿੰਘ ਮਹਿਲ ਕਲਾਂ, ਹਰਨੇਕ ਸਿੰਘ, ਰਣਜੀਤ ਸਿੰਘ ਚੰਨਣਵਾਲ, ਮਨਪ੍ਰੀਤ ਸਿੰਘ ਚੰਨਣਵਾਲ, ਸਤਪਾਲ ਸੋਹੀ ਸਹਿਜੜਾ, ਲਖਬੀਰ ਸਿੰਘ ਕੁਤਬਾ, ਬਲਤੇਜ ਸਿੰਘ ਮਹਿਲ ਕਲਾਂ, ਜਗਸੀਰ ਸਿੰਘ ਖਿਆਲੀ, ਬੇਅੰਤ ਸਿੰਘ ਗਾਗੇਵਾਲ, ਵਰਿੰਦਰ ਸਿੰਘ ਕੁਤਬਾ, ਸਤਪਾਲ ਸਿੰਘ ਅਤੇ ਬਲਦੇਵ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਆਗੂ ਅਤੇ ਵਰਕਰ ਹਾਜ਼ਰ ਸਨ।

**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ, ਸ਼ਮਿੰਦਰਪਾਲ, ਪੂਜਾ)** : ਕੌਮੀ ਇਨਸਾਫ਼ ਮੋਰਚਾ ਦੇ ਬੰਦ ਦੇ ਸੱਦੇ 'ਤੇ ਸ੍ਰੀ ਮੁਕਤਸਰ ਸਾਹਿਬ ਵਿਖੇ ਵਿਆਪਕ ਅਸਰ ਦੇਖਣ ਨੂੰ ਮਿਲਿਆ।ਸ਼ਹਿਰ ਦੇ ਸਮੂਹ ਸਰਕਾਰੀ ਤੇ ਨਿੱਜੀ ਸਕੂਲ-ਕਾਲਜ, ਮੁੱਖ ਬਾਜ਼ਾਰ ਤੇ ਬੱਸ ਸੇਵਾਵਾਂ ਪੂਰਨ ਤੌਰ 'ਤੇ ਬੰਦ ਰਹੀਆਂ।ਬਾਜ਼ਾਰ ਮੁਕੰਮਲ ਬੰਦ ਰਹੇ, ਜਦੋਂਕਿ ਦਵਾਈਆਂ ਦੀਆਂ ਦੁਕਾਨਾਂ, ਸ਼ਰਾਬ ਦੇ ਠੇਕੇ ਤੇ ਸ਼ਹਿਰ ਦੇ ਬਾਹਰੀ ਹਿੱਸਿਆਂ ਵਿੱਚ ਇੱਕਾ-ਦੁੱਕਾ ਕਰਿਆਨੇ ਦੀਆਂ ਦੁਕਾਨਾਂ ਖੁੱਲ੍ਹੀਆਂ ਨਜ਼ਰ ਆਈਆਂ।ਲੰਬੇ ਰੂਟ ਦੀਆਂ ਬੱਸਾਂ ਪੂਰੀ ਤਰ੍ਹਾਂ ਠੱਪ ਰਹੀਆਂ, ਜਦੋਂ ਕਿ ਸਥਾਨਕ ਰੂਟਾਂ 'ਤੇ ਰੋਡਵੇਜ਼ ਤੇ ਪ੍ਰਾਈਵੇਟ ਕੰਪਨੀਆਂ ਦੀਆਂ ਇੱਕਾ-ਦੁੱਕਾ ਬੱਸਾਂ ਹੀ ਚੱਲੀਆਂ।ਇਸ ਦੌਰਾਨ ਕਈ ਸਵਾਰੀਆਂ ਪ੍ਰੇਸ਼ਾਨ ਵੀ ਹੋਈਆਂ।ਸਰਕਾਰੀ ਦਫ਼ਤਰਾਂ ਵਿੱਚ ਵੀ ਆਮ ਲੋਕਾਂ ਦੀ ਆਮਦ ਨਾਮਾਤਰ ਰਹੀ।ਦੁਕਾਨਦਾਰਾਂ ਅਨੁਸਾਰ ਸ਼ਹਿਰ ਵਿੱਚ ਬੰਦ ਲਈ ਕੋਈ ਹੋਕਾ (ਮਨਿਆਦੀ) ਨਹੀਂ ਦਿੱਤਾ ਗਿਆ ਸੀ, ਬਲਕਿ ਖ਼ਬਰਾਂ ਤੋਂ ਮਿਲੀ ਜਾਣਕਾਰੀ ਦੇ ਆਧਾਰ 'ਤੇ ਕਿਸੇ ਵੀ ਤਣਾਅ ਤੋਂ ਬਚਣ ਲਈ ਉਨ੍ਹਾਂ ਨੇ ਆਪ ਮੁਹਾਰੇ ਹੀ ਆਪਣੇ ਕਾਰੋਬਾਰ ਬੰਦ ਰੱਖੇ।

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** : ਸਮਾਜਿਕ ਜਥੇਬੰਦੀਆਂ, ਸਿਆਸੀ ਪਾਰਟੀਆਂ, ਕਿਸਾਨ ਯੂਨੀਅਨਾਂ ਤੇ ਧਾਰਮਿਕ ਜਥੇਬੰਦੀਆਂ ਵੱਲੋਂ ਸਜ਼ਾ ਪੂਰੀਆਂ ਕਰਨ ਦੇ ਬਾਵਜੂਦ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਸੀ, ਜਿਸ ਨੂੰ ਮਾਛੀਵਾੜਾ ਸ਼ਹਿਰ ਵਿੱਚ ਵੀ ਭਰਵਾਂ ਸਮਰਥਨ ਮਿਲਿਆ। ਇਸ ਬੰਦ ਦੇ ਸੱਦੇ ਕਾਰਨ ਬਜ਼ਾਰ ਮੁਕੰਮਲ ਤੌਰ 'ਤੇ ਬੰਦ ਰਹੇ ਤੇ ਸੜਕਾਂ 'ਤੇ ਸੰਨਾਟਾ ਛਾਇਆ ਰਿਹਾ। ਅੱਜ ਸਵੇਰ ਸਮੇਂ ਵੀ ਕੁਝ ਦੁਕਾਨਾਂ ਖੁੱਲ੍ਹੀਆਂ, ਪਰ ਬਾਅਦ ਵਿੱਚ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਵੱਲੋਂ ਸਹਿਯੋਗ ਦੇਣ ਦੀ ਅਪੀਲ ਕੀਤੀ, ਜਿਸ 'ਤੇ ਦੁਕਾਨਾਂ ਬੰਦ ਕਰਵਾ ਦਿੱਤੀਆਂ ਗਈਆਂ। ਬੰਦ ਦਾ ਅਸਰ ਇੰਨਾ ਵਿਆਪਕ ਰਿਹਾ ਕਿ ਸ਼ਹਿਰ ਵਿੱਚ ਕੋਈ ਰੇਹੜੀ ਵੀ ਲੱਗੀ ਨਜ਼ਰ ਨਹੀਂ ਆਈ ਤੇ ਸਾਰੇ ਬਾਜ਼ਾਰ ਪੂਰੀ ਤਰ੍ਹਾਂ ਬੰਦ ਰਹੇ। ਇਸ ਦੇ ਨਾਲ ਹੀ ਮਾਛੀਵਾੜਾ-ਕੁਹਾੜਾ ਰੋਡ 'ਤੇ ਸਥਿਤ ਹਾੜੀਆਂ ਚੌਕ ਵਿਖੇ ਧਾਰਮਿਕ ਜਥੇਬੰਦੀਆਂ ਵੱਲੋਂ ਸੜਕ ਨੂੰ ਬੰਦ ਕਰ ਰੋਸ ਪ੍ਰਦਰਸ਼ਨ ਕੀਤਾ ਗਿਆ। ਸੜਕ ਬੰਦ ਹੋਣ ਕਾਰਨ ਮਾਛੀਵਾੜਾ-ਕੁਹਾੜਾ ਰੋਡ 'ਤੇ ਆਵਾਜਾਈ ਪ੍ਰਭਾਵਿਤ ਰਹੀ। ਇੱਥੇ ਧਰਨਾ ਦੇ ਰਹੇ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜੇਲ੍ਹਾਂ ਵਿੱਚ ਬੰਦ ਜੋ ਬੰਦੀ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਾਡਾ ਅੱਜ ਦਾ ਰੋਸ ਪ੍ਰਦਰਸ਼ਨ ਬਿਲਕੁਲ ਸ਼ਾਂਤਮਈ ਹੈ ਤੇ ਜੇਕਰ ਬੰਦੀ ਸਿੰਘਾਂ ਦੀ ਰਿਹਾਈ ਬਾਰੇ ਜਲਦ ਕੋਈ ਫੈਸਲਾ ਨਾ ਹੋਇਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

**ਮਮਦੋਟ (ਜਸਬੀਰ ਸਿੰਘ ਕੰਬੋਜ)** : ਬੰਦੀ ਸਿੰਘਾਂ ਦੀ ਰਿਹਾਈ ਤੇ ਭਾਈ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਵਾਸਤੇ ਕੌਮੀ ਇਨਸਾਫ ਮੋਰਚੇ ਸਮੇਤ ਕਈ ਹੋਰ ਜਥੇਬੰਦੀਆਂ ਵੱਲੋਂ 21 ਅਗਸਤ ਨੂੰ ਦਿੱਤੇ ਪੰਜਾਬ ਬੰਦ ਦੇ ਸੱਦੇ 'ਤੇ ਕਸਬਾ ਮਮਦੋਟ ਵਿੱਚ ਦੁਕਾਨਦਾਰ ਤੇ ਹੋਰ ਕਾਰੋਬਾਰੀਆਂ ਵੱਲੋਂ ਬੰਦ ਦਾ ਸਮਰਥਨ ਕਰਦਿਆਂ ਆਪਣੇ ਆਪਣੇ ਕਾਰੋਬਾਰ ਬੰਦ ਰੱਖੇ ਗਏ।ਇਸ ਮੌਕੇ ਜਥੇਬੰਦੀਆਂ ਦੇ ਆਗੂਆਂ ਜਿਨ੍ਹਾਂ ਵਿੱਚੋ ਪ੍ਰਮੁੱਖ ਆਗੂ ਜਥੇਦਾਰ ਸੁਖਦੇਵ ਸਿੰਘ ਵੇਹੜੀ, ਭਾਈ ਸੂਰਤ ਸਿੰਘ ਮਮਦੋਟ, ਜਸਵੰਤ ਸਿੰਘ ਭੁੱਲਰ, ਮੇਹਰ ਸਿੰਘ ਜੰਗ, ਮਨਪ੍ਰੀਤ ਸਿੰਘ ਮੁਰਾਲੀ, ਨਿਸ਼ਾਨ ਸਿੰਘ ਮੁਰਾਲੀ, ਸਵਰਨ ਸਿੰਘ ਸਵਾਈਕੇ, ਬਲਜੀਤ ਸਿੰਘ ਕੜਮਾਂ, ਮਨਜੀਤ ਸਿੰਘ ਕੜਮਾਂ, ਹਰਭਜਨ ਸਿੰਘ ਮਮਦੋਟ, ਜਗਦੀਸ਼ ਸਿੰਘ, ਕੁਲਵੰਤ ਸਿੰਘ ਸੇਠਾਂ ਵਾਲਾ, ਭਾਈ ਬਲਦੇਵ ਸਿੰਘ ਗੁੰਥੀ ਸਮੇਤ ਕਈ ਹੋਰ ਆਗੂ ਵੀ ਸਨ, ਵੱਲੋਂ 'ਬੰਦੀ ਸਿੰਘਾਂ ਨੂੰ ਰਿਹਾਅ ਕਰੋ' ਦੇ ਨਾਹਰੇ ਲਾਉਂਦਿਆਂ ਤੇ 'ਸਤਿਨਾਮੁ ਵਾਹਿਗੁਰੂ' ਦਾ ਜਾਪ ਕਰਦਿਆਂ ਇੱਕ ਮਾਰਚ ਵੀ ਕੱਢਿਆ ਗਿਆ।ਮਾਰਚ ਦੇ ਅਖੀਰ ਵਿੱਚ ਭਾਈ ਸੂਰਤ ਸਿੰਘ, ਭਾਈ ਜਸਵੰਤ ਸਿੰਘ ਭੁੱਲਰ, ਬਲਜੀਤ ਸਿੰਘ ਤੇ ਹੋਰ ਆਗੂਆਂ ਨੇ ਕੌਮੀ ਇਨਸਾਫ਼ ਮੋਰਚੇ ਸਮੇਤ ਕਈ ਹੋਰ ਜਥੇਬੰਦੀਆਂ ਵੱਲੋਂ ਦਿੱਤੇ ਸੱਦੇ 'ਤੇ ਬੰਦ ਦਾ ਸਮਰਥਨ ਕਰਨ ਤੇ ਕਸਬਾ ਮਮਦੋਟ ਦੇ ਸਮੂਹ ਦੁਕਾਨਦਾਰਾਂ ਤੇ ਹੋਰ ਕਾਰੋਬਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਦੇ ਲੋਕਾਂ ਦੇ ਮਸਲੇ ਹੱਲ ਕਰਾਉਣ ਤੇ ਲੋਕਾਂ ਨੂੰ ਦਰਪੇਸ਼ ਆਂ ਰਹੀਆਂ ਮੁਸ਼ਕਲਾਂ ਦੇ ਹੱਲ ਵਾਸਤੇ ਸਾਨੂੰ ਸਮੂਹ ਪੰਜਾਬ ਵਾਸੀਆਂ ਨੂੰ ਇਸੇ ਤਰ੍ਹਾਂ ਆਪਣੇ ਏਕੇ ਦਾ ਸਬੂਤ ਦੇਂਦੇ ਹੋਏ ਇਕਜੁੱਟਤਾ ਬਣਾਈ ਰੱਖਣ ਦੀ ਲੋੜ ਹੈ।

**ਫਰੀਦਕੋਟ (ਐਲਿਗਜੈਂਡਰ ਡਿਸੂਜਾ/ਗੁਰਪ੍ਰੀਤ ਸਿੰਘ ਬੇਦੀ)** : ਬੰਦੀ ਸਿੰਘਾਂ ਦੀ ਰਿਹਾਈ ਸਮੇਤ ਹੋਰ ਮੰਗਾਂ ਨੂੰ ਲੈ ਕੇ ਕੌਮੀ ਇਨਸਾਫ਼ ਮੋਰਚੇ ਵੱਲੋਂ ਦਿੱਤੀ ਪੰਜਾਬ ਬੰਦ ਦੀ ਕਾਲ ਦਾ ਫਰੀਦਕੋਟ ਸ਼ਹਿਰ ਵਿੱਚ ਪੂਰਨ ਅਸਰ ਦੇਖਣ ਨੂੰ ਮਿਲਿਆ।ਸ਼ਹਿਰ ਦੀਆਂ ਦੁਕਾਨਾਂ, ਵਪਾਰਕ ਅਦਾਰੇ ਤੇ ਮੁੱਖ ਬਾਜ਼ਾਰ ਪੂਰੀ ਤਰ੍ਹਾਂ ਬੰਦ ਰਹੇ, ਜਿਸ ਕਾਰਨ ਆਮ ਜਨ-ਜੀਵਨ ਪ੍ਰਭਾਵਿਤ ਰਿਹਾ। ਇਸ ਮੌਕੇ ਆਗੂਆਂ ਨੇ ਕਿਹਾ ਕਿ ਪੰਜਾਬ ਬੰਦ ਦਾ ਮੁੱਖ ਮਕਸਦ ਲੰਬੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਦੀ ਰਿਹਾਈ ਲਈ ਸਰਕਾਰਾਂ 'ਤੇ ਦਬਾਅ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਜਿਹੜੇ ਬੰਦੀ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਨੂੰ ਕਾਨੂੰਨ ਅਨੁਸਾਰ ਰਿਹਾਅ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਸਰਕਾਰਾਂ ਤੋਂ ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਠੋਸ ਕਦਮ ਚੁੱਕਣ ਦੀ ਮੰਗ ਕੀਤੀ।ਬੰਦ ਦੇ ਮੱਦੇਨਜ਼ਰ ਫਰੀਦਕੋਟ ਪੁਲਸ ਪ੍ਰਸ਼ਾਸਨ ਵੱਲੋਂ ਡੀ ਐੱਸ ਪੀ ਤਰਲੋਚਨ ਸਿੰਘ ਦੀ ਅਗਵਾਈ ਹੇਠ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ।

**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ, ਅਸ਼ੋਕ ਬਾਂਸਲ)** : ਬੰਦੀ ਸਿੰਘਾਂ ਦੀ ਰਿਹਾਈ ਤੇ ਪੈਰੋਲ ਨੂੰ ਲੈ ਕੇ ਸਿੱਖ ਜਥੇਬੰਦੀਆਂ ਵੱਲੋਂ ਪੰਜਾਬ ਬੰਦ ਦੇ ਸੱਦੇ ਦਾ ਅਸਰ ਸਥਾਨਕ ਸ਼ਹਿਰ ਵਿੱਚ ਵੀ ਦੇਖਣ ਨੂੰ ਮਿਲਿਆ। ਸੁਨਾਮ ਸ਼ਹਿਰ ਮੁਕੰਮਲ ਤੌਰ 'ਤੇ ਬੰਦ ਰਿਹਾ। ਦੁਕਾਨਾਂ ਤੋਂ ਲੈ ਕੇ ਬੱਸਾਂ ਤੱਕ ਰੋਕੀਆਂ ਗਈਆਂ, ਕਿਉਂਕਿ ਕਿਤੇ ਨਾ ਕਿਤੇ ਲੋਕ ਵੀ ਇਹ ਚਾਹੁੰਦੇ ਹਨ ਕਿ ਜਿਸ ਤਰ੍ਹਾਂ ਦੂਸਰੇ ਮੁਜਰਮਾਂ ਨੂੰ ਪੈਰੋਲ ਮਿਲਦੀ ਹੈ, ਇਸੇ ਤਰ੍ਹਾਂ ਜੋ ਬੰਦੀ ਸਿੰਘ ਹਨ, ਉਨ੍ਹਾਂ ਉੱਪਰ ਕਈ ਕੇਸ ਵੀ ਚੱਲੇ, ਪਰ ਉਨ੍ਹਾਂ ਵਿੱਚੋਂ ਨਿਰਦੋਸ਼ ਰਹੇ, ਉਨ੍ਹਾਂ ਨੂੰ ਪੈਰੋਲ ਮਿਲਣੀ ਜ਼ਰੂਰੀ ਹੈ। ਸਿੱਖ ਜਥੇਬੰਦੀਆਂ ਵੱਲੋਂ ਇਸ ਨੂੰ ਪੂਰਨ ਤੌਰ 'ਤੇ ਹੁੰਗਾਰਾ ਦੇਣ ਲਈ ਅੱਜ 21 ਅਗਸਤ ਨੂੰ ਪੂਰਾ ਪੰਜਾਬ ਬੰਦ ਦੀ ਕਾਲ ਦਿੱਤੀ ਗਈ ਸੀ, ਜਿਸ ਵਿੱਚ ਸੁਨਾਮ ਵਿੱਚ ਇਸ ਦਾ ਪੂਰਨ ਸਾਥ ਦਿੱਤਾ ਗਿਆ।

**ਨਾਭਾ (ਅਮਨ ਗਰਗ)** : ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮੀ ਇਨਸਾਫ ਮੋਰਚੇ ਵੱਲੋਂ ਚੱਲ ਰਹੇ ਅੰਦੋਲਨ ਦੁਆਰਾ ਸ਼ੁਕਰਵਾਰ ਨੂੰ ਸਮਾਂਬੱਧ ਪੰਜਾਬ ਬੰਦ ਦੇ ਸੱਦੇ ਨੂੰ ਲੈ ਕੇ ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਦੀ ਅਗਵਾਈ ਹੇਠ ਪਟਿਆਲਾ ਗੇਟ ਵਿਖੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖਿਲਾਫ ਰੋਸ ਪ੍ਰਦਰਸ਼ਨ ਕਰਦਿਆਂ ਪੁਤਲਾ ਸਾੜਿਆ ਗਿਆ।ਇਸ ਮੌਕੇ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਨੇ ਕਿਹਾ ਕਿ ਕਿਸੇ ਵੀ ਦੇਸ਼ ਦਾ ਕਾਨੂੰਨ ਮਨੁੱਖੀ ਅਧਿਕਾਰਾਂ ਨੂੰ ਖਤਮ ਨਹੀਂ ਕਰਦਾ, ਜਿਸ ਦੇ ਚਲਦਿਆਂ ਕੌਮੀ ਇਨਸਾਫ ਮੋਰਚੇ ਵੱਲੋਂ ਇਨ੍ਹਾਂ ਦੇਸ਼ ਭਰ ਦੇ ਸਿਆਸੀ ਬੰਦੀ ਸਿੰਘਾਂ ਜਾਂ ਦੇਸ਼ ਦੇ ਕੋਨੇ ਵਿਚੋਂ ਹੋਰ ਵੀ ਭਾਵੇਂ ਆਦਿਵਾਸੀ ਹੋਣ ਜੋ ਆਪਣੀ ਹੋਂਦ ਬਚਾਉਣ ਖਾਤਰ ਜੇਲ੍ਹਾਂ ਅੰਦਰ ਬੰਦ ਹਨ, ਦੀ ਰਿਹਾਈ ਦੀ ਇਹ ਮੰਗ ਬਿਲਕੁਲ ਜਾਇਜ਼ ਹੈ, ਫਿਰ ਵੀ ਕੇਂਦਰ ਤੇ ਪੰਜਾਬ ਸਰਕਾਰ ਦਾ ਰਵਈਆ ਠੀਕ ਨਹੀਂ ਰਿਹਾ।ਉਨ੍ਹਾਂ ਆਖਿਆ ਕਿ ਪਿਛਲੇ ਕਈ ਸਾਲਾਂ ਤੋਂ ਭਾਈ ਜਗਤਾਰ ਸਿੰਘ ਹਵਾਰਾ ਦੀ ਮਾਤਾ ਦੀ ਸਿਹਤ ਠੀਕ ਨਾ ਹੋਣ ਕਰਕੇ ਉਨ੍ਹਾਂ ਨੂੰ ਪੈਰੋਲ ਦੀ ਮੰਗ ਤਹਿਤ ਰਿਹਾਈ ਦੇਣੀ ਚਾਹੀਦੀ ਹੈ।ਇਸ ਮੌਕੇ ਸੁਰਜੀਤ ਸਿੰਘ ਬਾਬਰਪੁਰ, ਬਿੱਲੂ ਸਹੋਲੀ, ਕਾਮਰੇਡ ਜਗਮੀਤ ਮੀਤਾ ਸਹੋਲੀ, ਹੈਪੀ ਸੁਖੇਵਾਲ ਹਰਬੰਸ ਸਿੰਘ ਮਡੌਰ, ਡੀਸੀ ਸਹੌਲੀ, ਹਰਬੰਸ ਸਿੰਘ ਖੇੜੀ, ਗੁਲਜਾਰਾ ਸਿੰਘ ਸਹੋਲੀ, ਰਘਵੀਰ ਨੌਹਰਾ, ਬਾਬਾ ਦਰਸ਼ਨ ਸਿੰਘ ਪੇਧਨ, ਪਰਦਮਨ ਸਿੰਘ ਬਾਗੜੀਆਂ, ਜੋਗਿੰਦਰ ਸਿੰਘ, ਗੁਰਜੀਤ ਸਿੰਘ ਬਿਨਾਹੇੜੀ, ਬੰਤ ਸਿੰਘ ਸਹੋਲੀ, ਗੁਰਿੰਦਰ ਸਿੰਘ ਨਾਭਾ, ਮੰਗਾ ਸੁੱਖੇਵਾਲ, ਸਿੰਦਰਪਾਲ ਸਿੰਘ ਸਹੋਲੀ, ਰਾਮ ਸਿੰਘ ਨਾਭਾ ਆਦਿ ਹਾਜ਼ਰ ਸਨ।

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** : ਕੌਮੀ ਮੋਰਚੇ ਦੇ ਸੱਦੇ 'ਤੇ ਸ਼ੇਰੇ-ਏ-ਪੰਜਾਬ ਯੂਨੀਅਨ, ਲੋਕ ਇਨਸਾਫ਼ ਪਸੰਦ ਜਥੇਬੰਦੀ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਸਮੇਤ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਨਿਹਾਲ ਸਿੰਘ ਵਾਲਾ ਦਾ ਬਜ਼ਾਰ ਪੂਰਨ ਤੌਰ 'ਤੇ ਬੰਦ ਰਿਹਾ ਅਤੇ ਮੇਨ ਚੌਂਕ ਵਿੱਚ ਵੱਖ ਵੱਖ ਜਥੇਬੰਦੀਆਂ ਵੱਲੋਂ ਸਰਕਾਰ ਖ਼ਿਲਾਫ਼ ਤਿੱਖਾ ਰੋਸ ਪ੍ਰਦਰਸ਼ਨ ਤੇ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।ਇਸ ਦੌਰਾਨ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ।ਆਗੂਆਂ ਨੇ ਕਿਹਾ ਕਿ ਜਦੋਂ ਤੱਕ ਬੰਦੀ ਸਿੰਘਾਂ ਦੀ ਰਿਹਾਈ ਨਹੀਂ ਹੁੰਦੀ, ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਸ਼ੇਰੇ ਏ ਪੰਜਾਬ ਯੂਨੀਅਨ ਦੇ ਜ਼ਿਲ੍ਹਾਂ ਪ੍ਰਧਾਨ ਆਤਮਾ ਸਿੰਘ ਧੂੜਕੋਟ, ਇਕਬਾਲ ਸਿੰਘ ਰਣਸੀਂਹ ਖੁਰਦ ਬਲਾਕ ਪ੍ਰਧਾਨ, ਸੁਖਚੈਨ ਸਿੰਘ ਸੋਨੀ


ਮੁਕਤਸਰ

ਜਨਰਲ ਸਕੱਤਰ, ਸਰਬਜੀਤ ਸਿੰਘ ਮਾਛੀਕੇ ਕਿਸਾਨ ਮਜ਼ਦੂਰ ਇਨਸਾਫ ਕਮੇਟੀ ਮਾਛੀਕੇ, ਲੋਕ ਭਲਾਈ ਇਨਸਾਫ ਵੈੱਲਫੇਅਰ ਸੋਸਾਇਟੀ ਬੀਕੇਯੂ ਸਿਰਸਾ, ਕੁਲਦੀਪ ਸਿੰਘ ਕਾਲਾ ਧੂੜਕੋਟ, ਗੁਰਭੇਜ ਸਿੰਘ ਭੇਜੂ ਧੂੜਕੋਟ, ਲਵਪ੍ਰੀਤ ਸਿੰਘ ਲੱਭੀ ਰਣਸੀਂਹ ਕਲਾਂ, ਅਵਤਾਰ ਸਿੰਘ ਧੂੜਕੋਟ, ਜਾਪੀ ਧੂੜਕੋਟ, ਬਾਲਮ, ਸੁਰਜੀਤ ਸਿੰਘ ਧੂੜਕੋਟ ਇਕਾਈ ਪ੍ਰਧਾਨ, ਰੇਸ਼ਮ ਸਿੰਘ ਧੂੜਕੋਟ, ਹਰਜੀਵਨ ਸਿੰਘ ਖਹਿਰਾ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਆਗੂ, ਜਗਸੀਰ ਧੂੜਕੋਟ ਤੋਂ ਇਲਾਵਾ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਆਗੂ, ਅਹੁਦੇਦਾਰ ਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

**ਰਾਏਕੋਟ (ਸੰਤੋਖ ਗਿੱਲ)** : ਕੌਮੀ ਇਨਸਾਫ਼ ਮੋਰਚੇ ਦੇ ਸੱਦੇ ਅਨੁਸਾਰ ਲੁਧਿਆਣਾ-ਬਠਿੰਡਾ ਰਾਜ ਮਾਰਗ ਉਪਰ ਸਥਿਤ ਰਾਏਕੋਟ ਸ਼ਹਿਰ ਦੇ ਮੁੱਖ ਬਜ਼ਾਰ ਮੁਕੰਮਲ ਬੰਦ ਰਹੇ।ਦੁੱਧ ਦੀਆਂ ਡੇਅਰੀਆਂ ਤੋਂ ਇਲਾਵਾ ਕੁਝ ਦਵਾਈ ਦੁਕਾਨਾਂ ਛੋਟ ਕਾਰਨ ਖੁੱਲ੍ਹੀਆਂ ਸਨ, ਪਰ ਜ਼ਿਆਦਾਤਰ ਦਵਾਈਆਂ ਦੀਆਂ ਦੁਕਾਨਾਂ ਵੀ ਬੰਦ ਹੀ ਰਹੀਆਂ।ਫਲ਼ਾਂ ਤੇ ਸਬਜ਼ੀਆਂ ਦੀਆਂ ਰੇਹੜੀਆਂ ਤੱਕ ਵੀ ਬੰਦ ਦਾ ਭਰਵਾਂ ਅਸਰ ਦੇਖਣ ਨੂੰ ਮਿਲਿਆ, ਜਦਕਿ ਚਾਹ ਦੇ ਖੋਖੇ ਤੇ ਹਲਵਾਈਆਂ ਦੀਆਂ ਦੁਕਾਨਾਂ ਤੇ ਢਾਬੇ-ਰੈਸਟੋਰੈਂਟ ਵੀ ਬੰਦ ਹੀ ਰਹੇ।ਹਲਵਾਰਾ ਦੇ ਕੇਂਦਰੀ ਵਿਦਿਆਲੇ ਨੂੰ ਛੱਡ ਕੇ ਹੋਰ ਸਕੂਲੀ ਬੱਸਾਂ ਵੀ ਨਹੀਂ ਚੱਲੀਆਂ ਤੇ ਜ਼ਿਆਦਾਤਰ ਨਿੱਜੀ ਸਕੂਲ ਮਾਲਕਾਂ ਨੇ ਕਿਸੇ ਅਣਸੁਖਾਵੀਂ ਘਟਨਾ ਦੇ ਡਰੋਂ ਸਕੂਲ ਬੰਦ ਰੱਖਣ ਦਾ ਐਲਾਨ ਪਹਿਲਾਂ ਹੀ ਕਰ ਦਿੱਤਾ ਸੀ।ਇੱਥੋਂ ਨੇੜਲੇ ਕਸਬਾ ਗੁਰੂਸਰ ਸੁਧਾਰ, ਹਲਵਾਰਾ, ਪੱਖੋਵਾਲ, ਜੋਧਾਂ, ਸਰਾਭਾ, ਕੁਲਾਰ, ਬੱਸੀਆਂ, ਲੋਹਟਬੱਦੀ ਆਦਿ ਬਜ਼ਾਰ ਬੰਦ ਰਹੇ।ਬੰਦ ਸਮਰਥਕਾਂ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਮਾਰਗ 'ਤੇ ਸਥਿਤ ਅੱਡਾ ਰਤਨ/ਜੋਧਾਂ ਵਿੱਚ ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਬੱਲੋਵਾਲ, ਮੀਤ ਪ੍ਰਧਾਨ ਕੁਲਦੀਪ ਸਿੰਘ ਮੋਹੀ ਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਪੰਥਕ ਮੋਰਚਾ ਦੇ ਬਲਦੇਵ ਸਿੰਘ ਸਰਾਭਾ ਦੀ ਅਗਵਾਈ ਵਿੱਚ ਰਤਨ ਜੋਧਾਂ ਬਾਜ਼ਾਰ ਵਿੱਚ ਮੁੱਖ ਮਾਰਗ ਉੱਪਰ ਆਵਾਜਾਈ ਕੀਤੀ ਗਈ।ਆਗੂਆਂ ਨੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਕਰਵਾਉਣ ਲਈ 15 ਅਗਸਤ ਨੂੰ ਰਾਜਪਾਲ ਦੇ ਦਫ਼ਤਰ ਵੱਲ ਕੀਤੇ ਸ਼ਾਂਤਮਈ ਰੋਸ ਪ੍ਰਦਰਸ਼ਨ ਉੱਪਰ ਚੰਡੀਗੜ੍ਹ ਪੁਲਸ ਵੱਲੋਂ ਗੰਦਾ ਪਾਣੀ ਤੇ ਲਾਠੀਚਾਰਜ, ਗ੍ਰਿਫ਼ਤਾਰੀਆਂ ਤੇ ਝੂਠੇ ਪਰਚੇ ਰੱਦ ਕਰਵਾਉਣ ਲਈ ਅੱਜ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਸੀ।ਇਸ ਮੌਕੇ ਸਥਾਨਕ ਬਜ਼ਾਰ ਦੇ ਆਗੂਆਂ ਤੋਂ ਇਲਾਵਾ ਹੋਰ ਜਥੇਬੰਦੀਆਂ ਦੇ ਆਗੂ ਵੀ ਬੰਦ ਦੇ ਹੱਕ ਵਿੱਚ ਸੜਕਾਂ ਉੱਪਰ ਨਿਕਲੇ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ/ਗੁਰਬਚਨ ਸਿੰਘ)** : ਕੌਮੀ ਇਨਸਾਫ ਮੋਰਚੇ ਵੱਲੋ ਦਿੱਤੀ ਪੰਜਾਬ ਬੰਦ ਦੀ ਕਾਲ 'ਤੇ ਜ਼ਿਲ੍ਹਾ ਫਿਰੋਜ਼ਪੁਰ ਪੂਰਨ ਤੌਰ 'ਤੇ ਬੰਦ ਰਿਹਾਅ। ਸਮੂਹ ਜਥੇਬੰਦੀਆਂ, ਕਿਸਾਨ ਜਥੇਬੰਦੀਆਂ, ਸਹਿਯੋਗੀ ਜਥੇਬੰਦੀਆਂ ਤੇ ਸਮੂਹ ਸਾਰੇ ਲੋਕਾਂ, ਟਰਾਂਸਪੋਰਟਰਾਂ ਆਦਿ, ਜਿਨ੍ਹਾਂ ਨੇ ਕੌਮੀ ਇਨਸਾਫ ਮੋਰਚੇ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਬੰਦ ਦੇ ਸੱਦੇ ਦਾ ਸਾਥ ਦਿੱਤਾ, ਦਾ ਧੰਨਵਾਦ ਕੀਤਾ। ਸਮੂਹ ਫਿਰੋਜ਼ਪੁਰ ਦੇ ਲੋਕਾਂ ਤੇ ਸਮੂਹ ਸਿੱਖਾਂ ਵੱਲੋ ਸੈਂਟਰ ਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਜਿੰਨੇ ਵੀ 30-30 ਸਾਲ ਤੋਂ ਬੰਦ ਬੰਦੀ ਸਿੰਘ ਹਨ, ਉਨ੍ਹਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਅਤੇ 15 ਅਗਸਤ ਨੂੰ ਚੰਡੀਗੜ੍ਹ ਵਿਖੇ ਕੌਮੀ ਇਨਸਾਫ ਮੋਰਚੇ ਵੱਲੋਂ ਲਗਾਏ ਧਰਨੇ 'ਤੇ ਬੈਠੇ ਲੋਕਾਂ 'ਤੇ ਲਾਠੀਚਾਰਜ ਕਰਕੇ ਤੇ ਡਰੋਨਾ ਰਾਹੀਂ ਹਮਲੇ ਕਰਕੇ ਪਰਚੇ ਦਰਜ ਕੀਤੇ, ਤੁਰੰਤ ਰੱਦ ਕਰ ਕੇ ਉਨ੍ਹਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਇਸ ਸਮੇਂ ਸਮੂਹ ਹਾਜ਼ਰ ਪੰਥਕ ਤਾਲਮੇਲ ਕਮੇਟੀ, ਸਮੂਹ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ, ਸਮੂਹ ਕਿਸਾਨ ਯੂਨੀਅਨਾਂ, ਰਾਵਣ ਸੈਨਾ ਜੰਥੇਬੰਦੀ, ਮੁਲਾਜ਼ਮ ਜਥੇਬੰਦੀਆਂ, ਸੰਤ ਮਹਾਂ ਪੁਰਸ਼, ਚਾਹ ਤੇ ਪਾਣੀ ਦੀ ਸੇਵਾ ਭੇਜਣ ਵਾਲੇ ਭਗਤ ਮਿਲਖਾ ਸਿੰਘ, ਸਮੂਹ ਨਾਮ-ਲੇਵਾ ਸੰਗਤ ਵੱਲੋਂ ਵੀ ਬੰਦੀ ਸਿੰਘਾਂ ਦੀ ਰਿਹਾਈ, ਚੰਡੀਗੜ੍ਹ ਵਿੱਚ ਕੀਤੇ ਪਰਚੇ ਰੱਦ ਕਰਨ ਤੇ ਲੋਕਾਂ 'ਤੇ ਜਬਰ ਜ਼ੁਲਮ ਬੰਦ ਕਰਨ ਦੀ ਅਪੀਲ ਕੀਤੀ।

**ਜਲਾਲਾਬਾਦ (ਬਲਵਿੰਦਰ ਸਿੰਘ)** : ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਕੌਮੀ ਇਨਸਾਫ ਮੋਰਚੇ ਵੱਲੋਂ ਦਿੱਤੇ ਬੰਦ ਦੇ ਸੱਦੇ ਦਾ ਜਲਾਲਾਬਾਦ ਵਿੱਚ ਮੁਕੰਮਲ ਅਸਰ ਦੇਖਣ ਨੂੰ ਮਿਲਿਆ।ਸਵੇਰੇ 7 ਵਜੇ ਤੋਂ ਦੁਪਹਿਰ 2 ਵਜੇ ਤੱਕ ਸ਼ਹਿਰ ਦੇ ਬਾਜ਼ਾਰ ਮੁਕੰਮਲ ਤੌਰ 'ਤੇ ਬੰਦ ਰਹੇ, ਜਦਕਿ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਵੱਲੋਂ ਸ਼ਹਿਰ ਵਿੱਚ ਰੋਸ ਮਾਰਚ ਕੱਢ ਕੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਗਿਆ।ਬੰਦ ਨੂੰ ਦੁਕਾਨਦਾਰਾਂ, ਵਪਾਰੀਆਂ ਤੇ ਸ਼ਹਿਰ ਵਾਸੀਆਂ ਵੱਲੋਂ ਪੂਰਨ ਸਮਰਥਨ ਮਿਲਿਆ।ਰੋਸ ਮਾਰਚ ਦੌਰਾਨ ਜਥੇਬੰਦੀਆਂ ਦੇ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ਨੂੰ ਹੋਰ ਲੰਬਾ ਨਾ ਖਿੱਚਿਆ ਜਾਵੇ ਤੇ ਇਸ ਸਬੰਧੀ ਢੁੱਕਵੇਂ ਕਦਮ ਚੁੱਕੇ ਜਾਣ।ਵੱਖ-ਵੱਖ ਆਗੂਆਂ ਨੇ ਕਿਹਾ ਕਿ ਜਿਹੜੇ ਬੰਦੀ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਦੀ ਰਿਹਾਈ ਦੇ ਮਾਮਲੇ ਨੂੰ ਮਨੁੱਖੀ ਤੇ ਕਾਨੂੰਨੀ ਪੱਖ ਤੋਂ ਗੰਭੀਰਤਾ ਨਾਲ ਵਿਚਾਰਨ ਦੀ ਲੋੜ ਹੈ।ਆਗੂਆਂ ਨੇ ਕਿਹਾ ਕਿ ਜੇਕਰ ਬੰਦੀ ਸਿੰਘਾਂ ਦੀ ਰਿਹਾਈ ਨਾ ਕੀਤੀ ਗਈ ਤਾਂ ਇਸ ਮੰਗ ਨੂੰ ਲੈ ਕੇ ਸੰਘਰਸ਼ ਅੱਗੇ ਵੀ ਜਾਰੀ ਰੱਖਿਆ ਜਾਵੇਗਾ।ਆਗੂਆਂ ਨੇ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਸਿਰਫ਼ ਇੱਕ ਵਰਗ ਦਾ ਮਸਲਾ ਨਹੀਂ, ਸਗੋਂ ਲੰਬੇ ਸਮੇਂ ਤੋਂ ਉੱਠਦੀ ਆ ਰਹੀ ਇੱਕ ਅਹਿਮ ਮੰਗ ਹੈ, ਜਿਸ 'ਤੇ ਸਰਕਾਰ ਨੂੰ ਸੰਵੇਦਨਸ਼ੀਲਤਾ ਨਾਲ ਫੈਸਲਾ ਲੈਣਾ ਚਾਹੀਦਾ ਹੈ।

**ਮੋਗਾ (ਇਕਬਾਲ ਸਿੰਘ ਖਹਿਰਾ)** : ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਕੌਮੀ ਇਨਸਾਫ ਮੋਰਚੇ ਵੱਲੋਂ ਪੰਜਾਬ ਬੰਦ ਦੇ ਦਿੱਤੇ ਸੱਦੇ ਨੂੰ ਪੰਜਾਬ ਨਿਵਾਸੀਆਂ ਨੇ ਭਾਰੀ ਸਮਰਥਨ ਦਿੱਤਾ। ਅੱਜ ਸ਼ਹਿਰ ਮੋਗਾ ਵਿੱਚ ਸਾਰੇ ਪੰਜਾਬ ਤੇ ਕਾਰੋਬਾਰ ਦਫਤਰ ਪੂਰਨ ਤੌਰ 'ਤੇ ਬੰਦ ਰਹੇ ਅਤੇ ਮੋਗੇ ਦੇ ਮੁੱਖ ਚੌਕ ਵਿੱਚ ਪੰਥਕ ਤੇ ਕਿਸਾਨ ਜਥੇਬੰਦੀਆਂ, ਧਾਰਮਿਕ ਤੇ ਸਮਾਜਸੇਵੀ ਜਥੇਬੰਦੀਆਂ ਨੇ ਸਾਂਝੇ ਤੌਰ 'ਤੇ ਧਰਨਾ ਦੇ ਕੇ ਰੋਹ ਭਰਪੂਰ ਨਾਅਰੇਬਾਜ਼ੀ ਕੀਤੀ। ਇਸ ਮੌਕੇ ਬਾਬਾ ਰੇਸ਼ਮ ਸਿੰਘ ਖੁਖਰਾਣਾ, ਯੂਨਿਟ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਜਥੇਦਾਰ ਬੂਟਾ ਸਿੰਘ ਰਣਸੀਂਹ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਬੀਕੇਯੂ ਖੋਸਾ ਦੇ ਕੌਮੀ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ, ਕ੍ਰਾਂਤੀਕਾਰੀ ਕਿਸਾਨਾਂ ਦੇ ਜ਼ਿਲ੍ਹਾ ਪ੍ਰਧਾਨ ਜਗਮੋਹਨ ਸਿੰਘ ਕੰਗ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਬਲਰਾਜ ਸਿੰਘ ਖਾਲਸਾ, ਸ਼੍ਰੋਮਣੀ ਅਕਾਲੀ ਦਲ ਬਾਰਸ ਪੰਜਾਬ ਦੇ ਆਗੂ ਦਵਿੰਦਰ ਸਿੰਘ ਰਣੀਆ, ਸੀਨੀਅਰ ਆਗੂ ਅਮਰਜੀਤ ਸਿੰਘ ਲੰਢੇਕੇ, ਬੀ.ਕੇ.ਯੂ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਆਗੂ ਭਾਈ ਅਮਰਜੀਤ ਸਿੰਘ ਡਾਲਾ, ਸੁਰਜੀਤ ਸਿੰਘ ਸਰਪੰਚ ਰਾਮਗੜ੍ਹ ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂ ਪ੍ਰਧਾਨ ਭਾਈ ਕਰੋੜ ਸਿੰਘ ਤਲਵੰਡੀ, ਭਾਈ ਬਲਜੀਤ ਸਿੰਘ ਕਾਲੀਆਂ ਵਾਲਾ ਗੁਰਲਾਲ ਸਿੰਘ ਧਰਮਕੋਟ ਭਾਈ ਹਰਪ੍ਰੀਤ ਸਿੰਘ ਧੱਲੇ ਕੇ ਜਥੇਦਾਰ ਬੂਟਾ ਸਿੰਘ ਧੱਲੇ ਕੇ ਗਿਆਨੀ ਗੁਰਮੇਲ ਸਿੰਘ ਕਪੂਰੇ, ਭਾਈ ਜਸਵਿੰਦਰ ਸਿੰਘ ਘੋਲੀਆ ਵੀ ਆਪਣੀ ਹਾਜ਼ਰੀ ਲਵਾਈ ਇਸ ਮੌਕੇ ਭਾਈ ਭੁਪਿੰਦਰ ਸਿੰਘ ਮਾੜੀ, ਤਰਸੇਮ ਸਿੰਘ ਸਹਲੀਨਾ, ਬਲਵਿੰਦਰ ਸਿੰਘ ਡਰੋਲੀ ਭਾਈ, ਜਤਿੰਦਰ ਸਿੰਘ ਹੈਪੀ ਮੋਗਾ, ਗੁਰਪ੍ਰੀਤ ਸਿੰਘ ਕਪੂਰੇ, ਦਲਜੀਤ ਸਿੰਘ ਭਲੂਰ, ਦਰਸ਼ਨ ਸਿੰਘ ਮਨਾਵਾਂ, ਜਗਰਾਜ ਸਿੰਘ ਬੀਕੇਯੂ ਏਕਤਾ ਉਗਰਹਾ, ਕੁਲਵੰਤ ਸਿੰਘ ਰਾਣਾ, ਕੁਲਵੰਤ ਸਿੰਘ ਖਾਲਸਾ ਦਸਮੇਸ਼ ਤਰਨਾ ਦਲ, ਹਰਪ੍ਰੀਤ ਸਿੰਘ ਢੁੱਡੀਕੇ ਜ਼ਿਲ੍ਹਾ ਆਗੂ ਪੰਜਾਬ ਸਟੂਡੈਂਟ ਯੂਨੀਅਨ, ਸੁਖਦੀਪ ਸਿੰਘ ਪੰਜਾਬ ਪ੍ਰਧਾਨ ਸਰਬੱਤ ਦਾ ਭਲਾ ਬਲਦੇਵ ਸਿੰਘ ਢਿੱਲੋਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ, ਦਰਸ਼ਨ ਸਿੰਘ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਸੁਖਦੀਪ ਸਿੰਘ ਪੰਜਾਬ ਪ੍ਰਧਾਨ ਹਰਵਿੰਦਰ ਸਿੰਘ ਮਿੰਟੂ ਮੋਗਾ ਤੋਂ ਇਲਾਵਾ ਹੋਰ ਭਾਰੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਕੌਮੀ ਇਨਸਾਫ ਮੋਰਚੇ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਸਮੇਤ ਹੋਰ ਅਹਿਮ ਮੰਗਾਂ ਨੂੰ ਲੈ ਕੇ ਦਿੱਤੇ ਬੰਦ ਦੇ ਸੱਦੇ ਨੂੰ ਪਾਤੜਾਂ ਵਿੱਚ ਭਰਵਾਂ ਹੁੰਗਾਰਾ ਮਿਲਿਆ।ਇਸ ਦੌਰਾਨ ਤੁਸੀਂ ਸਵੇਰ ਤੋਂ ਦੁਪਹਿਰ 2 ਵਜੇ ਤੱਕ ਸ਼ਹਿਰ ਦੇ ਬਾਜ਼ਾਰ ਤੇ ਵਪਾਰਕ ਅਦਾਰਿਆਂ ਦੇ ਨਾਲ ਨਾਲ ਸਕੂਲ ਕਾਲਜ ਮੁਕੰਮਲ ਤੌਰ ਉੱਤੇ ਬੰਦ ਰਹੇ।ਸੰਘਰਸ਼ਸ਼ੀਲ ਜਥੇਬੰਦੀਆਂ ਵੱਲੋਂ ਦਿੱਲੀ-ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਕ ਵਿੱਚ ਰੋਸ ਪ੍ਰਦਰਸ਼ਨ ਕਰਕੇ ਆਵਾਜ਼ ਬੁਲੰਦ ਕੀਤੀ ਗਈ।ਇਸ ਰੋਸ ਪ੍ਰਦਰਸ਼ਨ ਵਿੱਚ ਵੱਖ-ਵੱਖ ਕਿਸਾਨ ਜਥੇਬੰਦੀਆਂ, ਜਿਨ੍ਹਾਂ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ, ਕਿਰਤੀ ਕਿਸਾਨ ਯੂਨੀਅਨ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਬੁੱਟਰ, ਨੌਜਵਾਨ ਭਾਰਤ ਸਭਾ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ, ਅਕਾਲੀ ਦਲ ਵਾਰਸ ਪੰਜਾਬ ਦੇ, ਅਕਾਲੀ ਦਲ ਅੰਮ੍ਰਿਤਸਰ ਸਮੇਤ ਸਮਾਜਿਕ ਜਥੇਬੰਦੀਆਂ ਤੇ ਰਾਜਨੀਤਕ ਪਾਰਟੀਆਂ ਵੱਲੋਂ ਸਾਂਝੇ ਤੌਰ 'ਤੇ ਪਾਤੜਾਂ ਸ਼ਹਿਰ ਵਿੱਚ ਮਾਰਚ ਕੀਤਾ ਗਿਆ।ਸ਼ਹਿਰ ਨਿਵਾਸੀਆਂ ਤੇ ਦੁਕਾਨਦਾਰ ਵੀਰਾਂ ਵੱਲੋਂ ਇਸ ਬੰਦ ਦੀ ਕਾਲ ਦਾ 7 ਵਜੇ ਤੋਂ ਲੈ ਕੇ ਦੁਪਹਿਰੇ ਦੋ ਵਜੇ ਤੱਕ ਪੂਰਾ ਸਮਰਥਨ ਕੀਤਾ ਗਿਆ।ਮਾਰਚ ਤੋਂ ਬਾਅਦ ਭਗਤ ਸਿੰਘ ਚੌਂਕ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਧਰਨਾ ਲਗਾਇਆ ਗਿਆ।ਇਸ ਸਮੇਂ ਮਨਜੀਤ ਸਿੰਘ ਨਿਆਲ ਸੂਬਾ ਆਗੂ ਬੀਕੇਯੂ ਏਕਤਾ ਆਜ਼ਾਦ, ਯਾਦਵਿੰਦਰ ਸਿੰਘ ਬੁਰੜ, ਦਲਜੀਤ ਸਿੰਘ ਹਰਿਆਊ, ਕਿਰਤੀ ਕਿਸਾਨ ਯੂਨੀਅਨ ਤੋਂ ਗੁਰਵਿੰਦਰ ਸਿੰਘ ਦੇਧਨਾ ਜ਼ਿਲ੍ਹਾ ਪ੍ਰੈੱਸ ਸਕੱਤਰ, ਦਲਜਿੰਦਰ ਸਿੰਘ ਹਰਿਆਊ ਜਿਲਾ ਜਰਨਲ, ਮਹਿੰਦਰ ਸਿੰਘ ਖਾਂਗ, ਬਲਜੀਤ ਸਿੰਘ ਦੇਧਨਾ, ਸੁਖਚੈਨ ਸਿੰਘ ਹਰਿਆਊ, ਸਾਧਾ ਸਿੰਘ ਪਾਤੜਾਂ, ਗੁਰਜੰਟ ਸਿੰਘ ਦੇਦੜਾਂ, ਨੌ ਨਿਹਾਲ ਸਿੰਘ, ਸ਼ਿਵ ਕੁਮਾਰ, ਬਲਵਿੰਦਰ ਸਿੰਘ ਪਾਤੜਾਂ, ਦਵਿੰਦਰ ਸਿੰਘ ਛਬੀਲਪੁਰ, ਧਰਮਵੀਰ ਹਰੀਗੜ੍ਹ, ਵਾਰਿਸ ਪੰਜਾਬ ਦੇ ਤੋਂ ਭਗਵੰਤ ਸਿੰਘ ਸ਼ੁਤਰਾਣਾ, ਗੁਰਜੰਟ ਸਿੰਘ ਦੁਗਾਲ, ਸ੍ਰੋਅਦ ਅੰਮ੍ਰਿਤਸਰ ਤੋਂ ਹਲਕਾ ਇੰਚਾਰਜ ਸੁਖਵਿੰਦਰ ਸਿੰਘ ਦੁਗਾਲ, ਨਿਰਮਲ ਸਿੰਘ ਘੱਗਾ, ਪਿਆਰਾ ਸਿੰਘ ਬਾਈ ਆਦਿ ਆਗੂ ਹਾਜ਼ਰ ਸਨ।

# ਸਿਵਲ ਹਸਪਤਾਲ ਦੀ ਪਾਰਕਿੰਗ 'ਚ ਮਨਮਾਨੀ, ਦੁੱਗਣੀ ਵਸੂਲੀ ਦੇ ਦੋਸ਼

**ਜਗਰਾਉਂ (ਅਮਿਤ ਖੰਨਾ)**

ਸਿਵਲ ਹਸਪਤਾਲ ਵਿਖੇ ਇਲਾਜ ਲਈ ਆਉਣ ਵਾਲੇ ਮਰੀਜ਼ਾਂ ਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੂੰ ਪਾਰਕਿੰਗ ਫ਼ੀਸ ਦੇ ਨਾਂਅ 'ਤੇ ਕਥਿਤ ਤੌਰ 'ਤੇ ਨਿਰਧਾਰਤ ਰੇਟਾਂ ਤੋਂ ਵੱਧ ਰਕਮ ਵਸੂਲਣ ਦਾ ਮਾਮਲਾ ਸਾਹਮਣੇ ਆਇਆ ਹੈ। ਦੋਸ਼ ਹੈ ਕਿ ਪਾਰਕਿੰਗ ਠੇਕੇਦਾਰ ਦੇ ਕਰਿੰਦਿਆਂ ਵੱਲੋਂ ਸਰਕਾਰ ਵੱਲੋਂ ਨਿਰਧਾਰਿਤ ਰੇਟਾਂ ਦੀਆਂ ਕਥਿਤ ਤੌਰ 'ਤੇ ਧੱਜੀਆਂ ਉਡਾਉਂਦਿਆਂ ਆਪਣੀ ਮਨਮਰਜ਼ੀ ਦੇ ਰੇਟ ਵਸੂਲੇ ਜਾ ਰਹੇ ਹਨ। ਜਾਣਕਾਰੀ ਅਨੁਸਾਰ ਸਿਵਲ ਹਸਪਤਾਲ ਦੀ ਪਾਰਕਿੰਗ ਲਈ ਟੂ-ਵੀਲਰ ਵਾਹਨ ਦਾ ਨਿਰਧਾਰਤ ਰੇਟ 5 ਰੁਪਏ, ਜਦਕਿ ਫੋਰ-ਵੀਲਰ ਦਾ ਰੇਟ 10 ਰੁਪਏ ਹੈ।ਇਸ ਦੇ ਉਲਟ ਟੂ-ਵੀਲਰ ਲਈ 10 ਰੁਪਏ ਤੇ ਫੋਰ-ਵੀਲਰ ਲਈ ਕਥਿਤ ਤੌਰ 'ਤੇ 20 ਤੋਂ 30 ਰੁਪਏ ਤੱਕ ਵਸੂਲੇ ਜਾਣ ਦੇ ਦੋਸ਼ ਹਨ।ਇਸ ਤਰ੍ਹਾਂ ਨਿਰਧਾਰਤ ਰਕਮ ਨਾਲੋਂ ਕਥਿਤ ਤੌਰ 'ਤੇ ਦੁੱਗਣੀ ਜਾਂ ਇਸ ਤੋਂ ਵੀ ਵੱਧ ਵਸੂਲੀ ਹੋਣ ਦੀ ਗੱਲ ਸਾਹਮਣੇ ਆ ਰਹੀ ਹੈ।ਪਰਚੀ 'ਤੇ ਵੀ ਨਿਰਧਾਰਤ ਰੇਟ ਨਹੀਂ, ਪੈਨ ਨਾਲ ਲਿਖੀ ਜਾ ਰਹੀ ਰਕਮ ਮਾਮਲੇ ਨੂੰ ਹੋਰ ਗੰਭੀਰ ਬਣਾਉਣ ਵਾਲੀ ਗੱਲ ਇਹ ਹੈ ਕਿ ਵਾਹਨ ਮਾਲਕਾਂ ਨੂੰ ਦਿੱਤੀ ਜਾਣ ਵਾਲੀ ਪਾਰਕਿੰਗ ਪਰਚੀ 'ਤੇ ਨਿਰਧਾਰਤ ਰੇਟ ਦਰਜ ਹੋਣ ਦੀ ਬਜਾਏ ਕਥਿਤ ਤੌਰ 'ਤੇ ਪੈਨ ਨਾਲ ਮਨਮਰਜ਼ੀ ਦੀ ਰਕਮ ਲਿਖ ਕੇ ਵਸੂਲੀ ਕੀਤੀ ਜਾ ਰਹੀ ਹੈ।ਸ਼ਿਕਾਇਤਾਂ ਮਿਲਣ ਤੋਂ ਬਾਅਦ ਜਦੋਂ ਮੀਡੀਆ ਵੱਲੋਂ ਖੁਦ ਟੂ-ਵੀਲਰ ਵਾਹਨ ਪਾਰਕ ਕਰਾਇਆ ਗਿਆ ਤਾਂ ਉਸ ਦੀ 10 ਰੁਪਏ ਦੀ ਪਰਚੀ ਕੱਟੀ ਗਈ, ਜਦਕਿ ਦੱਸਿਆ ਜਾ ਰਿਹਾ ਹੈ ਕਿ ਨਿਰਧਾਰਤ ਰੇਟ 5 ਰੁਪਏ ਹੈ।ਐਸਐਮਓ ਦੇ ਧਿਆਨ ਵਿੱਚ ਮਾਮਲਾ ਕਈ ਵਾਰ ਲਿਆਂਦਾ, ਫਿਰ ਵੀ 'ਮਨਮਾਨੀ' ਜਾਰੀ ਹੈ।




ਪਾਰਕਿੰਗ ਵਿੱਚ ਕਥਿਤ ਵੱਧ ਵਸੂਲੀ ਦਾ ਮਾਮਲਾ ਪਹਿਲਾਂ ਵੀ ਕਈ ਵਾਰ ਸਿਵਲ ਹਸਪਤਾਲ ਦੇ ਐਸਐਮਓ ਡਾ. ਅਮਨ ਸ਼ਰਮਾ ਦੇ ਧਿਆਨ ਵਿੱਚ ਲਿਆਂਦਾ ਜਾ ਚੁੱਕਾ ਹੈ।ਇਸ ਦੇ ਬਾਵਜੂਦ ਪਾਰਕਿੰਗ ਵਿੱਚ ਮਨਮਰਜ਼ੀ ਦੇ ਰੇਟ ਵਸੂਲੇ ਜਾਣ ਦੇ ਦੋਸ਼ ਲਗਾਤਾਰ ਸਾਹਮਣੇ ਆ ਰਹੇ ਹਨ।ਸਵਾਲ ਇਹ ਉੱਠ ਰਿਹਾ ਹੈ ਕਿ ਜੇਕਰ ਹਸਪਤਾਲ ਪ੍ਰਬੰਧਨ ਨੂੰ ਮਾਮਲੇ ਦੀ ਜਾਣਕਾਰੀ ਸੀ ਤਾਂ ਕਥਿਤ ਵੱਧ ਵਸੂਲੀ ਨੂੰ ਪੂਰੀ ਤਰ੍ਹਾਂ ਰੋਕਣ ਲਈ ਕੀਤੀ ਗਈ ਕਾਰਵਾਈ ਦਾ ਜ਼ਮੀਨੀ ਅਸਰ ਕਿਉਂ ਦਿਖਾਈ ਨਹੀਂ ਦੇ ਰਿਹਾ। ਜਦੋਂ ਸਿਵਲ ਹਸਪਤਾਲ ਦੇ ਐਸਐਮਓ ਡਾ. ਅਮਨ ਸ਼ਰਮਾ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਪਾਰਕਿੰਗ ਠੇਕੇਦਾਰ ਨੂੰ ਬੁਲਾ ਕੇ ਸਪੱਸ਼ਟ ਤੇ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ ਕਿ ਟੈਂਡਰ ਵਿੱਚ ਨਿਰਧਾਰਿਤ ਰਕਮ ਤੋਂ ਵੱਧ ਇੱਕ ਰੁਪਇਆ ਵੀ ਵਸੂਲਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।ਡਾ. ਅਮਨ ਸ਼ਰਮਾ ਅਨੁਸਾਰ ਠੇਕੇਦਾਰ ਨੂੰ ਇਹ ਵੀ ਸਪੱਸ਼ਟ ਕੀਤਾ ਗਿਆ ਸੀ ਕਿ ਜੇਕਰ ਨਿਰਧਾਰਿਤ ਰੇਟ ਤੋਂ ਵੱਧ ਵਸੂਲੀ ਦੀ ਕੋਈ ਕੁਤਾਹੀ ਸਾਹਮਣੇ ਆਉਂਦੀ ਹੈ ਤਾਂ ਉਸਦੇ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ।ਐਸਐਮਓ ਨੇ ਇਹ ਵੀ ਦੱਸਿਆ ਕਿ ਮਰੀਜ਼ਾਂ ਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਤੋਂ ਕਥਿਤ ਵੱਧ ਪਾਰਕਿੰਗ ਫੀਸ ਵਸੂਲਣ ਦਾ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਆਉਣ ਤੋਂ ਬਾਅਦ ਹਸਪਤਾਲ ਦੀ ਪਾਰਕਿੰਗ ਦੇ ਨੇੜੇ ਉਨ੍ਹਾਂ ਵੱਲੋਂ ਜਾਰੀ ਹਦਾਇਤਾਂ ਅਤੇ ਨਿਰਧਾਰਤ ਪਾਰਕਿੰਗ ਰੇਟਾਂ ਸਬੰਧੀ ਫਲੈਕਸ ਬੋਰਡ ਵੀ ਲਵਾਏ ਗਏ ਹਨ, ਤਾਂ ਜੋ ਆਮ ਲੋਕਾਂ ਨੂੰ ਸਹੀ ਰੇਟ ਦੀ ਜਾਣਕਾਰੀ ਰਹੇ ਅਤੇ ਉਨ੍ਹਾਂ ਤੋਂ ਗਲਤ ਰਕਮ ਨਾ ਵਸੂਲੀ ਜਾ ਸਕੇ।

# ਕਾਂਗਰਸ ਆਜ਼ਾਦੀ ਦੀ ਲੜਾਈ ਤੋਂ ਬਾਅਦ ਹੁਣ ਆਜ਼ਾਦੀ ਬਚਾਉਣ ਦੀ ਲੜਾਈ ਲੜ ਰਹੀ : ਰਜਿੰਦਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਾਂਗਰਸ ਨੇ ਪਹਿਲਾ ਦੇਸ਼ ਨੂੰ ਆਜ਼ਾਦ ਕਰਾਉਣ ਲਈ ਲੜਾਈ ਲੜੀ ਤੇ ਹੁਣ ਆਜ਼ਾਦੀ ਬਚਾਉਣ ਲਈ ਲੜਾਈ ਲੜ ਰਹੀ ਹੈ। ਦੇਸ਼ ਨੂੰ ਅੱਜ ਕਾਰਪੋਰੇਟ ਘਰਾਣਿਆਂ ਵਲੋਂ ਕੀਤੀ ਜਾ ਰਹੀ ਲੁੱਟ ਤੇ ਪੰਜਾਬ ਦੀ ਖੇਤੀ-ਕਿਸਾਨੀ ਨੂੰ ਬਚਾਉਣ ਲਈ ਕਾਂਗਰਸ ਦਾ ਸਾਥ ਦੇਣ ਦੀ ਲੋੜ ਹੈ। ਸਾਬਕਾ ਵਿਧਾਇਕ ਰਜਿੰਦਰ ਸਿੰਘ ਨੇ ਕਿਹਾ ਕਿ ਕਾਂਗਰਸ ਪਾਰਟੀ ਨੇ ਪਹਿਲਾਂ ਦੇਸ਼ ਦੀ ਆਜ਼ਾਦੀ ਦੀ ਲੜਾਈ ਲੜ ਕੇ ਦੇਸ਼ ਨੂੰ ਆਜ਼ਾਦ ਕਰਾਇਆ, ਵਿਕਾਸ ਕੀਤਾ ਅਤੇ ਦੇਸ਼ ਨੂੰ ਇਕਜੁਟ ਕੀਤਾ।ਹੁਣ ਕਾਂਗਰਸ ਦੇਸ਼ ਦੀ ਆਜ਼ਾਦੀ ਬਚਾਉਣ ਦੀ ਲੜਾਈ ਲੜ ਰਹੀ ਹੈ, ਜਿਸ ਵਿੱਚ ਦੇਸ਼ ਦਾ ਨੌਜਵਾਨ ਵਰਗ ਰਾਹੁਲ ਗਾਂਧੀ ਨਾਲ ਜੁੜ ਰਿਹਾ ਹੈ।ਉਹ ਪਟਿਆਲਾ ਵਿਖੇ ਕਾਂਗਰਸ ਪਾਰਟੀ ਦੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ, ਜਿਸ ਵਿੱਚ ਸੈਂਕੜੇ ਵਰਕਰਾਂ ਨੇ ਸ਼ਿਰਕਤ ਕੀਤੀ।ਸਾਬਕਾ ਵਿਧਾਇਕ ਨੇ ਕਿਹਾ ਕਿ ਦੇਸ਼ ਨੂੰ ਕਾਰਪੋਰੇਟ ਘਰਾਣਿਆਂ ਦੀ ਲੁੱਟ ਤੋਂ ਬਚਾਉਣ, ਪੰਜਾਬ ਦੀ ਖੇਤੀ, ਕਿਸਾਨਾਂ ਅਤੇ ਮਜ਼ਦੂਰਾਂ ਦੇ ਹੱਕਾਂ ਲਈ ਕਾਂਗਰਸ ਦਾ ਸਾਥ ਦੇਣਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਕੇਂਦਰ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਧਰਮ ਦੇ ਨਾਂਅ 'ਤੇ ਵੰਡ ਪਾ ਕੇ ਰਾਜ ਕੀਤਾ ਜਾ ਰਿਹਾ ਹੈ, ਜਿਸ ਨਾਲ ਦੇਸ਼ ਦੀ ਆਰਥਿਕ ਹਾਲਤ ਬਹੁਤ ਮਾੜੀ ਹੋ ਚੁੱਕੀ ਹੈ।

# ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਬਦਲਾਵ ਰੈਲੀ ਲਈ ਜਨ ਜਾਗਰੂਕਤਾ ਮੁਹਿੰਮ ਸ਼ੁਰੂ

## ਮੋਦੀ ਸਰਕਾਰ ਨੂੰ ਸੱਤਾ ਤੋਂ ਬਾਹਰ ਕਰਨ ਦਾ ਸਮਾਂ ਆ ਗਿਆ : ਕਾਮਰੇਡ ਵਿਰਕ



**ਸਿਰਸਾ (ਜਗਤਾਰ ਸਮਾਲਸਰ)**

ਭਾਰਤੀ ਕਮਿਊਨਿਸਟ ਪਾਰਟੀ ਦੀ 1 ਸਤੰਬਰ ਨੂੰ ਪ੍ਰਸਤਾਵਿਤ ਦਿੱਲੀ ਬਦਲਾਵ ਰੈਲੀ ਦੀ ਸਫਲਤਾ ਨੂੰ ਯਕੀਨੀ ਬਣਾਉਣ ਲਈ ਅੱਜ ਪਿੰਡ ਕਰੀਵਾਲਾ ਤੋਂ ਪਾਰਟੀ ਦੀ ਜਨ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਗਈ।ਇਸ ਦੌਰਾਨ ਪੰਚਾਇਤ ਘਰ ਵਿਖੇ ਸੰਬੋਧਨ ਕਰਦਿਆਂ ਸੀਨੀਅਰ ਪਾਰਟੀ ਆਗੂ ਕਾਮਰੇਡ ਸੁਵਰਨ ਸਿੰਘ ਵਿਰਕ ਨੇ ਕੇਂਦਰ ਦੀ ਮੋਦੀ ਸਰਕਾਰ ਦੀਆਂ ਮਜ਼ਦੂਰ, ਕਿਸਾਨ, ਨੌਜਵਾਨ, ਵਿਦਿਆਰਥੀ ਤੇ ਕਰਮਚਾਰੀ ਵਿਰੋਧੀ ਨੀਤੀਆਂ 'ਤੇ ਚਰਚਾ ਕਰਦੇ ਹੋਏ ਕਿਹਾ ਕਿ ਦੇਸ਼, ਸੰਵਿਧਾਨ, ਲੋਕਤੰਤਰ, ਪ੍ਰਗਟਾਵੇ ਦੀ ਆਜ਼ਾਦੀ ਤੇ ਧਰਮ ਨਿਰਪੱਖ ਸੰਘੀ ਢਾਂਚੇ ਨੂੰ ਬਚਾਉਣ ਲਈ ਇਸ ਸਰਕਾਰ ਨੂੰ ਸੱਤਾ ਤੋਂ ਬਾਹਰ ਕਰਨ ਦਾ ਸਮਾਂ ਆ ਗਿਆ ਹੈ।ਇਸ ਲਈ ਇਸ ਬਦਲਾਵ ਰੈਲੀ ਵਿੱਚ ਉਤਸ਼ਾਹ ਨਾਲ ਹਿੱਸਾ ਲੈਣਾ ਬਹੁਤ ਜ਼ਰੂਰੀ ਹੈ।ਜ਼ਿਲ੍ਹਾ ਪਾਰਟੀ ਸਕੱਤਰ ਪ੍ਰੀਤਪਾਲ ਸਿੱਧੂ ਨੇ ਨੌਜਵਾਨਾਂ ਤੇ ਵਿਦਿਆਰਥੀਆਂ ਵਿੱਚ ਪੈਦਾ ਹੋਈ ਨਵੀਂ ਚੇਤਨਾ ਨੂੰ ਇੱਕ ਸ਼ੁਭ ਸੰਕੇਤ ਦੱਸਦਿਆਂ ਮਜ਼ਦੂਰਾਂ ਤੇ ਕਿਸਾਨਾਂ ਨੂੰ ਆਪਣੀ ਭਾਰਤੀ ਕਮਿਊਨਿਸਟ ਪਾਰਟੀ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ। ਕਿਸਾਨ ਆਗੂ ਬਲਰਾਜ ਸਿੰਘ ਵਣੀ ਨੇ ਮੰਗ ਕੀਤੀ ਕਿ ਯਮੁਨਾ ਨਦੀ ਨੂੰ ਘੱਗਰ ਨਦੀ ਨਾਲ ਜੋੜਿਆ ਜਾਵੇ, ਭਾਖੜਾ ਦਾ ਪਾਣੀ ਘੱਗਰ ਨਦੀ ਖੇਤਰ ਵਿੱਚ ਸਿੰਚਾਈ ਤੇ ਪੀਣ ਲਈ ਮੁਹੱਈਆ ਕਰਵਾਇਆ ਜਾਵੇ ਤੇ ਘੱਗਰ ਨਦੀ ਨੂੰ ਪ੍ਰਦੂਸ਼ਣ ਮੁਕਤ ਬਣਾਇਆ ਜਾਵੇ।ਕਰੀਵਾਲਾ ਪਿੰਡ ਤੋਂ ਬਾਅਦ ਪਾਰਟੀ ਅਹੁਦੇਦਾਰਾਂ ਨੇ ਦਮਦਮਾ, ਜਗਜੀਤ ਨਗਰ, ਸੰਤਨਗਰ ਤੇ ਜੀਵਨ ਨਗਰ ਵਿੱਚ ਜਨਤਕ ਮੀਟਿੰਗਾਂ ਕਰਕੇ ਲੋਕਾਂ ਨੂੰ ਦੇਸ਼ ਨੂੰ ਬਚਾਉਣ ਲਈ ਬਦਲਾਵ ਰੈਲੀ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ।

ਇਸ ਮੌਕੇ ਰਣਜੀਤ ਸਿੰਘ ਕਾਹਲੋਂ, ਹਰਜਿੰਦਰ ਸਿੰਘ ਭੰਗੂ, ਹਰਦੇਵ ਜੋਸ਼, ਹਰਦੇਵ ਸਿੱਧੂ, ਰੇਸ਼ਮ ਸਿੰਘ, ਕੁਲਦੀਪ ਸਿੰਘ, ਸ਼ੀਤਲ ਸਿੰਘ ਨੰਬਰਦਾਰ, ਗੁਰਨਾਮ ਸਿੰਘ, ਸਤਨਾਮ ਸਿੰਘ, ਹੀਰਾ ਸਿੰਘ ਦਰਦ, ਲੱਖਾ ਸਿੰਘ, ਸੰਤ ਮੁਖਤਿਆਰ ਸਿੰਘ, ਮੋਹਨ ਸਿੰਘ, ਗੁਰਮੇਜ ਸਿੰਘ, ਇੰਦਰ ਸਿੰਘ, ਬਲਦੇਵ ਸਿੰਘ, ਸੁਰਜੀਤ ਸਿੰਘ, ਰਾਮ ਕੁਮਾਰ, ਬਲਜੀਤ ਸਿੰਘ, ਭਗਵਾਨ ਸਿੰਘ, ਬਲਤੇਜ ਸਿੰਘ, ਉੱਤਮ ਸਿੰਘ, ਰਾਜੂ, ਸੰਦੀਪ, ਕਸ਼ਮੀਰ ਸਿੰਘ ਮੁਕਤਾ, ਹੀਰਾ ਸਿੰਘ ਮੱਟੂ, ਹਰਜੀਤ ਰੰਧਾਵਾ, ਸ਼ਿੰਗਾਰਾ ਸਿੰਘ ਭੁੱਲਰ, ਸੁਮੇਰ ਸਿੰਘ, ਹਰਜਿੰਦਰ ਸਿੰਘ ਗਿੱਲ ਅਤੇ ਹੋਰ ਪਾਰਟੀ ਵਰਕਰ ਤੇ ਲੋਕ ਹਾਜ਼ਰ ਸਨ।

# ਰਾਕੇਸ਼ ਬੱਗਾ ਨੇ ਬੰਦੀ ਸਿੰਘਾਂ ਦੀ ਤੁਰੰਤ ਰਿਹਾਈ ਦੀ ਕੀਤੀ ਮੰਗ

**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਨੌਰ ਹਲਕੇ ਦੇ ਸੇਵਾਦਾਰ ਤੇ ਆਜ਼ਾਦ ਉਮੀਦਵਾਰ ਰਾਕੇਸ਼ ਬੱਗਾ ਨੇ ਬੰਦੀ ਸਿੰਘਾਂ ਦੀ ਰਿਹਾਈ ਤੁਰੰਤ ਕਰਨ ਦੀ ਕੇਂਦਰ ਤੇ ਪੰਜਾਬ ਸਰਕਾਰ ਤੋਂ ਮੰਗ ਕਰਦੇ ਹੋਏ ਦੋਸ਼ ਲਗਾਇਆ ਕੇ ਬੰਦੀ ਸਿੰਘਾਂ ਦੀ ਰਿਹਾਈ ਕਰਨ ਲਈ ਸਰਕਾਰਾਂ ਦੀ ਨੀਅਤ ਸਾਫ ਨਹੀਂ ਹੈ।

ਉਨ੍ਹਾਂ ਕਿਹਾ ਕਿ ਦੋਵੇਂ ਸਰਕਾਰਾਂ ਮਨੁੱਖੀ ਅਧਿਕਾਰਾਂ ਦਾ ਘਾਣ ਕਰ ਰਹੀਆਂ ਹਨ। ਗੱਲਬਾਤ ਦੌਰਾਨ ਰਾਕੇਸ਼ ਬੱਗਾ ਨੇ ਤੰਝ ਕਸਦਿਆਂ ਕਿਹਾ ਕਿ ਸਰਕਾਰ ਬਣਨ ਤੋਂ ਪਹਿਲਾਂ ਵੱਡੇ-ਵੱਡੇ ਵਾਅਦੇ ਕੀਤੇ ਗਏ ਸਨ, ਪਰ ਹੁਣ ਸਾਢੇ ਚਾਰ ਸਾਲ ਬਾਅਦ ਵੀ ਹਲਕੇ ਦੇ ਕਈ ਪਿੰਡਾਂ 'ਚ ਪੀਣ ਵਾਲੇ ਪਾਣੀ ਦੀ ਸਮੱਸਿਆ ਜਿਉਂ ਦੀ ਤਿਉਂ ਹੈ।ਪਿੰਡਾਂ ਨਾਲ ਜੋੜਨ ਵਾਲੀਆਂ ਸੜਕਾਂ ਦੀ ਹਾਲਤ ਵੀ ਤਰਸਯੋਗ ਹੈ। ਬਾਰਿਸ਼ ਦੇ ਦਿਨਾਂ 'ਚ ਲੋਕਾਂ ਨੂੰ ਆਉਣ-ਜਾਣ 'ਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੇ ਸਿਰਫ ਕਾਗਜ਼ਾਂ 'ਤੇ ਵਿਕਾਸ ਦਿਖਾਇਆ ਹੈ, ਜ਼ਮੀਨੀ ਪੱਧਰ 'ਤੇ ਕੁਝ ਨਹੀਂ ਹੋਇਆ।ਲੋਕ ਹੁਣ ਬਦਲਾਅ ਚਾਹੁੰਦੇ ਹਨ ਤੇ ਇਸੇ ਲਈ ਉਹ ਅਜ਼ਾਦ ਉਮੀਦਵਾਰ ਵਜੋਂ ਲੋਕਾਂ ਦੇ ਸਾਥ ਨਾਲ ਚੋਣ ਮੈਦਾਨ 'ਚ ਉਤਰਨ ਦੀ ਤਿਆਰੀ ਕਰ ਰਹੇ ਹਨ।ਉਨ੍ਹਾਂ ਦਾਅਵਾ ਕੀਤਾ ਕਿ ਉਨ੍ਹਾਂ ਨੂੰ ਲੋਕਾਂ ਦਾ ਭਰਪੂਰ ਸਮਰਥਨ ਮਿਲ ਰਿਹਾ ਹੈ।



## ਖ਼ੂਨਦਾਨ ਕੈਂਪ ਦੌਰਾਨ 71 ਯੂਨਿਟ ਖ਼ੂਨ ਇਕੱਤਰ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਥੈਲੇਸੀਮੀਆ ਵਰਗੀ ਗੰਭੀਰ ਬੀਮਾਰੀ ਨਾਲ ਜੂਝ ਰਹੇ ਮਾਸੂਮ ਬੱਚਿਆਂ ਤੇ ਲੋੜਵੰਦ ਮਰੀਜ਼ਾਂ ਦੀ ਸਹਾਇਤਾ ਲਈ ਉਮੀਦ ਥੈਲੇਸੀਮੀਆ ਵੈੱਲਫੇਅਰ ਸੋਸਾਇਟੀ ਤੇ ਮਾਧਵ ਸੇਵਾ ਸੋਸਾਇਟੀ ਵੱਲੋਂ ਫੌਜੀ ਹੈਲਥ ਕਲੱਬ ਮਾਲੇਰਕੋਟਲਾ ਦੇ ਵਿਸ਼ੇਸ਼ ਸਹਿਯੋਗ ਨਾਲ ਇੱਕ ਵਿਸ਼ਾਲ ਸਵੈਇੱਛਿਕ ਖ਼ੂਨਦਾਨ ਕੈਂਪ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ।ਇਸ ਕੈਂਪ ਵਿੱਚ ਡੀ.ਐੱਮ.ਸੀ ਐੱਚ. ਲੁਧਿਆਣਾ ਦੀ ਬਲੱਡ ਬੈਂਕ ਟੀਮ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਖ਼ੂਨ ਦੀਆਂ ਯੂਨਿਟਾਂ ਇਕੱਤਰ ਕੀਤੀਆਂ।ਕੈਂਪ ਦੌਰਾਨ ਨੌਜਵਾਨਾਂ ਤੇ ਸ਼ਹਿਰ ਨਿਵਾਸੀਆਂ ਵਿੱਚ ਖ਼ੂਨ ਦਾਨ ਕਰਨ ਲਈ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਖ਼ੂਨਦਾਤਾਵਾਂ ਦੇ ਭਰਵੇਂ ਹੁੰਗਾਰੇ ਸਦਕਾ ਕੈਂਪ ਵਿੱਚ ਕੁੱਲ 71 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ।ਕੈਂਪ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਫੌਜੀ ਹੈਲਥ ਕਲੱਬ ਮਾਲੇਰਕੋਟਲਾ ਦੇ ਆਗੂਆਂ ਮੁਹੰਮਦ ਫਿਰੋਜ਼ ਫੌਜੀ, ਮੁਹੰਮਦ ਇਮਰਾਨ ਹੰਨਨ, ਗੁਰਿੰਦਰ ਸਿੰਘ ਰਾਏ, ਰਮਜ਼ਾਨ ਅਹਿਮਦ ਤੇ ਅਜ਼ਾਜ਼ ਖਾਲਿਦ (ਗੁਰਫੈਕਸ) ਨੇ ਅਹਿਮ ਭੂਮਿਕਾ ਨਿਭਾਈ।ਇਸ ਮੌਕੇ ਉਮੀਦ ਥੈਲੇਸੀਮੀਆ ਵੈੱਲਫੇਅਰ ਸੋਸਾਇਟੀ ਦੀ ਚੇਅਰਪਰਸਨ ਮੀਨਾਕਸ਼ੀ ਸ਼ਰਮਾ, ਪਵਨਦੀਪ ਸਿੰਘ, ਗੁਰਬਿੰਦਰ ਸਿੰਘ, ਰਜਤ ਕੁਮਾਰ, ਦ੍ਰਿਸ਼ਟੀ ਅਰੋੜਾ ਤੇ ਮਾਧਵ ਸੇਵਾ ਸੋਸਾਇਟੀ ਵੱਲੋਂ ਵਿਵੇਕ ਜੋਸ਼ੀ ਨੇ ਸਾਰੀਆਂ ਸਹਿਯੋਗੀ ਸੰਸਥਾਵਾਂ, ਸੇਵਾਦਾਰਾਂ ਤੇ ਖ਼ੂਨਦਾਨੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਨੇ ਦੱਸਿਆ ਕਿ ਥੈਲੇਸੀਮੀਆ ਪੀੜਤ ਬੱਚਿਆਂ ਨੂੰ ਜਿਉਂਦੇ ਰਹਿਣ ਲਈ ਨਿਯਮਿਤ ਰੂਪ ਵਿੱਚ ਖ਼ੂਨ ਚੜ੍ਹਾਉਣ ਦੀ ਲੋੜ ਹੁੰਦੀ ਹੈ, ਇਸ ਲਈ ਇਹ ਖ਼ੂਨਦਾਨ ਕੈਂਪ ਉਨ੍ਹਾਂ ਲਈ 'ਜੀਵਨ ਰੇਖਾ' ਦਾ ਕੰਮ ਕਰਦੇ ਹਨ।ਪ੍ਰਬੰਧਕਾਂ ਨੇ ਭਵਿੱਖ ਵਿੱਚ ਵੀ ਸਮਾਜ ਸੇਵਾ ਤੇ ਮਾਨਵਤਾ ਭਲਾਈ ਦੇ ਅਜਿਹੇ ਕਾਰਜ ਨਿਰੰਤਰ ਜਾਰੀ ਰੱਖਣ ਦਾ ਸੰਕਲਪ ਦੁਹਰਾਇਆ।

# ਖੰਨਾ ਨੂੰ 'ਚੰਡੀਗੜ੍ਹ' ਬਣਾਉਣ ਦੇ ਝੂਠੇ ਸੁਪਨੇ ਦਿਖਾ ਕੇ 'ਆਪ' ਸਰਕਾਰ ਨੇ ਸ਼ਹਿਰ ਦਾ ਬੁਰਾ ਹਾਲ ਕੀਤਾ : ਲੱਧੜ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਨਗਰ ਕੌਂਸਲ ਖੰਨਾ ਦੇ ਸਾਬਕਾ ਪ੍ਰਧਾਨ ਕਮਲਜੀਤ ਸਿੰਘ ਲੱਧੜ ਨੇ ਆਮ ਆਦਮੀ ਪਾਰਟੀ, ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ, ਨਗਰ ਕੌਂਸਲ ਦੇ ਮੌਜੂਦਾ ਪ੍ਰਧਾਨ ਜਤਿੰਦਰ ਪਾਠਕ ਤੇ ਵਾਈਸ ਪ੍ਰਧਾਨ ਹਰੀਸ਼ ਗੁਪਤਾ 'ਤੇ ਤਿੱਖੇ ਹਮਲੇ ਬੋਲਦਿਆਂ ਇੱਕ ਵਿਸ਼ੇਸ਼ ਪ੍ਰੈੱਸ ਕਾਨਫਰੰਸ ਕੀਤੀ।ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸਾਬਕਾ ਪ੍ਰਧਾਨ ਨੇ ਝਾੜੂ ਪਾਰਟੀ ਵੱਲੋਂ ਕਾਂਗਰਸ ਤੇ ਸਾਬਕਾ ਮੰਤਰੀ ਗੁਰਕੀਰਤ ਸਿੰਘ 'ਤੇ ਲਾਏ ਗਏ ਦੋਸ਼ਾਂ ਨੂੰ ਸਰਾਸਰ ਝੂਠ ਦਾ ਪੁਲੰਦਾ ਕਰਾਰ ਦਿੱਤਾ।ਕਮਲਜੀਤ ਸਿੰਘ ਲੱਧੜ ਨੇ ਦੋਸ਼ ਲਾਇਆ ਕਿ ਮੰਤਰੀ ਤਰੁਣਪ੍ਰੀਤ ਸੌਂਦ ਦੇ ਇਸ਼ਾਰੇ 'ਤੇ ਉਨ੍ਹਾਂ ਵਿਰੁੱਧ ਲਗਾਤਾਰ ਸਿਆਸੀ ਬਦਲਾਖੋਰੀ ਦੀ ਨੀਤੀ ਅਪਣਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਮੇਰੇ 'ਤੇ ਨਗਰ ਕੌਂਸਲ ਦੇ ਸਾਈਨ (ਦਸਤਖ਼ਤ) ਕਰਨ ਦੀਆਂ ਪਾਵਰਾਂ ਨਾਜਾਇਜ਼ ਤਰੀਕੇ ਨਾਲ ਖੋਹੀਆਂ ਗਈਆਂ, ਜਿਸ ਕਾਰਨ ਹਾਈਕੋਰਟ ਦਾ ਦਰਵਾਜ਼ਾ ਖੜਕਾਇਆ ਤੇ ਮੈਨੂੰ ਮੇਰਾ ਸੰਵਿਧਾਨਿਕ ਅਧਿਕਾਰ ਮਿਲਿਆ।ਇਸ ਦਾ ਮੁੱਖ ਕਾਰਨ ਇਹ ਸੀ ਕਿ ਮੇਰੇ 'ਤੇ ਨਾਜਾਇਜ਼ ਕਲੋਨੀਆਂ ਦੇ ਟੈਂਡਰ ਪਾਉਣ ਲਈ ਗੈਰ-ਕਾਨੂੰਨੀ ਦਬਾਅ ਪਾਇਆ ਜਾ ਰਿਹਾ ਸੀ।ਜਦੋਂ ਮੈਂ ਸ਼ਹਿਰ ਦੇ ਨਿਯਮਾਂ ਵਿਰੁੱਧ ਜਾ ਕੇ ਅਜਿਹੇ ਗਲਤ ਕੰਮ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ, ਤਾਂ ਮੈਨੂੰ ਫਸਾਉਣ ਲਈ ਨਵੇਂ-ਨਵੇਂ ਹੱਥਕੰਡੇ ਅਪਣਾਏ ਗਏ ਤੇ ਮੰਤਰੀ ਸੌਂਦ ਵੱਲੋਂ ਮੇਰੇ 'ਤੇ ਝੂਠੇ ਪਰਚੇ ਦਰਜ ਕਰਵਾਏ ਗਏ।ਲੱਧੜ ਨੇ ਕਿਹਾ ਕਿ ਬੀਤੇ ਦਿਨੀਂ ਝਾੜੂ ਪਾਰਟੀ ਦੇ ਨਗਰ ਕੌਂਸਲ ਪ੍ਰਧਾਨ ਜਤਿੰਦਰ ਪਾਠਕ ਤੇ ਵਾਈਸ ਪ੍ਰਧਾਨ ਹਰੀਸ਼ ਗੁਪਤਾ ਨੇ ਪ੍ਰੈੱਸ ਕਾਨਫਰੰਸ ਕਰਕੇ ਸਾਬਕਾ ਮੰਤਰੀ ਗੁਰਕੀਰਤ ਸਿੰਘ 'ਤੇ ਜੋ ਦੋਸ਼ ਲਗਾਏ ਹਨ, ਉਹ ਸਿਰਫ਼ ਆਪਣੀਆਂ ਨਾਕਾਮੀਆਂ 'ਤੇ ਪਰਦਾ ਪਾਉਣ ਤੇ ਵਾਹ-ਵਾਹੀ ਖੱਟਣ ਦਾ ਨਾਕਾਮ ਜਤਨ ਹਨ।ਝਾੜੂ ਪਾਰਟੀ ਦੇ ਮੰਤਰੀ ਤੇ ਆਗੂਆਂ ਨੇ ਖੰਨਾ ਨੂੰ 'ਚੰਡੀਗੜ੍ਹ' ਬਣਾਉਣ ਦੇ ਵੱਡੇ-ਵੱਡੇ ਸੁਪਨੇ ਦਿਖਾਏ ਤੇ ਝੂਠੇ ਵਾਅਦੇ ਕੀਤੇ ਸਨ, ਪਰ ਅੱਜ ਸ਼ਹਿਰ ਦਾ ਬੁਰਾ ਹਾਲ ਹੋ ਚੁੱਕਾ ਹੈ।ਇਨ੍ਹਾਂ ਦੀ ਸਰਕਾਰ ਵੇਲੇ ਖੰਨਾ ਸ਼ਹਿਰ ਵਿੱਚ ਵਿਕਾਸ ਦੇ ਨਾਂ 'ਤੇ ਇੱਕ ਵੀ ਇੱਟ ਨਹੀਂ ਲਗਾਈ ਗਈ।ਇਹ ਸਰਕਾਰ ਸਿਰਫ਼ ਇਸ਼ਤਿਹਾਰਬਾਜ਼ੀ ਤੇ ਖੋਖਲੀਆਂ ਮਸ਼ਹੂਰੀਆਂ ਦੀ ਸਰਕਾਰ ਬਣ ਕੇ ਰਹਿ ਗਈ ਹੈ। ਕਮਲਜੀਤ ਸਿੰਘ ਲੱਧੜ ਨੇ ਮੰਤਰੀ ਤਰੁਣਪ੍ਰੀਤ ਸੌਂਦ ਤੇ ਨਗਰ ਕੌਂਸਲ ਦੇ ਆਪ ਆਗੂਆਂ ਨੂੰ ਚੁਣੌਤੀ ਦਿੰਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਖੰਨਾ ਸ਼ਹਿਰ ਦੇ ਵਿਕਾਸ ਲਈ ਇੱਕ ਰੁਪਏ ਦਾ ਵੀ ਨਵਾਂ ਫੰਡ ਲਿਆਂਦਾ ਹੈ ਜਾਂ ਕੋਈ ਇੱਕ ਨਵਾਂ ਵਿਕਾਸ ਪ੍ਰੋਜੈਕਟ ਸ਼ੁਰੂ ਕੀਤਾ ਹੈ, ਤਾਂ ਉਹ ਜਨਤਕ ਤੌਰ 'ਤੇ ਉਸ ਦਾ ਵੇਰਵਾ ਸ਼ਹਿਰ ਵਾਸੀਆਂ ਅੱਗੇ ਪੇਸ਼ ਕਰਨ।ਉਨ੍ਹਾਂ ਕਿਹਾ ਕਿ ਖੰਨਾ ਦੇ ਸਮਝਦਾਰ ਲੋਕ ਝਾੜੂ ਪਾਰਟੀ ਦੀਆਂ ਝੂਠੀਆਂ ਕਾਨਫਰੰਸਾਂ ਤੇ ਗੁਮਰਾਹਕੁੰਨ ਪ੍ਰਚਾਰ ਨੂੰ ਚੰਗੀ ਤਰ੍ਹਾਂ ਸਮਝ ਚੁੱਕੇ ਹਨ ਤੇ ਸਮਾਂ ਆਉਣ 'ਤੇ ਇਸ ਧੱਕੇਸ਼ਾਹੀ ਦਾ ਠੋਕਵਾਂ ਜਵਾਬ ਦੇਣਗੇ।ਇਸ ਮੌਕੇ ਉਨ੍ਹਾਂ ਨਾਲ ਐਡਵੋਕੇਟ ਰਾਜੀਵ ਰਾਏ ਮਹਿਤਾ ਸ਼ਹਿਰੀ ਬਲਾਕ ਪ੍ਰਧਾਨ, ਕਾਂਗਰਸੀ ਆਗੂ ਨਰਿੰਦਰ ਕੁਮਾਰ ਬੇਬੀ ਹਾਜ਼ਰ ਸਨ।

# ਬਰਿੰਦਰ ਗੋਇਲ ਵੱਲੋਂ ਨਹਿਰੀ ਖਾਲਾਂ ਦਾ ਉਦਘਾਟਨ

### ਸੂਬਾ ਸਰਕਾਰ ਨੇ ਹਰ ਖੇਤ 'ਚ ਪਹੁੰਚਾਇਆ ਨਹਿਰੀ ਪਾਣੀ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਕਿਸਾਨਾਂ ਹਰ ਖੇਤ ਨੂੰ ਪਾਣੀ ਨਹਿਰੀ ਪਾਣੀ ਪਹੁੰਚਾਇਆ ਹੈ ਤਾਂ ਜੋ ਕਿਸਾਨਾਂ ਨੂੰ ਆਪਣੀਆਂ ਫ਼ਸਲਾਂ ਲਈ ਟਿਊਬਵੈੱਲ ਦੀ ਵਰਤੋਂ ਨਾ ਕਰਦਿਆਂ ਸਿਰਫ਼ ਨਹਿਰੀ ਪਾਣੀ ਹੀ ਵਰਤਿਆ ਜਾ ਸਕੇ।ਮਾਲਵਾ ਖੇਤਰ ਦੇ ਤਲਵੰਡੀ ਸਾਬੋ ਹਲਕੇ ਦੇ ਟੇਲ ਏਂਡ ਪਿੰਡਾਂ 'ਚ ਵੀ ਨਹਿਰੀ ਪਾਣੀ ਸਿੰਜਾਈ ਲਈ ਖੇਤਾਂ ਤੱਕ ਪੁੱਜ ਗਿਆ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਜਲ ਸਰੋਤ ਮੰਤਰੀ ਪੰਜਾਬ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਜ਼ਿਲ੍ਹਾ ਬਠਿੰਡਾ ਦੇ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਹੇਠ ਪੈਂਦੇ ਪਿੰਡ ਬਾਘਾ ਤੇ ਜੀਵਨ ਸਿੰਘ ਵਾਲਾ ਵਿਖੇ ਨਹਿਰੀ ਪਾਣੀ ਦੇ ਪ੍ਰੋਜੈਕਟਾਂ ਦਾ ਉਦਘਾਟਨ ਮੌਕੇ ਕੀਤਾ।ਪਿੰਡ ਬਾਘਾ ਵਿਖੇ ਉਨ੍ਹਾਂ ਕੋਠੀ ਰਜਬਾਹਾ ਤੇ ਹੋਰ ਮਾਈਨਰਾਂ ਦੇ 10.78 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਬਣਾਏ ਗਏ ਨਹਿਰੀ ਖਾਲਾਂ, ਜਿਸ ਨਾਲ ਕਿਸਾਨਾਂ ਦੀ 3500 ਏਕੜ ਜ਼ਮੀਨ ਨੂੰ ਪਾਣੀ ਮਿਲੇਗਾ, ਦਾ ਉਦਘਾਟਨ ਕੀਤਾ।ਇਸ ਮੌਕੇ ਉਨ੍ਹਾਂ ਨਾਲ ਹਲਕਾ ਤਲਵੰਡੀ ਸਾਬੋ ਦੇ ਵਿਧਾਇਕ ਤੇ ਪਾਰਟੀ ਚੀਫ਼ ਵਿੱਪ ਕੈਬਨਿਟ ਰੈਂਕ ਪ੍ਰੋ: ਬਲਜਿੰਦਰ ਕੌਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਪਿੰਡ ਜੀਵਨ ਸਿੰਘ ਵਾਲਾ ਵਿਖੇ 13 ਕਿਲੋਮੀਟਰ ਲੰਬਾਈ ਵਾਲੇ ਖਾਲ ਤੇ ਲਾਈਨਿੰਗ, ਜਿਸ ਉਪਰ 6.50 ਕਰੋੜ ਰੁਪਏ ਖਰਚਾ ਆਇਆ ਹੈ, ਦਾ ਉਦਘਾਟਨ ਕਰਨ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਦੇ ਮੋਢੇ ਨਾਲ ਮੋਢਾ ਲਗਾ ਕੇ ਖੜ੍ਹੀ ਹੈ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਸ੍ਰੀ ਗੋਇਲ ਨੇ ਕਿਹਾ ਕਿ ਪਿਛਲੇ 40 ਸਾਲਾਂ ਤੋਂ ਟੇਲਾਂ ਵਾਲੇ ਪਿੰਡਾਂ 'ਚ ਖੇਤੀ ਲਈ ਪਾਣੀ ਦੀ ਘਾਟ ਨਾਲ ਕਿਸਾਨ ਜੂਝ ਰਹੇ ਸਨ, ਜਿਨ੍ਹਾਂ ਦਾ ਸੁਪਨਾ ਹੁਣ ਪੂਰਾ ਹੋ ਗਿਆ ਹੈ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਨਹਿਰੀ ਪਾਣੀ ਦਾ ਸੁਚੱਜਾ ਢੰਗ ਨਾਲ ਇਸਤੇਮਾਲ ਕਰਨ ਤੇ ਪਾਣੀ ਦੀ ਇੱਕ-ਇੱਕ ਬੂੰਦ ਦੀ ਕਦਰ ਕਰਨੀ ਬਹੁਤ ਜ਼ਰੂਰੀ ਹੈ।ਇਸ ਮੌਕੇ ਓ ਐੱਸ ਡੀ ਮਹੀਪ ਮਨਿਸਟਰ ਤਲਵੰਡੀ ਸਾਬੋ ਸ੍ਰੀਮਤੀ ਵੀਰਪਾਲ ਕੌਰ ਤੋਂ ਇਲਾਵਾ ਪਿੰਡ ਬਾਘਾ ਤੇ ਜੀਵਨ ਸਿੰਘ ਵਾਲਾ ਦੀਆਂ ਪੰਚਾਇਤਾਂ, ਵੱਖ-ਵੱਖ ਅਹੁਦੇਦਾਰ, ਪਿੰਡ ਵਾਸੀ ਤੇ ਹੋਰ ਮੋਹਤਬਰ ਆਦਿ ਹਾਜ਼ਰ ਸਨ।

## ਸਟੇਟ ਕਰਮਚਾਰੀ ਦਲ ਨੇ ਮੁੱਖ ਮੰਤਰੀ ਦੇ ਨਾਂਅ ਡੀ ਸੀ ਨੂੰ ਸੌਂਪਿਆ ਮੰਗ ਪੱਤਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੈਨਸ਼ਨਰਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਦੇ ਸਬੰਧ ਵਿੱਚ ਸਟੇਟ ਕਰਮਚਾਰੀ ਦਲ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ 13 ਸੂਤਰੀ ਮੰਗ ਪੱਤਰ ਮੁੱਖ ਮੰਤਰੀ ਪੰਜਾਬ ਦੇ ਨਾਂ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਨੂੰ ਸੌਂਪਿਆ। ਇਸ ਸਮੇਂ ਜਾਣਕਾਰੀ ਦਿੰਦਿਆਂ ਪੰਜਾਬ ਸਟੇਟ ਕਰਮਚਾਰੀ ਦਲ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪ੍ਰਧਾਨ ਤਰਸੇਮ ਥੋਹੀ, ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸੰਘਰਸ਼ਾਂ ਨਾਲ ਪ੍ਰਾਪਤ ਕੀਤੀਆਂ ਸਹੂਲਤਾਂ ਨੂੰ ਇੱਕ-ਇੱਕ ਕਰਕੇ ਖੋਹਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਨੂੰ ਮਿਲਦੇ 37 ਭੱਤਿਆਂ ਨੂੰ ਬੰਦ ਕਰਕੇ ਮੁਲਾਜ਼ਮਾਂ ਨਾਲ ਧ੍ਰੋਹ ਕਮਾ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਕੋਰਟ ਦੇ ਫੈਸਲੇ ਅਨੁਸਾਰ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ 18 ਪ੍ਰਤੀਸ਼ਤ ਮਹਿੰਗਾਈ ਭੱਤਾ ਰਿਲੀਜ਼ ਕਰੇ। 1-1-2016 ਤੋਂ ਪਹਿਲਾਂ ਸੇਵਾ ਮੁਕਤ ਹੋਏ ਪੈਨਸ਼ਨਰਾਂ ਦੀ ਪੈਨਸ਼ਨ 2.59 ਅਨੁਸਾਰ ਸੋਧੀ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਮੈਡੀਕਲ ਭੱਤੇ ਵਿੱਚ ਘੱਟੋ-ਘੱਟ 2000 ਦਾ ਵਾਧਾ ਕੀਤਾ ਜਾਵੇ, ਜੋ ਨਿਯੁਕਤੀਆਂ ਕੇਂਦਰੀ ਸਕੇਲਾਂ ਵਿੱਚ ਕੀਤੀਆਂ ਗਈਆਂ ਹਨ, ਇਹ ਨਿਯੁਕਤੀਆਂ ਪੰਜਾਬ ਸਰਕਾਰ ਦੇ ਸਕੇਲਾਂ ਵਿੱਚ ਕੀਤੀਆਂ ਜਾਣ ਆਦਿ ਮੰਗਾਂ ਦੀ ਪ੍ਰਾਪਤੀ ਵਾਸਤੇ ਪੰਜਾਬ ਸਟੇਟ ਕਰਮਚਾਰੀ ਵੱਲੋਂ 13 ਸੂਤਰੀ ਮੰਗ ਪੱਤਰ ਮੁੱਖ ਮੰਤਰੀ ਦੇ ਨਾਂ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਨੂੰ ਸੌਂਪਿਆ ਗਿਆ। ਇਸ ਵਫਦ ਵਿਚ ਗਿਆਨੀ ਸਿੰਘ, ਖਜ਼ਾਨ ਸਿੰਘ, ਪਵਿੱਤਰ ਸਿੰਘ, ਸੁਖਵਿੰਦਰ ਸਿੰਘ, ਚੰਦਰ ਮੋਹਨ, ਬਲਵੀਰ ਸਿੰਘ ਗੋਖੀਵਾਲਾ, ਜੀਤ ਸਿੰਘ, ਮਹਿੰਦਰ ਸਿੰਘ, ਮਾਸਟਰ ਓਮ ਪ੍ਰਕਾਸ਼, ਚੇਤਨ ਸਿੰਘ, ਸੁਖਦੇਵ ਸਿੰਘ, ਅਮਰਜੀਤ ਸਿੰਘ ਗੋਖੀਵਾਲਾ ਆਦਿ ਮੁਲਾਜ਼ਮ ਤੇ ਪੈਨਸ਼ਨ ਆਗੂ ਸ਼ਾਮਲ ਸਨ।

## ਨੈਸ਼ਨਲ ਕਾਲਜ ਵਿਖੇ ਮਨਾਇਆ ਤੀਆਂ ਦਾ ਤਿਉਹਾਰ



**ਭੀਖੀ (ਗੁਰਿੰਦਰ ਸਿੰਘ ਔਲਖ)**-ਨੈਸ਼ਨਲ ਕਾਲਜ ਭੀਖੀ ਵਿਖੇ ਪੰਜਾਬੀ ਸੱਭਿਆਚਾਰ ਤੇ ਵਿਰਸੇ ਨੂੰ ਸਮਰਪਤ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਕਾਲਜ ਦੀਆਂ ਵਿਦਿਆਰਥਣਾਂ ਨੇ ਪੰਜਾਬੀ ਪਹਿਰਾਵੇ ਵਿੱਚ ਸਜ-ਧਜ ਕੇ ਸਮਾਗਮ ਵਿੱਚ ਭਾਗ ਲਿਆ।ਸਮਾਗਮ ਦੌਰਾਨ ਵਿਦਿਆਰਥਣਾਂ ਵੱਲੋਂ ਗਿੱਧਾ, ਬੋਲੀਆਂ, ਲੋਕ-ਗੀਤ ਤੇ ਹੋਰ ਸੱਭਿਆਚਾਰਕ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ।ਪ੍ਰੋ. ਗੁਰਤੇਜ ਸਿੰਘ ਸੰਧੂ ਨੇ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਨੌਜਵਾਨ ਪੀੜ੍ਹੀ ਨੂੰ ਆਪਣੇ ਅਮੀਰ ਪੰਜਾਬੀ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਵਿਦਿਆਰਥਣਾਂ ਨੂੰ ਪੰਜਾਬੀ ਸੱਭਿਆਚਾਰ ਤੇ ਵਿਰਸੇ ਨੂੰ ਸੰਭਾਲਣ ਲਈ ਅੱਗੇ ਆਉਣ ਦਾ ਸੱਦਾ ਦਿੱਤਾ।ਸਮਾਗਮ ਦੇ ਅੰਤ 'ਚ ਕਾਲਜ ਦੇ ਪ੍ਰਿੰਸੀਪਲ ਡਾਕਟਰ ਐੱਮ ਕੇ ਮਿਸ਼ਰਾ ਨੇ ਵੱਖ-ਵੱਖ ਸੱਭਿਆਚਾਰਕ ਮੁਕਾਬਲਿਆਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੀਆਂ ਵਿਦਿਆਰਥਣਾਂ ਵਿੱਚੋਂ ਨਵਜੋਤ ਕੌਰ ਨੂੰ ਮਿਸ ਤੀਜ ਵਿੱਚ ਪਹਿਲਾ ਸਥਾਨ ਤੇ ਪਰਵਿੰਦਰ ਕੌਰ ਨੂੰ ਦੂਜਾ ਸਥਾਨ ਪ੍ਰਾਪਤ ਕਰਨ 'ਤੇ ਇਨਾਮ ਤੇ ਨਗਦ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ।

## ਗੁਰਪ੍ਰੀਤ ਭੁੱਚਰ ਨੇ ਕੇਜਰੀਵਾਲ ਨੂੰ ਦਿੱਤੀਆਂ ਜਨਮ ਦਿਨ ਦੀਆਂ ਮੁਬਾਰਕਾਂ



**ਮਾਨਸਾ (ਆਤਮਾ ਸਿੰਘ ਪਮਾਰ)**-ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ, ਜ਼ਿਲ੍ਹਾ ਯੋਜਨਾ ਕਮੇਟੀ ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਭੁੱਚਰ ਨੇ ਆਪ ਦੇ ਕੌਮੀ ਕਨਵੀਨਰ ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੇ ਗ੍ਰਹਿ ਦਿੱਲੀ ਵਿਖੇ ਮੁਲਾਕਾਤ ਕਰਕੇ ਉਨ੍ਹਾਂ ਨੂੰ ਜਨਮ ਦਿਨ ਦੀਆਂ ਮੁਬਾਰਕਾਂ ਦਿੰਦਿਆਂ ਉਨ੍ਹਾਂ ਦੀ ਚੰਗੀ ਸਿਹਤ, ਲੰਮੀ ਉਮਰ ਤੇ ਦੇਸ਼ ਦੀ ਜਨਤਾ ਦੀ ਸੇਵਾ ਸਬੰਧੀ ਨਵੇਂ ਤੇ ਪਾਏਦਾਰ ਕੀਰਤੀਮਾਨ ਸਥਾਪਤ ਕਰਨ ਲਈ ਸ਼ੁੱਭਕਾਮਨਾਵਾਂ ਵੀ ਭੇਟ ਕੀਤੀਆਂ। ਇਸ ਸ਼ੁਭ ਮੌਕੇ ਭੁੱਚਰ ਨੇ ਉਮੀਦ ਜਤਾਈ ਕਿ ਕੇਜਰੀਵਾਲ ਦੀ ਈਮਾਨਦਾਰ ਰਾਜਨੀਤੀ, ਲੋਕ ਪੱਖੀ ਸੋਚ ਤੇ ਆਮ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਤੇ ਹੱਕਾਂ ਲਈ ਕੀਤਾ ਜਾ ਰਿਹਾ ਲਗਾਤਾਰ ਸੰਘਰਸ਼ ਸਾਡੇ ਸਾਰਿਆਂ ਤੇ ਦੇਸ਼ ਦੇ ਲੋਕਾਂ ਲਈ ਪ੍ਰੇਰਣਾ ਸ੍ਰੋਤ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਸਫਲਤਾਪੂਰਵਕ ਚੱਲ ਰਹੀ ਹੈ।ਭੁੱਚਰ ਨੇ ਉਮੀਦ ਪ੍ਰਗਟਾਈ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ 'ਚ ਮੁੜ ਸਰਕਾਰ ਬਣਾ ਕੇ ਸਫਲਤਾ ਦੇ ਝੰਡੇ ਗੱਡੇਗੀ।

## ਗੁਰੂ ਨਾਨਕ ਨਾਮ ਲੇਵਾ ਸੰਗਤ ਸੰਸਥਾ ਦੇ ਮੈਂਬਰ ਦਾ ਸਨਮਾਨ



**ਜਗਰਾਉਂ (ਸੰਜੀਵ ਅਰੋੜਾ)**-ਗੁਰੂ ਨਾਨਕ ਨਾਮ ਲੇਵਾ ਸੰਗਤ ਸੰਸਥਾ ਦੇ ਮੈਂਬਰਾਂ ਦਾ ਸਨਮਾਨ ਸਥਾਨਕ ਸ਼ਹਿਰ ਝਾਂਸੀ ਚੌਕ ਵਿੱਚ ਗਰੀਨ ਪੰਜਾਬ ਮਿਸ਼ਨ ਟੀਮ ਵੱਲੋਂ ਕੀਤਾ ਗਿਆ। 14 ਸਾਲ ਬਾਅਦ ਇਟਲੀ ਤੋਂ ਭਾਰਤ ਆਏ ਸੰਸਥਾ ਦੇ ਮੈਂਬਰ ਰਣਜੀਤ ਸਿੰਘ ਰਾਜ ਦੀਆਂ ਪੰਜਾਬ ਵਿੱਚ ਆਏ ਹੜ੍ਹ ਮੌਕੇ ਕੀਤੀਆਂ ਸੇਵਾਵਾਂ ਦਾ ਜ਼ਿਕਰ ਕਰਦਿਆਂ ਗਰੀਨ ਪੰਜਾਬ ਮਿਸ਼ਨ ਟੀਮ ਦੇ ਸਤਪਾਲ ਸਿੰਘ ਦੇਹੜਕਾ ਨੇ ਦੱਸਿਆ ਕਿ ਭਾਰਤ ਤੋਂ ਬਾਹਰ ਰਹਿ ਕੇ ਵੀ ਰਣਜੀਤ ਸਿੰਘ ਰਾਜ ਨੇ ਮੁਸੀਬਤ ਸਮੇਂ ਪੰਜਾਬੀਆਂ ਦੀ ਮਦਦ ਲਈ ਆਪਣੇ ਭਾਰਤ ਰਹਿੰਦੇ ਸਾਥੀਆਂ ਰਾਹੀਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਬੰਨ ਮਾਰਨ, ਮਕਾਨ ਬਣਾਉਣ ਮੈਡੀਕਲ ਸਹਾਇਤਾ ਤੇ ਹੋਰ ਰਾਹਤ ਸਮੱਗਰੀ ਰਾਹੀਂ ਆਪਣਾ ਵਡਮੁੱਲਾ ਯੋਗਦਾਨ ਪਾਇਆ ਸੀ। ਇਸ ਮੌਕੇ ਪ੍ਰਵਾਸੀ ਭਾਰਤੀ ਰਣਜੀਤ ਸਿੰਘ ਰਾਜ ਨੇ ਮਿਸ਼ਨ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਆਪਣੇ ਵੱਲੋਂ ਹਰ ਤਰ੍ਹਾਂ ਦੀ ਮਦਦ ਦਾ ਭਰੋਸਾ ਦਿੰਦਿਆਂ ਉਨ੍ਹਾਂ ਜਗਰਾਉਂ ਵਾਸੀਆਂ ਵੱਲੋਂ ਉਨ੍ਹਾਂ ਨੂੰ ਦਿੱਤੇ ਗਏ ਪਿਆਰ ਸਤਿਕਾਰ ਨੂੰ ਰੂਹ ਦਾ ਸਕੂਨ ਮਿਲਣਾ ਦੱਸਿਆ। ਇਸ ਮੌਕੇ ਉਨ੍ਹਾਂ ਨਾਲ ਉੱਤਰ ਪ੍ਰਦੇਸ਼ ਤੋਂ ਆਏ ਸਾਥੀਆਂ ਰਣਜੀਤ ਸਿੰਘ ਜੀਤ ਭਾਜੀ, ਪ੍ਰਧਾਨ ਗੁਰਜਿੰਦਰ ਸਿੰਘ ਗਿੰਦਾ, ਦਿਲਬਾਗ ਸਿੰਘ ਰਿਆੜ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਗਰੀਨ ਪੰਜਾਬ ਮਿਸ਼ਨ ਟੀਮ ਵੱਲੋਂ ਪੁੱਜੀਆਂ ਸ਼ਖ਼ਸੀਅਤਾਂ ਦਾ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨ ਕੀਤਾ ਗਿਆ। ਇਸ ਮੌਕੇ ਮੇਜਰ ਸਿੰਘ ਛੀਨਾ, ਮਾਸਟਰ ਹਰਨਰਾਇਣ ਸਿੰਘ, ਕੈਪਟਨ ਨਰੇਸ਼ ਵਰਮਾ, ਮੈਡਮ ਕੰਚਨ ਗੁਪਤਾ, ਯੋਗੇਸ਼ ਜਿੰਦਲ, ਮੈਡਮ ਸਵੀਟੀ ਅਰੋੜਾ, ਮਨੋਹਰ ਸਿੰਘ ਟੱਕਰ, ਅਸ਼ੋਕ ਸੰਗਮ, ਰਾਜਪਾਲ ਜੈਨ, ਕਲਵੰਤ ਸਹੋਤਾ, ਸੋਨੀ ਮੱਕੜ, ਹਰਪਿੰਦਰ ਸਿੰਘ, ਸਰਬਜੀਤ ਸਿੰਘ ਤੇ ਜੰਟਾ ਆਦਿ ਹਾਜ਼ਰ ਸਨ।

## 27 ਦਾ ਸੰਘਰਸ਼ ਇਤਿਹਾਸਕ ਸਾਬਿਤ ਹੋਵੇਗਾ : ਪ ਸ ਸ ਫ




**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੀ ਮੀਟਿੰਗ ਲਖਵਿੰਦਰ ਖਾਨਪੁਰ, ਰਾਜਪਾਲ ਸਿੰਘ ਲਸੋਈ, ਜਸਵਿੰਦਰ ਸੌਜਾ, ਸਵਰਨ ਸਿੰਘ ਬੰਗਾ ਤੇ ਗੁਰਮੀਤ ਸਿੰਘ ਪੇਦਨ ਦੀ ਅਗਵਾਈ ਹੇਠ ਪਟਿਆਲਾ ਵਿਖੇ ਹੋਈ, ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਫੈਡਰੇਸ਼ਨ ਨਾਲ ਸਬੰਧਤ ਸਮੁੱਚੀਆਂ ਜਥੇਬੰਦੀਆਂ 27 ਅਗਸਤ ਦੇ ਪੰਜਾਬ ਬੰਦ ਨੂੰ ਕਾਮਯਾਬ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੀਆਂ ਤੇ ਵੱਡੀ ਗਿਣਤੀ ਵਿੱਚ ਅੱਜ ਤੋਂ ਹੀ ਆਪਣੇ ਸਾਥੀਆਂ ਨੂੰ ਉਸ ਦੀ ਤਿਆਰੀ ਵਿੱਚ ਪੂਰੀ ਤਰ੍ਹਾਂ ਰੁੱਝ ਜਾਣ ਲਈ ਫੈਸਲਾ ਕੀਤਾ ਗਿਆ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਦਰਸ਼ਨ ਬੇਲੂ ਮਾਜਰਾ, ਜਸਵੀਰ ਖੋਖਰ, ਰਣਜੀਤ ਮਾਨ, ਧਰਮਪਾਲ ਸਿੰਘ ਲੋਟ, ਦਿਆਲ ਸਿੱਧੂ ਤੇ ਜਗਤਾਰ ਸਾਹਪੁਰ ਨੇ ਕਿਹਾ ਕਿ ਉਹ ਇਸ ਬੰਦ ਨੂੰ ਕਾਮਯਾਬ ਕਰਨ ਲਈ ਆਪਣੇ ਮੁਲਾਜ਼ਮ ਤੇ ਪੈਨਸ਼ਨਰ ਸਾਥੀਆਂ ਨੂੰ ਵੱਡੀ ਗਿਣਤੀ ਵਿੱਚ ਨਾਲ ਲੈ ਕੇ ਇਸ ਇਕੱਤਰਤਾ ਵਿੱਚ ਸ਼ਾਮਲ ਹੋਣਗੇ। ਮੀਟਿੰਗ ਵਿੱਚ ਪਹੁੰਚੇ ਗੌਰਮਿੰਟ ਟੀਚਰ ਯੂਨੀਅਨ ਦੇ ਆਗੂ ਜਸਵਿੰਦਰ ਸਿੰਘ ਸਮਾਣਾ, ਪਰਮਜੀਤ ਸਿੰਘ, ਹਿੰਮਤ ਸਿੰਘ ਤੇ ਹਰਪ੍ਰੀਤ ਉੱਪਲ ਨੇ ਕਿਹਾ ਕਿ ਸਮੁੱਚੇ ਪੰਜਾਬ ਦੀਆਂ ਅਧਿਆਪਕ ਜਥੇਬੰਦੀਆਂ ਉਸ ਦਿਨ ਵੱਡੇ ਪੱਧਰ 'ਤੇ ਸਕੂਲ ਬੰਦ ਕਰਕੇ ਇਸ ਸੰਘਰਸ਼ ਵਿੱਚ ਆਪਣਾ ਹਿੱਸਾ ਪਾਉਣਗੇ ਤੇ ਇਸ ਸੰਘਰਸ਼ ਨੂੰ ਪੰਜਾਬ ਦਾ ਇੱਕ ਇਤਿਹਾਸਕ ਸੰਘਰਸ਼ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ। ਇਸ ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ਮੋਨਿਕਾ ਮਸੀਹ, ਰਕੇਸ਼ ਕਲਿਆਣ, ਗੁਰਿੰਦਰ ਸਹੋਤਾ, ਅਮਰਿੰਦਰ ਸਿੰਘ ਨਾਭਾ, ਕੁਲਦੀਪ ਘੱਗਾ, ਨਾਥ ਸਿੰਘ ਬੁਜਰਕ, ਹਰਦੇਵ ਸਿੰਘ, ਗੁਰਮੇਲ ਘਨੌਰ, ਅਰਜਨ ਸਿੰਘ ਰਾਜਪੁਰਾ ਆਦਿ ਆਗੂਆਂ ਨੇ ਹਿੱਸਾ ਲਿਆ ਤੇ ਕਿਹਾ ਕਿ ਉਹ ਅੱਜ ਤੋਂ ਹੀ ਇਸ ਸੰਘਰਸ਼ ਦੀ ਤਿਆਰੀ ਲਈ ਜੁੱਟ ਗਏ ਹਨ ਤੇ ਉਸ ਦਿਨ ਸਮੁੱਚੇ ਮੁਲਾਜ਼ਮ ਤੇ ਪੈਨਸ਼ਨਰ ਇੱਕ ਝੰਡੇ ਥੱਲੇ ਇਕੱਤਰ ਹੋ ਕੇ ਸਰਕਾਰ ਖਿਲਾਫ ਆਪਣੇ ਰੋਹ ਦਾ ਪ੍ਰਗਟਾਵਾ ਕਰਨਗੇ।ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪ੍ਰਗਟ ਸਿੰਘ ਰਾਮਗੜ੍ਹ, ਸੁਖਵੀਰ ਸਿੰਘ ਢੀਂਡਸਾ, ਸੁਨੀਲ ਕੁਮਾਰ ਬਡਲਾਨ, ਤੇਜਿੰਦਰਪਾਲ ਸਿੰਘ, ਅਰੁਨ ਕੁਮਾਰ ਕੋਲੇਮਾਜਰਾ, ਭੁਪਿੰਦਰ ਸਾਧੋਹੇੜੀ, ਜਸਵੀਰ ਕੌਰ, ਰਾਣੀ ਕੌਰ ਆਦਿ ਹਾਜ਼ਰ ਸਨ।

# ਤੀਆਂ ਮੌਕੇ ਹਰਿਆਲੀ ਤੇ ਯੋਗਾ ਗਰੁੱਪਾਂ ਨੇ ਦਿੱਤਾ ਸਿਹਤ ਤੇ ਵਾਤਾਵਰਨ ਸੰਭਾਲ ਦਾ ਸੰਦੇਸ਼

### ਤਿਉਹਾਰ 'ਚ ਗੇਮਾਂ, ਡਾਂਸ ਤੇ ਨਾਟਕਾਂ ਨੇ ਬੰਨ੍ਹਿਆ ਰੰਗ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਤੀਆਂ ਦਾ ਤਿਉਹਾਰ ਬੀਤੇ ਦਿਨ ਹਰਿਆਲੀ ਗਰੁੱਪ ਤੇ ਯੋਗਾ ਗਰੁੱਪ ਵੱਲੋਂ ਸਾਂਝੇ ਤੌਰ 'ਤੇ ਬੜੇ ਉਤਸ਼ਾਹ, ਖ਼ੁਸ਼ੀ ਤੇ ਪਿਆਰ ਨਾਲ ਮਨਾਇਆ ਗਿਆ। ਇਸ ਮੌਕੇ ਸਮਾਗਮ ਵਿੱਚ ਵੱਡੀ ਗਿਣਤੀ 'ਚ ਮੈਂਬਰਾਂ ਨੇ ਸ਼ਮੂਲੀਅਤ ਕੀਤੀ ਤੇ ਪੰਜਾਬੀ ਸੱਭਿਆਚਾਰ ਨਾਲ ਜੁੜੇ ਇਸ ਤਿਉਹਾਰ ਦੀਆਂ ਖ਼ੁਸ਼ੀਆਂ ਸਾਂਝੀਆਂ ਕੀਤੀਆਂ। ਸਮਾਗਮ ਦੌਰਾਨ ਵੱਖ-ਵੱਖ ਮਨੋਰੰਜਕ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਗੇਮਾਂ, ਹਾਸਾ-ਮਜ਼ਾਕ, ਡਾਂਸ ਪ੍ਰੋਗਰਾਮ ਤੇ ਨਾਟਕ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ।ਇਸ ਮੌਕੇ ਪ੍ਰਿਅੰਕਾ ਮਿੱਤਲ, ਅੰਜੂ ਸਿੰਗਲਾ, ਮੀਨਾ ਸਿੰਗਲਾ, ਰਾਣੀ ਕੰਬੋਜ ਰਜਨੀਤ, ਬਬਲੀ, ਕੁਲਦੀਪ, ਸਵੀਟੀ, ਸੁਨੈਣਾ, ਟੀਨਾਂ ਗੋਇਲ, ਆਸ਼ਨਾ ਪਾਂਧੀ, ਰਿੰਪੀ ਤੇ ਦਿਵਿਆ ਸਿੰਗਲਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸਮਾਗਮ ਦੀ ਰੌਣਕ ਵਧਾਈ।ਹਰਿਆਲੀ ਗਰੁੱਪ ਵੱਲੋਂ ਇਸ ਵਾਰ ਤੀਆਂ ਦੇ ਤਿਉਹਾਰ ਨੂੰ ਵਾਤਾਵਰਨ ਸੰਭਾਲ ਨਾਲ ਜੋੜਦਿਆਂ ਪੌਦੇ ਵੀ ਵੰਡੇ ਗਏ।ਗਰੁੱਪ ਮੈਂਬਰਾਂ ਨੇ ਕਿਹਾ ਕਿ ਤਿਉਹਾਰਾਂ ਨੂੰ ਸਿਰਫ਼ ਮਨੋਰੰਜਨ ਤੱਕ ਸੀਮਤ ਰੱਖਣ ਦੀ ਬਜਾਏ ਸਮਾਜ ਨੂੰ ਕੋਈ ਉਸਾਰੂ ਸੁਨੇਹਾ ਵੀ ਦੇਣਾ ਚਾਹੀਦਾ ਹੈ।ਇਸੇ ਉਦੇਸ਼ ਤਹਿਤ ਪੌਦੇ ਵੰਡ ਕੇ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਤੇ ਉਨ੍ਹਾਂ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਤੇ ਹਰਿਆ-ਭਰਿਆ ਵਾਤਾਵਰਨ ਸਿਹਤਮੰਦ ਜੀਵਨ ਲਈ ਬੇਹੱਦ ਜ਼ਰੂਰੀ ਹੈ।ਇਸ ਮੌਕੇ ਤਰੁ ਯੋਗਾ ਗਰੁੱਪ ਵੱਲੋਂ ਵੀ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਰਹਿਣ ਦਾ ਸੰਦੇਸ਼ ਦਿੱਤਾ ਗਿਆ।ਮੈਂਬਰਾਂ ਨੇ ਕਿਹਾ ਕਿ ਅੱਜ ਦੀ ਭੱਜ-ਦੌੜ ਭਰੀ ਜ਼ਿੰਦਗੀ ਵਿੱਚ ਲੋਕ ਫਾਸਟ ਫੂਡ ਤੇ ਗੈਰ-ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਕਾਰਨ ਆਪਣੀ ਸਿਹਤ ਨੂੰ ਨੁਕਸਾਨ ਪਹੁੰਚਾ ਰਹੇ ਹਨ।ਇਸ ਦੇ ਨਾਲ ਹੀ ਤਣਾਅ ਤੇ ਚਿੰਤਾ ਵੀ ਜੀਵਨ ਦਾ ਹਿੱਸਾ ਬਣ ਰਹੇ ਹਨ।

ਅਜਿਹੇ ਸਮੇਂ ਯੋਗਾ ਤੇ ਨਿਯਮਤ ਕਸਰਤ ਸਰੀਰ ਨੂੰ ਤੰਦਰੁਸਤ ਰੱਖਣ ਦੇ ਨਾਲ ਮਨ ਨੂੰ ਸ਼ਾਂਤੀ ਪ੍ਰਦਾਨ ਕਰਨ ਵਿਚ ਸਹਾਇਕ ਹੋ ਸਕਦੇ ਹਨ।ਸਮਾਗਮ ਦੇ ਅੰਤ ਵਿੱਚ ਸਮੂਹ ਮੈਂਬਰਾਂ ਨੇ ਇੱਕ ਦੂਜੇ ਤੇ ਤਿਉਹਾਰ ਦੀਆਂ ਖ਼ੁਸ਼ੀਆਂ ਸਾਂਝੀਆਂ ਕਰਦਿਆਂ ਵਾਤਾਵਰਨ ਦੀ ਸੰਭਾਲ, ਸਿਹਤਮੰਦ ਜੀਵਨਸ਼ੈਲੀ ਤੇ ਪੰਜਾਬੀ ਸੱਭਿਆਚਾਰ ਨਾਲ ਜੁੜੇ ਰਹਿਣ ਦਾ ਸੰਦੇਸ਼ ਦਿੱਤਾ।

# ਅੰਤਰਰਾਜੀ ਚੋਰ ਗਰੋਹ ਦੇ 8 ਮੈਂਬਰ ਕਾਬੂ, ਕਈ ਵਾਰਦਾਤਾਂ ਦਾ ਪਰਦਾਫਾਸ਼



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਸਰਕਾਰ ਤੇ ਡਾਇਰੈਕਟਰ ਜਨਰਲ ਆਫ ਪੁਲਸ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਭਿਮੰਨਿਊ ਰਾਣਾ, ਸੀਨੀਅਰ ਕਪਤਾਨ ਪੁਲਸ ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਅਪਰਾਧੀਆਂ ਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਇਸੇ ਮੁਹਿੰਮ ਤਹਿਤ ਅਸ਼ੋਕ ਮੀਨਾ, ਐੱਸ ਪੀ (ਡੀ), ਜਸਪਾਲ ਸਿੰਘ, ਡੀ ਐੱਸ ਪੀ ਮਲੋਟ ਤੇ ਸ਼ਵਪਾਲ ਸਿੰਘ, ਡੀਐੱਸਪੀ (ਡੀ) ਦੀ ਨਿਗਰਾਨੀ ਹੇਠ ਇੰਸਪੈਕਟਰ ਵਰੁਣ ਯਾਦਵ, ਮੁੱਖ ਅਫ਼ਸਰ ਥਾਣਾ ਸਦਰ ਮਲੋਟ ਤੇ ਇੰਸਪੈਕਟਰ ਗੁਰਵਿੰਦਰ ਸਿੰਘ, ਇੰਚਾਰਜ 391 ਦੀਆਂ ਟੀਮਾਂ ਨੇ ਸਾਂਝੀ ਕਾਰਵਾਈ ਕਰਦਿਆਂ ਇੱਕ ਅੰਤਰਰਾਜੀ ਚੋਰ ਗਰੋਹ ਦੇ 8 ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਹੈ।ਪ੍ਰੈੱਸ ਕਾਨਫਰੰਸ ਦੌਰਾਨ ਅਸ਼ੋਕ ਮੀਨਾ, ਐਸਪੀ(ਡੀ)ਨੇ ਦੱਸਿਆ ਕਿ ਮੁਕੱਦਮਾ ਨੰਬਰ 120 ਮਿਤੀ 07.08.2026 ਅਧੀਨ ਧਾਰਾ 305, 331(4) ਬੀਐੱਨਐੱਸ, ਥਾਣਾ ਸਦਰ ਮਲੋਟ ਦੀ ਤਫ਼ਤੀਸ਼ ਦੌਰਾਨ ਇਸ ਗਰੋਹ ਦਾ ਪਰਦਾਫਾਸ਼ ਹੋਇਆ। ਇਹ ਗਰੋਹ ਮਿਤੀ 06/07 ਅਗਸਤ 2026 ਦੀ ਦਰਮਿਆਨੀ ਰਾਤ ਨੂੰ ਗੁਰਮੇਜ ਸਿੰਘ ਦੇ ਘਰ ਵਿੱਚੋਂ ਕਰੀਬ 09-10 ਤੋਲੇ ਸੋਨਾ ਤੇ 14,000 ਨਕਦੀ ਚੋਰੀ ਕਰਨ ਦੀ ਵਾਰਦਾਤ ਵਿੱਚ ਸ਼ਾਮਲ ਸੀ।ਤਫ਼ਤੀਸ਼ ਦੌਰਾਨ ਸਾਹਮਣੇ ਆਇਆ ਕਿ ਗਰੋਹ ਦੇ ਮੁੱਖ ਮੈਂਬਰ ਦਾਸ ਸਤੀਸ਼ ਤੇ ਰੌਬਿਨ ਵੱਖ-ਵੱਖ ਜ਼ਿਲ੍ਹਿਆਂ ਵਿੱਚ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੰਦੇ ਸਨ, ਜਦਕਿ ਚੋਰੀ ਕੀਤਾ ਸੋਨਾ ਤੇ ਹੋਰ ਕੀਮਤੀ ਸਾਮਾਨ ਉਨ੍ਹਾਂ ਦੇ ਪਰਿਵਾਰ ਦੀਆਂ ਮਹਿਲਾ ਮੈਂਬਰਾਂ ਰਾਹੀਂ ਅੱਗੇ ਵੇਚਿਆ ਜਾਂਦਾ ਸੀ।

ਜਾਂਚ ਦੌਰਾਨ ਹੋਏ ਅਹਿਮ ਖੁਲਾਸੇ 'ਚ ਕੁੱਲ 380 ਗ੍ਰਾਮ ਸੋਨੇ ਦਾ ਪਤਾ ਲੱਗਾ, ਜਿਸ ਵਿੱਚੋਂ 250 ਗ੍ਰਾਮ ਸੋਨਾ ਪੁਲਸ ਵੱਲੋਂ ਬਰਾਮਦ ਕੀਤਾ ਗਿਆ।130 ਗ੍ਰਾਮ ਸੋਨਾ ਇੱਕ ਗੋਲਡ ਫਾਇਨਾਂਸ ਕੰਪਨੀ ਕੋਲ ਗਿਰਵੀ ਰੱਖ ਕੇ ਉਸ 'ਤੇ ਲੋਨ ਲਿਆ ਗਿਆ ਸੀ।ਇਸ ਸਬੰਧੀ ਕਾਨੂੰਨੀ ਕਾਰਵਾਈ ਜਾਰੀ ਹੈ।ਚੋਰੀ ਦੀ ਰਕਮ ਨਾਲ ਦੋਸ਼ੀਆਂ ਨੇ ਰੋਹਿਣੀ (ਦਿੱਲੀ) ਵਿਖੇ ਕਰੀਬ ?20 ਲੱਖ ਦਾ ਇੱਕ ਪਲਾਟ, ਇੰਦਰਗੜ੍ਹ, ਜ਼ਿਲ੍ਹਾ ਰੋਹਤਕ (ਹਰਿਆਣਾ) ਵਿਖੇ ਕਰੀਬ ?24 ਲੱਖ ਦਾ ਇੱਕ ਪਲਾਟ ਤੇ ਇੰਦਰਗੜ੍ਹ ਵਿੱਚ ਹੀ ਕਰੀਬ ?6 ਲੱਖ ਦੀਆਂ ਦੋ ਦੁਕਾਨਾਂ ਖਰੀਦੀਆਂ।

ਕਾਬੂ ਕੀਤੇ ਗਏ 08 ਦੋਸ਼ੀਆਂ ਤਾਨਾ ਪੁੱਤਰ ਲਖਮੀ ਪੁੱਤਰ ਚੌਕੀ, ਵਾਸੀ ਇੰਦਰਗੜ੍ਹ ਲੱਖਣਮਾਜਰਾ, ਤਹਿਸੀਲ ਮਹਿਮ ਜ਼ਿਲ੍ਹਾ ਰੋਹਤਕ (ਹਰਿਆਣਾ), ਰੋਬਿਨ ਪੁੱਤਰ ਰਮੇਸ਼ ਕੁਮਾਰ ਪੁੱਤਰ ਨਿਹਾਲ ਸਿੰਘ ਵਾਸੀ ਪਿੰਡ ਬੜਸੀ ਜ਼ਿਲ੍ਹਾ ਭਿਵਾਨੀ (ਹਰਿਆਣਾ), ਕਮਲੇਸ਼ ਪਤਨੀ ਦਾਸ ਸਤੀਸ਼, ਪ੍ਰੀਤੀ ਪਤਨੀ ਸੁਨੀਲ, ਪਿੰਕੀ ਪਤਨੀ ਮੋਨੂੰ (ਵਾਸੀਆਨ ਇੰਦਰਗੜ੍ਹ ਲੱਖਣਮਾਜਰਾ, ਤਹਿਸੀਲ ਮਹਿਮ, ਜ਼ਿਲ੍ਹਾ ਰੋਹਤਕ, ਹਰਿਆਣਾ), ਕਵਿਤਾ ਪਤਨੀ ਵਿਜੇਂਦਰ, ਮਨੀਸ਼ਾ ਪਤਨੀ ਪਰਵੀਨ, ਅਨਾਰਕਲੀ ਉਰਫ਼ ਅਨਾਰੋ ਪਤਨੀ ਰਾਮੇਸ਼ (ਵਾਸੀਆਨ ਪਿੰਡ ਬੜਸੀ, ਜ਼ਿਲ੍ਹਾ ਭਿਵਾਨੀ, ਹਰਿਆਣਾ) ਤੋਂ ਇਲਾਵਾ ਦਾਸ ਸਤੀਸ਼ ਪੁੱਤਰ ਦੀਪ ਚੰਦ, ਜੋ ਕਿ ਥਾਣਾ ਲੰਬੀ ਦੇ ਇੱਕ ਮੁਕੱਦਮੇ ਵਿੱਚ ਇਸ ਸਮੇਂ ਜੇਲ੍ਹ ਵਿੱਚ ਬੰਦ ਹੈ, ਨੂੰ ਇਸ ਕੇਸ ਦੀ ਤਫ਼ਤੀਸ਼ ਲਈ ਪ੍ਰੋਡਕਸ਼ਨ ਵਾਰੰਟ 'ਤੇ ਲਿਆ ਕੇ ਪੁੱਛਗਿੱਛ ਕੀਤੀ ਜਾਵੇਗੀ।

# ਚੰਡੀਗੜ੍ਹ ਦੇ ਸੱਤ ਰੋਜ਼ਾ ਧਰਨੇ ਸਬੰਧੀ ਬੀਕੇਯੂ (ਲੱਖੋਵਾਲ) ਦੀ ਅਹਿਮ ਮੀਟਿੰਗ



In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 16-09-2026 at 10:00 a.m.
For details logon to https://highcourtchd.gov.in/?mod=district_notice&district=mogacourt

Civil Judge (Junior Division) Kharar
Dated, this day of 14-08-2026

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਅਜੈ ਕੁਮਾਰ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਅੰਮ੍ਰਿਤਸਰ-1
ਕੇਸ ਨੰਬਰ : OTHER CASES/02/2026
ਕਿਸਮ ਕੇਸ: ਦਰੁਸਤੀ ਗਿਰਦਾਵਰੀ
ਦਾਇਰ ਮਿਤੀ : 20.05.2026
ਪਿੰਡ : ਵੱਲਾ ਪੇਸ਼ੀ ਮਿਤੀ : 27.08.2026
ਅਖਬਾਰ ਇਸ਼ਤਿਹਾਰ ਨੋਟਿਸ
ਅਨੁਵਾਨ :- ਸਤਨਾਮ ਸਿੰਘ ਬਨਾਮ ਸੁਰਜੀਤ ਸਿੰਘ ਅਤੇ ਹੋਰ।

ਦਰਖਾਸਤ ਖਸਰਾ ਗਿਰਦਾਵਰੀ : ਕੁੱਲ ਰਕਬਾ 9 ਕਨਾਲ 7 ਮਰਲੇ ਖਸਰਾ ਨੰਬਰ 18//5/2 (1-7), 18//6/1(1-11), 18//6/2(6-9) ਖੇਵਟ ਨੰਬਰ 1166 ਖਤੌਨੀ ਨੰਬਰ 1660-1661 ਜਮ੍ਹਾਂਬੰਦੀ ਸਾਲ 2020-21 ਵਾਕਿਆ ਰਕਬਾ ਵੱਲਾ, ਹੱਦਬਸਤ ਨੰਬਰ 280, ਤਹਿਸੀਲ ਅੰਮ੍ਰਿਤਸਰ-1, ਜ਼ਿਲ੍ਹਾ ਅੰਮ੍ਰਿਤਸਰ।

ਉਪਰੋਕਤ ਤਕਸੀਮ ਦਾ ਕੇਸ ਇਸ ਅਦਾਲਤ ਵਿੱਚ ਮਿਤੀ 27.08.2026 ਲਈ ਉੱਤਰਵਾਦੀ ਧਿਰਾਂ ਦੀ ਹਾਜ਼ਰੀ ਲਈ ਜ਼ੇਰੇ ਸੁਣਵਾਈ ਹੈ। ਹੇਠ ਲਿਖੇ ਉੱਤਰਵਾਦੀ ਧਿਰਾਂ ਦੀ ਤਾਮੀਲ ਆਮ ਨੋਟਿਸ ਰਾਹੀਂ ਨਹੀਂ ਹੋ ਰਹੀ। ਇਸ ਲਈ ਹੇਠ ਲਿਖੇ ਉੱਤਰਵਾਦੀਆਂ ਦੀ ਤਾਮੀਲ ਲਈ ਅਖਬਾਰ ਰਾਹੀਂ ਨੋਟਿਸ ਦਿੱਤਾ ਜਾਂਦਾ ਹੈ ਕਿ ਉਹ ਆਪਣੇ ਕੇਸ ਦੀ ਪੈਰਵੀ ਕਰਨ ਲਈ ਇਸ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਹਾਜ਼ਰ ਆਉਣ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇੱਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ। ਫਿਰ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ।

ਉੱਤਰਵਾਦੀ :-
1. ਸੁਰਜੀਤ ਸਿੰਘ ਪੁੱਤਰ ਸੁਬੇਗ ਸਿੰਘ ਪੁੱਤਰ ਲਛਮਣ ਸਿੰਘ 2. ਨਿਰਮਲ ਸਿੰਘ ਪੁੱਤਰ ਸੁਬੇਗ ਸਿੰਘ ਪੁੱਤਰ ਲਛਮਣ ਸਿੰਘ 3. ਸੁਖਵਿੰਦਰ ਸਿੰਘ ਪੁੱਤਰ ਸੁਬੇਗ ਸਿੰਘ ਪੁੱਤਰ ਲਛਮਣ ਸਿੰਘ 4. ਕਸ਼ਮੀਰ ਸਿੰਘ ਪੁੱਤਰ ਸੁਬੇਗ ਸਿੰਘ ਪੁੱਤਰ ਲਛਮਣ ਸਿੰਘ, 5. AJB Developers Private Limited, a Company incorporated under the Companies Act, 1956, CIN No. U45201DL2004PTC130170 having its registered Office at Old No. 25, New-33, G/F. JMD Kohinoor Galleria, Masjid Moth, G.K-II, South Delhi, New Delhi-110048, through its Managing Director
ਨੰਬਰ : ਰੀਡਰ/204 ਮਿਤੀ : 11.07.26
ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ ਅੰਮ੍ਰਿਤਸਰ-1

## ਉੱਤਰ ਰੇਲਵੇ

**ਈ-ਨਿਵਿਦਾ ਸੂਚਨਾ**

ਨਿਵਿਦਾ ਸੂਚਨਾ ਨੰਬਰ: 770-W/01/WA/JAT/2025 36-2026-27-DRM-JAT, 37-2026-27-DRM-JAT (to be opened on 09.09.2026)

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਕੰਮ ਕਰਦੇ ਹੋਏ ਹੇਠਾਂ ਦਿਤੇ ਗਏ ਟਾਈਟਲ ਵਾਲੀਆਂ ਨਿਵਿਦਾਵਾਂ ਦੇ ਵਿਰੁੱਧ ਖੁਲ੍ਹੀਆਂ ਨਿਵਿਦਾਵਾਂ ਈ-ਨਿਵਿਦਾਵਾਂ ਮੰਗ ਕਰਦੇ ਹਨ ਅਤੇ ਇਹ ਉਪਲਬਧ ਹਨ ਜਿਨ੍ਹਾਂ ਦੀ ਅੰਤਮ ਮਿਤੀ 09.09.2026 ਨੂੰ 15 ਵਜੇ ਤਕ ਹੈ। ਬੋਲੀਦਾਤਾ ਆਪਣੀ ਮੂਲ ਸਵੈ ਦਸਤਖਤਸ਼ੁਦਾ ਬੋਲੀਆਂ ਕੇਵਲ ਸਮਾਪਤੀ ਮਿਤੀ ਅਤੇ ਸਮੇਂ ਤਕ ਹੀ ਜਮ੍ਹਾ ਕਰ ਸਕਣਗੇ। ਇਨ੍ਹਾਂ ਨਿਵਿਦਾਵਾਂ ਦੇ ਵਿਰੁੱਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਨੂੰ ਨਜ਼ਰਅੰਦਾਜਨ ਕਰ ਦਿਤਾ ਜਾਵੇਗਾ। ਠੇਕੇਦਾਰਾਂ ਨੂੰ ਇਸ ਨਿਵਿਦਾ ਦੇ ਵਿਰੁਧ ਨਿਵਿਦਾ ਦਸਤਾਵੇਜ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ (IREPS) ਪੋਰਟਲ ਤੇ ਉਪਲਬਧ ਭੁਗਤਾਨ ਵਿਧੀਆਂ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ, ਕਰੈਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ।

| ਲ.ਨੰ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | | |
|---|---|---|---|---|
| 1. | 36-2026-27-DRM-JAT | ਸੀਨੀਅਰ ਸਹਾਇਕ ਮੰਡਲ ਇੰਜੀਨੀਅਰ/ਜੰਮੂ ਦੇ ਅਧਿਕਾਰ ਖੇਤਰ ਦੇ ਤਹਿਤ KTHU, BDHY, CHNR, GHGL, HRNR, SMBX, VJPJ, BBMN ਅਤੇ JAT ਸਟੇਸ਼ਨ ਯਾਰਡਾਂ ਦਾ ਸੁਧਾਰ ਕੰਮ। | | |
| | | ਵਿਗਿਆਪਨ ਮੁੱਲ | ਆਫਰ ਦੀ ਵੈਲੇਡਿਟੀ | ਸਮਾਪਤੀ ਦੀ ਮਿਆਦ |
| | | ₹5,80,51,532.33 | 60 ਦਿਨ | 12 ਮਹੀਨੇ |
| 2. | 37-2026-27-DRM-JAT | ਸੀਨੀਅਰ ਸਹਾਇਕ ਮੰਡਲ ਇੰਜੀਨੀਅਰ/ਜੰਮੂ ਦੇ ਅਧਿਕਾਰ ਖੇਤਰ ਦੇ ਤਹਿਤ KTHU, BDHY, CHNR, GHGL, HRNR, SMBX, VJPJ, BBMN ਅਤੇ JAT ਸਟੇਸ਼ਨ ਯਾਰਡਾਂ ਦੇ ਸੁਧਾਰ ਦੇ ਸਬੰਧ ਵਿਚ ਗਿਟੀ ਦਾ ਕੰਮ। | | |
| | | ਵਿਗਿਆਪਨ ਮੁੱਲ | ਆਫਰ ਦੀ ਵੈਲੇਡਿਟੀ | ਸਮਾਪਤੀ ਦੀ ਮਿਆਦ |
| | | ₹5,66,21,531.75 | 60 ਦਿਨ | 09 ਮਹੀਨੇ |

ਟਿਪਣੀਆਂ: 1. ਠੇਕੇਦਾਰਾਂ ਨੂੰ ਸਲਾਹ ਦਿਤੀ ਜਾਂਦੀ ਹੈ ਕਿ ਉਹ ਬੋਲੀ ਪੇਸ਼ ਕਰਨ ਤੋਂ ਪਹਿਲਾਂ ਇਸ ਨਿਵਿਦਾ ਦੇ ਵਿਰੁਧ ਜਾਰੀ ਕਿਸੇ ਵੀ ਸੋਧਪੱਤਰ (Corrigendum) ਦੇ ਲਈ ਆਈਆਰਈਪੀਐਸ (IREPS) ਵੈਬਸਾਈਟ ਜਰੂਰ ਵੇਖਣ। 2 ਜੇਕਰ ਹਿੰਦੀ ਇਸ਼ਤਿਹਾਰ ਵਿਚ ਕੋਈ ਖਾਮੀ ਪਾਈ ਜਾਂਦੀ ਹੈ, ਤਾਂ ਅੰਗ੍ਰੇਜੀ ਇਸ਼ਤਿਹਾਰ ਵੈਲਿਡ ਹੋਵੇਗਾ।
2897/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਬੰਦੀ ਸਿੰਘਾਂ ਦੀ ਰਿਹਾਈ ਲਈ ਪੰਜਾਬ ਬੰਦ ਦੀ ਕਾਲ ਨੂੰ ਮਿਲਿਆ ਭਰਵਾਂ ਹੁੰਗਾਰਾ



ਕਰਤਾਰਪੁਰ


ਸ੍ਰੀ ਅਨੰਦਪੁਰ ਸਾਹਿਬ


ਕਿਸ਼ਨਗੜ੍ਹ


ਲੋਹੀਆਂ ਖਾਸ

**ਕਰਤਾਰਪੁਰ (ਹਰਮੇਸ਼ ਵੱਤ)**- ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ,ਪਰਮਜੀਤ ਸਿੰਘ ਭਿਓਰਾ, ਬਲਵੰਤ ਸਿੰਘ ਰਾਜੋਆਣਾ ਸਮੇਤ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੱਖਾਂ ਸਮੇਤ ਸਿਆਸੀ ਬੰਦੀਆਂ ਅਤੇ ਪ੍ਰੋਫੈਸਰ ਗੌਤਮ ਨਵਲੱਖਾ, ਉਮਰ ਖ਼ਾਲਦ, ਬਾਬਾ ਸਾਹਿਬ ਦੇ ਰਿਸ਼ਤੇਦਾਰ ਪ੍ਰੋਫੈਸਰ ਆਨੰਦ ਤੇਲਤੁੰਬੜੇ ਸਮੇਤ ਝੂਠੇ ਕੇਸਾਂ ਤੇ ਜੇਲ੍ਹਾਂ 'ਚ ਬੰਦ ਕੀਤੇ ਸਿਆਸੀ ਕਾਰਕੁਨਾਂ ਨੂੰ ਤੁਰੰਤ ਰਿਹਾਅ ਕਰਨ ਅਤੇ 15 ਅਗਸਤ ਨੂੰ ਚੰਡੀਗੜ੍ਹ ਵਿਖੇ ਸ਼ਾਂਤਮਈ ਪ੍ਰਦਰਸ਼ਨ


ਨੂਰਮਹਿਲ

ਦੌਰਾਨ ਭਾਜਪਾ ਹਕੂਮਤ ਦੇ ਇਸ਼ਾਰੇ ਉੱਤੇ ਪੁਲਿਸ ਵਲੋਂ ਕੀਤੇ ਜਬਰ ਦਾ ਤਿੱਖਾ ਵਿਰੋਧ ਕਰਦਿਆਂ ਕੌਮੀ ਇਨਸਾਫ਼ ਮੋਰਚੇ ਵਲੋਂ ਪੰਜਾਬ ਬੰਦ ਦੇ ਦਿੱਤੇ ਸੱਦੇ ਤਹਿਤ ਕਿਰਤੀ ਕਿਸਾਨ ਯੂਨੀਅਨ ਅਤੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਨੇ ਜ਼ਿਲ੍ਹਾ ਜਲੰਧਰ ਸਮੇਤ ਪੰਜਾਬ ਭਰ 'ਚ ਪੰਜਾਬ ਬੰਦ ਵਿੱਚ ਸ਼ਮੂਲੀਅਤ ਕੀਤੀ। ਇਸ ਦੌਰਾਨ ਕਰਤਾਰਪੁਰ, ਬਿਲਗਾ, ਨੂਰਮਹਿਲ, ਮਹਿਤਪੁਰ ਸਮੇਤ ਵੱਖ ਵੱਖ ਕਸਬਿਆਂ,ਸ਼ਹਿਰਾਂ ਵਿੱਚ ਸ਼ਾਂਤਮਈ ਪ੍ਰਦਰਸ਼ਨ ਕੀਤੇ ਗਏ। ਸਵੇਰੇ 7 ਵਜੇ ਸ਼ੁਰੂ ਹੋ ਕੇ ਦੁਪਹਿਰ 2 ਵਜੇ ਤੱਕ ਮੁਕੰਮਲ ਤੌਰ 'ਤੇ ਪੰਜਾਬ ਬੰਦ ਰਿਹਾ।ਇਸ ਦੌਰਾਨ ਜਿੱਥੇ ਬਾਜ਼ਾਰ,ਦੁਕਾਨਾਂ,ਛੋਟੇ ਵੱਡੇ ਕਾਰੋਬਾਰ ਮੁਕੰਮਲ ਬੰਦ ਰਹੇ।ਇਸ ਤੋਂ ਇਲਾਵਾ ਜੰਗ ਏ ਆਜ਼ਾਦੀ ਯਾਦਗਾਰ ਸਾਹਮਣੇ ਕਰਤਾਰਪੁਰ ਵਿਖੇ ਅੰਮ੍ਰਿਤਸਰ ਦਿੱਲੀ ਹਾਈਵੇ ਦੁਪਹਿਰ 2 ਵਜੇ ਤੱਕ ਜਾਮ ਕੀਤਾ ਗਿਆ।ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਅਤੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਨੇ ਮੋਰਚੇ ਦੀ ਹਮਾਇਤ ਕਰਦਿਆਂ ਸਮੂਹ ਲੋਕਾਂ ਨੂੰ ਪੰਜਾਬ ਬੰਦ ਵਿੱਚ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਇਸ ਮੌਕੇ ਦੋਨੋਂ ਜਥੇਬੰਦੀਆਂ ਨੇ ਪੱਤਰਕਾਰ ਮਨਿੰਦਰਜੀਤ ਸਿੰਘ ਸਿੱਧੂ ਖਿਲਾਫ਼ ਸਰਕਾਰ ਵੱਲੋਂ ਕੇਸ ਦਰਜ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ। ਜਥੇਬੰਦੀਆਂ ਨੇ ਇਹ ਕੇਸ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਹੈ।ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ, ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾਂ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਤੇ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਸੰਧੂ, ਜ਼ਿਲ੍ਹਾ ਆਗੂ ਅਵਤਾਰ ਸਿੰਘ ਸੰਧੂ, ਗੁਰਨਾਮ ਸਿੰਘ ਤੱਗੜ ਆਦਿ ਨੇ ਵੀ ਸੰਬੋਧਨ ਕੀਤਾ।

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਉੱਘੇ ਸਮਾਜ ਸੇਵੀ ਅਤੇ ਜਿਮ ਕੋਚ ਅਮਰ ਸੋਢੀ ਵੱਲੋਂ


ਟਾਂਡਾ ਉੜਮੁੜ

ਆਪਣੇ ਸਾਥੀਆਂ ਸਮੇਤ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਦੀ ਰਿਹਾਈ ਲਈ ਮਨੁੱਖੀ ਅਧਿਕਾਰਾਂ ਨੂੰ ਧਿਆਨ ਵਿੱਚ ਰੱਖਦਿਆਂ ਤੁਰੰਤ ਢੁਕਵੇਂ ਕਦਮ ਚੁੱਕੇ ਜਾਣ। ਉਨ੍ਹਾਂ ਕਿਹਾ ਕਿ ਜਿਨ੍ਹਾਂ ਬੰਦੀ ਸਿੰਘਾਂ ਨੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਲਈਆਂ ਹਨ, ਉਨ੍ਹਾਂ ਨੂੰ ਰਿਹਾਅ ਕਰਨਾ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ। ਅਮਰ ਸੋਢੀ ਨੇ ਕਿਹਾ ਕਿ ਬੰਦੀ ਸਿੰਘਾਂ ਦੇ ਪਰਵਾਰ ਲੰਮੇ ਸਮੇਂ ਤੋਂ ਆਪਣੇ ਪਿਆਰਿਆਂ ਦੀ ਰਿਹਾਈ ਦੀ ਉਡੀਕ ਕਰ ਰਹੇ ਹਨ। ਸਰਕਾਰ ਨੂੰ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਪਰਵਾਰਾਂ ਦੀਆਂ ਭਾਵਨਾਵਾਂ ਨੂੰ ਸਮਝਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਕਾਨੂੰਨ ਅਨੁਸਾਰ ਜਿਨ੍ਹਾਂ ਕੈਦੀਆਂ ਦੀ ਰਿਹਾਈ ਬਣਦੀ ਹੈ, ਉਨ੍ਹਾਂ ਨਾਲ ਇਨਸਾਫ਼ ਕੀਤਾ ਜਾਣਾ ਚਾਹੀਦਾ ਹੈ। ਇਸ ਮੌਕੇ ਉਨ੍ਹਾਂ ਦੇ ਸਾਥੀਆਂ ਨੇ ਵੀ ਸਰਕਾਰ ਤੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਸਕਾਰਾਤਮਕ ਫੈਸਲਾ ਲੈਣ ਦੀ ਮੰਗ ਕੀਤੀ। ਉਨ੍ਹਾਂ ਦੇ ਨਾਲ ਰਜਿੰਦਰ ਸਿੰਘ ਰਾਹੀ, ਜਸਕਰਨ ਸਿੰਘ ਸਮੇਤ ਨੌਜਵਾਨ ਹਾਜ਼ਰ ਸਨ।

**ਕਿਸ਼ਨਗੜ੍ਹ (ਸੁਖਜੀਤ ਕੁਮਾਰ)** ਬੰਦੀ ਸਿੰਘਾਂ ਦੀ ਰਿਹਾਈ ਅਤੇ ਭਾਈ ਹਵਾਰਾ ਦੀ ਪੈਰੋਲ ਲਈ ਕੌਮੀ


ਡੇਰਾ ਬੱਸੀ

ਇਨਸਾਫ਼ ਮੋਰਚੇ ਅਤੇ ਹੋਰ ਵੱਖ ਵੱਖ ਜਥੇਬੰਦੀਆਂ ਵਲੋਂ ਵੀਰਵਾਰ ਨੂੰ ਪੰਜਾਬ ਬੰਦ ਦੀ ਕਾਲ ਨੂੰ ਕਿਸ਼ਨਗੜ੍ਹ 'ਚ ਵੀ ਭਰਵਾਂ ਹੁੰਗਾਰਾ ਮਿਲਿਆ। ਜ਼ਰੂਰੀ ਸੇਵਾਵਾਂ ਦੀਆਂ ਦੁਕਾਨਾਂ, ਮੈਡੀਕਲ ਸੇਵਾਵਾਂ ਅਤੇ ਐਂਬੂਲੈਂਸ ਸੇਵਾਵਾਂ ਆਮ ਵਾਂਗ ਚੱਲੀਆਂ ਇਸਦੇ ਨਾਲ ਲਗਦੇ ਬਿਆਸ ਪਿੰਡ, ਬੱਲਾਂ, ਸਰਮਸਤਪੁਰ, ਰਾਏਪੁਰ ਰਸੂਲਪੁਰ ਅਤੇ ਕਾਲਾ ਬੱਕਰਾ ਅੱਡਿਆਂ ਦੀਆਂ ਦੁਕਾਨਾਂ ਵੀ ਬੰਦ ਰਹੀਆਂ।

**ਲੋਹੀਆਂ ਖਾਸ (ਰੀਨਾ ਸ਼ਰਮਾ, ਯੋਗੇਸ਼ਵਰ)**- ਕੌਮੀ ਇਨਸਾਫ ਮੋਰਚਾ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਦਿੱਤੇ ਗਏ 'ਪੰਜਾਬ ਬੰਦ' ਦੇ ਸੱਦੇ ਨੂੰ ਲੋਹੀਆਂ ਖਾਸ ਵਿੱਚ ਭਰਵਾਂ ਹੁੰਗਾਰਾ ਮਿਲਿਆ। ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਲੋਹੀਆਂ ਖਾਸ ਪੂਰੀ ਤਰ੍ਹਾਂ ਬੰਦ ਰਿਹਾ। ਸ਼ਹਿਰ ਦੇ ਬਾਜ਼ਾਰਾਂ ਵਿੱਚ ਸਨਾਟਾ ਛਾਇਆ ਰਿਹਾ ਅਤੇ ਜ਼ਿਆਦਾਤਰ ਦੁਕਾਨਾਂ ਬੰਦ ਰਹੀਆਂ। 'ਪੰਜਾਬ ਬੰਦ' ਦੌਰਾਨ ਲੋਹੀਆਂ ਖਾਸ ਅਤੇ ਆਸ-ਪਾਸ ਦੇ ਪਿੰਡਾਂ ਵਿੱਚ ਨਿੱਜੀ ਸਕੂਲ ਬੰਦ ਰਹੇ, ਜਦਕਿ ਸਰਕਾਰੀ ਸਕੂਲ ਆਮ ਵਾਂਗ ਖੁੱਲ੍ਹੇ ਰਹੇ। ਇਸ ਤੋਂ ਇਲਾਵਾ ਐਮਰਜੈਂਸੀ ਸੇਵਾਵਾਂ ਵੀ ਸੁਚਾਰੂ ਢੰਗ ਨਾਲ ਜਾਰੀ ਰਹੀਆਂ। ਸ਼ਹਿਰ ਦੇ ਮੁੱਖ ਬਾਜ਼ਾਰਾਂ ਅਤੇ ਚੌਕਾਂ ਵਿੱਚ ਆਮ ਦਿਨਾਂ ਦੇ ਮੁਕਾਬਲੇ ਆਵਾਜਾਈ ਵੀ ਕਾਫ਼ੀ ਘੱਟ ਰਹੀ। ਇਸ ਮੌਕੇ ਲੋਹੀਆਂ ਦੀਆਂ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਕਿਸਾਨ ਜਥੇਬੰਦੀਆਂ ਦੇ ਆਗੂ ਤੇ ਵਰਕਰ ਟੀ-ਪੁਆਇੰਟ 'ਤੇ ਇਕੱਠੇ ਹੋਏ। ਇਸ ਤੋਂ ਬਾਅਦ ਗੁਰਦੁਆਰਾ ਸਿੰਘ ਸਭਾ ਵਿਖੇ ਅਰਦਾਸ ਕਰਨ ਉਪਰੰਤ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਵਿੱਚ ਸ਼ਾਂਤਮਈ ਰੋਸ ਮਾਰਚ ਕੱਢਿਆ ਗਿਆ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਬੰਦੀ ਸਿੱਖਾਂ ਦੀ ਰਿਹਾਈ ਦੇ ਹੱਕ ਵਿੱਚ ਅਤੇ ਕੇਂਦਰ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਵੱਖ-ਵੱਖ ਜਥੇਬੰਦੀਆਂ ਵੱਲੋਂ ਲੋਹੀਆਂ ਖਾਸ ਦੇ ਵੱਖ-ਵੱਖ ਚੌਕਾਂ ਅਤੇ ਬਾਜ਼ਾਰਾਂ ਵਿੱਚ ਵੀ ਸ਼ਾਂਤਮਈ ਰੋਸ ਪ੍ਰਦਰਸ਼ਨ ਕੀਤੇ ਗਏ। ਪ੍ਰਦਰਸ਼ਨਕਾਰੀਆਂ ਨੇ ਬੰਦੀ ਸਿੱਖਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਨਾਅਰੇਬਾਜ਼ੀ ਕਰਦਿਆਂ ਕੌਮੀ ਇਨਸਾਫ਼ ਮੋਰਚੇ ਦੇ ਸੰਘਰਸ਼ ਦਾ ਸਮਰਥਨ ਕੀਤਾ। 'ਪੰਜਾਬ ਬੰਦ' ਨੂੰ ਸਫ਼ਲ ਬਣਾਉਣ ਲਈ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਸ਼ਾਹਕੋਟ ਦੇ ਸੇਵਾਦਾਰ ਸੁਖਵਿੰਦਰ ਸਿੰਘ ਸਾਬੂਵਾਲ, ਗੁਰੂ ਨਾਨਕ ਮੋਦੀਖਾਨਾ ਟਰੱਸਟ ਦੇ ਪ੍ਰਮੁੱਖ ਆਗੂ ਸਤਿੰਦਰ ਸਿੰਘ ਖ਼ਾਲਸਾ ਅਤੇ ਕਿਸਾਨ ਸੰਘਰਸ਼ ਕਮੇਟੀ ਦੇ ਆਗੂਆਂ ਨੇ ਰੋਸ ਮਾਰਚ ਦੀ ਅਗਵਾਈ ਕੀਤੀ। ਇਸ ਮੌਕੇ ਆਗੂਆਂ ਨੇ ਕਿਹਾ ਕਿ ਬੰਦੀ ਸਿੰਘਾਂ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਰਿਹਾਈ ਦਾ ਮਾਮਲਾ ਇਨਸਾਫ਼ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਮੰਗ ਕੀਤੀ ਕਿ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੱਖਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਕੌਮੀ ਇਨਸਾਫ ਮੋਰਚੇ ਦੀ ਪੰਜਾਬ ਬੰਦ ਦੀ ਦਿੱਤੀ ਕਾਲ ਤੇ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਵਲੋਂ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਨੂਰਮਹਿਲ, ਨਕੋਦਰ, ਜੰਡਿਆਲਾ, ਬਿਲਗਾ ਆਦਿ ਪੂਰਨ ਤੌਰ 'ਤੇ ਬੰਦ ਰਹੇ। ਬੰਦ ਦੇ ਦੌਰਾਨ ਕਰਿਆਨੇ ਦੀਆਂ ਦੁਕਾਨਾਂ, ਬਜ਼ਾਰ, ਟ੍ਰੈਫਿਕ, ਆਵਾਜਾਈ ਆਦਿ ਬੰਦ ਰਹੇ। ਕੌਮੀ ਇਨਸਾਫ ਮੋਰਚੇ ਨੇ ਕਿਹਾ ਕਿ ਸਾਡੀਆਂ ਮੰਗਾਂ ਮੰਨੀਆਂ ਜਾਣ। ਇਸ ਮੌਕੇ ਤੇ ਵੱਖ ਵੱਖ ਜਥੇਬੰਦੀਆਂ ਦੇ ਆਗੂ ਮੌਜੂਦ ਸਨ।

**ਫਿਲੌਰ (ਨਿਰਮਲ)** ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮੀ ਇਨਸਾਫ਼ ਮੋਰਚੇ ਵੱਲੋਂ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ। ਪੰਜਾਬ ਬੰਦ ਦੇ ਸੱਦੇ 'ਤੇ ਵੱਖ ਵੱਖ ਧਾਰਮਿਕ, ਸਿਆਸੀ ਅਤੇ ਕਿਸਾਨ ਜੱਥੇਬੰਦੀਆਂ ਵੱਲੋਂ ਪੂਰਨ ਸਮਰਥਨ ਦਾ ਐਲਾਨ ਕੀਤਾ ਹੈ। ਪੰਜਾਬ ਬੰਦ ਦੌਰਾਨ ਫਿਲੌਰ ਪੂਰਨ ਤੌਰ ਤੇ ਬੰਦ ਰੱਖ ਕੇ ਸ਼ਹਿਰ ਵਾਸੀਆਂ ਨੇ ਪੂਰਾ ਸਮਰਥਨ ਦਿੱਤਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਮਾਨ ਦੇ ਹਲਕਾ ਇੰਚਾਰਜ ਸੁਰਜੀਤ ਸਿੰਘ ਖਾਲਿਸਤਾਨੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਫਿਲੌਰ ਵਾਸੀਆਂ ਨੇ ਸ਼ਾਂਤਮਈ ਬੰਦ ਕਰਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਸਮਰਥਨ ਕੀਤਾ ਹੈ ਉਸ ਲਈ ਉਹ ਫਿਲੌਰ ਵਾਸੀਆਂ ਦੇ ਧੰਨਵਾਦੀ ਹਨ। ਇਸ ਮੌਕੇ ਉਨ੍ਹਾਂ ਨਾਲ ਦਵਿੰਦਰ ਸਿੰਘ ਖਾਲਸਾ ਵਾਰਸ ਪੰਜਾਬ ਦੇ ਆਗੂ, ਪ੍ਰਦੀਪ ਸਿੰਘ, ਭਗਵਾਨ ਸਿੰਘ, ਬਲਵੀਰ ਸਿੰਘ, ਅਮਰੀਕ ਸਿੰਘ ਵਿਰਦੀ, ਦਵਿੰਦਰ ਸਿੰਘ ਅਤੇ ਹੋਰ


ਖਰੜ

ਹਾਜ਼ਰ ਸਨ।

**ਖਰੜ (ਹਰਨਾਮ ਸਿੰਘ ਡੱਲਾ)**- ਪੁਆਧ ਇਲਾਕੇ ਦਾ ਮਸ਼ਹੂਰ ਸ਼ਹਿਰ ਅਤੇ ਚੰਡੀਗੜ੍ਹ, ਹਰਿਆਣਾ, ਹਿਮਾਚਲ ਪ੍ਰਦੇਸ਼,ਜੰਮੂ ਕਸ਼ਮੀਰ ਦਾ ਪ੍ਰਵੇਸ਼ ਦੁਆਰ ਮੰਨਿਆ ਜਾਂਦਾ ਖਰੜ ਸ਼ਹਿਰ ਮੁਕੰਮਲ ਬੰਦ ਰਿਹਾ। ਇਸ ਤੋਂ ਇਲਾਵਾ ਜੇਕਰ ਆਵਾਜਾਈ ਦੇ ਸਾਧਨਾਂ ਦੀ ਗੱਲ ਕੀਤੀ ਜਾਵੇ ਤਾਂ ਪੰਜਾਬ ਰੋਡਵੇਜ਼, ਸੀ ਟੀ ਯੂ,ਹਰਿਆਣਾ, ਹਿਮਾਚਲ ਰੋਡਵੇਜ਼, ਪ੍ਰਾਈਵੇਟ ਬੱਸ ਸਰਵਿਸ ਅਤੇ ਹੋਰ ਅੰਤਰਰਾਜੀ ਵਾਹਨ ਵੀ ਖਰੜ ਬੱਸ ਅੱਡੇ ਅਤੇ ਸੜਕਾਂ ਉੱਤੇ ਦੇਖਣ ਨੂੰ ਨਾ ਮਿਲੇ। ਸ਼ਹਿਰ ਦੇ ਗਾਂਧੀ ਚੌਂਕ, ਬਸ ਅੱਡਾ, ਗੁਰੂ ਤੇਗ ਬਹਾਦਰ ਨਗਰ, ਚੰਡੀਗੜ੍ਹ ਰੋਡ, ਝੁੰਗੀਆਂ ਰੋਡ, ਗਿੱਲਕੋ, ਲਾਂਡਰਾਂ ਰੋਡ ਅਤੇ ਨਿੱਜਰ ਚੌਂਕ ਵੀ ਪੂਰਨ ਬੰਦ ਦੇਖੇ ਗਏ।

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਬੰਦੀ ਸਿੱਖਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਪੰਜਾਬ ਬੰਦ ਦੇ ਸੱਦੇ ਤਹਿਤ ਡੇਰਾਬੱਸੀ ਖੇਤਰ ਵਿੱਚ ਬੰਦ ਦਾ ਭਾਰੀ ਅਸਰ ਵੇਖਣ ਨੂੰ ਮਿਲਿਆ। ਵੱਖ ਵੱਖ ਸਿੱਖ ਜਥੇਬੰਦੀਆਂ ਦੇ ਆਗੂ ਸਵੇਰੇ ਤੋਂ ਹੀ ਬਾਜ਼ਾਰ ਵਿੱਚ ਦੁਕਾਨਦਾਰਾਂ ਨੂੰ ਬੰਦ ਵਿੱਚ ਸਹਿਯੋਗ ਦੇਣ ਦੀ ਅਪੀਲ ਕਰਦੇ ਨਜ਼ਰ ਆਏ। ਪੰਜਾਬ ਅਤੇ ਹਰਿਆਣਾ ਸਰਹੱਦ ਦੇ ਨਜ਼ਦੀਕ ਡੇਰਾਬਸੀ ਤੋਂ ਬਰਵਾਲਾ ਜਾਣ ਵਾਲੀ ਸੜਕ ਤੇ ਸਿੱਖ ਜਥੇਬੰਦੀਆਂ ਦੇ ਕਰਮਚਾਰੀਆਂ ਨੇ ਟ੍ਰੈਫਿਕ ਰੋਕ ਕੇ ਰੋਸ ਪ੍ਰਦਰਸ਼ਨ ਕੀਤਾ ਅਤੇ ਕੇਂਦਰ ਸਰਕਾਰ ਖ਼ਿਲਾਫ ਨਾਰੇਬਾਜ਼ੀ ਵੀ ਕੀਤੀ। ਇਸ ਦੌਰਾਨ ਸੜਕ ਤੇ ਦੋਵੇਂ ਪਾਸੇ ਵਾਹਨਾਂ ਦੀਆਂ ਲੰਬੀਆਂ ਲੰਬੀਆਂ ਕਤਾਰਾਂ ਲੱਗ ਗਈਆਂ ਹਾਲਾਂਕਿ ਐਂਬੂਲੈਂਸ ਪੁਲਿਸ ਪ੍ਰਸ਼ਾਸਨ ਅਤੇ ਅਮਰਜੈਂਸੀ ਵਾਹਨਾਂ ਨੂੰ


ਅੱਡਾ ਸਰਾਂ

ਨਹੀਂ ਰੋਕਿਆ ਜਾ ਰਿਹਾ ਸੀ। ਵਾਰਿਸ ਪੰਜਾਬ ਦੇ ਆਗੂ ਹਰਪ੍ਰੀਤ ਸਿੰਘ ਅਮਲਾਲਾ ਅਤੇ ਉਨ੍ਹਾਂ ਦੇ ਸਾਥੀਆਂ ਨੇ ਵੀ ਜਨਤਾ ਨੂੰ ਬੰਦ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ। ਰੋਸ ਪ੍ਰਦਰਸ਼ਨ ਦੌਰਾਨ ਸਿੱਖ ਜਥੇਬੰਦੀਆਂ ਨੇ ਆਪਣੀਆਂ ਮੰਗਾਂ ਦੇ ਹੱਕ ਵਿੱਚ ਨਾਰੇਬਾਜ਼ੀ ਕੀਤੀ। ਕਿਸੇ ਵੀ ਤਰ੍ਹਾਂ ਦੀ ਹਿੰਸਾ ਜਾਂ ਅਣਸੁਖਾਵੀਂ ਘਟਨਾਵਾਂ ਦੀ ਖਬਰ ਨਹੀਂ ਮਿਲੀ ਬੰਦ ਪੂਰੀ ਤਰ੍ਹਾਂ ਅਮਨ ਅਮਾਨ ਨਾਲ ਨੇਪਰੇ ਚੜ੍ਹਿਆ।

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕੌਮੀ ਇਨਸਾਫ਼ ਮੋਰਚੇ ਦੇ ਸੱਦੇ 'ਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਬੰਦ ਦੇ ਸੱਦੇ ਨੂੰ ਸ਼ਹਿਰ ਵਾਸੀਆਂ ਵੱਲੋਂ ਪੂਰਨ ਰੂਪ ਵਿੱਚ ਸਹਿਯੋਗ ਕੀਤਾ ਗਿਆ ਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਤੋਂ ਵੱਖ ਵੱਖ ਧਾਰਮਿਕ ਰਾਜਸੀ ਅਤੇ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਦੀ ਅਗਵਾਈ ਹੇਠ ਸ਼ਹਿਰ ਵਿੱਚ ਮਾਰਚ ਕੀਤਾ ਗਿਆ ਜਿਸ ਵਿੱਚ ਗੁਰਨਾਮ ਸਿੰਘ ਸਿੰਗੜੀਵਾਲਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ), ਕਰਨੈਲ ਸਿੰਘ ਲਵਲੀ ਅਕਾਲੀ ਦਲ ਵਾਰਸ ਪੰਜਾਬ ਦੇ,ਅਨਿਲ ਕੁਮਾਰ ਬਾਗਾ ਪ੍ਰਧਾਨ ਅੰਬੇਦਕਰ ਸੈਨਾ ਪੰਜਾਬ,ਕਰਨਜੋਤ ਆਦੀਆ ਪ੍ਰਧਾਨ ਸਫਾਈ ਕਰਮਚਾਰੀ ਯੂਨੀਅਨ ਪੰਜਾਬ, ਲਾਰਸ ਚੌਧਰੀ ਪ੍ਰਧਾਨ ਕ੍ਰਿਸਚਨ ਨੈਸ਼ਨਲ ਫਰੰਟ ਇੰਡੀਆ, ਲਖਵਿੰਦਰ ਸਿੰਘ ਕਾਹਰੀ ਕਿਸਾਨ ਮਜ਼ਦੂਰ ਕਮੇਟੀ ਸ਼ਹੀਦਾਂ,ਹਰਵਿੰਦਰ ਸਿੰਘ ਹੀਰਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ), ਤਾਰਾ ਚੰਦ ਬੇਗਮਪੁਰਾ ਟਾਈਗਰ ਫੋਰਸ,ਅਜੇ ਮੱਲ ਮੁੱਖ ਬੁਲਾਰਾ ਸ੍ਰੀ ਗੁਰੂ ਰਵਿਦਾਸ ਟਾਈਗਰ ਫੋਰਸ,ਵਿਕਾਸ ਹੰਸ ਭਗਵਾਨ ਵਾਲਮੀਕ ਧਰਮ ਰਕਸ਼ਾ ਸਮਿਤੀ, ਜਥੇਦਾਰ ਗੁਰਪ੍ਰੀਤ ਸਿੰਘ ਚੀਮਾ ਅਰਬਾਂ ਖਰਬਾਂ ਦਲ ਪੰਥ, ਅਵਤਾਰ ਬਸੀ ਖਵਾਜੂ ਤੇ ਬਿੱਲਾ ਦਿਓਵਾਲ ਬੇਗਮਪੁਰਾ ਟਾਈਗਰ ਫੋਰਸ, ਪ੍ਰਿੰਸੀਪਲ ਗੁਰਨਾਮ ਸਿੰਘ, ਜਸਵੀਰ ਸਿੰਘ ਕਾਕਾ ਗੁੱਜਰ, ਸੁਖਦੀਪ ਸਿੰਘ ਕਾਹਰੀ ਸੁਖਦੇਵ ਸਿੰਘ ਕਾਹਰੀ ਮਨਜਿੰਦਰ ਸਿੰਘ ਮਨੀ, ਮਨੀ ਖੋਸਲਾ, ਕਾਕਾ ਸਰਪੰਚ, ਸ਼ਮੀ ਸਰੋਆ, ਅਮਨਦੀਪ ਸਿੰਘ ਸਨੀ, ਪਰਮਜੀਤ ਸਿੰਘ ਮਿੰਟੂ, ਮਲਕੀਅਤ ਸਿੰਘ ਖਾਲਸਾ, ਸੁਖਵਿੰਦਰ ਸਿੰਘ ਟਿੱਬਾ ਸਾਹਿਬ, ਰਣਜੀਤ ਸਿੰਘ ਸਾਬੀ, ਸੁਮੀਤ ਸਿੰਘ ਇਸਲਾਮਾਬਾਦ, ਲਖਵੀਰ ਸਿੰਘ ਲਵੀ, ਮਨਜੀਤ ਸਿੰਘ ਜੰਡਾ, ਮਲਕੀਤ ਸਿੰਘ ਸਲਵਾੜਾ, ਸਿਮਰਜੀਤ ਸਿੰਘ ਸ਼ੇਮਾ, ਤਜਿੰਦਰ ਸਿੰਘ ਹਰਿਆਣਾ, ਬੂਟਾ ਸਿੰਘ ਸਿੰਗੜੀਵਾਲਾ ਆਦਿ ਹਾਜ਼ਰ ਸਨ। ਇਸ ਸਮੇਂ ਆਗੂਆਂ ਨੇ ਕਿਹਾ ਕਿ ਸ਼ਹਿਰ ਵਾਸੀਆਂ ਵੱਲੋਂ ਬੰਦ ਦੇ


ਹੁਸ਼ਿਆਰਪੁਰ

ਸੱਦੇ ਨੂੰ ਪੂਰਨ ਰੂਪ ਵਿੱਚ ਸਹਿਯੋਗ ਕੀਤਾ ਗਿਆ।

**ਅੱਡਾ ਸਰਾਂ (ਜਸਵੀਰ ਕਾਜਲ)**- ਕੌਮੀ ਇਨਸਾਫ ਮੋਰਚਾ ਵੱਲੋਂ ਪੰਜਾਬ ਬੰਦ ਦੀ ਕਾਲ ਤੇ ਅੱਜ ਭੂੰਗਾ ਅੱਡਾ ਮੁਕੰਮਲ ਬੰਦ ਕੀਤਾ ਗਿਆ। ਇਲਾਕੇ ਦੀਆ ਜੱਥੇਬੰਦੀਆ ਕਿਰਤੀ ਕਿਸਾਨ ਯੂਨੀਅਨ, ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ ਅਤੇ ਕਿਸਾਨ ਜੱਥੇਬੰਦੀਆ ਦੇ ਸਹਿਯੋਗ ਨਾਲ ਬੰਦੀ ਸਿੰਘਾ ਦੀ ਰਿਹਾਈ ਲਈ ਸ਼ਾਤਮਈ ਧਰਨਾ ਲਗਾਇਆ ਗਿਆ। ਵਿਸ਼ੇਸ਼ ਤੌਰ ਤੇ ਰਵਿੰਦਰ ਸਿੰਘ ਕਾਹਲੋ ਪ੍ਰਧਾਨ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ, ਭੁਪਿੰਦਰ ਸਿੰਘ ਕਿਰਤੀ ਕਿਸਾਨ ਯੂਨੀਅਨ, ਹਰਜੀਤ ਸਿੰਘ ਖਾਲਸਾ ਨੰਗਲ, ਮਨਿੰਦਰ ਸਿੰਘ ਟਿੰਮੀ ਸ਼ਾਹੀ ਉੱਘੇ ਸਮਾਜ ਸੇਵਕ, ਜਰਨੈਲ ਸਿੰਘ ਨੰਬਰਦਾਰ ਡੱਲੇਵਾਲ, ਸੰਦੀਪ ਸਿੰਘ ਮਾਨਾ ਸਰਪੰਚ ਔਝੇਵਾਲ, ਮੇਹਰ ਸਿੰਘ, ਰਵਿੰਦਰ ਸਿੰਘ ਰਾਣਾ ਭਟੋਲੀਆ, ਸੱਚਾ ਸਿੰਘ ਭਟੋਲੀਆ, ਇਕਬਾਲ ਸਿੰਘ ਕਾਲੀ ਨੰਬਰਦਾਰ ਕਾਹਲਵਾ, ਸਤਨਾਮ ਸਿੰਘ, ਗੁਰਜੀਤ ਸਿੰਘ ਫਤੂਹਪੁਰ, ਜੋਗਿੰਦਰ ਸਿੰਘ ਖਾਲਸਾ ਬਸੀ ਵਜੀਦ, ਰਘਵੀਰ ਸਿੰਘ ਵੀਰਾ ਨਾਮਧਾਰੀ ਟਰਾਂਸਪੋਰਟ ਭੂੰਗਾ, ਦੀਪਾ ਡਲੇਵਾਲ, ਗੁਰਮੀਤ ਸਿੰਘ ਸੈਣੀ ਬਲਾਕ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ, ਮੇਜਰ ਸਿੰਘ ਖਜਾਨਚੀ ਕ੍ਰਿਤੀ ਕਿਸਾਨ ਯੂਨੀਅਨ, ਧਰਮਿੰਦਰ ਘੁੱਗੀ ਸਰਪੰਚ ਭੂੰਗਾ, ਸਤੀਸ਼ ਕੁਮਾਰ ਪ੍ਰੈਸ ਸਕੱਤਰ, ਅਮਰੀਕ ਸਿੰਘ ਲਵਲੀ ਮੈਂਬਰ, ਕਲਮੀਤ ਸਿੰਘ ਮੈਂਬਰ, ਸੁਰਜੀਤ ਸਿੰਘ ਨਿਹੰਗ ਫਾਬੜਾ, ਬੂਟਾ ਸਿੰਘ ਨਿਹੰਗ ਪੰਡੋਰੀ ਸੁਮਲਾ, ਕਮਲਜੀਤ ਸ਼ਾਹੀ, ਕੁਲਦੀਪ ਸੈਣੀ, ਪ੍ਰਵੀਨ ਕੁਮਾਰ ਸਾਬਕਾ ਸਰਪੰਚ, ਅਮਨਦੀਪ ਸਿੰਘ, ਪਲਵਿੰਦਰ ਸਿੰਘ ਨਿਹੰਗ, ਮਾ: ਸੁੱਖਵਿੰਦਰ ਸਿੰਘ, ਸੁਮਨਾ ਦੇਵੀ, ਸਪਨਾ ਆਦਿ ਸ਼ਾਮਿਲ ਸਨ। ਕੌਮੀ ਇਨਸਾਫ਼ ਮੋਰਚੇ ਵੱਲੋਂ ਬੰਦ ਦੇ ਸੱਦੇ ਤੇ ਅੱਡਾ ਸਰਾਂ ਦੀ ਪੂਰੀ ਮਾਰਕੀਟ ਬੰਦ ਰਹੀ ਅਤੇ ਅੱਡਾ ਸਰਾਂ ਬਿਲਕੁਲ ਬੰਦ ਰਿਹਾ ਸੜਕਾਂ ਤੇ ਆਵਾਜਾਈ ਵੀ ਆਮ ਤੌਰ ਤੇ ਦੇਖਣ ਨੂੰ ਬੰਦ ਮਿਲੀ। ਇਸ ਮੌਕੇ ਅੱਡਾ ਸਰਾਂ ਦੇ ਚੌਕੀ ਪੁਲਸ ਪਾਰਟੀ ਵਲੋਂ ਵੀ ਵੱਡੀ ਮੁਸ਼ਤੈਦੀ ਨਾਲ ਆਪਣੀ ਡਿਊਟੀ ਕਰਦੇ ਦੇਖਣ ਨੂੰ ਮਿਲੇ।


ਫਿਲੌਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਕੌਮੀ ਇਨਸਾਫ ਮੋਰਚੇ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਦਿੱਤੇ ਗਏ ਪੰਜਾਬ ਬੰਦ ਦੇ ਸੱਦੇ ਨੂੰ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿੱਚ ਭਰਪੂਰ ਹੁੰਗਾਰਾ ਮਿਲਿਆ। ਇਸ ਦੌਰਾਨ ਸ਼ਹਿਰ ਦੇ ਸਮੂਹ ਬਾਜ਼ਾਰ ਮੁਕੰਮਲ ਤੌਰ 'ਤੇ ਬੰਦ ਰਹੇ। ਇੱਥੋਂ ਤੱਕ ਕਿ ਰੇੜ੍ਹੀ-ਖੋਖਾ ਯੂਨੀਅਨ ਵੱਲੋਂ ਵੀ ਬੰਦ ਦਾ ਪੂਰਾ ਸਮਰਥਨ ਕਰਦਿਆਂ ਆਪਣੇ ਕਾਰੋਬਾਰ ਬੰਦ ਰੱਖੇ ਗਏ। ਸ੍ਰੀ ਅਨੰਦਪੁਰ ਸਾਹਿਬ ਦੇ ਮੁੱਖ ਬਾਜ਼ਾਰਾਂ ਕਲਗੀਧਰ ਮਾਰਕੀਟ, ਕਚਹਿਰੀ ਰੋਡ, ਪੁੱਡਾ ਮਾਰਕੀਟ, ਨਵੀਂ ਆਬਾਦੀ, ਚੋਈ ਬਾਜ਼ਾਰ ਸਮੇਤ ਸਾਰੇ ਇਲਾਕਿਆਂ ਦੇ ਦੁਕਾਨਦਾਰਾਂ ਨੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਦੀ ਹਮਾਇਤ ਕੀਤੀ। ਬੰਦ ਤੋਂ ਪਹਿਲਾਂ ਵਪਾਰ ਮੰਡਲ ਦੇ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ, ਦੀਪਕ ਆਂਗਰਾ, ਪ੍ਰਤਿਪਾਲ ਸਿੰਘ ਗੰਡਾ ਅਤੇ ਰੇੜ੍ਹੀ-ਖੋਖਾ ਯੂਨੀਅਨ ਦੇ ਪ੍ਰਧਾਨ ਸੁਨੀਲ ਐਡਵਾਲ ਵੱਲੋਂ ਆਪਸੀ ਵਿਚਾਰ-ਵਟਾਂਦਰਾ ਕਰਕੇ ਸਮੁੱਚੇ ਦੁਕਾਨਦਾਰ ਭਾਈਚਾਰੇ ਨੂੰ ਬੰਦ ਨੂੰ ਸਫਲ ਬਣਾਉਣ ਦੀ ਅਪੀਲ ਕੀਤੀ ਗਈ ਸੀ। ਵਪਾਰਕ ਆਗੂਆਂ ਦੀ ਇਸ ਅਪੀਲ ਨੂੰ ਦੁਕਾਨਦਾਰਾਂ ਵੱਲੋਂ ਭਰਪੂਰ ਹੁੰਗਾਰਾ ਮਿਲਿਆ ਅਤੇ ਕਿਸੇ ਵੀ ਦੁਕਾਨਦਾਰ ਨੇ ਆਪਣੀ ਦੁਕਾਨ ਨਹੀਂ ਖੋਲ੍ਹੀ। ਇਸ ਮੌਕੇ ਵਪਾਰ ਮੰਡਲ ਦੇ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ ਸਮੇਤ ਸਮੁੱਚੇ ਆਗੂਆਂ ਨੇ ਦੁਕਾਨਦਾਰ ਭਾਈਚਾਰੇ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਦੁਕਾਨਦਾਰਾਂ ਨੇ ਆਪਣਾ ਕਾਰੋਬਾਰ ਬੰਦ ਰੱਖ ਕੇ ਏਕਤਾ ਅਤੇ ਸਾਂਝ ਦਾ ਸਬੂਤ ਦਿੱਤਾ ਹੈ।



**ਚੰਡੀਗੜ੍ਹ (ਸੁਰਜੀਤ ਸੁਮਨ)**- ਕੌਮੀ ਇਨਸਾਫ ਮੋਰਚਾ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਦੇ ਮੱਦੇਨਜ਼ਰ ਦਿੱਤੇ ਗਏ ਪੰਜਾਬ ਬੰਦ ਦੇ ਸੱਦੇ ਨੂੰ ਭਰਵਾਂ ਹੁੰਗਾਰਾ ਮਿਲਿਆ। ਸਵੇਰੇ ਸੱਤ ਵਜੇ ਤੋਂ ਹੀ ਮੋਰਚਾ ਸਮਰਥਕਾਂ ਵੱਲੋਂ ਪੰਜਾਬ ਨੂੰ ਰਾਜਧਾਨੀ ਚੰਡੀਗੜ੍ਹ ਨਾਲ ਜੋੜਨ ਵਾਲੇ ਮੁੱਖ ਦੁਆਰ ਖਰੜ-ਮੋਹਾਲੀ ਉੱਤੇ ਰਾਹਗੀਰਾਂ ਨੂੰ ਚੌਂਕਾਂ ਵਿੱਚ ਟਰੱਕ, ਟਰੈਕਟਰ-ਟਰਾਲੀਆਂ ਤੇ ਹੋਰ ਵਾਹਨ ਆਦਿ ਲਗਾ ਕੇ ਰੋਕ ਦਿੱਤਾ ਗਿਆ। ਉਂਝ ਮਰੀਜ਼ਾਂ ਨੂੰ ਲਿਜਾ ਰਿਹੀਆਂ ਐਂਬੂਲੈਂਸਾਂ ਤੇ ਕੁਝ ਰਾਹਗੀਰਾਂ ਨੂੰ ਉਨ੍ਹਾਂ ਦੀ ਮੰਗ ਉੱਤੇ ਲੰਘ ਜਾਣ ਲਈ ਰਸਤਾ ਦਿੱਤਾ ਜਾਂਦਾ ਰਿਹਾ ਪਰੰਤੂ ਉਹ ਰਾਹਗੀਰ ਅਗਲੇ ਚੌਂਕ ਵਿੱਚ ਫਸ ਜਾਂਦੇ ਵੀ ਦੇਖੇ ਗਏ। ਇਸ ਮੌਕੇ ਨਿਹੰਗ ਸਿੰਘਾਂ ਵੱਲੋਂ ਅਗਵਾਈ ਕੀਤੀ ਜਾਂਦੀ ਦੇਖੀ ਗਈ। ਕਈ ਥਾਵਾਂ ਉੱਤੇ ਤਲਖੀ ਵਿੱਚ ਆਏ ਰਾਹਗੀਰਾਂ ਵੱਲੋਂ ਸਖਤ ਵਿਰੋਧ ਵੀ ਜਤਾਇਆ ਗਿਆ। ਇਹ ਵੀ ਦੇਖਿਆ ਗਿਆ ਕਿ ਬਹੁਤ ਸਾਰੇ ਕਾਰਾਂ ਅਤੇ ਦੋਪਹੀਆ ਵਾਹਨ ਸਵਾਰ ਬਦਲਵੇਂ ਰਸਤੇ ਅਖ਼ਤਿਆਰ ਕਰਦੇ ਹੋਏ ਆਪਣੀ ਮੰਜ਼ਿਲ ਵੱਲ ਵਧਣ ਲਈ ਤਾਂਘਦੇ ਰਹੇ ਪਰੰਤੂ ਉਹ ਫਿਰ ਮੁੜ-ਘਿੜ ਕੇ ਹਾਈਵੇਅ ਉੱਤੇ ਆ ਕੇ ਫਸ ਜਾਂਦੇ ਰਹੇ ਹਨ। ਜ਼ਿਕਰਯੋਗ ਹੈ ਕਿ ਪੰਜਾਬ ਬੰਦ ਦੇ ਸੱਦੇ ਨੂੰ ਧਿਆਨ ਵਿੱਚ ਰੱਖਦੇ ਹੋਏ ਚੰਡੀਗੜ੍ਹ-ਖਰੜ-ਮੋਹਾਲੀ ਦੇ ਪ੍ਰਾਈਵੇਟ ਸਕੂਲਾਂ ਵੱਲੋਂ ਪਹਿਲਾਂ ਹੀ ਛੁੱਟੀ ਦਾ ਐਲਾਨ ਕਰ ਦਿੱਤਾ ਗਿਆ ਸੀ ਪਰੰਤੂ ਸਰਕਾਰੀ ਸਕੂਲਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਛੁੱਟੀ ਦਾ ਭੰਬਲਭੂਸਾ ਬਣਿਆ ਰਿਹਾ। ਉਂਝ ਸੜਕਾਂ ਉੱਤੇ ਸਵੇਰ ਤੋਂ ਹੀ ਕੋਈ ਵੀ ਸਕੂਲ ਬੱਸ ਵੇਖਣ ਨੂੰ ਨਹੀਂ ਮਿਲੀ।

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਕੌਮੀ ਇਨਸਾਫ ਮੋਰਚੇ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਦਿੱਤੀ ਗਈ ਪੰਜਾਬ ਬੰਦ ਦੀ ਕਾਲ ਦੇ ਦੌਰਾਨ ਟਾਂਡਾ ਉੜਮੁੜ ਮੁਕੰਮਲ ਤੌਰ ਤੇ ਬੰਦ ਰਿਹਾ।ਬੰਦ ਦੇ ਦੌਰਾਨ ਜਿੱਥੇ ਸ਼ਹਿਰ ਦੇ ਸਕੂਲ ਕਾਲਜ ਹੋਰ ਵਿਦਿਅਕ ਸੰਸਥਾਵਾਂ ਅਤੇ ਬੈਂਕਾਂ ਮੁਕੰਮਲ ਤੌਰ ਤੇ ਬੰਦ ਰਹੀਆਂ ਉੱਥੇ ਹੀ ਵੱਖ-ਵੱਖ ਜਥੇਬੰਦੀਆਂ ਵੱਲੋਂ ਰਾਸ਼ਟਰੀ ਮਾਰਗ ਤੇ ਬਿਜਲੀ ਘਰ ਚੌਂਕ ਨਜ਼ਦੀਕ ਚੱਕਾ ਜਾਮ ਕਰਦੇ ਹੋਏ ਧਰਨਾ ਦਿੱਤਾ ਗਿਆ।

ਬੰਦ ਦੇ ਦੌਰਾਨ ਦਲ ਖਾਲਸਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ, ਦੋਆਬਾ ਕਿਸਾਨ ਕਮੇਟੀ ਪੰਜਾਬ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ, ਭਾਰਤੀ ਕਿਸਾਨ ਯੂਨੀਅਨ (ਬੀ ਕੇ ਯੂ) ਆਜ਼ਾਦ , ਲੋਕ ਇਨਕਲਾਬ ਮੰਚ ਟਾਂਡਾ ਤੋਂ ਇਲਾਵਾ ਵੱਖ-ਵੱਖ ਸਿੱਖ ਸਮਾਜਿਕ ਤੇ ਹੋਰ ਖੇਤਰ ਦੀਆਂ ਜਥੇਬੰਦੀਆਂ ਨੇ ਕੇਂਦਰ ਸਰਕਾਰ ਤੋਂ ਸਜ਼ਾ ਭੁਗਤ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕੀਤੀ। ਇਸ ਮੌਕੇ ਸੰਬੋਧਨ ਕਰਦੇ ਹੋਏ ਜਥੇਦਾਰ ਗੁਰਨਾਮ ਸਿੰਘ ਮੂਨਕਾਂ, ਮਨਜੀਤ ਸਿੰਘ ਦਸੂਹਾ ਜਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ, ਕਿਸਾਨ ਆਗੂ ਪਰਮਜੀਤ ਸਿੰਘ ਭੁੱਲਾ, ਕਿਸਾਨ ਆਗੂ ਅਮਰਜੀਤ ਸਿੰਘ ਰੜਾ, ਕਿਸਾਨ ਆਗੂ ਸਤਪਾਲ ਸਿੰਘ ਮਿਰਜਾਪੁਰ, ਜਥੇਦਾਰ ਸੰਦੀਪ ਸਿੰਘ, ਮਾਸਟਰ ਕੁਲਦੀਪ ਸਿੰਘ ਮਸੀਤੀ, ਪਰਮਜੀਤ ਸਿੰਘ ਮੂਨਕਾਂ, ਜਥੇਦਾਰ ਦਵਿੰਦਰ ਸਿੰਘ ਮੂਨਕਾਂ, ਗੁਰਪ੍ਰੀਤ ਸਿੰਘ ਸੰਧੂ ਤੇ ਹੋਰਨਾ ਬੁਲਾਰਿਆਂ ਨੇ ਸੰਬੋਧਨ ਕਰਦੇ ਹੋਏ ਰੋਸ ਪ੍ਰਗਟ ਕੀਤਾ ਤੇ ਕਿਹਾ ਕਿ ਸਜ਼ਾ ਭੁਗਤ ਚੁੱਕੇ ਬੰਦੀ ਸਿੰਘਾਂ ਨੂੰ ਤੁਰੰਤ ਸਰਕਾਰ ਵੱਲੋਂ ਰਿਹਾ ਕੀਤਾ ਜਾਵੇ । ਬੰਦ ਦੇ ਦੌਰਾਨ ਜਲੰਧਰ ਪਠਾਨਕੋਟ ਨੈਸ਼ਨਲ ਹਾਈਵੇ ਪੂਰੀ ਤਰ੍ਹਾਂ ਬੰਦ ਰਿਹਾ ਹੈ ਪ੍ਰੰਤੂ ਟਾਂਡਾ ਸ਼ਹਿਰ ਅੰਦਰ ਤਤਕਾਲ ਸੇਵਾਵਾਂ ਲਗਾਤਾਰ ਬਹਾਲ ਸਨ ।

## 2027 'ਚ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਬਣੇਗੀ 'ਆਪ' ਦੀ ਸਰਕਾਰ : ਕੁਲਵੰਤ ਸਿੰਘ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਅਤੇ ਸਰਕਾਰ ਦੀਆਂ ਲੋਕ ਪੱਖੀ ਸਕੀਮਾਂ ਤੇ ਵਿਕਾਸ ਕਾਰਜਾਂ ਸੰਬੰਧੀ ਉਨ੍ਹਾਂ ਦੇ ਵਿਚਾਰ ਜਾਣਨ ਲਈ ਸ਼ੁਰੂ ਕੀਤੇ ਗਏ 'ਲੋਕ ਮਿਲਣੀ' ਪ੍ਰੋਗਰਾਮਾਂ ਦੀ ਲੜੀ ਤਹਿਤ ਵਿਧਾਨ ਸਭਾ ਹਲਕਾ ਮੋਹਾਲੀ ਦੇ ਪਿੰਡ ਰਾਇਪੁਰ ਕਲਾਂ ਅਤੇ ਮੌਜਪੁਰ ਵਿਖੇ ਲੋਕ ਮਿਲਣੀ ਪ੍ਰੋਗਰਾਮ ਕਰਵਾਏ ਗਏ। ਇਸ ਮੌਕੇ ਮੋਹਾਲੀ ਤੋਂ ਵਿਧਾਇਕ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕੁਲਵੰਤ ਸਿੰਘ ਨੇ ਪਿੰਡ ਵਾਸੀਆਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਚੱਲ ਰਹੇ ਤੇ ਮੁਕੰਮਲ ਹੋ ਚੁੱਕੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ ਲੋਕਾਂ ਦੀ ਵੱਡੀ ਸ਼ਮੂਲੀਅਤ ਸਰਕਾਰ ਦੀਆਂ ਨੀਤੀਆਂ ਅਤੇ ਵਿਕਾਸ ਕਾਰਜਾਂ ਪ੍ਰਤੀ ਲੋਕਾਂ ਦੇ ਭਰੋਸੇ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਸਾਢੇ ਚਾਰ ਸਾਲ ਪਹਿਲਾਂ ਪੰਜਾਬ ਦੇ ਲੋਕਾਂ ਨੇ ਵੱਡੀਆਂ ਉਮੀਦਾਂ ਅਤੇ



ਉਤਸ਼ਾਹ ਨਾਲ ਆਮ ਆਦਮੀ ਪਾਰਟੀ ਨੂੰ ਸੱਤਾ ਸੌਂਪੀ ਸੀ। ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦਿਆਂ ਅਤੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਦਿੱਤੀਆਂ ਗਾਰੰਟੀਆਂ ਨੂੰ ਪੂਰਾ ਕਰਨ ਲਈ ਲਗਾਤਾਰ ਕੰਮ ਕੀਤਾ ਗਿਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਆਮ ਆਦਮੀ ਪਾਰਟੀ ਵੱਲੋਂ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਅਤੇ ਸੂਬੇ ਦੇ ਸਰਬਪੱਖੀ ਵਿਕਾਸ ਲਈ ਕੀਤੇ ਜਾ ਰਹੇ ਕੰਮਾਂ ਦੇ ਆਧਾਰ 'ਤੇ ਪੰਜਾਬ ਦੇ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਨੂੰ ਮੁੜ ਸੇਵਾ ਦਾ ਮੌਕਾ ਦੇਣ ਲਈ ਤਿਆਰ ਹਨ। ਇਸ ਮੌਕੇ ਕੁਲਦੀਪ ਸਿੰਘ ਸਮਾਣਾ, ਆਰ ਪੀ ਸ਼ਰਮਾ, ਸੀਨੀਅਰ ਡਿਪਟੀ ਮੇਅਰ, ਨਗਰ ਨਿਗਮ ਮੋਹਾਲੀ, ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਅਵਤਾਰ ਸਿੰਘ ਮੌਲੀ, ਅਮਰਜੀਤ ਸਿੰਘ ਸਿੱਧੂ, ਹਰਪਾਲ ਸਿੰਘ ਗਰੇਵਾਲ, ਹਰਪਾਲ ਸਿੰਘ ਬਰਾੜ, ਗੁਰਪ੍ਰੀਤ ਸਿੰਘ ਬਰਿਆਲੀ, ਗੁਰਜੰਟ ਸਿੰਘ ਸਰਪੰਚ ਭਾਗੋਮਾਜਰਾ, ਮਨਪ੍ਰੀਤ ਸਿੰਘ ਬੈਰਮਪੁਰ, ਰਣਜੀਤ ਸਿੰਘ, ਲਖਮੀਰ ਸਿੰਘ ਸਰਪੰਚ ਰਾਏਪੁਰ ਕਲਾਂ, ਹਰਗੋਬਿੰਦ ਸਿੰਘ, ਸਲੀਮ ਖਾਨ ਪੰਚ, ਮੰਗਾ ਪੰਚ, ਗੁਰਜਿੰਦਰ ਸਿੰਘ ਪੰਚ ਅਤੇ ਬਲਵਿੰਦਰ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਸੜਕ ਹਾਦਸੇ 'ਚ ਇੱਕੋ ਪਰਵਾਰ ਦੇ ਤਿੰਨ ਮੈਂਬਰਾਂ ਦੀ ਮੌਤ



**ਫਿਲੌਰ (ਨਿਰਮਲ)**- ਪਿੰਡ ਹਰੀਪੁਰ ਖ਼ਾਲਸਾ ਅਤੇ ਪ੍ਰਤਾਪਪੁਰਾ ਦਰਮਿਆਨ ਵਾਪਰੇ ਇੱਕ ਭਿਆਨਕ ਸੜਕ ਹਾਦਸੇ ਵਿੱਚ ਇੱਕੋ ਪਰਵਾਰ ਦੇ ਤਿੰਨ ਮੈਂਬਰਾਂ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਹਿਚਾਣ ਵਿਨੈ ਕੁਮਾਰ, ਉਸ ਦੀ ਪਤਨੀ ਸੁਮਨ ਅਤੇ 6 ਸਾਲਾ ਧੀ ਕਵਿਸਾ ਵਾਸੀ ਪਿੰਡ ਭੰਮੀਆਂ, ਜ਼ਿਲ੍ਹਾ ਲੁਧਿਆਣਾ ਵਜੋਂ ਹੋਈ ਹੈ। ਮਿਲੀ ਜਾਣਕਾਰੀ ਅਨੁਸਾਰ ਭੰਮੀਆਂ ਵਾਸੀ ਇਹ ਪਰਵਾਰ ਆਪਣੇ ਹੋਰ ਰਿਸ਼ਤੇਦਾਰਾਂ ਸਮੇਤ ਨਕੋਦਰ ਸਥਿਤ ਇੱਕ ਧਾਰਮਿਕ ਸਥਾਨ ਤੋਂ ਮੱਥਾ ਟੇਕ ਕੇ ਐਕਟਿਵਾ 'ਤੇ ਸਵਾਰ ਹੋ ਕੇ ਵਾਪਸ ਪਰਤ ਰਿਹਾ ਸੀ। ਇਸੇ ਦੌਰਾਨ ਪਿੰਡ ਹਰੀਪੁਰ ਅਤੇ ਪ੍ਰਤਾਪਪੁਰਾ ਨੇੜੇ ਇੱਕ ਕਾਰ ਨਾਲ ਉਨ੍ਹਾਂ ਦੀ ਜ਼ੋਰਦਾਰ ਟੱਕਰ ਹੋ ਗਈ।ਹਾਦਸੇ ਵਿੱਚ ਜ਼ਖ਼ਮੀ ਹੋਏ ਪਰਿਵਾਰਕ ਮੈਂਬਰਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਫਿਲੌਰ ਵਿਖੇ ਦਾਖ਼ਲ ਕਰਵਾਇਆ ਗਿਆ, ਜਿੱਥੇ ਡਾਕਟਰਾਂ ਨੇ ਸੁਮਨ ਅਤੇ ਕਵਿਸਾ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਹਾਲਤ ਗੰਭੀਰ ਹੋਣ ਕਾਰਨ ਵਿਨੈ ਕੁਮਾਰ ਨੂੰ ਇਲਾਜ ਲਈ ਪ੍ਰਾਈਵੇਟ ਹਸਪਤਾਲ ਰੈਫਰ ਕੀਤਾ ਗਿਆ ਪਰ ਰਸਤੇ ਵਿੱਚ ਹੀ ਉਸ ਦੀ ਵੀ ਮੌਤ ਹੋ ਗਈ। ਸਿਵਲ ਹਸਪਤਾਲ ਵਿਖੇ ਜ਼ੇਰੇ ਇਲਾਜ ਕਾਰ ਸਵਾਰ ਰਵਿੰਦਰ ਸਿੰਘ ਨੇ ਦੱਸਿਆ ਕਿ ਉਹ ਲੁਧਿਆਣਾ ਤੋਂ ਨੂਰਮਹਿਲ ਵੱਲ ਜਾ ਰਹੇ ਸਨ ਕਿ ਅਚਾਨਕ ਸਾਹਮਣਿਓਂ ਆ ਰਹੇ ਐਕਟਿਵਾ ਸਵਾਰਾਂ ਨਾਲ ਟੱਕਰ ਹੋ ਗਈ। ਮੌਕੇ 'ਤੇ ਪੁੱਜੇ ਥਾਣਾ ਫਿਲੌਰ ਦੇ ਜਾਂਚ ਅਧਿਕਾਰੀ ਉਮੇਸ਼ ਕੁਮਾਰ ਨੇ ਦੱਸਿਆ ਕਿ ਹਾਦਸੇ ਸਬੰਧੀ ਜਾਂਚ ਕੀਤੀ ਜਾ ਰਹੀ ਹੈ ਅਤੇ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## 'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-4 ਤਹਿਤ ਮਸ਼ਾਲ ਯਾਤਰਾ ਦਾ ਸਵਾਗਤ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਦੇ ਬਾਗਬਾਨੀ, ਰੱਖਿਆ ਸੇਵਾਵਾਂ ਭਲਾਈ ਅਤੇ ਸੁਤੰਤਰਤਾ ਸੈਨਾਨੀ ਮੰਤਰੀ ਮੋਹਿੰਦਰ ਭਗਤ ਵਲੋਂ ਅੱਜ 'ਖੇਡਾਂ ਵਤਨ ਪੰਜਾਬ' ਸੀਜ਼ਨ-4 ਤਹਿਤ ਪਹੁੰਚੀ ਮਸ਼ਾਲ



ਯਾਤਰਾ ਦਾ ਨਿੱਘਾ ਸਵਾਗਤ ਕੀਤਾ ਗਿਆ ਤਾਂ ਜੋ ਖੇਡਾਂ ਨੂੰ ਉਤਸ਼ਾਹਿਤ ਕਰਕੇ ਵੱਧ ਤੋਂ ਵੱਧ ਗਿਣਤੀ ਵਿੱਚ ਖਿਡਾਰੀਆਂ ਨੂੰ ਇਸ ਖੇਡ ਮੇਲੇ ਵਿੱਚ ਸਮੂਲੀਅਤ ਕਰਨ ਲਈ ਪ੍ਰੇਰਿਤ ਕੀਤਾ ਜਾ ਸਕੇ। ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਅਤੇ ਹੋਰ ਉੱਘੀਆਂ ਸਖ਼ਸ਼ੀਅਤਾਂ ਵਲੋਂ ਮਸ਼ਾਲ ਰੈਲੀ ਜੋ ਕਿ ਰਾਜ ਪੱਧਰੀ ਖੇਡ ਪਹਿਲਕਦਮੀ ਤਹਿਤ ਸੂਬੇ ਭਰ ਦੀ ਯਾਤਰਾ ਵਜੋਂ ਜਲੰਧਰ ਪਹੁੰਚੀ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਖੇਡਾਂ ਦੇ ਖੇਤਰ ਲਈ 700 ਕਰੋੜ ਰੁਪਏ ਦਾ ਬਜਟ ਰੱਖ ਕੇ ਵੱਡੀ ਮੁੱਖ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਨਿਵੇਸ਼ ਖੇਡ ਬੁਨਿਆਦੀ ਢਾਂਚੇ ਨੂੰ ਹੇਠਲੇ ਪੱਧਰ ਤੱਕ ਮਜਬੂਤ ਕਰਨ ਨੂੰ ਵੱਡਾ ਹੁਲਾਰਾ ਦੇਵੇਗਾ ਅਤੇ ਪੰਜਾਬ ਦੀ ਅਮੀਰ ਖੇਡ ਵਿਰਾਸਤ ਨੂੰ ਮੁੜ ਸੁਰਜੀਤ ਕਰਨ ਵਿੱਚ ਮਦਦਗਾਰ ਸਿੱਧ ਹੋਵੇਗੀ। ਸ੍ਰੀ ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਪਿੰਡਾਂ ਤੱਕ ਖੇਡ ਸਹੂਲਤਾਂ ਮੁਹੱਈਆ ਕਰਵਾਉਣ ਵੱਲ ਧਿਆਨ ਕੇਂਦਰਿਤ ਕੀਤਾ ਗਿਆ ਹੈ ਅਤੇ ਨੌਜਵਾਨਾਂ ਨੂੰ ਆਪਣੀ ਖੇਡ ਪ੍ਰਤਿਭਾ ਦਿਖਾਉਣ ਲਈ ਬਿਹਤਰ ਮੌਕੇ ਮੁਹੱਈਆ ਕਰਵਾਏ ਜਾ ਰਹੇ ਹਨ। ਉਨ੍ਹਾਂ ਸੂਬੇ ਭਰ ਵਿੱਚ ਪਿੰਡ ਪੱਧਰ 'ਤੇ ਖੇਡਾਂ ਨੂੰ ਮਜ਼ਬੂਤ ਕਰਨ ਲਈ ਮਾਡਲ ਖੇਡ ਮੈਦਾਨਾਂ ਦਾ ਨਿਰਮਾਣ ਕਰਵਾਉਣਾ ਵੱਡੀ ਪਹਿਲ ਕਦਮੀ ਕਰਾਰ ਦਿੱਤਾ।

## ਭਾਜਪਾ ਯੁਵਾ ਮੋਰਚਾ ਦੇ ਪ੍ਰਦੇਸ਼ ਪ੍ਰਧਾਨ ਦਾ ਯੁਵਾ ਮੋਰਚਾ ਕਰੇਗਾ ਭਰਵਾਂ ਸਵਾਗਤ

**ਜਲੰਧਰ (ਇਕਬਾਲ ਸਿੰਘ ਉਭੀ)**- ਭਾਰਤੀ ਜਨਤਾ ਪਾਰਟੀ ਯੁਵਾ ਮੋਰਚਾ ਦੇ ਪ੍ਰਦੇਸ਼ ਪ੍ਰਧਾਨ ਅਨੁਜ ਖੋਸਲਾ ਦੇ ਜਲੰਧਰ ਆਗਮਨ ਨੂੰ ਲੈ ਕੇ ਯੁਵਾ ਮੋਰਚਾ ਜ਼ਿਲ੍ਹਾ ਜਲੰਧਰ ਵੱਲੋਂ ਭਰਵੇਂ ਸਵਾਗਤ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਸਬੰਧੀ ਯੁਵਾ ਮੋਰਚਾ ਵੱਲੋਂ ਪੰਕਜ ਜੁਲਕਾ ਦੀ ਅਗਵਾਈ ਹੇਠ ਪਾਰਟੀ ਦਫ਼ਤਰ ਸ਼ੀਤਲਾ ਮਾਤਾ ਮੰਦਰ ਵਿਖੇ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪ੍ਰਦੇਸ਼ ਪ੍ਰਧਾਨ ਦੇ ਸਵਾਗਤੀ ਸਮਾਗਮ ਨੂੰ ਲੈ ਕੇ ਵੱਖ-ਵੱਖ ਤਿਆਰੀਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ ਅਤੇ ਯੁਵਾ ਕਾਰਕੁਨਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ। ਇਸ ਮੌਕੇ ਜ਼ਿਲ੍ਹਾ ਮਹਾਂਮੰਤਰੀ ਸੂਰਿਆ ਮਿਸ਼ਰਾ, ਵਰੁਣ ਦੁਬੇ, ਸਾਬਕਾ ਜ਼ਿਲ੍ਹਾ ਪ੍ਰਧਾਨ ਯੁਵਾ ਮੋਰਚਾ ਬਲਜੀਤ ਪ੍ਰਿੰਸ, ਸੰਜੀਵ ਮਨੀ ਪ੍ਰਦੇਸ਼ ਮੀਡੀਆ ਇੰਚਾਰਜ ਯੁਵਾ ਮੋਰਚਾ, ਪ੍ਰਸ਼ਾਂਤ ਗੰਭੀਰ, ਪੰਕਜ ਸਰੰਗਲ, ਜੋਲੀ ਬੇਦੀ, ਸਾਹਿਲ ਸ਼ਰਮਾ, ਸ਼ਿਵਮ ਚੋਪੜਾ, ਸੁਖਮੰਦਰ, ਦਿਨੇਸ਼ ਵਰਮਾ, ਪੰਕਜ ਲੂਥਰਾ, ਗੌਰਵ ਰਾਏ, ਕਾਰਤਿਕ ਦੁੱਗਲ, ਨਿਤਿਨ ਖੇੜਾ, ਅੰਕੁਸ਼, ਵਿਕਾਸ ਸ਼ਾਰਦਾ, ਭਰਤ ਸਿੱਕਾ, ਭੁਵਨ ਮਲਹੋਤਰਾ ਅਤੇ ਚਿਰਾਗ ਡਾਂਗ ਸਮੇਤ ਯੁਵਾ ਮੋਰਚਾ ਦੇ ਅਹੁਦੇਦਾਰ ਅਤੇ ਕਾਰਕੁਨ ਹਾਜ਼ਰ ਸਨ।

## ਸੇਂਟ ਸੋਲਜਰ ਕੋ-ਐਡ. ਕਾਲਜ ਵਿਖੇ ਟੇਲੈਂਟ ਹੰਟ ਕਰਵਾਇਆ

**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਕੋ-ਐਡ. ਕਾਲਜ ਜਲੰਧਰ ਵੱਲੋਂ ਵਿਦਿਆਰਥੀਆਂ ਨੂੰ ਆਪਣੀ ਰਚਨਾਤਮਕਤਾ, ਆਤਮ-ਵਿਸ਼ਵਾਸ ਅਤੇ ਛੁਪੀ ਹੋਈ ਪ੍ਰਤਿਭਾ ਨੂੰ ਪ੍ਰਦਰਸ਼ਿਤ ਕਰਨ ਲਈ ਦੋ ਰੋਜ਼ਾ ਟੈਲੈਂਟ ਹੰਟ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਕਾਲਜ ਦੀ ਡਾਇਰੈਕਟਰ ਡਾ. ਵੀਨਾ ਦਾਦਾ ਅਤੇ ਪ੍ਰਿੰਸੀਪਲ ਡਾ. ਮਨਜੀਤ ਕੌਰ ਵੱਲੋਂ ਦੀਪ ਜਗਾ ਕੇ ਕੀਤੀ ਗਈ। ਇਸ ਮੌਕੇ ਦੋਵੇਂ ਸਨਮਾਨਿਤ ਸ਼ਖ਼ਸੀਅਤਾਂ ਦਾ ਗੁਲਦਸਤੇ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਡਾ. ਵੀਨਾ ਦਾਦਾ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਮੁਕਾਬਲਿਆਂ ਵਿੱਚ ਪੂਰੇ ਉਤਸ਼ਾਹ ਨਾਲ ਭਾਗ ਲੈਣ ਅਤੇ ਕਾਲਜ ਵੱਲੋਂ



ਪ੍ਰਦਾਨ ਕੀਤੇ ਜਾ ਰਹੇ ਮੌਕਿਆਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦੇ ਦੂਜੇ ਦਿਨ ਗਾਇਕੀ ਅਤੇ ਡਾਂਸ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਗਿਆਰਵੀਂ ਕਲਾਸ, ਬੀ.ਏ. ਪਹਿਲਾ ਸਾਲ, ਬੀ ਸੀ ਏ ਪਹਿਲਾ ਸਾਲ, ਬੀ.ਕਾਮ ਪਹਿਲਾ ਸਾਲ ਅਤੇ ਬੀ ਪੀ ਟੀ ਪਹਿਲਾ ਸਾਲ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਸ਼ਾਨਦਾਰ ਪੇਸ਼ਕਾਰੀਆਂ ਰਾਹੀਂ ਆਪਣੀ ਰਚਨਾਤਮਕਤਾ, ਆਤਮ-ਵਿਸ਼ਵਾਸ ਅਤੇ ਵੱਖ-ਵੱਖ ਪ੍ਰਤਿਭਾਵਾਂ ਦਾ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ। ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਬੇਮਿਸਾਲ ਪੇਸ਼ਕਾਰੀ ਲਈ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ, ਜਦਕਿ ਸਾਰੇ ਭਾਗੀਦਾਰਾਂ ਦੀ ਉਤਸ਼ਾਹ, ਸਮਰਪਣ ਅਤੇ ਸਰਗਰਮ ਭਾਗੀਦਾਰੀ ਲਈ ਸ਼ਲਾਘਾ ਕੀਤੀ ਗਈ।ਦੋ ਰੋਜ਼ਾ ਟੈਲੈਂਟ ਹੰਟ ਦੇ ਸਮਾਪਨ ਦੌਰਾਨ ਵਿਦਿਆਰਥੀਆਂ ਦੀ ਪ੍ਰਤਿਭਾ, ਰਚਨਾਤਮਕਤਾ, ਆਤਮ-ਵਿਸ਼ਵਾਸ ਅਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਨੂੰ ਉਤਸ਼ਾਹਿਤ ਕੀਤਾ ਗਿਆ।

## ਆਈ ਕੇ ਜੀ ਪੰਜਾਬ ਟੈਕਨੀਕਲ 'ਵਰਸਿਟੀ ਵੱਲੋਂ ਦਾਖਲਾ ਮਿਤੀ 'ਚ ਵਾਧਾ



**ਦਸੂਹਾ (ਕਰਨੈਲ ਮਾਂਗਟ)**- ਆਈ ਕੇ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ ਵੱਲੋਂ ਚੱਲ ਰਹੇ ਅਕਾਦਮਿਕ ਸੈਸ਼ਨ 2026-27 ਲਈ ਵੱਖ-ਵੱਖ ਕੋਰਸਾਂ ਵਿੱਚ ਦਾਖਲਿਆਂ ਦੀ ਨਿਰਧਾਰਿਤ ਆਖਰੀ ਮਿਤੀ 14 ਅਗਸਤ 2026 ਸੀ, ਜਿਸ ਵਿੱਚ ਹੁਣ 14 ਸਤੰਬਰ ਤੱਕ ਵਾਧਾ ਕੀਤਾ ਗਿਆ ਹੈ। ਯੂਨੀਵਰਸਿਟੀ ਦੇ ਇਸ ਫੈਸਲੇ ਨਾਲ ਉਨ੍ਹਾਂ ਵਿਦਿਆਰਥੀਆਂ ਨੂੰ ਦਾਖਲਾ ਲੈਣ ਦਾ ਇੱਕ ਹੋਰ ਮੌਕਾ ਪ੍ਰਾਪਤ ਹੋਇਆ ਹੈ, ਜੋ ਕਿਸੇ ਕਾਰਨ ਕਰਕੇ ਨਿਰਧਾਰਿਤ ਸਮੇਂ ਦੌਰਾਨ ਦਾਖਲਾ ਨਹੀਂ ਲੈ ਸਕੇ। ਇਸ ਸੰਬੰਧੀ ਕੇ ਐੱਮ ਐੱਸ ਕਾਲਜ ਆਫ਼ ਆਈ.ਟੀ. ਐਂਡ ਮੈਨੇਜਮੈਂਟ ਦਸੂਹਾ ਦੇ ਪ੍ਰਿੰਸੀਪਲ ਡਾ. ਮਾਨਵ ਸੈਣੀ ਨੇ ਆਈ ਕੇ ਗੁਜਰਾਲ ਪੰਜਾਬ ਤਕਨੀਕੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਡਾ. ਯਾਦਵਿੰਦਰ ਸਿੰਘ ਬਰਾੜ ਅਤੇ ਪੰਜਾਬ ਅਨਏਡਿਡ ਕਾਲਜਿਜ਼ ਐਸੋਸੀਏਸ਼ਨ ਦੇ ਪ੍ਰਧਾਨ ਡਾ. ਅੰਸ਼ੂ ਕਟਾਰੀਆ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਦਾਖਲਿਆਂ ਦੀ ਮਿਤੀ ਵਿੱਚ ਕੀਤਾ ਗਿਆ ਵਾਧਾ ਵਿਦਿਆਰਥੀ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਲਿਆ ਗਿਆ ਇੱਕ ਦੂਰਦਰਸ਼ੀ ਅਤੇ ਸਵਾਗਤਯੋਗ ਫੈਸਲਾ ਹੈ।

## ਭਗਵਤੀ ਜਾਗਰਣ 1 ਨੂੰ

**ਜਲੰਧਰ ( ਲਖਵਿੰਦਰ ਸਿੰਘ ਆਧੀ)**- ਨੌਜਵਾਨ ਜਾਗਰਣ ਕਮੇਟੀ ਪਿੰਡ ਕਾਹਲਵਾਂ ਦੋਨਾਂ (ਕਪੂਰਥਲਾ) ਅਤੇ ਐੱਨ ਆਰ ਆਈ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਹਿਲਾ



ਸਾਲਾਨਾ ਜਾਗਰਣ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ। ਨੌਜਵਾਨ ਜਾਗਰਣ ਕਮੇਟੀ ਦੇ ਪ੍ਰਧਾਨ ਪੰਡਿਤ ਸੁਰਜੀਤ ਕੁਮਾਰ ਕਾਲੀਆਂ ਨੇ ਦੱਸਿਆ ਕਿ 31 ਅਗਸਤ ਦਿਨ ਸੋਮਵਾਰ ਨੂੰ ਮਾਤਾ ਚਿੰਤਪੁਰਨੀ, ਮਾਤਾ ਜਵਾਲਾ ਜੀ, ਮਾਤਾ ਬੰਗਲਾ ਮੁਖੀ ਅਤੇ ਮਾਤਾ ਭੱਦਰ ਕਾਲੀ ਦੇ ਮੰਦਰਾਂ ਤੋਂ ਪਵਿੱਤਰ ਜੋਤਾਂ ਲਿਆਂਦੀਆਂ ਜਾਣਗੀਆਂ। ਦੁਪਹਿਰ 2 ਵਜੇ ਸ਼ੋਭਾ ਯਾਤਰਾ ਕੱਢੀ ਜਾਵੇਗੀ। ਸ਼ਰਧਾਲੂਆਂ ਵੱਲੋਂ ਵੱਖ ਵੱਖ ਪੜਾਵਾਂ ਤੇ ਵੱਖ ਵੱਖ ਤਰ੍ਹਾਂ ਦੇ ਲੰਗਰ ਲਗਾਏ ਜਾਣਗੇ।1 ਸਤੰਬਰ ਦਿਨ ਮੰਗਲਵਾਰ ਨੂੰ ਮਹਾਮਾਈ ਦਾ ਵਿਸ਼ਾਲ ਜਾਗਰਣ ਕਰਵਾਇਆ ਜਾਵੇਗਾ।

ਜਾਗਰਣ ਦਾ ਉਦਘਾਟਨ ਚੇਲਾ ਸੁਆਮੀ ਪਰਦੀਪਾ ਅਨੰਦ ਕਰਨਗੇ ਜਿਸ ਵਿੱਚ ਪੰਜਾਬ ਦੇ ਪ੍ਰਸਿੱਧ ਗਾਇਕ ਹਰਸ਼ ਸਿਕੰਦਰ ਅਤੇ ਮਨਜੀਤ ਫ਼ਰਿਆਦ-ਮਨਦੀਪ ਕੌਰ ਦੀ ਜੋੜੀ ਮਾਤਾ ਰਾਣੀ ਦਾ ਗੁਣਗਾਣ ਕਰਕੇ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਤੇ ਚਾਹ, ਪਾਣੀ ਦਾ ਲੰਗਰ ਅਤੁੱਟ ਵਰਤੇਗਾ।

## ਚੀਨੀ ਦੀ ਮਹਿੰਗਾਈ ਲਈ ਕੇਂਦਰ ਸਰਕਾਰ ਦੀਆਂ ਨੀਤੀਆਂ ਜ਼ਿੰਮੇਵਾਰ : ਸੀਟੂ

**ਬਲਾਚੌਰ (ਜਸਵਿੰਦਰ ਬੈਂਸ)**- ਸੀਟੂ-ਪੰਜਾਬ ਵਲੋਂ ਚੀਨੀ ਦੀ ਲੱਕ ਤੋੜ ਮਹਿੰਗਾਈ ਲਈ ਕੇਂਦਰ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ ਗਿਆ ਹੈ। ਸੀਟੂ ਆਗੂਆਂ ਊਸ਼ਾ ਰਾਣੀ, ਕਾਮਰੇਡ ਮਹਾਂ ਸਿੰਘ ਰੌੜੀ, ਚੰਦਰ ਸ਼ੇਖਰ, ਅਤੇ ਸੁਚਾ ਸਿੰਘ ਅਜਨਾਲਾ ਨੇ ਸਾਂਝੇ ਤੌਰ ਤੇ ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਸੀਟੂ ਆਗੂਆਂ ਨੇ ਮੋਦੀ ਸਰਕਾਰ ਉੱਤੇ ਇਹ ਦੋਸ਼ ਲਾਇਆ ਕਿ ਹੁਣ ਸਾਡਾ ਦੇਸ਼ ਚੀਨੀ ਬਾਹਰਲੇ ਦੇਸ਼ਾਂ ਤੋਂ ਦਰਾਮਦ ਕਰਨ ਲਾ ਦਿੱਤਾ ਹੈ ਤਾਂ ਜੋ ਚੀਨੀ ਦੀਆਂ ਕੀਮਤਾਂ ਦੇ ਵਾਧੇ ਨੰ ਜਾਇਜ਼ ਬਣਾਇਆ ਜਾ ਸਕੇ। ਦੇਸ਼ ਦੇ ਗੰਨਾਂ ਉਤਪਾਦਕ ਕਿਸਾਨਾ ਨੂੰ ਗੰਨੇ ਦੀ ਵਾਜਿਬ ਕੀਮਤ ਦਿੱਤੀ ਨਹੀਂ ਜਾਂਦੀ ਅਤੇ ਸਾਲਾਂ ਬੱਧੀ ਅਦਾਇਗੀਆਂ ਨਾ ਕਰ ਕੇ ਗੰਨੇ ਦੀ ਪੈਦਾਵਾਰ ਨੂੰ ਨਿਰਉਤਸ਼ਾਹਿਤ ਕੀਤਾ ਜਾ ਰਿਹਾ ਹੈ ਅਤੇ ਕੀਮਤ ਵਾਧੇ ਨੂੰ ਕਾਬੂ ਵਿੱਚ ਰੱਖਣ ਬਹਾਨੇ ਵਿਦੇਸ਼ੀਆ ਨੂੰ ਅਤੇ ਦਰਾਮਦਕਾਰਾਂ ਦੀ ਲੁੱਟ ਲਈ ਨੀਤੀਆਂ ਘੜੀਆਂ ਜਾ ਰਹੀਆਂ ਹਨ।

ਗੰਨੇ ਤੋਂ ਪੈਦਾ ਹੋਣ ਵਾਲੇ ਪਦਾਰਥ ਜਿਵੇਂ ਸੀਰਾ ਜਾਂ ਐਥਨੌਲ ਦੀ ਮੰਗ ਵੱਧ ਰਹੀ ਹੈ ਪ੍ਰੰਤੂ ਗੰਨਾ ਉਤਪਾਦਕ ਕਿਸਾਨਾ ਨੂੰ ਇਸ ਦਾ ਲਾਭ ਟਰਾਂਸਫਰ ਨਹੀਂ ਕੀਤਾ ਜਾ ਰਿਹਾ। ਸੀਟੂ ਆਗੂਆ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਸਬਸਿਡੀ ਪਾਕੇ ਆਮ ਲੋਕਾ ਨੂੰ ਸਸਤੀ ਚੀਨੀ ਸਪਲਾਈ ਕਰਨ ਦੀ ਅਪਣੀ ਸਵਿੰਧਾਨਕ ਜ਼ਿੰਮੇਵਾਰੀ ਨਿਭਾਏ ਅਤੇ ਲੋਕ ਤੇ ਕਿਸਾਨ ਵਿਰੋਧੀ ਨੀਤੀਆ ਨੂੰ ਬਦਲੇ।

## ਨਗਰ ਕੌਂਸਲ ਦੀ ਮੀਟਿੰਗ 'ਚ ਅਹਿਮ ਮਤੇ ਪਾਸ

**ਲਾਲੜੂ (ਵਿਨੈ ਕੁਮਾਰ ਜੈਨ)**- ਨਗਰ ਕੌਂਸਲ ਲਾਲੜੂ ਦੀ ਅਹਿਮ ਮੀਟਿੰਗ ਨਗਰ ਕੌਂਸਲ ਦੇ ਪ੍ਰਧਾਨ ਜ਼ੋਰਾਵਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਡੇਰਾਬੱਸੀ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ

**80 ਆਊਟਸੋਰਸ ਸਫਾਈ ਕਾਮਿਆਂ ਨੂੰ ਕੰਟਰੈਕਟ 'ਤੇ ਕਰਨ ਦਾ ਫੈਸਲਾ**

ਰੰਧਾਵਾ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਸ਼ਹਿਰ ਦੇ ਵਿਕਾਸ ਅਤੇ ਲੋਕਾਂ ਦੀਆਂ ਸਹੂਲਤਾਂ ਨਾਲ ਸੰਬੰਧਤ ਵੱਖ-ਵੱਖ ਮਤਿਆਂ 'ਤੇ ਵਿਚਾਰ-ਵਟਾਂਦਰਾ ਕਰਕੇ ਕਈ ਅਹਿਮ ਫੈਸਲੇ ਲਏ ਗਏ। ਮੀਟਿੰਗ ਦੌਰਾਨ ਨਗਰ ਕੌਂਸਲ ਅਧੀਨ ਆਊਟਸੋਰਸ ਰਾਹੀਂ ਕੰਮ ਕਰ ਰਹੇ 80 ਸਫਾਈ ਕਾਮਿਆਂ ਨੂੰ ਕੰਟਰੈਕਟ 'ਤੇ ਕਰਨ ਦਾ ਫੈਸਲਾ ਕੀਤਾ ਗਿਆ। ਇਸ ਤੋਂ ਇਲਾਵਾ ਆਲਮਗੀਰ ਅਤੇ ਮਗਰਾ ਵਿਖੇ ਪੀਣ ਵਾਲੇ ਪਾਣੀ ਦੀ ਸਮੱਸਿਆ ਦੇ ਹੱਲ ਲਈ ਨਵੇਂ ਟਿਊਬਵੈਲ ਲਗਾਉਣ ਨੂੰ ਵੀ ਮਨਜ਼ੂਰੀ ਦਿੱਤੀ ਗਈ। ਇਸੇ ਤਰ੍ਹਾਂ ਧਰਮਗੜ੍ਹ ਸੰਪਰਕ ਸੜਕ ਦੇ ਕਿਨਾਰੇ ਬਣੇ ਨਾਲੇ ਨੂੰ ਬੰਦ



ਕਰਕੇ ਉੱਥੇ ਵੱਡੀ ਸੀਵਰੇਜ ਪਾਈਪਲਾਈਨ ਪਾਉਣ ਅਤੇ ਨਗਰ ਕੌਂਸਲ ਦੀ ਹੱਦ ਅੰਦਰ ਆਉਂਦੀ ਧਰਮਗੜ੍ਹ ਸੰਪਰਕ ਸੜਕ ਨੂੰ 20 ਫੁੱਟ ਚੌੜਾ ਕਰਨ ਦਾ ਫੈਸਲਾ ਲਿਆ ਗਿਆ। ਨਵੇਂ ਬਣੇ ਬੱਸ ਅੱਡੇ 'ਤੇ ਟਰਾਂਸਫਾਰਮਰ ਲਗਾਉਣ ਸਬੰਧੀ ਮਤਾ ਵੀ ਪਾਸ ਕੀਤਾ ਗਿਆ। ਨਗਰ ਕੌਂਸਲ ਅਧੀਨ ਆਉਂਦੇ ਕਮਿਊਨਿਟੀ ਸੈਂਟਰਾਂ ਦੀ ਬੁਕਿੰਗ ਫੀਸ 1100 ਰੁਪਏ ਤੋਂ ਵਧਾ ਕੇ 2100 ਰੁਪਏ ਕਰਨ ਦਾ ਮਤਾ ਵੀ ਪਾਸ ਕੀਤਾ ਗਿਆ। ਇਸ ਤੋਂ ਇਲਾਵਾ ਕੌਂਸਲ ਅਧੀਨ ਚੱਲ ਰਹੇ ਵੱਖ-ਵੱਖ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਉਪਰੰਤ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਵੱਲੋਂ ਲਾਲੜੂ ਵਿਖੇ ਸ੍ਰੀ ਗੁਰੂ ਰਵਿਦਾਸ ਭਵਨ ਦੇ ਨਿਰਮਾਣ ਕਾਰਜ ਦਾ ਨੀਂਹ ਪੱਥਰ ਰੱਖਿਆ ਗਿਆ। ਕਰੀਬ 24 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲਾ ਇਹ ਭਵਨ ਸੰਗਤ ਲਈ ਧਾਰਮਿਕ, ਸਮਾਜਿਕ ਅਤੇ ਭਾਈਚਾਰਕ ਗਤੀਵਿਧੀਆਂ ਦਾ ਮਹੱਤਵਪੂਰਨ ਕੇਂਦਰ ਬਣੇਗਾ। ਇਸ ਮੌਕੇ ਨਗਰ ਕੌਂਸਲ ਦੇ ਸੀਨੀਅਰ ਵਾਈਸ ਪ੍ਰਧਾਨ ਹਰੀਸ਼ ਮਦਾਨ, ਵਾਈਸ ਪ੍ਰਧਾਨ ਅਮਨ ਰਾਣਾ, ਕੌਂਸਲਰ, ਵਾਰਡ ਇੰਚਾਰਜ ਅਤੇ ਰਵਿਦਾਸ ਭਾਈਚਾਰੇ ਦੇ ਮੈਂਬਰ ਹਾਜ਼ਰ ਸਨ।

## ਸੜਕ ਹਾਦਸੇ 'ਚ ਬੁਲੇਟ ਸਵਾਰ ਜ਼ਖ਼ਮੀ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਅੰਬਾਲਾ-ਚੰਡੀਗੜ੍ਹ ਹਾਈਵੇਅ 'ਤੇ ਸਥਿਤ ਭੂਸ਼ਣ ਫੈਕਟਰੀ ਹਰੀਪੁਰ ਦੇ ਨੇੜੇ ਇੱਕ ਮਹਿੰਦਰਾ ਪਿਕਅੱਪ ਗੱਡੀ ਨੇ ਬੁਲੇਟ ਮੋਟਰਸਾਈਕਲ ਸਵਾਰ ਨੂੰ ਟੱਕਰ ਮਾਰ ਦਿੱਤੀ। ਇਸ ਹਾਦਸੇ ਵਿੱਚ ਮੋਟਰਸਾਈਕਲ ਚਾਲਕ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ, ਜਿਸ ਨੂੰ ਇਲਾਜ ਲਈ ਚੰਡੀਗੜ੍ਹ ਦੇ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਪੁਲਸ ਨੇ ਪਿਕਅੱਪ ਚਾਲਕ ਦੇ ਖ਼ਿਲਾਫ਼ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਪਿੰਡ ਜਵਾਹਰਪੁਰ ਦੇ ਰਹਿਣ ਵਾਲੇ ਰਾਹੁਲ ਸੈਣੀ ਪੁੱਤਰ ਕਰਮਜੀਤ ਸਿੰਘ ਨੇ ਦੱਸਿਆ ਕਿ ਬੀਤੇ ਮੰਗਲਵਾਰ ਉਹ ਆਪਣੇ ਬੁਲੇਟ ਮੋਟਰਸਾਈਕਲ 'ਤੇ ਸਵਾਰ ਹੋ ਕੇ ਡਿਊਟੀ 'ਤੇ ਜਾ ਰਹਾ ਸੀ। ਸਵੇਰੇ ਕਰੀਬ ਸਾਢੇ 9 ਵਜੇ ਜਦੋਂ ਉਹ ਭੂਸ਼ਣ ਫੈਕਟਰੀ ਹਰੀਪੁਰ ਕੋਲ ਪਹੁੰਚਿਆ ਤਾਂ ਇੱਕ ਤੇਜ਼ ਰਫ਼ਤਾਰ ਅਤੇ ਲਾਪ੍ਰਵਾਹ



ਮਹੀਦਰਾ ਪਿਕਅੱਪ ਗੱਡੀ ਦੇ ਚਾਲਕ ਨੇ ਉਸ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ। ਇਸ ਹਾਦਸੇ ਵਿੱਚ ਰਾਹੁਲ ਸੈਣੀ ਨੂੰ ਕਾਫ਼ੀ ਸੱਟਾਂ ਲੱਗੀਆਂ, ਜਿਸ ਤੋਂ ਬਾਅਦ ਉਸ ਨੂੰ ਜ਼ਖ਼ਮੀ ਹਾਲਤ ਵਿੱਚ ਚੰਡੀਗੜ੍ਹ ਦੇ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦਾ ਇਲਾਜ ਚੱਲ ਰਿਹਾ ਹੈ। ਮਾਮਲੇ ਦੇ ਜਾਂਚ ਅਧਿਕਾਰੀ ਏ.ਐੱਸ.ਆਈ. ਅਮਰਜੀਤ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਰਾਹੁਲ ਸੈਣੀ ਦੇ ਬਿਆਨਾਂ ਦੇ ਆਧਾਰ 'ਤੇ ਮਹਿੰਦਰਾ ਪਿਕਅੱਪ ਚਾਲਕ ਰਜਤ ਕੁਮਾਰ ਪੁੱਤਰ ਪ੍ਰਮੋਦ ਕੁਮਾਰ, ਵਾਸੀ ਡੇਰਾਬੱਸੀ ਦੇ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਮਹਿਲਾਵਾਂ ਦੀ ਅਗਵਾਈ ਨਾਲ ਮਜ਼ਬੂਤ ਹੋਵੇਗਾ ਲੋਕਤੰਤਰ : ਸੰਧਵਾਂ, ਬਲਜੀਤ ਕੌਰ

**ਚੰਡੀਗੜ੍ਹ/ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਯੂ ਐੱਨ ਵੂਮੈਨ ਵੱਲੋਂ ਆਯੋਜਿਤ 'ਸ਼ੀਲੀਡਜ਼ ਸਟੇਟ ਵਰਕਸ਼ਾਪ' ਵਿੱਚ ਸ਼ਿਰਕਤ ਕਰਦਿਆਂ ਮਹਿਲਾ ਆਗੂਆਂ ਨੂੰ ਜਨਤਕ ਅਤੇ ਰਾਜਨੀਤਿਕ ਜੀਵਨ ਵਿੱਚ ਸਰਗਰਮ ਭੂਮਿਕਾ ਨਿਭਾਉਣ ਅਤੇ ਸਮਾਜਿਕ ਬਦਲਾਅ ਦੀ ਅਗਵਾਈ ਕਰਨ ਦਾ ਸੱਦਾ ਦਿੱਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਮਹਿਲਾ ਆਗੂ ਆਪਣੇ ਭਾਈਚਾਰਿਆਂ ਵਿੱਚ ਬਦਲਾਅ ਲਿਆਉਣ ਵਾਲੀਆਂ ਸ਼ਕਤੀਆਂ ਹਨ ਅਤੇ ਉਹ ਅਜਿਹੀਆਂ ਨੀਤੀਆਂ ਅਤੇ ਸ਼ਾਸਨ ਪ੍ਰਣਾਲੀ ਨੂੰ ਆਕਾਰ ਦੇਣ ਵਿੱਚ ਅਹਿਮ ਯੋਗਦਾਨ ਪਾਉਂਦੀਆਂ ਹਨ, ਜੋ ਹਰ ਨਾਗਰਿਕ ਦੀਆਂ ਆਸਾਂ ਅਤੇ ਉਮੀਦਾਂ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਵਧਦੀ ਭਾਗੀਦਾਰੀ ਲੋਕਤੰਤਰ ਨੂੰ ਹੋਰ ਮਜ਼ਬੂਤ ਬਣਾਉਂਦੀ ਹੈ ਅਤੇ ਸਮਾਜ ਦੇ ਹਰ ਵਰਗ ਦੀ ਆਵਾਜ਼ ਨੂੰ ਫ਼ੈਸਲਾ ਲੈਣ ਦੀ ਪ੍ਰਕਿਰਿਆ ਵਿੱਚ ਸ਼ਾਮਲ ਕਰਨ ਵਿੱਚ ਮਦਦ ਕਰਦੀ ਹੈ। ਮੁੱਖ ਭਾਸ਼ਣ ਦਿੰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਦੁਨੀਆ ਕਈ ਅਜਿਹੀਆਂ ਸਮਾਜਿਕ ਧਾਰਨਾਵਾਂ ਅਨੁਸਾਰ ਚੱਲਦੀ ਹੈ ਜੋ ਮਹਿਲਾਵਾਂ ਅਤੇ ਪੁਰਸ਼ਾਂ ਦੋਵਾਂ ਲਈ ਹਮੇਸ਼ਾ ਨਿਆਂਪੂਰਨ ਨਹੀਂ ਹੁੰਦੀਆਂ। 'ਸ਼ੀਲੀਡਜ਼' ਯੂਐਨ ਵੂਮੈਨ ਦਾ ਇੱਕ ਪ੍ਰਮੁੱਖ ਪ੍ਰੋਗਰਾਮ ਹੈ, ਜਿਸ ਦਾ ਉਦੇਸ਼ ਜਨਤਕ ਅਤੇ ਰਾਜਨੀਤਿਕ ਜੀਵਨ ਵਿੱਚ ਮਹਿਲਾਵਾਂ ਦੀ ਲੀਡਰਸ਼ਿਪ ਸਮਰੱਥਾ ਵਿਕਸਤ ਕਰਨਾ, ਉਨ੍ਹਾਂ ਦੇ ਨੈੱਟਵਰਕ ਮਜ਼ਬੂਤ ਕਰਨਾ ਅਤੇ ਉਨ੍ਹਾਂ ਨੂੰ ਪ੍ਰਭਾਵਸ਼ਾਲੀ ਅਗਵਾਈ ਲਈ ਤਿਆਰ ਕਰਨਾ ਹੈ।




# ਅਸ਼ਵਨੀ ਕਾਕੜਾ ਕਲਾਂ ਐੱਸ ਸੀ ਵਿੰਗ ਦੇ ਸਕੱਤਰ ਬਣੇ

**ਸ਼ਾਹਕੋਟ (ਅਮਨਦੀਪ ਸੋਢਪੁਰੀ)**- ਬੀਤੇ ਦਿਨੀ ਜਲੰਧਰ ਦੇ ਲਾਇਨਜ਼ ਕਲੱਬ ਵਿਖੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਐਸ.ਸੀ. ਵਿੰਗ ਦੀ ਵਿਸ਼ੇਸ਼ ਮੀਟਿੰਗ ਹੋਈ। ਇਹ ਮੀਟਿੰਗ ਜ਼ਿਲ੍ਹਾ ਜਲੰਧਰ (ਦਿਹਾਤੀ) ਦੇ ਚੇਅਰਮੈਨ ਅਰਵਿੰਦ ਕੁਮਾਰ ਢੰਡਾ ਦੀ ਅਗਵਾਈ ਵਿੱਚ ਹੋਈ। ਮੀਟਿੰਗ ਵਿੱਚ ਵੱਖ ਵੱਖ ਮੁੱਦਿਆਂ 'ਤੇ ਵਿਚਾਰ ਚਰਚਾ ਕੀਤੀ ਗਈ। ਇਸ ਉਪਰੰਤ ਰਾਸ਼ਟਰੀ ਕੋਆਰਡੀਨੇਟਰ ਅਤੇ ਇੰਚਾਰਜ ਪੰਜਾਬ ਪ੍ਰਦੇਸ਼ ਕਾਂਗਰਸ ਐੱਸ ਸੀ ਵਿੰਗ ਸੁਧੀਰ ਚੌਧਰੀ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਐਸ.ਵਿੰਗ ਦੇ ਪੰਜਾਬ ਪ੍ਰਧਾਨ ਗੁਰਪ੍ਰੀਤ ਸਿੰਘ ਲੱਕੀ ਪੱਖੋਂ ਨੇ ਜ਼ਿਲ੍ਹਾ ਜਲੰਧਰ (ਦਿਹਾਤੀ) ਦੇ ਵੱਖ-ਵੱਖ ਹਲਕਿਆਂ ਦੇ ਸਰਗਰਮ ਆਗੂਆਂ ਨੂੰ ਨਿਯੁਕਤੀ ਪੱਤਰ ਸੌਂਪੇ। ਇਸ ਵਿੱਚ ਅਸ਼ਵਨੀ ਕਾਕੜਾ ਕਲਾਂ ਨੂੰ ਜ਼ਿਲ੍ਹਾ ਜਲੰਧਰ (ਦਿਹਾਤੀ) ਐੱਸ.ਸੀ. ਦੇ ਸਕੱਤਰ ਨਿਯੁਕਤ ਕੀਤਾ ਗਿਆ। ਅਸ਼ਵਨੀ ਕਾਕੜਾ ਕਲਾਂ ਵੱਲੋਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਐੱਸ ਸੀ ਵਿੰਗ ਦੇ ਪੰਜਾਬ ਪ੍ਰਧਾਨ ਗੁਰਪ੍ਰੀਤ ਸਿੰਘ ਲੱਕੀ ਪੱਖੋਂ, ਜ਼ਿਲ੍ਹਾ ਜਲੰਧਰ (ਦਿਹਾਤੀ) ਦੇ ਪ੍ਰਧਾਨ ਅਤੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਅਤੇ ਜ਼ਿਲ੍ਹਾ ਜਲੰਧਰ ਐੱਸ ਸੀ ਵਿੰਗ ਦੇ ਚੇਅਰਮੈਨ ਅਰਵਿੰਦ ਕੁਮਾਰ ਢੰਡਾ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਉਹ ਕਾਂਗਰਸ ਪਾਰਟੀ ਅਤੇ ਹਲਕਾ ਵਿਧਾਇਕ ਸ਼ੇਰੋਵਾਲੀਆ ਲਈ ਦਿਨ ਰਾਤ ਮਿਹਨਤ ਕਰਕੇ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਯੋਗਦਾਨ ਪਾਉਣਗੇ।ਇਸ ਤੋਂ ਇਲਾਵਾ ਗੁਰਮੇਜ ਸਿੰਘ ਵਾਇਸ ਚੇਅਰਮੈਨ, ਕਮਲ ਸਿੰਘ ਨਾਹਰ ਜਨਰਲ ਸਕੱਤਰ, ਨਿਰਮਲ ਸਹੋਤਾ ਸਕੱਤਰ, ਚਰਨਜੀਤ ਸਿੰਘ ਸਕੱਤਰ ਨਿਯੁਕਤ ਕੀਤਾ ਗਏ। ਅਸ਼ਵਨੀ ਕਾਕੜਾ ਕਲਾਂ ਨੂੰ ਜ਼ਿਲ੍ਹਾ ਜਲੰਧਰ (ਦਿਹਾਤੀ) ਐੱਸ ਸੀ ਵਿੰਗ ਦੇ ਸਕੱਤਰ ਬਣਨ 'ਤੇ ਸੋਨੂੰ ਕੰਗ ਪੀ ਏ, ਸ਼ਾਹਕੋਟ ਬਲਾਕ ਕਾਂਗਰਸ ਦੇ ਪ੍ਰਧਾਨ ਸੁਰਿੰਦਰਜੀਤ ਸਿੰਘ ਚੱਠਾ, ਬਾਬਾ ਜਸਵੰਤ ਸਿੰਘ ਕੋਟਲਾ ਸੂਰਜ ਮੱਲ, ਕੋਆਪਰੇਟਿਵ ਸੁਸਾਇਟੀ ਢੰਡੋਵਾਲ ਦੇ ਸਾਬਕਾ ਪ੍ਰਧਾਨ ਜਗਤਾਰ ਸਿੰਘ ਖਾਲਸਾ, ਜਗਦਮਨਪ੍ਰੀਤ ਸਿੰਘ ਖੈਹਿਰਾ ਨੰਬਰਦਾਰ ਕਾਕੜਾ ਕਲਾਂ, ਗੁਰਜੀਤ ਸਿੰਘ ਅਟਵਾਲ, ਜਸਵੀਰ ਸਿੰਘ ਲੱਬੀ, ਗੁਲਜਾਰੀ, ਤਰਸੇਮ ਸਿੰਘ ਗੱਭਰ, ਪਿਆਰਾ ਲਾਲ, ਹਰਦੇਵ ਸਿੰਘ, ਸੋਨੂੰ, ਬਾਬਾ ਸੁਰਿੰਦਰ ਸਿੰਘ ਖਾਲਸਾ, ਬਲਜਿੰਦਰ ਸਿੰਘ, ਗੁਰਹੁਕਮ ਸਿੰਘ, ਜਸਵੀਰ ਸਿੰਘ, ਮਨਕੀਰਤ, ਬਾਬਾ ਜਿੰਦੂ, ਅਰਸ਼ ਪੰਚ ਅਤੇ ਪਰਗਟ ਸਿੰਘ ਨੇ ਵਧਾਈ ਦਿੱਤੀ।ਜਲੰਧਰ ਵਿਖੇ ਕਰਵਾਏ ਗਏ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਰਜਿੰਦਰ ਸਿੰਘ ਹਲਕਾ ਇੰਚਾਰਜ ਕਰਤਾਰਪੁਰ, ਮੈਡਮ ਯਾਮਿਨੀ ਗੋਮਰ ਵਰਕਿੰਗ ਚੇਅਰਮੈਨ ਪੰਜਾਬ ਕਾਂਗਰਸ ਐਸ.ਸੀ ਵਿੰਗ, ਅਸ਼ਵਨੀ ਜੰਗਰਾਲ ਵਾਈਸ ਚੇਅਰਮੈਨ ਪੰਜਾਬ ਪ੍ਰਦੇਸ਼ ਕਾਂਗਰਸ ਐੱਸ ਸੀ ਵਿੰਗ, ਹਰਵਿੰਦਰ ਸਿੰਘ ਉਪ ਚੇਅਰਮੈਨ ਅਤੇ ਜ਼ਿਲ੍ਹਾ ਇੰਚਾਰਜ ਪੰਜਾਬ ਪ੍ਰਦੇਸ਼ ਕਾਂਗਰਸ ਐੱਸ ਸੀ ਵਿੰਗ, ਬ੍ਰਹਮ ਦੇਵ ਸਹੋਤਾ ਜਨਰਲ ਸਕੱਤਰ ਪੰਜਾਬ ਪ੍ਰਦੇਸ਼ ਕਾਂਗਰਸ ਆਦਿ ਮੌਜੂਦ ਸਨ।



# ਫਗਵਾੜਾ ਵਿਖੇ ਚੱਬੇਵਾਲ ਦੇ ਦਫਤਰ ਦਾ ਉਦਘਾਟਨ

**ਫਗਵਾੜਾ (ਡਾ. ਰਮਨ)** ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਮੈਂਬਰ ਪਾਰਲੀਮੈਂਟ ਅਤੇ ਆਮ ਆਦਮੀ ਪਾਰਟੀ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਡਾ. ਰਾਜਕੁਮਾਰ ਚੱਬੇਵਾਲ ਦੇ ਦਫਤਰ ਦਾ ਉਦਘਾਟਨ ਫਗਵਾੜਾ ਦੇ ਮਾਡਲ ਟਾਊਨ ਜੀ ਟੀ ਰੋਡ ਨਜਦੀਕ ਜੇ ਸੀ ਟੀ ਫਾਟਕ ਵਿਖੇ ਹੋਇਆ। ਇਸ ਦੌਰਾਨ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਰਾਗੀ ਸਿੰਘਾਂ ਵਲੋਂ ਕੀਰਤਨ ਸਰਵਣ ਕਰਵਾਇਆ ਗਿਆ। ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਹੋਈ ਜਿਸ ਤੋਂ ਬਾਅਦ ਡਾ. ਚੱਬੇਵਾਲ ਨੇ ਰਿਬਨ ਕੱਟ ਕੇ ਦਫਤਰ ਦਾ ਉਦਘਾਟਨ ਕੀਤਾ। ਉਦਘਾਟਨ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਪਹੁੰਚੇ ਪਾਰਟੀ ਵਰਕਰਾਂ, ਅਹੁਦੇਦਾਰਾਂ, ਸਮਰਥਕਾਂ ਅਤੇ ਸ਼ਹਿਰ ਦੇ ਪਤਵੰਤਿਆਂ ਨੇ ਡਾ. ਚੱਬੇਵਾਲ ਨੂੰ ਨਵੇਂ ਦਫਤਰ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ। ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੇ ਵਰਕਰਾਂ ਅਤੇ ਸਮਰਥਕਾਂ ਨੂੰ ਸੰਬੋਧਨ ਕਰਦਿਆਂ ਡਾ. ਰਾਜਕੁਮਾਰ ਚੱਬੇਵਾਲ ਨੇ ਕਿਹਾ ਕਿ ਇਹ ਦਫਤਰ ਫਗਵਾੜਾ ਵਾਸੀਆਂ ਅਤੇ ਪਾਰਟੀ ਵਰਕਰਾਂ ਲਈ ਹਮੇਸ਼ਾ ਖੁੱਲ੍ਹਾ ਰਹੇਗਾ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਹਰ ਸੰਭਵ ਯਤਨ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਫਗਵਾੜਾ ਦੇ ਲੋਕਾਂ ਨਾਲ ਉਨ੍ਹਾਂ ਦਾ ਨਾਤਾ ਸਿਰਫ ਸਿਆਸੀ ਨਹੀਂ, ਸਗੋਂ ਪਰਿਵਾਰਕ ਭਾਵਨਾਵਾਂ ਵਾਲਾ ਹੈ। ਨਵੇਂ ਦਫਤਰ ਰਾਹੀਂ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਅਤੇ ਸੁਝਾਅ ਸਿੱਧੇ ਤੌਰ 'ਤੇ ਰੱਖਣ ਲਈ ਇੱਕ ਸੁਵਿਧਾਜਨਕ ਮੰਚ ਮਿਲੇਗਾ। ਉਨ੍ਹਾਂ ਵਰਕਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਲੋਕ ਸੇਵਾ ਨੂੰ ਆਪਣਾ ਮੁੱਖ ਉਦੇਸ਼ ਬਣਾਉਣ। ਇਸ ਮੌਕੇ ਮੇਅਰ ਰਾਮਪਾਲ ਉੱਪਲ, ਮਾਰਕਿਟ ਕਮੇਟੀ ਚੇਅਰਮੈਨ ਤਵਿੰਦਰ ਰਾਮ, ਸੁਨੀਲ ਚਮ ਸਾਬਕਾ ਚੇਅਰਮੈਨ ਨਗਰ ਸੁਧਾਰ ਟਰੱਸਟ ਫਗਵਾੜਾ, ਸੀਨੀਅਰ ਆਗੂ ਦਲਜੀਤ ਸਿੰਘ ਰਾਜੂ, ਗੁਰਦੀਪ ਸਿੰਘ ਦੀਪਾ, ਪੰਚਾਇਤ ਯੂਨੀਅਨ ਦੇ ਪ੍ਰਧਾਨ ਨਰਿੰਦਰ ਸਿੰਘ ਸਰਪੰਚ ਮਾਧੋਪੁਰ, ਗੁਰਦੀਪ ਸਿੰਘ ਕੰਗ, ਐਡਵੋਕੇਟ ਕਸ਼ਮੀਰ ਸਿੰਘ ਮੱਲ੍ਹੀ, ਬਲਵੀਰ ਠਾਕੁਰ, ਡਾ. ਜਤਿੰਦਰ ਕੁਮਾਰ ਚੱਬੇਵਾਲ, ਨਰਿੰਦਰ ਪਾਲ ਸਿੰਘ ਰਿਹਾਣਾ ਜੱਟਾਂ ਰਵੀ ਸਿੱਧੂ ਕੌਂਸਲਰ, ਅਮਰੀਕ ਸਿੰਘ ਸੀਕਰੀ, ਜੋਗਾ ਸਿੰਘ, ਰੇਸ਼ਮ ਸਿੰਘ ਲੱਖਪੁਰ, ਗੁਰਮੀਤ ਸਿੰਘ, ਕਸ਼ਮੀਰ ਸਿੰਘ ਚੌਹਾਨ, ਮੀਨਾ ਰਾਣੀ, ਕੁਲਵਿੰਦਰ ਸਿੰਘ ਕਾਲਾ, ਧਰਮਿੰਦਰ ਕੌਰ, ਵਿਜੇ ਕੁਮਾਰ, ਮੀਨਾ ਕੁਮਾਰੀ, ਰਜਤ ਕੁਮਾਰ, ਅਮਰਜੀਤ ਸਿੰਘ, ਪਲਵਿੰਦਰ ਸਿੰਘ, ਮਨਜੀਤ ਕੁਮਾਰ, ਸਤਵਿੰਦਰ ਸਿੰਘ, ਕੁਲਦੀਪ ਕੁਮਾਰ, ਬਲਵੀਰ ਚੰਦ, ਕੁਲਦੀਪ ਕੌਰ, ਸੁਦੇਸ਼ ਕੁਮਾਰ, ਰਣਜੀਤ ਰਾਮ, ਰਾਜਕਮਲ, ਜਸਵਿੰਦਰ ਕੌਰ, ਬਲਜੀਤ ਸਿੰਘ ਜੌਹਲ, ਰਾਣੋ, ਪ੍ਰਕਾਸ਼ ਸਿੰਘ, ਤਜਿੰਦਰ ਪਾਲ ਸਿੰਘ, ਗੁਰਜਿੰਦਰ ਸਿੰਘ, ਸੁਰਜੀਤ ਕੁਮਾਰ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਅਤੇ ਸਮਰਥਕ ਹਾਜ਼ਰ ਸਨ।



# ਆਜ਼ਾਦੀ ਦਿਹਾੜੇ ਤੇ ਕੁਸ਼ਲ ਕੁਮਾਰ ਸਨਮਾਨਤ

**ਕਪੂਰਥਲਾ (ਮਨਜੀਤ ਮਾਨ)**- 15 ਅਗਸਤ ਨੂੰ ਦੇਸ਼ ਭਰ ਵਿੱਚ ਜਿੱਥੇ ਆਜ਼ਾਦੀ ਦਿਹਾੜਾ ਪੂਰੇ ਜੋਸ਼ ਨਾਲ ਮਨਾਇਆ ਗਿਆ, ਉੱਥੇ ਕਪੂਰਥਲਾ ਜ਼ਿਲ੍ਹੇ ਵਿੱਚ ਗੁਰੂ ਨਾਨਕ ਸਟੇਡੀਅਮ ਵਿੱਚ ਆਯੋਜਿਤ ਇਸ ਆਜ਼ਾਦੀ ਦਿਵਸ ਸਮਾਗਮ ਵਿੱਚ ਵੱਖ-ਵੱਖ ਵਿਭਾਗਾਂ ਦੇ ਸ਼ਲਾਘਾਯੋਗ ਕਾਰਗੁਜ਼ਾਰੀ ਦਿਖਾਉਣ ਵਾਲੇ ਕਰਮਚਾਰੀਆਂ ਨੂੰ ਡਿਪਟੀ ਕਮਿਸ਼ਨਰ, ਕਪੂਰਥਲਾ ਵੱਲੋਂ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਸਮਾਰੋਹ ਵਿੱਚ ਕੁਸ਼ਲ ਕੁਮਾਰ, ਪੰਜਾਬੀ ਮਾਸਟਰ ਸਰਕਾਰੀ ਮਿਡਲ ਸਕੂਲ ਜਾਤੀਕੇ, ਕਪੂਰਥਲਾ ਨੂੰ ਵੀ ਵਿਭਾਗ ਵਿੱਚ ਉਨ੍ਹਾਂ ਦੀ ਉੱਚ ਵਿੱਦਿਆ ਯੋਗਤਾ, ਚੰਗੇ ਨਤੀਜੇ, ਸੇਵਾ ਦੌਰਾਨ ਸਿਖਲਾਈ ਸੈਮੀਨਾਰਾਂ ਵਿੱਚ ਭਾਗ ਲੈਣ, ਬਾਲਾ ਵਰਕਸ, ਸਮਾਰਟ ਸਕੂਲ, ਇਮਾਰਤ ਦੇ ਸੁੰਦਰੀਕਰਨ ਲਈ ਕੀਤੇ ਗਏ ਕੰਮਾਂ, ਨਵੀਂ ਇਮਾਰਤ ਦੀ ਉਸਾਰੀ ਲਈ ਐੱਨ ਆਰ ਆਈ ਪੰਜਾਬੀਆਂ ਤੋਂ ਲਏ ਸਹਿਯੋਗ, ਅਖ਼ਬਾਰਾਂ ਵਿੱਚ ਲਗਾਤਾਰ ਪ੍ਰਕਾਸ਼ਿਤ ਹੋਏ ਆਰਟੀਕਲਾਂ, ਸਿੱਖਿਆ ਵਿੱਚ ਆਈ ਟੀ ਸੀ/ਤਕਨੀਕੀ ਸਾਧਨਾਂ ਦੀ ਵਰਤੋਂ, ਅਧਿਆਪਕ ਦਿਵਸ ਮੌਕੇ ਮਿਲੇ ਜ਼ਿਲ੍ਹਾ ਪੱਧਰੀ ਸਨਮਾਨ ਅਤੇ ਸਰਕਾਰੀ ਸਕੀਮਾਂ ਨੂੰ ਜ਼ਮੀਨੀ ਪੱਧਰ ਤੇ ਲਾਗੂ ਕਰਨ ਆਦਿ ਕੰਮਾਂ ਕਾਰਨ ਇਹ ਪ੍ਰਸ਼ੰਸਾ ਪੱਤਰ ਮਿਲਿਆ। ਇਸ ਪ੍ਰਸ਼ੰਸਾ ਪੱਤਰ ਮਿਲਣ ਨਾਲ ਕੁਸ਼ਲ ਕੁਮਾਰ ਵੱਲੋਂ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਵੱਲ ਲੋਕਾਂ ਦਾ ਧਿਆਨ ਗਿਆ। ਅਧਿਆਪਕ ਭਾਈਚਾਰੇ ਅਤੇ ਇਲਾਕਾ ਨਿਵਾਸੀਆਂ ਵੱਲੋਂ ਕੁਸ਼ਲ ਕੁਮਾਰ ਨੂੰ ਵਧਾਈਆਂ ਮਿਲੀਆਂ। ਜ਼ਿਕਰਯੋਗ ਹੈ ਕਿ ਕੁਸ਼ਲ ਕੁਮਾਰ ਬੀ ਐੱਲ ਓ ਵਜੋਂ ਵੀ ਪਿਛਲੇ ਕਈ ਸਾਲਾਂ ਤੋਂ ਇਮਾਨਦਾਰੀ ਨਾਲ ਡਿਊਟੀ ਨਿਭਾਅ ਰਹੇ ਹਨ ਅਤੇ ਬੀ ਐੱਲ ਓ ਯੂਨੀਅਨ ਕਪੂਰਥਲਾ ਦੇ ਸਰਗਰਮ ਆਗੂ ਵੀ ਹਨ, ਜਿਸ ਕਾਰਨ ਬੀ ਐੱਲ ਓ ਲੱਗੇ ਹੋਰ ਕਰਮਚਾਰੀਆਂ ਵੱਲੋਂ ਵੀ ਉਹਨਾਂ ਨੂੰ ਵਧਾਈ ਸੁਨੇਹੇ ਭੇਜੇ ਗਏ ਕੁਸ਼ਲ ਕੁਮਾਰ ਨੇ ਇਸ ਵਿਸ਼ੇ ਤੇ ਪ੍ਰੈੱਸ ਨਾਲ ਗੱਲ ਕਰਦਿਆਂ ਆਪਣੇ ਵਿਭਾਗ ਦੇ ਅਧਿਕਾਰੀਆਂ ਦਾ ਧੰਨਵਾਦ ਕੀਤਾ।



# ਦੁਸਾਂਝ ਕਲਾਂ 'ਚ ਬੰਦ ਨੂੰ ਮਿਲਿਆ ਜੁਲਿਆ ਹੁੰਗਾਰਾ



**ਦੁਸਾਂਝ ਕਲਾਂ, (ਸੁਰਿੰਦਰਪਾਲ ਕੁੱਕੂ)**- ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਕੌਮੀ ਇਨਸਾਫ ਮੋਰਚਾ ਕਿਸਾਨ ਜਥੇਬੰਦੀ ਵਲੋਂ 21 ਅਗਸਤ ਨੂੰ ਪੰਜਾਬ ਬੰਦ ਦੀ ਕਾਲ ਦਿੱਤੀ ਗਈ ਸੀ। ਜਿਸ ਦੇ ਸਬੰਧ 'ਚ ਦੁਸਾਂਝ ਕਲਾਂ ਇਲਾਕੇ ਦੇ ਪਿੰਡਾਂ ਵਿੱਚ ਕੁੱਝ ਦੁਕਾਨਦਾਰਾਂ ਵਲੋਂ ਆਮ ਵਾਂਗ ਦੁਕਾਨਾਂ ਨੂੰ ਖੋਲਿਆ ਗਿਆ। ਬੱਸ ਅੱਡਾ ਦੁਸਾਂਝ ਕਲਾਂ ਵਿੱਚ ਵੀ ਦੁਕਾਨਦਾਰਾਂ ਵੱਲੋਂ ਦੁਕਾਨਾਂ ਬੰਦ ਰੱਖੀਆ ਗਈਆ ਅਤੇ ਕੁੱਝ ਦੁਕਾਨਦਾਰਾਂ ਵਲੋਂ ਦੁਕਾਨਾਂ ਨੂੰ ਰੋਜ ਦੀ ਤਰ੍ਹਾਂ ਖੋਲਿਆ ਗਿਆ। ਪਿੰਡ ਦੁਸਾਂਝ ਕਲਾਂ ਦੇ ਸਰਕਾਰੀ ਅਦਾਰੇ ਵੀ ਆਮ ਦੀ ਤਰ੍ਹਾਂ ਖੁੱਲ੍ਹੇ ਰਹੇ।

# ਇੰਟੀਗ੍ਰੇਟਿਡ ਪਬਲਿਕ ਹੈਲਥ ਲੈਬ ਅਗਲੇ ਮਹੀਨੇ ਤੋਂ ਹੋਵੇਗੀ ਚਾਲੂ

**ਕਪੂਰਥਲਾ (ਮਨਜੀਤ ਮਾਨ)**- ਕਪੂਰਥਲਾ ਦੇ ਸਰਕਾਰੀ ਹਸਪਤਾਲ ਵਿਖੇ 1.25 ਕਰੋੜ ਰੁਪਏ ਦੀ ਲਾਗਤ ਨਾਲ ਸਥਾਪਿਤ ਕੀਤੀ ਜਾ ਰਹੀ ਇੰਟੀਗ੍ਰੇਟਿਡ ਪਬਲਿਕ ਹੈਲਥ ਲੈਬ ਨਾਲ ਜ਼ਿਲ੍ਹੇ ਦੇ ਜਨਤਕ ਸਿਹਤ ਢਾਂਚੇ ਨੂੰ ਵੱਡਾ ਹੁਲਾਰਾ ਮਿਲਣ ਜਾ ਰਿਹਾ ਹੈ। ਲੈਬਾਰਟਰੀ ਦੀ ਇਮਾਰਤ ਦਾ ਨਿਰਮਾਣ ਕਾਰਜ ਅੰਤਿਮ ਪੜਾਅ 'ਤੇ ਹੈ ਅਤੇ ਇਹ ਲੈਬ ਅਗਲੇ ਮਹੀਨੇ ਤੋਂ ਕਾਰਜਸ਼ੀਲ ਹੋ ਜਾਵੇਗੀ। ਪ੍ਰਧਾਨ ਮੰਤਰੀ ਆਯੁਸ਼ਮਾਨ ਭਾਰਤ ਹੈਲਥ ਇੰਨਫਰਾਸਟ੍ਰਕਚਰ ਮਿਸ਼ਨ ਤਹਿਤ ਸਥਾਪਿਤ ਕੀਤੀ ਜਾ ਰਹੀ ਇਹ ਦੋ-ਮੰਜ਼ਿਲਾ ਇੰਟੀਗ੍ਰੇਟਿਡ ਪਬਲਿਕ ਹੈਲਥ ਲੈਬ ਲਗਭਗ 5,000 ਵਰਗ ਫੁੱਟ 'ਚ ਫੈਲੀ ਹੋਵੇਗੀ, ਜਿਸ ਦੀ ਗਰਾਊਂਡ ਅਤੇ ਪਹਿਲੀ ਮੰਜ਼ਿਲ 'ਤੇ 2,500–2,500 ਵਰਗ ਫੁੱਟ ਜਗ੍ਹਾ ਹੈ। ਇਸ ਅਤਿ-ਆਧੁਨਿਕ ਸਹੂਲਤ ਦੀਆਂ ਦੋਵੇਂ ਮੰਜ਼ਿਲਾਂ 'ਤੇ ਮਹੱਤਵਪੂਰਨ ਡਾਇਗਨੌਸਟਿਕ ਸੈਕਸ਼ਨ ਹੋਣਗੇ। ਗਰਾਊਂਡ ਫਲੋਰ 'ਤੇ ਹੀਮਾਟੋਲੋਜੀ ਅਤੇ ਬਾਇਓਕੈਮਿਸਟਰੀ, ਪੀ.ਸੀ.ਆਰ. ਰੂਮ, ਮਾਸਟਰ ਮਿਕਸ ਰੂਮ, ਐਕਸਟ੍ਰੈਕਸ਼ਨ ਰੂਮ, ਮੋਲੇਕਿਊਲਰ ਡਾਇਗਨੌਸਟਿਕ ਵਾਇਰੋਲੋਜੀ, ਕੋਲਡ ਰੂਮ, ਸੈਂਪਲ ਕਲੈਕਸ਼ਨ, ਸਟੋਰ, ਡੋਨਿੰਗ ਅਤੇ ਡੋਫਿੰਗ ਏਰੀਆ ਦੇ ਨਾਲ-ਨਾਲ ਹੋਰ ਸਹਾਇਕ ਸਹੂਲਤਾਂ ਸ਼ਾਮਲ ਹੋਣਗੀਆਂ। ਪਹਿਲੀ ਮੰਜ਼ਿਲ 'ਤੇ ਸਾਈਟੋਲੋਜੀ ਅਤੇ ਸੇਰੋਲੋਜੀ, ਕਲਚਰ ਮੀਡੀਆ, ਮਾਈਕੋ ਬੈਕਟੀਰੀਓਲੋਜੀ, ਬੈਕਟੀਰੀਓਲੋਜੀ, ਵਾਸ਼ਿੰਗ ਅਤੇ ਸਟਰਲਾਈਜ਼ਿੰਗ ਸੁਵਿਧਾਵਾਂ ਅਤੇ ਕਲੀਨਿਕਲ ਪੈਥੋਲੋਜੀ ਲੈਬਾਰਟਰੀ ਦੇ ਨਾਲ ਸਟਾਫ ਅਤੇ ਹੋਰ ਸਹਾਇਕ ਖੇਤਰ ਹੋਣਗੇ। ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਦੱਸਿਆ ਕਿ ਇੰਟੀਗ੍ਰੇਟਿਡ ਪਬਲਿਕ ਹੈਲਥ ਲੈਬ ਦੀ ਸਥਾਪਨਾ ਨਾਲ ਜ਼ਿਲ੍ਹੇ ਦੇ ਵਸਨੀਕਾਂ ਨੂੰ ਮਿਲਣ ਵਾਲੀਆਂ ਡਾਇਗਨੌਸਟਿਕ ਸੇਵਾਵਾਂ ਵਿੱਚ ਵੱਡਾ ਸੁਧਾਰ ਹੋਵੇਗਾ ਅਤੇ ਵੱਖ-ਵੱਖ ਤਰ੍ਹਾਂ ਦੇ ਵਿਸ਼ੇਸ਼ ਟੈਸਟਾਂ ਅਤੇ ਲੈਬਾਰਟਰੀ ਸੇਵਾਵਾਂ ਉਪਲਬਧ ਹੋਣ ਨਾਲ ਮਰੀਜ਼ਾਂ ਨੂੰ ਵੱਖ-ਵੱਖ ਜਾਂਚਾਂ ਲਈ ਇੱਕ ਥਾਂ ਤੋਂ ਦੂਜੀ ਥਾਂ ਨਹੀਂ ਭਟਕਣਾ ਪਵੇਗਾ, ਜਿਸ ਨਾਲ ਉਨ੍ਹਾਂ ਦੇ ਕੀਮਤੀ ਸਮੇਂ, ਮਿਹਨਤ ਅਤੇ ਪੈਸੇ ਦੀ ਬਚਤ ਹੋਵੇਗੀ। ਸਿਵਲ ਸਰਜਨ ਡਾ. ਰਾਜੀਵ ਪਰਾਸ਼ਰ ਨੇ ਦੱਸਿਆ ਕਿ ਇੰਟੀਗ੍ਰੇਟਿਡ ਪਬਲਿਕ ਹੈਲਥ ਲੈਬ ਛੂਤ ਦੀਆਂ ਅਤੇ ਹੋਰ ਬੀਮਾਰੀਆਂ ਦੀ ਪਛਾਣ, ਬੀਮਾਰੀਆਂ ਦੇ ਫੈਲਣ ਦੀ ਤੇਜ਼ੀ ਨਾਲ ਜਾਂਚ, ਬੈਕਟੀਰੀਆ, ਵਾਇਰਸ ਆਦਿ ਲਈ ਮਾਈਕ੍ਰੋਬਾਇਓਲੋਜੀਕਲ ਟੈਸਟਿੰਗ ਅਤੇ ਪੀ.ਸੀ.ਆਰ.-ਅਧਾਰਿਤ ਜਾਂਚਾਂ ਸਮੇਤ ਹੀਮਾਟੋਲੋਜੀ, ਬਾਇਓਕੈਮਿਸਟਰੀ ਅਤੇ ਮੋਲੇਕਿਊਲਰ ਟੈਸਟਾਂ ਦੀ ਲੜੀ ਦੀ ਸੁਵਿਧਾ ਦੇ ਕੇ ਜਨਤਕ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗੀ।



# ਇਲੈਕਟ੍ਰਾਨਿਕਸ ਅਤੇ ਕਮਿਊਨੀਕੇਸ਼ਨ ਇੰਜੀਨੀਅਰਿੰਗ ਵਿਭਾਗ ਵੱਲੋਂ ਸੈਮੀਨਾਰ

**ਜਲੰਧਰ (ਸ਼ੈਲੀ ਐਲਬਰਟ)**- ਡਾ. ਜਗਰੂਪ ਸਿੰਘ, ਪ੍ਰਿੰਸੀਪਲ ਦੀ ਅਗਵਾਈ ਅਤੇ ਇੰਜੀ. ਮਨੀਸ਼ ਸਚਦੇਵਾ, ਮੁਖੀ, ਇਲੈਕਟ੍ਰਾਨਿਕਸ ਅਤੇ ਕਮਿਊਨੀਕੇਸ਼ਨ ਇੰਜੀਨੀਅਰਿੰਗ ਵਿਭਾਗ ਦੇ ਯੋਗ ਮਾਰਗਦਰਸ਼ਨ ਹੇਠ ਮੇਹਰ ਚੰਦ ਪੋਲੀਟੈਕਨਿਕ ਕਾਲਜ, ਜਲੰਧਰ ਦੇ ਇਲੈਕਟ੍ਰਾਨਿਕਸ ਅਤੇ ਕਮਿਊਨੀਕੇਸ਼ਨ ਇੰਜੀਨੀਅਰਿੰਗ ਵਿਭਾਗ ਵੱਲੋਂ ਇਨੋਵੇਟਿਵ ਐਂਡ ਇਮਰਜਿੰਗ ਟੈਕਨਾਲੋਜੀਜ਼ ਆਫ਼ ਇਲੈਕਟ੍ਰਾਨਿਕਸ ਵਿਸ਼ੇ 'ਤੇ ਇੱਕ ਆਨਲਾਈਨ ਸੈਮੀਨਾਰ ਕਰਵਾਇਆ ਗਿਆ। ਇਹ ਸੈਮੀਨਾਰ ਇੰਜੀ. ਕੰਵਰਪ੍ਰੀਤ ਸਿੰਘ, ਫਾਊਂਡਰ, ਅਤੇ ਇੰਜੀ. ਕਰਨਵੀਰ ਚੌਹਾਨ, ਕੋ-ਫਾਊਂਡਰ, ਇਨੋਵੇਟਿਕਸ ਟੈਕਨਾਲੋਜੀਜ਼, ਜਲੰਧਰ ਵੱਲੋਂ ਕਰਵਾਇਆ ਗਿਆ। ਸੈਸ਼ਨ ਦੀ ਸ਼ੁਰੂਆਤ ਵਿੱਚ ਮਿਸ ਪ੍ਰੀਤ ਕੰਵਲ, ਲੈਕਚਰਾਰ, ਈ.ਸੀ.ਈ. ਨੇ ਸਾਰੇ ਐਕਸਪਰਟ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ। ਮਾਹਿਰਾਂ ਨੇ ਵਿਦਿਆਰਥੀਆਂ ਨੂੰ ਕਈ ਨਵੀਆਂ ਅਤੇ ਭਵਿੱਖ ਨਾਲ ਜੁੜੀਆਂ ਤਕਨਾਲੋਜੀਆਂ ਬਾਰੇ ਜਾਣਕਾਰੀ ਦਿੱਤੀ। ਇਨ੍ਹਾਂ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ, ਇੰਟਰਨੈੱਟ ਆਫ਼ ਥਿੰਗਜ਼, ਰੋਬੋਟਿਕਸ, ਡਰੋਨ, ਇਲੈਕਟ੍ਰਿਕ ਵਾਹਨ, ਚਿੱਪ ਡਿਜ਼ਾਈਨ, ਕੰਪਿਊਟਰ-ਏਡਿਡ ਡਿਜ਼ਾਈਨ ਆਦਿ ਸ਼ਾਮਲ ਸਨ। ਇੰਜੀ. ਕਰਨਵੀਰ ਚੌਹਾਨ ਨੇ ਵਿਦਿਆਰਥੀਆਂ ਨਾਲ ਇਲੈਕਟ੍ਰਾਨਿਕਸ ਦੇ ਖੇਤਰ ਵਿੱਚ ਹੋ ਰਹੀਆਂ ਨਵੀਆਂ ਤਬਦੀਲੀਆਂ, ਇਨ੍ਹਾਂ ਤਕਨਾਲੋਜੀਆਂ ਦੇ ਵਿਹਾਰਕ ਉਪਯੋਗਾਂ ਅਤੇ ਰੋਜ਼ਗਾਰ ਦੇ ਮੌਕਿਆਂ ਬਾਰੇ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਮਾਹਿਰਾਂ ਨੇ ਵਿਦਿਆਰਥੀਆਂ ਨੂੰ ਸਿਰਫ਼ ਕਿਤਾਬੀ ਗਿਆਨ ਤੱਕ ਸੀਮਿਤ ਨਾ ਰਹਿਣ ਅਤੇ ਆਪਣੀਆਂ ਤਕਨੀਕੀ ਯੋਗਤਾਵਾਂ ਨੂੰ ਵਧਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੰਬੰਧਿਤ ਪ੍ਰਾਜੈਕਟ ਅਤੇ ਮਾਡਲ ਤਿਆਰ ਕਰਨ ਲਈ ਉਤਸ਼ਾਹਿਤ ਕੀਤਾ, ਜੋ ਅਸਲ ਜ਼ਿੰਦਗੀ ਦੀਆਂ ਸਮੱਸਿਆਵਾਂ ਦਾ ਹੱਲ ਕਰ ਸਕਣ।ਸੈਮੀਨਾਰ ਦੌਰਾਨ ਮਿਸ ਮਨਿੰਦਰ ਕੌਰ, ਲੈਕਚਰਾਰ, ਸ੍ਰੀ ਸੰਜੀਵ ਨਰਤਾ, ਲੈਕਚਰਾਰ, ਈ ਸੀ ਈ ਵੀ ਹਾਜ਼ਰ ਸਨ।

# ਭਜਨ 'ਭਗਤ ਪਿਆਰੇ ਚਾਨੋ ਦੇ' ਸਿੰਗਲ ਟਰੈਕ ਰਿਲੀਜ਼

**ਬੰਗਾ (ਅਵਤਾਰ ਕਲੇਰ)**- ਧੰਨ ਧੰਨ ਸਿੱਧ ਚਾਨੋ ਮਾਹਰਾਜ ਜੀ ਦੀ ਮਹਿਮਾਂ ਦੇ ਗੁਣਗਾਨ ਕਰਦੇ ਨਵੇਂ ਭਜਨ ਭਗਤ ਪਿਆਰੇ ਚਾਨੋ ਦੇ ਦਾ ਪੋਸਟਰ ਸਿੱਧ ਚਾਨੋ ਦਰਬਾਰ ਪਿੰਡ ਚੇਤਾ ਦੇ ਗੱਦੀ ਨਸ਼ੀਨ ਭਗਤ ਅਵਤਾਰ, ਬਾਬਾ ਸ਼ਸ਼ੀ ਵਲੋਂ ਸੰਗਤਾਂ ਦੀ ਹਾਜ਼ਰੀ 'ਚ ਰਿਲੀਜ਼ ਕੀਤਾ ਗਿਆ। ਇਸ ਭਜਨ ਨੂੰ ਗਾਇਕ ਰਣਵੀਰ ਬੇਰਾਜ ਵਲੋਂ ਗਾਇਆ ਗਿਆ ਹੈ ਅਤੇ ਇਸ ਨੂੰ ਕਲਮਬੱਧ ਵੀ ਰਣਵੀਰ ਬੇਰਾਜ ਵਲੋਂ ਹੀ ਕੀਤਾ ਗਿਆ ਹੈ। ਇਸ ਨੂੰ ਕੌਰ ਸਿਸਟਰਜ਼ ਚੈਨਲ ਵੱਲੋਂ ਪੇਸ਼ ਕੀਤਾ ਗਿਆ ਹੈ। ਇਹ ਭਜਨ ਸਿੱਧ ਚਾਨੋ ਦੇ ਭਗਤਾਂ ਨੂੰ ਬਹੁਤ ਹੀ ਪਸੰਦ ਆਵੇਗਾ। ਇਸ ਮੌਕੇ ਭਗਤ ਅਵਤਾਰ, ਬਾਬਾ ਸ਼ਸ਼ੀ, ਗਾਇਕ ਰਣਵੀਰ ਬੇਰਾਜ, ਪ੍ਰਮੀਤ ਕੌਰ, ਹਰਮੀਤ ਕੌਰ, ਯਸ਼ ਆਦਿ ਸੰਗਤਾਂ ਹਾਜ਼ਰ ਸਨ।




# ਨਸ਼ੇ ਦੀਆਂ ਗੋਲੀਆਂ ਸਮੇਤ 2 ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਪੁਲਿਸ ਵਲੋ 50 ਨਸ਼ੇ ਦੀਆਂ ਗੋਲੀਆਂ ਸਮੇਤ ਦੋ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ। ਪਹਿਲੇ ਮਾਮਲੇ ਵਿਚ ਪੁਲਿਸ ਨੇ ਇਕ ਵਿਅਕਤੀ ਨੂੰ 20 ਨਸ਼ੇ ਦੀਆਂ ਗੋਲੀਆਂ ਸਮੇਤ ਕਾਬੂ ਕੀਤਾ ਹੈ। ਪੁਲਸ ਥਾਨਾ ਰਾਹੋਂ ਵਿਖੇ ਏ ਐੱਸ ਆਈ ਮੋਹਨ ਲਾਲ ਨੇ ਦੱਸਿਆ ਕਿ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਰਾਹੋਂ ਤੋਂ ਪਿੰਡ ਭਾਰਟਾਂ ਕਲਾਂ ਤੋਂ ਹੁੰਦੇ ਹੋਏ, ਬਿਸਤ ਦੁਆਬ ਨਹਿਰ ਵੱਲ ਨੂੰ ਜਾ ਰਹੇ ਸੀ ਤਾਂ ਜਦੋਂ ਪੁਲਸ ਪਾਰਟੀ ਟੀ-ਪੁਆਇੰਟ ਨਹਿਰ ਨੇੜੇ ਪੁੱਜੀ ਤਾਂ ਪਿੰਡ ਘੁੱਕੇਵਾਲ ਸਾਈਡ ਤੋਂ ਇੱਕ ਨੌਜਵਾਨ ਪੈਦਲ ਆਉਂਦਾ ਦਿਖਾਈ ਦਿੱਤਾ। ਜੋ ਪੁਲਿਸ ਪਾਰਟੀ ਦੀ ਸਰਕਾਰੀ ਗੱਡੀ ਨੂੰ ਦੇਖ ਕੇ ਘਬਰਾ ਕੇ ਆਪਣੇ ਪਹਿਨੇ ਹੋਏ ਲੋਅਰ ਦੀ ਸੱਜੀ ਜੇਬ ਵਿਚੋਂ ਇੱਕ ਵਜਨਦਾਰ ਪਾਰਦਰਸ਼ੀ ਮੋਮੀ ਲਿਫਾਫੀ ਕੱਢ ਕੇ ਆਪਣੇ ਸੱਜੇ ਹੱਥ ਸੜਕ ਦੇ ਕਿਨਾਰੇ ਸੁੱਟ ਕੇ ਪਿਛਾਹ ਨੂੰ ਮੁੜ ਕੇ ਮੌਕਾ ਤੋਂ ਖਿਸਕਣ ਲੱਗਾ। ਕਾਬੂ ਕੀਤੇ ਨੌਜਵਾਨ ਨੇ ਆਪਣਾ ਨਾਂਅ ਗੁਰਮੁੱਖ ਦੱਸਿਆ। ਉਸ ਵੱਲੋਂ ਸੁੱਟੀ ਪਾਰਦਰਸ਼ੀ ਮੋਮੀ ਲਿਫਾਫੀ ਨੂੰ ਚੁੱਕ ਕੇ ਚੈਕ ਕੀਤਾ ਤਾਂ 20 ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਈਆਂ। ਪੁਲਸ ਨੇ ਮਾਮਲਾ ਦਰਜ ਕੀਤਾ ਹੈ।ਇਸੇ ਤਰ੍ਹਾਂ ਦੂਸਰੇ ਮਾਮਲੇ ਵਿਚ ਪੁਲਿਸ ਨੇ 30 ਨਸ਼ੇ ਦੀਆਂ ਗੋਲੀਆਂ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਪੁਲਿਸ ਥਾਣਾ ਸਿਟੀ ਬਲਾਚੌਰ ਦੇ ਐੱਚਸੀ ਨਰਿੰਦਰ ਸਿੰਘ ਨੇ ਦੱਸਿਆ ਕਿ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਦੌਰਾਨ ਤੇ ਵ੍ਹੀਕਲਾਂ ਦੇ ਸਬੰਧ ਵਿਚ ਮੰਢਿਆਣੀ ਗੇਟ ਤੋਂ ਹੁੰਦੇ ਹੋਏ ਜਗਤਪੁਰ ਸਾਈਡ ਨੂੰ ਜਾ ਰਹੇ ਸੀ ਤਾਂ ਜਦੋਂ ਪੁਲਿਸ ਪਾਰਟੀ ਨਗਰ ਕੌਂਸਲ ਕੂੜਾ ਡੰਪ ਪਾਸ ਪੁੱਜੀ ਤਾਂ ਇੱਕ ਨੌਜਵਾਨ ਖੜ੍ਹਾ ਦਿਖਾਈ ਦਿੱਤਾ। ਜਿਸ ਨੇ ਪੁਲਿਸ ਪਾਰਟੀ ਦੀ ਗੱਡੀ ਨੂੰ ਆਉਂਦੇ ਦੇਖ ਕੇ ਆਪਣੀ ਪੈਂਟ ਦੀ ਜੇਬ ਵਿੱਚੋਂ ਪਾਰਦਰਸ਼ੀ ਲਿਫਾਫੀ ਘਾਹ ਫੂਸ ਵਿਚ ਸੁੱਟ ਦਿੱਤੀ। ਜਿਸ ਤੇ ਸ਼ੱਕ ਹੋਣ ਕਾਬੂ ਕਰ ਕੇ ਨਾਂਅ ਪਤਾ ਪੁੱਛਿਆ ਅਤੇ ਉਸ ਵੱਲੋ ਸੁੱਟੀ ਪਾਰਦਰਸ਼ੀ ਲਿਫਾਫੀ ਬਾਰੇ ਪੁੱਛਿਆ ਜਿਸ ਨੇ ਆਪਣਾ ਦੇਸ ਰਾਜ ਉਰਫ ਦੇਸਾ ਤੇ ਸੁੱਟੀ ਹੋਈ ਚੀਜ਼ ਨੂੰ ਨਸ਼ੇ ਦੀਆਂ ਗੋਲੀਆਂ ਹੋਣ ਬਾਰੇ ਦੱਸਿਆ ਜਿਸ ਨੂੰ ਚੈੱਕ ਕਰਨ 'ਤੇ ਕੁੱਲ 30 ਨਸ਼ੇ ਦੀਆਂ ਗੋਲੀਆਂ ਬਰਾਮਦ ਹੋਈਆਂ। ਪੁਲਸ ਨੇ ਕਥਿਤ ਮੁਲਜ਼ਮ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।

# ਡੀ ਟੀ ਐੱਫ ਨੇ ਡੀ ਈ ਓ ਨੂੰ ਦਿੱਤਾ ਮੰਗ ਪੱਤਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ (ਡੀ ਟੀ ਐੱਫ਼) ਜ਼ਿਲ੍ਹਾ ਇਕਾਈ ਹੁਸ਼ਿਆਰਪੁਰ ਦਾ ਇੱਕ ਵਫ਼ਦ ਜਥੇਬੰਦੀ ਦੇ ਸੂਬਾ ਸੰਯੁਕਤ ਸਕੱਤਰ ਮੁਕੇਸ਼ ਗੁਜਰਾਤੀ, ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਜ਼ਿਲ੍ਹਾ ਜਨਰਲ ਸਕੱਤਰ ਇੰਦਰ ਸੁਖਦੀਪ ਸਿੰਘ ਓਢਰਾ, ਵਿੱਤ ਸਕੱਤਰ ਮਨਜੀਤ ਸਿੰਘ ਦਸੂਹਾ ਅਤੇ ਜੁਆਇੰਟ ਸਕੱਤਰ ਪ੍ਰਵੀਨ ਸ਼ੇਰਪੁਰ ਦੀ ਅਗਵਾਈ ਹੇਠ ਡੀ ਈ ਓ (ਪ੍ਰਾਇਮਰੀ/ਸੈਕੰਡਰੀ) ਹਰਜਿੰਦਰ ਕੌਰ ਤੇ ਡਿਪਟੀ ਡੀ ਈ ਓ (ਪ੍ਰਾਇਮਰੀ) ਅਮਨਦੀਪ ਸ਼ਰਮਾ ਨੂੰ ਮਿਲਿਆ ਅਤੇ ਉਨ੍ਹਾਂ ਨੂੰ ਜ਼ਿਲ੍ਹੇ ਦੇ ਅਧਿਆਪਕਾਂ, ਵਿਦਿਆਰਥੀਆਂ ਅਤੇ ਸਕੂਲਾਂ ਦੀਆਂ ਮੰਗਾਂ ਸਬੰਧੀ ਇੱਕ ਮੰਗ ਪੱਤਰ ਸੌਂਪਿਆ ਜਿਸ ਰਾਹੀਂ ਉਨ੍ਹਾਂ ਮੰਗ ਕੀਤੀ ਕਿ ਪ੍ਰਾਇਮਰੀ ਦੇ ਸਮੂਹ ਕੇਡਰਾਂ ਦੀਆਂ ਤਰੱਕੀਆਂ ਕਰਕੇ ਬੀ ਪੀ ਈ ਓ, ਸੈਂਟਰ ਹੈੱਡ ਟੀਚਰ ਤੇ ਹੈੱਡ ਟੀਚਰਾਂ ਦੀਆਂ ਖ਼ਾਲੀ ਅਸਾਮੀਆਂ ਭਰੀਆਂ ਜਾਣ, ਜ਼ਿਲ੍ਹੇ ਦੇ ਸਾਰੇ ਬਲਾਕਾਂ ਵਿੱਚ ਤਨਖਾਹਾਂ ਅਤੇ ਬਕਾਇਆਂ ਦੀਆਂ ਅਦਾਇਗੀਆਂ ਸਮੇਂ ਸਿਰ ਅਤੇ ਬਿਨਾਂ ਕਿਸੇ ਭ੍ਰਿਸ਼ਟਾਚਾਰ ਤੋਂ ਕਰਨੀਆਂ ਯਕੀਨੀ ਬਣਾਈਆਂ ਜਾਣ, ਮਿਡ-ਡੇ-ਮੀਲ ਦੀ ਗ੍ਰਾਂਟ ਤੁਰੰਤ ਜਾਰੀ ਕੀਤੀ ਜਾਵੇ, ਸਕੂਲਾਂ ਦੇ ਸਿਵਲ ਵਰਕਸ ਦੀਆਂ ਗ੍ਰਾਂਟਾਂ ਦੀ ਰਾਸ਼ੀ ਤੁਰੰਤ ਜਾਰੀ ਕੀਤੀ ਜਾਵੇ, ਵਰਦੀਆਂ ਦੀਆਂ ਲੈਪਸ ਹੋਈਆਂ ਗ੍ਰਾਂਟਾਂ ਤੁਰੰਤ ਜਾਰੀ ਕੀਤੀਆਂ ਜਾਣ, ਪਿਛਲੇ ਵਿੱਤੀ ਵਰ੍ਹੇ ਦੀਆਂ ਲੈਪਸ ਹੋਈਆਂ ਗ੍ਰਾਂਟਾਂ ਵੀ ਤੁਰੰਤ ਜਾਰੀ ਕੀਤੀਆਂ ਜਾਣ, ਸਿੰਗਲ ਟੀਚਰ ਅਧਿਆਪਕਾਂ ਵਾਲ਼ੇ ਪ੍ਰਾਇਮਰੀ ਸਕੂਲਾਂ ਵਿੱਚ ਘੱਟੋ-ਘੱਟ ਇੱਕ ਅਧਿਆਪਕ ਹੋਰ ਦਿੱਤਾ ਜਾਵੇ ਅਤੇ ਜ਼ਿਲ੍ਹੇ ਵਿੱਚ ਕੋਈ ਵੀ ਸਿੰਗਲ ਟੀਚਰ ਸਕੂਲ ਨਾ ਰਹਿਣ ਦਿੱਤਾ ਜਾਵੇ, ਦੋਹਾਂ ਸਿੱਖਿਆ ਅਧਿਕਾਰੀਆਂ ਨੇ ਵਫ਼ਦ ਤੋਂ ਮੰਗ ਪੱਤਰ ਪ੍ਰਾਪਤ ਕੀਤਾ ਅਤੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਜਲਦ ਹੀ ਯੂਨੀਅਨ ਨਾਲ ਮੀਟਿੰਗ ਕਰਕੇ ਇਨ੍ਹਾਂ ਮੰਗਾਂ ਦਾ ਹੱਲ ਕਰਨਗੇ।

ਇਸ ਵਫ਼ਦ ਵਿੱਚ ਪ੍ਰੈੱਸ ਸਕੱਤਰ ਬਲਜੀਤ ਸਿੰਘ ਮਹਿਮੋਵਾਲ, ਮੀਤ ਪ੍ਰਧਾਨ ਰਜਿੰਦਰ ਹੇਜਮਾਂ, ਨੰਦ ਰਾਮ, ਵਰਿੰਦਰ ਸੈਣੀ, ਰਾਕੇਸ਼ ਕੁਮਾਰ, ਬਲਬੀਰ ਸਿੰਘ ਧਾਮੀ, ਬਲਜਿੰਦਰ ਸਹੋਤਾ, ਰਜਿੰਦਰ ਕੁਮਾਰ ਅਤੇ ਦਲਜੀਤ ਸਿੰਘ ਮੱਛਰੀਵਾਲ ਆਦਿ ਆਗੂ ਵੀ ਸ਼ਾਮਿਲ ਸਨ।



# ਮਸ਼ਾਲ ਮਾਰਚ ਦਾ ਖੱਟਕੜ ਕਲਾਂ ਵਿਖੇ ਸਵਾਗਤ

**ਬੰਗਾ (ਅਵਤਾਰ ਕਲੇਰ)**- 'ਖੇਡਾਂ ਵਤਨ ਪੰਜਾਬ ਦੀਆਂ' ਦੀ ਮਸ਼ਾਲ ਦਾ ਬੰਗਾ ਵਿਖੇ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਵੱਲੋਂ ਬਹੁਤ ਹੀ ਸ਼ਾਨਦਾਰ ਅਤੇ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਇਸ ਮੌਕੇ ਬੰਗਾ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ, ਸਪੋਰਟਸ ਚੇਅਰਪਰਸਨ ਬੰਗਾ ਭੁੱਲਰ, ਜ਼ਿਲ੍ਹਾ ਖੇਡ ਅਫਸਰ ਵੰਦਨਾ ਚੌਹਾਨ ਅਤੇ ਰਾਸ਼ਟਰੀ ਪੱਧਰ ਦੇ ਖਿਡਾਰੀ, ਅਥਲੀਟ ਅਤੇ ਹੋਰ ਪਤਵੰਤੇ ਮੌਜੂਦ ਰਹੇ। ਮਸ਼ਾਲ ਦਾ ਪੂਰੇ ਮਾਣ-ਸਨਮਾਨ ਨਾਲ ਸਵਾਗਤ ਕੀਤਾ ਗਿਆ ਅਤੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਨੂੰ ਸ਼ਰਧਾ ਸਹਿਤ ਮੱਥਾ ਟੇਕਿਆ ਗਿਆ। ਇਸ ਮੌਕੇ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਵਿੱਚ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਉਪਰੰਤ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਵੱਲੋਂ ਮਸ਼ਾਲ ਨੂੰ ਮਾਣ-ਸਨਮਾਨ ਸਹਿਤ ਅਗਲੇ ਪੜਾਅ ਜਲੰਧਰ ਜ਼ਿਲ੍ਹੇ ਵੱਲ ਰਵਾਨਾ ਕੀਤਾ ਗਿਆ। ਇਸ ਮੌਕੇ ਤੇ ਡਾ ਸੁਖਵਿੰਦਰ ਕੁਮਾਰ ਸੁੱਖੀ ਨੇ ਕਿਹਾ ਕਿ ਖੇਡਾਂ ਸਾਡੇ ਜੀਵਨ ਦਾ ਅਹਿਮ ਅੰਗ ਹਨ ਅਤੇ ਖੇਡਾਂ ਸਾਡੇ ਸਰੀਰ ਨੂੰ ਤੰਦਰੁਸਤ ਰੱਖਦੀਆਂ ਹਨ।

ਉਹਨਾਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਖੇਡਾਂ ਨੂੰ ਪ੍ਰਫੁਲਤ ਕਰ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਮਸ਼ਾਲ ਪੰਜਾਬ ਦੇ ਨੌਜਵਾਨਾਂ ਖਿਡਾਰੀਆਂ ਵਿੱਚ ਖੇਡ ਭਾਵਨਾ, ਏਕਤਾ ਅਤੇ ਖੇਡਾਂ ਪ੍ਰਤੀ ਉਤਸਾਹ ਦਾ ਸੰਦੇਸ਼ ਪਹੁੰਚਾ ਰਹੀ ਹੈ।




# ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੂਰਬ ਅੱਜ ਮਨਾਇਆ ਜਾਵੇਗਾ

**ਫਿਲੌਰ, (ਨਿਰਮਲ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 650ਵਾਂ ਪ੍ਰਕਾਸ਼ ਪੂਰਬ 22 ਅਗਸਤ ਨੂੰ ਜ਼ਿਲ੍ਹਾ ਪ੍ਰਸ਼ਾਸਨ ਜਲੰਧਰ ਵੱਲੋਂ ਕੀਰਤਨ ਸਮਾਗਮ ਦਾਣਾ ਮੰਡੀ ਫਿਲੌਰ ਪਿੰਡ ਸੈਫਾਬਾਦ ਵਿਖੇ ਬੜੀ ਸ਼ਰਧਾ ਅਤੇ ਧੂਮ ਧਾਮ ਨਾਲ ਮਨਾਇਆ ਜਾਵੇਗਾ। ਇਹ ਸਮਾਗਮ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਹੋਵੇਗਾ ਪ੍ਰਸਿੱਧ ਕੀਰਤਨੀ ਜਥੇ ਭਾਈ ਗੁਰਮੀਤ ਸਿੰਘ ਜੀ, ਭਾਈ ਰਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਹਰਮਿੰਦਰ ਸਾਹਿਬ, ਭਾਈ ਦਵਿੰਦਰ ਸਿੰਘ ਸੋਢੀ ਰਾਗੀ ਲੁਧਿਆਣਾ ਵਾਲੇ ਆਪਣੇ ਮਨੋਹਰ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਡੀ.ਸੀ ਜਲੰਧਰ ਵਰਜੀਤ ਵਾਲੀਆ ਅਤੇ ਅਮਨਿੰਦਰ ਕੌਰ ਵਧੀਕ ਡਿਪਟੀ ਕਮਿਸ਼ਨਰ ਜਨਰਲ ਵਿਸ਼ੇਸ਼ ਤੌਰ 'ਤੇ ਪੁੱਜਣਗੇ ।

# ਖੁਰਾਣਾ ਪਰਵਾਰ ਨੇ ਲਗਾਇਆ ਲੰਗਰ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵੰਦਰ ਸੰਧੂ)** ਮਾਤਾ ਚਿੰਤਪੁਰਨੀ ਜੀ ਦੇ ਸਾਵਣ ਮਹੀਨੇ ਨੂੰ ਮੁੱਖ ਰੱਖਦਿਆਂ ਖੁਰਾਣਾ ਪਰਵਾਰ ਵੱਲੋਂ ਟਾਂਡਾ ਵਿਖੇ ਸ਼ਰਧਾਲੂਆਂ ਅਤੇ ਯਾਤਰੀਆਂ ਲਈ ਲੰਗਰ ਲਗਾਇਆ ਗਿਆ। ਇਸ ਮੌਕੇ ਜਵਾਹਰ ਲਾਲ ਖੁਰਾਣਾਸਾਬਕਾ ਚੇਅਰਮੈਨ ਜ਼ਿਲ੍ਹਾ ਪਲੈਨਿੰਗ ਬੋਰਡ ਅਤੇ ਸੀਨੀਅਰ ਭਾਜਪਾ ਨੇਤਾ ਵੱਲੋਂ ਮਾਤਾ ਚਿੰਤਪੁਰਨੀ ਦੇ ਦਰਸ਼ਨਾਂ ਲਈ ਜਾਣ ਵਾਲੇ ਯਾਤਰੀਆਂ ਦਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਲੰਗਰ ਛਕਾਇਆ ਗਿਆ। ਇਸ ਮੌਕੇ ਪ੍ਰਬੰਧਕ ਸੇਵਾਦਾਰ ਜਵਾਹਰ ਖੁਰਾਣਾ ਨੇ ਕਿਹਾ ਕਿ ਧਾਰਮਿਕ ਮੌਕਿਆਂ 'ਤੇ ਲੋੜਵੰਦਾਂ ਅਤੇ ਯਾਤਰੀਆਂ ਦੀ ਸੇਵਾ ਕਰਨਾ ਸਾਡੀ ਮਹਾਨ ਪਰੰਪਰਾ ਹੈ। ਉਨ੍ਹਾਂ ਨੇ ਮਾਤਾ ਚਿੰਤਪੁਰਨੀ ਜੀ ਅੱਗੇ ਸਰਬੱਤ ਦੇ ਭਲੇ, ਸੁੱਖ-ਸ਼ਾਂਤੀ ਅਤੇ ਚੜ੍ਹਦੀ ਕਲਾ ਦੀ ਕਾਮਨਾ ਕੀਤੀ।ਵਿਨੂ ਪੰਡਿਤ ਵਿੱਕੀ ਮੈਦਾਨ ਸੰਜੀਵ ਸਿਆਲ ਮਦਨ ਬੇਦੀ, ਦਰਸ਼ਨ ਸਿੰਘ, ਦਰਸ਼ਨ ਕੁਮਾਰ, ਯੋਗਰਾਜ ਸਿੰਘ, ਗੋਪਾਲ ਕਸ਼ਯਪ , ਕਰਨ ਕੁਮਾਰ ਲਖਬੀਰ ਸਿੰਘ, ਆਸ਼ੂ ਅਰੋੜਾ ਤੋਂ ਇਲਾਵਾ ਹੋਰ ਸੇਵਾਦਾਰ ਵੀ ਮੌਜੂਦ ਸਨ।



# ਸ਼੍ਰੋਮਣੀ ਅਕਾਲੀ ਦਲ ਨੇ ਮਿਹਨਤੀ ਨੌਜਵਾਨਾ ਨੂੰ ਬਣਦਾ ਮਾਣ ਸਤਿਕਾਰ ਦਿੱਤਾ : ਖੁਰਾਣਾ



**ਫਗਵਾੜਾ (ਡਾ. ਰਮਨ)** ਯੂਥ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਕਪੂਰਥਲਾ ਦਿਹਾਤੀ ਕੁਲਦੀਪ ਸਿੰਘ ਟਾਂਡੀ ਨੇ ਹਲਕਾ ਇੰਚਾਰਜ ਫਗਵਾੜਾ ਸ਼ਹਿਰੀ ਰਣਜੀਤ ਸਿੰਘ ਖੁਰਾਣਾ (ਸੂਬਾ ਕੋਰ ਕਮੇਟੀ ਮੈਂਬਰ ਇੰਡਸਟਰੀ ਅਤੇ ਵਪਾਰ ਵਿੰਗ) ਦੇ ਦਫ਼ਤਰ ਵਿਖੇ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਵੱਲੋਂ ਰਣਜੀਤ ਸਿੰਘ ਖੁਰਾਣਾ ਦੁਆਰਾ ਅਹਿਮ ਜ਼ਿੰਮੇਵਾਰੀ ਲਈ ਕੀਤੀ ਗਈ ਸਿਫ਼ਾਰਸ਼ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ। ਮੁਲਾਕਾਤ ਦੌਰਾਨ ਕੁਲਦੀਪ ਸਿੰਘ ਟਾਂਡੀ ਨੇ ਰਣਜੀਤ ਸਿੰਘ ਖੁਰਾਣਾ ਵੱਲੋਂ ਪਾਰਟੀ ਦੀ ਮਜ਼ਬੂਤੀ ਅਤੇ ਨੌਜਵਾਨ ਵਰਗ ਨੂੰ ਸ਼੍ਰੋਮਣੀ ਅਕਾਲੀ ਦਲ ਨਾਲ ਜੋੜਨ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸੀਨੀਅਰ ਆਗੂਆਂ ਵੱਲੋਂ ਨੌਜਵਾਨ ਵਰਕਰਾਂ ਨੂੰ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਨੂੰ ਅੱਗੇ ਆਉਣ ਦੇ ਮੌਕੇ ਪ੍ਰਦਾਨ ਕਰਨਾ ਪਾਰਟੀ ਦੀ ਮਜ਼ਬੂਤੀ ਲਈ ਮਹੱਤਵਪੂਰਨ ਹੈ। ਇਸ ਮੌਕੇ ਸ. ਰਣਜੀਤ ਸਿੰਘ ਖੁਰਾਣਾ ਅਤੇ ਸੀਨੀਅਰ ਆਗੂਆਂ ਨੇ ਕੁਲਦੀਪ ਸਿੰਘ ਟਾਂਡੀ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ। ਇਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੀਆਂ ਗਤੀਵਿਧੀਆਂ, ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਪਾਰਟੀ ਨਾਲ ਹੋਰ ਮਜ਼ਬੂਤੀ ਨਾਲ ਜੋੜਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਹਰਵਿੰਦਰ ਸਿੰਘ ਵਾਲੀਆਂ, ਅਵਤਾਰ ਸਿੰਘ ਭੁੰਗਰਨੀ, ਬਹਾਦੁਰ ਸਿੰਘ ਸੰਗਤਪੁਰ, ਗੁਰਦੀਪ ਸਿੰਘ ਖੇੜਾ, ਸਤਵਿੰਦਰ ਸਿੰਘ ਘੁੰਮਣ, ਸੁਖਵੀਰ ਸਿੰਘ ਕਿੰਨੜਾ, ਅਵਤਾਰ ਸਿੰਘ ਮੰਗੀ, ਜਸਵਿੰਦਰ ਸਿੰਘ ਭਗਤਪੁਰਾ, ਰਣਜੀਤ ਸਿੰਘ ਜੀਤੀ, ਗੁਰਪ੍ਰੀਤ ਸਿੰਘ ਗੋਪੀ, ਸੁਖਦੀਪ ਸਿੰਘ ਵਾਲੀਆਂ, ਰਵਨੀਤ ਸਿੰਘ ਭੰਮਰਾ, ਗੁਰਪ੍ਰੀਤ ਬੱਗਾ, ਅਕਾਸਦੀਪ ਸਿੰਘ ਪਾਹਵਾ, ਪ੍ਰਦੀਪ ਸਿੰਘ, ਵਿਸ਼ੂ ਕੁਮਾਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਵੱਖ-ਵੱਖ ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ।

# 12 ਤੱਕ ਦਾਅਵੇ-ਇਤਰਾਜ਼ ਦਰਜ ਕਰਵਾ ਸਕਣਗੇ ਵੋਟਰ : ਡਿਪਟੀ ਕਮਿਸ਼ਨਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਐੱਸ ਆਈ ਆਰ-2026 ਤਹਿਤ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਸੋਧੇ ਹੋਏ ਪ੍ਰੋਗਰਾਮ ਅਨੁਸਾਰ ਜ਼ਿਲ੍ਹੇ ਵਿੱਚ 13 ਅਗਸਤ ਨੂੰ ਸਾਰੇ ਵਿਧਾਨ ਸਭਾ ਚੋਣ ਹਲਕਿਆਂ ਦੇ ਚੋਣ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ 7 ਵਿਧਾਨ ਸਭਾ ਚੋਣ ਹਲਕਿਆਂ ਵਿੱਚ ਕੁੱਲ 1,601 ਪੋਲਿੰਗ ਸਟੇਸ਼ਨ ਹਨ ਅਤੇ ਮੁੱਢਲੀ ਵੋਟਰ ਸੂਚੀ ਵਿੱਚ ਕੁੱਲ 11,69,930 ਵੋਟਰ ਦਰਜ ਹਨ। ਇਨ੍ਹਾਂ ਵਿੱਚ 6,06,876 ਪੁਰਸ਼, 5,63,024 ਮਹਿਲਾਵਾਂ ਅਤੇ 30 ਥਰਡ ਜੈਂਡਰ ਵੋਟਰ ਸ਼ਾਮਲ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੁੱਢਲੀ ਵੋਟਰ ਸੂਚੀ ਸਬੰਧੀ 12 ਸਤੰਬਰ 2026 ਤੱਕ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ। ਜਿਨ੍ਹਾਂ ਯੋਗ ਨਾਗਰਿਕਾਂ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਹੈ ਅਤੇ ਜਿਨ੍ਹਾਂ ਦੀ ਉਮਰ 1 ਅਕਤੂਬਰ 2026 ਨੂੰ 18 ਸਾਲ ਜਾਂ ਇਸ ਤੋਂ ਵੱਧ ਹੋਵੇਗੀ, ਉਹ ਆਪਣਾ ਨਾਂਅ ਸ਼ਾਮਲ ਕਰਵਾਉਣ ਲਈ ਫਾਰਮ ਨੰਬਰ 6 ਭਰ ਸਕਦੇ ਹਨ। ਵੋਟਰ ਸੂਚੀ ਵਿੱਚ ਦਰਜ ਕਿਸੇ ਨਾਂਅ 'ਤੇ ਇਤਰਾਜ਼ ਜਾਂ ਨਾਂਅ ਹਟਾਉਣ ਲਈ ਫਾਰਮ ਨੰਬਰ 7 ਅਤੇ ਵੇਰਵਿਆਂ ਵਿੱਚ ਸੋਧ ਲਈ ਫਾਰਮ ਨੰਬਰ 8 ਜਮ੍ਹਾਂ ਕਰਵਾਇਆ ਜਾ ਸਕਦਾ ਹੈ। ਆਸ਼ਿਕਾ ਜੈਨ ਨੇ ਦੱਸਿਆ ਕਿ ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ ਸਬੰਧਤ ਚੋਣ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ 8 ਅਕਤੂਬਰ 2026 ਤੱਕ ਕੀਤਾ ਜਾਵੇਗਾ। ਇਸ ਤੋਂ ਬਾਅਦ ਜ਼ਿਲ੍ਹੇ ਵਿੱਚ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 12 ਅਕਤੂਬਰ 2026 ਨੂੰ ਕੀਤੀ ਜਾਵੇਗੀ।



# 'ਖੇਡਾਂ ਵਤਨ ਪੰਜਾਬ ਦੀਆਂ' ਮਸ਼ਾਲ ਮਾਰਚ ਦਾ ਸਵਾਗਤ

**ਨਵਾਂਸ਼ਹਿਰ (ਮਨੋਜ ਲਾਡੀ)**- ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-4, 2026 ਲਈ ਮਸ਼ਾਲ ਮਾਰਚ ਦਾ ਵੀਰਵਾਰ ਨੂੰ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦੇ ਬਲਾਚੌਰ ਪਹੁੰਚਣ 'ਤੇ ਸ਼ਾਨਦਾਰ ਅਤੇ ਨਿੱਘਾ ਸਵਾਗਤ ਕੀਤਾ ਗਿਆ। ਗੁਆਂਢੀ ਜ਼ਿਲ੍ਹੇ ਰੂਪਨਗਰ ਤੋਂ ਪਹੁੰਚੀ ਮਸ਼ਾਲ ਦਾ ਬਲਾਚੌਰ ਦੀ ਵਿਧਾਇਕ ਸੰਤੋਸ਼ ਕਟਾਰੀਆ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਸਵਾਗਤ ਕੀਤਾ। ਐੱਸ ਡੀ ਐੱਮ ਸੁਨੀਲ ਫੋਗਾਟ ਜ਼ਿਲ੍ਹਾ ਖੇਡ ਅਫ਼ਸਰ ਵੰਦਨਾ ਚੌਹਾਨ ਦੇ ਨਾਲ ਵਿਧਾਇਕ ਸੰਤੋਸ਼ ਕਟਾਰੀਆ ਨੇ ਨੌਜਵਾਨਾਂ ਦੇ ਸਸ਼ਕਤੀਕਰਨ ਅਤੇ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਸੂਬਾ ਸਰਕਾਰ ਦੇ ਸਮਾਵੇਸ਼ੀ ਦ੍ਰਿਸ਼ਟੀਕੋਣ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ, 'ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਲਗਾਤਾਰ ਯਤਨ ਕੀਤੇ ਹਨ। ਇਸ ਨਾਲ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਖੇਡਾਂ ਵੱਲ ਮੋੜਿਆ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਿਆ ਜਾ ਰਿਹਾ ਹੈ।' ਸਰਕਾਰ ਦੀਆਂ ਜ਼ਮੀਨੀ ਪੱਧਰ ਦੀਆਂ ਪਹਿਲਕਦਮੀਆਂ 'ਤੇ ਜ਼ੋਰ ਦਿੰਦਿਆਂ ਵਿਧਾਇਕ ਸੰਤੋਸ਼ ਕਟਾਰੀਆ ਨੇ ਕਿਹਾ ਕਿ ਸਰਕਾਰ ਸੂਬੇ ਦੇ ਹਰੇਕ ਪਿੰਡ ਵਿੱਚ ਅਤਿ-ਆਧੁਨਿਕ ਖੇਡ ਮੈਦਾਨ ਸਥਾਪਤ ਕਰਨ ਲਈ ਸਰਗਰਮੀ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ, 'ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਸਿੱਧੇ ਪੇਂਡੂ ਪੱਧਰ ਤੱਕ ਲੈ ਜਾ ਕੇ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਹਰ ਬੱਚੇ ਨੂੰ, ਉਸ ਦੇ ਪਿਛੋਕੜ ਦੀ ਪਰਵਾਹ ਕੀਤੇ ਬਿਨਾਂ, ਆਪਣੀ ਖੇਡ ਪ੍ਰਤਿਭਾ ਨੂੰ ਨਿਖਾਰਨ ਅਤੇ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਨਾਂਅ ਰੌਸ਼ਨ ਕਰਨ ਦਾ ਬਰਾਬਰ ਮੌਕਾ ਮਿਲੇ। ਐੱਸ ਬੀ ਐੱਸ ਨਗਰ ਵਿੱਚ ਰਾਤ ਦੇ ਠਹਿਰਾਅ ਤੋਂ ਬਾਅਦ ਮਸ਼ਾਲ 21 ਅਗਸਤ ਨੂੰ ਜਲੰਧਰ ਵੱਲ ਰਵਾਨਾ ਹੋਵੇਗੀ।




# ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ (ਰਜ਼ਿ ) ਦੀ ਮੀਟਿੰਗ 30 ਨੂੰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿਸਟਰਡ ਮਾਹਿਲਪੁਰ ਦੀ ਇੱਕ ਵਿਸ਼ੇਸ਼ ਮੀਟਿੰਗ 30 ਅਗਸਤ ਨੂੰ ਸਟਾਰ ਰਿਫੈਸ਼ਮੈਂਟ ਹਵੇਲੀ ਰੋਡ ਮਾਹਿਲਪੁਰ ਵਿਖੇ ਦੁਪਹਿਰ 3 ਤੋਂ 5 ਵਜੇ ਤੱਕ ਹੋ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਦੀ ਪ੍ਰਧਾਨ ਰੇਖਾ ਰਾਣੀ ਨੇ ਦੱਸਿਆ ਕਿ ਇਸ ਮੌਕੇ ਸੁਸਾਇਟੀ ਦੇ ਪਿਛਲੇ ਦੋ ਸਾਲ ਦੇ ਕੰਮ ਕਾਜ ਦਾ ਨਿਰੀਖਣ ਕੀਤਾ ਜਾਵੇਗਾ ਅਤੇ ਦੋ ਸਾਲ ਲਈ ਸੁਸਾਇਟੀ ਦੀ ਨਵੀਂ ਚੋਣ ਕੀਤੀ ਜਾਵੇਗੀ। ਇਸ ਦੇ ਨਾਲ ਹੀ ਆਉਣ ਵਾਲੇ ਦੋ ਸਾਲਾਂ ਦੌਰਾਨ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੇ ਮਿਸ਼ਨ ਦੇ ਸੰਬੰਧ ਵਿੱਚ ਪ੍ਰੋਗਰਾਮ ਉਲੀਕੇ ਜਾਣਗੇ ਅਤੇ ਬਾਬਾ ਸਾਹਿਬ ਵੱਲੋਂ ਅਪਨਾਏ ਗਏ ਬੁੱਧ ਧੰਮ ਦੀਆਂ ਸਿੱਖਿਆਵਾਂ ਅਨੁਸਾਰ ਚੱਲਣ ਦਾ ਸੰਕਲਪ ਕੀਤਾ ਜਾਵੇਗਾ। ਇਸ ਮੌਕੇ ਉਨਾਂ ਸਾਰੇ ਹੀ ਮੈਂਬਰਾਂ ਨੂੰ ਇਸ ਮੀਟਿੰਗ ਵਿੱਚ ਪਹੁੰਚਣ ਦੀ ਬੇਨਤੀ ਕੀਤੀ।



# ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਪੱਲੀ ਉੱਚੀ ਵਿਖੇ ਮੀਟਿੰਗ

**ਬੰਗਾ (ਅਵਤਾਰ ਕਲੇਰ)**- ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਮੀਟਿੰਗ ਪਿੰਡ ਪੱਲੀ ਉੱਚੀ ਵਿਖੇ ਐਸ ਸੀ ਵਿੰਗ ਦੇ ਆਗੂ ਹਰਦੀਪ ਸਿੰਘ (ਸਾਬਕਾ ਸਰਪੰਚ) ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਥੇਦਾਰ ਸੁਖਦੀਪ ਸਿੰਘ ਸ਼ੁਕਾਰ ਅਤੇ ਸੀਨੀਅਰ ਵਾਈਸ ਪ੍ਰਧਾਨ ਹਰਪ੍ਰੀਤ ਸਿੰਘ ਖਾਰਾ ਵਿਸ਼ੇਸ਼ ਤੌਰ ਤੇ ਪਹੁੰਚੇ। ਜਥੇਦਾਰ ਸੁਖਦੀਪ ਸਿੰਘ ਸ਼ੁਕਾਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਨੌਜਵਾਨ ਪਾਰਟੀ ਦੀ ਰੀੜ ਦੀ ਹੱਡੀ ਹਨ। ਯੂਥ ਨੂੰ ਵੱਧ ਤੋਂ ਵੱਧ ਪਾਰਟੀ ਨਾਲ ਜੋੜ ਕੇ ਪਾਰਟੀ ਨੂੰ ਮਜ਼ਬੂਤ ਕੀਤਾ ਜਾਵੇਗਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਸੁਖਦੀਪ ਸਿੰਘ ਸ਼ੁਕਾਰ ਕਿਹਾ ਕਿ ਨੌਜਵਾਨ ਨਸ਼ਿਆਂ ਨਾਲ ਮਰ ਰਹੇ ਹਨ। ਉਹਨਾਂ ਕਿਹਾ ਕਿ ਆਉਣ ਵਾਲੀ ਸਰਕਾਰ ਸ਼੍ਰੋਮਣੀ ਅਕਾਲੀ ਦਲ ਦੀ ਬਣੇਗੀ। ਸੀਨੀਅਰ ਵਾਈਸ ਪ੍ਰਧਾਨ ਹਰਪ੍ਰੀਤ ਸਿੰਘ ਖਾਰਾ ਅਤੇ ਹਰਦੀਪ ਸਿੰਘ ਦੀਪਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਪਿੰਡ ਪੱਧਰ 'ਤੇ ਯੂਥ ਨੂੰ ਸਰਗਰਮ ਕਰਕੇ ਪਾਰਟੀ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਇਸ ਮੌਕੇ ਦਿਨੇਸ਼ ਕੁਮਾਰ, ਹਰਨੇਕ ਸਿੰਘ ਬੜਵਾ, ਬਲਦੇਵ ਸੋਗੀ, ਸਚਿਨ ਕੁਮਾਰ ਕੌਮੀ ਯੂਥ ਮੀਤ ਪ੍ਰਧਾਨ, ਗਗਨ ਕੁਮਾਰ, ਬਲਜਿੰਦਰ ਸਿੰਘ, ਸੋਹਨ ਸਿੰਘ, ਸੁਰਜੀਤ ਸਿੰਘ, ਮਲਕੀਤ ਸਿੰਘ ਢੱਕ, ਬਲਵੀਰ ਸਿੰਘ, ਗੁਰਮੀਤ ਸਿੰਘ, ਪਰਸ ਲਾਲ ਚੌਕੀਦਾਰ, ਮੋਹਨ ਲਾਲ ਸਮੇਤ ਨੌਜਵਾਨ ਯੂਥ ਹਾਜ਼ਰ ਸਨ।



# ਹੈਰੋਇਨ ਸਮੇਤ ਨੌਜਵਾਨ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਪੁਲਸ ਨੇ ਇਕ ਨੌਜਵਾਨ ਨੂੰ 2 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ।

ਪੁਲਸ ਥਾਣਾ ਸਿਟੀ ਨਵਾਂਸ਼ਹਿਰ ਵਿਖੇ ਮਾਮਲਾ ਦਰਜ ਕਰਕੇ ਏ ਐੱਸ ਆਈ ਨਰਿੰਦਰ ਕੁਮਾਰ ਨੇ ਦੱਸਿਆ ਕਿ ਸਮੇਤ ਪੁਲਸ ਪਾਰਟੀ ਨਵਾਂਸ਼ਹਿਰ ਤੋਂ ਗੜ੍ਹਸ਼ੰਕਰ ਰੋਡ ਵੱਲ ਜਾ ਰਹੇ ਸੀ।

ਜਦੋਂ ਪੁਲਿਸ ਪਾਰਟੀ ਮਹਿੰਦੀਪੁਰ ਪੁਲ ਹੇਠਾਂ ਪੁਜੀ ਤਾਂ ਸਾਹਮਣੇ ਸੜਕ ਤੇ ਇੱਕ ਵਿਅਕਤੀ ਬੈਠਾ ਦਿਖਾਈ ਦਿੱਤਾ ਜਿਸ ਨੇ ਪੁਲਿਸ ਪਾਰਟੀ ਦੀ ਸਰਕਾਰੀ ਗੱਡੀ ਨੂੰ ਦੇਖ ਕੇ ਖੜ੍ਹਾ ਹੋ ਕੇ ਘਬਰਾ ਕੇ ਆਪਣੇ ਖੱਬੇ ਹੱਥ ਵਿਚੋਂ ਇੱਕ ਪਾਰਸਰਸ਼ੀ ਵਜਨਦਾਰ ਲਿਫਾਫੀ ਸੜਕ ਨੇੜੇ ਘਾਹ ਫੂਸ ਵਿਚ ਸੁੱਟ ਦਿੱਤ। ਜਿਸ ਨੂੰ ਕਾਬੂ ਕਰ ਕੇ ਨਾਂ ਪਤਾ ਪੁੱਛਿਆ, ਉਸ ਨੇ ਆਪਣਾ ਨਾਮ ਗੁਰਦੀਪ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਅਲਾਚੌਰ ਦੱਸਿਆ। ਉਸ ਵੱਲੋਂ ਸੁੱਟੀ ਲਿਫਾਫੀ ਵਿਚੋਂ 2 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਮੁਲਜ਼ਮ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ ।

# ਰਾਏਪੁਰ ਵਿਖੇ ਕਾਂਗਰਸ ਵੱਲੋਂ ਵਿਸ਼ੇਸ਼ ਮੀਟਿੰਗ

**ਅੱਡਾ ਸਰਾਂ, (ਜਸਵੀਰ ਕਾਜਲ )**- ਪਿੰਡ ਰਾਏਪੁਰ ਵਿਖੇ ਕਾਂਗਰਸ ਪਾਰਟੀ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਬਲਾਕ ਪ੍ਰਧਾਨ ਅਵਤਾਰ ਸਿੰਘ ਖੋਖਰ ਦੀ ਅਗਵਾਈ ਹੇਠ ਕਰਵਾਈ ਗਈ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜ਼ੀਆਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ।ਇਸ ਮੌਕੇ ਜ਼ਿਲਾ ਕਾਂਗਰਸ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਗਿਲਜ਼ੀਆਂ ਵੀ ਮੌਜੂਦ ਰਹੇ। ਮੀਟਿੰਗ ਦੌਰਾਨ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਮੌਜੂਦਾ ਸਿਆਸੀ ਹਾਲਾਤ ਤੋਂ ਇਲਾਵਾ ਇਲਾਕੇ ਦੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ।ਇਸ ਮੌਕੇ ਸਾਬਕਾ ਮੰਤਰੀ ਸੰਗਤ ਸਿੰਘ ਗਿਲਜ਼ੀਆਂ ਨੇ ਪਿੰਡ ਵਾਸੀਆਂ ਤੇ ਪਾਰਟੀ ਵਰਕਰਾਂ ਨੂੰ ਕਾਂਗਰਸ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨਾਲ ਜੋੜਨ ਅਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੇ ਹੱਕਾਂ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਆਵਾਜ਼ ਬੁਲੰਦ ਕਰਦੀ ਆਈ ਹੈ ਅਤੇ ਆਉਣ ਵਾਲੇ ਸਮੇਂ ਵਿਚ ਵੀ ਲੋਕਾਂ ਦੇ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਉਠਾਇਆ ਜਾਵੇਗਾ। ਇਸ ਮੌਕੇ ਪਾਰਟੀ ਵਰਕਰਾਂ ਨੇ ਸਾਬਕਾ ਮੰਤਰੀ ਸੰਗਤ ਸਿੰਘ ਗਿਲਜ਼ੀਆਂ ਅਤੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਗਿਲਜ਼ੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਦੀ ਮਜ਼ਬੂਤੀ ਅਤੇ ਲੋਕਾਂ ਦੇ ਮਸਲਿਆਂ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਇਸ ਮੌਕੇ ਸਾਬਕਾ ਸਰਪੰਚ ਭੁਪਿੰਦਰ ਸਿੰਘ, ਯੂਥ ਕਾਂਗਰਸ ਪ੍ਰਧਾਨ ਹਲਕਾ ਉੜਮੁੜ ਰਵਿੰਦਰਜੀਤ ਸਿੰਘ ਰਵੀ, ਜਸਪ੍ਰੀਤ ਸਿੰਘ ਜੱਸੀ, ਸਾਬਕਾ ਸਰਪੰਚ ਕੁਲਵੰਤ ਸਿੰਘ, ਕੁਲਵੀਰ ਸਿੰਘ, ਜੋਗਿੰਦਰ ਸਿੰਘ, ਗਿਆਨ ਸਿੰਘ, ਵੀਰੂ, ਜਸਵੀਰ ਸਿੰਘ, ਕਰਨਜੀਤ ਸਿੰਘ, ਰਵੀ ਬਡਵਾਲ, ਕਰਮਜੀਤ ਸਿੰਘ, ਬਲਵਿੰਦਰ ਸਿੰਘ, ਅਰਸ਼ਦੀਪ ਸਿੰਘ, ਲਵਪ੍ਰੀਤ ਸਿੰਘ, ਨੰਬਰਦਾਰ ਗੁਰਮੀਤ ਸਿੰਘ, ਲਾਡੀ, ਸੁੱਖਾ, ਗੁਰਮੀਤ ਸਿੰਘ, ਅਰਸ਼, ਸ਼ੰਮੀ, ਹਰਜਿੰਦਰ ਸਿੰਘ, ਮਲਕੀਤ ਸਿੰਘ, ਮਨਰਾਜ ਸਿੰਘ, ਅਮਰਜੀਤ ਸਿੰਘ, ਹਰਪ੍ਰੀਤ ਸਿੰਘ, ਅਨਿਲ ਪਿੰਕਾ, ਗੁਰਵਿੰਦਰ ਸਿੰਘ, ਜਰਨੈਲ ਸਿੰਘ ਆਦਿ ਹਾਜ਼ਰ ਸਨ।



# ਹਾਈ ਵੋਲਟੇਜ ਤਾਰ ਦੀ ਲਪੇਟ 'ਚ ਆਉਣ ਨਾਲ ਦੋ ਮੱਝਾਂ ਤੇ ਝੋਟੇ ਦੀ ਮੌਤ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸਿੰਧੂ)**- ਪਿੰਡ ਪਿੰਡੀ ਖੈਰ-ਗੁਰਾਲਾ ਰੋਡ 'ਤੇ ਖੇਤਾਂ ਨੇੜੇ ਸੜਕ ਕਿਨਾਰੇ ਟੁੱਟ ਕੇ ਡਿੱਗੀ ਹਾਈ ਵੋਲਟੇਜ ਬਿਜਲੀ ਦੀ ਤਾਰ ਦੀ ਲਪੇਟ ਵਿੱਚ ਆਉਣ ਕਾਰਨ ਦੋ ਮੱਝਾਂ ਅਤੇ ਇੱਕ ਝੋਟੇ ਦੀ ਕਰੰਟ ਲੱਗਣ ਨਾਲ ਮੌਤ ਹੋ ਗਈ। ਇਸ ਹਾਦਸੇ ਕਾਰਨ ਪਸ਼ੂ ਪਾਲਕ ਪਰਵਾਰ ਨੂੰ ਭਾਰੀ ਆਰਥਿਕ ਨੁਕਸਾਨ ਹੋਇਆ ਹੈ। ਜਾਣਕਾਰੀ ਅਨੁਸਾਰ ਪਿੰਡੀ ਖੈਰ ਵਾਸੀ ਸ਼ਰੀਫਦੀਨ ਪੁੱਤਰ ਲਾਲ ਹੁਸੈਨ ਦੀ ਪਤਨੀ ਅਤੇ ਉਸ ਦਾ ਭਰਾ ਵੀਰਵਾਰ ਸਵੇਰੇ ਕਰੀਬ 10 ਵਜੇ ਖੇਤਾਂ ਨੇੜੇ ਸੜਕ ਕਿਨਾਰੇ ਪਸ਼ੂ ਚਰਾ ਰਹੇ ਸਨ। ਇਸ ਦੌਰਾਨ ਉਨ੍ਹਾਂ ਦੇ ਤਿੰਨ ਪਸ਼ੂ ਉੱਥੇ ਟੁੱਟ ਕੇ ਡਿੱਗੀ ਹਾਈ ਵੋਲਟੇਜ ਤਾਰ ਦੀ ਲਪੇਟ ਵਿੱਚ ਆ ਗਏ। ਤਾਰ ਵਿੱਚ ਕਰੰਟ ਹੋਣ ਕਾਰਨ ਤਿੰਨਾਂ ਪਸ਼ੂਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਘਟਨਾ ਦੀ ਸੂਚਨਾ ਪੁਲਿਸ ਅਤੇ ਬਿਜਲੀ ਵਿਭਾਗ ਨੂੰ ਦੇ ਦਿੱਤੀ ਗਈ ਹੈ। ਪੀੜਤ ਗੁੱਜਰ ਪਰਵਾਰ ਨੇ ਪ੍ਰਸ਼ਾਸਨ ਅਤੇ ਬਿਜਲੀ ਵਿਭਾਗ ਤੋਂ ਹੋਏ ਨੁਕਸਾਨ ਦਾ ਢੁਕਵਾਂ ਮੁਆਵਜ਼ਾ ਦੇਣ ਦੀ ਮੰਗ ਕੀਤੀ ਹੈ।ਮੌਕੇ 'ਤੇ ਮੌਜੂਦ ਪਰਵਾਰਕ ਮੈਂਬਰ ਸਲਾਮਦੀਨ ਅਤੇ ਹੋਰ ਪਿੰਡ ਵਾਸੀਆਂ ਨੇ ਬਿਜਲੀ ਵਿਭਾਗ 'ਤੇ ਕਥਿਤ ਲਾਪਰਵਾਹੀ ਦੇ ਦੋਸ਼ ਲਗਾਉਂਦਿਆਂ ਕਿਹਾ ਕਿ ਇਲਾਕੇ ਵਿੱਚ ਕਈ ਥਾਵਾਂ 'ਤੇ ਹਾਈ ਵੋਲਟੇਜ ਤਾਰਾਂ ਢਿੱਲੀਆਂ ਹਨ ਅਤੇ ਦਰੱਖਤਾਂ ਵਿਚਕਾਰੋਂ ਲੰਘ ਰਹੀਆਂ ਹਨ। ਕੁਝ ਥਾਵਾਂ 'ਤੇ ਤਾਰਾਂ ਨੂੰ ਦਰੱਖਤਾਂ ਨਾਲ ਹੀ ਬੰਨ੍ਹਿਆ ਹੋਇਆ ਹੈ। ਪਿੰਡ ਵਾਸੀਆਂ ਮੁਤਾਬਕ ਤਾਰਾਂ ਨੂੰ ਠੀਕ ਕਰਵਾਉਣ ਲਈ ਵਿਭਾਗ ਨੂੰ ਪਹਿਲਾਂ ਵੀ ਸ਼ਿਕਾਇਤਾਂ ਦਿੱਤੀਆਂ ਗਈਆਂ ਸਨ, ਪਰ ਸਮੱਸਿਆ ਦਾ ਹੱਲ ਨਹੀਂ ਕੀਤਾ ਗਿਆ।ਇਸ ਸਬੰਧੀ ਬਿਜਲੀ ਵਿਭਾਗ ਦੇ ਜੇ ਈ ਗੁਰਬਖਸ਼ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਤਾਰਾਂ ਨੂੰ ਜਿਸ ਤਰ੍ਹਾਂ ਦਰੱਖਤਾਂ ਨਾਲ ਬੰਨ੍ਹਿਆ ਗਿਆ ਹੈ, ਇਹ ਉਨ੍ਹਾਂ ਦੇ ਡਿਊਟੀ ਜੁਆਇਨ ਕਰਨ ਤੋਂ ਪਹਿਲਾਂ ਦਾ ਹੈ। ਉਨ੍ਹਾਂ ਕਿਹਾ ਕਿ ਉਹ ਮੌਕੇ ਦੀ ਜਾਂਚ ਕਰਵਾ ਕੇ ਤਾਰਾਂ ਨੂੰ ਠੀਕ ਕਰਵਾਉਣਗੇ। ਹਾਦਸੇ ਸੰਬੰਧੀ ਪੁੱਛੇ ਜਾਣ 'ਤੇ ਜੇਈ ਨੇ ਕਿਹਾ ਕਿ ਉਨ੍ਹਾਂ ਨੂੰ ਅਜੇ ਤੱਕ ਘਟਨਾ ਸੰਬੰਧੀ ਕੋਈ ਸ਼ਿਕਾਇਤ ਨਹੀਂ ਮਿਲੀ ਹੈ। ਸ਼ਿਕਾਇਤ ਮਿਲਣ 'ਤੇ ਮਾਮਲੇ ਦੀ ਜਾਂਚ ਕੀਤੀ ਜਾਵੇਗੀ।






ਬੰਦੀ ਸਿੰਘਾਂ ਦੀ ਰਿਹਾਈ ਲਈ ਵੱਖ ਵੱਖ ਸਿੱਖ ਜਥੇਬੰਦੀਆਂ ਦੇ ਆਗੂਆਂ ਦਵਿੰਦਰ ਸਿੰਘ ਸੰਗੋਵਾਲ, ਬਲਵੀਰ ਸਿੰਘ ਚੀਮਾ, ਰਛਪਾਲ ਸਿੰਘ ਗਰਚਾ ਸ਼ਾਦੀਪੁਰ, ਅਵਤਾਰ ਸਿੰਘ ਰਾਮੇਵਾਲ, ਗੁਰਨਾਮ ਸਿੰਘ ਕੰਦੋਲਾ, ਜਸਵੰਤ ਸਿੰਘ ਕਾਹਲੋ, ਗੁਰਦਿਆਲ ਸਿੰਘ ਪ੍ਰਦੀਪ ਸਿੰਘ ਤੱਖਰ, ਇੰਦਰਜੀਤ ਸਿੰਘ, ਲਖਵਿੰਦਰ ਸਿੰਘ ਹੋਠੀ, ਬਲਵੀਰ ਸਿੰਘ ਪੁਆਦੜਾ, ਸ਼ੇਰ ਸਿੰਘ ਨੂਰਮਹਿਲ ਆਦਿ ਵਲੋਂ ਅੱਜ ਤਲਵਣ ਚੌਕ ਨੂਰਮਹਿਲ ਵਿਖੇ ਮੁਕੰਮਲ ਬੰਦ ਕੀਤਾ ਦੀਆਂ ਤਸਵੀਰਾਂ ਦੇ ਦ੍ਰਿਸ਼। (ਫੋਟੋ ਤੇ ਵੇਰਵਾ : ਬਾਲ ਕ੍ਰਿਸ਼ਨ ਬਾਲੀ, ਨੂਰਮਹਿਲ)

## ਸੀਨੀਅਰ ਟਕਸਾਲੀ ਕਾਂਗਰਸੀ ਆਗੂ ਚੰਦਰਪਾਲ ਸਾਥੀਆਂ ਸਮੇਤ 'ਆਪ' 'ਚ ਸ਼ਾਮਲ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਕਸਬਾ ਸਨੌਰ ਅੰਦਰ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਬੈਕਫੁਟ 'ਤੇ ਚਲੀ ਗਈ, ਜਦੋਂ ਕਸਬਾ ਸਨੌਰ ਤੋਂ ਸੀਨੀਅਰ ਟਕਸਾਲੀ ਕਾਂਗਰਸੀ ਆਗੂ ਚੰਦਰਪਾਲ ਆਪਣੇ ਦਰਜਨਾਂ ਸਾਥੀਆਂ ਸਮੇਤ ਕਾਂਗਰਸ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਦੀ ਹਾਜ਼ਰੀ ਵਿੱਚ ਹੋਏ ਇਸ ਪ੍ਰੋਗਰਾਮ ਦੌਰਾਨ ਕਸਬਾ ਸਨੌਰ ਵਿਖੇ ਪਹੁੰਚੇ ਭਾਰੀ ਇਕੱਠ ਨੇ ਰਣਜੋਧ ਹਡਾਣਾ ਜ਼ਿੰਦਾਬਾਦ ਤੇ ਆਮ ਆਦਮੀ ਪਾਰਟੀ ਜ਼ਿੰਦਾਬਾਦ ਦੇ ਨਾਅਰੇ ਲਗਾਏ।ਹਲਕਾ ਇੰਚਾਰਜ ਨੇ ਪਾਰਟੀ ਵਿੱਚ ਸ਼ਾਮਲ ਹੋਏ ਚੰਦਰਪਾਲ ਅਤੇ ਉਨ੍ਹਾਂ ਦੇ ਸਮੁੱਚੇ ਸਾਥੀਆਂ ਨੂੰ ਸਿਰੋਪਾਓ ਭੇਟ ਕਰਕੇ ਜੀ ਆਇਆਂ ਆਖਿਆ।ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਪ੍ਰਦੀਪ ਜੋਸਨ, ਸੀਨੀਅਰ ਮੀਤ ਪ੍ਰਧਾਨ ਯੁਵਰਾਜ ਸਿੰਘ, ਭੁਪਿੰਦਰ ਸਿੰਘ ਸਰਪੰਚ, ਹਰਪਿੰਦਰ ਸਿੰਘ ਚੀਮਾ, ਗੁਰਿੰਦਰਪਾਲ ਸਿੰਘ ਅਦਾਲਤੀਵਾਲਾ ਮੈਂਬਰ ਬਲਾਕ ਸੰਮਤੀ, ਸਥਾਨਕ ਕੌਂਸਲਰ, 'ਆਪ' ਦੇ ਸੀਨੀਅਰ ਆਗੂ, ਪਾਰਟੀ ਵਰਕਰ, ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।'ਆਪ' ਵਿੱਚ ਸ਼ਾਮਲ ਹੋਏ ਆਗੂਆਂ ਅਤੇ ਵਾਰਡ ਵਾਸੀਆਂ ਨੇ ਇੱਕਸੁਰ ਵਿੱਚ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਰਾਏ ਜਾ ਰਹੇ ਹਨ। ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਆਖਿਆ ਕਿ ਕਸਬਾ ਸਨੌਰ ਵਿੱਚੋਂ ਟਕਸਾਲੀ ਕਾਂਗਰਸੀ ਆਗੂਆਂ ਦਾ 'ਆਪ' ਵਿੱਚ ਸ਼ਾਮਲ ਹੋਣਾ ਇਸ ਗੱਲ ਦਾ ਪ੍ਰਮਾਣ ਹੈ ਕਿ ਲੋਕ ਹੁਣ ਰਵਾਇਤੀ ਪਾਰਟੀਆਂ ਨੂੰ ਨਕਾਰ ਕੇ ਵਿਕਾਸ ਦੀ ਰਾਜਨੀਤੀ ਦੇ ਨਾਲ ਖੜ ਚੁੱਕੇ ਹਨ।

## ਭਾਜਪਾ ਅਹੁਦੇਦਾਰਾਂ ਦੀ ਮੀਟਿੰਗ

**ਜਗਰਾਉਂ (ਅਮਿਤ ਖੰਨਾ)**-ਸ਼ਹਿਰ ਦੇ ਸਮੂਹ ਅਹੁਦੇਦਾਰਾਂ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਡਾ. ਰਾਜਿੰਦਰ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ।ਸੰਗਠਨ ਦੀ ਮਜ਼ਬੂਤੀ ਲਈ ਅਹੁਦੇਦਾਰਾਂ ਦੀ ਹੋਈ ਮੀਟਿੰਗ ਵਿਚ ਸੂਬਾ ਜਨਰਲ ਸਕੱਤਰ ਤੇ ਜ਼ੋਨਲ ਪ੍ਰਭਾਰੀ ਪਰਮਿੰਦਰ ਸਿੰਘ ਬਰਾੜ, ਸੂਬਾ ਮੀਤ ਪ੍ਰਧਾਨ ਗੇਜਾ ਰਾਮ, ਜ਼ਿਲਾ ਪ੍ਰਭਾਰੀ ਅਨਿਲ ਸੱਚਰ, ਜ਼ਿਲ੍ਹਾ ਸਹਿ ਪ੍ਰਭਾਰੀ ਰਣਜੀਤ ਸਿੰਘ ਪਵਾਰ, ਵਿਧਾਨ ਸਭਾ ਹਲਕਾ ਮੁੱਲਾਂਪੁਰ ਪ੍ਰਭਾਰੀ ਪਰਮਜੀਤ ਸਿੰਘ ਕੈਂਥ, ਰਾਏਕੋਟ ਵਿਧਾਨ ਸਭਾ ਪ੍ਰਭਾਰੀ ਡੀ ਪੀ ਖੋਸਲਾ ਸਮੇਤ ਪਾਰਟੀ ਦੇ ਉਚ ਅਧਿਕਾਰੀਆਂ ਨੇ ਅਹੁਦੇਦਾਰਾਂ ਜਿੱਥੇ ਪਾਰਟੀ ਦੇ ਅਗਾਮੀ ਪ੍ਰੋਗਰਾਮਾਂ ਦੀ ਜਾਣਕਾਰੀ ਵਿਸਥਾਰ ਵਿੱਚ ਦਿੱਤੀ, ਉੱਥੇ ਹਰੇਕ ਅਹੁਦੇਦਾਰ ਨੂੰ ਆਪਣੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਅ ਕੇ 2027 ਵਿੱਚ ਪੰਜਾਬ ਵਿਚ ਭਾਜਪਾ ਦੀ ਬਣਨ ਵਾਲੀ ਸਰਕਾਰ ਵਿਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।ਭਾਜਪਾ ਆਗੂਆਂ ਨੇ ਸੰਗਠਨ ਦੀ ਤਾਕਤ ਦਾ ਵਿਸ਼ੇਸ਼ ਜ਼ਿਕਰ ਕਰਦਿਆਂ ਕਿਹਾ ਕਿ ਕੇਂਦਰ ਵਿੱਚ ਮੋਦੀ ਦੀ ਸਰਕਾਰ ਲਾਗਾਤਾਰ ਤੀਜੀ ਵਾਰ ਬਣਨ ਦੇ ਪਿੱਛੇ ਸੰਗਠਨ ਦੀ ਤਾਕਤ ਹੈ।ਉਨ੍ਹਾਂ ਕਿਹਾ ਕਿ ਸੰਗਠਨ ਦੀ ਤਾਕਤ ਕਾਰਨ ਭਾਜਪਾ ਦੀ 22 ਸੂਬਿਆਂ ਵਿਚ ਆਪਣੀਆਂ ਸਰਕਾਰਾ ਹਨ ਤੇ ਪੱਛਮੀ ਬੰਗਾਲ ਵਿਚ ਮਮਤਾ ਨੂੰ ਹਰਾਉਣ ਦੇ ਪਿੱਛੇ ਵੀ ਸੰਗਠਨ ਦੀ ਤਾਕਤ ਹੈ।

# ਡਾ. ਜਰਨੈਲ ਸਿੰਘ ਡੋਡ ਦੀ ਇਕਲੌਤੀ ਬੇਟੀ ਅਨਮੋਲ ਦੀ ਕੈਨੇਡਾ 'ਚ ਮੌਤ

### ਸਰਕਾਰ ਨੂੰ ਮ੍ਰਿਤਕ ਦੇਹ ਭਾਰਤ ਲਿਆਉਣ ਦੀ ਅਪੀਲ



**ਮਾਨਸਾ (ਆਤਮਾ ਸਿੰਘ ਪਮਾਰ)**
ਡਾ. ਜਰਨੈਲ ਸਿੰਘ ਡੋਡ ਸੂਬਾਈ ਆਗੂ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੀ 24 ਸਾਲਾ ਇਕਲੌਤੀ ਬੇਟੀ ਅਨਮੋਲ ਕੌਰ ਦੀ ਕੈਨੇਡਾ ਦੇ ਵਿੰਨੀਪੈਗ ਸ਼ਹਿਰ 'ਚ ਹੋਈ ਬੇਵਕਤੀ ਮੌਤ ਦੀ ਖ਼ਬਰ ਨਾਲ ਪਰਿਵਾਰ, ਰਿਸ਼ਤੇਦਾਰਾਂ, ਸਨੇਹੀਆਂ ਤੇ ਪਿੰਡ ਡੋਡ ਵਾਸੀਆਂ 'ਚ ਡੂੰਘੇ ਸੋਗ ਦੀ ਲਹਿਰ ਦੌੜ ਗਈ ਹੈ।ਭਰ ਜਵਾਨੀ 'ਚ ਅਨਮੋਲ ਕੌਰ ਦੇ ਅਚਾਨਕ ਵਿਛੋੜੇ ਦੀ ਖ਼ਬਰ ਨੇ ਹਰ ਕਿਸੇ ਨੂੰ ਝੰਜੋੜ ਕੇ ਰੱਖ ਦਿੱਤਾ ਹੈ।ਇਸ ਦੁੱਖਦਾਈ ਘਟਨਾ ਕਾਰਨ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ ਤੇ ਪਿੰਡ ਦਾ ਮਾਹੌਲ ਵੀ ਇੱਕ ਤਰ੍ਹਾਂ ਨਾਲ ਕਰੁਣਾਮਈ ਹੋ ਗਿਆ ਹੈ।ਇਸ ਸਬੰਧੀ ਐਸੋਸੀਏਸ਼ਨ ਦੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ ਨੇ ਦੱਸਿਆ ਕਿ ਅਨਮੋਲ ਦੀ ਬੇਵਕਤੀ ਮੌਤ ਦੀ ਖ਼ਬਰ ਮਿਲਦਿਆਂ ਹੀ ਵੱਖ-ਵੱਖ ਸਮਾਜਿਕ ਤੇ ਜਥੇਬੰਦਕ ਆਗੂਆਂ ਵੱਲੋਂ ਡਾ. ਡੋਡ ਤੇ ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਜਾ ਰਿਹਾ ਹੈ।ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਆਗੂਆਂ ਨੇ ਕਿਹਾ ਕਿ ਸਿਰਫ਼ 24 ਸਾਲ ਦੀ ਛੋਟੀ ਉਮਰ 'ਚ ਅਜਿਹਾ ਵਿਛੋੜਾ ਬੇਹੱਦ ਦੁਖਦਾਈ ਤੇ ਅਸਹਿ ਹੈ, ਜਿਸ ਨੂੰ ਸ਼ਬਦਾਂ 'ਚ ਬਿਆਨ ਨਹੀਂ ਕੀਤਾ ਜਾ ਸਕਦਾ।ਇਸ ਦੁੱਖ ਦੀ ਘੜੀ 'ਚ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਸੂਬਾਈ ਆਗੂ ਡਾ. ਗੁਰਮੇਲ ਸਿੰਘ ਮਛੀਕੇ ਸੂਬਾ ਜਨਰਲ ਸਕੱਤਰ, ਜ਼ਿਲ੍ਹਾ ਪ੍ਰਧਾਨ ਅੰਮ੍ਰਿਤਵੀਰ ਸਿੰਘ ਸਿੱਧੂ, ਜਸਵਿੰਦਰ ਸਿੰਘ ਖੀਵਾ ਸੂਬਾ ਸੀਨੀਅਰ ਵਾਇਸ ਪ੍ਰਧਾਨ, ਵੈਦ ਬਗੀਚਾ ਸਿੰਘ ਜ਼ਿਲ੍ਹਾ ਚੇਅਰਮੈਨ, ਗੁਰਪਾਲ ਸਿੰਘ ਮੌੜ ਜ਼ਿਲ੍ਹਾ ਸਲਾਹਕਾਰ, ਜ਼ਿਲ੍ਹਾ ਸੀਨੀਅਰ ਆਗੂ ਬਲਵਿੰਦਰ ਸਿੰਘ ਬਰਗਾੜੀ, ਸੂਬਾ ਸੀਨੀਅਰ ਮੀਤ ਪ੍ਰਧਾਨ ਡਾ. ਜਸਵਿੰਦਰ ਸਿੰਘ ਖੀਵਾ ਸਮੇਤ ਸਮੂਹ ਜ਼ਿਲ੍ਹਾ ਅਹੁਦੇਦਾਰਾਂ ਤੇ ਬਲਾਕ ਮੈਂਬਰਾਂ ਵੱਲੋਂ ਡਾ. ਜਰਨੈਲ ਸਿੰਘ ਡੋਡ ਦੇ ਸਮੂਹ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

ਐਸੋਸੀਏਸ਼ਨ ਦੇ ਆਗੂਆਂ ਨੇ ਕਿਹਾ ਕਿ ਦੁੱਖ ਦੀ ਇਸ ਘੜੀ 'ਚ ਸਮੁੱਚੀ ਜਥੇਬੰਦੀ ਦੇ ਸੂਬਾ ਡੋਡ ਪਰਿਵਾਰ ਦੇ ਨਾਲ ਖੜ੍ਹੀ ਹੈ।ਉਨ੍ਹਾਂ ਕਿਹਾ ਕਿ ਅਨਮੋਲ ਦੀ ਇਸ ਬੇਵਕਤੀ ਮੌਤ ਪਰਿਵਾਰ ਲਈ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੈ।ਆਗੂਆਂ ਨੇ ਪੰਜਾਬ ਤੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਅਨਮੋਲ ਦੀ ਮ੍ਰਿਤਕ ਦੇਹ ਨੂੰ ਭਾਰਤ ਲਿਆਉਣ 'ਚ ਹਰ ਤਰ੍ਹਾਂ ਦੀ ਸਹਾਇਤਾ ਕੀਤੀ ਜਾਵੇ।

## ਅਨਿਲ ਬਾਗੀ ਹਸਪਤਾਲ 'ਚ ਨਿਊਰੋਸਰਜਰੀ ਸੇਵਾਵਾਂ ਦਾ ਵਿਸਥਾਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਇਲਾਕੇ ਦੇ ਲੋਕਾਂ ਨੂੰ ਬਿਹਤਰ ਤੇ ਮਾਹਿਰ ਸਿਹਤ ਸੇਵਾਵਾਂ ਸਥਾਨਕ ਪੱਧਰ 'ਤੇ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਅਨਿਲ ਬਾਗੀ ਹਸਪਤਾਲ ਫਿਰੋਜ਼ਪੁਰ ਵੱਲੋਂ ਨਿਊਰੋਸਰਜਰੀ ਸੇਵਾਵਾਂ ਦਾ ਵਿਸਥਾਰ ਕੀਤਾ ਗਿਆ ਹੈ। ਹਸਪਤਾਲ ਵੱਲੋਂ ਪ੍ਰਸਿੱਧ ਨਿਊਰੋਸਰਜਨ ਡਾ. ਅਭਿਸ਼ੇਕ ਸੈਮੂਅਲ ਦੇਵਰੇ ਨੂੰ ਆਪਣੀ ਮੈਡੀਕਲ ਟੀਮ ਵਿੱਚ ਕੰਸਲਟੈਂਟ ਨਿਊਰੋਸਰਜਨ ਵਜੋਂ ਸ਼ਾਮਲ ਕੀਤਾ ਗਿਆ ਹੈ। ਡਾ. ਅਭਿਸ਼ੇਕ ਸੈਮੂਅਲ ਦੇਵਰੇ ਨੇ ਐੱਮ.ਬੀ.ਬੀ.ਐੱਸ., ਐੱਮ.ਐੱਸ. ਤੇ ਐੱਮ.ਸੀ.ਐੱਚ. (ਨਿਊਰੋਸਰਜਰੀ) ਵਰਗੀਆਂ ਉੱਚ ਪੱਧਰੀ ਮੈਡੀਕਲ ਯੋਗਤਾਵਾਂ ਹਾਸਲ ਕੀਤੀਆਂ ਹਨ। ਨਿਊਰੋਸਰਜਰੀ ਦੇ ਖੇਤਰ ਵਿੱਚ ਉਨ੍ਹਾਂ ਦੀ ਮਾਹਿਰ ਸੇਵਾ ਨਾਲ ਹੁਣ ਫਿਰੋਜ਼ਪੁਰ ਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਦਿਮਾਗ ਤੇ ਰੀੜ੍ਹ ਦੀ ਹੱਡੀ ਨਾਲ ਸਬੰਧਤ ਸਮੱਸਿਆਵਾਂ ਲਈ ਮਾਹਿਰ ਡਾਕਟਰੀ ਸਲਾਹ ਤੇ ਇਲਾਜ ਦੀ ਸੁਵਿਧਾ ਆਪਣੇ ਸ਼ਹਿਰ ਵਿੱਚ ਹੀ ਪ੍ਰਾਪਤ ਹੋ ਸਕੇਗੀ। ਨਿਊਰੋਸਰਜਰੀ ਇਕ ਵਿਸ਼ੇਸ਼ ਮੈਡੀਕਲ ਖੇਤਰ ਹੈ, ਜਿਸ ਵਿਚ ਦਿਮਾਗ, ਰੀੜ੍ਹ ਦੀ ਹੱਡੀ ਅਤੇ ਨਰਵਸ ਸਿਸਟਮ ਨਾਲ ਸਬੰਧਤ ਕਈ ਗੰਭੀਰ ਬਿਮਾਰੀਆਂ ਅਤੇ ਸਮੱਸਿਆਵਾਂ ਦਾ ਇਲਾਜ ਕੀਤਾ ਜਾਂਦਾ ਹੈ। ਅਜਿਹੀਆਂ ਸੇਵਾਵਾਂ ਦੀ ਉਪਲਬਧਤਾ ਨਾਲ ਮਰੀਜ਼ਾਂ ਨੂੰ ਇਲਾਜ ਲਈ ਦੂਰ-ਦੁਰਾਡੇ ਦੇ ਵੱਡੇ ਸ਼ਹਿਰਾਂ ਵਿਚ ਜਾਣ ਦੀ ਲੋੜ ਘੱਟ ਹੋਵੇਗੀ। ਹਸਪਤਾਲ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਡਾ. ਅਭਿਸ਼ੇਕ ਸੈਮੂਅਲ ਦੇਵਰੇ ਦੀ ਓਪੀਡੀ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਤੇ ਸ਼ਾਮ 4 ਵਜੇ ਤੋਂ 6 ਵਜੇ ਤੱਕ ਰਹੇਗੀ। ਇਸ ਦੌਰਾਨ ਮਰੀਜ਼ ਨਿਊਰੋਸਰਜਰੀ ਨਾਲ ਸਬੰਧਤ ਆਪਣੀਆਂ ਸਮੱਸਿਆਵਾਂ ਲਈ ਮਾਹਿਰ ਡਾਕਟਰੀ ਸਲਾਹ ਲੈ ਸਕਣਗੇ। ਇਸ ਮੌਕੇ ਹਸਪਤਾਲ ਪ੍ਰਬੰਧਨ ਨੇ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਦਿਮਾਗ, ਰੀੜ੍ਹ ਦੀ ਹੱਡੀ ਜਾਂ ਨਰਵਸ ਸਿਸਟਮ ਨਾਲ ਸਬੰਧਤ ਕਿਸੇ ਵੀ ਸਮੱਸਿਆ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਵੇ ਤੇ ਸਮੇਂ ਸਿਰ ਮਾਹਿਰ ਡਾਕਟਰ ਨਾਲ ਸਲਾਹ ਕੀਤੀ ਜਾਵੇ। ਉਨ੍ਹਾਂ ਆਖਿਆ ਕਿ 10 ਲੱਖ ਰੁਪਏ ਤੱਕ ਦੇ ਆਯੂਸ਼ਮਾਨ ਕਾਰਡ, ਈਸੀਐੱਚਐੱਸ ਤੇ ਪ੍ਰਾਈਵੇਟ ਇੰਸ਼ੋਰੈਂਸ ਦੇ ਤਹਿਤ ਯੋਗ ਮਰੀਜ਼ਾਂ ਦਾ ਇਲਾਜ ਕੈਸ਼ਲੈੱਸ/ਮੁਫ਼ਤ ਕੀਤਾ ਜਾਂਦਾ ਹੈ।

## ਅਰਮਾਨ ਦੋਜੋ ਪਟਿਆਲਾ ਸੈਸ਼ੀਕਾਨ ਕੱਪ-2026 'ਚ ਚਮਕਿਆ




**ਨਾਭਾ (ਅਮਨ ਗਰਗ)**- ਅਰਮਾਨ ਦੋਜੋ ਪਟਿਆਲਾ ਦੇ ਵਿਦਿਆਰਥੀਆਂ ਨੇ ਲੁਧਿਆਣਾ ਵਿੱਚ ਆਯੋਜਿਤ ਸੈਸ਼ੀਕਾਨ ਕੱਪ-2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ।ਬੇਮਿਸਾਲ ਹੁਨਰ, ਅਨੁਸ਼ਾਸਨ ਤੇ ਦ੍ਰਿੜਤਾ ਦਾ ਪ੍ਰਦਰਸ਼ਨ ਕਰਦੇ ਹੋਏ, ਟੀਮ ਨੇ ਜੂਨੀਅਰ ਅਤੇ ਸੀਨੀਅਰ ਵਰਗਾਂ ਵਿੱਚ ਕਈ ਸੋਨ ਤਗਮੇ ਪ੍ਰਾਪਤ ਕੀਤੇ।ਤਮਗਾ ਜੇਤੂ ਅਰਸ਼ਮੀਤ ਕੌਰ ਗੋਲਡ ਮੈਡਲ, ਜੂੜੀਆਂ ਅੰਡਰ-14 ਖੁਸ਼ਪ੍ਰੀਤ ਕੌਰ ਗੋਲਡ ਮੈਡਲ, ਸੀਨੀਅਰ ਵਰਗ ਅਸਮਨੀ ਗੋਲਡ ਮੈਡਲ, ਸੀਨੀਅਰ ਵਰਗ ਲਵਪ੍ਰੀਤ ਕੌਰ ਗੋਲਡ ਮੈਡਲ, ਸੀਨੀਅਰ ਵਰਗ ਗੁਰਪ੍ਰੀਤ ਸਿੰਘ ਗੋਲਡ ਮੈਡਲ, ਸੀਨੀਅਰ ਵਰਗ ਟੀਮ ਨੂੰ ਸ੍ਰੀ ਸੰਦੀਪ ਸਿੰਘ, ਕਰਾਟੇ ਕੋਚ ਦੁਆਰਾ ਸਿਖਲਾਈ ਤੇ ਸਲਾਹ ਦਿੱਤੀ ਗਈ ਸੀ ਅਤੇ ਸ੍ਰੀ. ਅਰਮਾਨ ਸਿੰਘ, ਹੈੱਡ ਕਰਾਟੇ ਕੋਚ, ਅਰਮਾਨਜ਼ ਦੋਜੋ ਮੈਨੇਜਮੈਂਟ ਤੇ ਕੋਚ ਸਾਰੇ ਚੈਂਪੀਅਨਾਂ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਤੇ ਅਕੈਡਮੀ ਦਾ ਨਾਂਅ ਰੋਸ਼ਨ ਕਰਨ ਲਈ ਵਧਾਈ ਦਿੰਦਾ ਹੈ।

# ਮਾਲਵਿਕਾ ਸੂਦ ਨੇ ਅਗਾਮੀ ਚੋਣਾਂ ਨੂੰ ਲੈ ਕੇ ਮੁਹਿੰਮ ਕੀਤੀ ਤੇਜ਼

### ਵੱਡੀ ਲੀਡ ਨਾਲ ਹਲਕਾ ਮੋਗਾ ਫਤਿਹ ਕਰਾਂਗੇ



**ਮੋਗਾ (ਇਕਬਾਲ ਸਿੰਘ ਖਹਿਰਾ)**
ਅਗਾਮੀ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਕਾਂਗਰਸ ਪਾਰਟੀ ਵੱਲੋਂ ਹਲਕਾ ਮੋਗਾ ਅੰਦਰ ਆਪਣੀਆਂ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ।ਹਲਕਾ ਇੰਚਾਰਜ ਮਾਲਵਿਕਾ ਸੂਦ ਵੱਲੋਂ ਲਗਾਤਾਰ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨਾਲ ਡੋਰ-ਟੂ-ਡੋਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਇਨ੍ਹਾਂ ਮੀਟਿੰਗਾਂ ਦੌਰਾਨ ਉਹ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਦੇ ਨਾਲ-ਨਾਲ ਕਾਂਗਰਸ ਪਾਰਟੀ ਦੀਆਂ ਨੀਤੀਆਂ ਤੇ ਭਵਿੱਖੀ ਯੋਜਨਾਵਾਂ ਬਾਰੇ ਵੀ ਜਾਣਕਾਰੀ ਸਾਂਝੀ ਕਰ ਰਹੇ ਹਨ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਾਲਵਿਕਾ ਸੂਦ ਨੇ ਕਿਹਾ ਕਿ ਪਿੰਡਾਂ ਵਿੱਚ ਹੋ ਰਹੀਆਂ ਮੀਟਿੰਗਾਂ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਆਮ ਲੋਕਾਂ ਵਿੱਚ ਕਾਂਗਰਸ ਪਾਰਟੀ ਪ੍ਰਤੀ ਮੁੜ ਵਿਸ਼ਵਾਸ ਪੈਦਾ ਹੋ ਰਿਹਾ ਹੈ ਤੇ ਵਰਕਰ ਵੀ ਪੂਰੇ ਉਤਸ਼ਾਹ ਨਾਲ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰ ਰਹੇ ਹਨ।ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਹਲਕਾ ਮੋਗਾ ਤੋਂ ਵੱਡੀ ਲੀਡ ਨਾਲ ਜਿੱਤ ਹਾਸਲ ਕਰੇਗੀ।ਮਾਲਵਿਕਾ ਸੂਦ ਨੇ ਕਿਹਾ ਕਿ ਹਲਕੇ ਦੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਨੇੜਿਓਂ ਸਮਝਣ ਲਈ ਪਿੰਡ-ਪਿੰਡ ਜਾ ਕੇ ਲੋਕਾਂ ਨਾਲ ਸਿੱਧਾ ਸੰਪਰਕ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸੜਕਾਂ, ਸੀਵਰੇਜ, ਪੀਣ ਵਾਲਾ ਪਾਣੀ, ਸਫ਼ਾਈ, ਸਿਹਤ ਸਹੂਲਤਾਂ ਤੇ ਹੋਰ ਬੁਨਿਆਦੀ ਸਮੱਸਿਆਵਾਂ ਸਬੰਧੀ ਲੋਕਾਂ ਵੱਲੋਂ ਜੋ ਮਸਲੇ ਉਠਾਏ ਜਾ ਰਹੇ ਹਨ, ਉਨ੍ਹਾਂ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਜੇਕਰ ਪੰਜਾਬ ਵਿਚ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਤਾਂ ਹਲਕਾ ਮੋਗਾ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣਾ ਹੀ ਉਨ੍ਹਾਂ ਦੀ ਮੁੱਖ ਤਰਜੀਹ ਹੈ ਤੇ ਚੋਣਾਂ ਤੱਕ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ, ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

## ਪੱਤਰਕਾਰ 'ਤੇ ਪਰਚਾ ਦਰਜ ਕਰਨ ਦੀ ਜਰਨਲਿਸਟਸ ਯੂਨੀਅਨ ਵੱਲੋਂ ਨਿਖੇਧੀ

**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)**-ਥਾਣਾ ਲੰਬੀ ਪੱਤਰਕਾਰ ਮਨਿੰਦਰ ਸਿੱਧੂ 'ਤੇ ਖ਼ੁਦਕੁਸ਼ੀ ਲਈ ਮਜ਼ਬੂਰ ਕਰਨ ਦੀ ਸੰਗੀਨ ਧਾਰਾ ਤਹਿਤ ਦਰਜ ਕੀਤੇ ਗਏ ਕਥਿਤ ਝੂਠੇ ਪਰਚੇ ਦੀ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਵੱਲੋਂ ਸਖ਼ਤ ਨਿਖੇਧੀ ਕੀਤੀ ਗਈ ਹੈ। ਜਥੇਬੰਦੀ ਦੇ ਜ਼ਿਲ੍ਹਾ ਬਠਿੰਡਾ ਦੇ ਪ੍ਰਧਾਨ ਪਰਵਿੰਦਰ ਸਿੰਘ ਜੌੜਾ, ਕੌਮੀ ਕਾਰਜਕਾਰੀ ਦੇ ਮੈਂਬਰ ਤੇ ਜ਼ਿਲ੍ਹਾ ਜਨਰਲ ਸਕੱਤਰ ਸੁਖਨੈਬ ਸਿੰਘ ਸਿੱਧੂ, ਸੂਬਾ ਸਕੱਤਰ ਵੀਰਪਾਲ ਭਗਤਾ ਤੇ ਸੂਬਾ ਕਮੇਟੀ ਮੈਂਬਰ ਗੁਰਤੇਜ ਸਿੰਘ ਸਿੱਧੂ ਪੂਹਲੀ ਨੇ ਦੋਸ਼ ਲਾਇਆ ਕਿ ਸੂਬਾ ਸਰਕਾਰ ਮੀਡੀਆ ਦੀ ਆਜ਼ਾਦੀ ਦਾ ਗਲਾ ਘੁੱਟ ਰਹੀ ਹੈ। ਉਨ੍ਹਾਂ ਕਿਹਾ ਕਿ ਪੱਤਰਕਾਰਤਾ ਦਾ ਮੁੱਖ ਕੰਮ ਲੋਕਾਂ ਦੀਆਂ ਮੁਸ਼ਕਲਾਂ ਤੇ ਸਮਾਜਿਕ ਕੁਰੀਤੀਆਂ ਨੂੰ ਸਰਕਾਰ ਦੇ ਕੰਨਾਂ ਤੱਕ ਪੁਚਾਉਣਾ ਹੈ, ਤਾਂ ਜੁ ਉਨ੍ਹਾਂ ਦਾ ਸਾਰਥਿਕ ਹੱਲ ਕੱਢਿਆ ਜਾ ਸਕੇ ਤੇ ਨਰੋਏ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਮਨਿੰਦਰ ਸਿੱਧੂ ਵੀ ਆਪਣੀ ਡਿਊਟੀ ਬਾਖ਼ੂਬੀ ਨਿਭਾਅ ਰਿਹਾ ਹੈ। ਮਨਿੰਦਰ ਸਿੱਧੂ ਵੱਲੋਂ ਸੂਬਾ ਸਰਕਾਰ ਦੇ ਇੱਕ ਮੰਤਰੀ ਦੇ ਪਿੰਡ ਵਿੱਚ ਵਿਕ ਰਹੇ ਨਸ਼ਿਆਂ ਤੇ ਨਸ਼ਿਆਂ ਕਾਰਨ ਪਿੰਡ ਦੇ ਨੌਜਵਾਨਾਂ ਦੀਆਂ ਜਾ ਰਹੀਆਂ ਜਾਨਾਂ ਸਬੰਧੀ ਕਵਰੇਜ ਕੀਤੀ ਗਈ ਸੀ।

## ਬਿਨਾਂ ਪਿਤਾ ਜਾਂ ਭਰਾ ਦੇ ਸਿਰ ਦੇ ਸਾਏ ਵਾਲੀਆਂ ਭੈਣਾਂ ਦੇ ਵਿਆਹਾਂ ਦੀ ਵੀਡੀਓਗ੍ਰਾਫ਼ੀ ਮੁਫ਼ਤ ਕਰਨਗੇ ਮਨਦੀਪ ਮੱਟਰਾਂ



**ਭਵਾਨੀਗੜ੍ਹ (ਰਾਜ ਖੁਰਮੀ)**-ਸਮਾਜ ਸੇਵਾ ਦੇ ਖੇਤਰ ਵਿੱਚ ਆਪਣਾ ਯੋਗਦਾਨ ਪਾ ਰਹੇ ਪਿੰਡ ਮੱਟਰਾਂ ਦੇ ਵਸਨੀਕ ਮਨਦੀਪ ਸਿੰਘ ਵੱਲੋਂ ਇੱਕ ਸ਼ਲਾਘਾਯੋਗ ਪਹਿਲਕਦਮੀ ਦਾ ਐਲਾਨ ਕੀਤਾ ਗਿਆ ਹੈ।ਪਿੰਡ ਨਦਾਮਪੁਰ ਵਿਖੇ 'ਮਨਦੀਪ ਸਟੂਡੀਓ' ਚਲਾ ਰਹੇ ਮਨਦੀਪ ਸਿੰਘ ਨੇ ਐਲਾਨ ਕੀਤਾ ਹੈ ਕਿ ਉਹ ਇਸ ਸਾਲ ਅਜਿਹੀਆਂ ਪੰਜ ਭੈਣਾਂ ਦੇ ਵਿਆਹਾਂ ਦੀ ਵੀਡੀਓਗ੍ਰਾਫ਼ੀ ਬਿਲਕੁਲ ਮੁਫ਼ਤ ਕਰਨਗੇ, ਜਿਨ੍ਹਾਂ ਦੇ ਸਿਰ 'ਤੇ ਪਿਤਾ ਜਾਂ ਭਰਾ ਦਾ ਸਾਇਆ ਨਹੀਂ ਹੈ।ਮਨਦੀਪ ਨੇ ਕਿਹਾ ਕਿ ਸਮਾਜ ਵਿੱਚ ਰਹਿੰਦਿਆਂ ਹਰ ਵਿਅਕਤੀ ਦਾ ਫ਼ਰਜ਼ ਬਣਦਾ ਹੈ ਕਿ ਉਹ ਆਪਣੀ ਸਮਰੱਥਾ ਅਨੁਸਾਰ ਲੋੜਵੰਦ ਪਰਵਾਰਾਂ ਦੀ ਮਦਦ ਕਰੇ।ਉਨ੍ਹਾਂ ਕਿਹਾ ਕਿ ਵਿਆਹ ਹਰ ਪਰਵਾਰ ਲਈ ਜ਼ਿੰਦਗੀ ਦਾ ਮਹੱਤਵਪੂਰਨ ਮੌਕਾ ਹੁੰਦਾ ਹੈ ਤੇ ਜਿਨ੍ਹਾਂ ਧੀਆਂ ਦੇ ਸਿਰ 'ਤੇ ਪਿਤਾ ਜਾਂ ਭਰਾ ਦਾ ਸਹਾਰਾ ਨਹੀਂ ਹੁੰਦਾ, ਉਨ੍ਹਾਂ ਲਈ ਆਪਣੀ ਸਮਰੱਥਾ ਅਨੁਸਾਰ ਸਹਿਯੋਗ ਦੇਣਾ ਉਨ੍ਹਾਂ ਲਈ ਖ਼ੁਸ਼ੀ ਦੀ ਗੱਲ ਹੈ।ਮਨਦੀਪ ਸਿੰਘ ਦੀ ਇਸ ਪਹਿਲ ਦੀ ਇਲਾਕੇ ਵਿੱਚ ਸ਼ਲਾਘਾ ਕੀਤੀ ਜਾ ਰਹੀ ਹੈ ਤੇ ਲੋਕਾਂ ਨੇ ਇਸ ਨੂੰ ਸਮਾਜ ਸੇਵਾ ਦੀ ਇੱਕ ਪ੍ਰੇਰਣਾਦਾਇਕ ਮਿਸਾਲ ਦੱਸਿਆ ਹੈ।

## ਮਾਸਟਰ ਕੇਡਰ ਤੋਂ ਹੈੱਡਮਾਸਟਰਾਂ ਦੀਆਂ ਪ੍ਰਮੋਸ਼ਨਾਂ ਸਤੰਬਰ 'ਚ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਮਾਸਟਰ ਕੇਡਰ ਯੂਨੀਅਨ ਪੰਜਾਬ ਦਾ ਇੱਕ ਪ੍ਰਤੀਨਿਧ ਵਫ਼ਦ ਸੂਬਾ ਪ੍ਰਧਾਨ ਬਲਜਿੰਦਰ ਸਿੰਘ ਧਾਲੀਵਾਲ, ਸੂਬਾ ਜਨਰਲ ਸਕੱਤਰ ਗੁਰਮੀਤ ਸਿੰਘ ਭੁੱਲਰ, ਜੁਆਇੰਟ ਸਕੱਤਰ ਦਲਜੀਤ ਸਿੰਘ ਸਬਰਵਾਲ, ਸੀਨੀਅਰ ਮੀਤ ਪ੍ਰਧਾਨ ਅਮਰਬੀਰ ਸਿੰਘ ਰੰਧਾਵਾ ਅਤੇ ਧਰਮਿੰਦਰ ਸਿੰਘ ਫਰੀਦਕੋਟ ਦੀ ਸਾਂਝੀ ਅਗਵਾਈ ਹੇਠ ਡਾਇਰੈਕਟਰ ਸਿੱਖਿਆ ਸਕੂਲ ਸੈਕੰਡਰੀ ਸ. ਸਕੱਤਰ ਸਿੰਘ ਬੱਲ ਨੂੰ ਉਨ੍ਹਾਂ ਦੇ ਦਫ਼ਤਰ ਵਿਖੇ ਮਿਲਿਆ।ਇਸ ਮੁਲਾਕਾਤ ਦੌਰਾਨ ਯੂਨੀਅਨ ਵੱਲੋਂ ਅਧਿਆਪਕਾਂ ਦੀਆਂ ਪ੍ਰਮੋਸ਼ਨਾਂ, ਬਦਲੀਆਂ ਤੋਂ ਬਾਅਦ ਰਿਲੀਵ ਕਰਨ ਅਤੇ ਹੋਰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਵਿਸਥਾਰਪੂਰਵਕ ਗੱਲਬਾਤ ਕੀਤੀ ਗਈ।ਡਾਇਰੈਕਟਰ ਸਕੂਲ ਸਿੱਖਿਆ ਨੇ ਦੱਸਿਆ ਕਿ ਮਾਸਟਰ ਕੇਡਰ ਤੋਂ ਹੈੱਡਮਾਸਟਰਾਂ ਦੀਆਂ ਪ੍ਰਮੋਸ਼ਨਾਂ, ਪ੍ਰਿੰਸੀਪਲਾਂ ਦੀਆਂ ਪ੍ਰਮੋਸ਼ਨਾਂ ਮੁਕੰਮਲ ਹੋਣ ਤੋਂ ਬਾਅਦ ਸਤੰਬਰ ਮਹੀਨੇ ਵਿੱਚ ਕੀਤੀਆਂ ਜਾਣਗੀਆਂ।ਈ.ਟੀ.ਟੀ. ਤੋਂ ਮਾਸਟਰ ਕੇਡਰ ਦੀਆਂ ਪ੍ਰਮੋਸ਼ਨਾਂ 21 ਅਗਸਤ ਦੀ ਅਦਾਲਤੀ ਸੁਣਵਾਈ ਤੋਂ ਬਾਅਦ ਨਿਯਮਾਂ ਅਨੁਸਾਰ ਕੀਤੀਆਂ ਜਾਣਗੀਆਂ।ਇਸ ਨਾਲ ਸਕੂਲਾਂ ਵਿੱਚ 50% ਦੀ ਸ਼ਰਤ ਕਾਰਨ ਰੁਕੀਆਂ ਬਦਲੀਆਂ ਵਾਲੇ ਅਧਿਆਪਕਾਂ ਨੂੰ ਰਿਲੀਵ ਕਰਨ ਦਾ ਰਸਤਾ ਸਾਫ਼ ਹੋ ਜਾਵੇਗਾ।

## ਸਿਸੋਦੀਆ ਨੇ ਜਗਰਾਉਂ ਦੇ ਵਿਕਾਸ ਕਾਰਜਾਂ ਦੀ ਕੀਤੀ ਸ਼ਲਾਘਾ



**ਜਗਰਾਉਂ (ਅਮਿਤ ਖੰਨਾ)**-ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਨੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਮਨੀਸ਼ ਸਿਸੋਦੀਆ ਨਾਲ ਮੀਟਿੰਗ ਕੀਤੀ।ਇਸ ਦੌਰਾਨ ਵਿਕਾਸ ਕਾਰਜਾਂ, ਲੋਕ ਭਲਾਈ ਯੋਜਨਾਵਾਂ ਅਤੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਵਿਕਾਸ ਪ੍ਰੋਜੈਕਟਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।ਮੀਟਿੰਗ ਦੌਰਾਨ ਸਿਸੋਦੀਆ ਨੇ ਜਗਰਾਉਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਜਾਣਕਾਰੀ ਹਾਸਲ ਕੀਤੀ ਤੇ ਇਲਾਕੇ ਵਿੱਚ ਕਰਵਾਏ ਗਏ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ ਤੇ ਵਿਕਾਸ ਦੀ ਰਫ਼ਤਾਰ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਮਨੀਸ਼ ਸਿਸੋਦੀਆ ਨੇ ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਵੱਲੋਂ ਜਨਤਾ ਦੀ ਭਲਾਈ ਲਈ ਕੀਤੇ ਜਾ ਰਹੇ ਯਤਨਾਂ ਦੀ ਵੀ ਪ੍ਰਸ਼ੰਸਾ ਕੀਤੀ।ਉਨ੍ਹਾਂ ਕਿਹਾ ਕਿ ਜਗਰਾਉਂ ਵਿੱਚ ਵਿਕਾਸ ਨੂੰ ਲੈ ਕੇ ਕੀਤੇ ਜਾ ਰਹੇ ਉਪਰਾਲੇ ਹੋਰ ਲੋਕ ਨੁਮਾਇੰਦਿਆਂ ਲਈ ਵੀ ਇੱਕ ਮਿਸਾਲ ਹਨ।ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਨੇ ਕਿਹਾ ਕਿ ਜਗਰਾਉਂ ਦੀ ਪਹਿਲੀ ਤਰਜੀਹ ਇਲਾਕੇ ਦੇ ਲੋਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨਾ ਹੈ।ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਬੁਨਿਆਦੀ ਢਾਂਚੇ ਤੇ ਹੋਰ ਲੋਕ ਭਲਾਈ ਨਾਲ ਜੁੜੇ ਖੇਤਰਾਂ ਵਿੱਚ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।

## ਚੰਡੀਗੜ੍ਹ ਧਰਨੇ ਸੰਬੰਧੀ ਤਿਆਰੀਆਂ ਮੁਕੰਮਲ : ਬੀ ਕੇ ਯੂ ਰਾਜੇਵਾਲ



**ਨਾਭਾ (ਅਮਨ ਗਰਗ)**- ਪਾਣੀਆਂ ਦਾ ਮਸਲਾ, ਮੁਫ਼ਤ ਵਪਾਰ ਸਮਝੌਤਾ, ਸੰਘੀ ਢਾਂਚਾ, ਕਰਜ਼ਾ ਮੁਕਤੀ ਇਸ ਤਰ੍ਹਾਂ ਦੇ ਬਹੁਤ ਸਾਰੇ ਮੁੱਦਿਆਂ ਨੂੰ ਲੈ ਕੇ ਇੱਕ ਸਤੰਬਰ ਤੋਂ ਚੰਡੀਗੜ੍ਹ ਵਿਖੇ ਐਸਕੇਐਮ ਵੱਲੋਂ ਲਾਏ ਜਾ ਰਹੇ ਮੋਰਚੇ ਸਬੰਧੀ ਤਿਆਰੀ ਕਰਨ ਲਈ ਬੀ ਕੇ ਯੂ ਰਾਜੇਵਾਲ ਬਲਾਕ ਨਾਭਾ ਦੀ ਮੀਟਿੰਗ ਗੁਰਦੁਆਰਾ ਭਗਤ ਧੰਨਾ ਜੀ ਨਵੀਂ ਅਨਾਜ ਮੰਡੀ ਨਾਭਾ ਵਿੱਚ ਬਲਾਕ ਦੇ ਪ੍ਰਧਾਨ ਅੰਗ੍ਰੇਜ ਸਿੰਘ ਭੋਜੋ ਮਾਜਰੀ ਦੀ ਪ੍ਰਧਾਨਗੀ ਹੇਠ ਹੋਈ ਤੇ ਮੋਰਚੇ ਦੇ ਪ੍ਰਬੰਧ ਨੂੰ ਲੈ ਕੇ ਕਿਸਾਨ ਆਗੂਆਂ ਦੀਆਂ ਡਿਊਟੀਆਂ ਲਾਈਆਂ ਗਈਆਂ। ਵੱਖ-ਵੱਖ ਪਿੰਡਾਂ ਤੋਂ ਆਏ ਕਿਸਾਨਾਂ ਨੇ ਜਿੱਥੇ ਧਰਨੇ 'ਚ ਜਾਣ ਸਬੰਧੀ ਆਪਣੀ ਸਹਿਮਤੀ ਦਿੱਤੀ, ਉਥੇ ਆਪਣੀਆਂ ਟਰਾਲੀਆਂ ਦੀ ਗਿਣਤੀ ਵੀ ਲਿਖਵਾਈ। ਮੀਟਿੰਗ ਵਿੱਚ ਬਲਾਕ ਆਗੂ ਪਰਮਿੰਦਰ ਸਿੰਘ ਬਨੇਰਾ, ਜਰਨੈਲ ਸਿੰਘ ਗੁਣੀਕੇ, ਗੁਰਮੇਲ ਸਿੰਘ ਪ੍ਰਣੀਵਾਲ, ਜਸਵਿੰਦਰ ਸਿੰਘ ਮੱਲੇਵਾਲ, ਚਰਨਜੀਤ ਸਿੰਘ ਦੰਦਰਾਲਾ, ਹਰਿਦਰਸ਼ਨ ਸਿੰਘ ਲੁਬਾਣਾ ਤੋਂ ਇਲਾਵਾ ਸੀਨੀਅਰ ਆਗੂ ਨੇਕ ਸਿੰਘ ਖੋਖ, ਘੁੰਮਣ ਸਿੰਘ ਰਾਜਗੜ੍ਹ, ਹਰਦੀਪ ਸਿੰਘ ਘਨੁੜਕੀ, ਅਵਤਾਰ ਸਿੰਘ ਕੈਦੂਪੁਰ, ਲਾਭ ਸਿੰਘ ਦਿੱਤੂਪੁਰ, ਅਵਤਾਰ ਸਿੰਘ ਪੰਧਾਣ ਵੀ ਸ਼ਾਮਲ ਹੋਏ ਬਲਾਕ ਦੇ ਵੱਖ-ਵੱਖ ਪਿੰਡਾਂ ਵਿੱਚੋਂ ਸੈਂਕੜਿਆਂ ਦੀ ਗਿਣਤੀ ਵਿੱਚ ਕਿਸਾਨਾਂ ਨੇ ਹਾਜ਼ਰੀ ਭਰੀ।

# ਝਾੜ ਸਾਹਿਬ ਕਾਲਜ 'ਚ ਤੀਆਂ ਮੌਕੇ ਲੱਗਾ ਸੱਭਿਆਚਾਰਕ ਮੇਲਾ



**ਸਮਰਾਲਾ (ਸੁਰਜੀਤ ਸਿੰਘ)**
ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ ਵਿਖੇ ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਰਹਿਨੁਮਾਈ ਤੇ ਕਾਲਜ ਦੀ ਕਲਚਰਲ ਕਮੇਟੀ ਦੇ ਇੰਚਾਰਜ ਡਾ. ਅਮਨਪ੍ਰੀਤ ਕੌਰ ਕੰਗ, ਸੁਖਨਪ੍ਰੀਤ ਕੌਰ ਤੇ ਪੰਜਾਬੀ ਵਿਭਾਗ ਦੀ ਅਗਵਾਈ ਹੇਠ ਤੀਆਂ ਦਾ ਮੇਲਾ ਲਾਇਆ ਗਿਆ।ਇਸ ਮੇਲੇ 'ਚ ਬੀਬੀ ਹਰਜਿੰਦਰ ਕੌਰ ਪਵਾਰ, ਮੈਂਬਰ ਐਸਜੀਪੀਸੀ ਅਤੇ ਸੁਖਪ੍ਰੀਤ ਕੌਰ ਢਿੱਲੋਂ ਸੁਪਤਨੀ ਪਰਮਜੀਤ ਸਿੰਘ ਢਿੱਲੋਂ ਹਲਕਾ ਇੰਚਾਰਜ ਅਕਾਲੀ ਦਲ ਨੇ ਸ਼ਿਰਕਤ ਕੀਤੀ।ਇਸ ਤੀਆਂ ਦੇ ਮੇਲੇ 'ਤੇ ਕਾਲਜ ਦੀਆਂ ਵਿਦਿਆਰਥਣਾਂ ਨੇ ਜਿੱਥੇ ਪੰਜਾਬੀ ਸੱਭਿਆਚਾਰ ਨਾਲ ਜੁੜੀਆਂ ਵੱਖ-ਵੱਖ ਵੰਨਗੀਆਂ ਦੀ ਪੇਸ਼ਕਾਰੀ ਕੀਤੀ, ਉੱਥੇ ਹੀ ਪੰਜਾਬੀ ਵਿਭਾਗ ਵੱਲੋਂ ਵਿਰਾਸਤੀ ਪ੍ਰਦਰਸ਼ਨੀ ਵੀ ਲਾਈ ਗਈ।

ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਕਾਲਜ ਪ੍ਰਿੰਸੀਪਲ ਵੱਲੋਂ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਮਹਿੰਦੀ, ਰੰਗੋਲੀ, ਵਿਰਾਸਤੀ ਕਲਾਵਾਂ, ਰਵਾਇਤੀ ਗੀਤ ਤੇ ਤੀਆਂ ਦੀ ਰਾਣੀ ਆਦਿ ਮੁਕਾਬਲੇ ਕਰਾਏ ਗਏ।ਸੁੰਦਰ ਮਹਿੰਦੀ ਮੁਕਾਬਲੇ ਦਾ ਇਨਾਮ ਮਾਇਆ ਕੁਮਾਰੀ ਨੇ ਹਾਸਲ ਕੀਤਾ।ਸੁੰਦਰ ਮੀਢੀਆਂ ਲਈ ਮਨਪ੍ਰੀਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਸੁੰਦਰ ਪਰਾਂਦਾ ਮੁਕਾਬਲੇ ਦਾ ਖਿਤਾਬ ਗੁਰਲੀਨ ਕੌਰ ਨੇ ਜਿੱਤਿਆ।ਬਾਗ ਤੇ ਫੁਲਕਾਰੀ ਮੁਕਾਬਲੇ ਵਿੱਚ ਜਸਪ੍ਰੀਤ ਕੌਰ ਜੇਤੂ ਰਹੀ।ਗੁੱਡੀਆਂ-ਪਟੋਲੇ ਮੁਕਾਬਲੇ ਵਿੱਚ ਅਮਨਦੀਪ ਕੌਰ ਪਹਿਲੇ ਸਥਾਨ 'ਤੇ ਰਹੀ।ਛਿੱਕੂ ਬਣਾਉਣ ਮੁਕਾਬਲੇ ਵਿੱਚ ਜਸ਼ਨਪ੍ਰੀਤ ਕੌਰ ਜੇਤੂ ਰਹੀ।ਪਰਾਂਦੇ ਬੁਣਨ ਵਿੱਚ ਗੁਰਲੀਨ ਕੌਰ ਜੇਤੂ ਰਹੀ।ਪੱਖੀ ਬਣਾਉਣ ਮੁਕਾਬਲੇ ਵਿੱਚ ਤਰਨਪ੍ਰੀਤ ਕੌਰ ਜੇਤੂ ਰਹੀ।ਕਰੋਸ਼ੀਆ ਮੁਕਾਬਲੇ ਵਿਚ ਹਰਸ਼ਨਪ੍ਰੀਤ ਕੌਰ, ਰੰਗੋਲੀ ਵਿੱਚ ਨੀਲਾਕਸ਼ੀ, ਬੁਣਤੀ ਵਿੱਚ ਨੇਹਾ ਰਾਣੀ, ਈਨੂੰ ਬਣਾਉਣ ਵਿੱਚ ਸੁਮਨਪ੍ਰੀਤ ਕੌਰ ਤੇ ਨਾਲਾ ਬੁਣਨ ਮੁਕਾਬਲੇ ਵਿੱਚ ਪ੍ਰੀਤੀ ਜੇਤੂ ਰਹੀ।ਵਿਰਾਸਤੀ ਸਾਮਾਨ ਮੁਕਾਬਲੇ ਵਿੱਚ ਗਗਨਦੀਪ ਕੌਰ ਤੇ ਹਰਸ਼ਨਪ੍ਰੀਤ ਕੌਰ ਨੇ ਇਨਾਮ ਪ੍ਰਾਪਤ ਕੀਤੇ।ਰਵਾਇਤੀ ਗੀਤ ਮੁਕਾਬਲਿਆਂ ਵਿੱਚ ਦਮਨਪ੍ਰੀਤ ਕੌਰ, ਤਨਵੀਰ ਕੌਰ, ਮਨਪ੍ਰੀਤ ਕੌਰ ਤੇ ਰਵਨਪ੍ਰੀਤ ਕੌਰ ਨੇ ਵਿਅਕਤੀਗਤ ਇਨਾਮ ਪ੍ਰਾਪਤ ਕੀਤੇ।ਗਰੁੱਪ ਡਾਂਸ ਵਿੱਚ ਸੁਖਵੀਰ ਕੌਰ, ਸਿਮਰਨਪ੍ਰੀਤ ਕੌਰ, ਗੁਰਅੰਮ੍ਰਿਤ ਕੌਰ ਤੇ ਮਨਮੀਤ ਕੌਰ ਨੇ ਵਿਅਕਤੀਗਤ ਇਨਾਮ ਪ੍ਰਾਪਤ ਕੀਤੇ।

ਆਰਟਸ ਵਿਭਾਗ ਦੀ ਗਿੱਧਾ ਟੀਮ ਵਿੱਚੋਂ ਸਿਮਰਨ ਕੌਰ, ਕੁਲਦੀਪ ਕੌਰ ਤੇ ਰੋਮਨਪ੍ਰੀਤ ਕੌਰ, ਕਾਮਰਸ ਵਿਭਾਗ ਦੀ ਗਿੱਧਾ ਟੀਮ ਵਿੱਚੋਂ ਹਰਪ੍ਰੀਤ ਕੌਰ, ਸੰਦੀਪ ਕੌਰ ਤੇ ਕੀਰਤੀ ਦੀ ਗਿੱਧਾ ਟੀਮ ਵਿੱਚੋਂ ਤਰਨਜੀਤ ਕੌਰ, ਗੁਰਲੀਨ ਕੌਰ ਤੇ ਹਰਮਨਜੋਤ ਕੌਰ ਤੇ ਕੰਪਿਊਟਰ ਵਿਭਾਗ ਦੀ ਗਿੱਧਾ ਟੀਮ ਵਿੱਚੋਂ ਰੁਪਿੰਦਰ ਕੌਰ, ਹਰਸ਼ਪ੍ਰੀਤ ਕੌਰ ਤੇ ਦਿਲਪ੍ਰੀਤ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ।ਤੀਆਂ ਦੀ ਰਾਣੀ ਦਾ ਖਿਤਾਬ ਮਿਸ ਰੋਮਨਪ੍ਰੀਤ ਕੌਰ ਨੇ ਜਿੱਤਿਆ। ਸੁਚੱਜੀ ਮੁਟਿਆਰ ਦਾ ਖਿਤਾਬ ਹਰਮਨਜੋਤ ਕੌਰ ਤੇ ਸੋਹਣੀ ਸੁਨੱਖੀ ਮੁਟਿਆਰ ਦਾ ਖਿਤਾਬ ਗੁਰਪ੍ਰੀਤ ਕੌਰ ਨੇ ਜਿੱਤਿਆ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥਣਾਂ ਨੂੰ ਪੁਰਾਤਨ ਤਰੀਕੇ ਨਾਲ ਤੀਆਂ ਦਾ ਮੇਲਾ ਆਯੋਜਿਤ ਕਰਨ 'ਤੇ ਵਧਾਈ ਦਿੱਤੀ।

## ਮਾਤਾ ਗੁਜਰੀ ਸਕੂਲ ਦੀ ਕ੍ਰਿਕਟ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ




**ਦੇਵੀਗੜ੍ਹ/ਸਨੌਰ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੀ ਯੂ 14 ਕ੍ਰਿਕਟ ਟੀਮ ਨੇ 70ਵੀਂ ਜ਼ੋਨਲ ਕ੍ਰਿਕਟ ਟੂਰਨਾਮੈਂਟ, ਜੋ ਸਰਕਾਰੀ ਸਕੂਲ, ਘੜਾਮ ਵਿਖੇ ਕਰਾਇਆ ਗਿਆ, ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਤੀਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਟੀਮ ਨੇ ਪੂਰੇ ਟੂਰਨਾਮੈਂਟ ਦੌਰਾਨ ਸ਼ਾਨਦਾਰ ਖੇਡ, ਅਨੁਸ਼ਾਸਨ, ਟੀਮ ਭਾਵਨਾ ਤੇ ਜਜ਼ਬੇ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਦੀ ਮਿਹਨਤ, ਲਗਨ ਤੇ ਕੋਚ ਦੀ ਅਗਵਾਈ ਸਦਕਾ ਟੀਮ ਨੇ ਇਹ ਮਾਣਮੱਤੀ ਉਪਲਬਧੀ ਹਾਸਲ ਕੀਤੀ।ਇਸ ਮੌਕੇ ਸਕੂਲ ਦੇ ਡਾਇਰੈਕਟਰ ਭੁਪਿੰਦਰ ਸਿੰਘ ਤੇ ਪ੍ਰੈਜ਼ੀਡੈਂਟ ਸ੍ਰੀਮਤੀ ਰਵਿੰਦਰ ਕੌਰ ਨੇ ਯੂ-14 ਕ੍ਰਿਕਟ ਟੀਮ ਦੇ ਸਮੂਹ ਖਿਡਾਰੀਆਂ ਅਤੇ ਕੋਚ ਸ੍ਰੀ ਕੇਸ਼ਵ ਕਾਂਤ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ।ਉਨ੍ਹਾਂ ਖਿਡਾਰੀਆਂ ਦੀ ਮਿਹਨਤ ਤੇ ਖੇਡ ਪ੍ਰਤਿਭਾ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਹੋਰ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਲਈ ਪ੍ਰੇਰਤ ਕੀਤਾ।ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਪੂਨਮ ਧੀਮਾਨ ਨੇ ਵੀ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਟੀਮ ਭਾਵਨਾ ਤੇ ਨੇਤ੍ਰਿਤਵ ਦੇ ਗੁਣ ਪੈਦਾ ਕਰਦੀਆਂ ਹਨ।

## ਰਿਟਾਇਰਡ ਇੰਪਲਾਈਜ਼ ਪੈਨਸ਼ਨਰਜ਼ ਵੈੱਲਫ਼ੇਅਰ ਐਸੋਸੀਏਸ਼ਨ ਕਾਰਜਕਾਰਨੀ ਦੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਰਿਟਾਇਰਡ ਇੰਪਲਾਈਜ਼ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਮਾਨਸਾ ਕਾਰਜਕਾਰਨੀ ਦੀ ਮੀਟਿੰਗ ਐਸੋਸੀਏਸ਼ਨ ਦੇ ਪ੍ਰਧਾਨ ਸਿਕੰਦਰ ਸਿੰਘ ਘਰਾਂਗਣਾ ਦੀ ਪ੍ਰਧਾਨਗੀ ਹੇਠ ਸਥਾਨਕ ਪੈਨਸ਼ਨਰਜ਼ ਭਵਨ ਵਿਖੇ ਹੋਈ।ਮੀਟਿੰਗ ਦੌਰਾਨ ਲੰਘੀ 7 ਅਗਸਤ ਨੂੰ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਚੰਡੀਗੜ੍ਹ ਵਿਖੇ ਹੋਈ ਮਹਾਂਰੈਲੀ ਦੀ ਸਮੀਖਿਆ ਕੀਤੀ ਗਈ ਅਤੇ ਰੈਲੀ ਦੌਰਾਨ ਵੱਡੀ ਗਿਣਤੀ 'ਚ ਸ਼ਮੂਲੀਅਤ ਲਈ ਸਾਥੀਆਂ ਦਾ ਧੰਨਵਾਦ ਕੀਤਾ ਗਿਆ।ਇਸ ਤੋਂ ਇਲਾਵਾ ਸਰਕਾਰ ਵੱਲੋਂ 17 ਅਗਸਤ ਨੂੰ ਵੱਖ ਵੱਖ ਵਿਭਾਗਾਂ ਨੂੰ ਜਾਰੀ ਪੱਤਰ, ਜਿਸ 'ਚ ਮਹਿੰਗਾਈ ਭੱਤੇ ਸਬੰਧੀ ਮਾਨਯੋਗ ਹਾਈਕੋਰਟ ਦੇ ਫੈਸਲੇ ਨੂੰ ਲਾਗੂ ਨਾ ਕਰਨ ਦੀ ਗੱਲ ਕਹੀ ਗਈ ਹੈ, ਦੀ ਵੀ ਸਖ਼ਤ ਨਿਖੇਧੀ ਕੀਤੀ ਗਈ।ਵਿਚਾਰ ਵਟਾਂਦਰੇ ਉਪਰੰਤ ਫੈਸਲਾ ਕੀਤਾ ਗਿਆ ਕਿ ਸਾਂਝੇ ਫਰੰਟ ਵੱਲੋਂ 27 ਅਗਸਤ ਦੇ ਬੰਦ ਦੀ ਕਾਲ ਨੂੰ ਸਫਲ ਬਣਾਉਣ ਲਈ ਉਲੀਕੇ ਗਏ ਪ੍ਰੋਗਰਾਮ ਅਨੁਸਾਰ ਐਸੋਸੀਏਸ਼ਨ ਵੱਲੋਂ ਵੱਡੇ ਪੱਧਰ 'ਤੇ ਸ਼ਮੂਲੀਅਤ ਕੀਤੀ ਜਾਵੇਗੀ।ਆਗੂਆਂ ਨੇ ਸਮੁੱਚੇ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਉਸ ਦਿਨ ਪੈਨਸ਼ਨਰਜ਼ ਭਵਨ ਵਿਖੇ ਸਵੇਰੇ 10 ਵਜੇ ਇਕੱਠੇ ਹੋਣ ਦੀ ਅਪੀਲ ਕੀਤੀ।ਇਸੇ ਤਰ੍ਹਾਂ ਭਵਨ ਵਿਖੇ ਸਥਾਪਤ ਲਾਇਬ੍ਰੇਰੀ ਦੀ ਦਿੱਖ ਨੂੰ ਸੰਵਾਰਨ ਲਈ ਇੰਟਰਲਾਕ ਟਾਈਲ ਲਗਵਾਉਣ ਦਾ ਮਤਾ ਵੀ ਸਰਬਸੰਮਤੀ ਨਾਲ ਪਾਸ ਕੀਤਾ ਗਿਆ ਤੇ ਇਸ ਸਬੰਧੀ ਇੱਕ ਪੰਜ ਮੈਂਬਰੀ ਕਮੇਟੀ ਦਾ ਗਠਨ ਵੀ ਮੌਕੇ 'ਤੇ ਹੀ ਕੀਤਾ ਗਿਆ।ਮੀਟਿੰਗ ਦੌਰਾਨ ਆਤਮਾ ਸਿੰਘ ਪਮਾਰ, ਜਗਦੀਸ਼ ਰਾਏ, ਅਜੈਬ ਸਿੰਘ ਅਲੀਸ਼ੇਰ, ਜਸਵੰਤ ਸਿੰਘ ਕੁਲਿਹਰੀ, ਇੰਦਰ ਸਿੰਘ ਬੁਰਜ ਹਰੀ, ਸੁਰਜੀਤ ਸਿੰਘ ਖਿਆਲਾ, ਮੇਜ਼ਰ ਸਿੰਘ ਗਿੱਲ, ਹਰਬੰਸ ਸਿੰਘ ਢਿੱਲੋਂ, ਬਿੱਕਰ ਸਿੰਘ ਮੰਘਾਣੀਆਂ, ਮੁਨਸ਼ੀ ਸਿੰਘ ਕੋਟਲੱਲੂ, ਬਾਦਸ਼ਾਹ ਸਿੰਘ ਚਹਿਲ, ਜਗਸੀਰ ਸਿੰਘ ਢਿੱਲੋਂ, ਪਿਰਥੀ ਸਿੰਘ ਮਾਨ, ਭਗਵਾਨ ਸਿੰਘ ਰੱਲਾ ਤੇ ਭੋਲਾ ਸਿੰਘ ਫੌਜੀ ਹਾਜ਼ਰ ਸਨ।

# ਜਮਹੂਰੀ ਅਧਿਕਾਰ ਸਭਾ ਵੱਲੋਂ ਪ੍ਰਦਰਸ਼ਨਕਾਰੀਆਂ 'ਤੇ ਕੇਸ ਦਰਜ ਕਰਨ ਦੀ ਤਿੱਖੇ ਸ਼ਬਦਾਂ 'ਚ ਨਿੰਦਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**
ਜੰਤਰ-ਮੰਤਰ ਦੇ ਸੰਘਰਸ਼ ਤੇ ਇਸ ਦੇ ਹਮਾਇਤ ਵਿੱਚ ਦੇਸ਼ ਦੇ ਵੱਖ-ਵੱਖ ਭਾਗਾਂ ਵਿੱਚ ਹੋਏ ਸੰਘਰਸ਼ ਵਿੱਚ ਭਾਗ ਲੈਣ ਵਾਲੇ ਪ੍ਰਦਰਸ਼ਨਕਾਰੀਆਂ ਵਿਰੁੱਧ ਦਰਜ ਮੁਕੱਦਮੇ ਤੁਰੰਤ ਵਾਪਸ ਲਏ ਜਾਣ ਤੇ ਸਰਕਾਰ 25 ਜੁਲਾਈ ਨੂੰ ਦਿੱਤੇ ਆਪਣੇ ਭਰੋਸੇ ਨੂੰ ਪੂਰੀ ਤਰ੍ਹਾਂ ਲਾਗੂ ਕਰੇ। ਜਮਹੂਰੀ ਅਧਿਕਾਰ ਸਭਾ ਇਲਾਕਾ ਕਮੇਟੀ ਰਾਮਪੁਰਾ ਫੂਲ ਨੇ ਪ੍ਰਦਰਸ਼ਨਕਾਰੀਆਂ 'ਤੇ ਐੱਫ ਆਈ ਆਰਜ਼ ਦਰਜ ਕਰਨ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।

ਸਭਾ ਦੇ ਆਗੂਆਂ ਅਵਤਾਰ ਸਿੰਘ, ਸੁਰਿੰਦਰ ਵਿਰਦੀ, ਭੋਲਾ ਸਧਾਨਾ, ਬੰਤ ਭੂੰਦੜ, ਸਰਮੁਖ ਸੇਲਬਰਾਹ, ਚਰਨਜੀਤ ਕੌਰ, ਸੰਦੀਪ ਸਿੰਘ, ਇਕਬਾਲ ਨੰਦਗੜ੍ਹ ਕੋਟੜਾ, ਬਲਦੇਵ ਰਾਮਪੁਰਾ ਤੇ ਗਗਨ ਰਾਮਪੁਰਾ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਤੇ ਲੋਕਾਂ ਦੀ ਆਵਾਜ਼ ਨੂੰ ਦਬਾਉਣ ਲਈ ਕੀਤੇ ਜਾ ਰਹੇ ਸਰਕਾਰੀ ਜਬਰ ਵਿਰੁੱਧ ਆਪਣੇ ਲੋਕਤੰਤਰਿਕ ਹੱਕਾਂ ਦੀ ਵਰਤੋਂ ਕਰਦਿਆਂ ਆਵਾਜ਼ ਬੁਲੰਦ ਕਰਨ ਵਾਲੇ ਵਿਦਿਆਰਥੀਆਂ, ਨੌਜਵਾਨਾਂ ਤੇ ਆਮ ਨਾਗਰਿਕਾਂ ਵਿਰੁੱਧ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਦਰਜ ਕੀਤੇ ਗਏ ਮੁਕੱਦਮੇ ਤੁਰੰਤ ਵਾਪਸ ਲਏ ਜਾਣੇ ਚਾਹੀਦੇ ਹਨ।ਲੋਕਾਂ ਦੇ ਜਮਹੂਰੀ ਹੱਕਾਂ ਨੂੰ ਕੁਚਲਣ ਤੇ ਸੰਘਰਸ਼ਸ਼ੀਲ ਲੋਕਾਂ ਨੂੰ ਡਰਾਉਣ-ਧਮਕਾਉਣ ਲਈ ਪੁਲਸ ਮਾਮਲਿਆਂ ਦਾ ਸਹਾਰਾ ਲੈਣਾ ਸਰਕਾਰ ਦੀ ਜਬਰ ਵਾਲੀ ਨੀਤੀ ਨੂੰ ਦਰਸਾਉਂਦਾ ਹੈ।ਉਨ੍ਹਾਂ ਕਿਹਾ ਕਿ 25 ਜੁਲਾਈ ਨੂੰ ਸਰਕਾਰ ਤੇ ਅੰਦੋਲਨ ਦੇ ਪ੍ਰਤੀਨਿਧੀਆਂ ਦਰਮਿਆਨ ਹੋਈ ਗੱਲਬਾਤ ਤੋਂ ਬਾਅਦ ਪ੍ਰਦਰਸ਼ਨਕਾਰੀਆਂ ਵਿਰੁੱਧ ਦਰਜ ਕੀਤੇ ਗਏ ਮਾਮਲੇ ਵਾਪਸ ਲੈਣ ਸਬੰਧੀ ਸਰਕਾਰ ਵੱਲੋਂ ਭਰੋਸਾ ਦਿੱਤਾ ਗਿਆ ਸੀ।ਇਸ ਭਰੋਸੇ ਤੋਂ ਬਾਅਦ ਅੰਦੋਲਨ ਨੂੰ ਮੁਲਤਵੀ ਕੀਤਾ ਗਿਆ, ਪਰ ਲਗਭਗ ਇੱਕ ਮਹੀਨਾ ਬੀਤ ਜਾਣ ਦੇ ਬਾਵਜੂਦ ਦੇਸ਼ ਦੇ ਕਈ ਹਿੱਸਿਆਂ ਵਿੱਚ ਪ੍ਰਦਰਸ਼ਨਕਾਰੀਆਂ ਵਿਰੁੱਧ ਦਰਜ ਮਾਮਲਿਆਂ ਦਾ ਮਸਲਾ ਪੂਰੀ ਤਰ੍ਹਾਂ ਹੱਲ ਨਹੀਂ ਹੋਇਆ। ਅਸੀਂ ਕੇਂਦਰ ਤੇ ਸਾਰੇ ਸਬੰਧਤ ਰਾਜ ਸਰਕਾਰਾਂ ਤੋਂ ਪੁਰਜ਼ੋਰ ਮੰਗ ਕਰਦੇ ਹਾਂ ਕਿ ਲੋਕ ਵਿਰੋਧੀ ਨੀਤੀਆਂ ਤੇ ਸਰਕਾਰੀ ਜਬਰ ਵਿਰੁੱਧ ਲੋਕਤੰਤਰਿਕ ਢੰਗ ਨਾਲ ਆਵਾਜ਼ ਉਠਾਉਣ ਵਾਲੇ ਪ੍ਰਦਰਸ਼ਨਕਾਰੀਆਂ ਵਿਰੁੱਧ ਦਰਜ ਕੀਤੇ ਗਏ ਮਾਮਲੇ ਤੁਰੰਤ ਵਾਪਸ ਲਏ ਜਾਣ ਤੇ ਉਨ੍ਹਾਂ ਨਾਲ ਜੁੜੀ ਕਾਨੂੰਨੀ ਕਾਰਵਾਈ ਨੂੰ ਕਾਨੂੰਨ ਅਨੁਸਾਰ ਖਤਮ ਕੀਤਾ ਜਾਵੇ।

## ਲੰਗਰ ਹਾਲ ਦਾ ਨੀਂਹ ਪੱਥਰ ਰੱਖਿਆ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**
ਨਾਨਕਸਰ ਠਾਠ ਵਿਖੇ ਨਵੇਂ ਲੰਗਰ ਹਾਲ ਦੀ ਇਮਾਰਤ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਮੌਕੇ ਧਾਰਮਿਕ ਸਮਾਗਮ ਕਰਾਇਆ ਗਿਆ।ਗੁਰੂ ਘਰ ਦੀ ਮਰਿਆਦਾ ਅਨੁਸਾਰ ਧਾਰਮਿਕ ਰਸਮਾਂ ਉਪਰੰਤ ਬਾਬਾ ਕੇਹਰ ਸਿੰਘ ਦੀ ਅਗਵਾਈ ਹੇਠ ਨਵੇਂ ਲੰਗਰ ਹਾਲ ਦਾ ਨੀਂਹ ਪੱਥਰ ਰੱਖਿਆ ਗਿਆ।ਨੀਂਹ ਪੱਥਰ ਰੱਖਣ ਮੌਕੇ ਸੰਗਤਾਂ ਵੱਲੋਂ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੇ ਨਾਲ-ਨਾਲ ਇਸ ਸੇਵਾ ਕਾਰਜ ਦੀ ਸਫ਼ਲਤਾ ਤੇ ਨਿਰਵਿਘਨ ਸੰਪੂਰਨਤਾ ਲਈ ਅਰਦਾਸ ਕੀਤੀ ਗਈ। ਬਾਬਾ ਕੇਹਰ ਸਿੰਘ ਤੇ ਮਹੰਤ ਗੁਰਪ੍ਰੀਤ ਸਿੰਘ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਘਰ ਨਾਲ ਜੁੜੀ ਹਰ ਸੇਵਾ ਆਪਣੇ ਆਪ ਵਿੱਚ ਮਹਾਨ ਕਾਰਜ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਚਲਾਈ ਲੰਗਰ ਦੀ ਪਰੰਪਰਾ ਸਮੁੱਚੀ ਮਨੁੱਖਤਾ ਨੂੰ ਬਰਾਬਰਤਾ, ਸਾਂਝ ਅਤੇ ਸੇਵਾ ਦਾ ਸੰਦੇਸ਼ ਦਿੰਦੀ ਹੈ। ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਸਮਰੱਥਾ ਅਨੁਸਾਰ ਇਸ ਪਵਿੱਤਰ ਸੇਵਾ ਕਾਰਜ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਉਣ ਅਤੇ ਨਵੇਂ ਲੰਗਰ ਹਾਲ ਦੇ ਨਿਰਮਾਣ ਨੂੰ ਸਫਲ ਬਣਾਉਣ ਵਿੱਚ ਆਪਣਾ ਸਹਿਯੋਗ ਦੇਣ।

## ਕੰਪਿਊਟਰ ਕੋਰਸ ਪੂਰਾ ਕਰ ਚੁੱਕੇ ਵਿਦਿਆਰਥੀਆਂ ਨੂੰ ਵੰਡੇ ਸਰਟੀਫਿਕੇਟ



**ਮੱਖੂ (ਰਛਪਾਲ ਸਿੰਘ ਸੰਧੂ)**-ਡੁਬਈ ਦੇ ਉੱਘੇ ਕਾਰੋਬਾਰੀ ਤੇ ਸਮਾਜ ਸੇਵੀ ਡਾ. ਐੱਸ ਪੀ ਸਿੰਘ ਓਬਰਾਏ ਵੱਲੋਂ ਅਤੇ ਸਿੱਖਿਆ ਡਾਇਰੈਕਟਰ ਮੈਡਮ ਇੰਦਰਜੀਤ ਕੌਰ ਗਿੱਲ ਦੀ ਯੋਗ ਅਗਵਾਈ ਵਿੱਚ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਮੱਖੂ ਦੇ ਗੁਰਦੁਆਰਾ ਸਾਹਿਬ ਬਾਬਾ ਕਰਮ ਚੰਦ ਬਾਠਾਂ ਵਾਲਾ ਵਿਖੇ ਚੱਲ ਰਹੇ ਸੰਨੀ ਓਬਰਾਏ ਫ੍ਰੀ ਕੰਪਿਊਟਰ ਕੋਰਸ 'ਚ ਨੌਵੇਂ ਸੈਸ਼ਨ ਦਾ ਕੋਰਸ ਪੂਰਾ ਕਰਨ ਵਾਲੇ ਵਿਦਿਆਰਥੀਆਂ ਨੂੰ ਇੱਕ ਸਾਦੇ ਸਮਾਗਮ ਦੌਰਾਨ ਸਰਟੀਫਿਕੇਟ ਵੰਡੇ ਗਏ।ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਗੁਰਦੁਆਰਾ ਬਾਬਾ ਕਰਮ ਚੰਦ ਜੀ ਬਾਠਾਂ ਵਾਲੇ ਦੇ ਮੈਨੇਜਰ ਇਕਬਾਲ ਸਿੰਘ ਸ਼ਾਮਲ ਹੋਏ। ਇਸ ਮੌਕੇ ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਮੈਡਮ ਅਮਰਜੀਤ ਕੌਰ ਛਾਬੜਾ ਤੇ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਨੇ ਸੰਬੋਧਨ ਕਰਦੇ ਹੋਏ ਮੁੱਖ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ ਸੰਸਥਾ ਵੱਲੋਂ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਚਲਾਏ ਜਾ ਰਹੇ ਲੋਕ ਭਲਾਈ ਕਾਰਜਾਂ ਬਾਰੇ ਜਾਣਕਾਰੀ ਦਿੱਤੀ।ਮੁੱਖ ਮਹਿਮਾਨ ਵਜੋਂ ਪਹੁੰਚੇ ਮੈਨੇਜਰ ਇਕਬਾਲ ਸਿੰਘ ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਕਾਰਜਾਂ ਦੀ ਭਰਪੂਰ ਸ਼ਲਾਘਾ ਕਰਦੇ ਹੋਏ ਕਿਹਾ ਕਿ ਡਾ. ਓਬਰਾਏ ਮਾਨਵਤਾ ਦੀ ਭਲਾਈ ਕੀਤੇ ਜਾ ਰਹੇ ਕਾਰਜ ਸ਼ਲਾਘਾਯੋਗ ਹਨ।ਇਸ ਮੌਕੇ ਕੰਪਿਊਟਰ ਕੋਰਸ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਟਰੱਸਟ ਵੱਲੋਂ ਆਈ ਐੱਸ ਓ ਤੋਂ ਮਾਨਤਾ ਪ੍ਰਾਪਤ ਸਰਟੀਫਿਕੇਟ ਵੰਡੇ ਗਏ ਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ, ਕਿਰਨ ਪੇਂਟਰ, ਮਨਪ੍ਰੀਤ ਸਿੰਘ ਕੰਪਿਊਟਰ ਟੀਚਰ ਸਮੇਤ ਹੋਰ ਪਤਵੰਤੇ ਮੌਜੂਦ ਸਨ।

## ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੀ ਮੀਟਿੰਗ



**ਅਜੀਤਵਾਲ (ਨਛੱਤਰ ਸੰਧੂ)**- ਭਾਰਤੀ ਕਿਸਾਨ ਯੂਨੀਅਨ ਏਕਤਾ (ਅਜ਼ਾਦ) ਵੱਲੋਂ ਠਾਠਾਂ ਖੂਹੀ ਸਾਹਿਬ ਬੱਧਨੀ ਕਲਾਂ ਜ਼ਿਲ੍ਹਾ ਆਗੂ ਜਗਰਾਜ ਸਿੰਘ ਦੱਦਾਹੂਰ ਦੀ ਅਗਵਾਈ ਹੇਠ ਕੀਤੀ ਗਈ ਮੀਟਿੰਗ 'ਚ ਪਿੰਡ ਇਕਾਈਆਂ ਦੇ ਆਗੂਆਂ ਤੋਂ ਇਲਾਵਾ ਬਲਾਕ ਆਗੂਆਂ ਨੇ ਸ਼ਮੂਲੀਅਤ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾਈ ਆਗੂ ਜਸਵਿੰਦਰ ਸਿੰਘ ਲੌਂਗੋਵਾਲ ਤੇ ਲਖਵੀਰ ਸਿੰਘ (ਜੰਗ) ਦਾਉਧਰ ਨੇ ਕਿਹਾ ਕਿ ਕਿਸਾਨ ਮਜ਼ਦੂਰ ਮੋਰਚੇ ਦੇ ਸੱਦੇ ਤਹਿਤ 25 ਅਗਸਤ ਨੂੰ ਪਿੰਡ-ਪਿੰਡ ਵੱਡੇ ਪੋਸਟਰ ਲਾਏ ਜਾਣਗੇ।ਇਨ੍ਹਾਂ ਪੋਸਟਰਾਂ ਤੇ ਲੋਗੋ ਹੋਵੇਗਾ ਕਿ ਟਰਾਲੀ ਚੋਰੋ, ਸ਼ੰਭੂ ਖਨੌਰੀ ਤੋਂ ਲੁੱਟਿਆ ਸਮਾਨ ਮੋੜੋ। ਇਸ ਤੋਂ ਇਲਾਵਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਅਰਵਿੰਦ ਕੇਜਰੀਵਾਲ ਦੀ ਦੀ ਫੋਟੋ ਵੀ ਐਡ ਕੀਤੀ ਗਈ, ਕਿਉਂਕਿ ਸ਼ੰਭੂ ਖਨੌਰੀ ਮੋਰਚੇ ਕੇਂਦਰ ਸਰਕਾਰ ਨਾਲ ਸਬੰਧਤ ਮੰਗਾਂ ਤੇ ਕੇਂਦਰ ਸਰਕਾਰ ਖ਼ਿਲਾਫ਼ ਲੱਗੇ ਹੋਏ ਸਨ, ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੁਲਸ ਜਬਰ ਤਹਿਤ ਮੋਰਚੇ ਉਖੇੜ ਕੇ ਮੋਰਚੇ 'ਚੋਂ ਟਰਾਲੀਆਂ ਤੋਂ ਇਲਾਵਾ ਲੋੜੀਂਦਾ ਸਾਰਾ ਸਾਮਾਨ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਲੁੱਟਿਆ ਗਿਆ ਸੀ।ਇਕੱਲੇ ਸ਼ੰਭੂ ਤੋਂ 3 ਕਰੋੜ 77 ਲੱਖ 948 ਰੁਪਏ ਦਾ ਸਮਾਨ ਲੁੱਟਿਆ ਗਿਆ ਸੀ, ਜਿਸ ਦੀ ਸਰਕਾਰ ਨੇ ਅੱਜ ਤੱਕ ਭਰਪਾਈ ਨਹੀਂ ਕੀਤੀ, ਜਿਸ ਦੇ ਰੋਸ ਵਜੋਂ ਇਹ ਪੋਸਟਰ ਸਾਰੇ ਪੰਜਾਬ ਦੇ ਪਿੰਡਾਂ ਅੰਦਰ ਲਗਾਏ ਜਾਣਗੇ।ਇਸ ਤੋਂ ਇਲਾਵਾ 31 ਅਗਸਤ ਨੂੰ ਡਿਪਟੀ ਕਮਿਸ਼ਨਰਾਂ ਦੇ ਦਫ਼ਤਰਾਂ ਅੱਗੇ ਵੱਡੇ ਇਕੱਠ ਕਰਕੇ ਪੰਜਾਬ ਸਰਕਾਰ ਨੂੰ ਕਿਸਾਨੀ ਮੰਗਾਂ ਨਾਲ ਸਬੰਧਤ ਮੰਗ ਪੱਤਰ ਡਿਪਟੀ ਕਮਿਸ਼ਨਰਾਂ ਰਾਹੀਂ ਭੇਜੇ ਜਾਣਗੇ।ਕਿਸਾਨ ਆਗੂਆਂ ਨੇ ਕਿਹਾ ਕਿ 14 ਸਤੰਬਰ ਨੂੰ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਗੇਟ ਅੱਗੇ 5 ਦਿਨਾਂ ਦਾ ਟਰੈਕਟਰ-ਟਰਾਲੀਆਂ ਸਮੇਤ ਪੱਕਾ ਮੋਰਚਾ ਲਾਇਆ ਜਾਵੇਗਾ।ਆਉਣ ਵਾਲੇ ਸਮੇਂ ਅੰਦਰ ਜੇਕਰ ਸਰਕਾਰ ਨੇ ਸ਼ੰਭੂ ਖਨੌਰੀ ਮੋਰਚੇ ਦੀ ਭਰਪਾਈ ਨਾ ਕੀਤੀ ਤੇ ਕਿਸਾਨਾਂ ਦੀਆਂ ਮੰਗਾਂ ਪੂਰੀਆਂ ਨਾ ਕੀਤੀਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।5 ਸਤੰਬਰ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ (ਅਜ਼ਾਦ) ਦੇ ਪਹਿਲੇ ਸ਼ਹੀਦ ਪ੍ਰੀਤਮ ਸਿੰਘ ਮੰਡੇਰ ਕਲਾਂ ਦੇ ਸ਼ਹੀਦੀ ਦਿਵਸ ਮੰਡੇਰ ਕਲਾਂ ਦੀ ਅਨਾਜ ਮੰਡੀ 'ਚ ਮਨਾਇਆ ਜਾਵੇਗਾ।

# ਅਧਿਆਪਕਾਂ ਤੇ ਵਿਦਿਆਰਥੀਆਂ ਦੀ ਮਿਹਨਤ ਨੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ : ਡਾ. ਬਰਾੜ



**ਕੋਟਕਪੂਰਾ (ਰਛਪਾਲ ਭੁੱਲਰ)**
ਸਰਕਾਰੀ ਸਕੂਲਾਂ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਵੱਲੋਂ ਸਖ਼ਤ ਮਿਹਨਤ ਕਰਕੇ ਸਕੂਲਾਂ ਦੇ ਅਕਾਦਮਿਕ ਤੇ ਖੇਡਾਂ ਦੇ ਖੇਤਰ ਵਿੱਚ ਕਾਫੀ ਸ਼ਾਨਦਾਰ ਪ੍ਰਾਪਤੀਆਂ ਕਰਕੇ ਸਕੂਲਾਂ ਦੇ ਮੂੰਹ ਮੁਹਾਂਦਰੇ ਦੀ ਨੁਹਾਰ ਬਦਲ ਕੇ ਰੱਖ ਦਿੱਤੀ ਹੈ।ਉਨ੍ਹਾਂ ਅੱਗੇ ਕਿਹਾ ਕਿ ਸਮੂਹ ਅਧਿਆਪਕਾਂ ਨੂੰ ਸਰਕਾਰੀ ਸਕੂਲਾਂ 'ਚ ਹੋਰ ਦਾਖਲੇ ਵਧਾਉਣ ਸਬੰਧੀ ਲਗਾਤਾਰ ਕੰਮ ਕਰਦੇ ਰਹਿਣਾ ਚਾਹੀਦਾ ਹੈ।ਇਸ ਤੋਂ ਇਲਾਵਾ ਸਰਕਾਰੀ ਸਕੂਲਾਂ ਦੀਆਂ ਪ੍ਰਾਪਤੀਆਂ ਨੂੰ ਵਿਦਿਆਰਥੀਆਂ ਦੇ ਮਾਪਿਆਂ ਨਾਲ ਸਾਲ ਵਿੱਚ ਘੱਟੋ-ਘੱਟ ਦੋ ਵਾਰ ਸਮੂਹਿਕ ਮੀਟਿੰਗਾਂ ਦਾ ਪ੍ਰਬੰਧ ਕਰਕੇ ਇਹ ਪ੍ਰਾਪਤੀਆਂ ਸਾਂਝੀਆਂ ਕਰਨੀਆਂ ਚਾਹੀਦੀਆਂ ਹਨ ਤੇ ਸਕੂਲ ਦਾ ਸਮੁੱਚਾ ਵਾਤਾਵਰਣ ਵਿਖਾ ਕੇ ਮਾਪਿਆਂ ਨੂੰ ਆਪਣੇ ਬੱਚਿਆਂ ਵੱਲ ਹੋਰ ਵਿਸ਼ੇਸ਼ ਧਿਆਨ ਦੇਣ ਲਈ ਪ੍ਰੇਰਿਤ ਵੀ ਕਰਨਾ ਚਾਹੀਦਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਾਕਟਰ ਪ੍ਰਭਦੇਵ ਸਿੰਘ ਬਰਾੜ ਅੱਖਾਂ ਦੇ ਮਾਹਿਰ ਨੇ ਸਮਾਜ ਸੇਵੀ ਸੰਸਥਾ ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫੇਅਰ ਸੁਸਾਇਟੀ ਵੱਲੋਂ ਇੱਥੋਂ ਥੋੜ੍ਹੀ ਦੂਰ ਸ਼ਹੀਦ ਗੁਰਪ੍ਰੀਤ ਸਿੰਘ ਪੀ ਐਮ ਸ੍ਰੀ ਸਰਕਾਰੀ ਹਾਈ ਸਕੂਲ ਢਿੱਲਵਾਂ ਕਲਾਂ ਵਿਖੇ ਆਪਣੇ ਪਿਤਾ ਤੇ ਸਕੂਲ ਦੇ ਪਹਿਲੇ ਮੁੱਖ ਅਧਿਆਪਕ ਜਗਦੇਵ ਸਿੰਘ ਬਰਾੜ ਦੀ ਨਿੱਘੀ ਯਾਦ ਵਿੱਚ ਹੋਏ ਵਿਦਿਆਰਥੀ ਸਨਮਾਨ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ ਗਿਆ।

ਸਮਾਗਮ ਦੌਰਾਨ ਸਕੂਲ ਦੇ ਮੁੱਖ ਅਧਿਆਪਕ ਬਲਵਿੰਦਰ ਸਿੰਘ ਸਿੱਧੂ ਵੱਲੋਂ ਆਪਣੇ ਸਕੂਲ ਦੀਆਂ ਵਿੱਦਿਅਕ ਤੇ ਖੇਡਾਂ ਦੇ ਖੇਤਰ ਵਿੱਚ ਕੀਤੀਆਂ ਗਈਆਂ ਸ਼ਾਨਦਾਰ ਪ੍ਰਾਪਤੀਆਂ ਸਾਂਝੀਆਂ ਕੀਤੀਆਂ ਗਈਆਂ।ਉਨ੍ਹਾਂ ਕਿਹਾ ਕਿ ਇਸ ਵਾਰ ਸਾਡੇ ਸਕੂਲ ਨੂੰ ਗਰੀਨ ਪ੍ਰੋਜੈਕਟ ਵਿੱਚ ਜ਼ਿਲ੍ਹਾ ਫਰੀਦਕੋਟ ਵਿੱਚ ਪਹਿਲਾ ਸਥਾਨ ਪ੍ਰਾਪਤ ਹੋਇਆ ਹੈ। ਇਸ ਤੋਂ ਇਲਾਵਾ ਸਕੂਲ ਦੇ 6 ਵਿਦਿਆਰਥੀਆਂ ਨੇ ਮੈਰੀਟੋਰੀਅਸ ਸਕੂਲਾਂ ਵਿੱਚ ਦਾਖਲਾ ਲਿਆ ਹੈ।ਸਕੂਲ ਦੇ ਕਈ ਖਿਡਾਰੀਆਂ ਨੇ ਗੱਤਕਾ ਤੇ ਕਈ ਹੋਰ ਖੇਡਾਂ ਵਿੱਚ ਰਾਜ ਪੱਧਰ ਤੇ ਕੌਮੀ ਪੱਧਰ 'ਤੇ ਪ੍ਰਾਪਤੀਆਂ ਕੀਤੀਆਂ ਹਨ।ਸਮਾਗਮ ਨੂੰ ਸੰਬੋਧਨ ਕਰਦਿਆਂ ਸੁਸਾਇਟੀ ਦੇ ਮੀਤ ਪ੍ਰਧਾਨ ਪ੍ਰੇਮ ਚਾਵਲਾ, ਮੁੱਖ ਸਲਾਹਕਾਰ ਗੁਰਿੰਦਰ ਸਿੰਘ ਮਹਿੰਦੀਰੱਤਾ, ਪੀ ਆਰ ਓ ਪ੍ਰੋਫੈਸਰ ਹਰਬੰਸ ਸਿੰਘ ਪਦਮ, ਵਿੱਤ ਸਕੱਤਰ ਸੋਮ ਨਾਥ ਅਰੋੜਾ, ਪਿੰਡ ਢਿੱਲਵਾਂ ਕਲਾਂ ਦੇ ਸਾਬਕਾ ਸਰਪੰਚ ਦਰਸ਼ਨ ਸਿੰਘ ਫੌਜੀ ਨੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਸਮਾਜ ਸੇਵੀ ਸੰਸਥਾ ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫੇਅਰ ਸੁਸਾਇਟੀ ਵੱਲੋਂ ਪਿਛਲੇ 9 ਸਾਲਾਂ ਤੋਂ ਕੀਤੇ ਜਾ ਰਹੇ ਕਾਰਜਾਂ ਸਬੰਧੀ ਰੌਸ਼ਨੀ ਪਾਈ।ਸਮਾਗਮ ਦੌਰਾਨ ਮੁੱਖ ਮਹਿਮਾਨ ਡਾਕਟਰ ਪ੍ਰਭਦੇਵ ਸਿੰਘ ਬਰਾੜ ਨੇ ਸਕੂਲ ਦੇ ਛੇਵੀ ਤੋਂ ਦਸਵੀਂ ਜਮਾਤ ਤੱਕ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਦੇ ਨਾਲ-ਨਾਲ ਵਿੱਦਿਅਕ ਸੈਸ਼ਨ 2025-26 ਦੌਰਾਨ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੰਚਾਲਿਤ ਦਸਵੀਂ ਜਮਾਤ ਦੀ ਪ੍ਰੀਖਿਆ ਵਿੱਚੋਂ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਕ੍ਰਮਵਾਰ ਪ੍ਰਿਅੰਕਾ ਪੁੱਤਰੀ ਸੁੱਖਾ ਸਿੰਘ ਨੂੰ ਨਗਦ ਰਾਸ਼ੀ 15000 ਰੁਪਏ, ਰਾਜਪ੍ਰੀਤ ਕੌਰ ਪੁੱਤਰੀ ਗੁਰਤੇਜ ਸਿੰਘ ਨੂੰ 13000 ਰੁਪਏ ਤੇ ਨਵਜੋਤ ਕੌਰ ਪੁੱਤਰੀ ਚਤਰ ਸਿੰਘ ਤੇ ਪ੍ਰਿਆ ਪੁੱਤਰੀ ਮਨਜੀਤ ਸਿੰਘ ਨੂੰ 11000-11000 ਰੁਪਏ ਦੇ ਕੇ ਸਨਮਾਨਤ ਕੀਤਾ ਗਿਆ।

## ਜ਼ਿਲ੍ਹਾ ਪੱਧਰੀ ਤੀਰ-ਅੰਦਾਜ਼ੀ ਤੇ ਬਾਸਕਟਬਾਲ ਮੁਕਾਬਲਿਆਂ 'ਚ ਸਰਵਹਿੱਤਕਾਰੀ ਦੀਆਂ ਵਿਦਿਆਰਥਣਾਂ ਜੇਤੂ



**ਭੀਖੀ (ਧਰਮਵੀਰ ਸ਼ਰਮਾ)**-ਸਰਵਹਿੱਤਕਾਰੀ ਵਿੱਦਿਆ ਮੰਦਰ (ਸੀ.ਬੀ.ਐੱਸ.ਈ.) ਭੀਖੀ ਦੀ ਅੱਠਵੀਂ ਜਮਾਤ ਦੀ ਵਿਦਿਆਰਥਣ ਰੂਪਪ੍ਰੀਤ ਕੌਰ ਨੇ ਸਰਕਾਰੀ ਜ਼ਿਲ੍ਹਾ ਪੱਧਰੀ ਖੇਡਾਂ ਦੇ ਅੰਡਰ-14 ਸਾਲ ਵਰਗ ਦੇ ਤੀਰ-ਅੰਦਾਜ਼ੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਬਾਸਕਟਬਾਲ ਮੁਕਾਬਲਿਆਂ ਵਿੱਚ ਵਿਦਿਆਰਥਣਾਂ ਨੇ ਆਪਣੀ ਖੇਡ ਪ੍ਰਤਿਭਾ, ਮਿਹਨਤ ਤੇ ਟੀਮ ਭਾਵਨਾ ਦਾ ਬਾਖੂਬੀ ਪ੍ਰਦਰਸ਼ਨ ਕਰਦਿਆਂ ਅੰਡਰ-19 ਲੜਕੀਆਂ ਦੀ ਟੀਮ ਨੇ ਜ਼ਿਲ੍ਹਾ ਪੱਧਰ 'ਤੇ ਪਹਿਲਾ ਸਥਾਨ ਅਤੇ ਅੰਡਰ-14 ਲੜਕੀਆਂ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਹਾਸਲ ਕੀਤਾ। ਇਸ ਮਾਣਮੱਤੀ ਪ੍ਰਾਪਤੀ 'ਤੇ ਸਕੂਲ ਪ੍ਰਬੰਧਕ ਕਮੇਟੀ ਤੇ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਵਿਦਿਆਰਥਣਾਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਹਾਰਦਿਕ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ ਤੇ ਦ੍ਰਿੜ੍ਹ ਇਰਾਦੇ ਦੀ ਭਾਵਨਾ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਸਫਲਤਾ ਵਿਦਿਆਰਥਣਾਂ ਦੀ ਮਿਹਨਤ, ਲਗਨ, ਅਨੁਸ਼ਾਸਨ ਤੇ ਨਿਰੰਤਰ ਅਭਿਆਸ ਦਾ ਨਤੀਜਾ ਹੈ। ਉਨ੍ਹਾਂ ਖਿਡਾਰਣਾਂ ਨੂੰ ਭਵਿੱਖ ਵਿੱਚ ਵੀ ਇਸੇ ਜੋਸ਼ ਤੇ ਸਮਰਪਣ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

## ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਬਲਾਕ ਸ੍ਰੀ ਹਰਗੋਬਿੰਦਪੁਰ ਤੇ ਕਾਦੀਆਂ ਵੱਲੋਂ ਚੱਕਾ ਜਾਮ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕੌਮੀ ਇਨਸਾਫ ਮੋਰਚੇ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਬਲਾਕ ਸ੍ਰੀ ਹਰਗੋਬਿੰਦਪੁਰ ਕਾਦੀਆਂ ਵਲੋਂ ਸ੍ਰੀ ਹਰਗੋਬਿੰਦਪੁਰ ਟਾਂਡਾ ਚੌਕ (ਭੱਠੀਆਂ ਵਾਲਾ ਚੌਕ) ਵਿੱਚ ਚੱਕਾ ਜਾਮ ਕਰਕੇ ਧਰਨਾ ਦਿੱਤਾ। ਸੂਬਾ ਕਮੇਟੀ ਮੈਂਬਰ ਡਾ. ਅਸ਼ੋਕ ਭਾਰਤੀ ਅਤੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਮਾਸਟਰ ਜਗੀਰ ਸਿੰਘ ਅਤੇਪੁਰ ਦੀ ਅਗਵਾਈ ਵਿੱਚ ਚੱਲੇ ਧਰਨਾ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਸੀਨੀਅਰ ਆਗੂ ਜੋਗਿੰਦਰ ਸਿੰਘ ਮਠੋਲਾ ਕੁਲਵਿੰਦਰ ਸਿੰਘ ਬਸਰਾਵਾਂ ਅਤੇ ਸੀਨੀਅਰ ਮੀਤ ਪ੍ਰਧਾਨ ਗੁਰਨਾਮ ਸਿੰਘ ਧਰਮੀ ਫੌਜੀ ਨੇ ਦੱਸਿਆ ਕਿ ਕਿਵੇਂ ਕੌਮੀ ਇਨਸਾਫ ਮੋਰਚੇ ਦੀ ਅਗਵਾਈ ਵਿੱਚ ਤਿੰਨ ਸਾਲ ਤੋਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੱਖ ਰਾਜਨੀਤਕ ਬੰਦੀਆਂ ਦੀ ਰਿਹਾਈ ਲਈ ਸੰਘਰਸ਼ ਕਰ ਰਿਹਾ ਹੈ ਪਰ ਕੇਂਦਰ ਸਰਕਾਰ ਲਗਾਤਾਰ ਰਾਜਨੀਤੀ ਕਰ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਬੰਦੀ ਸਿੰਘਾਂ ਦੀ ਰਿਹਾਈ ਦੇ ਨਾਲ ਨਾਲ ਭਾਰਤ ਦੇ ਵੱਖ ਵੱਖ ਖੇਤਰਾਂ ਵਿੱਚ ਝੂਠੇ ਕੇਸਾਂ ਅਤੇ ਸਿਆਸੀ ਵਿਚਾਰਾਂ ਦੇ ਅਧਾਰ ਤੇ ਜੇਲਾਂ ਵਿੱਚ ਬੰਦ ਸਾਥੀਆਂ ਨੂੰ ਵੀ ਤੁਰੰਤ ਰਿਹਾਅ ਕੀਤਾ ਜਾਵੇ ਅਤੇ ਦੇਸ਼ ਵਿੱਚ ਧਾਰਮਿਕ ਘੱਟ ਗਿਣਤੀਆਂ ਆਦਿਵਾਸੀਆਂ ਮਾਓਵਾਦੀ ਕਾਰਕੁੰਨਾਂ 'ਤੇ ਜਬਰ ਬੰਦ ਕੀਤਾ ਜਾਵੇ। ਇਸ ਮੌਕੇ ਕਸ਼ਮੀਰ ਸਿੰਘ ਮਠੋਲਾ ਹਰਜੀਤ ਸਿੰਘ ਮਠੋਲਾ ਮਹਿੰਦਰ ਸਿੰਘ ਚੀਮਾ ਖੁੱਡੀ ਸਰਦੂਲ ਸਿੰਘ ਚੀਮਾ ਖੁੱਡੀ ਚੰਚਲ ਸਿੰਘ ਚੀਮਾ ਖੁੱਡੀ ਸਰਵਣ ਸਿੰਘ ਬਸਰਾਵਾਂ ਕਸ਼ਮੀਰ ਸਿੰਘ ਬਸਰਾਵਾਂ ਗੁਰਦੀਪ ਸਿੰਘ ਬਸਰਾਵਾਂ ਰਘਵਿੰਦਰ ਸਿੰਘ ਬਸਰਾਵਾਂ ਜਰਨੈਲ ਸਿੰਘ ਭਰਥ ਸੁਖਦੇਵ ਸਿੰਘ ਭਰਥਪੁਰ ਗੁਰਪ੍ਰੀਤ ਸਿੰਘ ਭਗਤੂਪੁਰ ਅਮਰਜੀਤ ਸਿੰਘ ਅਤੇਪੁਰ ਸਤਨਾਮ ਸਿੰਘ ਅਤੇਪੁਰ ਸਤਨਾਮ ਸਿੰਘ ਨੰਗਲ ਝੌਰ ਜਗਤਾਰ ਸਿੰਘ ਨੰਗਲ ਝੌਰ ਗੁਰਪ੍ਰੀਤ ਸਿੰਘ ਗੰਧੀ ਪੁਰਾਣਾ ਸ਼ਾਹ ਕਸ਼ਮੀਰ ਸਿੰਘ ਨੰਗਲ ਝੌਰ ਬਾਪੂ ਪਿਆਰਾ ਸਿੰਘ ਵਿਠਵਾਂ ਸੁਖਦੇਵ ਸਿੰਘ ਚੀਮਾ ਖੁੱਡੀ ਆਦਿ ਨੇ ਸੰਬੋਧਨ ਕੀਤਾ।

## ਲੋਕ ਪੱਖੀ ਸਮਾਜਿਕ ਤਬਦੀਲੀ ਲਈ ਵਿਗਿਆਨਕ ਵਿਚਾਰਧਾਰਾ ਦੀ ਅਹਿਮ ਭੂਮਿਕਾ : ਡਾ. ਮੁਕਤਾ ਦਾਭੋਲਕਰ

*** ਤਿੰਨ ਰੋਜ਼ਾ ਪੁਸਤਕ ਮੇਲੇ ਦਾ ਸ਼ਾਨਦਾਰ ਆਗਾਜ਼**



ਅੰਮ੍ਰਿਤਸਰ-ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਪ੍ਰਸਿੱਧ ਤਰਕਸ਼ੀਲ ਚਿੰਤਕ ਡਾ. ਨਰਿੰਦਰ ਦਾਭੋਲਕਰ ਦੀ ਯਾਦ ਨੂੰ ਸਮਰਪਤ ਤਿੰਨ ਰੋਜ਼ਾ ਪੁਸਤਕ ਮੇਲੇ ਦਾ ਉਦਘਾਟਨ ਸਥਾਨਕ ਤਰਕਸ਼ੀਲ ਭਵਨ ਵਿਖੇ ਆਸਟ੍ਰੇਲੀਆ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਤਰਕਸ਼ੀਲ ਚਿੰਤਕ ਮਨਜੀਤ ਬੋਪਾਰਾਏ ਵੱਲੋਂ ਕੀਤਾ ਗਿਆ। ਇਸ ਪੁਸਤਕ ਮੇਲੇ ਵਿੱਚ ਪੰਜਾਬ ਦੇ ਨਾਮਵਰ ਪ੍ਰਕਾਸ਼ਕਾਂ ਅਤੇ ਪਬਲਿਸ਼ਰਾਂ ਵੱਲੋਂ ਤਰਕਸ਼ੀਲ, ਇਨਕਲਾਬੀ, ਮਾਨਵਵਾਦੀ ਅਤੇ ਅਗਾਂਹਵਧੂ ਸਾਹਿਤ ਦੇ ਸਟਾਲ ਲਗਾਏ ਗਏ ਹਨ। ਇਸ ਮੌਕੇ ਪਹਿਲੇ ਸੈਸ਼ਨ ਵਿੱਚ ਆਨਲਾਈਨ ਡਾ.ਮੁਕਤਾ ਦਾਭੋਲਕਰ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਧਾਰਮਿਕ ਆਸਥਾ ਦੀ ਆੜ ਹੇਠ ਅੰਧ ਵਿਸ਼ਵਾਸਾਂ, ਪਾਖੰਡਵਾਦ ਅਤੇ ਰੂੜੀਵਾਦ ਵਿਰੁੱਧ ਲੋਕ ਪੱਖੀ ਸਮਾਜਿਕ ਤਬਦੀਲੀ ਲਈ ਆਮ ਲੋਕਾਂ ਵਿੱਚ ਵਿਗਿਆਨਕ ਵਿਚਾਰਧਾਰਾ ਦਾ ਵੱਡੇ ਪੱਧਰ ਤੇ ਫੈਲਾਅ ਕਰਨਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਡਾ.ਨਰਿੰਦਰ ਦਾਭੋਲਕਰ ਨੇ ਮਹਾਰਾਸ਼ਟਰ ਵਿੱਚ ਅੰਧ ਸ਼ਰਧਾ ਨਿਰਮੂਲਨ ਸੰਮਤੀ ਦੀ ਸਥਾਪਨਾ ਕਰਕੇ ਅੰਧਵਿਸ਼ਵਾਸਾਂ, ਜਾਤ ਪਾਤ, ਨਸ਼ਿਆਂ, ਮੂਰਤੀ ਵਿਸਰਜਨ ਵਿਰੁੱਧ ਵੱਡੇ ਪੱਧਰ 'ਤੇ ਜਾਗਰੂਕਤਾ ਮੁਹਿੰਮ ਚਲਾਈ। ਇਸ ਮੌਕੇ ਤਰਕਸ਼ੀਲ ਮੈਗਜ਼ੀਨ ਦੇ ਸੰਪਾਦਕ ਰਾਜਪਾਲ ਸਿੰਘ ਨੇ ਡਾ.ਮੁਕਤਾ ਨੂੰ ਸਰੋਤਿਆਂ ਵੱਲੋਂ ਕੀਤੇ ਸਵਾਲਾਂ ਦੇ ਜਵਾਬ ਲੈਣ ਲਈ ਸਟੇਜ ਦਾ ਸੰਚਾਲਨ ਕੀਤਾ। ਇਸ ਤੋਂ ਪਹਿਲਾਂ ਸੁਬਾਈ ਜਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ ਨੇ ਆਏ ਹੋਏ ਮਹਿਮਾਨਾਂ, ਵਿਦਿਆਰਥੀਆਂ, ਪ੍ਰਕਾਸ਼ਕਾਂ ਅਤੇ ਪਬਲਿਸ਼ਰਾਂ ਨੂੰ ਜੀ ਆਇਆਂ ਕਿਹਾ ਅਤੇ ਪੰਜਾਬ ਵਿੱਚ ਤਰਕਸ਼ੀਲ ਲਹਿਰ ਨੂੰ ਹੋਰ ਮਜ਼ਬੂਤ ਕਰਨ ਲਈ ਹਿਰ ਪੱਧਰ ਤੇ ਅਜਿਹੇ ਪੁਸਤਕ ਮੇਲੇ ਲਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਸਮਾਗਮ ਵਿੱਚ ਪ੍ਰਸਿੱਧ ਸਿਹਤ ਮਾਹਰਾਂ ਡਾ.ਅੰਮ੍ਰਿਤਪਾਲ ਸਿੰਘ, ਡਾ.ਜਗਰੂਪ ਸਿੰਘ ਅਤੇ ਡਾ. ਜਸ਼ਨਪ੍ਰੀਤ ਸਿੰਘ ਵੱਲੋਂ ਆਮ ਬਿਮਾਰੀਆਂ ਨਾਲ ਜੁੜੇ ਮਿੱਥ ਅਤੇ ਉਨ੍ਹਾਂ ਦਾ ਵਿਗਿਆਨਕ ਇਲਾਜ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਸੁੰਦਰ ਲਿਖਾਈ ਦੇ ਮੁਕਾਬਲੇ ਅਤੇ ਨੁੱਕੜ ਨਾਟਕ ਦੀ ਪੇਸ਼ਕਾਰੀ ਕੀਤੀ ਗਈ। ਜੇਤੂ ਵਿਦਿਆਰਥੀਆਂ ਨੂੰ ਨਕਦ ਇਨਾਮ ਅਤੇ ਤਰਕਸ਼ੀਲ ਕਿਤਾਬਾਂ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੂਬਾ ਕਮੇਟੀ ਆਗੂ ਹੇਮ ਰਾਜ ਸਟੇਨੋਂ, ਗੁਰਪ੍ਰੀਤ ਸ਼ਹਿਣਾ, ਕੁਲਜੀਤ ਫਾਜ਼ਿਲਕਾ, ਰਾਮ ਸਵਰਨ ਲੱਖੇਵਾਲੀ, ਸੁਖਵਿੰਦਰ ਬਾਗਪੁਰ, ਰਾਜੇਸ਼ ਅਕਲੀਆ, ਸੁਮੀਤ ਅੰਮ੍ਰਿਤਸਰ, ਮੋਹਨ ਬਡਲਾ, ਜੋਗਿੰਦਰ ਕੁੱਲੇਵਾਲ, ਜਸਵਿੰਦਰ ਫਗਵਾੜਾ, ਜੁਝਾਰ ਲੌਂਗੋਵਾਲ, ਦੀਪ ਦਿਲਬਰ, ਅਮਿਤ ਮਿੱਤਰ, ਰਵਿੰਦਰ ਦਿਵਾਨਾ, ਪਰਮ ਵੇਦ ਸੰਗਰੂਰ, ਪੰਤਕਾਰ ਪੁਰਸ਼ੋਤਮ ਬੱਲੀ, ਬਲਰਾਜ ਮੱਤ, ਸੁਖਦੇਵ ਫਗਵਾੜਾ, ਡਾ ਰਾਜਿੰਦਰ, ਪਾਲ ਬਾਗਪੁਰ, ਤੇਜਿੰਦਰ ਸਿੰਘ, ਬਿਦਰ ਧਨੌਲਾ, ਜਸਵੀਰ ਸੋਨੀ, ਕੁਲਦੀਪ ਨੈਣੇਵਾਲ, ਰਣਧੀਰ ਗਿਲਪੱਤੀ, ਗਿਆਨ ਸਿੰਘ ਬਠਿੰਡਾ, ਅਜਾਇਬ ਜਲਾਲਆਣਾ, ਜਿੰਦਰ ਬਾਗਪੁਰ, ਭੂਰਾ ਸਿੰਘ ਮਹਿਮਾਸਰਜਾ, ਇਕਬਾਲ ਕੌਰ ਉਦਾਸੀ, ਵਿਜ਼ਣ ਕਾਂਤ, ਬਲਬੀਰ ਲੌਂਗੋਵਾਲ, ਕੁਲਵੰਤ ਸਿੰਘ ਆਦਿ ਹਾਜ਼ਰ ਸਨ।

## ਗੁਰਦਾਸਪੁਰ ਸਰਕਾਰੀ ਕਾਲਜ ਦਾ ਨਾਂਅ ਹੁਣ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਦੇ ਨਾਂਅ 'ਤੇ ਹੋਵੇਗਾ



ਗੁਰਦਾਸਪੁਰ (ਜਨਕ ਮਹਾਜਨ)- ਜੰਮੂ-ਕਸ਼ਮੀਰ ਦੇ ਬਾਂਦੀਪੁਰ ਜ਼ਿਲ੍ਹੇ ਦੇ ਗੁਰੇਜ਼ ਸੈਕਟਰ ਵਿੱਚ 13 ਅੱਤਵਾਦੀਆਂ ਨੂੰ ਮਾਰ ਕੇ ਸ਼ਹਾਦਤ ਦਾ ਜਾਮ ਪੀਣ ਵਾਲੇ ਸੈਨਾ ਦੀ 15 ਮਰਾਠਾ ਲਾਈਟ ਇਨਫੈਂਟਰੀ ਦੇ ਅਸ਼ੋਕ ਚੱਕਰ ਜੇਤੂ ਲੈਫਟੀਨੈਂਟ ਨਵਦੀਪ ਸਿੰਘ ਦਾ 15ਵਾਂ ਬਲੀਦਾਨ ਦਿਹਾੜਾ ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਅਤੇ ਸ਼ਹੀਦ ਸੈਨਿਕ ਪਰਵਾਰ ਸੁਰੱਖਿਆ ਪ੍ਰੀਸ਼ਦ ਦੇ ਜਨਰਲ ਸਕੱਤਰ ਕੁੰਵਰ ਰਵਿੰਦਰ ਸਿੰਘ ਵਿੱਕੀ ਦੀ ਸਾਂਝੀ ਪ੍ਰਧਾਨਗੀ ਹੇਠ ਸਥਾਨਕ ਸਰਕਾਰੀ ਕਾਲਜ ਵਿੱਚ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਦੀ ਯਾਦ ਵਿੱਚ ਬਣੇ ਸਟੇਡੀਅਮ ਵਿੱਚ ਆਯੋਜਿਤ ਕੀਤਾ ਗਿਆ। ਜਿਸ ਵਿੱਚ ਡੀ.ਸੀ. ਆਦਿਤਿਆ ਉੱਪਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਨ੍ਹਾਂ ਤੋਂ ਇਲਾਵਾ ਹਰਪ੍ਰੀਤ ਸਿੰਘ ਸੀ.ਜੇ.ਐਮ-ਕਮ-ਸੈਕਟਰੀ ਡਿਸਟ੍ਰਿਕਟ ਲੀਗਲ ਸਰਵਿਸਿਜ਼, ਅਥਾਰਟੀਜ਼, ਐਸ.ਡੀ.ਐਮ. ਅਸ਼ੋਕ ਕੁਮਾਰ, ਸਹਾਇਕ ਕਮਿਸ਼ਨਰ ਕੁਲਦੀਪ ਚੰਦ, ਸ਼ਹੀਦ ਦੀ ਮਾਤਾ ਜਗਤਿੰਦਰ ਕੌਰ, ਪਿਤਾ ਕੈਪਟਨ ਜੋਗਿੰਦਰ ਸਿੰਘ, ਭਰਾ ਸੰਦੀਪ ਸਿੰਘ, ਭੈਣ ਨਵਜੋਤ ਕੌਰ, ਭਰਜਾਈ ਕਰਮਜੀਤ ਕੌਰ, ਭਣੇਵਾਂ ਲੈਫਟੀਨੈਂਟ ਕਰਨਲ ਪਲਵਿੰਦਰ ਸਿੰਘ, 29 ਡਵੀਜ਼ਨ ਤੋਂ ਕਰਨਲ ਆਕਾਸ਼ ਸਿਨਹਾ, 3 ਜੇ ਕੇ ਐਲ ਆਈ. ਯੂਨਿਟ ਦੇ ਕਮਾਂਡਿੰਗ ਅਫਸਰ ਕਰਨਲ ਪ੍ਰਸ਼ਾਂਤ ਸਿੰਘ ਰਾਜ, 25 ਮੈਕ ਯੂਨਿਟ ਦੇ ਕਮਾਂਡਿੰਗ ਅਫਸਰ ਕਰਨਲ ਵਿਸ਼ਵਨਾਥ ਸੀ.ਜੀ., 9 ਫੌਜ ਯੂਨਿਟ ਦੇ ਕਮਾਂਡਿੰਗ ਅਫਸਰ ਕਰਨਲ ਵਿਵੇਕਾਨੰਦ ਕੁਮਾਰ ਸੈਨਾ ਮੈਡਲ, ਸਾਬਕਾ ਸੈਨਿਕ ਸੰਘਰਸ਼ ਕਮੇਟੀ ਪੰਜਾਬ ਦੇ ਪ੍ਰਧਾਨ ਸੂਬੇਦਾਰ ਮੇਜਰ ਐਸ ਪੀ. ਸਿੰਘ ਗੋਸਲ, ਸਮਾਜ ਸੇਵਕ ਇੰਦਰਜੀਤ ਸਿੰਘ ਬਾਜਵਾ ਆਦਿ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋ ਕੇ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸਭ ਤੋਂ ਪਹਿਲਾਂ ਸ਼ਹੀਦ ਦੀ ਮਾਤਾ ਜਗਤਿੰਦਰ ਕੌਰ, ਪਿਤਾ ਕੈਪਟਨ ਜੋਗਿੰਦਰ ਸਿੰਘ ਅਤੇ ਹੋਰ ਮਹਿਮਾਨਾਂ ਨੇ ਸ਼ਹੀਦ ਦੀ ਤਸਵੀਰ ਦੇ ਸਾਹਮਣੇ ਜੋਤ ਜਗਾ ਕੇ ਅਤੇ ਫੁੱਲ ਭੇਟ ਕਰਕੇ ਸਮਾਗਮ ਦੀ ਸ਼ੁਰੂਆਤ ਕੀਤੀ। ਤਿੱਬੜੀ ਛਾਉਣੀ ਤੋਂ ਆਏ 3 ਜੈਕ ਐਲ.ਆਈ. ਯੂਨਿਟ ਦੇ ਜਵਾਨਾਂ ਨੇ ਹਥਿਆਰ ਸਿੱਧੇ ਕਰਕੇ ਬਿਗੁਲ ਦੀ ਰਸਿਵਾਲੀ ਧੁਨ ਨਾਲ ਸ਼ਹੀਦ ਨੂੰ ਸਲਾਮੀ ਦਿੱਤੀ ਅਤੇ ਫੌਜੀ ਅਫਸਰਾਂ ਅਤੇ ਹੋਰ ਮਹਿਮਾਨਾਂ ਨੇ ਸ਼ਹੀਦ ਦੇ ਚਿੱਤਰ ਸਾਹਮਣੇ ਰੀਥ ਚੜ੍ਹਾ ਕੇ ਉਨ੍ਹਾਂ ਦੀ ਸ਼ਹਾਦਤ ਨੂੰ ਨਮਨ ਕੀਤਾ। ਪ੍ਰਿੰਸੀਪਲ ਭੱਲਾ ਕਾਲਜ ਦੇ ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਨੇ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੈਫਟੀਨੈਂਟ ਨਵਦੀਪ ਸਿੰਘ ਇਸੇ ਕਾਲਜ ਦਾ ਵਿਦਿਆਰਥੀ ਰਿਹਾ ਹੈ ਅਤੇ ਉਸ ਨੇ ਆਪਣੀ ਸ਼ਹਾਦਤ ਦੇ ਕੇ ਕਾਲਜ ਦਾ ਗੌਰਵ ਵਧਾਇਆ ਹੈ। ਲੈਫਟੀਨੈਂਟ ਨਵਦੀਪ ਸਿੰਘ ਦੇ ਪਿਤਾ ਕੈਪਟਨ ਜੋਗਿੰਦਰ ਸਿੰਘ ਨੇ ਕਿਹਾ ਕਿ ਨਵਦੀਪ ਉਨ੍ਹਾਂ ਦਾ ਨਹੀਂ, ਦੇਸ਼ ਦਾ ਬੇਟਾ ਸੀ। ਜੋ ਮੇਰਾ ਹੁੰਦਾ ਤਾਂ ਅੱਜ ਮੇਰੇ ਕੋਲ ਹੁੰਦਾ। ਮੈਨੂੰ ਮੇਰੇ ਵਾਰਡੀ ਵਿੱਚ ਇਨ੍ਹਾਂ ਫੌਜੀ ਅਫਸਰਾਂ ਨੂੰ ਦੇਖਦਾ ਹਾਂ ਤਾਂ ਮੈਨੂੰ ਇਨ੍ਹਾਂ ਵਿੱਚ ਆਪਣੇ ਸ਼ਹੀਦ ਬੇਟੇ ਦੀ ਝਲਕ ਦਿਖਾਈ ਦਿੰਦੀ ਹੈ। ਉਨ੍ਹਾਂ ਨੇ ਬੇਟਾ ਗੁਆਉਣ ਦਾ ਦੁੱਖ ਬਹੁਤ ਹੈ, ਪਰ ਉਸਦੀ ਸ਼ਹਾਦਤ ਤੇ ਮਾਣ ਵੀ ਹੈ। ਇਸ ਮੌਕੇ ਮੁੱਖ ਮਹਿਮਾਨ ਵੱਲੋਂ ਸ਼ਹੀਦ ਦੇ ਪਰਿਵਾਰਕ ਮੈਂਬਰਾਂ ਸਮੇਤ 21 ਹੋਰ ਸ਼ਹੀਦ ਪਰਵਾਰਾਂ ਨੂੰ ਇਸ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

## ਸਪਲੈਂਡਰ ਮੋਟਰਸਾਈਕਲ ਚੋਰੀ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ) ਕਾਦੀਆਂ ਨਿਵਾਸੀ ਰਮੇਸ਼ ਕੁਮਾਰ ਦਾ ਸਪਲੈਂਡਰ ਮੋਟਰਸਾਈਕਲ ਚੋਰੀ ਹੋਣ ਦਾ ਸਮਾਚਾਰ ਮਿਲਿਆ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਰਮੇਸ਼ ਕੁਮਾਰ ਵਾਸੀ ਮਹੱਲਾ ਧਰਮਪੁਰਾ ਕਾਦੀਆਂ ਨੇ ਦੱਸਿਆ ਕਿ ਉਸ ਦਾ ਮੋਟਰਸਾਈਕਲ ਸਪਲੈਂਡਰ ਪੀਬੀ 06 ਪੀ 3754 ਜੋ ਕਿ ਉਸ ਨੇ ਆਪਣਾ ਰਿਲਾਇੰਸ ਟਰੈਂਡ ਸ਼ੋਰੂਮ ਜਲੰਧਰ ਰੋਡ ਬਟਾਲਾ ਵਿਖੇ ਪਾਰਕਿੰਗ ਕੀਤਾ ਹੋਇਆ ਸੀ ਅਤੇ ਜਦੋਂ ਉਹ ਆਪਣੇ ਮੋਟਰਸਾਈਕਲ ਨੂੰ ਦੁਬਾਰਾ ਉੱਥੋਂ ਲੈਣ ਲਈ ਵਾਪਸ ਆਇਆ ਤਾਂ ਉਸਦਾ ਮੋਟਰਸਾਈਕਲ ਉੱਥੋਂ ਗਾਇਬ ਸੀ। ਉਸਨੇ ਸਥਾਨਕ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਨੂੰ ਚੈੱਕ ਕੀਤਾ ਪਰ ਕੈਮਰੇ ਵੀ ਬੰਦ ਪਏ ਹੋਏ ਸਨ। ਰਮੇਸ਼ ਕੁਮਾਰ ਨੇ ਦੱਸਿਆ ਕਿ ਉਸ ਨੇ ਆਪਣੇ ਮੋਟਰਸਾਈਕਲ ਚੋਰੀ ਸਬੰਧੀ ਸਥਾਨਕ ਪੁਲਸ ਨੂੰ ਸੂਚਿਤ ਕਰ ਦਿੱਤਾ ਹੈ।

## ਪੰਜਾਬ ਬੰਦ ਦੇ ਸੱਦੇ 'ਤੇ ਬਿਆਸ ਰਿਹਾ ਮੁਕੰਮਲ ਬੰਦ



ਬਿਆਸ (ਪਰਮਜੀਤ ਸਿੰਘ ਰੱਖੜਾ)- ਬੰਦੀ ਸਿੰਘਾਂ ਦੀ ਰਿਹਾਈ ਪੰਜਾਬ ਬੰਦ ਦੇ ਸੱਦੇ 'ਤੇ ਬਿਆਸ 'ਚ ਦੁਕਾਨਾਂ ਰਹੀਆਂ ਬੰਦ, ਪੰਜਾਬ ਭਰ ਦੀਆਂ ਸਿੱਖ ਜਥੇਬੰਦੀਆਂ ਵੱਲੋਂ ਸਮਰਥਨ ਕਰਦਿਆਂ ਸਰਕਾਰ ਕੋਲ ਸ਼ਾਂਤਮਈ ਪ੍ਰਦਰਸ਼ਨ ਕੀਤਾ ਗਿਆ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕੀਤੀ ਗਈ।

## ਪੰਜਾਬ ਬੰਦ ਦੀ ਕਾਲ ਦਾ ਕਾਦੀਆਂ 'ਚ ਪੂਰਨ ਅਸਰ ਦੇਖਣ ਨੂੰ ਮਿਲਿਆ



ਕਾਦੀਆਂ (ਮਲਹੋਤਰਾ) - ਬੰਦੀ ਸਿੰਘਾਂ ਦੀ ਰਿਹਾਈ ਸਮੇਤ ਹੋਰ ਮੰਗਾਂ ਨੂੰ ਲੈ ਕੇ ਕੌਮੀ ਇਨਸਾਫ਼ ਮੋਰਚੇ ਵੱਲੋਂ ਦਿੱਤੀ ਪੰਜਾਬ ਬੰਦ ਦੀ ਕਾਲ ਦਾ ਕਾਦੀਆਂ ਸ਼ਹਿਰ ਵਿੱਚ ਪੂਰਨ ਅਸਰ ਦੇਖਣ ਨੂੰ ਮਿਲਿਆ। ਸ਼ਹਿਰ ਦੀਆਂ ਜ਼ਿਆਦਾਤਰ ਦੁਕਾਨਾਂ, ਵਪਾਰਕ ਅਤੇ ਵਿਦਿਅਕ ਅਦਾਰੇ ਅਤੇ ਮੁੱਖ ਬਾਜ਼ਾਰ ਪੂਰੀ ਤਰ੍ਹਾਂ ਬੰਦ ਰਹੇ, ਜਿਸ ਕਾਰਨ ਆਮ ਜਨਜੀਵਨ ਪ੍ਰਭਾਵਿਤ ਰਿਹਾ।ਬੰਦ ਦੇ ਸੱਦੇ ਤਹਿਤ ਸਵੇਰੇ 7 ਵਜੇ ਤੋਂ ਹੀ ਬਾਜ਼ਾਰਾਂ ਵਿੱਚ ਦੁਕਾਨਾਂ ਦੇ ਸ਼ਟਰ ਬੰਦ ਰਹੇ। ਸੜਕਾਂ 'ਤੇ ਵੀ ਆਮ ਦਿਨਾਂ ਦੇ ਮੁਕਾਬਲੇ ਆਵਾਜਾਈ ਕਾਫ਼ੀ ਘੱਟ ਨਜ਼ਰ ਆਈ। ਇਸ ਮੌਕੇ ਆਗੂਆਂ ਨੇ ਕਿਹਾ ਕਿ ਪੰਜਾਬ ਬੰਦ ਦਾ ਮੁੱਖ ਮਕਸਦ ਲੰਬੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਦੀ ਰਿਹਾਈ ਲਈ ਸਰਕਾਰਾਂ 'ਤੇ ਦਬਾਅ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਬੰਦੀ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਨੂੰ ਕਾਨੂੰਨ ਅਨੁਸਾਰ ਰਿਹਾਅ ਕੀਤਾ ਜਾਣਾ ਚਾਹੀਦਾ ਹੈ।ਪੁਲਸ ਨੇ ਕਿਹਾ ਕਿ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਮਾਹੌਲ ਖਰਾਬ ਨਹੀਂ ਕਰਨ ਦਿੱਤਾ ਜਾਵੇਗਾ।

## ਕਸਬਾ ਝਬਾਲ 'ਚ ਬੰਦੀ ਸਿੰਘਾਂ ਦੀ ਰਿਹਾਈ ਲਈ ਪੰਜਾਬ ਬੰਦ ਨੂੰ ਮਿਲਿਆ ਭਰਵਾਂ ਹੁੰਗਾਰਾ



ਝਬਾਲ (ਹਰਜਿੰਦਰ ਸਿੰਘ ਸੋਨੀ)-ਕੌਮੀ ਇਨਸਾਫ ਮੋਰਚੇ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਦਿੱਤੇ ਪੰਜਾਬ ਬੰਦ ਦੇ ਸੱਦੇ ਨੂੰ ਜਿੱਥੇ ਸਮੁੱਚੇ ਪੰਜਾਬ ਵਿੱਚ ਬੰਦ ਦਾ ਵੱਡਾ ਅਸਰ ਵੇਖਣ ਨੂੰ ਮਿਲਿਆ, ਉਥੇ ਕਸਬਾ ਝਬਾਲ ਵਿੱਚ ਵੀ ਬੰਦ ਦੇ ਸੱਦੇ ਨੂੰ ਭਰਵਾਂ ਹੁੰਗਾਰਾ ਮਿਲਿਆ ਜਿਸ ਕਰਕੇ ਕਸਬਾ ਝਬਾਲ ਮੁਕੰਮਲ ਬੰਦ ਰਿਹਾ।ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਪੰਜਾਬ ਪ੍ਰਧਾਨ ਭਾਈ ਤਰਲੋਚਨ ਸਿੰਘ ਸੋਹਲ ਦੀ ਅਗਵਾਈ ਵਿੱਚ ਸਥਾਨਕ ਸਿੱਖ ਜਥੇਬੰਦੀ ਦੇ ਆਗੂਆਂ ਵੱਲੋਂ ਝਬਾਲ ਚੌਕ ਵਿੱਚ ਸਤਿਨਾਮ ਸ੍ਰੀ ਵਾਹਿਗੁਰੂ ਦਾ ਨਾਮ ਜਪਦਿਆਂ ਸ਼ਾਂਤੀਪੂਰਵਕ ਧਰਨਾ ਦਿੱਤਾ ਗਿਆ।ਲੋਕਾਂ ਵੱਲੋਂ ਭਰਵਾਂ ਸਮਰਥਨ ਦਿੰਦਿਆਂ ਆਪਣੇ ਕਾਰੋਬਾਰ ਬੰਦ ਰੱਖੇ ਗਏ।ਭਾਈ ਤਰਲੋਚਨ ਸਿੰਘ ਸੋਹਲ ਅਤੇ ਸਿੱਖ ਜਥੇਬੰਦੀਆਂ ਦੇ ਆਗੂਆਂ ਕਿਹਾ ਕਿ ਅੱਜ ਦੇ ਬੰਦ ਨੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਪ੍ਰਤੀ ਪੰਜਾਬ ਵਾਸੀਆਂ ਦੀ ਗੰਭੀਰਤਾ ਅਤੇ ਇਕਜੁੱਟਤਾ ਨੂੰ ਪ੍ਰਗਟ ਕੀਤਾ ਹੈ।ਉਨ੍ਹਾਂ ਸਹਿਯੋਗ ਦੇਣ ਵਾਲੇ ਸਮੂਹ ਦੁਕਾਨਦਾਰਾਂ, ਵਪਾਰੀਆਂ ਅਤੇ ਕਸਬਾ ਝਬਾਲ ਇਲਾਕਾ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਭਾਈ ਸਤਨਾਮ ਸਿੰਘ ਖੰਡਾ ਪੰਜ ਪਿਆਰੇ ਸਾਹਿਬਾਨ, ਭਾਈ ਸੂਬਾ ਸਿੰਘ ਰਾਮਰੌਣੀ, ਭਾਈ ਸਰੂਪ ਸਿੰਘ ਭੁੱਚਰ, ਭਾਈ ਸ਼ਮਸ਼ੇਰ ਸਿੰਘ ਭੋਜੀਆ ਮੁੱਖ ਸੇਵਾਦਾਰ ਗੁਰਮਿਤ ਵਿਦਿਆਲਾ ਦਮਦਮੀ ਟਕਸਾਲ ਭੋਜੀਆ, ਭਾਈ ਨਾਨਕ ਸਿੰਘ ਕਸੇਲ, ਭਾਈ ਗੁਰਬੀਰ ਸਿੰਘ ਛਿਛਰੇਵਾਲ, ਭਾਈ ਬਲਦੇਵ ਸਿੰਘ ਰਾਮ ਰੌਣੀ, ਭਾਈ ਗੱਜਾ ਸਿੰਘ ਰਾਮ ਰੌਣੀ, ਭਾਈ ਕੁਲਵਿੰਦਰ ਸਿੰਘ ਜਿਉਬਾਲਾ, ਭਾਈ ਚੈਚਲ ਸਿੰਘ ਸੋਹਲ, ਭਾਈ ਹੁਸਨਦੀਪ ਸਿੰਘ ਸੋਹਲ, ਭਾਈ ਸਤਨਾਮ ਸਿੰਘ ਸੋਹਲ, ਭਾਈ ਰਜਵੰਤ ਸਿੰਘ ਸੋਹਲ, ਭਾਈ ਸੁਖਜਿੰਦਰ ਸਿੰਘ ਝਬਾਲ ਕਿੰਗ ਸਮੇਤ ਸਿੱਖ ਜਥੇਬੰਦੀਆਂ ਦੇ ਮੈਂਬਰ ਸਹਿਬਾਨ ਵੀ ਹਾਜ਼ਰ ਸਨ।

## ਸਾਵਣ ਦੀ ਅਸ਼ਟਮੀ ਦਾ ਮੇਲਾ ਧੂਮਧਾਮ ਨਾਲ ਮਨਾਇਆ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ): ਜ਼ਿਲ੍ਹਾ ਅੰਮ੍ਰਿਤਸਰ ਵਿੱਚ ਪੈਂਦੇ ਕਸਬਾ ਚਵਿੰਡਾ ਦੇਵੀ ਦੇ ਇਤਿਹਾਸਕ ਮਾਤਾ ਚਵਿੰਡਾ ਦੇਵੀ ਮੰਦਰ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਵਣ ਮਹੀਨੇ ਦੀ ਅਸ਼ਟਮੀ ਦਾ ਮੇਲਾ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਗਿਆ।ਇਹ ਮੇਲਾ ਮੰਦਰ ਵਿੱਚ ਲੱਗੇ ਰਿਸੀਵਰ-ਕਮ-ਤਹਿਸੀਲਦਾਰ ਅਤੇ ਸ਼ਹਿਰੀ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ।ਇਸ ਮੌਕੇ ਸਵਰਗੀ ਰਜਿੰਦਰ ਕੁਮਾਰ ਪੱਪੂ ਜੈਂਤੀਪੁਰ ਦੇ ਸਪੁੱਤਰ ਅਮਨਦੀਪ 'ਦੀਪੂ' ਜੈਂਤੀਪੁਰ ਆਪਣੇ ਪਰਿਵਾਰ ਸਮੇਤ ਮਾਤਾ ਚਵਿੰਡਾ ਦੇਵੀ ਜੀ ਦੇ ਚਰਨਾਂ ਵਿੱਚ ਨਤਮਸਤਕ ਹੋਏ।ਇਸ ਮੌਕੇ ਮੰਦਰ ਦੇ ਪੁਜਾਰੀ ਭਰਤ ਜੀ ਵੱਲੋਂ ਦੀਪੂ ਜੈਂਤੀਪੁਰ ਨੂੰ ਮਾਤਾ ਜੀ ਦੀ ਚੁੰਨਰੀ ਭੇਟ ਕਰਕੇ ਚੜ੍ਹਦੀ ਕਲਾ ਦਾ ਆਸ਼ੀਰਵਾਦ ਦਿੱਤਾ ਗਿਆ।ਇਸ ਮੌਕੇ ਪ੍ਰਦੀਪ ਕੁਮਾਰ ਰਾਜੂ, ਵਰਿੰਦਰ ਕੱਦ, ਅਮਰਜੀਤ ਪੰਮੀ, ਰੋਬੀਨ ਸ਼ਰਮਾ, ਆਰਿਅਨ, ਸੁਭਾਸ਼ ਚੰਦਰ, ਸ਼ੰਕਰ, ਸੁਮੀਰ, ਗੁਲਾਟੀ, ਮਿੰਟੂ, ਅਮਿਤ ਨੈਬ, ਕੁਨਾਲ ਸ਼ੈਲੀ, ਮਿੰਟੂ, ਮਨੀ, ਲੈਲੀ ਵਿਜ, ਲਵਪ੍ਰੀਤ ਸਿੰਘ, ਵਿਸ਼ਾਲ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।

## ਪੇਂਡੂ ਬੇਰੁਜ਼ਗਾਰ ਨੌਜਵਾਨਾਂ ਲਈ ਡੇਅਰੀ ਫਾਰਮਿੰਗ ਸਿਖਲਾਈ ਕੋਰਸ 24 ਨੂੰ ਸ਼ੁਰੂ

ਬਟਾਲਾ, (ਡਾਕਟਰ ਮਲਵਿੰਦਰ ਸਿੰਘ)-ਡੇਅਰੀ ਫਾਰਮਰਾਂ ਲਈ 2 ਹਫਤੇ ਦਾ ਡੇਅਰੀ ਸਿਖਲਾਈ ਕੋਰਸ ਮਿਤੀ 24 ਅਗਸਤ ਤੋਂ 3 ਸਤੰਬਰ 2026 (2 ਹਫਤੇ) ਡੇਅਰੀ ਸਿਖਲਾਈ ਕੇਂਦਰ ਵੇਰਕਾ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਚਲਾਇਆ ਜਾਣਾ ਹੈ। ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਗੁਰਦਾਸਪੁਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਲਾਕ ਬੀ, ਚੌਥੀ ਮੰਜ਼ਿਲ, ਕਮਰਾ ਨੰਬਰ 508 ਵਿਖੇ 21 ਅਗਸਤ ਤੱਕ ਅਰਜ਼ੀਆਂ ਦੇ ਸਕਦੇ ਹਨ। ਡੇਅਰੀ ਵਿਕਾਸ ਇੰਸਪੈਕਟਰ ਗੁਰਦਾਸਪੁਰ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਨਾਉਣ ਲਈ 2 ਹਫਤੇ ਦੀ ਡੇਅਰੀ ਸਿਖਲਾਈ ਮਿਤੀ 24 ਅਗਸਤ ਤੋਂ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ, ਵੇਰਕਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਕਰਵਾਈ ਜਾਣੀ ਹੈ। ਇਸ ਸਿਖਲਾਈ ਕੋਰਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਨਾਲ ਸੰਬੰਧਤ ਬੇਰੁਜ਼ਗਾਰ ਨੌਜਵਾਨ ਲੜਕੇ /ਲੜਕੀਆਂ ਜੋ ਘੱਟੋ ਘੱਟ 5 ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ।

## ਬਿਜਲੀ ਮੁਲਾਜ਼ਮ ਤੇ ਪੈਨਸ਼ਨਰਜ਼ 27 ਦੇ ਮਹਾਂ ਬੰਦ ਵਿੱਚ ਸ਼ਾਮਲ ਹੋਣਗੇ : ਉਦੀਪੁਰ



ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਸੰਬੰਧੀ ਅਪਣਾਈ ਅੜੀਅਲ ਨੀਤੀ ਅਤੇ ਹਾਈਕੋਰਟ ਦੇ ਹੁਕਮਾਂ ਅਨੁਸਾਰ ਮਹਿੰਗਾਈ ਭੱਤੇ ਦੀ ਅਦਾਇਗੀ ਨਾ ਕਰਨ ਦੇ ਰੋਸ ਵਜੋਂ ਪੰਜਾਬ ਅਤੇ ਚੰਡੀਗੜ੍ਹ ਦੇ ਮੁਲਾਜ਼ਮਾਂ ਦੀ ਤਾਲਮੇਲ ਕਮੇਟੀ ਵੱਲੋਂ ਦਿੱਤੇ ਸੰਘਰਸ਼ ਪ੍ਰੋਗਰਾਮ ਤਹਿਤ 27 ਅਗਸਤ ਨੂੰ ਮਹਾਂ ਬੰਦ ਵਿੱਚ ਬਿਜਲੀ ਕਰਮਚਾਰੀ ਅਤੇ ਪੈਨਸ਼ਨਰਜ਼ ਵੱਡੀ ਗਿਣਤੀ ਵਿਚ ਸ਼ਾਮਿਲ ਹੋਣਗੇ। ਇਸ ਸੰਬੰਧੀ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਗੁਰਦਾਸਪੁਰ ਦੇ ਸਰਪ੍ਰਸਤ ਅਤੇ ਪੈਨਸ਼ਨਰਜ਼ ਯੂਨੀਅਨ ਏਟਕ ਦੇ ਮੁੱਖ ਸਲਾਹਕਾਰ ਕਾਮਰੇਡ ਬਲਵਿੰਦਰ ਸਿੰਘ ਉਦੀਪੁਰ ਨੇ ਦਿੰਦਿਆਂ ਦੱਸਿਆ ਕਿ ਫੀਲਡ ਵਿੱਚ ਕੰਮ ਕਰਦੇ ਬਿਜਲੀ ਮੁਲਾਜ਼ਮ ਅਤੇ ਜੂਨੀਅਰ ਇੰਜਨੀਅਰ ਅਤੇ ਦਫਤਰਾਂ ਵਿਚ ਕੰਮ ਕਰਦੇ ਕਲੈਰੀਕਲ ਕਰਮਚਾਰੀ ਕੰਮ ਬੰਦ ਕਰਕੇ ਸਰਕਲ ਹੈਂਡ ਗੁਰਦਾਸਪੁਰ ਵਿਖੇ ਸਰਕਾਰ ਵਿਰੁੱਧ ਧਰਨਾ ਪ੍ਰਦਰਸ਼ਨ ਕਰਨਗੇ ਅਤੇ ਪੈਨਸ਼ਨਰ ਸਾਥੀ ਵੀ ਸ਼ਾਮਲ ਹੋਣਗੇ। ਸਾਥੀ ਉਦੀਪੁਰ ਨੇ ਦੱਸਿਆ ਪੰਜਾਬ ਸਰਕਾਰ ਹਾਈਕੋਰਟ ਦੇ ਹੁਕਮਾਂ ਨੂੰ ਲਾਗੂ ਕਰਨ ਤੋਂ ਟਾਲਾ ਵੱਟ ਰਹੀ ਹੈ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਜਿਵੇਂ ਕਿ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ, 17-7-2020 ਦਾ ਮੁਲਾਜ਼ਮ ਦੋਖੀ ਪੱਤਰ ਰੱਦ ਕਰਨਾ, ਪਰਵੀਜ਼ਨਲ ਪੀਰੀਅਡ ਸਮੇਂ ਦੀ ਪੂਰੀ ਤਨਖਾਹ ਦੇਣਾ, ਬਰਾਬਰ ਕੰਮ ਬਰਾਬਰ ਤਨਖਾਹ ਦਾ ਫਾਰਮੂਲਾ ਲਾਗੂ ਕਰਨਾ ਆਦਿ ਨੂੰ ਠੰਢੇ ਬਸਤੇ ਵਿੱਚ ਪਾ ਕੇ ਪੰਜਾਬ ਸਰਕਾਰ ਆਪਣੇ ਮੁਲਾਜ਼ਮਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ। ਹਾਈਕੋਰਟ ਦੇ ਹੁਕਮਾਂ ਅਨੁਸਾਰ ਮਹਿੰਗਾਈ ਭੱਤੇ ਅਤੇ ਸਕੇਲਾਂ ਦਾ ਬਕਾਇਆ ਏਰੀਅਰ ਦੀ ਰਾਸ਼ੀ ਜਾਰੀ ਕਰਨ ਤੋਂ ਭੱਜ ਰਹੀ ਹੈ ਜਿਸ ਕਾਰਨ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਅਤੇ ਪੰਜਾਬ ਦੇ ਸਮੂਹ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ 27 ਅਗਸਤ ਦੇ ਮਹਾਂ ਬੰਦ ਵਿੱਚ ਸ਼ਾਮਲ ਹੋਣ ਤੇ ਕਾਮਯਾਬ ਕਰਨ ਲਈ ਤਿਆਰੀ ਕੀਤੀ ਜਾ ਰਹੀ ਹੈ ਤਾਂ ਜੋ ਪੰਜਾਬ ਸਰਕਾਰ ਨੂੰ ਮੁਲਾਜ਼ਮ ਮਸਲਿਆਂ ਨੂੰ ਹੱਲ ਕਰਨ ਲਈ ਮਜਬੂਰ ਕੀਤਾ ਜਾ ਸਕੇ।

## ਸੀ ਪੀ ਆਈ ਵੱਲੋਂ ਪਹਿਲੀ ਸਤੰਬਰ ਨੂੰ ਕੀਤੀ ਜਾਣ ਵਾਲੀ ਦਿੱਲੀ ਰੈਲੀ ਸੰਬੰਧੀ ਮੀਟਿੰਗਾਂ



ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਇੱਕ ਸਤੰਬਰ ਨੂੰ ਦਿੱਲੀ ਵਿਖੇ ਕੀਤੀ ਜਾ ਰਹੀ ਰੈਲੀ ਦੀ ਲਾਮਬੰਦੀ ਵਾਸਤੇ ਸ਼ੁੱਕਰਵਾਰ ਵੇਰਕਾ ਬਲਾਕ ਦੇ ਪਿੰਡਾਂ ਬੱਲ ਕਲਾਂ, ਪੰਡੋਰੀ ਵੜੈਚ ਅਤੇ ਭੈਣੀ ਗਿੱਲਾਂ ਤੋਂ ਇਲਾਵਾ ਬਿਜਲੀ ਵਿਭਾਗ ਦੇ ਰਿਟਾਇਰ ਪੈਨਸ਼ਨ ਯੂਨੀਅਨ ਸਾਥੀਆਂ ਦੀਆਂ ਜਨਤਕ ਮੀਟਿੰਗਾਂ ਕੀਤੀਆਂ ਗਈਆਂ। ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਕੱਤਰ ਲੱਖਬੀਰ ਸਿੰਘ ਨਿਜਾਮਪੁਰ, ਸਹਾਇਕ ਸਕੱਤਰ ਨਰਿੰਦਰ ਬੱਲ, ਜੋਗਿੰਦਰ ਸਿੰਘ ਗੋਪਾਲਪੁਰ ਅਤੇ ਮੰਗਲ ਸਿੰਘ ਖਜਾਲਾ ਨੇ ਦਿੱਲੀ ਰੈਲੀ ਦੇ ਮੁੱਖ ਨਾਅਰੇ 'ਬਦਲਾਵ ਜ਼ਰੂਰੀ ਹੈ' ਦੀ ਮਹੱਤਤਾ ਉੱਪਰ ਚਾਨਣਾ ਪਾਇਆ। ਬੁਲਾਰਿਆਂ ਨੇ ਰੈਲੀ ਦੇ ਮੁੱਖ ਨਾਅਰੇ ਦੇਸ਼ ਬਚਾਓ, ਸੰਵਿਧਾਨ ਬਚਾਓ, ਐਮ ਐਸ ਪੀ, ਉੱਪਰ ਖਰੀਦ ਗਰੰਟੀ ਕਨੂੰਨ ਬਣਾਉਣ, ਮਨਰੇਗਾ ਕਨੂੰਨ ਨੂੰ ਬਹਾਲ ਕਰਨ, ਚਾਰ ਲੇਬਰ ਕੋਡ ਰੱਦ ਕਰਨ, ਬਿਜਲੀ ਬਿੱਲ ਅਤੇ ਬੀਜ ਬਿੱਲ ਨੂੰ ਰੱਦ ਕਰਨ ਦੀ ਮਹੱਤਤਾ ਬਾਰੇ ਦੱਸਿਆ। ਇਸ ਤੋਂ ਇਲਾਵਾ ਐਨ ਪੀ ਕੇ ਖਾਦ ਦੀਆਂ ਕੀਮਤਾਂ ਵਿੱਚ ਕੀਤੇ ਵਾਧੇ ਨੂੰ ਵਾਪਸ ਲੈਣ ਅਤੇ ਵਧ ਰਹੀ ਮਹਿੰਗਾਈ ਨੂੰ ਨੱਥ ਪਾਉਣ ਦੀ ਮੰਗ ਕੀਤੀ। ਇਸ ਮੌਕੇ ਇਕੱਠੇ ਹੋਏ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਦਿੱਲੀ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਦਰਸ਼ਨ ਸਿੰਘ, ਬਲਕਾਰ ਸਿੰਘ, ਪਲਵਿੰਦਰ ਸਿੰਘ ਬੱਲ ਕਲਾਂ, ਨੱਥਾ ਸਿੰਘ, ਸੁਰਜੀਤ ਸਿੰਘ, ਇੰਦਰਜੀਤ ਸਿੰਘ ਅਤੇ ਭਜਨ ਸਿੰਘ ਆਦਿ ਆਗੂ ਹਾਜ਼ਰ ਸਨ।

## ਜੱਟਾ ਪਸ਼ੀਆਂ 'ਚ ਗ੍ਰਨੇਡ ਹਮਲੇ ਦੀ ਅਜਨਾਲਾ ਵੱਲੋਂ ਸਖ਼ਤ ਨਿੰਦਾ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਰਮਦਾਸ ਤਹਿਸੀਲ ਦੇ ਪਿੰਡ ਜਟਾ ਪਸ਼ੀਆ ਵਿੱਚ ਬੀਤੀ ਰਾਤ ਸਾਬਕਾ ਫੌਜੀ ਨਿਰਮਲ ਸਿੰਘ ਦੇ ਘਰ 'ਤੇ ਦੋ ਗ੍ਰਨੇਡ ਸੁੱਟੇ ਗਏ ਜਿਸ ਨਾਲ ਉਸ ਦਾ ਪੁੱਤਰ ਜਸਪਾਲ ਸਿੰਘ ਦੀ ਪਤਨੀ ਮਨਪ੍ਰੀਤ ਕੌਰ ਤੋਂ ਇਲਾਵਾ ਉਸ ਦੀ ਬੇਟੀ ਗੰਭੀਰ ਜ਼ਖਮੀ ਹੋ ਗਏ। ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਇਸ ਸੰਬੰਧੀ ਗੱਲ ਕਰਦਿਆਂ ਕਿਹਾ ਕਿ ਪੀੜਤ ਪਰਿਵਾਰ ਉਨ੍ਹਾਂ ਦੇ ਰਿਸ਼ਤੇਦਾਰਾਂ ਵਿੱਚੋਂ ਹੈ ਅਤੇ ਇਹ ਪਰਿਵਾਰ ਲੰਬੇ ਸਮੇਂ ਤੋਂ ਕਾਂਗਰਸ ਨਾਲ ਜੁੜਿਆ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਪਰਿਵਾਰ ਨਾਲ ਉਨ੍ਹਾਂ ਦੇ ਨਿੱਜੀ ਅਤੇ ਪਰਿਵਾਰਕ ਸੰਬੰਧ ਵੀ ਹਨ, ਇਸ ਲਈ ਇਸ ਦੁੱਖ ਦੀ ਘੜੀ ਵਿੱਚ ਉਹ ਪਰਿਵਾਰ ਦੇ ਨਾਲ ਖੜ੍ਹੇ ਹਨ। ਸ੍ਰੀ ਔਜਲਾ ਨੇ ਕਿਹਾ ਕਿ ਇਸ ਘਟਨਾ ਨੂੰ ਸਿਰਫ਼ ਇੱਕ ਪਰਿਵਾਰ 'ਤੇ ਹੋਇਆ ਹਮਲਾ ਸਮਝ ਕੇ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ, ਸਗੋਂ ਇਹ ਸਰਹੱਦੀ ਇਲਾਕਿਆਂ ਵਿੱਚ ਵਿਗੜ ਰਹੀ ਕਾਨੂੰਨ-ਵਿਵਸਥਾ ਅਤੇ ਗੈਂਗਸਟਰਵਾਦ ਦੀ ਗੰਭੀਰ ਸਥਿਤੀ ਨੂੰ ਦਰਸਾਉਂਦਾ ਹੈ। ਸ੍ਰੀ ਔਜਲਾ ਨੇ ਮੰਗ ਕੀਤੀ ਕਿ ਹਮਲੇ ਵਿੱਚ ਸ਼ਾਮਲ ਸਾਰੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਜੇਕਰ ਕਿਸੇ ਸਥਾਨਕ ਵਿਅਕਤੀ ਦੀ ਇਸ ਮਾਮਲੇ ਵਿੱਚ ਕੋਈ ਭੂਮਿਕਾ ਸਾਹਮਣੇ ਆਉਂਦੀ ਹੈ ਤਾਂ ਉਸ ਦੀ ਵੀ ਨਿਰਪੱਖ ਜਾਂਚ ਕੀਤੀ ਜਾਵੇ। ਇਸ ਮੌਕੇ ਉਹਨਾਂ ਨਾਲ ਉਹਨਾਂ ਦੇ ਛੋਟੇ ਭਰਾਤਾ ਸੁਖਜਿੰਦਰ ਸਿੰਘ ਔਜਲਾ ਤੋਂ ਇਲਾਵਾ ਇਲਾਕਾ ਨਿਵਾਸੀ ਵੀ ਹਾਜ਼ਰ ਸਨ।



## ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਹਲਕੇ 'ਚ ਵਿਕਾਸ ਦੀ ਰਫ਼ਤਾਰ ਤੇਜ਼



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ): ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਭਗਵੰਤ ਮਾਨ ਸਰਕਾਰ ਦੀ ਕਾਰਗੁਜ਼ਾਰੀ ਦੀ ਪੰਜਾਬ ਦੇ ਹਰ ਵਰਗ ਵੱਲੋਂ ਸ਼ਲਾਘਾ ਕੀਤੀ ਜਾ ਰਹੀ ਹੈ।ਲੋਕ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਆਮ ਲੋਕਾਂ ਦੇ ਘਰਾਂ ਤੱਕ ਪਹੁੰਚਾਈਆਂ ਜਾ ਰਹੀਆਂ ਸਰਕਾਰੀ ਸਹੂਲਤਾਂ ਤੋਂ ਸੰਤੁਸ਼ਟ ਹਨ। ਇਸ ਮੌਕੇ ਹਲਕਾ ਮਜੀਠਾ ਦੇ ਪਿੰਡ ਸਰਹਾਲਾ ਵਿਖੇ ਬਲਾਕ ਸੰਮਤੀ ਮੈਂਬਰ-ਸਰਪੰਚ ਹਰਭੇਜ ਸਿੰਘ ਖਾਲਸਾ ਅਤੇ ਪੰਚਾਇਤ ਮੈਂਬਰਾਂ ਦੀ ਇੱਕ ਮੀਟਿੰਗ ਹੋਈ। ਮੀਟਿੰਗ ਦੌਰਾਨ ਪਿੰਡ ਦੇ ਵਿਕਾਸ ਕਾਰਜਾਂ ਅਤੇ ਲੋਕਾਂ ਨਾਲ ਸਬੰਧਤ ਵੱਖ-ਵੱਖ ਮਸਲਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਸਰਪੰਚ ਹਰਭੇਜ ਸਿੰਘ ਖਾਲਸਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਹਲਕੇ ਵਿੱਚ ਵਿਕਾਸ ਕਾਰਜਾਂ ਦੀ ਰਫ਼ਤਾਰ ਤੇਜ਼ ਹੋਈ ਹੈ। ਉਨ੍ਹਾਂ ਕਿਹਾ ਕਿ ਤਲਬੀਰ ਸਿੰਘ ਗਿੱਲ ਲਗਾਤਾਰ ਲੋਕਾਂ ਵਿੱਚ ਵਿਚਰ ਰਹੇ ਹਨ ਅਤੇ ਪਿੰਡ-ਪਿੰਡ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਉਨ੍ਹਾਂ ਦੇ ਹੱਲ ਲਈ ਯਤਨ ਕਰ ਰਹੇ ਹਨ।ਲੋਕਾਂ ਦੀਆਂ ਮੁਸ਼ਕਲਾਂ ਨੂੰ ਗੰਭੀਰਤਾ ਨਾਲ ਸੁਣਦਿਆਂ ਕਈ ਮਾਮਲਿਆਂ ਦਾ ਮੌਕੇ 'ਤੇ ਹੀ ਹੱਲ ਕਰਵਾਇਆ ਜਾ ਰਿਹਾ ਹੈ।ਪੰਚਾਇਤ ਮੈਂਬਰਾਂ ਨੇ ਕਿਹਾ ਕਿ ਪਿੰਡਾਂ ਦਾ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਸਰਕਾਰ ਦੀ ਮੁੱਖ ਤਰਜੀਹ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ। ਇਸ ਮੌਕੇ ਸਰਪੰਚ ਹਰਭੇਜ ਸਿੰਘ ਖਾਲਸਾ, ਜਗੀਰ ਸਿੰਘ, ਮੰਗਲ ਸਿੰਘ, ਸਾਬਕਾ ਸਰਪੰਚ ਮਨਿੰਦਰ ਸਿੰਘ, ਪੰਚਾਇਤ ਸਕੱਤਰ ਦਿਲਬਾਗ ਸਿੰਘ, ਮੈਂਬਰ ਰਣਜੀਤ ਸਿੰਘ, ਦਵਿੰਦਰ ਸਿੰਘ, ਜਸਵੰਤ ਸਿੰਘ, ਨਰਿੰਦਰ ਸਿੰਘ, ਨੰਬਰਦਾਰ ਖੁਸ਼ਪ੍ਰੀਤ ਸਿੰਘ, ਜਗਦੇਵ ਸਿੰਘ, ਕੁਲਦੀਪ ਸਿੰਘ, ਦਵਿੰਦਰ ਸਿੰਘ ਮੈਂਬਰ, ਗੁਰਨਾਜ ਸਿੰਘ ਅਤੇ ਹੋਰ ਪੰਚਾਇਤ ਮੈਂਬਰ ਤੇ ਪਿੰਡ ਵਾਸੀ ਹਾਜ਼ਰ ਸਨ।

## ਵੱਖ-ਵੱਖ ਵਿਭਾਗਾਂ ਦੇ ਨੁਮਾਇੰਦਿਆਂ ਵੱਲੋਂ ਗਊਸ਼ਾਲਾ ਦਾ ਜਾਇਜ਼ਾ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਜ਼ਿਲ੍ਹਾ ਗੁਰਦਾਸਪੁਰ ਦੇ ਇਤਿਹਾਸਕ ਕਸਬਾ ਕਲਾਨੌਰ ਦੀ ਜ਼ਮੀਨ 'ਚ ਸਥਿਤ ਸਰਕਾਰੀ ਗਊਸ਼ਾਲਾ ਜੋ ਜ਼ਿਲ੍ਹਾ ਪਸ਼ੂ ਭਲਾਈ ਸੋਸਾਇਟੀ ਕੈਟਲ ਪਾਊਂਡ ਗੁਰਦਾਸਪੁਰ ਅਧੀਨ ਚੱਲ ਰਹੀ ਹੈ ਵਿੱਚ ਹੋਣ ਵਾਲੇ ਲੋੜੀਂਦੇ ਪ੍ਰਬੰਧਾਂ ਅਤੇ ਨਵੇਂ ਵਿਕਾਸੀ ਕਾਰਜਾਂ ਦੀ ਰਿਪੋਰਟ ਤਿਆਰ ਕਰਨ ਲਈ ਐਸ.ਡੀ.ਐਮ. ਕਲਾਨੌਰ, ਲਛਮਣ ਸਿੰਘ ਰੰਧਾਵਾ ਦੀ ਅਗਵਾਈ 'ਚ ਟੀਮ ਵੱਲੋਂ ਸਰਕਾਰੀ ਗਊਸ਼ਾਲਾ ਦਾ ਜਾਇਜ਼ਾ ਲਿਆ ਗਿਆ। ਟੀਮ 'ਚ ਲੋਕ ਨਿਰਮਾਣ ਵਿਭਾਗ, ਪੰਚਾਇਤ ਵਿਭਾਗ, ਮਾਲ ਵਿਭਾਗ ਵੀ ਸ਼ਾਮਲ ਸੀ।ਐਸ.ਡੀ.ਐਮ. ਰੰਧਾਵਾ ਦੀ ਅਗਵਾਈ 'ਚ ਟੀਮ ਵਲੋਂ ਗਊਸ਼ਾਲਾ 'ਚ ਪਸ਼ੂਆਂ ਨੂੰ ਮਿਲਣ ਵਾਲੇ ਚਾਰੇ ਵਾਲੇ ਸ਼ੈੱਡ, ਤੂੜੀ ਵਾਲੇ ਸ਼ੈੱਡ, ਪਸ਼ੂਆਂ ਦੇ ਬੈਠਣ ਵਾਲੇ ਸਥਾਨ, ਚਾਰੇ ਵਾਲੀਆਂ ਖੁਰਲੀਆਂ, ਪੀਣ ਵਾਲੇ ਪਾਣੀ ਦੇ ਸਥਾਨ ਅਤੇ ਵੱਖ ਵੱਖ ਸ਼ੈੱਡਾਂ ਦਾ ਜਾਇਜ਼ਾ ਲਿਆ ਗਿਆ। ਐਸ.ਡੀ.ਐਮ. ਰੰਧਾਵਾ ਵਲੋਂ ਗਊਸ਼ਾਲਾ 'ਚ ਕੰਮ ਕਰਨ ਵਾਲੇ ਕਾਮਿਆਂ ਨਾਲ ਗੱਲਬਾਤ ਕਰਕੇ ਹਲਾਤਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਗਈ।ਇਸ ਮੌਕੇ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਸੁਰਜੀਤ ਸਿੰਘ ਬਰਾੜ, ਲੋਕ ਨਿਰਮਾਣ ਵਿਭਾਗ ਦੇ ਐਸ.ਡੀ.ਓ. ਰੋਹਿਨ ਕੁਮਾਰ, ਮਾਲ ਵਿਭਾਗ ਦੇ ਕਾਨੂੰਗੋ ਭੁਪਿੰਦਰ ਸਿੰਘ, ਰਛਪਾਲ ਸਿੰਘ ਪਟਵਾਰੀ, ਮਨਦੀਪ ਸਿੰਘ ਬੁੱਟਰ ਰੀਡਰ, ਅਨਿਲ ਕੁਮਾਰ ਜੇ.ਈ., ਗੁਰਸ਼ਰਨਜੀਤ ਸਿੰਘ ਵੀ ਹਾਜ਼ਰ ਰਹੇ।

## ਜੇ ਈ ਚਰਨਜੀਤ ਸਿੰਘ ਚੰਨੀ ਝਬਾਲ ਨੂੰ ਸਦਮਾ, ਪਿਤਾ ਦੇਹਾਂਤ



ਝਬਾਲ (ਹਰਜਿੰਦਰ ਸਿੰਘ ਸੋਨੀ) ਜੇ ਈ ਚਰਨਜੀਤ ਸਿੰਘ ਚੰਨੀ ਝਬਾਲ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਸਤਿਕਾਰ ਯੋਗ ਪਿਤਾ ਜਸਵੰਤ ਸਿੰਘ ਫੋਰਮੈਨ ਦਾ ਸੰਖੇਪ ਜਿਹੀ ਬਿਮਾਰੀ ਤੋਂ ਬਾਦ ਦਿਹਾਂਤ ਹੋ ਗਿਆ। ਉਨ੍ਹਾਂ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਗੰਡੀਵਿੰਡ ਦੇ ਸ਼ਮਸ਼ਾਨ ਘਾਟ ਵਿਖੇ ਕਰ ਦਿੱਤਾ ਗਿਆ।ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਪ੍ਰਗਟਾਵਾ ਕਰਦੇ ਹੋਏ ਹਲਕਾ ਵਿਧਾਇਕ ਹਰਮੀਤ ਸਿੰਘ ਸੰਧੂ, ਅਕਾਲੀ ਦਲ ਹਲਕਾ ਇੰਚਾਰਜ ਕੰਚਨਪ੍ਰੀਤ ਕੌਰ,ਕਾਂਗਰਸ ਪਾਰਟੀ ਜ਼ਿਲ੍ਹਾ ਪ੍ਰਧਾਨ ਰਾਜਬੀਰ ਸਿੰਘ ਭੁੱਲਰ, ਕਾਂਗਰਸ ਪਾਰਟੀ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ,ਐਕਸੀਅਨ ਤਰਸੇਮ ਕੁਮਾਰ ਝਬਾਲ, ਚੇਅਰਮੈਨ ਰਮਨ ਕੁਮਾਰ ਝਬਾਲ ਬਾਬਾ ਵਰਿਆਮ ਸਿੰਘ ਬਰਤਨ ਸਟੋਰ ਝਬਾਲ,ਐਸ ਡੀ ਓ ਮਨਪ੍ਰੀਤ ਸਿੰਘ ਝਬਾਲ,ਐਸ ਡੀ ਓ ਨਰਿੰਦਰ ਸਿੰਘ, ਸੁਖਚੈਨ ਸਿੰਘ ਭੱਟੀ ਪੰਜਵੜ,ਰਿੰਕੂ ਝਬਾਲ, ਬਿਕਰਮਜੀਤ ਸਿੰਘ ਝਬਾਲ, ਆਮ ਆਦਮੀ ਸੀਨੀਅਰ ਆਗੂ ਵਿਕਰਮ ਸਿੰਘ ਢਿੱਲੋਂ ਝਬਾਲ, ਸਰਪੰਚ ਪ੍ਰਗਟ ਸਿੰਘ ਬਾਬਾ ਲੰਗਾਹ, ਗੁਰਦੁਆਰਾ ਬੀੜ ਬਾਬਾ ਜੀ ਹਜ਼ੂਰੀ ਰਾਗੀਆਂ ਭਾਈ ਕਰਮਜੀਤ ਸਿੰਘ ਸੋਨੀ ਝਬਾਲ, ਭੁਪਿੰਦਰ ਸਿੰਘ ਭਿੰਦਾ ਟੇਲਰ ਝਬਾਲ,ਪੱਪੂ ਮਲਕ ਝਬਾਲ, ਗੁਰਸਾਹਿਬ ਸਿੰਘ ਸਾਬਾ ਗੰਡੀਵਿੰਡੀਆ ਜਿਊਲਰ, ਸੁਰਿੰਦਰ ਸਿੰਘ ਸਿੰਦਾ ਕਪਤਾਨ ਜਿਊਲਰ ਝਬਾਲ, ਸਿਮਰਨ ਧੁੰਨਾ,ਦਰਸ਼ਨ ਸਿੰਘ ਟੇਲਰ ਝਬਾਲ, ਸਰਪੰਚ ਸੋਨੂੰ ਬਰਾੜ ਦੋਦੇ, ਤੇਜਿੰਦਰ ਸਿੰਘ ਵਿੱਕੀ ਕੋਟ,ਸਰਪੰਚ ਗੁਰਪਾਲ ਸਿੰਘ ਜੱਗਤਪੁਰਾ, ਗੁਰਪ੍ਰੀਤ ਸਿੰਘ ਮੰਨਣ, ਜੇ ਈ ਨੌਨਿਹਾਲ ਸਿੰਘ ਕਸੇਲ, ਜੇ ਈ ਦਿਲਬਾਗ ਸਿੰਘ, ਬਾਬਾ ਚਰਨਜੀਤ ਸਿੰਘ ਝਬਾਲ ਖੁਰਦ, ਰਤਨ ਸਿੰਘ ਲਾਲੂ ਘੁੰਮਣ, ਪ੍ਰਵੇਸ਼ ਕੁਮਾਰ ਨੂਰਦੀ, ਨਗਿੰਦਰ ਸਿੰਘ

## ਖਾਲਸਾ ਕਾਲਜ ਆਫ਼ ਨਰਸਿੰਗ ਵਿਖੇ ਰੋਟਰੈਕਟ ਕਲੱਬ ਵੱਲੋਂ ਖ਼ੂਨਦਾਨ ਕੈਂਪ



ਅੰਮ੍ਰਿਤਸਰ (ਅਰੋੜਾ):- ਰੋਟਰੀ ਕਲੱਬ ਨਾਰਥ ਵੱਲੋਂ ਦੇਸ਼ ਅਤੇ ਸਮਾਜ ਭਲਾਈ ਕਾਰਜਾਂ ਦਾ ਵਿਸਥਾਰ ਕਰਦਿਆਂ ਰੋਟਰੈਕਟ ਕਲੱਬ ਖਾਲਸਾ ਯੂਨੀਵਰਸਿਟੀ ਅਤੇ ਖਾਲਸਾ ਕਾਲਜ ਆਫ਼ ਨਰਸਿੰਗ ਦੇ ਨਾਲ ਮਿਲ ਕੇ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ।ਇਸ ਪ੍ਰਾਜੈਕਟ ਦੀ ਪ੍ਰਧਾਨਗੀ ਰੋਟਰੀ ਨੌਰਥ ਦੇ ਪ੍ਰਧਾਨ ਇੰਜੀ. ਪਰਮੀਤ ਸਿੰਘ ਖੇੜਾ, ਮਹਿਲਾ ਸਕੱਤਰ ਸ਼੍ਰੀਮਤੀ ਮਨਿੰਦਰ ਕੌਰ ਅਰੋੜਾ ਵੱਲੋਂ ਕੀਤੀ ਗਈ। ਪ੍ਰਾਜੈਕਟ ਚੇਅਰਮੈਨ ਡਾ. ਮਨਜੀਤਪਾਲ ਕੌਰ ਅਤੇ ਰੋਟਰੀ ਦੇ ਮੇਜਰ ਡੋਨਰ ਡਾ. ਜੀ.ਐਸ ਮਦਾਨ ਨੇ ਇਸ ਖ਼ੂਨ ਦਾਨ ਕੈਂਪ ਨੂੰ ਕਾਮਯਾਬ ਬਣਾਉਣ ਵਿੱਚ ਆਪਣੀ ਵਿਸ਼ੇਸ਼ ਭੂਮਿਕਾ ਨਿਭਾਈ।ਰੋਟਰੀ ਦੇ ਚੀਫ਼ ਐਡੀਟਰ ਸਾਬਕਾ ਸਹਾਇਕ ਗਵਰਨਰ ਰਸਜੀਤ ਸਿੰਘ ਖੇੜਾ ਵੱਲੋਂ ਇਸ ਸ਼ਲਾਘਾਯੋਗ ਪ੍ਰਾਜੈਕਟ ਨੂੰ ਕਾਮਯਾਬ ਬਣਾਉਣ ਅਤੇ ਖ਼ੂਨ ਦਾਨ ਕਰਨ ਵਾਲਿਆਂ ਦਾ ਧੰਨਵਾਦ ਕੀਤਾ।ਇਸ ਕੈਂਪ ਵਿੱਚ ਅੰਮ੍ਰਿਤਸਰ ਦੀ ਸਿਵਲ ਸਰਜਨ ਡਾ. ਰਸ਼ਮੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਈ। ਉਨ੍ਹਾਂ ਨੇ ਖ਼ੂਨ ਦਾਨ ਕਰਨ ਵਾਲੇ ਵਿਦਿਆਰਥੀਆਂ ਅਤੇ ਰੋਟਰੀ ਮੈਂਬਰਾਂ ਨੂੰ ਕੈਂਪ ਦੀ ਕਾਮਯਾਬੀ 'ਤੇ ਮੁਬਾਰਕਬਾਦ ਦਿੱਤੀ। ਨਰਸਿੰਗ ਕਾਲਜ ਦੀ ਪ੍ਰਿੰਸੀਪਲ ਅਮਨਪ੍ਰੀਤ ਕੌਰ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਮੁੱਖ ਮਹਿਮਾਨ ਨੂੰ ਰੋਟਰੀ ਅਤੇ ਰੋਟਰੈਕਟ ਕਲੱਬ ਵੱਲੋਂ ਫੁੱਲਾਂ ਦੇ ਗੁਲਦਸਤੇ ਭੇਟ ਕੀਤੇ ਗਏ। ਨਰਸਿੰਗ ਕਾਲਜ ਵੱਲੋਂ ਮੁੱਖ ਮਹਿਮਾਨ ਡਾ. ਰਸ਼ਮੀ ਅਤੇ ਪ੍ਰਧਾਨ ਇੰਜੀ. ਪਰਮੀਤ ਸਿੰਘ ਖੇੜਾ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਕੈਂਪ ਵਿੱਚ ਮੌਜੂਦ ਸਾਰੇ ਮੈਂਬਰਾਂ ਨੂੰ ਵੱਖ-ਵੱਖ ਕਿਸਮਾਂ ਦੇ ਪੌਦੇ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਖਾਟੂ ਸ਼ਿਆਮ, ਮਥੁਰਾ ਤੇ ਹਰਿਦੁਆਰ ਲਈ ਸ਼ਰਧਾਲੂਆਂ ਲਈ ਬੱਸ ਰਵਾਨਾ




ਸ੍ਰੀ ਅੰਮ੍ਰਿਤਸਰ ਸਾਹਿਬ (ਜਗਦੀਸ਼ ਕਮਲੇਸ਼)-ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੰਮ੍ਰਿਤਸਰ ਦੱਖਣੀ ਹਲਕੇ ਤੋਂ ਸਾਲਾਸਰ ਬਾਲਾਜੀ, ਖਾਟੂ ਸ਼ਿਆਮ, ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ-ਵ੍ਰਿੰਦਾਵਨ ਦੇ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਨਾਲ ਭਰੀ ਬੱਸ ਨੂੰ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਝਰ ਵੱਲੋਂ ਰਵਾਨਾ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਇੰਚਾਰਜ ਵਿਰਾਸਤ ਸੇਵਾ ਸੰਗਠਨ ਗੌਰਵ ਅਗਰਵਾਲ, ਜ਼ਿਲ੍ਹਾ ਮੀਡੀਆ ਇੰਚਾਰਜ ਸਤਨਾਮ ਸਿੰਘ ਮਠਾੜੂ, ਹਲਕਾ ਕੋਆਰਡੀਨੇਟਰ ਵਿਰਾਸਤ ਸੇਵਾ ਸੰਗਠਨ ਪਲਵਿੰਦਰ ਸਿੰਘ ਪ੍ਰਿੰਸ, ਅਮਰਿੰਦਰ ਸਿੰਘ, ਵਾਰਡ ਇੰਚਾਰਜ ਰੋਬਿਨ ਜੋਸ਼ੀ ਅਤੇ ਹਰਵਿੰਦਰ ਲਵਲੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਡਾ. ਇੰਦਰਬੀਰ ਸਿੰਘ ਨਿੱਝਰ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਪੰਜਾਬ ਦੀ ਸੰਗਤ ਨੂੰ ਦੇਸ਼ ਦੇ ਵੱਖ-ਵੱਖ ਧਾਰਮਿਕ ਅਤੇ ਪਵਿੱਤਰ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰੀ ਮੌਕਾ ਮਿਲ ਰਿਹਾ ਹੈ। ਇਹ ਯਾਤਰਾਵਾਂ ਸ਼ਰਧਾਲੂਆਂ ਲਈ ਆਸਥਾ, ਸ਼ਰਧਾ ਅਤੇ ਰੂਹਾਨੀ ਸਕੂਨ ਦਾ ਸਾਧਨ ਬਣ ਰਹੀਆਂ ਹਨ।ਉਨ੍ਹਾਂ ਕਿਹਾ ਕਿ ਅੱਜ ਅੰਮ੍ਰਿਤਸਰ ਦੱਖਣੀ ਤੋਂ ਰਵਾਨਾ ਹੋ ਰਹੇ ਸ਼ਰਧਾਲੂ ਸਾਲਾਸਰ ਬਾਲਾਜੀ, ਖਾਟੂ ਸ਼ਿਆਮ ਜੀ, ਹਰਿਦੁਆਰ, ਰਿਸ਼ੀਕੇਸ਼, ਮਥੁਰਾ ਅਤੇ ਵ੍ਰਿੰਦਾਵਨ ਦੇ ਪਵਿੱਤਰ ਸਥਾਨਾਂ ਦੇ ਦਰਸ਼ਨ ਕਰਨਗੇ। ਉਨ੍ਹਾਂ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਾਮਨਾ ਕੀਤੀ ਕਿ ਉਨ੍ਹਾਂ ਦੀ ਇਹ ਤੀਰਥ ਯਾਤਰਾ ਸੁਖਦ, ਸੁਰੱਖਿਅਤ ਅਤੇ ਯਾਦਗਾਰ ਹੋਵੇ।

## ਬਾਬਾ ਸ੍ਰੀਚੰਦ ਦੇ ਪ੍ਰਕਾਸ਼ ਪੁਰਬ ਮੌਕੇ ਧਾਰਮਿਕ ਸਮਾਗਮ ਕਰਵਾਏ ਜਾਣਗੇ : ਹਰੀ ਕੁੰਭ ਦਾਸ



**ਨਾਨਕਚੱਕ/ਫਤਹਿਗੜ੍ਹ ਚੂੜੀਆਂ** (ਜਸਦੇਵ ਸਿੰਘ ਮਾਨ) ਗੱਦੀਨਸ਼ੀਨ ਮਹੰਤ ਹਰੀ ਕੁੰਭ ਦਾਸ ਜੀ ਉਦਾਸੀਨ ਤਪ ਅਸਥਾਨ ਮੰਦਿਰ ਨਾਨਕਚੱਕ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਧੰਨ ਧੰਨ ਬਾਬਾ ਭਗਵਾਨ ਸ਼੍ਰੀਚੰਦ ਜੀ ਮਹਾਰਾਜ ਦਾ 532ਵਾਂ ਪ੍ਰਕਾਸ਼ ਉਤਸਵ ਤਪ ਅਸਥਾਨ ਮੰਦਿਰ ਭਗਵਾਨ ਬਾਬਾ ਸ੍ਰੀ ਚੰਦ ਜੀ ਪਿੰਡ ਨਾਨਕਚੱਕ ਨਜ਼ਦੀਕ ਅਲੀਵਾਲ ਵਿਖੇ ਸਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ।ਤਪ ਅਸਥਾਨ ਨਾਨਕਚੱਕ ਵਿਖੇ ਬਾਬਾ ਸ੍ਰੀਚੰਦ ਜੀ ਦੇ 20 ਸਤੰਬਰ ਦੇ ਪ੍ਰਕਾਸ਼ ਪੁਰਬ ਨੂੰ ਸਮਰਿਪਤ ਤਿਆਰੀਆਂ ਚੱਲ ਰਹੀਆਂ ਹਨ। ਇਸ ਮੌਕੇ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਏ ਜਾਣਗੇ।ਇਸ ਦੇ ਲਈ ਰਵਿੰਦਰ ਮੁਨੀ, ਦੁਰਗਾ ਦਾਸ, ਤਿਲਕ ਰਾਜ, ਮਨੀ ਜਾਂਗਲਾ, ਰਾਜੂ ਬੇਦੀ, ਭਾਈ ਗੁਰਦੀਪ ਸਿੰਘ, ਮਾਸਟਰ ਸੰਦੀਪ ਸਿੰਘ ਜਾਂਗਲਾ, ਸੰਦੀਪ ਬੇਦੀ ਨਾਨਕਚੱਕ, ਰਣਜੀਤ ਸਿੰਘ ਰੰਮੀ ਅਲੀਵਾਲ, ਯਾਦਵਿੰਦਰ ਸਿੰਘ ਕਾਦੀਆਂ, ਇੰਦਰਜੀਤ ਸਿੰਘ ਨਾਨਕਚੱਕ, ਦੁਰਲੱਭਜੀਤ ਸਿੰਘ ਪੱਤੀ ਪਕੀਵਾਂ, ਰਣਜੀਤ ਸਿੰਘ ਕੋਟਲੀ ਥਾਬਲਾਂ, ਪ੍ਰਿੰਸ ਢੱਲਾ ਘਣੀਆ, ਧਰਮਬੀਰ ਸਿੰਘ ਘਣੀਆ,ਮਨਪ੍ਰੀਤ ਸਿੰਘ ਪਟਵਾਰੀ, ਗੁਰਵਿੰਦਰ ਸਿੰਘ ਪਟਵਾਰੀ, ਰਣਜੋਧ ਸਿੰਘ ਘਣੀਆ, ਭਗਵੰਤ ਸਿੰਘ ਹੈਪੀ, ਦੀਪੂ ਅਲੀਵਾਲ, ਜੋਬਨ ਡੁਲਟ, ਸਰਵਣ ਦੁਬੁਰਜ਼ੀ, ਅੰਮ੍ਰਿਤਪਾਲ ਸਿੰਘ ਸ਼ੈਕੀ ਕਾਲਾ ਅਫ਼ਗਾਨਾ, ਨੀਰਜ ਬੇਦੀ, ਜੱਸ ਲੋਧੀ ਨੰਗਲ, ਸਤਨਾਮ ਸਿੰਘ, ਹੈਪੀ ਨਾਨਕ ਚੱਕ, ਜੀਵਨ ਡੁੱਲਟ,ਜਸ਼ਨ ਜਾਂਗਲਾ, ਸਾਭਾ ਫ਼ਤਹਿਗੜ੍ਹ ਚੂੜੀਆਂ, ਗੁਰਲਾਲ ਸਿੰਘ ਫ਼ੌਜੀ, ਪਵਨ ਗੁੱਜਰਪੁਰਾ, ਜਸਨ ਪੰਨੂੰ ਜੋਬਨ ਕੋਟਲਾ ਬਾਮਾ, ਰਮਨ ਬਾਜਵਾ, ਹਰਪ੍ਰੀਤ ਸਿੰਘ, ਕਰਨ ਕਿਲ੍ਹਾ, ਹਰਸ਼ ਸੀੜਾ, ਜੀਵਨ, ਹਰਮਨ ਘਣੀਆ, ਕਰਨ ਲੰਗਰਵਾਲ, ਗੁਰੀ ਅਰਮਾਨ, ਨਵਜੋਤ ਸਿੰਘ, ਪ੍ਰਿੰਸ ਕਾਦੀਆ ਤੇ ਬਲਵਿੰ ਸਿੰਘ ਛਿਛਰੇਵਾਲ ਤੇ ਹੋਰ ਸੇਵਾਦਾਰ ਦਾ ਅਹਿਮ ਯੋਗਦਾਨ ਰਹੇਗਾ।

## ਸ੍ਰੀ ਗੁਰੂ ਰਵਿਦਾਸ ਦੇ ਜੀਵਨ 'ਤੇ ਅਧਾਰਤ ਦਸਤਾਵੇਜ਼ੀ ਫਿਲਮ ਪਿੰਡਾਂ 'ਚ ਬਣ ਰਹੀ ਪ੍ਰੇਰਨਾ ਦਾ ਸਰੋਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੂਬਾ ਭਰ ਵਿੱਚ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਕਰਵਾਏ ਜਾ ਰਹੇ ਹਨ। ਇਸੇ ਲੜੀ ਤਹਿਤ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਫਲਸਫੇ ਅਤੇ ਮਹਾਨ ਸਿੱਖਿਆਵਾਂ 'ਤੇ ਆਧਾਰਿਤ ਵਿਸ਼ੇਸ਼ ਦਸਤਾਵੇਜ਼ੀ ਫਿਲਮ ਜ਼ਿਲ੍ਹਾ ਅੰਮ੍ਰਿਤਸਰ ਦੇ ਵੱਖ-ਵੱਖ ਪਿੰਡਾਂ ਵਿੱਚ ਡਾਕੂਮੈਂਟਰੀ ਵੈਨ ਰਾਹੀਂ ਦਿਖਾਈ ਜਾ ਰਹੀ ਹੈ, ਜਿਸ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਬੀਤੀ ਸ਼ਾਮ ਡਾਕੂਮੈਂਟਰੀ ਫਿਲਮ ਦਿਖਾਉਣ ਵਾਲੀ ਵੈਨ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਭੱਟੀਕੇ, ਬੁੱਟਰ ਖੁਰਦ, ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਪਿੰਡ ਬੰਡਾਲਾ ਖੁਰਦ, ਬੰਡਾਲਾ ਕਲਾਂ, ਸਿੰਘਪੁਰਾ ਅਤੇ ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਡੱਡੀਆਂ, ਕਲੇਰ ਮਾਂਗਟ ਅਤੇ ਦਾਦੂਪੁਰਾ ਵਿਖੇ ਪਹੁੰਚੀ। ਇਨ੍ਹਾਂ ਪਿੰਡਾਂ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਦਸਤਾਵੇਜ਼ੀ ਫਿਲਮ ਦੇਖੀ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦਿੱਤੇ ਸਮਾਨਤਾ, ਪ੍ਰਭੂ ਭਗਤੀ, ਮਨੁੱਖਤਾ, ਮਿਹਨਤ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਤੋਂ ਪ੍ਰੇਰਨਾ ਹਾਸਲ ਕੀਤੀ।

ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ, ਆਈ.ਏ.ਐਸ. ਨੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਨੂੰ ਘਰ-ਘਰ ਤੱਕ ਪਹੁੰਚਾਉਣਾ ਅਤੇ ਸਮਾਜ ਵਿੱਚ ਸਮਾਨਤਾ, ਭਾਈਚਾਰੇ, ਮਨੁੱਖਤਾ ਅਤੇ ਸਮਾਜਿਕ ਸਦਭਾਵਨਾ ਦੇ ਮੁੱਲਾਂ ਨੂੰ ਹੋਰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਇਸ ਮੰਤਵ ਨੂੰ ਸਾਕਾਰ ਕਰਨ ਲਈ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਡਾਕੂਮੈਂਟਰੀ ਵੈਨ ਰਾਹੀਂ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਆਉਣ ਵਾਲੇ ਦਿਨਾਂ ਵਿੱਚ ਵੀ ਲਗਾਤਾਰ ਜਾਰੀ ਰਹੇਗਾ।

## ਬੰਦ ਦੀ ਕਾਲ ਨੂੰ ਲੈ ਕੇ ਕਸਬਾ ਡੇਰਾ ਬਾਬਾ ਨਾਨਕ ਪੂਰਨ ਤੌਰ 'ਤੇ ਰਿਹਾ ਬੰਦ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਕੌਮੀ ਇਨਸਾਫ ਮੋਰਚੇ ਵੱਲੋਂ ਆਪਣੀ ਸਜ਼ਾ ਪੂਰੀ ਕਰ ਚੁੱਕੇ ਸਿੱਖ ਬੰਦੀਆਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਪੰਜਾਬ ਬੰਦ ਦੇ ਸੱਦੇ ਅਤੇ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਇਸ ਦੀ ਹਮਾਇਤ ਕਰਨ ਦੇ ਫੈਸਲੇ ਦੇ ਤਹਿਤ ਜਥੇਬੰਦੀ ਦੀ ਤਹਿਸੀਲ ਕਮੇਟੀ ਡੇਰਾ ਬਾਬਾ ਨਾਨਕ ਦੇ ਇੱਕ ਜਥੇ ਵੱਲੋਂ ਬੰਦ ਦੀ ਹਿਮਾਇਤ ਵਿੱਚ ਤਹਿਸੀਲ ਅੰਦਰ ਪੈਂਦੇ ਮੁੱਖ ਅੱਡਿਆਂ ਅਤੇ ਸ਼ਹਿਰ ਡੇਰਾ ਬਾਬਾ ਨਾਨਕ ਦੇ ਮੁੱਖ ਬਾਜ਼ਾਰਾਂ ਦਾ ਦੌਰਾ ਕੀਤਾ ਗਿਆ।ਉਪਰੰਤ ਆਗੂਆਂ ਨੇ ਸਮੁੱਚੀ ਤਹਿਸੀਲ ਡੇਰਾ ਬਾਬਾ ਨਾਨਕ ਅੰਦਰ ਹੋਏ ਮੁਕੰਮਲ ਬੰਦ ਉੱਪਰ ਗਹਿਰੀ ਤਸੱਲੀ ਦਾ ਪ੍ਰਗਟਾਵਾ ਕਰਦਿਆਂ ਬੰਦ ਨੂੰ ਹਮਾਇਤ ਦੇਣ ਲਈ ਸਮੂਹ ਦੁਕਾਨਦਾਰਾਂ, ਟ੍ਰਾਂਸਪੋਰਟਰਾਂ ਅਤੇ ਹੋਰ ਕਾਰੋਬਾਰੀਆਂ ਸਮੇਤ ਸਮੂਹ ਲੋਕਾਂ ਦਾ ਧੰਨਵਾਦ ਕੀਤਾ। ਬੰਦ ਦੀ ਹਮਾਇਤ ਵਿੱਚ ਇਕੱਤਰ ਹੋਏ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਇਸ ਜਥੇ ਵਿੱਚ ਜਥੇਬੰਦੀ ਦੇ ਸੀਨੀਅਰ ਆਗੂ ਜੋਗਿੰਦਰ ਸਿੰਘ ਖੰਨਾ ਚਮਾਰਾਂ,ਨਰਿੰਦਰ ਸਿੰਘ ਸਾਬਕਾ ਸਰਪੰਚ ਤਲਵੰਡੀ ਹਿੰਦੂਆਂ, ਗੁਰਮੁਖ ਸਿੰਘ ਗੁਰਚੱਕ,ਹਰਜੀਤ ਸਿੰਘ ਠੇਠਰ ਕੇ, ਬਲਰਾਜ ਸਿੰਘ ਗੁਰਚੱਕ, ਗੁਰਮੇਜ ਸਿੰਘ ਖੋਦੇ ਬੇਟ, ਸਰਵਣ ਸਿੰਘ ਰੜੇਵਾਲੀ, ਸਤਬੀਰ ਸਿੰਘ ਖੋਦੇਬੇਟ, ਸਰਦੂਲ ਸਿੰਘ ਗੁਰਚੱਕ, ਅਵਤਾਰ ਸਿੰਘ ਸਿੰਘਪੁਰਾ, ਸ਼ਮਸ਼ੇਰ ਸਿੰਘ ਖਾਸਾਵਾਲ, ਹਰਪ੍ਰੀਤ ਸਿੰਘ, ਬਚਿੱਤਰ ਸਿੰਘ ਅਤੇ ਪਿੰਦਰ ਸਿੰਘ ਡਾਲਾ ਆਦਿ ਆਗੂ ਸ਼ਾਮਲ ਸਨ।



## ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੀ ਠੀਕਰੀਵਾਲ ਸਰਾਂ 'ਚ ਬਣਾਈ 21 ਮੈਂਬਰੀ ਕਮੇਟੀ



ਧਾਰੀਵਾਲ, (ਮਨਦੀਪ ਵਿੱਕੀ)- ਅਕਾਲੀ ਦਲ 'ਵਾਰਿਸ ਪੰਜਾਬ' ਦੇ ਪਾਰਟੀ ਦੀ ਇੱਕ ਭਰਵੀਂ ਮੀਟਿੰਗ ਪਿੰਡ ਠੀਕਰੀਵਾਲ ਸਰਾਂ ਵਿੱਚ ਹੋਈ।ਮੀਟਿੰਗ ਵਿੱਚ ਪਾਰਟੀ ਦੀ ਕਾਰਜ ਕਾਰਨ ਕਮੇਟੀ ਮੈਂਬਰ ਅਤੇ ਹਲਕਾ ਬਟਾਲਾ ਦੇ ਇਨਚਾਰਜ ਪ੍ਰਿਥੀਪਾਲ ਸਿੰਘ ਬਟਾਲਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਦੇ ਨੌਜਵਾਨਾਂ ਤੇ ਬਜ਼ੁਰਗਾਂ ਨੇ ਭਾਗ ਲਿਆ।

ਪਿੰਡ ਵਾਸੀਆਂ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਤਗੜੀ ਹਮਾਇਤ ਕਰਨ ਦਾ ਵਾਅਦਾ ਕੀਤਾ ਅਤੇ ਉਹਨਾਂ ਦੀ ਸੋਚ ਤੇ ਪਹਿਰਾ ਦੇਣ ਲਈ 21 ਮੈਂਬਰੀ ਕਮੇਟੀ ਬਣਾਈ।ਇਸ ਮੌਕੇ ਹਲਕਾ ਇੰਚਾਰਜ ਪ੍ਰਿਥੀਪਾਲ ਸਿੰਘ ਬਟਾਲਾ, ਪਲਵਿੰਦਰ ਸਿੰਘ ਸ਼ੁਕਰਪੁਰਾ ਸੀਨੀਅਰ ਆਗੂ, ਕੈਪਟਨ ਹਰਪਾਲ ਸਿੰਘ ਚੌਧਰਪੁਰਾ ਸੀਨੀਅਰ ਆਗੂ, ਗੁਰਤੇਜ ਸਿੰਘ ਹੇਅਰ ਜ਼ਿਲ੍ਹਾ ਯੂਥ ਪ੍ਰਧਾਨ, ਅਵਤਾਰ ਸਿੰਘ ਚੌਧਰਪੁਰ ਸੀਨੀਅਰ ਆਗੂ, ਸਰਪੰਚ ਮਨਜੀਤ ਸਿੰਘ ਸੀਨੀਅਰ ਆਗੂ, ਹਰਮੀਤ ਸਿੰਘ, ਗੁਰਦੀਪ ਸਿੰਘ ਅਤੇ ਜਨਾਬ ਮੁਸਤਾਕ ਅਲੀ ਯੂਥ ਆਗੂ ਹਾਜ਼ਰ ਸਨ।ਇਸ ਮੌਕੇ ਪਿੰਡ ਦੀ 21 ਮੈਂਬਰੀ ਕਮੇਟੀ ਬਣਾਈ ਗਈ ਜਿਸ ਵਿੱਚ, ਰਤਨ ਸਿੰਘ ਦਿੱਲੀ, ਬਾਬਾ ਤਰਲੋਕ ਸਿੰਘ ,ਜਗਤਾਰ ਸਿੰਘ, ਸੁਲੱਖਣ ਸਿੰਘ, ਰਜਿੰਦਰ ਸਿੰਘ, ਰਤਨ ਸਿੰਘ ਨੰਬਰਦਾਰ, ਗੁਰਪ੍ਰੀਤ ਸਿੰਘ, ਜਗਜੀਤ ਸਿੰਘ, ਬਲਦੇਵ ਸਿੰਘ, ਬਲਵਿੰਦਰ ਸਿੰਘ, ਸਾਹਿਲ ਸਿੰਘ, ਮੋਹਣ ਸਿੰਘ, ਬਿਕਰਮ ਸਿੰਘ, ਗੁਰਪ੍ਰੀਤ ਸਿੰਘ ,ਦਿਲਪ੍ਰੀਤ ਸਿੰਘ, ਮਨਜੋਤ ਸਿੰਘ, ਬਲਵਿੰਦਰ ਸਿੰਘ, ਜਸਵਿੰਦਰ ਸਿੰਘ, ਰਵਿੰਦਰ ਸਿੰਘ, ਬਾਬਾ ਚੰਨਣ ਸਿੰਘ, ਜਸਬੀਰ ਸਿੰਘ ਆਦਿ ਸ਼ਾਮਲ ਹੋਏ।ਅਖੀਰ ਵਿੱਚ ਸਾਰਿਆਂ ਦਾ ਰਤਨ ਸਿੰਘ ਦਿੱਲੀ ਵਾਲੇ ਅਤੇ ਅਕਾਸ਼ਦੀਪ ਸਿੰਘ ਵੱਲੋਂ ਧੰਨਵਾਦ ਕੀਤਾ ਗਿਆ।

# ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਦੀ ਕਲਮ ਛੋੜ ਹੜਤਾਲ ਸਫਲ ਰਹੀ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਵਲੋਂ ਸੂਬਾ ਕਮੇਟੀ ਦੀ ਕਾਲ ਤੇ ਅੱਜ ਪੰਜਵੇਂ ਦਿਨ ਪੰਜਾਬ ਭਰ ਦੇ ਸਾਰੇ ਦਫਤਰਾਂ ਅਤੇ ਚੰਡੀਗੜ ਸਥਿਤ ਡਾਇਰੈਕਟੋਰੇਟ ਦਫਤਰਾਂ ਦੇ ਮਨਿਸਟੀਰੀਅਲ ਕਰਮਚਾਰੀਆ ਵਲੋਂ ਕਮਲ ਛੋੜ ਹੜਤਾਲ ਕੀਤੀ ਗਈ। ਇਸ ਜ਼ਿਲ੍ਹੇ ਵਿੱਚ ਹੜਤਾਲ ਕਰਨ ਵਾਲੇ ਮੁੱਖ ਦਫਤਰਾਂ ਵਿੱਚ ਡੀ.ਸੀ.ਦਫਤਰ, ਸਿੱਖਿਆ ਵਿਭਾਗ ਦੇ ਦਫਤਰ, ਸਿੰਚਾਈ ਵਿਭਾਗ, ਪੀ ਡਬਲਯੂ ਡੀ, ਬਾਗਬਾਨੀ ਵਿਭਾਗ, ਐੱਸ ਡੀ ਐੱਮ ਦਫਤਰ, ਵਾਟਰ ਸਪਲਾਈ ਸੈਨੀਟੇਸ਼ਨ ਵਿਭਾਗ ਖੇਤੀਬਾੜੀ ਵਿਭਾਗ, ਸਿਵਲ ਸਰਜਨ ਦਫਤਰ, ਜ਼ਿਲ੍ਹਾ ਉਦਯੋਗ ਕੇਂਦਰ ਦਫਤਰ, ਆਬਕਾਰੀ ਵਿਭਾਗ, ਖੇਤੀਬਾੜੀ ਵਿਭਾਗ, ਆਈ ਟੀ ਆਈ, ਖਜਾਨਾ ਵਿਭਾਗ, ਪੋਲੀਟੈਕਨੀਕਲ ਆਦਿ ਦੇ ਕਰਮਚਾਰੀ ਸ਼ਾਮਲ ਹਨ। ਇਹ ਜਾਣਕਾਰੀ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਅਨੀਰੁਧ ਮੋਦਗਿਲ ਵਲੋਂ ਜਾਰੀ ਕੀਤੇ ਗਏ ਪ੍ਰੈਸ ਬਿਆਨ ਰਾਹੀਂ ਦਿੱਤੀ ਗਈ। ਉਨ੍ਹਾਂ ਕਿਹਾ ਗਿਆ ਕਿ ਮੁਲਾਜ਼ਮਾਂ ਆਪਣੀਆ ਹੱਕੀ ਮੰਗਾਂ ਪ੍ਰਤੀ ਇੱਕਤਰ ਹੋ ਚੁਕੇ ਹਨ ਅਤੇ ਤਿਖੇ ਸੰਘਰਸ਼ ਲਈ ਤਿਆਰ ਹਨ। ਮੁਲਾਜ਼ਮਾਂ ਨੂੰ ਉਹਨਾਂ ਦੀ ਮੁਢਲੀ ਤਨਖਾਹ ਦਿੱਤੀ ਜਾ ਰਹੀ ਹੈ ਜੋ ਕਿ ਬਹੁਤ ਘੱਟ ਹੈ। ਇਸ ਤਨਖਾਹ ਨਾਲ ਮੁਲਾਜ਼ਮ ਆਰਥਕ ਤੰਗੀ ਵਿੱਚ ਜੀਵਨ ਬਤੀਤ ਕਰ ਰਹੇ ਹਨ।ਮੋਦਗਿਲ ਜਿਲ੍ਹਾ ਪ੍ਰਧਾਨ ਵੱਲੋਂ ਸਾਰੇ ਮਨਿਸਟੀਰੀਅਲ ਮੁਲਾਜ਼ਮਾਂ ਦਾ ਕਲਮ ਛੋੜ ਹੜਤਾਲ ਨੂੰ ਕਾਮਯਾਬ ਰੱਖਣ ਲਈ ਧੰਨਵਾਦ ਕੀਤਾ ਗਿਆ ਹੈ ਅਤੇ ਉਹਨਾਂ ਵੱਲੋਂ ਕਿਹਾ ਗਿਆ ਕਿ ਸਟੇਟ ਕਮੇਟੀ ਦੀ ਬਹੁੱਤ ਜਲਦ ਹੋਣ ਵਾਲੀ ਮੀਟਿੰਗ ਵਿੱਚ ਲੈ ਗਏ ਫੈਸਲੇ ਬਾਰੇ ਸੁਚਿਤ ਕਰ ਦਿਤਾ ਜਾਵੇਗਾ।



# ਕਿਕ ਬਾਕਸਿੰਗ 'ਚ ਪੰਜਾਬ ਦੇ ਬੱਚਿਆਂ ਨੇ ਤੀਜੀ ਵਾਰ ਜਿੱਤੇ ਸੋਨ ਤਮਗੇ

ਗੜ੍ਹਸ਼ੰਕਰ (ਨ ਜ਼ ਸ)- ਪਿੰਡ ਹੁਲਵਾਲ (ਕੁਪਵਾੜਾ) ਨਾਲ ਸੰਬੰਧਤ ਦਲਵੀਰ ਸਿੰਘ ਬਾਜਵਾ ਦੇ ਪੋਤਰਾ-ਪੋਤਰੀ ਨੇ ਕਿਕ ਬਾਕਸਿੰਗ ਦੀ ਵਿਸ਼ਵ ਪੱਧਰੀ ਚੈਂਪੀਅਨਸ਼ਿਪ ਵਿੱਚ ਲਗਾਤਾਰ ਤੀਜੀ ਵਾਰ ਸੋਨ ਤਮਗਾ ਜਿੱਤ ਕੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ ਹੈ। ਜਰਮਨੀ ਵਿੱਚ ਹੋਈ ਵਰਲਡ ਚੈਂਪੀਅਨਸ਼ਿਪ ਵਿੱਚ ਗੁਰਦਾਸ ਸਿੰਘ ਬਾਜਵਾ ਅਤੇ ਜੈਮੀਕਾ ਕੌਰ ਬਾਜਵਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਮਗੇ ਆਪਣੇ ਨਾਂਅ ਕੀਤੇ। ਇਸ ਪ੍ਰਾਪਤੀ ਨਾਲ ਉਨ੍ਹਾਂ ਨੇ ਨਾ ਸਿਰਫ਼ ਆਪਣੇ ਪਰਵਾਰ, ਸਗੋਂ ਪੰਜਾਬ ਅਤੇ ਦੇਸ਼ ਦਾ ਮਾਣ ਵੀ ਵਧਾਇਆ ਹੈ। ਇਨ੍ਹਾਂ ਦੋਵੇਂ ਭੈਣ-ਭਰਾ ਨੇ ਇਸ ਤੋਂ ਪਹਿਲਾਂ ਵੀ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਖੇਡ ਪ੍ਰਤਿਭਾ ਦਾ ਲੋਹਾ ਮਨਵਾਇਆ ਹੈ। ਸਾਲ 2023 ਵਿੱਚ ਕੈਨੇਡਾ ਦੇ ਕੈਲਗਰੀ, 2024 ਵਿੱਚ ਗਰੀਸ ਦੇ ਰੋਡਜ਼ ਅਤੇ ਹੁਣ 2026 ਵਿੱਚ ਜਰਮਨੀ ਵਿੱਚ ਹੋਈਆਂ ਵਿਸ਼ਵ ਪੱਧਰੀ ਪ੍ਰਤੀਯੋਗਿਤਾਵਾਂ ਵਿੱਚ ਉਨ੍ਹਾਂ ਨੇ ਸੋਨ ਤਮਗੇ ਹਾਸਲ ਕੀਤੇ। ਬੱਚਿਆਂ ਦੇ ਪਿਤਾ ਮੇਜਰ ਸਿੰਘ ਬਾਜਵਾ ਅਤੇ ਮਾਤਾ ਰੁਪਿੰਦਰ ਕੌਰ ਬਾਜਵਾ ਨੇ ਇਸ ਪ੍ਰਾਪਤੀ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਵਰਲਡ ਚੈਂਪੀਅਨਸ਼ਿਪ ਵਿੱਚ ਸੋਨ ਤਮਗਾ ਜਿੱਤਣਾ ਬੱਚਿਆਂ ਦੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਲਗਨ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੇ ਆਪਣੀ ਖੇਡ ਰਾਹੀਂ ਪੰਜਾਬ ਅਤੇ ਜਰਮਨੀ ਦਾ ਨਾਂਅ ਰੌਸ਼ਨ ਕੀਤਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਦੇਸ਼ ਲਈ ਹੋਰ ਵੱਡੀਆਂ ਪ੍ਰਾਪਤੀਆਂ ਕਰਨ ਦਾ ਸੁਪਨਾ ਹੈ। ਪਰਵਾਰਕ ਮੈਂਬਰਾਂ ਨੇ ਕਿਹਾ ਕਿ ਦੋਵੇਂ ਬੱਚਿਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਉਨ੍ਹਾਂ ਨੂੰ ਬਹੁਤ ਮਾਣ ਹੈ ਅਤੇ ਉਨ੍ਹਾਂ ਦੀ ਕਾਮਯਾਬੀ ਨੇ ਪੰਜਾਬੀ ਭਾਈਚਾਰੇ ਵਿੱਚ ਵੀ ਖ਼ੁਸ਼ੀ ਦੀ ਲਹਿਰ ਪੈਦਾ ਕੀਤੀ ਹੈ।



# ਐੱਲ ਪੀ ਯੂ 'ਚ ਖੇਤੀਬਾੜੀ ਨਵੀਨਤਾ ਈਕੋਸਿਸਟਮ ਸੰਬੰਧੀ ਮੀਟਿੰਗ



ਜਲੰਧਰ (ਸ਼ੈਲੀ ਐਲਬਰਟ)- 'ਐਗਰੀ ਸਟਾਰਟਅੱਪ ਸਟੇਕਹੋਲਡਰ ਕਨੈਕਟ ਪ੍ਰੋਗਰਾਮ' ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੂੰ ਭਾਰਤ ਦੇ ਖੇਤੀਬਾੜੀ ਨਵੀਨਤਾ ਈਕੋਸਿਸਟਮ ਲਈ ਇੱਕ ਮੀਟਿੰਗ ਬਿੰਦੂ ਬਣਾਇਆ, ਜਿਸ ਵਿੱਚ ਦੇਸ਼ ਭਰ ਦੇ 300 ਤੋਂ ਵੱਧ ਭਾਗੀਦਾਰ ਸ਼ਾਮਲ ਸਨ। ਐੱਲ ਪੀ ਯੂ ਦੇ ਸਕੂਲ ਆਫ਼ ਐਗਰੀਕਲਚਰ ਨੇ ਹੈਦਰਾਬਾਦ ਵਿੱਚ ਮੈਨੇਜ ਸੈਂਟਰ ਫਾਰ ਇਨੋਵੇਸ਼ਨ ਐਂਡ ਐਗਰੀਪ੍ਰੀਨਿਊਰਸ਼ਿਪ ਅਤੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਐਗਰੀਬਿਜ਼ਨਸ ਇਨਕਿਊਬੇਟਰ ਦੇ ਸਹਿਯੋਗ ਨਾਲ ਪ੍ਰੋਗਰਾਮ ਦਾ ਆਯੋਜਨ ਕੀਤਾ। ਪ੍ਰੋਗਰਾਮ ਨੇ ਸਟਾਰਟਅੱਪਸ, ਖੋਜਕਰਤਾਵਾਂ, ਉਦਯੋਗ ਦੇ ਨੇਤਾਵਾਂ, ਨਿਵੇਸ਼ਕਾਂ ਅਤੇ ਨੀਤੀ ਨਿਰਮਾਤਾਵਾਂ ਲਈ ਵਿਚਾਰ ਸਾਂਝੇ ਕਰਨ, ਸਾਂਝੇਦਾਰੀ ਬਣਾਉਣ ਅਤੇ ਖੇਤੀਬਾੜੀ ਉੱਦਮਤਾ ਨੂੰ ਮਜ਼ਬੂਤ ਕਰਨ ਦੇ ਮੌਕੇ ਪੈਦਾ ਕੀਤੇ। ਪ੍ਰੋਗਰਾਮ ਵਿੱਚ ਸਟਾਰਟਅੱਪ ਸੰਸਥਾਪਕਾਂ, ਵਿਗਿਆਨੀਆਂ, ਉਦਯੋਗ ਪੇਸ਼ੇਵਰਾਂ, ਨਿਵੇਸ਼ਕਾਂ, ਇਨਕਿਊਬੇਟਰਾਂ, ਸਰਕਾਰੀ ਅਧਿਕਾਰੀਆਂ, ਕਿਸਾਨ ਉਤਪਾਦਕ ਸੰਗਠਨਾਂ, ਅਤੇ ਐਫ ਪੀ ਓ, ਕਾਰਪੋਰੇਟ ਪ੍ਰਤੀਨਿਧੀਆਂ, ਐਨਜੀਓ, ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਹਿੱਸਾ ਲਿਆ। ਭਾਗੀਦਾਰਾਂ ਦਾ ਸਵਾਗਤ ਕਰਦੇ ਹੋਏ ਐੱਲ ਪੀ ਯੂ ਦੇ ਪ੍ਰੋ-ਵਾਈਸ ਚਾਂਸਲਰ ਡਾ. ਲੋਵੀਰਾਜ ਗੁਪਤਾ ਨੇ ਕਿਹਾ ਕਿ ਖੇਤੀਬਾੜੀ ਇੱਕ ਨਵੇਂ ਯੁੱਗ ਵਿੱਚ ਪ੍ਰਵੇਸ਼ ਕਰ ਰਹੀ ਹੈ ਜਿੱਥੇ ਨਵੀਨਤਾ, ਉੱਦਮਤਾ ਅਤੇ ਸਹਿਯੋਗ ਨੂੰ ਕਿਸਾਨਾਂ ਅਤੇ ਪੇਂਡੂ ਭਾਈਚਾਰਿਆਂ ਲਈ ਟਿਕਾਊ ਹੱਲ ਬਣਾਉਣ ਲਈ ਇਕੱਠੇ ਕੰਮ ਕਰਨਾ ਚਾਹੀਦਾ ਹੈ।

ਮੈਨੇਜ ਡਾਇਰੈਕਟਰ (ਐਗਰੀਕਲਚਰਲ ਐਕਸਟੈਂਸ਼ਨ) ਅਤੇ ਮੈਨੇਜ ਸੀ ਆਈ ਏ ਦੇ ਸੀ ਈ ਓ, ਡਾ. ਸਰਵਨਨ ਰਾਜ ਨੇ ਅਕਾਦਮਿਕ ਸੰਸਥਾਵਾਂ ਲਈ ਇਨਕਿਊਬੇਸ਼ਨ ਮੌਕਿਆਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਕੇਂਦਰਾਂ, ਖੋਜ ਸੰਗਠਨਾਂ ਅਤੇ ਉਦਯੋਗ ਵਿਚਕਾਰ ਮਜ਼ਬੂਤ ਸਾਂਝੇਦਾਰੀ ਸਟਾਰਟਅੱਪਸ ਨੂੰ ਤਕਨੀਕੀ ਮਾਰਗਦਰਸ਼ਨ, ਨੈੱਟਵਰਕਿੰਗ ਮੌਕੇ ਅਤੇ ਈਕੋਸਿਸਟਮ ਸਹਾਇਤਾ ਪ੍ਰਦਾਨ ਕਰ ਸਕਦੀ ਹੈ, ਜੋ ਕਿ ਨਵੀਨਤਾਕਾਰੀ ਵਿਚਾਰਾਂ ਨੂੰ ਸਫਲ ਉੱਦਮਾਂ ਵਿੱਚ ਬਦਲਣ ਲਈ ਜ਼ਰੂਰੀ ਹਨ।

## ਜਨਮ ਦਿਨ ਮੁਬਾਰਕ



ਪਰਵ ਹੰਜੋਤਰਾ
ਗੁਰਦਾਸਪੁਰ



ਆਸਿਸ
ਹਰਚੋਵਾਲ

# ਏਡਜ਼ ਸੰਬੰਧੀ ਜਾਗਰੂਕਤਾ ਰੈਲੀ ਕੱਢੀ




ਸੁਲਤਾਨਪੁਰ ਲੋਧੀ (ਹਨੀ)- ਐੱਸ ਡੀ ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਵਿਖੇ [illegible] ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਅੰਗਰੇਜ਼ੀ ਵਿਭਾਗ ਤੇ ਰੈਡ ਰਿਬਨ ਕਲੱਬ ਦੇ ਸਹਿਯੋਗ ਨਾਲ ਏਡਜ਼ ਦੇ ਸੰਬੰਧ ਵਿੱਚ ਜਾਗਰੂਕਤਾ ਫੈਲਾਉਣ ਲਈ ਵਿਦਿਆਰਥਣਾਂ ਅਤੇ ਸਟਾਫ ਮੈਂਬਰਾਂ ਦੇ ਸਹਿਯੋਗ ਨਾਲ ਇੱਕ ਰੈਲੀ ਕੱਢੀ ਗਈ। ਇਹ ਰੈਲੀ ਕਲੱਬ ਵੱਲੋਂ ਪੂਰੇ ਸਾਲ ਲਈ ਚੱਲ ਰਹੇ ਐਕਟੀਵਿਟੀ ਕਲੰਡਰ ਵਿੱਚੋਂ ਇੱਕ ਸੀ। ਰੈਲੀ ਦਾ ਮੁੱਖ ਮਕਸਦ 'ਜਾਗਰੂਕਤਾ ਫੈਲਾਉ-ਏਡਜ਼ ਭਜਾਓ' ਰਿਹਾ। ਇਸ ਰੈਲੀ ਵਿੱਚ ਵਿਦਿਆਰਥਣਾਂ ਵੱਲੋਂ ਬਣਾਏ ਗਏ ਪੋਸਟਰ ਅਤੇ ਸਲੋਗਨਜ਼ ਰਾਹੀਂ ਵੀ ਇਹੀ ਸੰਦੇਸ਼ ਦਿੱਤਾ ਗਿਆ। ਪ੍ਰਿੰਸੀਪਲ ਡਾ.ਸ਼ੁਕਲਾ ਵੱਲੋਂ ਏਡਜ਼ ਨੂੰ ਫੈਲਣ ਤੋਂ ਰੋਕਣ ਲਈ ਵਿਦਿਆਰਥਣਾਂ ਨੂੰ ਲਗਾਤਾਰ ਯਤਨ ਕਰਨ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਸਮਾਜ ਵਿੱਚ ਆਉਣ ਵਾਲੀਆਂ ਪੀੜ੍ਹੀਆਂ ਸਿਹਤਮੰਦ ਅਤੇ ਸੁਰੱਖਿਅਤ ਜੀਵਨ ਬਤੀਤ ਕਰ ਸਕਣ। ਕਾਲਜ ਦੇ ਸਟਾਫ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਇਸ ਰੈਲੀ ਦਾ ਹਿੱਸਾ ਰਹੇ।

# ਸਾਲਾਨਾ ਧਾਰਮਿਕ ਸਮਾਗਮ 'ਚ ਅਖੰਡ ਪਾਠਾਂ ਦੀ ਲੜੀ ਨਿਰੰਤਰ ਜਾਰੀ

ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)- ਡੇਰਾ 108 ਸੰਤ ਬਾਬਾ ਹੰਸ ਰਾਜ ਮਹਾਰਾਜ ਜੀ (ਰਜ਼ਿ.) ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾਂ ਨੇੜੇ ਫਗਵਾੜਾ ਵਿਖੇ 57ਵੇਂ ਬਰਸੀ ਸਮਾਗਮ 108 ਸੰਤ ਬਾਬਾ ਹੰਸਰਾਜ ਮਹਾਰਾਜ ਜੀ ਤੇ 23ਵੇਂ [illegible] ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਸਬੰਧ ਵਿੱਚ ਧਾਰਮਿਕ ਸਮਾਗਮ 23 ਅਗਸਤ ਦਿਨ ਜੇਠਾ ਐਤਵਾਰ (7 ਭਾਦੋਂ) ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਗੱਦੀ ਨਸ਼ੀਨ ਸੰਤ ਮਹਿੰਦਰ ਪਾਲ, ਸੰਤ ਬਿਮਲਾ ਰਾਣੀ, ਸੰਤ ਜਸਵਿੰਦਰ ਪਾਲ ਅਤੇ ਸੰਤ ਮੋਹਨ ਪਾਲ ਅਮਰੀਕਾ ਨਿਵਾਸੀ ਨੇ ਸਾਂਝੇ ਤੌਰ ਤੇ ਦੱਸਿਆ ਕਿ ਸਮਾਗਮ ਨੂੰ ਮੁੱਖ ਰੱਖਦਿਆਂ ਸ੍ਰੀ ਅਖੰਡ ਪਾਠਾਂ ਦੀ ਲੜੀ ਦੇ ਜਾਪ 23 ਅਗਸਤ ਦਿਨ ਜੇਠੇ ਐਤਵਾਰ ਤੱਕ ਚੱਲਣਗੇ। 22 ਅਗਸਤ ਦਿਨ ਸ਼ਨੀਵਾਰ ਨੂੰ 108 ਸੰਤ ਬਾਬਾ ਹੰਸ ਰਾਜ ਮਹਾਰਾਜ ਜੀ ਦੇ ਪੂਜਯ ਪਿਤਾ ਪ੍ਰੀਤਮ ਦਾਸ ਦੇ 13ਵੇਂ ਬਰਸੀ ਸਮਾਗਮ ਅਤੇ ਪੂਜਯ ਮਾਤਾ ਸ੍ਰੀਮਤੀ ਦਲੀਪ ਕੌਰ ਦੇ 10ਵੇਂ ਬਰਸੀ ਸਮਾਗਮ ਦੇ ਸੰਬੰਧ ਵਿੱਚ ਅੰਗੀਠਾ ਸਾਹਿਬ ਤੇ ਚਾਦਰ ਦੀ ਰਸਮ ਕੀਤੀ ਜਾਵੇਗੀ। ਲੁਕਣ ਮਚਾਈ ਅਸਥਾਨ ਵਿਖੇ ਨਿਸ਼ਾਨ ਸਾਹਿਬ ਜੀ ਨੂੰ ਚੋਲਾ ਪਹਿਨਾਉਣ ਦੀ ਰਸਮ ਸਵੇਰੇ 9:30 ਵਜੇ ਹੋਵੇਗੀ। ਰਾਤ ਦੇ ਦੀਵਾਨ ਸ਼ਾਮ 7 ਤੋਂ ਰਾਤ ਦੇ 12 ਵਜੇ ਤੱਕ ਸੱਜਣਗੇ। 23 ਅਗਸਤ ਦਿਨ ਜੇਠੇ ਐਤਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਤੋਂ ਬਾਅਦ ਰਾਗੀ, ਢਾਡੀ, ਅਤੇ ਸੰਤ ਧਾਰਮਿਕ ਪ੍ਰਵਚਨ ਕਰਨਗੇ। [illegible] ਕਰਨਗੇ।



ਇਸ ਸਾਰੇ ਪ੍ਰੋਗਰਾਮ ਦੀ ਕਾਮਯਾਬੀ ਲਈ ਚੇਅਰਮੈਨ ਪਰਮਜੀਤ ਸਿੰਘ ਬੁੱਟਰ ਕਨੇਡਾ, ਪ੍ਰਧਾਨ ਮਾਸਟਰ ਗੁਰਨਾਮ ਚੰਦ, ਸੁਖਦੇਵ ਸਿੰਘ ਅਮਰੀਕਾ, ਪ੍ਰਗਟ ਸਿੰਘ ਉਪ ਪ੍ਰਧਾਨ, ਬਾਲ ਕ੍ਰਿਸ਼ਨ, ਸਰਬਜੀਤ ਕੁਮਾਰ, ਖਜਾਨਚੀ ਬਲਵੰਤ ਰਾਮ, ਹਰਦੇਵ ਲਾਲ, ਬਲਵੀਰ ਸਿੰਘ ਅਮਰੀਕਾ, ਕੁਲਵਿੰਦਰ ਸਿੰਘ ਕਨੇਡਾ, ਭੁਪਿੰਦਰ ਸਿੰਘ ਇੰਗਲੈਂਡ ਅਤੇ ਸਮੂਹ ਪ੍ਰਬੰਧਕ ਕਮੇਟੀ ਡੇਰਾ ਸੱਚਖੰਡ ਪੰਡਵਾ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਪੂਰਾ ਸਹਿਯੋਗ ਕਰ ਰਹੀਆਂ ਹਨ।ਗੁਰੂ ਕੇ ਲੰਗਰ ਅਤੁੱਟ ਚੱਲਣਗੇ।

# ਪ੍ਰਦੀਪ ਕੁਮਾਰ ਡੱਬ ਸ੍ਰੀ ਹਨੂੰਮਾਨ ਮੰਦਰ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਬਣੇ



[illegible] ਸ੍ਰੀ ਹਨੂੰਮਾਨ ਮੰਦਰ ਕਮੇਟੀ ਦੇ ਪ੍ਰਧਾਨ ਤਾਰਾ ਚੰਦ [illegible] ਕੇ ਸਵਰਗਵਾਸੀ ਤਾਰਾ ਚੰਦ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਵਿੱਚ ਮੰਦਰ ਕਮੇਟੀ ਨੂੰ ਅਤੇ ਮੰਦਰ ਦੇ ਕੰਮਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਵਾਸਤੇ ਵਿਚਾਰ ਵਟਾਂਦਰਾ ਕੀਤਾ ਗਿਆ। ਸਾਰਿਆਂ ਦੀ ਸਹਿਮਤੀ ਦੇ ਨਾਲ ਇੱਕ ਅਹਿਮ ਫੈਸਲਾ ਲੈਂਦਿਆਂ ਪ੍ਰਦੀਪ ਕੁਮਾਰ ਡੱਬ ਨੂੰ ਮੰਦਰ ਦਾ ਨਵਾਂ ਕਾਰਜਕਾਰੀ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ 'ਤੇ ਪ੍ਰਦੀਪ ਕੁਮਾਰ ਡੱਬ ਨੇ ਕਮੇਟੀ [illegible] ਬਿਹਤਰ ਬਣਾਉਣ ਲਈ ਯਤਨਸ਼ੀਲ ਰਹਿਣਗੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਨੀਲ ਉਪਲ, ਸ਼ਿਵ ਸ਼ੰਭੂ ਗੁੱਪਤਾ, ਬੌਬੀ ਗਰੋਵਰ, ਗੌਤਮ ਧਵਨ, ਅਮਿਤ ਅਰੋੜਾ, ਭੁਪਿੰਦਰ ਮੈਸਨ, ਵੰਸ਼ ਅਰੋੜਾ, ਹਰਮੇਸ਼ ਗੁਪਤਾ, ਲਵਲੀ ਅਰੋੜਾ, ਰਾਹੁਲ ਸੋਬਤੀ, ਸੁਲਕਸ਼ਣ ਸੋਬਤੀ, ਨਵਜੋਤ ਸਿੰਘ, ਅੰਕੁਸ਼ ਸੋਬਤੀ , ਬਲਰਾਮ ਰਿਹਾਨ ਆਦਿ ਮੌਜੂਦ ਸਨ।

# ਪੰਜਾਬ ਬੰਦ ਦੇ ਸੱਦੇ ਤੇ ਮੋਰਿੰਡਾ ਰਿਹਾ ਪੂਰਨ ਤੌਰ ਤੇ ਬੰਦ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਕੌਮੀ ਇਨਸਾਫ ਮੋਰਚਾ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਅਤੇ ਜਥੇਦਾਰ ਜਗਤਾਰ ਸਿੰਘ ਹਵਾਰਾ ਨੂੰ 10 ਦਿਨ ਦੀ ਪਰੋਲ ਦੇਣ ਦੀ ਮੰਗ ਨੂੰ ਲੈ ਕੇ ਦਿੱਤੇ ਪੰਜਾਬ ਬੰਦ ਦੇ ਸੱਦੇ ਦੇ ਚੱਲਦਿਆਂ ਮੋਰਿੰਡਾ ਸ਼ਹਿਰ ਪੂਰਨ ਤੌਰ ਤੇ ਬੰਦ ਰਿਹਾ। ਇਸ ਦੇ ਨਾਲ ਨਾਲ ਸਰਕਾਰੀ ਬੈਂਕ ਅਤੇ ਸ਼ਰਾਬ ਦੇ ਠੇਕੇ ਵੀ ਬੰਦ ਦੇਖਣ ਨੂੰ ਮਿਲੇ। ਇਸ [illegible]



# ਐਂਥੇ-2026 ਦੀ ਪ੍ਰੀਖਿਆ ਦਾ ਐਲਾਨ

ਜਲੰਧਰ (ਇਕਬਾਲ ਸਿੰਘ ਉਭੀ)- ਸਥਾਨਕ ਆਕਾਸ਼ ਇੰਸਟੀਚਿਊਟ ਵੱਲੋਂ ਐਂਥੇ-2026 (ਆਕਾਸ਼ ਨੈਸ਼ਨਲ ਟੈਲੇਂਟ ਹੰਟ ਪ੍ਰੀਖਿਆ) ਦਾ ਐਲਾਨ ਕੀਤਾ ਗਿਆ। ਪੱਤਰਕਾਰ ਵਾਰਤਾ ਦੌਰਾਨ ਡੀ ਵਾਈ ਆਰ ਐਸ ਜੀ ਐਚ ਵਿਵੇਕ ਭਰੌੜੀਆ ਨੇ ਕਿਹਾ ਕਿ ਐਂਥੇ ਵਿਦਿਆਰਥੀਆਂ ਨੂੰ ਰਾਸ਼ਟਰੀ ਪੱਧਰ 'ਤੇ ਆਪਣੀ ਅਕਾਦਮਿਕ ਯੋਗਤਾ ਪਰਖਣ ਦਾ ਮੌਕਾ ਦਿੰਦੀ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ 18 ਲੱਖ ਵਿਦਿਆਰਥੀਆਂ ਨੇ ਰਜਿਸਟ੍ਰੇਸ਼ਨ ਕਰਵਾਈ, ਜਿਨ੍ਹਾਂ ਵਿੱਚੋਂ 13 ਲੱਖ ਨੇ ਪ੍ਰੀਖਿਆ ਦਿੱਤੀ। ਐਂਥੇ-2026 ਦੀ ਪ੍ਰੀਖਿਆ ਇੱਕ ਘੰਟੇ ਦੀ ਹੋਵੇਗੀ ਅਤੇ ਨੈਗੇਟਿਵ ਮਾਰਕਿੰਗ ਨਹੀਂ ਹੋਵੇਗੀ। ਆਨਲਾਈਨ ਪ੍ਰੀਖਿਆ 27 ਅਕਤੂਬਰ ਤੋਂ 1 ਨਵੰਬਰ ਅਤੇ ਆਫਲਾਈਨ ਪ੍ਰੀਖਿਆ 11, 25 ਅਕਤੂਬਰ ਅਤੇ 1 ਨਵੰਬਰ ਨੂੰ ਹੋਵੇਗੀ। ਪ੍ਰੀਖਿਆ ਫੀਸ 200 ਰੁਪਏ, ਜਦਕਿ ਅਰਲੀ ਬਰਡ ਸਲਾਟ ਲਈ 100 ਰੁਪਏ ਰੱਖੀ ਗਈ ਹੈ। ਵਿਦਿਆਰਥੀਆਂ ਨੂੰ ਚਾਰ ਸੈਂਪਲ ਪੇਪਰ ਤੇ ਪ੍ਰਦਰਸ਼ਨ ਵਿਸ਼ਲੇਸ਼ਣ ਲਈ ਨਵੇਂ ਮਾਪਦੰਡ ਵੀ ਉਪਲਬਧ ਕਰਵਾਏ ਜਾਣਗੇ। ਇਸ ਮੌਕੇ ਬ੍ਰਾਂਚ ਹੈੱਡ ਵਿਸ਼ਵਾਸ ਨਾਇਰ ਅਤੇ ਸਹਾਇਕ ਡਾਇਰੈਕਟਰ ਰਵਿੰਦਰ ਵਿਰਕ ਵੀ ਮੌਜੂਦ ਸਨ।




# ਲੋੜਵੰਦ ਮਰੀਜ਼ ਦੀ ਵਿੱਤੀ ਸਹਾਇਤਾ

ਚੰਡੀਗੜ੍ਹ (ਸੁਰਜੀਤ ਸੁਮਨ)- ਪਰਮ ਸੇਵਾ ਵੈੱਲਫੇਅਰ ਸੋਸਾਇਟੀ ਦੇ ਸਰਗਰਮ ਮੈਂਬਰ ਅਸ਼ੀਸ਼ ਕੁਮਾਰ ਦੀ ਧਰਮ ਪਤਨੀ ਮੀਨੂੰ ਕਾਮਰਾ ਵੱਲੋਂ ਧਿਆਨ ਵਿੱਚ ਲਿਆਉਣ 'ਤੇ ਅੰਜੂ ਪਤਨੀ ਸਤੀਸ਼ ਕੁਮਾਰ ਵਾਸੀ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਦੀ ਵਿੱਤੀ ਸਹਾਇਤਾ ਕੀਤੀ ਗਈ। ਪੀ ਜੀ ਆਈ ਚੰਡੀਗੜ੍ਹ ਵਿਖੇ ਦਾਖਲ ਅੰਜੂ ਦੀ 4 ਸਾਲਾ ਬੇਟੀ ਦਾ ਇਲਾਜ ਚੱਲ ਰਿਹਾ ਹੈ। ਇਹ ਵਿੱਤੀ ਸਹਾਇਤਾ ਸੋਸਾਇਟੀ ਦੇ ਪ੍ਰਧਾਨ ਸੋਮ ਨਾਥ ਭੱਟ ਵੱਲੋਂ ਮੌਕੇ 'ਤੇ ਜਾ ਕੇ ਕੀਤੀ ਗਈ। ਜ਼ਿਕਰਯੋਗ ਹੈ ਕਿ ਪਰਮ ਸੇਵਾ ਵੈੱਲਫੇਅਰ ਸੋਸਾਇਟੀ ਲੰਮੇ ਸਮੇਂ ਤੋਂ ਸਮਾਜ ਸੇਵੀ ਕਾਰਜਾਂ ਵਿੱਚ ਨਿਰਵਿਘਨ ਸੇਵਾ ਵਿੱਚ ਜੁਟੀ ਹੋਈ ਹੈ। ਸੋਸਾਇਟੀ ਦੇ ਪ੍ਰਧਾਨ ਸੋਮ ਨਾਥ ਭੱਟ ਅਤੇ ਜਨਰਲ ਸਕੱਤਰ ਸੁਰਜੀਤ ਸੁਮਨ ਨੇ ਦੱਸਿਆ ਕਿ ਇਸ ਨੇਕ ਕੰਮ ਵਿੱਚ ਸੋਸਾਇਟੀ ਦੇ ਦੀਆਂ ਸਰਗਰਮ ਮੈਂਬਰ, ਜਿਨ੍ਹਾਂ ਵਿੱਚ ਪ੍ਰਿੰ. ਕੁਲਦੀਪ ਕੌਰ, ਸੁਰਿੰਦਰ ਕੌਰ, ਪ੍ਰਵੀਨ ਭੱਟ, ਮਧੂ ਅੰਬਾਲਾ, ਆਰਤੀ ਸਹਿਗਲ, ਸੋਨੀਆ ਮਹਾਜਨ, ਸੁਚਿਤਾ ਤਿਵਾੜੀ, ਮਿਨਾਕਸ਼ੀ ਕੌਸ਼ਲ, ਵਨੀਤਾ ਪੰਚਕੂਲਾ, ਸੁਨੀਤਾ ਗੌਤਮ, ਕਮਲੇਸ਼ ਕਾਲਕਾ, ਮਮਤਾ, ਅੰਜੂ ਛਾਬੜਾ, ਮਮਤਾ ਗੌਤਮ, ਨਲਿਨੀ ਬੰਗਾ, ਰਾਜ ਕੁਮਾਰੀ, ਮਮਤਾ ਗੌਤਮ, ਸੁਖਵੰਤ ਕੌਰ, ਚੰਦਰ ਕਾਂਤਾ, ਡਾ. ਸੰਤ ਸੁਰਿੰਦਰ ਪਾਲ ਸਿੰਘ, ਸੁਰਜੀਤ ਮੰਡ, ਨਿਰਮਲ ਸਿੰਘ, ਮਾਸਟਰ ਲਛਮਣ ਸਿੰਘ, ਮਾਸਟਰ ਰਵਿੰਦਰ, ਸੁਰਿੰਦਰ ਸਿੰਘ-ਐਲ.ਆਈ.ਸੀ., ਸੁਨੀਲ ਸ਼ਰਮਾ, ਸਮਰੱਥ ਸਿੰਘ, ਹਰਬੰਸ ਸਿੰਘ, ਗੁਰਸ਼ਰਨਜੀਤ ਸਿੰਘ, ਸੁਦੇਸ਼ ਗੌਤਮ, ਬਲਵੰਤ ਸਿੰਘ, ਜਸਵੀਰ ਸਿੰਘ, ਮਦਨ ਲਾਲ ਸ਼ਰਮਾ, ਵਿਨੋਦ ਮਹਾਜਨ, ਰਮੇਸ਼ ਚੰਦਰ ਭੱਲਾ, ਚਰਨਜੀਤ ਸਿੰਘ, ਸਤੀਸ਼ ਕੁਮਾਰ, ਅਨਿਲ ਕੁਮਾਰ, ਰਾਕੇਸ਼ ਕੁਮਾਰ, ਰਵਿੰਦਰ ਕੌਸ਼ਲ, ਨਰੇਸ਼ ਕੁਮਾਰ, ਕਰਨਵੀਰ ਸਿੰਘ, ਲਖਵੀਰ ਸਿੰਘ, ਅਰਮਾਨ ਸਿੰਘ, ਗੁਰਸ਼ਰਨ ਸਿੰਘ, ਸੁਰਿੰਦਰਪਾਲ ਸਿੰਘ, ਪੰਕਜ ਪ੍ਰਧਾਨ, ਧਰਮਪਾਲ ਸ਼ਰਮਾ ਆਦਿ ਸ਼ਾਮਿਲ ਹਨ, ਜੋ ਇਸ ਨੇਕ ਕਾਰਜ ਹਿੱਤ ਸੋਸਾਇਟੀ ਦੀ ਸੇਵਾ ਲਈ ਹਮੇਸ਼ਾ ਤਤਪਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਇਸ ਨੇਕ ਕੰਮ ਹਿੱਤ ਪਰਵਾਰ ਵੱਲੋਂ ਸੋਸਾਇਟੀ ਦਾ ਦਿਲੋਂ ਧੰਨਵਾਦ ਕੀਤਾ ਗਿਆ।





# ਨੌਜਵਾਨਾਂ ਨੂੰ ਖੇਡ ਕਿੱਟਾਂ ਵੰਡੀਆਂ

ਪੋਜੇਵਾਲ (ਰਾਮ ਲਾਲ)- ਪਿੰਡ ਚਾਂਦਪੁਰ ਰੁੜਕੀ ਖੁਰਦ ਵਿਖੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਨਸ਼ਿਆਂ ਤੋਂ ਦੂਰ ਰੱਖਣ ਦੇ ਉਪਰਾਲੇ ਸਦਕਾ ਆਖਿਲ ਭਾਰਤੀ ਗੁੱਜਰ ਮਹਾਂਸਭਾ ਪੰਜਾਬ ਦੇ ਪ੍ਰਧਾਨ ਕਮਲ ਚੌਹਾਨ ਟੇਡੇਵਾਲ ਵੱਲੋਂ ਪਿੰਡ ਦੇ ਨੌਜਵਾਨਾਂ ਨੂੰ ਖੇਡ ਕਿੱਟਾਂ ਵੰਡੀਆਂ ਗਈਆਂ ਜਿਸ ਵਿੱਚ ਟੀ-ਸ਼ਰਟਾਂ, ਬੈਟਬਾਲ ਤੇ ਹੋਰ ਖੇਡ ਸਮੱਗਰੀ ਸ਼ਾਮਿਲ ਹਨ। ਸਮਾਜ ਸੇਵੀ ਪ੍ਰਧਾਨ ਕਮਲ ਚੌਹਾਨ ਟੇਡੇਵਾਲ ਨੇ ਕਿਹਾ ਕਿ ਇਲਾਕੇ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਨੂੰ ਪ੍ਰਫੁੱਲਿਤ ਕਰਨਾ ਉਹਨਾਂ ਦਾ ਇੱਕ ਅਹਿਮ ਮਕਸਦ ਹੈ ਜਿਸ ਤਹਿਤ ਉਹਨਾਂ ਵੱਲੋਂ ਜ਼ਿਲਾ ਰੋਪੜ ਦੇ ਨਾਲ ਨਾਲ ਹਲਕਾ ਬਲਾਚੌਰ ਦੇ ਵੱਖ ਵੱਖ ਪਿੰਡਾਂ 'ਚ ਖੇਡ ਕਿੱਟਾਂ ਤੇ ਖੇਡ ਸਮੱਗਰੀ ਵੰਡੀ ਜਾ ਰਹੀ ਹੈ ਅਤੇ ਲੋੜਵੰਦਾਂ ਪਰਵਾਰਾਂ ਅਤੇ ਬੱਚਿਆਂ ਦੀ ਹਰ ਤਰ੍ਹਾਂ ਨਾਲ ਸੇਵਾ ਤੇ ਸਹਾਇਤਾ ਕੀਤੀ ਜਾ ਰਹੀ ਹੈ। ਇਸ ਦੌਰਾਨ ਪਿੰਡ ਦੇ ਡਿੰਪੀ ਗੁੱਜਰ ਤੇ ਬਲਦੇਵ ਮੀਲੂ ਵੱਲੋਂ ਪ੍ਰਧਾਨ ਕਮਲ ਚੌਹਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਵੱਲੋਂ ਖੇਡਾਂ ਦੇ ਨਾਲ ਨਾਲ ਹੋਰ ਵੀ ਸਮਾਜ ਸੇਵਾ ਦੇ ਜੋ ਉਪਰਾਲੇ ਜਿਵੇਂ ਲੋੜਵੰਦ ਪਰਵਾਰਾਂ ਦੀ ਸਹਾਇਤਾ ਧਾਰਮਿਕ ਅਸਥਾਨਾਂ ਤੇ ਲੰਗਰਾਂ ਦੀ ਸੇਵਾ ਦੇ ਲੋੜਵੰਦ ਲੜਕੀਆਂ ਦੇ ਵਿਆਹ ਕਾਰਜਾਂ ਦੀ ਸੇਵਾ ਦੇ ਜੋ ਕਾਰਜ ਕੀਤੇ ਜਾ ਰਹੇ ਹਨ ਉਹ ਅਤਿ ਕਾਬਲੇ ਤਾਰੀਫ ਹਨ।

ਇਸ ਮੌਕੇ ਗੁਰਮੇਲ ਐੱਫ ਸੀ ਆਈ ਇੰਸਪੈਕਟਰ, ਬਲਦੇਵ ਮੀਲੂ, ਮਲਕੀਅਤ ਰਾਮ ਰਿਟਾਇਰਡ ਇੰਸਪੈਕਟਰ, ਚਰਨਜੀਤ ਬਜਾੜ, ਲੱਕੀ ਚੌਹਾਨ, ਦਰਸ਼ਨ ਠੇਕੇਦਾਰ, ਗੁਰਮੇਲ ਮੀਲੂ, ਡਿੰਪੀ ਗੁੱਜਰ, ਦੇਸਰਾਜ ਭੂਮਾ, ਲੱਕੀ ਚੌਹਾਨ, ਕਰਨ ਚੌਹਾਨ, ਧਮਨ ਬਜਾੜ, ਸਾਹਿਲ ਬਜਾੜ, ਬਨੀਤ ਮਿਲੂ, ਟਿੰਕੂ ਲੁਧਿਆਣਾ, ਹਰਮੇਲ ਬਜਾੜ ਆਦਿ ਪਿੰਡ ਵਾਸੀ ਹਾਜ਼ਰ ਸਨ।

# ਜਤਿੰਦਰ ਸਿੰਘ ਸ਼ੰਟੀ ਅੱਜ ਸੁਣਨਗੇ ਲੋਕਾਂ ਦੀਆਂ ਸਮੱਸਿਆਵਾਂ



ਬੰਗਾ/ਬਲਾਚੌਰ (ਅਵਤਾਰ ਕਲੇਰ, ਜਸਵਿੰਦਰ ਬੈਂਸ)- ਜਤਿੰਦਰ ਸਿੰਘ ਸ਼ੰਟੀ (ਪਦਮ ਸ੍ਰੀ) ਮੈਂਬਰ ਪੰਜਾਬ ਰਾਜ ਅਤੇ ਚੰਡੀਗੜ੍ਹ (ਯੂ ਟੀ) ਮਨੁੱਖੀ ਅਧਿਕਾਰ ਕਮਿਸ਼ਨ 22 ਅਗਸਤ ਨੂੰ ਸਵੇਰੇ 11 ਵਜੇ ਸਵਾਮੀ ਰੂਪ ਚੰਦ ਜੈਨ ਮਾਡਲ ਸੀਨੀਅਰ ਸੈਕੰਡਰੀ ਸਕੂਲ, ਗੜ੍ਹਸ਼ੰਕਰ ਰੋਡ, ਬੰਗਾ ਅਤੇ ਕੁਲਦੀਪ ਰਿਜੋਰਟ ਗੜ੍ਹਸ਼ੰਕਰ ਅਨੰਦਪੁਰ ਸਾਹਿਬ ਰੋਡ, ਬਲਾਚੌਰ ਵਿਖੇ ਓਪਮ ਹੀਅਰਿੰਗ ਕੈਂਪ ਸਿਟਿੰਗ ਵਿੱਚ ਪ੍ਰਾਪਤ ਦਰਖਾਸਤਾਂ/ਸ਼ਿਕਾਇਤਾਂ ਦਾ ਨਿਪਟਾਰਾ ਕਰਨਗੇ। ਇਸ ਮੌਕੇ ਗੈਰ ਸਰਕਾਰੀ ਸੰਸਥਾਵਾਂ, ਪੰਚ-ਸਰਪੰਚ, ਯੁੱਧ ਨਸ਼ਿਆ ਵਿਰੁੱਧ ਦੀ ਟੀਮ ਨਾਲ ਮੀਟਿੰਗ ਕਰਨਗੇ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਗੇ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ ਜਨਰਲ ਸੰਜੀਵ ਸ਼ਰਮਾ ਨੇ ਪ੍ਰੋਗਰਾਮ ਵਾਲੀਆਂ ਥਾਵਾਂ ਦਾ ਨਿਰੀਖਣ ਕਰਨ ਉਪਰੰਤ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀ। ਇਸ ਮੌਕੇ ਤੇ ਐੱਸ ਡੀ ਐਮ ਨਵਾਂਸ਼ਹਿਰ ਅਨਮਜਯੋਤ ਕੌਰ, ਸਹਾਇਕ ਕਮਿਸ਼ਨਰ ਜਨਰਲ ਰਮਨਜੀਤ ਅਤੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ। ਵਧੀਕ ਡਿਪਟੀ ਕਮਿਸ਼ਨਰਾਂ ਨੇ ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਢੁਕਵੇਂ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ। ਉਹਨਾਂ ਦੱਸਿਆ ਕਿ ਮਾਨਯੋਗ ਜਤਿੰਦਰ ਸਿੰਘ ਸ਼ੰਟੀ (ਪਦਮ ਸ਼੍ਰੀ) ਮੈਂਬਰ ਪੰਜਾਬ ਰਾਜ ਅਤੇ ਚੰਡੀਗੜ੍ਹ (ਯੂ ਟੀ) ਮਨੁੱਖੀ ਅਧਿਕਾਰ ਕਮਿਸ਼ਨ ਵਲੋਂ ਬੰਗਾ ਵਿਖੇ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਤੋਂ ਬਾਅਦ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੈਦਲ ਮਾਰਚ ਕਰਕੇ ਲੋਕਾਂ ਨੂੰ ਜਾਗਰੂਕ ਵੀ ਕਰਨਗੇ।

# 6 ਸਕੂਲ ਬੱਸਾਂ ਦੇ ਕੱਟੇ ਚਲਾਨ

ਕਪੂਰਥਲਾ (ਮਨਜੀਤ ਮਾਨ)- ਜ਼ਿਲ੍ਹਾ ਕਪੂਰਥਲਾ ਵਿਖੇ ਡਿਪਟੀ ਕਮਿਸ਼ਨਰ ਕਪੂਰਥਲਾ ਆਕਾਸ਼ ਬਾਂਸਲ ਅਤੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਰਾਜੀਵ ਢਾਂਡਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਕਪੂਰਥਲਾ ਵਿੱਚ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲ ਬੱਸਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ।ਚੈਕਿੰਗ ਦੌਰਾਨ ਕੁੱਲ 24 ਸਕੂਲ ਬੱਸਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ ਨਿਯਮਾਂ ਦੀ ਉਲੰਘਣਾ ਪਾਏ ਜਾਣ ਤੇ 6 ਸਕੂਲ ਬੱਸਾਂ ਦੇ ਚਲਾਨ ਕੀਤੇ ਗਏ।ਇਸ ਮੌਕੇ ਸਕੂਲ ਪ੍ਰਬੰਧਕਾਂ ਅਤੇ ਬੱਸ ਅਪਰੇਟਰਾਂ ਨੂੰ ਸੇਫ ਸਕੂਲ ਵਾਹਨ ਪਾਲਸੀ ਦੇ ਨਿਯਮਾਂ ਦੀ ਸਖਤੀ ਨਾਲ ਪਾਲਣਾ ਕਰਨ ਸਬੰਧੀ ਹਦਾਇਤਾਂ ਦਿੱਤੀਆਂ ਗਈਆਂ ਕਿ ਸੇਫ਼ ਸਕੂਲ ਵਾਹਨ ਪਾਲਿਸੀ ਨੂੰ ਪੂਰੀ ਤਰ੍ਹਾਂ ਲਾਗੂ ਕਰਨਾ ਯਕੀਨੀ ਬਣਾਇਆ ਜਾਵੇ। ਇਸ ਚੈਕਿਗ ਮੁਹਿਮ ਦੌਰਾਨ ਚਾਈਲਡ ਪ੍ਰੋਟੈਕਸ਼ਨ ਅਫਸਰ ਰਮਨਪ੍ਰੀਤ ਸਿੰਘ, ਸਤਨਾਮ ਸਿੰਘ, ਟ੍ਰੈਫਿਕ ਇੰਚਾਰਜ ਰੇਸ਼ਮ ਸਿੰਘ, ਏ ਐੱਸ ਆਈ ਦਵਿੰਦਰਜੀਤ ਸਿੰਘ, ਏ ਐੱਸ ਆਈ ਪ੍ਰੀਤਮ ਸਿੰਘ, ਏ ਐੱਸ ਆਈ ਦਿਲਬਾਗ ਸਿੰਘ, ਏ ਐੱਸ ਆਈ ਬਲਵਿੰਦਰ ਸਿੰਘ ਮੌਜੂਦ ਸਨ ।ਅਧਿਕਾਰੀਆ ਵੱਲੋ ਸਕੂਲ ਪ੍ਰਬੰਧਕਾਂ ਨੂੰ ਹਦਾਇਤ ਕੀਤੀ ਗਈ ਗਈ ਕਿ ਹਰੇਕ ਸਕੂਲ ਬੱਸ ਵਿੱਚ ਲੇਡੀ ਅਟੈਂਡਟ, ਫਸਟ ਏਡ ਕਿੱਟ ਅਤੇ ਫਾਇਰ ਐਕਸਟਿੰਗਵਿਸ਼ਰ ਲਾਜਮੀ ਤੌਰ ਤੇ ਉਪਲੱਬਧ ਹੋਣ। ਇਸ ਤੋ ਇਲਾਵਾ ਬੱਸ ਦਾ ਵੈਧ ਫਿੱਟਨੈਸ ਸਰਟੀਫਿਕੇਟ ਅਤੇ ਪ੍ਰਦੂਸ਼ਣ ਸਰਟੀਫਿਕੇਟ ਹੋਣਾ ਵੀ ਲਾਜਮੀ ਹੈ। ਬੱਸ ਵਿੱਚ ਬੱਚਿਆਂ ਦੀ ਓਵਰਲੋਡਿੰਗ ਨਾ ਕਰਨ ਬਾਰੇ ਵੀ ਹਦਾਇਤ ਕੀਤੀ ਗਈ । ਅਧਿਕਾਰੀਆ ਨੇ ਕਿਹਾ ਕਿ ਸਕੂਲੀ ਬੱਚਿਆਂ ਦੀ ਸੁਰੱਖਿਅਤ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਸੇਫ ਸਕੂਲ ਵਾਹਨ ਪਾਲਿਸੀ ਦੀ ਪਾਲਣਾ ਕਰਵਾਉਣ ਵਾਸਤੇ ਸਕੂਲ ਬੱਸਾਂ ਦੀ ਚੈਕਿੰਗ ਦਾ ਕੰਮ ਲਗਾਤਾਰ ਜਾਰੀ ਰਹੇਗਾ ।



# ਸੀਚੇਵਾਲ ਤੇ ਐੱਸ ਐੱਸ ਪੀ ਗੌਰਵ ਤੂਰਾ ਸਨਮਾਨਤ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਨਸ਼ਿਆਂ ਦੇ ਖਾਤਮੇ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਕੀਤੇ ਜਾ ਰਹੇ ਯਤਨਾਂ ਨੂੰ ਹੋਰ ਮਜ਼ਬੂਤੀ ਦੇਣ ਦੇ ਮਕਸਦ ਨਾਲ ਐਂਟੀ ਡਰੱਗ ਕਲੱਬ ਦੇ ਚੇਅਰਮੈਨ ਡਾ. ਗਗਨਦੀਪ ਸਿੰਘ ਵੱਲੋਂ ਸੰਤ ਬਲਵੀਰ ਸਿੰਘ ਸੀਚੇਵਾਲ ਤੇ ਐੱਸ ਐੱਸ ਪੀ ਕਪੂਰਥਲਾ ਗੌਰਵ ਤੂਰਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਦੋਵਾਂ ਸ਼ਖ਼ਸੀਅਤਾਂ ਵੱਲੋਂ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਵਿੱਚ ਨੌਜਵਾਨਾਂ, ਸਮਾਜਿਕ ਜਥੇਬੰਦੀਆਂ ਅਤੇ ਆਮ ਲੋਕਾਂ ਦੀ ਸ਼ਮੂਲੀਅਤ ਨੂੰ ਅਹਿਮ ਦੱਸਿਆ ਗਿਆ। ਸਨਮਾਨ ਸਮਾਗਮ ਦੌਰਾਨ ਡਾ. ਗਗਨਦੀਪ ਸਿੰਘ ਨੇ ਕਿਹਾ ਕਿ ਨਸ਼ਾ ਸਿਰਫ਼ ਇੱਕ ਵਿਅਕਤੀ ਦੀ ਜ਼ਿੰਦਗੀ ਨੂੰ ਹੀ ਨਹੀਂ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਪ੍ਰਭਾਵਿਤ ਕਰਦਾ ਹੈ। ਇਸ ਲਈ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਪੁਲਿਸ ਪ੍ਰਸ਼ਾਸਨ ਦੇ ਨਾਲ-ਨਾਲ ਸਮਾਜ ਦੇ ਹਰ ਵਰਗ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਪਵੇਗੀ। ਹਾਜ਼ਰ ਸ਼ਖ਼ਸੀਅਤਾਂ ਨੇ ਨਸ਼ਿਆਂ ਵਿਰੁੱਧ ਸਮਾਜਿਕ ਜਾਗਰੂਕਤਾ ਨੂੰ ਹੋਰ ਵਿਆਪਕ ਪੱਧਰ 'ਤੇ ਲਿਜਾਣ ਅਤੇ ਨੌਜਵਾਨ ਪੀੜ੍ਹੀ ਨੂੰ ਇਸ ਭੈੜੀ ਲਾਹਨਤ ਤੋਂ ਬਚਾਉਣ ਲਈ ਸਾਂਝੇ ਯਤਨਾਂ ਦੀ ਲੋੜ 'ਤੇ ਜ਼ੋਰ ਦਿੱਤਾ। ਸਮਾਗਮ ਦੌਰਾਨ ਸੰਤ ਬਲਵੀਰ ਸਿੰਘ ਸੀਚੇਵਾਲ ਅਤੇ ਐੱਸ ਐੱਸ ਪੀ ਗੌਰਵ ਤੂਰਾ ਨੂੰ ਸਨਮਾਨਤ ਕਰਦਿਆਂ ਡਾ. ਗਗਨਦੀਪ ਸਿੰਘ ਨੇ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਮਾਜ ਦੇ ਹਰ ਵਰਗ ਨੂੰ ਇਕਜੁੱਟ ਹੋ ਕੇ ਅੱਗੇ ਆਉਣਾ ਸਮੇਂ ਦੀ ਮੁੱਖ ਲੋੜ ਹੈ।



# ਵਿਦਿਆਰਥੀ ਕੌਂਸਲ ਕਮੇਟੀ ਦੀ ਚੋਣ




ਕਪੂਰਥਲਾ (ਹਨੀ)- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਵਿਦਿਆਰਥੀ ਕੌਂਸਲ ਕਮੇਟੀ ਦੀ ਚੋਣ ਅਤੇ ਸਹੁੰ ਚੁੱਕ ਸਮਾਗਮ ਦਾ ਆਯੋਜਨ ਕੀਤਾ ਗਿਆ। ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਸਮਾਗਮ 'ਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਦੌਰਾਨ ਨਵੇਂ ਵਿਦਿਅਕ ਸੈਸ਼ਨ ਲਈ ਵਿਦਿਆਰਥੀ ਕੌਂਸਲ ਕਮੇਟੀ ਦੀ ਚੋਣ ਕੀਤੀ ਗਈ ਅਤੇ ਵਿਦਿਆਰਥੀਆਂ ਨੇ ਸਹੁੰ ਚੁੱਕ ਕੇ ਇਹ ਪ੍ਰਣ ਕੀਤਾ ਕਿ ਉਹ ਹਮੇਸ਼ਾ ਸਕੂਲ ਨੂੰ ਬੁਲੰਦੀਆਂ 'ਤੇ ਲੈ ਕੇ ਜਾਣ ਦਾ ਹਰ ਸੰਭਵ ਯਤਨ ਕਰਨਗੇ। ਨਵੀਂ ਚੁਣੀ ਕਮੇਟੀ 'ਚ ਮਨਵੀਰ ਸਿੰਘ ਹੈਡ ਬੁਆਏ ਅਤੇ ਨਵਦੀਪ ਕੌਰ ਹੈਡ ਗਰਲ ਚੁਣੀ ਗਈ। ਮਨਰਾਜ ਸਿੰਘ ਨੂੰ ਵਾਈਸ ਹੈਡ ਬੁਆਏ ਅਤੇ ਦਿਵਜੋਤ ਕੌਰ ਵਾਈਸ ਹੈਡ ਗਰਲ ਚੁਣਿਆ ਗਿਆ। ਗੁਰਜੀਵਨ ਸਿੰਘ ਤੇ ਹਰਪ੍ਰੀਤ ਕੌਰ ਸਪੋਰਟਸ ਕੈਪਟਨ ਅਤੇ ਅਨੁਰਾਜ ਪਟੇਲ ਤੇ ਰਵਨੀਤ ਕੌਰ ਵਾਈਸ ਸਪੋਰਟਸ ਕੈਪਟਨ ਚੁਣੇ ਗਏ। ਗੁਰਕੀਰਤ ਸਿੰਘ ਤੇ ਇਸ਼ਨੂਪ ਕੌਰ ਡਿਸਿਪਲਨ ਕੈਪਟਨ ਅਤੇ ਅਦਿਤਿਆ ਤੇ ਹਰਗੁਣ ਵਾਇਸ ਡਿਸਪਲਨ ਕੈਪਟਨ ਚੁਣੇ ਗਏ। ਅਸ਼ਵੀਰ ਤੇ ਅਸ਼ਮੀਤ ਐਕਟੀਵਿਟੀ ਕੈਪਟਨ ਅਤੇ ਮਹਿਤਾਬ ਸਿੰਘ ਤੇ ਨਬਲੀਨ ਕੌਰ ਵਾਈਸ ਐਕਟੀਵਿਟੀ ਕੈਪਟਨ ਚੁਣੇ ਗਏ। ਇਹਨਾਂ ਤੋਂ ਇਲਾਵਾ ਹਾਊਸ ਕੈਪਟਨ ਅਤੇ ਪ੍ਰੀਫੈਕਟ ਵੀ ਚੁਣੇ ਗਏ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਸਟਾਫ ਮੈਂਬਰਾਂ ਨੇ ਵਿਦਿਆਰਥੀ ਕੌਂਸਲ ਕਮੇਟੀ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਆਪਣੀਆਂ ਡਿਊਟੀਆਂ ਜਿੰਮੇਵਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।

# ਕੌਮੀ ਲੋਕ ਅਦਾਲਤ 12 ਨੂੰ

ਨਵਾਂਸ਼ਹਿਰ (ਮਨੋਜ ਲਾਡੀ)- ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਅਤੇ ਮਾਣਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ ਏ ਐੱਸ ਨਗਰ ਜੀਆਂ ਦੇ ਪ੍ਰਾਪਤ ਹੁਕਮਾਂ ਤਹਿਤ ਜ਼ਿਲ੍ਹਾ ਅਤੇ ਸੈਸ਼ਨ ਜੱਜ, ਸ਼ਹੀਦ ਭਗਤ ਸਿੰਘ ਨਗਰ ਜਤਿੰਦਰ ਪਾਲ ਸਿੰਘ ਖੁਰਮੀ ਵੱਲੋ ਦੱਸਿਆ ਗਿਆ ਕਿ ਜ਼ਿਲ੍ਹੇ ਵਿੱਚ 12 ਸਤੰਬਰ ਨੂੰ ਕੌਮੀ ਲੋਕ ਅਦਾਲਤ ਲਗਾਈ ਜਾਵੇ ਗਈ । ਜਿਲ੍ਹਾਂ ਅਤੇ ਸੈਸ਼ਨ ਜੱਜ ਸ਼ਹੀਦ ਭਗਤ ਸਿੰਘ ਨਗਰ ਜਤਿੰਦਰ ਪਾਲ ਸਿੰਘ ਖੁਰਮੀ ਵੱਲੋਂ ਦੱਸਿਆ ਕਿ ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਨਿਰਦੇਸ਼ਾਂ ਅਨੁਸਾਰ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਦਾਲਤੀ ਤੇ ਪ੍ਰੀ-ਲਿਟੀਗੇਟਿਵ ਪੜਾਅ ਤੇ ਆਏ ਰਾਜੀਨਾਮਾ ਹੋਣ ਯੋਗ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕਰਨ ਲਈ ਜ਼ਿਲੇ ਵਿੱਚ 12 ਸਤੰਬਰ ਨੂੰ ਕੌਮੀ ਲੋਕ ਅਦਾਲਤ ਲਗਾਈ ਜਾਵੇਗੀ । ਉਨਾਂ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ ਪੈਨਸ਼ਨ ਕੇਸ ਸਮੇਤ ਸੇਵਾਵਾਂ ਦੇ ਕੇਸ, ਜਮੀਨ ਗ੍ਰਹਿਣ ਦੇ ਕੇਸ, ਰੈਵਿਨਿਊ ਦੇ ਕੇਸ, ਬੀ ਐੱਸ ਐੱਨ ਐੱਲ ਦੇ ਕੇਸ, ਬੀਮਾ ਕੰਪਨੀ ਦੇ ਨਾਲ ਸਬੰਧਤ ਕੇਸ, ਵਿੱਤੀ ਫਾਈਨਾਸ ਦੇ ਕੇਸ, ਧਾਰਾ 138 ਅਧੀਨ ਐੱਨ ਆਈ ਐਕਟ ਕੇਸ, ਪੈਸੇ ਦੀ ਵਸੂਲੀ ਦੇ ਕੇਸ, ਬੈਕ ਲੋਨ ਨਾਲ ਸਬੰਧਤ ਕੇਸ, ਪਾਣੀ ਦੇ ਬਿੱਲ, ਕ੍ਰਿਮੀਨਲ ਕਪਾਉਂਡੇਬਲ ਕੇਸ, ਚੈਂਕ ਬਾਉਸ ਨਾਲ ਸਬੰਧਿਤ ਕੇਸ, ਮੋਟਰ ਐਕਸੀਡੈਂਟ ਕਲੇਮ ਕੇਸ, ਟ੍ਰਿਬਿਊਨਲ ਨਾਲ ਸਬੰਧਿਤ ਕੇਸ, ਵਿਵਾਹਿਤ ਝਗੜੇ, ਟ੍ਰੈਫਿਕ ਚੇਲਾਨ, ਲੇਬਰ ਵਿਵਾਦ ਦੇ ਕੇਸ, ਜਨਤਕ ਉਪਯੋਗਤਾ ਸੇਵਾਵਾਂ ਨਾਲ ਸਬੰਧਤ ਵਿਵਾਦ ਜਿਵੇਂ ਕਿ ਬਿਜਲੀ ਅਤੇ ਪਾਣੀ ਦੇ ਬਿੱਲਾਂ ਦੇ ਕੇਸ ਅਤੇ ਹੋਰ ਰਾਜੀਨਾਮਾ ਯੋਗ ਕੇਸਾਂ ਦੀ ਸੁਣਵਾਈ ਕੀਤੀ ਜਾਵੇਗੀ । ਇਸ ਤੋਂ ਇਲਾਵਾ ਉਨਾਂ ਕਿਹਾ ਕਿ ਕੌਮੀ ਲੋਕ ਅਦਾਲਤ ਵਿੱਚ ਕੇਸ ਲਗਾਉਣ ਲਈ ਜੇਕਰ ਕੋਈ ਪ੍ਰੇਸ਼ਾਨੀ ਆਉਦੀ ਹੈ ਤਾਂ ਦਫਤਰ ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਦੇ ਦਫਤਰ ਦੇ ਨੰਬਰ 01823-223511 ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ ।



ਇਸ ਤੋ ਇਲਾਵਾ ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਦਿਸ਼ਾਂ ਨਿਰਦੇਸ਼ਾਂ ਅਨੁਸਾਰ ਜਿਲ੍ਹੇ ਵਿੱਚ ਸਪੈਸ਼ਲ ਲੋਕ ਅਦਾਲਤ ਜੋ ਕਿ 21 ਨਵੰਬਰ 2026 ਨੂੰ ਵਿਸ਼ੇਸ ਕਰਕੇ 138 ਐੱਨ ਆਈ ਐਕਟ ਦੇ ਕੇਸਾਂ ਦੇ ਸੰਬੰਧ ਵਿਚ ਲਗਾਈ ਜਾਣੀ ਹੈ ।

# 'ਪਰਾਧੀਨਤਾ ਦਾ ਅੰਤ, ਬੇਗਮਪੁਰੇ ਦਾ ਸੰਕਲਪ' ਸ੍ਰੀ ਗੁਰੂ ਰਵਿਦਾਸ ਸਨਮਾਨ ਯਾਤਰਾ ਦਾ ਸਵਾਗਤ

ਦੁਸਾਂਝ ਕਲਾਂ, (ਸੁਰਿੰਦਰਪਾਲ ਕੁੱਕੂ) ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਹੇਠ ਦਿੱਲੀ ਤੋਂ ਪਿੰਡ ਧੁਲੇਤਾ ਤੱਕ ਕੱਢੀ ਜਾ ਰਹੀ 'ਪਰਾਧੀਨਤਾ ਦਾ ਅੰਤ, ਬੇਗਮਪੁਰੇ ਦਾ ਸੰਕਲਪ' ਸ੍ਰੀ ਗੁਰੂ ਰਵਿਦਾਸ ਸਨਮਾਨ ਯਾਤਰਾ ਦਾ ਪਿੰਡ ਦੁਸਾਂਝ ਕਲਾਂ ਵਿਖੇ ਪਹੁੰਚਣ 'ਤੇ ਪਾਰਟੀ ਵਰਕਰਾਂ ਤੇ ਇਲਾਕਾ ਵਾਸੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਬੇਗਮਪੁਰੇ ਦੇ ਸੰਕਲਪ ਨੂੰ ਘਰ-ਘਰ ਪਹੁੰਚਾਉਣ ਦੇ ਉਦੇਸ਼ ਨਾਲ ਇਹ ਯਾਤਰਾ ਕੱਢੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਯਾਤਰਾ ਨੂੰ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਬਹੁਜਨ ਸਮਾਜ ਪਾਰਟੀ ਪੰਜਾਬ ਵਿੱਚ ਆਪਣੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਨੂੰ ਮਜ਼ਬੂਤ ਜਨ ਸਮਰਥਨ ਮਿਲਣ ਦੀ ਉਮੀਦ ਹੈ। ਇਸ ਮੌਕੇ ਗਾਇਕ ਬਲਵਿੰਦਰ ਬਿੱਟੂ, ਰੂਪ ਲਾਲ ਧੀਰ, ਮੀਨਾ ਮਾਲਵਾ, ਚੇਅਰਮੈਨ ਸੰਦੀਪ ਕੌਰ, ਤੀਰਥ ਰਾਜਪੁਰਾ ਜੋਨ ਇੰਚਾਰਜ਼ ਪੰਜਾਬ, ਮਹਿੰਦਰ ਪਾਲ ਤੇਹਿਗ, ਅਨੀਤਾ ਪੋਲ ਬਲਾਕ ਸੰਮਤੀ ਮੈਂਬਰ, ਸੁਖਵਿੰਦਰ ਸਿੰਘ ਬਿੱਟੂ, ਖੁਸ਼ੀ ਰਾਮ, ਮੱਖਣ ਫਲਪੋਤਾ ਬਲਾਕ ਸੰਮਤੀ ਮੈਂਬਰ, ਡਾ. ਮੋਹਣ ਲਾਲ ਇੰਦਣਾ, ਰਾਮ ਸਰੂਪ ਚੰਬਾ, ਗੁਰਮੇਲ ਰਾਮ ਅਨੀਹਰ, ਜੀਵਨ ਸਿੰਘ ਅਨੀਹਰ, ਮੱਖਣ ਕੋਟਲੀ, ਪੰਮੀ ਰੁੜਕਾ ਖੁਰਦ, ਹਰਮੇਸ਼ ਲਾਲ ਵਿਰਦੀ, ਪ੍ਰਵੀਨ ਬੰਗਾ, ਕੁਲਵਿੰਦਰ ਕਿੰਦਾ, ਸੋਨੂੰ ਬੱਗਾ, ਸ਼ਾਦੀ ਰਾਮ, ਹਰਪ੍ਰੀਤ ਸਿੰਘ, ਹਰਬਲਾਸ ਚੰਦੜ੍ਹ, ਗਗਨਦੀਪ ਭੁੱਟਾ, ਬਲਵੀਰ ਰਾਮ, ਵਿਨੋਦ ਵਿਰਦੀ, ਜਸਪਾਲ ਤੋਂ ਇਲਾਵਾਂ ਭਾਰੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਇਲਾਕਾ ਵਾਸੀ ਆਦਿ ਹਾਜ਼ਰ ਸਨ।



# ਜ਼ਿਲ੍ਹੇ 'ਚ ਰੋਜ਼ਾਨਾ ਲੱਗ ਰਹੇ ਤਪਦਿਕ ਜਾਂਚ ਤੇ ਜਾਗਰੂਕਤਾ ਕੈਂਪ

ਨਵਾਂਸ਼ਹਿਰ (ਗੁਰਜੀਤ ਬਿੱਲਾ)- ਟੀ ਬੀ ਮੁਕਤ ਭਾਰਤ ਅਭਿਆਨ ਤਹਿਤ ਜ਼ਿਲ੍ਹਾ ਸਿਹਤ ਵਿਭਾਗ ਵਲੋਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਵਿਚ ਜਾਂਚ ਤੇ ਜਾਗਰੂਕਤਾ ਕੈਂਪ ਰੋਜ਼ਾਨਾ ਲਗਾਏ ਜਾ ਰਹੇ ਹਨ। ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਟੀ ਬੀ ਅਧਿਕਾਰੀ ਡਾ. ਨਵਦੀਪ ਸਿੰਘ ਨੇ ਦੱਸਿਆ ਕਿ ਦੇਸ਼ ਵਿਚ ਤਪਦਿਕ ਦੇ ਮੁਕੰਮਲ ਖ਼ਾਤਮੇ ਲਈ ਤੀਬਰ ਰੋਕਥਾਮ ਮੁਹਿੰਮ ਚੱਲ ਰਹੀ ਹੈ ਜਿਸ ਤਹਿਤ ਸਿਹਤ ਟੀਮਾਂ ਵਲੋਂ ਘਰ-ਘਰ ਜਾ ਕੇ ਲੋਕਾਂ ਨੂੰ ਟੀ ਬੀ ਦੇ ਲੱਛਣਾਂ ਬਾਰੇ ਜਾਗਰੂਕ ਵੀ ਕੀਤਾ ਜਾ ਰਿਹਾ ਹੈ। ਅਹਿਮ ਗੱਲ ਇਹ ਹੈ ਕਿ ਕੈਂਪਾਂ ਵਿਚ ਸ਼ੱਕੀ ਮਰੀਜ਼ਾਂ ਦੀ ਮੌਕੇ 'ਤੇ ਹੀ ਐਕਸਰੇ ਜਾਂਚ ਕੀਤੀ ਜਾਂਦੀ ਹੈ। ਪੁਸ਼ਟੀ ਹੋਣ ਮਗਰੋਂ ਮਰੀਜ਼ਾਂ ਦੀ ਤੁਰੰਤ ਰਜਿਸਟਰੇਸ਼ਨ ਕੀਤੀ ਜਾਂਦੀ ਹੈ ਅਤੇ ਮਾਹਰ ਡਾਕਟਰ ਵਲੋਂ ਉਨ੍ਹਾਂ ਦਾ ਇਲਾਜ ਸ਼ੁਰੂ ਕੀਤਾ ਜਾਂਦਾ ਹੈ। ਉਨ੍ਹਾਂ ਦਸਿਆ ਕਿ ਜ਼ਿਲ੍ਹੇ ਦੇ ਸਬ-ਡਵੀਜ਼ਨਲ ਹਸਪਤਾਲਾਂ, ਕਮਿਊਨਿਟੀ ਹੈਲਥ ਸੈਂਟਰਾਂ, ਪ੍ਰਾਇਮਰੀ ਹੈਲਥ ਸੈਂਟਰਾਂ ਤੇ ਆਯੁਸ਼ਮਾਨ ਅਰੋਗਿਆ ਕੇਂਦਰਾਂ ਤੋਂ ਇਲਾਵਾ ਜੇਲਾਂ, ਝੁੱਗੀਆਂ, ਬਸਤੀਆਂ, ਨਿਰਮਾਣ ਸਥਾਨਾਂ, ਸਕੂਲਾਂ, ਦਫ਼ਤਰਾਂ ਆਦਿ ਵਿਚ ਵੀ ਜਾਂਚ ਤੇ ਜਾਗਰੂਕਤਾ ਦਾ ਕੰਮ ਨਾਲੋ-ਨਾਲ ਚੱਲ ਰਿਹਾ ਹੈ। ਅਧਿਕਾਰੀਆਂ ਮੁਤਾਬਕ ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼ ਟੀ ਬੀ ਦੇ ਮਰੀਜ਼ਾਂ ਦੀ ਸ਼ੁਰੂਆਤੀ ਪਛਾਣ ਕਰ ਕੇ ਉਨ੍ਹਾਂ ਦਾ ਸਮੇਂ ਸਿਰ ਇਲਾਜ ਸ਼ੁਰੂ ਕਰਨਾ ਹੈ ਤਾਕਿ ਬੀਮਾਰੀ ਦੇ ਫੈਲਾਅ ਨੂੰ ਰੋਕਿਆ ਜਾ ਸਕੇ। ਉਨ੍ਹਾਂ ਦਸਿਆ ਕਿ ਟੀ ਬੀ ਦਾ ਪੱਕਾ ਇਲਾਜ ਮੌਜੂਦ ਹੈ ਅਤੇ ਇਹ ਬੀਮਾਰੀ ਹੋਣ 'ਤੇ ਘਬਰਾਉਣ ਦੀ ਲੋੜ ਨਹੀਂ। ਹਰ ਸਰਕਾਰੀ ਸਿਹਤ ਸੰਸਥਾ ਵਿਚ ਡਾਟਸ ਪ੍ਰਣਾਲੀ ਰਾਹੀਂ ਇਸ ਬੀਮਾਰੀ ਦਾ ਬਿਲਕੁਲ ਮੁਫ਼ਤ ਇਲਾਜ ਹੁੰਦਾ ਹੈ। ਜਦ ਸਰੀਰ ਅੰਦਰ ਰੋਗਾਂ ਨਾਲ ਲੜਨ ਦੀ ਸ਼ਕਤੀ ਖ਼ਤਮ ਹੋ ਜਾਂਦੀ ਹੈ ਤਾਂ ਟੀ ਬੀ ਜਿਹੀ ਜਾਨਲੇਵਾ ਬੀਮਾਰੀ ਲੱਗਣ ਦੀ ਸੰਭਾਵਨਾ ਬਣ ਜਾਂਦੀ ਹੈ। ਇਹ ਬੀਮਾਰੀ ਕਿਸੇ ਵੀ ਉਮਰ ਦੇ ਵਿਅਕਤੀ ਨੂੰ ਕਿਸੇ ਵੀ ਸਮੇਂ ਹੋ ਸਕਦੀ ਹੈ।



# ਕਿਤਾਬਾਂ ਮਨੁੱਖ ਦੀਆਂ ਸਭ ਤੋਂ ਚੰਗੀਆਂ ਮਿੱਤਰ ਹੁੰਦੀਆਂ ਹਨ : ਸੰਧੂ

ਚੰਡੀਗੜ੍ਹ (ਸੁਰਜੀਤ ਸੁਮਨ)- 'ਕਿਤਾਬਾਂ ਮਨੁੱਖ ਦੀਆਂ ਸਭ ਤੋਂ ਚੰਗੀਆਂ ਤੇ ਸੱਚੀਆਂ ਮਿੱਤਰ ਹੁੰਦੀਆਂ ਹਨ। ਇਹ ਮਨੁੱਖ ਨੂੰ ਗਿਆਨ, ਚੰਗੀ ਸੋਚ, ਸੂਝ ਤੇ ਸਿਆਣਪ ਪ੍ਰਦਾਨ ਕਰਦੀਆਂ ਹਨ। ਜੀਵਨ ਜਿਊਣ ਦੀ ਜਾਚ ਸਿਖਾਉਂਦੀਆਂ ਹਨ। ਬਿਨਾਂ ਕਿਸੇ ਸੁਆਰਥ ਦੇ ਕਿਤਾਬਾਂ ਮਨੁੱਖ ਨੂੰ ਸਹੀ ਰਸਤਾ ਵਿਖਾਉਂਦੀਆਂ ਹਨ ਅਤੇ ਹਰ ਮੁਸ਼ਕਿਲ ਘੜੀ ਵਿੱਚ ਸਾਥ ਦਿੰਦੀਆਂ ਹਨ। ਚੰਗੀਆਂ ਕਿਤਾਬਾਂ ਪੜ੍ਹਨ ਨਾਲ ਮਨ ਨੂੰ ਸ਼ਾਂਤੀ ਅਤੇ ਰਾਹ ਮਿਲਦਾ ਹੈ।ਸ਼ਹਿਰ ਦੇ ਅੰਦਰ ਨਰਾਤਾ ਸਿੰਘ ਅਤੇ ਸਾਡੇ ਸੰਵਿਧਾਨ ਦੇ ਰਚੇਤਾ ਡਾ. ਭੀਮ ਰਾਓ ਅੰਬੇਦਕਰ ਦੀ ਯਾਦਗਾਰ ਨੂੰ ਸਮਰਪਿਤ ਜੋ ਇੱਕ ਲਾਇਬ੍ਰੇਰੀ ਖੋਲ੍ਹੀ ਗਈ ਹੈ, ਉਹ ਸਿਹਤਮੰਦ ਉਪਰਾਲਾ ਹੈ।' ਇੱਕ ਚੰਗੇ ਪਾਠਕ, ਸਾਹਿਤ ਪ੍ਰੇਮੀ, ਲੇਖਕ ਤੇ ਸਮਾਜ ਸੇਵੀ ਜਸਪ੍ਰੀਤ ਸਿੰਘ ਸੰਧੂ ਨੇ ਕਿਹਾ ਕਿ ਇਹ ਕਿਤਾਬਾਂ ਹੀ ਹਨ ਜੋ ਮਨ ਨੂੰ ਇਕਾਗਰ ਕਰਦੀਆਂ ਹਨ।

ਵਰਨਣਯੋਗ ਹੈ ਕਿ ਸਥਾਨਕ ਸ੍ਰੀ ਗੁਰੂ ਰਵਿਦਾਸ ਸਭਾ (ਰਜਿ.) ਵੱਲੋਂ ਖੋਲ੍ਹੀ ਗਈ ਸ੍ਰ. ਨਰਾਤਾ ਸਿੰਘ ਯਾਦਗਾਰੀ ਡਾ. ਭੀਮ ਰਾਓ ਅੰਬੇਡਕਰ ਲਾਇਬਰੇਰੀ ਦਾ ਉਦਘਾਟਨ ਉਪ ਮੰਡਲ ਮੈਜਿਸਟਰੇਟ ਗੁਰਮੀਤ ਸਿੰਘ, ਪੀ.ਸੀ.ਐਸ. ਵੱਲੋਂ ਕੀਤਾ ਗਿਆ, ਜੋ ਇਸ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਸਨ। ਉਨ੍ਹਾਂ ਇਸ ਲਾਇਬਰੇਰੀ ਲਈ ਏ ਸੀ. ਦੇਣ ਦਾ ਵਾਅਦਾ ਕਰਦਿਆਂ ਇਸ ਨੂੰ ਸਭਾ ਦਾ ਉੱਤਮ ਉਪਰਾਲਾ ਆਖਿਆ। ਉਨ੍ਹਾਂ ਤੋਂ ਇਲਾਵਾ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਸਮੇਤ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀਆਂ ਨੇ ਵੀ ਸ਼ਿਰਕਤ ਕੀਤੀ। ਸਭਾ ਦੇ ਆਗੂ ਹਰਨਾਮ ਸਿੰਘ ਡੱਲਾ ਨੇ ਕਿਹਾ ਕਿ ਇਸ ਕਾਰਜ ਵਿੱਚ ਖਰੜ ਵਾਸੀ ਸ੍ਰ. ਗਰੀਬ ਸਿੰਘ ਨੇ ਆਪਣਾ ਵੱਡਮੁੱਲਾ ਯੋਗਦਾਨ ਪਾਇਆ ਹੈ, ਜਿਨ੍ਹਾਂ ਨੇ ਆਪਣੀਆਂ ਮਲਕੀਅਤੀ ਪੰਜ ਦੁਕਾਨਾਂ ਦੀ ਕਮਾਈ ਸਮੇਤ ਥਾਂ ਗਰੀਬ ਬੱਚੀਆਂ ਦੀ ਪੜ੍ਹਾਈ 'ਤੇ ਖਰਚ ਕਰਨ, ਆਮ ਸ਼ਹਿਰੀ ਲੋਕਾਂ ਅਤੇ ਬੱਚਿਆਂ ਲਈ ਲਾਇਬ੍ਰੇਰੀ ਬਣਾ ਕੇ ਦਾਨ ਕਰ ਦਿੱਤੀ ਹੈ।

ਉਨ੍ਹਾਂ ਕਿਹਾ ਕਿ ਇਹ ਸ਼ਹਿਰ ਦੀ ਪਹਿਲੀ ਲਾਇਬ੍ਰੇਰੀ ਹੈ ਜੋ ਦਾਨੀ ਸੱਜਣਾਂ ਦੇ ਸਹਿਯੋਗ ਅਤੇ ਸਥਾਨਕ ਲੋਕਾਂ ਦੀ ਮੱਦਦ ਨਾਲ ਚੱਲੇਗੀ। ਇਸ ਸੁਚੱਜੇ ਕਾਰਜ ਦੀ ਆਮ ਲੋਕਾਂ ਵੱਲੋਂ ਬਹੁਤ ਪ੍ਰਸੰਸਾ ਕੀਤੀ ਜਾ ਰਹੀ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀ, ਲੇਖਕ, ਸਾਹਿਤਕਾਰ ਤੇ ਸਮਾਜ ਸੇਵਕ ਹਾਜ਼ਰ ਸਨ।




# ਫੂਡ ਸੇਫਟੀ ਸੰਬੰਧੀ ਸਿਹਤ ਵਿਭਾਗ ਵੱਲੋਂ ਚੈਕਿੰਗ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਮਾਤਾ ਚਿੰਤਪੁਰਨੀ ਮੇਲੇ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਦੀ ਆਮਦ ਨੂੰ ਮੁੱਖ ਰੱਖਦਿਆਂ ਉਨ੍ਹਾਂ ਨੂੰ ਸਾਫ਼-ਸੁਥਰਾ, ਮਿਆਰੀ ਅਤੇ ਸੁਰੱਖਿਅਤ ਭੋਜਨ ਮੁਹੱਈਆ ਕਰਵਾਉਣ ਲਈ ਸਿਹਤ ਵਿਭਾਗ ਵੱਲੋਂ ਫੂਡ ਸੇਫਟੀ ਸਬੰਧੀ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਜਾ ਰਹੀ ਹੈ।ਇਸੇ ਤਹਿਤ ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਪੰਜਾਬ ਕੰਵਲਪ੍ਰੀਤ ਕੌਰ ਬਰਾੜ, ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਆਸ਼ਿਕਾ ਜੈਨ ਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਸਿਹਤ ਅਫ਼ਸਰ ਡਾ. ਜਤਿੰਦਰ ਭਾਟੀਆ ਦੀ ਅਗਵਾਈ ਹੇਠ ਚਿੰਤਪੁਰਨੀ ਰੋਡ 'ਤੇ ਹੁਸ਼ਿਆਰਪੁਰ ਜ਼ਿਲ੍ਹੇ ਦੀ ਹੱਦ ਅੰਦਰ ਸੰਗਤਾਂ ਲਈ ਲਗਾਏ ਜਾ ਰਹੇ ਵੱਖ-ਵੱਖ ਲੰਗਰਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ।ਇਸ ਮੌਕੇ ਫੂਡ ਸੇਫਟੀ ਅਫ਼ਸਰ ਸ੍ਰੀ ਵਿਵੇਕ ਕੁਮਾਰ ਅਤੇ ਉਨ੍ਹਾਂ ਦੀ ਟੀਮ ਵੱਲੋਂ ਲੰਗਰਾਂ ਵਿੱਚ ਭੋਜਨ ਦੀ ਗੁਣਵੱਤਾ, ਸਫ਼ਾਈ ਪ੍ਰਬੰਧਾਂ, ਪੀਣ ਵਾਲੇ ਪਾਣੀ, ਭੋਜਨ ਤਿਆਰ ਕਰਨ ਅਤੇ ਸਟੋਰ ਕਰਨ ਦੀ ਪ੍ਰਕਿਰਿਆ, ਬਰਤਨਾਂ ਅਤੇ ਲੰਗਰ ਵਾਲੀ ਥਾਂ ਦੇ ਆਲੇ-ਦੁਆਲੇ ਦੀ ਸਫ਼ਾਈ ਦਾ ਬਾਰੀਕੀ ਨਾਲ ਨਿਰੀਖਣ ਕੀਤਾ ਗਿਆ। ਟੀਮ ਵੱਲੋਂ ਲੰਗਰ ਪ੍ਰਬੰਧਕਾਂ ਅਤੇ ਸੇਵਾਦਾਰਾਂ ਨੂੰ ਫੂਡ ਸੇਫਟੀ ਦੇ ਨਿਯਮਾਂ ਦੀ ਪਾਲਣਾ ਕਰਨ ਸਬੰਧੀ ਜ਼ਰੂਰੀ ਹਦਾਇਤਾਂ ਵੀ ਦਿੱਤੀਆਂ ਗਈਆਂ।ਫੂਡ ਸੇਫਟੀ ਅਫ਼ਸਰ ਵਿਵੇਕ ਕੁਮਾਰ ਨੇ ਲੰਗਰ ਪ੍ਰਬੰਧਕਾਂ ਅਤੇ ਸੇਵਾਦਾਰਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਲੰਗਰ ਤਿਆਰ ਕਰਨ ਅਤੇ ਵਰਤਾਉਣ ਸਮੇਂ ਸਫ਼ਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਭੋਜਨ ਤਿਆਰ ਕਰਨ ਵਾਲੇ ਸੇਵਾਦਾਰਾਂ ਦੇ ਹੱਥ ਸਾਫ਼ ਹੋਣੇ ਚਾਹੀਦੇ ਹਨ ਅਤੇ ਭੋਜਨ ਤਿਆਰ ਕਰਨ ਲਈ ਸਾਫ਼-ਸੁਥਰੇ ਬਰਤਨਾਂ ਦੀ ਹੀ ਵਰਤੋਂ ਕੀਤੀ ਜਾਵੇ। ਲੰਗਰ ਵਿੱਚ ਵਰਤੇ ਜਾਣ ਵਾਲੇ ਸਾਰੇ ਖਾਧ ਪਦਾਰਥ ਤਾਜ਼ੇ ਅਤੇ ਚੰਗੀ ਗੁਣਵੱਤਾ ਵਾਲੇ ਹੋਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਬਰਸਾਤ ਦੇ ਮੌਸਮ ਨੂੰ ਮੁੱਖ ਰੱਖਦਿਆਂ ਭੋਜਨ ਨੂੰ ਢੱਕ ਕੇ ਰੱਖਣਾ ਬਹੁਤ ਜ਼ਰੂਰੀ ਹੈ।

